ਸ਼ਨੀਵਾਰ, 14 ਨਵੰਬਰ, 2026
29 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 164

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • SATURDAY, 14 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਸਾਰੇ ਸਬੂਤ ਮੇਰੇ ਫੋਨ 'ਚ : ਰਾਹੁਲ ਨੇ ਮੋਦੀ ਨੂੰ ਬਹਿਸ ਲਈ ਸੱਤਵੀਂ ਵਾਰ ਵੰਗਾਰਿਆ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸ਼ੁੱਕਰਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਆਪਣੇ ਹਮਲੇ ਤੇਜ਼ ਕਰ ਦਿੱਤੇ, ਇੱਕ-ਨਾਲ-ਇੱਕ ਜਨਤਕ ਬਹਿਸ ਲਈ ਆਪਣੀ ਚੁਣੌਤੀ ਨੂੰ ਨਵਾਂ ਰੂਪ ਦਿੱਤਾ ਅਤੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਉਨ੍ਹਾ ਦਾ ਸਾਹਮਣਾ ਕਰਨ ਤੋਂ ਬਾਅਦ ਅਹੁਦੇ 'ਤੇ ਨਹੀਂ ਰਹਿ ਸਕਣਗੇ। ਰਾਹੁਲ ਗਾਂਧੀ ਨੇ ਕਿਹਾ ਕਿ ਉਨ੍ਹਾ ਨੂੰ ਸਦਨ ਵਿੱਚ ਬੋਲਣ ਦੀ ਇਜਾਜ਼ਤ ਨਹੀਂ ਸੀ ਅਤੇ ਉਨ੍ਹਾ ਦਾ ਮਾਈਕ੍ਰੋਫੋਨ ਵੀ ਬੰਦ ਕਰ ਦਿੱਤਾ ਗਿਆ ਸੀ।



ਕਾਂਗਰਸ ਵੱਲੋਂ ਜਾਰੀ ਕੀਤੇ ਗਏ ਵੀਡੀਓ ਕਲਿੱਪਾਂ ਦੀ ਇੱਕ ਲੜੀ ਵਿੱਚ ਰਾਹੁਲ ਨੇ ਕਿਹਾ, "ਮੈਂ ਇਸ ਨੂੰ ਦੁਹਰਾਉਂਦਾ ਰਹਿੰਦਾ ਹਾਂ : ਮੇਰੇ ਸ਼ਬਦਾਂ ਨੂੰ ਯਾਦ ਰੱਖੋ, ਜੇ ਉਹ ਆ ਕੇ ਮੇਰੇ ਨਾਲ ਬਹਿਸ ਕਰਦੇ ਹਨ ਤਾਂ ਪ੍ਰਧਾਨ ਮੰਤਰੀ ਦਾ ਸਿਆਸੀ ਕਰੀਅਰ ਖਤਮ ਹੋ ਜਾਵੇਗਾ। ਉਹ ਇਹ ਜਾਣਦੇ ਹਨ ਅਤੇ ਮੈਂ ਵੀ ਇਹ ਜਾਣਦਾ ਹਾਂ। ਉਹ ਮੈਨੂੰ ਰਾਸ਼ਟਰ ਵਿਰੋਧੀ ਕਹਿੰਦੇ ਰਹਿੰਦੇ ਹਨ। ਮੈਂ ਰਾਸ਼ਟਰ ਨੂੰ ਇਹ ਦਿਖਾਉਣਾ ਚਾਹੁੰਦਾ ਹਾਂ ਕਿ ਕੌਣ ਰਾਸ਼ਟਰ ਵਿਰੋਧੀ ਹੈ। ਬਿਲਕੁਲ ਇਹ ਕਿ ਕੌਣ ਕਿਸ ਦੇ ਕੰਟਰੋਲ ਵਿੱਚ ਹੈ ਅਤੇ ਕਦੋਂ ਤੋਂ ਅਤੇ ਉਹ ਇਸ ਦੀ ਸੱਚਾਈ ਜਾਣਦਾ ਹੈ।" ਰਾਹੁਲ ਨੇ ਕਿਹਾ ਕਿ ਉਹ ਅਜਿਹੀ ਬਹਿਸ ਨਹੀਂ ਚਾਹੁੰਦੇ ਜਿੱਥੇ ਦੋਵੇਂ ਧਿਰਾਂ ਭਾਸ਼ਣ ਦੇਣ। ਮੈਂ ਚਾਹੁੰਦਾ ਹਾਂ ਕਿ ਨਰਿੰਦਰ ਮੋਦੀ ਮੇਰੇ ਵਿਰੁੱਧ ਦੋਸ਼ ਲਗਾਉਣ ਅਤੇ ਮੈਂ ਉਨ੍ਹਾ ਵਿਰੁੱਧ ਦੋਸ਼ ਲਗਾਉਣਾ ਚਾਹੁੰਦਾ ਹਾਂ।

ਇੱਕ ਹੋਰ ਕਲਿੱਪ ਵਿੱਚ ਕਾਂਗਰਸੀ ਨੇਤਾ ਤੋਂ ਪੁੱਛਿਆ ਗਿਆ ਕਿ ਕੀ ਉਨ੍ਹਾ ਕੋਲ ਆਪਣੇ ਦੋਸ਼ਾਂ ਦੇ ਸਮਰਥਨ ਲਈ ਸਬੂਤ ਹਨ। 'ਸਬੂਤ ਇੱਥੇ ਹੈ', ਉਨ੍ਹਾ ਆਪਣੇ ਮੋਬਾਈਲ ਫੋਨ ਵੱਲ ਇਸ਼ਾਰਾ ਕਰਦੇ ਹੋਏ

• ਬਾਕੀ ਸਫਾ 2 'ਤੇ

ਬਕਾਇਆ ਬਿਜਲੀ ਬਿੱਲ ਬਿਨਾਂ ਵਿਆਜ ਤੇ ਜੁਰਮਾਨੇ ਦੇ ਨਿਬੇੜੋ : ਭਗਵੰਤ ਮਾਨ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਘਰੇਲੂ ਬਿਜਲੀ ਖਪਤਕਾਰਾਂ ਨੂੰ ਵੱਡੀ ਵਿੱਤੀ ਰਾਹਤ ਦਿੰਦਿਆਂ ਸ਼ੁੱਕਰਵਾਰ ਬਕਾਇਆ ਬਿਜਲੀ ਬਿੱਲਾਂ ਦੇ ਨਿਬੇੜੇ ਲਈ 'ਯਕਮੁਸ਼ਤ ਨਿਪਟਾਰਾ ਸਕੀਮ' (ਵਨ ਟਾਈਮ ਸੈਟਲਮੈਂਟ-ਓ ਟੀ ਐੱਸ) ਦਾ ਐਲਾਨ ਕੀਤਾ। ਪ੍ਰੈੱਸ ਕਾਨਫਰੰਸ ਦੌਰਾਨ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਡਿਫਾਲਟਰ ਘਰੇਲੂ ਖਪਤਕਾਰਾਂ ਨੂੰ ਉਨ੍ਹਾਂ ਦੇ ਬਕਾਇਆ ਬਿੱਲਾਂ 'ਤੇ ਲੱਗੇ ਜੁਰਮਾਨੇ ਅਤੇ ਵਿਆਜ ਤੋਂ ਪੂਰੀ ਤਰ੍ਹਾਂ ਛੋਟ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਸ ਸਕੀਮ ਦਾ ਲਾਭ ਲੈਣ ਲਈ ਖਪਤਕਾਰਾਂ ਨੂੰ ਨੋਟੀਫਿਕੇਸ਼ਨ ਜਾਰੀ ਹੋਣ ਦੀ ਮਿਤੀ ਤੋਂ 45 ਦਿਨਾਂ ਦਾ ਸਮਾਂ ਦਿੱਤਾ ਜਾਵੇਗਾ। ਯੋਜਨਾ ਦੀਆਂ ਸ਼ਰਤਾਂ ਅਨੁਸਾਰ, ਖਪਤਕਾਰਾਂ ਨੂੰ ਆਪਣੇ ਬਕਾਇਆ ਬਿੱਲਾਂ ਦੀ ਸਿਰਫ ਮੂਲ ਰਕਮ ਹੀ ਜਮ੍ਹਾਂ ਕਰਵਾਉਣੀ ਪਵੇਗੀ, ਜਦੋਂਕਿ ਬਾਕੀ ਸਾਰਾ ਜੁਰਮਾਨਾ ਤੇ ਵਿਆਜ ਮੁਆਫ ਕਰ ਦਿੱਤਾ ਜਾਵੇਗਾ। ਮਾਨ ਨੇ ਦੱਸਿਆ ਕਿ ਸੂਬੇ ਦੇ 24 ਲੱਖ ਤੋਂ ਵੱਧ ਘਰੇਲੂ ਖਪਤਕਾਰਾਂ ਵੱਲ ਬਿਜਲੀ ਬਿੱਲਾਂ ਦੀ ਕੁੱਲ 2,516 ਕਰੋੜ ਰੁਪਏ ਦੀ ਰਕਮ ਬਕਾਇਆ ਖੜ੍ਹੀ ਹੈ। ਇਸ ਸਕੀਮ ਤਹਿਤ ਰਾਹਤ ਹਾਸਲ ਕਰਨ ਵਾਲੇ ਲਾਭਪਾਤਰੀਆਂ ਨੂੰ ਪਹਿਲਾਂ ਬਕਾਇਆ ਮੂਲ ਰਕਮ ਦਾ 25 ਫੀਸਦੀ ਹਿੱਸਾ ਤੁਰੰਤ ਜਮ੍ਹਾਂ ਕਰਵਾਉਣਾ ਹੋਵੇਗਾ, ਜਦਕਿ ਬਾਕੀ ਰਹਿੰਦੀ 75 ਫੀਸਦੀ ਰਕਮ ਛੇ-ਛੇ ਮਹੀਨਿਆਂ ਦੀਆਂ ਦੋ ਆਸਾਨ ਕਿਸ਼ਤਾਂ ਵਿੱਚ ਅਦਾ ਕਰਨ ਦੀ ਸਹੂਲਤ ਦਿੱਤੀ ਜਾਵੇਗੀ।

ਅੰਮ੍ਰਿਤਪਾਲ ਨੂੰ ਇੱਕ ਦਿਨ ਦੀ ਅੰਤਰਿਮ ਜ਼ਮਾਨਤ

ਅੰਮ੍ਰਿਤਸਰ : ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਆਪਣੀ ਦਾਦੀ ਮਾਤਾ ਚਰਨ ਕੌਰ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਲਈ 17 ਨਵੰਬਰ ਨੂੰ ਇੱਕ ਦਿਨ ਦੀ ਅੰਤਰਿਮ ਜ਼ਮਾਨਤ ਮਿਲ ਗਈ ਹੈ। ਅੰਮ੍ਰਿਤਪਾਲ ਸਿੰਘ ਦੇ ਪਰਵਾਰ ਵੱਲੋਂ ਅੰਮ੍ਰਿਤਸਰ ਦੀ ਜ਼ਿਲ੍ਹਾ ਤੇ ਸੈਸ਼ਨ ਅਦਾਲਤ ਵਿੱਚ ਇਸ ਸੰਬੰਧੀ ਪਟੀਸ਼ਨ ਦਾਇਰ ਕੀਤੀ ਗਈ ਸੀ। ਅਦਾਲਤ ਨੇ ਕਿਹਾ ਕਿ ਅੰਮ੍ਰਿਤਪਾਲ ਦਾ ਆਉਣ-ਜਾਣ ਦਾ ਖਰਚਾ ਪਰਵਾਰ ਨੂੰ ਸਹਿਣਾ ਪਵੇਗਾ।

ਬੀਬੀ ਜਗੀਰ ਕੌਰ ਦੀ ਬਾਦਲ ਦਲ 'ਚ ਵਾਪਸੀ ਭਲਕੇ

ਚੰਡੀਗੜ੍ਹ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਹੁਣ 15 ਨਵੰਬਰ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਵਾਪਸੀ ਕਰੇਗੀ। ਉਸ ਨੇ 13 ਨਵੰਬਰ ਨੂੰ ਪਾਰਟੀ ਵਿੱਚ ਸ਼ਾਮਲ ਹੋਣਾ ਸੀ, ਪਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿੱਲੀ ਵਿੱਚ ਹੋਣ ਕਾਰਨ ਵਾਪਸੀ ਮੁਲਤਵੀ ਕਰਨੀ ਪਈ ਸੀ। ਬੀਬੀ ਜਗੀਰ ਕੌਰ ਦੇ ਸਿਆਸੀ ਸਕੱਤਰ ਜਸਮਨਪ੍ਰੀਤ ਸਿੰਘ ਨੇ ਦੱਸਿਆ ਕਿ ਸੁਖਬੀਰ ਬਾਦਲ ਐਤਵਾਰ ਬਾਅਦ ਦੁਪਹਿਰ 1:30 ਵਜੇ ਡੇਰਾ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲੇ, ਬੇਗੋਵਾਲ ਵਿਖੇ ਪਹੁੰਚਣਗੇ।

ਕੰਗਨਾ ਰਣੌਤ ਖਿਲਾਫ ਪੁਲਸ ਕੋਲ ਸ਼ਿਕਾਇਤ



ਸ਼ਿਮਲਾ : ਸੋਸ਼ਲ ਮੀਡੀਆ 'ਤੇ ਸੋਨੀਆ ਗਾਂਧੀ ਬਾਰੇ ਕਥਿਤ ਤੌਰ 'ਤੇ ਅਪਮਾਨਜਨਕ ਅਤੇ ਗੁੰਮਰਾਹਕੁੰਨ ਟਿੱਪਣੀਆਂ ਕਰਨ ਲਈ ਮੰਡੀ ਤੋਂ ਭਾਜਪਾ ਦੀ ਸੰਸਦ ਮੈਂਬਰ ਕੰਗਨਾ ਰਣੌਤ ਖਿਲਾਫ ਹਿਮਾਚਲ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਹੈ। ਡੀ ਜੀ ਪੀ ਅਸ਼ੋਕ ਤਿਵਾਰੀ ਨੂੰ ਸੌਂਪੀ ਗਈ ਸ਼ਿਕਾਇਤ ਵਿੱਚ ਕੈਪਟਨ ਅਤੁਲ ਸ਼ਰਮਾ ਨੇ ਰਣੌਤ ਵਿਰੁੱਧ ਐੱਫ ਆਈ ਆਰ ਦਰਜ ਕਰਨ ਦੀ ਮੰਗ ਕੀਤੀ ਹੈ, ਜਿਸ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਉਸ ਦੀਆਂ ਪੋਸਟਾਂ ਨਫਰਤ ਨੂੰ ਉਤਸ਼ਾਹਤ ਕਰਦੀਆਂ ਹਨ, ਸੰਵਿਧਾਨਕ ਵਫਾਦਾਰੀ 'ਤੇ ਸਵਾਲ ਉਠਾਉਂਦੀਆਂ ਹਨ ਅਤੇ ਗਲਤ ਜਾਣਕਾਰੀ ਫੈਲਾਉਂਦੀਆਂ ਹਨ। ਰਣੌਤ ਨੇ ਹਾਲ ਹੀ ਵਿੱਚ ਸੋਨੀਆ ਗਾਂਧੀ ਦੀ ਸਵੈ-ਜੀਵਨੀ ਨੂੰ ਲੈ ਕੇ ਉਨ੍ਹਾ ਨੂੰ ਨਿਸ਼ਾਨਾ ਬਣਾਇਆ ਸੀ, ਇਹ ਸਵਾਲ ਕਰਦਿਆਂ ਕਿ ਉਹ ਗਾਂਧੀ ਪਰਵਾਰ ਦੇ ਮੈਂਬਰਾਂ ਦੇ ਕਤਲਾਂ ਨਾਲ ਜੁੜੇ ਹਾਲਾਤ ਤੋਂ ਕਿਵੇਂ ਅਣਜਾਣ ਰਹਿ ਸਕਦੀ ਹੈ, ਜੋ ਕਿ ਸੋਨੀਆ ਗਾਂਧੀ ਦੇ ਪਰਵਾਰ ਵਿੱਚ ਸ਼ਾਮਲ ਹੋਣ ਤੋਂ ਸਾਲਾਂ ਬਾਅਦ ਵਾਪਰੇ ਸਨ। ਇਹ ਟਿੱਪਣੀਆਂ ਰਣੌਤ ਵੱਲੋਂ ਆਪਣੀ ਫਿਲਮ 'ਐਮਰਜੈਂਸੀ' ਦੀ ਖੋਜ ਅਤੇ ਤਿਆਰੀ ਦੌਰਾਨ ਕੀਤੇ ਗਏ ਤਜਰਬੇ ਦੇ ਸੰਦਰਭ ਵਿੱਚ ਕੀਤੀਆਂ ਗਈਆਂ ਸਨ।

ਅਚਾਨਕ ਗੋਲੀ ਚੱਲਣ ਕਾਰਨ ਏ ਐੱਸ ਆਈ ਦੀ ਮੌਤ

ਅੰਮ੍ਰਿਤਸਰ : ਏ ਐੱਸ ਆਈ ਦੀ ਪਿਸਤੌਲ ਸਾਫ਼ ਕਰਦੇ ਸਮੇਂ ਅਚਾਨਕ ਗੋਲੀ ਚੱਲਣ ਕਾਰਨ ਮੌਤ ਹੋ ਗਈ। ਇਹ ਘਟਨਾ ਸ਼ੁੱਕਰਵਾਰ ਸਵੇਰੇ 11:50 ਵਜੇ ਦੇ ਕਰੀਬ ਵਾਪਰੀ। ਏ ਐੱਸ ਆਈ ਜੋਗਿੰਦਰ ਸਿੰਘ ਤਰਨ ਤਾਰਨ ਰੋਡ ਇਲਾਕੇ ਦੇ ਰਹਿਣ ਵਾਲੇ ਸਨ। ਮੁੱਢਲੀ ਜਾਣਕਾਰੀ ਮੁਤਾਬਕ ਉਹ ਡਿਊਟੀ 'ਤੇ ਜਾਣ ਦੀ ਤਿਆਰੀ ਕਰ ਰਹੇ ਸਨ। ਇਸੇ ਦੌਰਾਨ ਆਪਣੀ ਪਿਸਤੌਲ ਸਾਫ ਕਰਦੇ ਸਮੇਂ ਗੋਲੀ ਚੱਲ ਗਈ, ਜੋ ਉਨ੍ਹਾਂ ਦੇ ਸਿਰ ਦੇ ਨੇੜੇ ਲੱਗੀ। ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਮਾਈਕ੍ਰੋਸਾਫਟ 'ਚ ਰੁਕਾਵਟ ਕਾਰਨ ਲੱਖਾਂ ਲੋਕਾਂ 'ਤੇ ਅਸਰ

ਵਾਸ਼ਿੰਗਟਨ (ਨਵਾਂ ਜ਼ਮਾਨਾ ਬਿਊਰੋ)

ਮਾਈਕ੍ਰੋਸਾਫਟ ਦੀਆਂ ਦਫ਼ਤਰੀ ਸੇਵਾਵਾਂ, ਆਊਟਲੁੱਕ ਅਤੇ ਟੀਮਜ਼ ਸਮੇਤ ਕਈ ਐਪਲੀਕੇਸ਼ਨਾਂ ਵਿੱਚ ਆਇਆ ਵਿਸ਼ਵਵਿਆਪੀ ਵਿਘਨ ਸ਼ੁੱਕਰਵਾਰ ਨੂੰ ਦੂਜੇ ਦਿਨ ਵੀ ਜਾਰੀ ਰਿਹਾ, ਜਿਸ ਕਾਰਨ ਭਾਰਤ ਸਮੇਤ ਦੁਨੀਆ ਭਰ ਦੇ ਲੱਖਾਂ ਵਰਤੋਂਕਾਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਕੰਪਨੀ ਨੇ ਸਪੱਸ਼ਟ ਕੀਤਾ ਹੈ ਕਿ ਉਹ ਇਸ ਤਕਨੀਕੀ ਖ਼ਰਾਬੀ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਫਿਲਹਾਲ ਇਸ ਪਿੱਛੇ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਜਾਂ ਸਾਈਬਰ ਹਮਲੇ ਵਰਗੀ ਗਤੀਵਿਧੀ ਦਾ ਕੋਈ ਸੁਰਾਗ ਨਹੀਂ ਮਿਲਿਆ ਹੈ। ਮਾਈਕ੍ਰੋਸਾਫਟ ਦੇ ਸਰਵਿਸ ਹੈਲਥ ਪੇਜ 'ਤੇ ਸ਼ੁੱਕਰਵਾਰ ਸਵੇਰੇ 11:16 ਵਜੇ ਜਾਰੀ ਤਾਜ਼ਾ ਜਾਣਕਾਰੀ ਅਨੁਸਾਰ, ਵਪਾਰਕ ਗਾਹਕਾਂ ਦੇ ਨਾਲ-ਨਾਲ ਆਮ ਵਰਤੋਂਕਾਰਾਂ ਲਈ ਵੀ ਮਾਈਕ੍ਰੋਸਾਫਟ ਦੀਆਂ ਸੇਵਾਵਾਂ ਵਿੱਚ ਗਿਰਾਵਟ ਦਰਜ ਕੀਤੀ ਗਈ ਹੈ। ਭਾਰਤ ਵਿੱਚ ਇਸ ਤਕਨੀਕੀ ਵਿਘਨ ਦਾ ਸਿੱਧਾ ਅਸਰ ਹਵਾਬਾਜ਼ੀ ਖੇਤਰ 'ਤੇ ਵੀ ਦੇਖਣ ਨੂੰ ਮਿਲਿਆ। ਪ੍ਰਮੁੱਖ ਏਅਰਲਾਈਨ (ਇੰਡੀਗੋ) ਨੇ 'ਐਕਸ' 'ਤੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਾਈਕ੍ਰੋਸਾਫਟ ਸੇਵਾਵਾਂ ਠੱਪ ਹੋਣ ਕਾਰਨ ਉਸ ਦੀਆਂ ਈਮੇਲ ਸਹਾਇਤਾ ਸੇਵਾਵਾਂ ਪ੍ਰਭਾਵਿਤ ਹੋਈਆਂ ਹਨ ਅਤੇ ਸੰਭਵ ਹੈ ਕਿ ਉਹ ਗਾਹਕਾਂ ਦੀਆਂ ਈਮੇਲਾਂ ਪ੍ਰਾਪਤ ਨਾ ਕਰ ਸਕੇ। ਏਅਰਲਾਈਨ ਨੇ ਯਾਤਰੀਆਂ ਨੂੰ ਤੁਰੰਤ ਸਹਾਇਤਾ ਲਈ ਵੈੱਬਸਾਈਟ ਜਾਂ ਮੋਬਾਈਲ ਐਪ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਹੈ।

ਸਿਰਫ਼ 100 ਰੁਪਏ 'ਚ ਭੁਗਤਾਓ ਟਰੈਫਿਕ ਚਲਾਨ

ਚੰਡੀਗੜ੍ਹ (ਨਵਾਂ ਜ਼ਮਾਨਾ ਬਿਊਰੋ)-ਜੇਕਰ ਤੁਹਾਡਾ ਚੰਡੀਗੜ੍ਹ ਵਿੱਚ ਕੋਈ ਪੁਰਾਣਾ ਟਰੈਫਿਕ ਚਲਾਨ ਬਕਾਇਆ ਪਿਆ ਹੈ ਤਾਂ ਹੁਣ ਤੁਸੀਂ ਇਸ ਨੂੰ ਬਹੁਤ ਹੀ ਘੱਟ ਜੁਰਮਾਨੇ ਨਾਲ ਭੁਗਤਾ ਸਕਦੇ ਹੋ। ਜ਼ਿਲ੍ਹਾ ਅਦਾਲਤ ਚੰਡੀਗੜ੍ਹ ਵੱਲੋਂ 16 ਨਵੰਬਰ ਤੋਂ ਸ਼ੁਰੂ ਕੀਤੀ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਪਹਿਲੇ ਪੜਾਅ ਵਿੱਚ 8,500 ਬਕਾਇਆ ਚਲਾਨਾਂ ਦਾ ਨਿਪਟਾਰਾ ਮਹਿਜ਼ 100 ਰੁਪਏ ਦੀ ਫੀਸ ਨਾਲ ਕੀਤਾ ਜਾਵੇਗਾ। ਸ਼ੁਰੂਆਤ ਵਿੱਚ ਮੋਟਰ ਵਹੀਕਲ ਐਕਟ ਦੀ ਧਾਰਾ 177 ਤਹਿਤ ਭਾਵ ਜ਼ੈਬਰਾ-ਕਰਾਸਿੰਗ ਅਤੇ ਗਲਤ ਪਾਰਕਿੰਗ ਦੀ ਉਲੰਘਣਾ ਲਈ ਜਾਰੀ ਕੀਤੇ ਗਏ ਚਲਾਨਾਂ ਨੂੰ ਲਿਆ ਜਾਵੇਗਾ। ਹਾਲਾਂਕਿ ਐਕਟ ਵਿੱਚ 500 ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਹੈ, ਪਰ ਇਸ ਵਿਸ਼ੇਸ਼ ਮੁਹਿੰਮ ਤਹਿਤ ਸਿਰਫ਼ 100 ਰੁਪਏ ਹੀ ਵਸੂਲੇ ਜਾਣਗੇ। ਪਹਿਲੇ ਪੜਾਅ ਵਿੱਚ ਸਤੰਬਰ 2023 ਤੋਂ ਮਾਰਚ 2024 ਦਰਮਿਆਨ ਜਾਰੀ ਕੀਤੇ ਗਏ 8,500 ਬਕਾਇਆ ਟਰੈਫਿਕ ਚਲਾਨਾਂ ਨੂੰ ਨਿਪਟਾਰੇ ਲਈ ਲਿਆ ਗਿਆ ਹੈ।

ਬੱਸ-ਟਰੱਕ ਟੱਕਰ ਵਿੱਚ 23 ਮੌਤਾਂ, ਕਈ ਗੰਭੀਰ

ਰੰਗਾਜਨ (ਨਵਾਂ ਜ਼ਮਾਨਾ ਸਰਵਿਸ)



ਸ਼ੁੱਕਰਵਾਰ ਨੂੰ ਅਸਾਮ ਵਿੱਚ ਕਾਜ਼ੀਰੰਗਾ ਨੈਸ਼ਨਲ ਪਾਰਕ ਨੇੜੇ ਇੱਕ ਮਿਨੀ ਬੱਸ ਅਤੇ ਇੱਕ ਕੰਟੇਨਰ ਟਰੱਕ ਵਿਚਕਾਰ ਹੋਈ ਆਹਮੋ-ਸਾਹਮਣੇ ਟੱਕਰ ਵਿੱਚ 23 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਗੰਭੀਰ ਜ਼ਖ਼ਮੀ ਹੋ ਗਏ। ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਰਾਸ਼ਟਰੀ ਰਾਜਮਾਰਗ 715 'ਤੇ ਕੋਹੋਰਾ ਰੇਂਜ ਵਿੱਚ ਹਾਥੀਕੁਲੀ ਟੀ ਅਸਟੇਟ ਨੇੜੇ ਰੰਗਾਜਨ ਵਿਖੇ ਉਸ ਸਮੇਂ ਵਾਪਰਿਆ ਜਦੋਂ ਯਾਤਰੀ ਵਾਹਨ ਟਰੱਕ ਨਾਲ ਟਕਰਾ ਗਿਆ। "ਅਸੀਂ ਸਾਰੇ ਮੌਕੇ 'ਤੇ ਹਾਂ, ਅਤੇ ਬੱਸ ਵਿੱਚੋਂ ਲਾਸ਼ਾਂ ਕੱਢੀਆਂ ਜਾ ਰਹੀਆਂ ਹਨ, ਇਸ ਲਈ ਮੌਤਾਂ ਦੀ ਗਿਣਤੀ ਵਧਣ ਦਾ ਸ਼ੱਕ ਹੈ,"। ਗੋਲਾਘਾਟ ਦੇ ਸੀਨੀਅਰ ਪੁਲਿਸ ਸੁਪਰਡੈਂਟ ਸਵਪਨਨੀਲ ਡੇਕਾ ਨੇ ਕਿਹਾ। ਪੁਲਿਸ ਨੇ ਕਿਹਾ ਕਿ ਬੱਸ ਵਿੱਚ ਯਾਤਰਾ ਕਰਨ ਵਾਲੇ ਲੋਕਾਂ ਦੀ ਸਹੀ ਗਿਣਤੀ ਤੁਰੰਤ ਪਤਾ ਨਹੀਂ ਲੱਗ ਸਕੀ ਹੈ। ਅਤੇ ਵਾਹਨ ਕੰਟੇਨਰ ਟਰੱਕ ਨਾਲ ਟਕਰਾ ਗਿਆ, ਉਸ ਨੇ ਅੱਗੇ ਕਿਹਾ।

ਭਾਰਤ 'ਚ ਜ਼ਬਤ ਪਾਕਿਸਤਾਨੀ ਬਿਊਟੀ ਕਰੀਮਾਂ 'ਚ ਮਿਲਿਆ ਜ਼ਹਿਰੀਲਾ ਪਾਰਾ

ਨਾਂਦੇੜ (ਨਵਾਂ ਜ਼ਮਾਨਾ ਸਰਵਿਸ)

ਇੱਕ ਸਰਕਾਰੀ ਪ੍ਰਯੋਗਸ਼ਾਲਾ (ਲੈਬਾਰਟਰੀ) ਦੀ ਰਿਪੋਰਟ ਵਿੱਚ 'ਮੇਡ ਇਨ ਪਾਕਿਸਤਾਨ' ਲੇਬਲ ਵਾਲੇ ਸੁੰਦਰਤਾ ਉਤਪਾਦਾਂ (ਬਿਊਟੀ ਪ੍ਰੋਡਕਟਸ) ਵਿੱਚ ਪਾਰੇ (ਮਰਕਰੀ) ਅਤੇ ਆਰਸੈਨਿਕ ਸਮੇਤ ਜ਼ਹਿਰੀਲੀਆਂ ਭਾਰੀ ਧਾਤਾਂ ਦੀ ਖ਼ਤਰਨਾਕ ਤੌਰ 'ਤੇ ਉੱਚੀ ਮਾਤਰਾ ਪਾਈ ਗਈ ਹੈ, ਜਿਨ੍ਹਾਂ ਨੂੰ ਕਰੀਬ ਚਾਰ ਮਹੀਨੇ ਪਹਿਲਾਂ ਨਾਂਦੇੜ ਪੁਲਸ ਵੱਲੋਂ ਜ਼ਬਤ ਕੀਤਾ ਗਿਆ ਸੀ। ਇੱਕ ਅਧਿਕਾਰੀ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਲੱਗਭੱਗ 39.69 ਲੱਖ ਰੁਪਏ ਦੀ ਕੀਮਤ ਵਾਲੇ ਇਹ ਉਤਪਾਦ 9 ਜੁਲਾਈ ਨੂੰ ਨਾਂਦੇੜ ਦੇ ਮੱਕਾ ਗਲੀ ਇਲਾਕੇ ਵਿੱਚ ਸਥਿਤ 'ਅਫ਼ਰਾਹ ਕਲੈਕਸ਼ਨ' (ਅਫ਼ਰਾਹ ਟੂਰਜ਼ ਐਂਡ ਟਰੈਵਲਜ਼) ਵਿਖੇ ਛਾਪੇਮਾਰੀ ਦੌਰਾਨ ਜ਼ਬਤ ਕੀਤੇ ਗਏ ਸਨ। ਪੁਲਸ ਅਨੁਸਾਰ ਛਾਪੇਮਾਰੀ ਦੌਰਾਨ ਇਕੱਠੇ ਕੀਤੇ ਗਏ ਨਮੂਨਿਆਂ ਦੇ ਪ੍ਰਯੋਗਸ਼ਾਲਾ ਵਿਸ਼ਲੇਸ਼ਣ ਵਿੱਚ ਦੋ ਬਿਊਟੀ ਕਰੀਮਾਂ ਵਿੱਚ ਪਾਰੇ ਦੀ ਖ਼ਤਰਨਾਕ ਤੌਰ 'ਤੇ ਉੱਚੀ ਮਾਤਰਾ ਪਾਈ ਗਈ ਹੈ, ਜੋ ਕਿ ਕਾਸਮੈਟਿਕ ਨਿਯਮਾਂ ਤਹਿਤ ਨਿਰਧਾਰਤ ਸੀਮਾ ਤੋਂ ਕਿਤੇ ਵੱਧ ਹੈ। 'ਪਾਰਲੇ 24 ਕੇ ਗੋਲਡ ਗਲੀਮ ਬਿਊਟੀ ਕਰੀਮ' ਵਿੱਚ ਏ ਪੀ ਪੀ ਐੱਮ ਦੀ ਨਿਰਧਾਰਤ ਸੀਮਾ ਦੇ ਮੁਕਾਬਲੇ 48,453.44 ਪਾਰਟਸ ਪ੍ਰਤੀ ਮਿਲੀਅਨ (ਪੀ ਪੀ ਐੱਮ) ਪਾਰਾ ਪਾਇਆ ਗਿਆ। ਇਸੇ ਤਰ੍ਹਾਂ 'ਗੋਰੀ ਬਿਊਟੀ ਕਰੀਮ ਵਿਦ ਲਾਇਕੋਪੀਨ' ਵਿੱਚ 6,924.94 ਪੀ.ਪੀ.ਐੱਮ. ਪਾਰਾ ਪਾਇਆ ਗਿਆ।

ਅੰਕਿਤਾ ਭੰਡਾਰੀ ਕਤਲ ਮਾਮਲੇ 'ਚ ਸਨਾਵਰ ਦਾ ਹੋਵੇਗਾ ਨਾਰਕੋ ਟੈਸਟ

ਨਵੀਂ ਦਿੱਲੀ : ਉੱਤਰਾਖੰਡ ਦੀ ਸੀ ਬੀ ਆਈ ਦੀ ਇਕ ਅਦਾਲਤ ਨੇ ਟੀ ਵੀ ਅਦਾਕਾਰਾ ਉਰਮਿਲਾ ਸਨਾਵਰ ਦਾ ਨਾਰਕੋ ਟੈਸਟ ਕਰਨ ਦਾ ਹੁਕਮ ਦਿੱਤਾ ਹੈ ਉਸ ਦਾ ਟੈਸਟ ਗੁਜਰਾਤ ਦੇ ਗਾਂਧੀਨਗਰ ਵਿੱਚ ਕਰਵਾਇਆ ਜਾਵੇਗਾ ਪਰ ਤਾਰੀਖ਼ ਅਜੇ ਤੈਅ ਨਹੀਂ ਹੋਈ ਹੈ। ਸਨਾਵਰ ਅਤੇ ਸਾਬਕਾ ਭਾਜਪਾ ਵਿਧਾਇਕ ਸੁਰੇਸ਼ ਰਾਠੌਰ ਨੇ ਪਿਛਲੇ ਮਹੀਨੇ ਸੀ ਬੀ ਆਈ ਅਦਾਲਤ ਵਿੱਚ ਨਾਰਕੋ-ਵਿਸ਼ਲੇਸ਼ਣ ਟੈਸਟ ਕਰਵਾਉਣ ਲਈ ਆਪਣੀ ਸਹਿਮਤੀ ਦਿੱਤੀ ਸੀ ਅਤੇ ਇਸ ਸੰਬੰਧੀ ਉਨ੍ਹਾਂ ਦਾ ਬਿਆਨ ਵੀ ਦਰਜ ਕੀਤਾ ਗਿਆ ਸੀ।



ਉਤਰਾਖੰਡ ਦੇ ਪੌੜੀ ਦੇ ਵਣੰਤਰਾ ਰਿਜ਼ੋਰਟ ਵਿੱਚ 19 ਸਾਲਾ ਰਿਸੈਪਸ਼ਨਿਸਟ ਭੰਡਾਰੀ ਦਾ 2022 ਵਿੱਚ ਰਿਜ਼ੋਰਟ ਦੇ ਮਾਲਕ ਪੁਲਕਿਤ ਆਰੀਆ ਅਤੇ ਉਸ ਦੇ ਦੋ ਕਰਮਚਾਰੀਆਂ ਨੇ ਕਤਲ ਕਰ ਦਿੱਤਾ ਸੀ। ਤਿੰਨਾਂ ਨੂੰ ਇਸ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ। ਸਨਾਵਰ ਨੇ ਅੰਕਿਤਾ ਦੇ ਕਤਲ ਵਿੱਚ ਇੱਕ 'ਵੀ ਆਈ ਪੀ' ਦੀ ਸ਼ਮੂਲੀਅਤ ਦਾ ਦੋਸ਼ ਲਗਾਇਆ ਹੈ।

ਓਨਟਾਰੀਓ 'ਚ ਸਿੱਖ ਨੌਜਵਾਨ 'ਤੇ ਹਮਲੇ ਦੇ ਮਾਮਲੇ 'ਚ 3 ਗ੍ਰਿਫ਼ਤਾਰ

ਓਟਾਵਾ (ਨਵਾਂ ਜ਼ਮਾਨਾ ਸਰਵਿਸ)

ਕੈਨੇਡਾ ਦੇ ਓਨਟਾਰੀਓ ਸੂਬੇ ਦੇ ਬੈਰੀ ਸ਼ਹਿਰ ਵਿੱਚ ਜਨਤਕ ਬੱਸਾਂ ਵਿੱਚ ਦੋ ਯਾਤਰੀਆਂ 'ਤੇ ਕਥਿਤ ਤੌਰ 'ਤੇ ਹਮਲਾ ਕਰਨ ਦੇ ਮਾਮਲੇ ਵਿੱਚ ਤਿੰਨ ਨੌਜਵਾਨਾਂ ਵਿਰੁੱਧ ਨਫ਼ਰਤ ਤੋਂ ਪ੍ਰੇਰਿਤ ਅਪਰਾਧਾਂ ਦੇ ਦੋਸ਼ ਆਇਦ ਕੀਤੇ ਗਏ ਹਨ, ਜਿਨ੍ਹਾਂ ਵਿੱਚ ਇੱਕ 22 ਸਾਲਾ ਸਿੱਖ ਨੌਜਵਾਨ ਵੀ ਸ਼ਾਮਲ ਹੈ, ਜਿਸ ਦੀ ਦਸਤਾਰ ਉਤਾਰ ਦਿੱਤੀ ਗਈ ਅਤੇ ਉਸ 'ਤੇ ਬੀਅਰ ਡੋਲ੍ਹੀ ਗਈ। ਬੈਰੀ ਪੁਲਸ ਅਨੁਸਾਰ ਇਹ ਘਟਨਾ 8 ਨਵੰਬਰ ਨੂੰ ਵਾਪਰੀ ਜਦੋਂ 16, 18 ਅਤੇ 19 ਸਾਲ ਦੀ ਉਮਰ ਦੇ ਮੁਲਜ਼ਮਾਂ ਨੇ ਇੱਕ ਘੰਟੇ ਦੇ ਅੰਦਰ-ਅੰਦਰ ਵੱਖ-ਵੱਖ ਬੱਸਾਂ ਵਿੱਚ ਦੋ ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ। ਪਹਿਲੀ ਘਟਨਾ ਵਿੱਚ ਸ਼ਾਮ ਕਰੀਬ 7:15 ਵਜੇ, ਤਿੰਨਾਂ ਨੇ ਐਸਾ ਰੋਡ ਨੇੜੇ ਇੱਕ ਬੱਸ ਵਿੱਚ 26 ਸਾਲਾ ਯਾਤਰੀ ਨੂੰ ਤੰਗ-ਪਰੇਸ਼ਾਨ ਕੀਤਾ। ਉਨ੍ਹਾਂ ਨੇ ਅਪਮਾਨਜਨਕ ਟਿੱਪਣੀਆਂ ਕਰਦਿਆਂ ਉਸ ਨੂੰ ਧੱਕਾ ਦਿੱਤਾ ਅਤੇ ਥੱਪੜ ਮਾਰੇ। ਰਾਤ ਕਰੀਬ 8:30 ਵਜੇ, ਇਸੇ ਸਮੂਹ ਨੇ ਯੋਂਗ ਸਟਰੀਟ 'ਤੇ ਇੱਕ ਹੋਰ ਬੱਸ ਵਿੱਚ 22 ਸਾਲਾ ਯਾਤਰੀ ਕੋਲ ਪਹੁੰਚ ਕੀਤੀ। ਕਿਸ਼ੋਰਾਂ ਵਿੱਚੋਂ ਇੱਕ ਨੇ ਕਥਿਤ ਤੌਰ 'ਤੇ ਉਸ ਦੀ ਦਸਤਾਰ ਉਤਾਰ ਦਿੱਤੀ ਅਤੇ ਉਸ 'ਤੇ ਬੀਅਰ ਡੋਲ੍ਹ ਦਿੱਤੀ।

ਜਦੋਂ ਪੀੜਤ ਨੇ ਪੁਲਸ ਨੂੰ ਫ਼ੋਨ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਮੁਲਜ਼ਮਾਂ ਵਿੱਚੋਂ ਇੱਕ ਨੇ ਉਸ ਦਾ ਫ਼ੋਨ ਜ਼ਮੀਨ 'ਤੇ ਸੁੱਟ ਦਿੱਤਾ। ਉਸ ਦੇ ਚਿਹਰੇ ਅਤੇ ਸਰੀਰ 'ਤੇ ਮੁੱਕੇ ਮਾਰੇ। ਪੁਲਸ ਨੇ ਅੱਧੇ ਘੰਟੇ ਦੇ ਅੰਦਰ ਵਾਹਨ ਦਾ ਪਤਾ ਲਗਾ ਲਿਆ ਅਤੇ ਤਿੰਨਾਂ ਕਿਸ਼ੋਰਾਂ ਨੂੰ ਗ੍ਰਿਫ਼ਤਾਰ ਕਰ ਲਿਆ।

ਦਿੱਲੀ ਨੇ ਲਾਹੌਰ ਨੂੰ ਪਿੱਛੇ ਛੱਡਿਆ

ਨਵੀਂ ਦਿੱਲੀ : ਭਾਰਤ ਦੀ ਰਾਜਧਾਨੀ ਦਿੱਲੀ ਸ਼ੁੱਕਰਵਾਰ ਪਾਕਿਸਤਾਨ ਦੇ ਲਾਹੌਰ ਸ਼ਹਿਰ ਨੂੰ ਪਛਾੜਦਿਆਂ ਦੁਨੀਆ ਦਾ ਸਭ ਤੋਂ ਵੱਧ ਪ੍ਰਦੂਸ਼ਤ ਸ਼ਹਿਰ ਬਣ ਗਈ। ਲੱਗਭੱਗ ਦੋ ਕਰੋੜ ਦੀ ਆਬਾਦੀ ਵਾਲੇ ਇਸ ਮਹਾਨਗਰ ਵਿੱਚ ਹਵਾ ਦੀ ਗੁਣਵੱਤਾ 'ਖਤਰਨਾਕ' ਪੱਧਰ ਤੱਕ ਡਿੱਗ ਗਈ ਹੈ ਅਤੇ ਸੰਘਣੀ ਜ਼ਹਿਰੀਲੀ ਧੁੰਦ (ਸਮੌਗ) ਦੀ ਚਾਦਰ ਵਿਛ ਜਾਣ ਕਾਰਨ ਦਿਸਣ ਹੱਦ (ਵਿਜ਼ੀਬਿਲਟੀ) ਬੇਹੱਦ ਘਟ ਗਈ ਹੈ। ਸਵੇਰ ਵੇਲੇ ਮੁੱਖ ਸੜਕਾਂ 'ਤੇ ਗੱਡੀਆਂ ਅਤੇ ਮੋਟਰਸਾਈਕਲ ਸੰਘਣੇ ਧੂੰਏਂ ਵਿੱਚੋਂ ਨਿਕਲਦੇ ਦਿਖਾਈ ਦਿੱਤੇ,



ਜਿੱਥੇ ਸਟਰੀਟ ਲਾਈਟਾਂ ਦੀ ਰੌਸ਼ਨੀ ਵੀ ਮੱਧਮ ਪੈ ਗਈ ਸੀ। ਦਿੱਲੀ ਦਾ ਏਅਰ ਕੁਆਲਿਟੀ ਇੰਡੈਕਸ (ਏ ਕਿਊ ਆਈ) 334 ਦਰਜ ਕੀਤਾ ਗਿਆ, ਜੋ ਕਿ 'ਖਤਰਨਾਕ' ਸ਼੍ਰੇਣੀ ਵਿੱਚ ਆਉਂਦਾ ਹੈ। ਉੱਤਰੀ ਭਾਰਤ ਅਤੇ ਗੁਆਂਢੀ ਮੁਲਕ ਪਾਕਿਸਤਾਨ ਦੇ ਵੱਡੇ ਹਿੱਸਿਆਂ ਵਿੱਚ ਸਰਦੀਆਂ ਦੀ ਆਮਦ ਨਾਲ ਹਵਾ ਪ੍ਰਦੂਸ਼ਣ ਇੱਕ ਗੰਭੀਰ ਮੌਸਮੀ ਸਮੱਸਿਆ ਬਣ ਜਾਂਦਾ ਹੈ। ਠੰਢੀ ਅਤੇ ਭਾਰੀ ਹਵਾ ਕਾਰਨ ਵਾਹਨਾਂ ਦਾ ਧੂੰਆਂ, ਉਸਾਰੀ ਕਾਰਜਾਂ ਦੀ ਧੂੜ ਅਤੇ ਪਰਾਲੀ ਸਾੜਨ ਦਾ ਧੂੰਆਂ ਵਾਤਾਵਰਨ ਦੀ ਹੇਠਲੀ ਸਤਹਿ ਵਿੱਚ ਹੀ ਫਸ ਕੇ ਰਹਿ ਜਾਂਦਾ ਹੈ, ਜਿਸ ਨਾਲ ਆਮ ਲੋਕਾਂ ਲਈ ਸਾਹ ਲੈਣਾ ਵੀ ਔਖਾ ਹੋ ਜਾਂਦਾ ਹੈ।

ਸ਼ਾਂਤਮਈ ਪ੍ਰਦਰਸ਼ਨ ਮੇਰਾ ਮੌਲਿਕ ਅਧਿਕਾਰ : ਵਾਂਗਚੁਕ

ਸ੍ਰੀਨਗਰ (ਨਵਾਂ ਜ਼ਮਾਨਾ ਸਰਵਿਸ)

ਲੱਦਾਖ ਪ੍ਰਸ਼ਾਸਨ ਵੱਲੋਂ ਸੋਨਮ ਵਾਂਗਚੁਕ 'ਤੇ 60 ਦਿਨਾਂ ਲਈ ਪਾਬੰਦੀਆਂ ਲਗਾਏ ਜਾਣ ਤੋਂ ਬਾਅਦ ਇਸ ਵਾਤਾਵਰਣ ਕਾਰਕੁਨ ਨੇ ਕੇਂਦਰੀ ਗ੍ਰਹਿ ਮੰਤਰੀ, ਲੱਦਾਖ ਦੇ ਉਪ ਰਾਜਪਾਲ ਅਤੇ ਹੋਰਨਾਂ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਇਸ ਹੁਕਮ ਨੇ ਅਸਲ ਵਿੱਚ ਉਨ੍ਹਾਂ ਦੇ ਘੁੰਮਣ-ਫਿਰਨ ਅਤੇ ਬੋਲਣ ਦੀ ਆਜ਼ਾਦੀ ਦੇ ਅਧਿਕਾਰ ਨੂੰ ਸੀਮਤ ਕਰ ਦਿੱਤਾ ਹੈ। ਇਨ੍ਹਾਂ ਪਾਬੰਦੀਆਂ ਤਹਿਤ ਉਨ੍ਹਾਂ ਨੂੰ ਕਿਸੇ ਵੀ ਗਤੀਵਿਧੀ ਵਿੱਚ ਸ਼ਾਮਲ ਹੋਣ, ਕਿਸੇ ਵੀ ਅਣਅਧਿਕਾਰਤ ਰੈਲੀ, ਜਲੂਸ ਜਾਂ ਜਨਤਕ ਇਕੱਠ ਦਾ ਪ੍ਰਬੰਧ ਕਰਨ ਜਾਂ ਉਸ ਵਿੱਚ ਹਿੱਸਾ ਲੈਣ ਤੋਂ ਰੋਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਾਂਤਮਈ ਪ੍ਰਦਰਸ਼ਨ ਕਰਨ ਦਾ ਅਧਿਕਾਰ ਇਸ ਦੇਸ਼ ਦੇ ਹਰ ਨਾਗਰਿਕ ਨੂੰ ਦਿੱਤਾ ਗਿਆ ਇੱਕ ਮੌਲਿਕ ਅਧਿਕਾਰ ਹੈ। ਉਨ੍ਹਾ ਪੱਤਰ ਵਿੱਚ ਕਿਹਾ ਹੈ ਕਿ ਹੁਕਮ ਵਿੱਚ ਦਰਜ ਆਦਰਸ਼ ਚੋਣ ਜ਼ਾਬਤੇ ਨੂੰ ਲਾਗੂ ਕਰਨ ਦਾ ਹਵਾਲਾ ਆਪਣੇ ਆਪ ਵਿੱਚ ਇਸ ਅਧਿਕਾਰ ਨੂੰ ਖੋਹਣ ਜਾਂ ਅਜਿਹੀਆਂ ਪਾਬੰਦੀਆਂ ਲਗਾਉਣ ਲਈ ਇੱਕ ਆਮ ਬਹਾਨੇ ਵਜੋਂ ਨਹੀਂ ਵਰਤਿਆ ਜਾ ਸਕਦਾ, ਜੋ ਬਿਨਾਂ ਕਿਸੇ ਠੋਸ ਕਾਰਨ ਦੇ ਮੈਨੂੰ ਅਸਲ ਵਿੱਚ ਮੇਰੀ ਰਿਹਾਇਸ਼ ਤੱਕ ਸੀਮਤ ਕਰ ਦਿੰਦੀਆਂ ਹਨ। ਇਹ ਦੱਸਦਿਆਂ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੇ ਗਏ ਹੁਕਮ ਵਿੱਚ ਸਪੱਸ਼ਟ ਤੌਰ 'ਤੇ 'ਨਜ਼ਰਬੰਦੀ' ਵਰਗੇ ਸ਼ਬਦਾਂ ਦੀ ਵਰਤੋਂ ਨਹੀਂ ਕੀਤੀ ਗਈ ਹੈ ਅਤੇ ਨਾ ਹੀ ਇਸ ਵਿੱਚ ਹਿਰਾਸਤ ਜਾਂ ਕੈਦ ਵਰਗੇ ਸ਼ਬਦ ਵਰਤੇ ਗਏ ਹਨ। ਵਾਂਗਚੁਕ ਨੇ ਕਿਹਾ ਕਿ ਇਹ ਮੈਨੂੰ ਕਿਤੇ ਵੀ ਆਪਣੀ ਰਿਹਾਇਸ਼ 'ਤੇ ਰਹਿਣ ਦਾ ਨਿਰਦੇਸ਼ ਨਹੀਂ ਦਿੰਦਾ, ਇਹ ਨਿਰਦੇਸ਼ ਮੈਨੂੰ ਉਨ੍ਹਾਂ ਕਰਮਚਾਰੀਆਂ ਵੱਲੋਂ ਜ਼ੁਬਾਨੀ ਤੌਰ 'ਤੇ ਦਿੱਤਾ ਗਿਆ ਸੀ, ਜਿਨ੍ਹਾਂ ਨੇ ਮੈਨੂੰ ਚੁੱਕਿਆ ਸੀ ਅਤੇ ਜੋ ਹੁਣ ਮੇਰੇ ਘਰ ਦੇ ਬਾਹਰ ਮੌਜੂਦ ਹਨ।

ਅੱਜ-ਨਾਮਾ

ਅਹੁਦਾ ਲੈ ਲਉ ਜੇ ਕੋਈ ਵੀ ਚਾਹੀਦਾ ਹੈ,
ਕਰਿਉ ਟਿਕਟਾਂ ਦੀ ਕੋਈ ਨਾ ਮੰਗ ਮੀਆਂ।
ਹਲਕੇ ਥੋੜ੍ਹੇ, ਪਰ ਟਿਕਟਾਂ ਦੀ ਮੰਗ ਭਾਰੀ,
ਟਿਕਟਾਂ ਮੰਗਦਿਆਂ ਕੀਤਾ ਈ ਤੰਗ ਮੀਆਂ।
ਪੰਚ-ਸਰਪੰਚ ਤੱਕ ਵੀ ਟਿਕਟ ਮੰਗਦੇ ਨੇ,
ਕਰਦਾ ਰਤਾ ਨਹੀਂ ਕੋਈ ਆ ਸੰਗ ਮੀਆਂ।
ਜੀਹਨੂੰ ਕਹੋ ਉਹ ਮੰਗੇ ਕੋਈ ਹੋਰ ਰੁਤਬਾ,
ਆਉਂਦਾ ਅੱਗੋਂ ਹੈ ਮਾਰਨ ਨੂੰ ਡੰਗ ਮੀਆਂ।
ਹਰ ਕੋਈ ਉਂਜ ਹੈ ਸੇਵਾ ਦੀ ਗੱਲ ਕਰਦਾ,
ਰੱਖਦੇ ਟਿਕਟ ਦੀ ਮੰਗ ਦੀ ਪਹਿਲ ਮੀਆਂ।
ਵਰਕਰ ਬਹੁਤੇ ਤੇ ਹਲਕੇ ਈ ਬਹੁਤ ਥੋੜ੍ਹੇ,
ਸਭ ਨੂੰ ਸਾਂਭਣਾ ਕੰਮ ਨਹੀਂ ਸਹਿਲ ਮੀਆਂ।

-ਤੀਸ ਮਾਰ ਖਾਂ

ਹਿਮਾਚਲ ਦੇ ਉਤਲੇ ਇਲਾਕਿਆਂ ਵੱਲ ਨਾ ਜਾਣ ਦੀ ਸਲਾਹ

ਸ਼ਿਮਲਾ (ਨਵਾਂ ਜ਼ਮਾਨਾ ਸਰਵਿਸ)

ਹਿਮਾਚਲ ਦੇ ਲਾਹੌਲ ਅਤੇ ਸਪੀਤੀ ਜ਼ਿਲ੍ਹੇ ਦੇ ਅਧਿਕਾਰੀਆਂ ਨੇ ਵੀਰਵਾਰ ਰਾਤ ਤੋਂ ਹੋ ਰਹੀ ਲਗਾਤਾਰ ਬਰਫਬਾਰੀ ਤੋਂ ਬਾਅਦ ਸ਼ਿੰਕੁਲਾ ਦੱਰਾ, ਬਾਰਾਲਾਚਾ ਦੱਰਾ, ਕੁੰਜ਼ੁਮ ਟੌਪ ਅਤੇ ਹੋਰ ਉੱਚੇ ਇਲਾਕਿਆਂ ਵਿੱਚ ਸੜਕਾਂ ਦੀ ਅਸੁਰੱਖਿਅਤ ਸਥਿਤੀ ਦਾ ਹਵਾਲਾ ਦਿੰਦੇ ਹੋਏ ਕਈ ਉੱਚ-ਉਚਾਈ ਵਾਲੀਆਂ ਸੜਕਾਂ ਨੂੰ ਵਾਹਨਾਂ ਦੀ ਆਵਾਜਾਈ ਲਈ ਬੰਦ ਕਰ ਦਿੱਤਾ ਹੈ।

ਲਾਹੌਲ ਅਤੇ ਸਪੀਤੀ ਪੁਲਸ ਵੱਲੋਂ ਜਾਰੀ ਜਨਤਕ ਐਡਵਾਈਜ਼ਰੀ ਅਨੁਸਾਰ, ਸ਼ਿੰਕੁਲਾ ਟੌਪ ਅਤੇ ਬਾਰਾਲਾਚਾ ਟੌਪ ਵੱਲ ਜਾਣ ਵਾਲੇ ਸਾਰੇ ਵਾਹਨਾਂ ਨੂੰ ਦਾਰਚਾ ਪੁਲਸ ਚੌਕੀ 'ਤੇ ਰੋਕ ਦਿੱਤਾ ਗਿਆ ਹੈ। ਇਸੇ ਤਰ੍ਹਾਂ ਕੁੰਜ਼ੁਮ ਟੌਪ ਵੱਲ ਜਾਣ ਵਾਲੇ ਵਾਹਨਾਂ ਦੀ ਆਵਾਜਾਈ ਨੂੰ ਲੋਸਰ ਚੈੱਕ ਪੋਸਟ 'ਤੇ ਰੋਕ ਦਿੱਤਾ ਗਿਆ ਹੈ, ਜਦਕਿ ਗ੍ਰਾਮਫੂ ਤੋਂ ਛਤਰੂ ਅਤੇ ਕੁੰਜ਼ੁਮ ਟੌਪ ਵੱਲ ਜਾਣ ਵਾਲੀ ਸੜਕ ਨੂੰ ਵੀ ਬੰਦ ਕਰ ਦਿੱਤਾ ਗਿਆ ਹੈ। ਪੁਲਸ ਨੇ ਕਿਹਾ ਕਿ ਐਮਰਜੈਂਸੀ ਸਥਿਤੀਆਂ ਵਿੱਚ ਸੜਕ ਅਤੇ ਮੌਸਮ ਦੀ ਸਥਿਤੀ ਦੇ ਆਧਾਰ 'ਤੇ ਸਿਰਫ ਸਹੀ ਸਨੋਅ ਚੇਨ (ਬਰਫ ਵਾਲੀਆਂ ਜ਼ੰਜੀਰਾਂ) ਲੱਗੇ ਵਾਹਨਾਂ ਨੂੰ ਹੀ ਜਾਣ ਦੀ ਇਜਾਜ਼ਤ ਦਿੱਤੀ ਜਾ ਸਕਦੀ ਹੈ। ਸੈਲਾਨੀਆਂ ਅਤੇ ਆਮ ਜਨਤਾ ਨੂੰ ਅਪੀਲ ਕਰਦਿਆਂ ਪੁਲਸ ਨੇ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਸ ਵੱਲੋਂ ਜਾਰੀ ਐਡਵਾਈਜ਼ਰੀ ਦੀ ਸਖਤੀ ਨਾਲ ਪਾਲਣਾ ਕਰਨ ਅਤੇ



ਮੌਸਮ ਤੇ ਸੜਕਾਂ ਦੀ ਸਥਿਤੀ ਵਿੱਚ ਸੁਧਾਰ ਹੋਣ ਤੱਕ ਉੱਚ-ਉਚਾਈ ਵਾਲੇ ਇਲਾਕਿਆਂ ਦੀ ਯਾਤਰਾ ਕਰਨ ਤੋਂ ਬਚਣ ਦੀ ਤਾਕੀਦ ਕੀਤੀ ਹੈ।

ਐਡਵਾਈਜ਼ਰੀ ਵਿੱਚ ਅੱਗੇ ਕਿਹਾ ਗਿਆ ਹੈ ਕਿ ਜਿਨ੍ਹਾਂ ਲੋਕਾਂ ਨੂੰ ਜ਼ਰੂਰੀ ਕਾਰਨਾਂ ਕਰਕੇ ਇਨ੍ਹਾਂ ਇਲਾਕਿਆਂ ਵਿੱਚ ਯਾਤਰਾ ਕਰਨੀ ਪੈਂਦੀ ਹੈ, ਉਨ੍ਹਾਂ ਨੂੰ ਇਜਾਜ਼ਤ ਲੈਣੀ ਚਾਹੀਦੀ ਹੈ, ਸਿਰਫ ਸਨੋਅ ਚੇਨ ਲੱਗੇ ਵਾਹਨਾਂ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਲੋੜੀਂਦੇ ਗਰਮ ਕੱਪੜੇ ਨਾਲ ਰੱਖਣੇ ਚਾਹੀਦੇ ਹਨ।

ਇਸ ਦੌਰਾਨ ਸ਼ੁੱਕਰਵਾਰ ਤੜਕੇ ਰੋਹਤਾਂਗ ਦੱਰਾ ਅਤੇ ਮੜ੍ਹੀ ਵਿਖੇ ਵੀ ਤਾਜ਼ਾ ਬਰਫਬਾਰੀ ਸ਼ੁਰੂ ਹੋ ਗਈ, ਜਿਸ ਵਿੱਚ ਰੋਹਤਾਂਗ ਦੱਰੇ 'ਤੇ ਲੱਗਭੱਗ 4-5 ਇੰਚ ਅਤੇ ਮੜ੍ਹੀ ਵਿਖੇ ਲੱਗਭੱਗ ਇੱਕ ਇੰਚ ਬਰਫ ਰਿਕਾਰਡ ਕੀਤੀ ਗਈ। ਮਨਾਲੀ ਪੁਲਸ ਅਨੁਸਾਰ ਜਨਤਾ ਅਤੇ ਸੈਲਾਨੀਆਂ ਦੀ ਸੁਰੱਖਿਆ ਦੇ ਮੱਦੇਨਜ਼ਰ, ਮੜ੍ਹੀ ਤੋਂ ਰੋਹਤਾਂਗ ਦੱਰੇ ਵੱਲ ਜਾਣ ਵਾਲੇ ਵਾਹਨਾਂ ਦੀ ਆਵਾਜਾਈ ਨੂੰ ਪੂਰੀ ਤਰ੍ਹਾਂ ਮੁਅੱਤਲ ਕਰ ਦਿੱਤਾ ਗਿਆ ਹੈ ਅਤੇ ਸਿਰਫ ਐਮਰਜੈਂਸੀ ਵਾਹਨਾਂ ਨੂੰ ਹੀ ਜਾਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ। ਗੁਲਾਬਾ ਬੈਰੀਅਰ 'ਤੇ ਵੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ, ਜਦਕਿ ਜਿਹੜੇ ਵਾਹਨ ਪਹਿਲਾਂ ਹੀ ਮੜ੍ਹੀ ਪਹੁੰਚ ਚੁੱਕੇ ਸਨ, ਉਨ੍ਹਾਂ ਨੂੰ ਸੁਰੱਖਿਅਤ ਢੰਗ ਨਾਲ ਵਾਪਸ ਮਨਾਲੀ ਵੱਲ ਭੇਜਿਆ ਜਾ ਰਿਹਾ ਹੈ।

ਨਦਾਮਪੁਰ 'ਚ 45 ਲੱਖ ਦੀ ਲਾਗਤ ਨਾਲ ਤਿਆਰ ਮੁੱਖ ਮੰਤਰੀ ਖੇਡ ਮੈਦਾਨ ਲੋਕਾਂ ਨੂੰ ਸਮਰਪਤ

ਵਿਧਾਇਕ ਭਰਾਜ ਨੇ ਖੇਡ ਮੈਦਾਨ ਤੇ ਜਿੰਮ ਦਾ ਕੀਤਾ ਉਦਘਾਟਨ



ਭਵਾਨੀਗੜ੍ਹ (ਰਾਜ ਖੁਰਮੀ)-ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਤਹਿਤ ਵਿਧਾਨ ਸਭਾ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਨਦਾਮਪੁਰ ਨੂੰ ਖੇਡ ਸਹੂਲਤਾਂ ਦੀ ਵੱਡੀ ਸੌਗਾਤ ਦਿੱਤੀ ਗਈ।ਵਿਧਾਇਕ ਨੇ ਪਿੰਡ ਵਿੱਚ 45 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਮੁੱਖ ਮੰਤਰੀ ਖੇਡ ਮੈਦਾਨ ਦਾ ਉਦਘਾਟਨ ਕਰਕੇ ਇਸ ਨੂੰ ਲੋਕਾਂ ਨੂੰ ਸਮਰਪਤ ਕੀਤਾ।ਇਸ ਦੇ ਨਾਲ ਹੀ ਪਿੰਡ ਦੇ ਜਿੰਮ ਦਾ ਉਦਘਾਟਨ ਕੀਤਾ ਤੇ ਖਿਡਾਰੀਆਂ ਨੂੰ ਖੇਡ ਕਿੱਟਾਂ ਵੀ ਵੰਡੀਆਂ।ਇਸ ਮੌਕੇ ਸੰਬੋਧਨ ਕਰਦਿਆਂ ਭਰਾਜ ਨੇ ਕਿਹਾ ਕਿ ਪਿੰਡਾਂ ਵਿੱਚ ਆਧੁਨਿਕ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਦਾ ਮੁੱਖ ਮਕਸਦ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਪਾਸੇ ਲਾਉਣਾ ਤੇ ਉਨ੍ਹਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਢੁੱਕਵਾਂ ਮਾਹੌਲ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਖੇਡ ਮੈਦਾਨ ਤੇ ਜਿੰਮ ਦੀ ਸਹੂਲਤ ਨਾਲ ਜਿੱਥੇ ਨੌਜਵਾਨਾਂ ਵਿੱਚ ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕਤਾ ਵਧੇਗੀ, ਉੱਥੇ ਹੀ ਅਨੁਸ਼ਾਸਨ, ਆਤਮਵਿਸ਼ਵਾਸ, ਮਿਹਨਤ ਤੇ ਟੀਮ ਭਾਵਨਾ ਵਰਗੇ ਗੁਣ ਵੀ ਵਿਕਸਤ ਹੋਣਗੇ।ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਧੀਆਂ ਤੇ ਪੁੱਤਰਾਂ ਨੂੰ ਖੇਡਾਂ ਵਿੱਚ ਅੱਗੇ ਵਧਣ ਦੇ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ, ਕਿਉਂਕਿ ਪਿੰਡਾਂ ਦੀਆਂ ਧੀਆਂ ਵਿੱਚ ਵੀ ਅਨੇਕਾਂ ਖੇਡ ਪ੍ਰਤਿਭਾਵਾਂ ਛੁਪੀਆਂ ਹੋਈਆਂ ਹਨ, ਜਿਨ੍ਹਾਂ ਨੂੰ ਉਚਿਤ ਮੰਚ ਤੇ ਹੱਲਾਸ਼ੇਰੀ ਦੀ ਲੋੜ ਹੈ।ਵਿਧਾਇਕ ਨੇ ਖਿਡਾਰੀਆਂ ਨੂੰ ਖੇਡ ਕਿੱਟਾਂ ਵੰਡਦਿਆਂ ਉਨ੍ਹਾਂ ਨੂੰ ਨਿਯਮਤ ਅਭਿਆਸ ਕਰਨ ਤੇ ਆਪਣੀ ਖੇਡ ਵਿੱਚ ਹੋਰ ਨਿਖਾਰ ਲਿਆਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਰਪੰਚ ਜਸਪਾਲ ਸਿੰਘ ਮੱਟਰਾ, ਜਗਪਾਲ ਸਿੰਘ ਕਾਲਾਝਾੜ, ਸਰਪੰਚ ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਣਬੀਰ ਸਿੰਘ, ਨਰਿੰਦਰ ਕੌਰ, ਹੈਰੀ ਸਿੰਘ, ਰਵਿੰਦਰ ਸਿੰਘ ਸਮੇਤ ਗ੍ਰਾਮ ਪੰਚਾਇਤ ਦੇ ਸਮੂਹ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਸਰਕਾਰ ਨੇ ਵਿਕਾਸ ਕਾਰਜਾਂ ਦੀ ਝੜੀ ਲਾਈ : ਗੋਲਡੀ ਕੰਬੋਜ



ਫਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਲਕਾ ਜਲਾਲਾਬਾਦ ਵਿੱਚ ਵਿਕਾਸ ਕਾਰਜਾਂ ਦੀ ਝੜੀ ਲਗਾ ਦਿੱਤੀ ਗਈ ਹੈ, ਇਸੇ ਤਹਿਤ ਹੀ ਪੰਜਾਬ ਸਰਕਾਰ ਵੱਲੋਂ ਪਹਿਲੀ ਵਾਰ ਹਲਕਾ ਜਲਾਲਾਬਾਦ ਦੇ ਪਿੰਡ ਚੱਕ ਲੱਖੋ ਵਾਲੀ (ਬੁਧੋ ਕੇ) ਵਿਖੇ ਚੈੱਕ ਡੈਮ ਬਣਾਇਆ ਜਾ ਰਿਹਾ ਹੈ! ਇਹ ਪ੍ਰਗਟਾਵਾ ਹਲਕਾ ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਸ਼ੁੱਕਰਵਾਰ ਨੂੰ ਹਲਕੇ ਦੇ ਪਿੰਡ ਚੱਕ ਲੱਖੋਵਾਲੀ ਵਿਖੇ ਚੈੱਕ ਡੈਮ ਦਾ ਨੀਹ ਪੱਥਰ ਰੱਖਣ ਮੌਕੇ ਕੀਤਾ! ਇਸ ਮੌਕੇ ਵਿਧਾਇਕ ਨੇ ਜਲਾਲਾਬਾਦ ਤੇ ਆਸ ਪਾਸ ਜ਼ਿਲ੍ਹਾ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਡੈਮ ਦੇ ਬਣਨ ਨਾਲ ਧਰਤੀ ਹੇਠਲਾ ਪਾਣੀ ਦਾ ਪੱਧਰ ਉੱਚਾ ਹੋਵੇਗਾ ।ਉਹਨਾਂ ਅੱਗੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਨੇ ਜਲਾਲਾਬਾਦ ਹਲਕੇ ਵਿੱਚ ਇੰਨੇ ਵੱਡੇ ਤੇ ਇੰਨੀ ਤੇਜ਼ੀ ਨਾਲ ਵਿਕਾਸ ਕਾਰਜ ਕੀਤੇ ਹਨ! ਉਹਨਾਂ ਕਿਹਾ ਕਿ ਸਾਡੀ ਸਰਕਾਰ ਨੇ ਜਿੱਥੇ ਨਹਿਰਾਂ ਦਾ ਨਵੀਨੀਕਰਨ ਕਰਕੇ ਨਹਿਰਾਂ ਨੂੰ ਪੱਕਾ ਕੀਤਾ ਗਿਆ ਹੈ ਤੇ ਟੇਲਾਂ ਤੱਕ ਨਹਿਰੀ ਪਾਣੀ ਵੱਧ ਮਾਤਰਾ ਵਿੱਚ ਪਹੁੰਚਾਇਆ ਗਿਆ ਹੈ।ਇਸ ਮੌਕੇ ਪਿੰਡ ਦਾ ਸਰਪੰਚ ਵਰਿੰਦਰ ਪਾਲ ਵਿੰਦੂ, ਬਲਾਕ ਮੈਂਬਰ ਡਿੰਪਲ ਕੰਬੋਜ਼ ਸਮੇਤ ਬਲਾਕ ਸਮਿਤੀ ਵਾਇਸ ਚੇਅਰਮੈਨ ਨਵਨੀਤ ਕੰਬੋਜ ਸਮੇਤ ਆਮ ਆਦਮੀ ਪਾਰਟੀ ਆਗੂ, ਵਰਕਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਸਨ।

ਕੈਂਸਰ ਦਵਾਈਆਂ ਦੀਆਂ ਕੀਮਤਾਂ 'ਚ ਕਟੌਤੀ ਮੋਦੀ ਸਰਕਾਰ ਦਾ ਲੋਕ-ਪੱਖੀ ਫ਼ੈਸਲਾ : ਕਾਕਾ ਕੰਬੋਜ



ਜਲਾਲਾਬਾਦ (ਬਲਵਿੰਦਰ ਸਿੰਘ)-ਭਾਜਪਾ ਦੇ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਕਾਕਾ ਕੰਬੋਜ ਨੇ ਕੇਂਦਰ ਸਰਕਾਰ ਵੱਲੋਂ ਕੈਂਸਰ ਦੀਆਂ 1,364 ਦਵਾਈਆਂ ਦੀਆਂ ਕੀਮਤਾਂ ਵਿੱਚ ਕੀਤੀ ਗਈ ਕਟੌਤੀ ਦਾ ਸਵਾਗਤ ਕਰਦਿਆਂ ਇਸ ਨੂੰ ਕੈਂਸਰ ਪੀੜਤ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਾਂ ਲਈ ਵੱਡੀ ਆਰਥਿਕ ਰਾਹਤ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਸਰਕਾਰ ਨੇ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਦੀ ਪਹੁੰਚ ਵਿੱਚ ਲਿਆਉਣ ਲਈ ਇੱਕ ਹੋਰ ਅਹਿਮ ਕਦਮ ਚੁੱਕਿਆ ਹੈ।ਰਾਸ਼ਟਰੀ ਔਸ਼ਧੀ ਮੁੱਲ ਨਿਰਧਾਰਨ ਅਥਾਰਟੀ (ਐੱਨਪੀਪੀਏ) ਵੱਲੋਂ 137 ਕੈਂਸਰ-ਰੋਧੀ ਦਵਾਈਆਂ ਨਾਲ ਸਬੰਧਤ 1,364 ਫਾਰਮੂਲੇਸ਼ਨਾਂ ਦੀਆਂ ਕੀਮਤਾਂ ਵਿੱਚ ਕਟੌਤੀ ਲਾਗੂ ਕੀਤੀ ਗਈ ਹੈ।ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ 679 ਬ੍ਰਾਂਡਾਂ ਦੀਆਂ ਕੀਮਤਾਂ ਵਿੱਚ 50 ਫ਼ੀਸਦੀ ਤੋਂ ਵੱਧ ਕਮੀ ਕੀਤੀ ਗਈ ਹੈ, ਜਦਕਿ ਸਭ ਤੋਂ ਵੱਧ ਕਟੌਤੀ 96.45 ਫ਼ੀਸਦੀ ਦਰਜ ਕੀਤੀ ਗਈ ਹੈ।ਇਸ ਫ਼ੈਸਲੇ ਨਾਲ ਦੇਸ਼ ਦੇ ਖਪਤਕਾਰਾਂ ਨੂੰ ਸਾਲਾਨਾ ਲਗਭਗ 3,540.38 ਕਰੋੜ ਰੁਪਏ ਦੀ ਬਚਤ ਹੋਣ ਦਾ ਅਨੁਮਾਨ ਹੈ।ਉਨ੍ਹਾਂ ਕਿਹਾ ਕਿ ਕੈਂਸਰ ਵਰਗੀ ਗੰਭੀਰ ਬਿਮਾਰੀ ਦਾ ਇਲਾਜ ਪਰਵਾਰਾਂ ਲਈ ਵੱਡੀ ਆਰਥਿਕ ਚੁਣੌਤੀ ਹੁੰਦਾ ਹੈ। ਦਵਾਈਆਂ ਸਸਤੀਆਂ ਹੋਣ ਨਾਲ ਮਰੀਜ਼ਾਂ ਨੂੰ ਇਲਾਜ ਜਾਰੀ ਰੱਖਣ ਵਿੱਚ ਮਦਦ ਮਿਲੇਗੀ।ਇਹ ਫ਼ੈਸਲਾ ਦਰਸਾਉਂਦਾ ਹੈ ਕਿ ਮੋਦੀ ਸਰਕਾਰ ਲਈ ਨਾਗਰਿਕਾਂ ਦੀ ਸਿਹਤ, ਸਹੂਲਤ ਤੇ ਆਰਥਿਕ ਰਾਹਤ ਸਭ ਤੋਂ ਮਹੱਤਵਪੂਰਨ ਹਨ।

ਰੱਖੜਾ ਤੇ ਸ਼ੇਖੂਪੁਰ ਦੀ ਨਿਯੁਕਤੀ 'ਤੇ ਅਕਾਲੀ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ



ਸਮਾਣਾ (ਇਕਬਾਲ ਸਿੰਘ ਬੱਲ)-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਪਾਰਟੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਤੇ ਤਜਰਬੇਕਾਰ ਤੇ ਸਮਰਪਤ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪਣ ਦੇ ਫੈਸਲੇ ਦਾ ਪਾਰਟੀ ਦੇ ਆਗੂਆਂ ਤੇ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ।ਪਾਰਟੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ੍ਰ. ਰਣਧੀਰ ਸਿੰਘ ਰੱਖੜਾ ਨੂੰ ਪਾਰਟੀ ਦੀ ਕੋਰ ਕਮੇਟੀ ਦਾ ਮੈਂਬਰ ਤੇ ਸ੍ਰ. ਭੁਪਿੰਦਰ ਸਿੰਘ ਸ਼ੇਖੂਪੁਰ ਨੂੰ ਪਾਰਟੀ ਦਾ ਜਨਰਲ ਸਕੱਤਰ ਨਿਯੁਕਤ ਕੀਤੇ ਜਾਣ 'ਤੇ ਸਮਾਣਾ ਤੇ ਪਟਿਆਲਾ ਜ਼ਿਲ੍ਹੇ ਦੇ ਅਕਾਲੀ ਆਗੂਆਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਸਬੰਧੀ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਵੱਖ-ਵੱਖ ਆਗੂਆਂ ਨੇ ਕਿਹਾ ਕਿ ਸ੍ਰ. ਰਣਧੀਰ ਸਿੰਘ ਰੱਖੜਾ ਤੇ ਸ੍ਰ. ਭੁਪਿੰਦਰ ਸਿੰਘ ਸ਼ੇਖੂਪੁਰ ਲੰਮੇ ਸਮੇਂ ਤੋਂ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਆਪਣਾ ਯੋਗਦਾਨ ਪਾਉਂਦੇ ਆ ਰਹੇ ਹਨ।ਦੋਵਾਂ ਆਗੂਆਂ ਦੀ ਮਿਹਨਤ, ਲਗਨ, ਸੂਝ-ਬੂਝ ਤੇ ਪਾਰਟੀ ਪ੍ਰਤੀ ਵਫ਼ਾਦਾਰੀ ਨੂੰ ਦੇਖਦਿਆਂ ਉਨ੍ਹਾਂ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ, ਜੋ ਸਮੁੱਚੇ ਪਾਰਟੀ ਪਰਵਾਰ ਲਈ ਮਾਣ ਤੇ ਖ਼ੁਸ਼ੀ ਵਾਲੀ ਗੱਲ ਹੈ।ਇਸ ਮੌਕੇ ਰਣਧੀਰ ਸਿੰਘ ਮਵੀ, ਸੀਨੀਅਰ ਮੀਤ ਪ੍ਰਧਾਨ, ਹਰਦੀਪ ਸਿੰਘ ਸਾਗਰਾ ਜਨਰਲ ਸਕੱਤਰ, ਜਗੀਰ ਸਿੰਘ ਖਾਂਗ ਸੀਨੀਅਰ ਮੀਤ ਪ੍ਰਧਾਨ ਪਟਿਆਲਾ, ਸੁਖਵਿੰਦਰ ਸਿੰਘ ਲਾਲਵਾ ਸੀਨੀਅਰ ਆਗੂ, ਗੁਲਜ਼ਾਰ ਸਿੰਘ ਮਰਦਾਹੇੜੀ ਸੀਨੀਅਰ ਆਗੂ ਸਮੇਤ ਹੋਰ ਪਾਰਟੀ ਆਗੂਆਂ ਨੇ ਨਵੀਆਂ ਨਿਯੁਕਤੀਆਂ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਰਦਾਰ ਰਣਧੀਰ ਸਿੰਘ ਰੱਖੜਾ ਤੇ ਸਰਦਾਰ ਭੁਪਿੰਦਰ ਸਿੰਘ ਸ਼ੇਖੂਪੁਰ ਨੂੰ ਮੁਬਾਰਕਬਾਦ ਦਿੱਤੀ।

ਪੀ ਏ ਯੂ ਦੇ ਨਵੇਂ ਵਾਈਸ ਚਾਂਸਲਰ ਦਾ ਪੈਨਸ਼ਨਰਾਂ ਵੱਲੋਂ ਸਵਾਗਤ



ਲੁਧਿਆਣਾ (ਸਤੀਸ਼ ਸਚਦੇਵਾ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ, ਜਿਨ੍ਹਾਂ ਪਿਛਲੇ ਦਿਨੀਂ ਆਪਣਾ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਨਾਲ ਪੀਏਯੂ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮੁਲਾਕਾਤ ਕਰਨ ਮੌਕੇ ਮੁਬਾਰਕਬਾਦ ਦਿੰਦਿਆਂ, ਉਨ੍ਹਾਂ ਦੀ ਅਗਵਾਈ ਹੇਠ ਇਸ ਯੂਨੀਵਰਸਿਟੀ ਦੇ ਹੋਰ ਵਿਕਸਤ ਹੋਣ ਦੀ ਕਾਮਨਾ ਕੀਤੀ।ਯਾਦ ਰਹੇ ਕਿ ਡਾ. ਧਾਲੀਵਾਲ ਇਸ ਤੋਂ ਪਹਿਲਾਂ ਇਸ ਯੂਨੀਵਰਸਿਟੀ ਦੇ ਬਾਗਬਾਨੀ ਵਿਭਾਗ ਵਿੱਚ ਪ੍ਰੋਫੈਸਰ ਤੇ ਡੀਨ ਐਗਰੀਕਲਚਰ ਵੀ ਰਹਿ ਚੁੱਕੇ ਹਨ।ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਜਸਵੰਤ ਜ਼ੀਰਖ, ਜਨਰਲ ਸਕੱਤਰ ਆਸਾ ਸਿੰਘ ਪੰਨੂ, ਸਕੱਤਰ ਸਵਰਨ ਸਿੰਘ ਰਾਣਾ ਨੇ ਉਨ੍ਹਾਂ ਦਾ ਸਵਾਗਤ ਕਰਨ ਸਮੇਂ ਕਿਹਾ ਕਿ ਡਾ. ਹਰਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਪੀਏਯੂ ਹੋਰ ਬੁਲੰਦੀਆਂ ਛੋਹੇਗੀ।ਵਾਈਸ ਚਾਂਸਲਰ ਨੇ ਵੀ ਇਸ ਮੌਕੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦਾ ਧੰਨਵਾਦ ਕੀਤਾ।ਪੀਏਯੂ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਸਮੁੱਚੀ ਕਾਰਜਕਾਰੀ ਕਮੇਟੀ ਐੱਮ ਐੱਸ ਪਰਮਾਰ, ਤਰਸੇਮ ਸਿੰਘ, ਫ਼ਤਿਹ ਸਿੰਘ, ਮਾਹਲ ਸਿੰਘ ਸਿੱਧੂ, ਬਲਵੀਰ ਸਿੰਘ ਸੁਨੇਤ, ਤਜਿੰਦਰ ਮਹਿੰਦਰੂ, ਰਾਮ ਚੰਦ, ਕਰਤਾਰ ਸਿੰਘ, ਕੁਲਵੰਤ ਸਿੰਘ, ਚਮਕੌਰ ਸਿੰਘ, ਨਛੱਤਰ ਸਿੰਘ ਬਾੜੇਵਾਲ ਸਮੇਤ ਸਾਰੇ ਮੈਂਬਰਾਂ ਵੱਲੋਂ ਇਸ ਨਿਯੁਕਤੀ ਦਾ ਸਵਾਗਤ ਕੀਤਾ ਗਿਆ।

ਪਲਾਸਟਿਕ ਮੁਕਤ ਮਿਸ਼ਨ ਤਹਿਤ ਜਾਗਰੂਕਤਾ ਮੁਹਿੰਮ

ਭੀਖੀ (ਧਰਮਵੀਰ ਸ਼ਰਮਾ)-ਪੈਰਾਮਾਊਂਟ ਪਬਲਿਕ ਸਕੂਲ ਚੀਮਾ ਦੇ ਕੈਡਿਟਾਂ ਵੱਲੋਂ 3 ਪੰਜਾਬ ਨੇਵਲ ਯੂਨਿਟ ਐੱਨ.ਸੀ.ਸੀ. ਬਠਿੰਡਾ ਦੇ ਕਮਾਂਡਿੰਗ ਅਫਸਰ ਲੈਫਟੀਨੈਂਟ ਕਮਾਂਡਰ ਜਤਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਲਾਸਟਿਕ ਮੁਕਤ ਮਿਸ਼ਨ ਤਹਿਤ ਜਾਗਰੂਕਤਾ ਮੁਹਿੰਮ ਚਲਾਈ ਗਈ, ਜਿਸ ਵਿੱਚ ਵੱਖ-ਵੱਖ ਵਿਅਕਤੀਆਂ ਨੂੰ ਜਾਗਰੂਕ ਕੀਤਾ ਗਿਆ ਕਿ ਕਿਸ ਤਰੀਕੇ ਦੇ ਨਾਲ ਇੱਕ ਵਾਰ ਵਰਤੋਂ ਵਿੱਚ ਆਉਣ ਵਾਲੀ ਪਲਾਸਟਿਕ ਦੇ ਕੀ ਕੀ ਨੁਕਸਾਨ ਹਨ ਅਤੇ ਇਸ ਦਾ ਬਦਲਾਵ ਕਿਸ ਚੀਜ਼ ਨਾਲ ਕੀਤਾ ਜਾ ਸਕਦਾ ਹੈ। ਇਸ ਮੌਕੇ ਕੈਡਿਟਾਂ ਵੱਲੋਂ ਵੱਖ ਵੱਖ ਪ੍ਰਕਾਰ ਦੇ ਬਹੁਤ ਖ਼ੂਬਸੂਰਤ ਪੋਸਟਰਾਂ ਨੂੰ ਦਿਖਾ ਕੇ ਆਮ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਦਾ ਕੰਮ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ. ਜਸਵੀਰ ਸਿੰਘ ਚੀਮਾ ਹਮੇਸ਼ਾ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਦੇ ਹਨ ਤੇ ਅਜਿਹੇ ਕੰਮਾਂ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਪ੍ਰਿੰਸੀਪਲ ਸੰਜੇ ਕੁਮਾਰ ਤੇ ਏ.ਐੱਨ.ਓ ਕੇਵਲ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਰਹੇ।

ਪਰਾਲੀ ਨੂੰ ਅੱਗ ਲਗਾਉਣ ਨਾਲ 6 ਪਸ਼ੂ ਝੁਲਸੇ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਪਿੰਡ ਕਾਠਗੜ੍ਹ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਕਰਕੇ ਹਵੇਲੀ ਵਿੱਚ ਪਸ਼ੂਆਂ ਦੇ ਝੁਲਸ ਜਾਣ ਅਤੇ ਇਸ ਬਾਰੇ ਗੱਲਬਾਤ ਕਰਨ 'ਤੇ ਹਵਾਈ ਫਾਇਰ ਕਰਨ ਅਤੇ ਕੁੱਟਮਾਰ ਕਰਨ ਦੇ ਦੋਸ਼ ਵਿੱਚ 4 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਜਗਦੀਸ਼ ਸਿੰਘ ਪੁੱਤਰ ਰਾਜ ਸਿੰਘ ਵਾਸੀ ਕਾਠਗੜ੍ਹ ਵੱਲੋਂ ਪੁਲਸ ਕੋਲ ਆਪਣੇ ਬਿਆਨ ਦਰਜ ਕਰਵਾਏ ਗਏ ਕਿ 9 ਨਵੰਬਰ 2026 ਨੂੰ ਦੁਪਹਿਰ ਕਰੀਬ 03.30 ਵਜੇ ਜਗਸੀਰ ਸਿੰਘ ਦੇ ਨੌਕਰ ਰਾਜ ਸਿੰਘ ਉਰਫ ਰਾਜੂ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਈ ਸੀ, ਜਿਸ 'ਤੇ ਉਸ ਦੇ ਖੇਤ ਦੇ ਨਾਲ ਪਸ਼ੂਆਂ ਵਾਲੀ ਹਵੇਲੀ ਹੈ ਅਤੇ ਅੱਗ ਨਾਲ ਉਸ ਦੀ ਹਵੇਲੀ ਵਿੱਚ ਪਈਆਂ ਲੱਕੜਾਂ ਨੂੰ ਅੱਗ ਲੱਗ ਗਈ, ਜਿਸ ਨਾਲ ਕਰੀਬ 6 ਪਸ਼ੂ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਝੁਲਸ ਗਏ। ਅੱਗ ਲਗਾਉਣ ਬਾਰੇ ਰਾਜੂ ਨੂੰ ਪੁੱਛਿਆ ਤਾਂ ਉਸ ਨੇ ਆਪਣੇ ਮਾਲਕ ਜਗਸੀਰ ਸਿੰਘ ਪੁੱਤਰ ਦਰਸ਼ਨ ਸਿੰਘ ਨੂੰ ਫੋਨ ਕਰਕੇ ਖੇਤ ਬੁਲਾ ਲਿਆ, ਇੰਨੇ ਨੂੰ ਜਗਸੀਰ ਸਿੰਘ ਵਗੈਰਾ ਵੀ ਪਹੁੰਚ ਗਏ, ਜਿਨ੍ਹਾਂ ਨੇ ਹਵਾਈ ਫਾਇਰ ਕੀਤੇ ਤੇ ਉਸ ਦੀ ਕੁੱਟਮਾਰ ਕੀਤੀ ਗਈ। ਪੁਲਸ ਵੱਲੋਂ ਮੁੱਦਈ ਜਗਦੀਸ਼ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਜਗਸੀਰ ਸਿੰਘ ਪੁੱਤਰ ਦਰਸ਼ਨ ਸਿੰਘ, ਸਿਦਕਵੀਰ ਸਿੰਘ ਪੁੱਤਰ ਜਗਸੀਰ ਸਿੰਘ ਉਰਫ ਬੱਬੂ ਵਾਸੀਆਨ ਜੈਮਲ ਵਾਲਾ, ਰਾਜ ਸਿੰਘ ਉਰਫ ਰਾਜੂ ਵਾਸੀਆਨ ਸਿਮਰਿਆਂਵਾਲਾ ਤੇ ਜਗਸੀਰ ਸਿੰਘ ਬੱਬੂ ਦਾ ਸਾਲ (ਨਾਮਲੂਮ) ਦੇ ਵਿਰੁੱਧ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਝੋਨੇ ਦੀ ਖਰੀਦ ਬੰਦ ਕਰਨਾ ਕਿਸਾਨਾਂ ਨਾਲ ਸਰਾਸਰ ਧੱਕਾ : ਕਿਸਾਨ ਆਗੂ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਸ਼ੁੱਕਰਵਾਰ ਨੂੰ ਬਲਾਕ ਨਿਹਾਲ ਸਿੰਘ ਵਾਲਾ ਵਿਖੇ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਆਗੂ ਨਾਜ਼ਰ ਸਿੰਘ ਖਾਈ, ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਸੂਬਾ ਮੀਤ ਪ੍ਰਧਾਨ ਮੁਖਤਿਆਰ ਸਿੰਘ ਦੀਨਾਂ,ਪ੍ਰਧਾਨ ਨਿਰਮਲ ਸਿੰਘ ਸੈਦੋਕੇ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਧੂਰਕੋਟ, ਆਗੂ ਗੁਰਦਿੱਤ ਸਿੰਘ ਦੀਨਾ ਸਾਹਿਬ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਲਗਭਗ 400 ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਬੰਦ ਕਰਨ ਦੀ ਸਖ਼ਤ ਨਿਖੇਧੀ ਕਰਦਿਆਂ ਮੰਗ ਕੀਤੀ ਹੈ ਕਿ ਇਨ੍ਹਾਂ ਮੰਡੀਆਂ ਵਿੱਚ ਖਰੀਦ ਤੁਰੰਤ ਸ਼ੁਰੂ ਕੀਤੀ ਜਾਵੇ ਅਤੇ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇ।

ਬੰਦ ਮੰਡੀਆਂ ਨੂੰ ਬਹਾਲ ਕਰਵਾਉਣ ਦੇ ਸਬੰਧ ਵਿਚ ਐਸ ਡੀ ਐਮ ਨਿਹਾਲ ਸਿੰਘ ਵਾਲਾ ਨੂੰ ਮੰਗ ਪੱਤਰ ਦਿੱਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਝੋਨੇ ਦੀ ਖਰੀਦ ਦਾ ਟੀਚਾ ਪੂਰਾ ਹੋਣ ਦਾ ਹਵਾਲਾ ਦੇ ਕੇ ਖਰੀਦ ਬੰਦ ਕੀਤੀ ਗਈ ਹੈ, ਜਦ ਕਿ ਜ਼ਮੀਨੀ ਹਕੀਕਤ ਇਹ ਹੈ ਕਿ ਪੰਜਾਬ ਦੀਆਂ ਕਈ ਮੰਡੀਆਂ ਵਿੱਚ ਅਜੇ ਵੀ ਕਿਸਾਨਾਂ ਦਾ ਵੱਡੀ ਮਾਤਰਾ ਵਿੱਚ ਝੋਨਾ ਵਿਕਣ ਤੋਂ ਰਹਿੰਦਾ ਹੈ। ਖ਼ਾਸ ਕਰਕੇ ਪਛੇਤੀ ਪੂਸਾ-44 ਅਤੇ 126 ਵਰਾਇਟੀ ਦਾ ਝੋਨਾ ਹੁਣ ਮੰਡੀਆਂ ਵਿੱਚ ਪਹੁੰਚਿਆ ਹੈ। ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਮਾਨਸਾ, ਬਠਿੰਡਾ, ਫਰੀਦਕੋਟ, ਮੋਗਾ, ਬਰਨਾਲਾ, ਮਲੇਰਕੋਟਲਾ, ਸੰਗਰੂਰ, ਪਟਿਆਲਾ ਅਤੇ ਲੁਧਿਆਣਾ ਸਮੇਤ ਕਈ ਜ਼ਿਲ੍ਹਿਆਂ ਦੀਆਂ ਮੰਡੀਆਂ ਵਿੱਚ 35 ਫ਼ੀਸਦੀ ਤੋਂ ਵੱਧ ਝੋਨਾ ਖਰੀਦ ਹੋਣ ਤੋਂ ਰਹਿੰਦਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਇਸ ਵਾਰ ਝੋਨੇ ਦਾ ਝਾੜ 220 ਲੱਖ ਟਨ ਤੋਂ ਵੱਧ ਹੋਣ ਦੀ ਸੰਭਾਵਨਾ ਹੈ, ਜਦ ਕਿ ਸਾਲ 2020-21 ਦੌਰਾਨ ਪੰਜਾਬ ਵਿੱਚ 203.10 ਲੱਖ ਟਨ ਝੋਨੇ ਦੀ ਸਰਕਾਰੀ ਖਰੀਦ ਹੋਈ ਸੀ। ਅਜਿਹੇ ਵਿੱਚ ਇਸ ਸਾਲ ਸਿਰਫ਼ 180 ਲੱਖ ਟਨ ਖਰੀਦ ਦਾ ਟੀਚਾ ਨਿਰਧਾਰਤ ਕਰਨਾ ਸਮਝ ਤੋਂ ਬਾਹਰ ਹੈ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਗੰਨੇ ਦਾ ਭਾਅ 500 ਰੁਪਏ ਪ੍ਰਤੀ ਕੁਇੰਟਲ ਤੁਰੰਤ ਐਲਾਨਿਆ ਜਾਵੇ। ਗੰਨੇ ਦੀ ਸਾਰੀ ਅਦਾਇਗੀ ਇੱਕੋ ਕਾਊਂਟਰ ਰਾਹੀਂ ਇੱਕੋ ਵਾਰ ਕੀਤੀ ਜਾਵੇ। ਗੰਨੇ ਦੀ ਪਿਛਲੀ ਸਾਰੀ ਬਕਾਇਆ ਰਾਸ਼ੀ ਤੁਰੰਤ ਕਿਸਾਨਾਂ ਨੂੰ ਅਦਾ ਕੀਤੀ ਜਾਵੇ।

ਮਾਡਰਨ ਪਬਲਿਕ ਸਕੂਲ ਵੱਲੋਂ ਵਿੱਦਿਅਕ ਤੇ ਮਨੋਰੰਜਕ ਟੂਰ



ਭੀਖੀ (ਧਰਮਵੀਰ ਸ਼ਰਮਾ)-ਮਾਡਰਨ ਸੈਕੂਲਰ ਪਬਲਿਕ ਸਕੂਲ ਭੀਖੀ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਤੇ ਉਨ੍ਹਾਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ ਤਜਰਬੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਦੋ ਵਿੱਦਿਅਕ ਤੇ ਮਨੋਰੰਜਕ ਟੂਰਾਂ ਦਾ ਆਯੋਜਨ ਕੀਤਾ ਗਿਆ। ਜਮਾਤ ਚੌਥੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਦੀ ਵਿੱਦਿਅਕ ਫੇਰੀ ਕਰਵਾਈ ਗਈ। ਇਸ ਦੌਰਾਨ ਵਿਦਿਆਰਥੀਆਂ ਨੇ ਵਿਗਿਆਨ ਨਾਲ ਸਬੰਧਤ ਵੱਖ-ਵੱਖ ਮਾਡਲਾਂ, ਪ੍ਰਦਰਸ਼ਨੀਆਂ ਤੇ ਦਿਲਚਸਪ ਗਤੀਵਿਧੀਆਂ ਰਾਹੀਂ ਵਿਗਿਆਨਕ ਜਾਣਕਾਰੀ ਹਾਸਲ ਕੀਤੀ। ਇਸ ਫੇਰੀ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਵਿਗਿਆਨ ਪ੍ਰਤੀ ਰੁਚੀ ਪੈਦਾ ਕਰਨਾ ਤੇ ਉਨ੍ਹਾਂ ਵਿੱਚ ਵਿਗਿਆਨਕ ਸੋਚ ਦਾ ਵਿਕਾਸ ਕਰਨਾ ਸੀ। ਇਸੇ ਤਰ੍ਹਾਂ ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਦੋ ਦਿਨਾਂ ਸ਼ਿਮਲਾ ਦਾ ਟੂਰ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਸ਼ਿਮਲਾ ਦੀਆਂ ਮਨਮੋਹਕ ਵਾਦੀਆਂ, ਪਹਾੜੀ ਸੁੰਦਰਤਾ ਤੇ ਪ੍ਰਸਿੱਧ ਸੈਰ-ਸਪਾਟਾ ਸਥਾਨਾਂ ਦਾ ਆਨੰਦ ਮਾਣਿਆ। ਉਨ੍ਹਾਂ ਸੋਲਨ ਮਾਰਕਿਟ ਤੇ ਪਿੰਜੌਰ ਗਾਰਡਨ ਸਮੇਤ ਹੋਰ ਪ੍ਰਮੁੱਖ ਸਥਾਨਾਂ ਦਾ ਦੌਰਾ ਕਰਕੇ ਉੱਥੋਂ ਦੇ ਕੁਦਰਤੀ ਤੇ ਸੱਭਿਆਚਾਰਕ ਵਿਰਸੇ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਗੁਰਦੁਆਰਾ ਨਾਢਾ ਸਾਹਿਬ ਤੇ ਪ੍ਰਮੇਸ਼ਵਰ ਦੁਆਰ ਸੇਖੂਪੁਰਾ ਵਿਖੇ ਨਤਮਸਤਕ ਹੋ ਕੇ ਅਸ਼ੀਰਵਾਦ ਵੀ ਪ੍ਰਾਪਤ ਕੀਤਾ। ਇਨ੍ਹਾਂ ਦੋਵੇਂ ਟੂਰਾਂ ਦੀ ਅਗਵਾਈ ਡਾ. ਜਗਜੀਤ ਸਿੰਘ ਧੂਰੀ ਤੇ ਪ੍ਰਿੰਸੀਪਲ ਅਮਨਦੀਪ ਦੌਂਦਰੀਆ ਵੱਲੋਂ ਕੀਤੀ ਗਈ। ਸਕੂਲ ਪ੍ਰਿੰਸੀਪਲ ਅਮਨਦੀਪ ਦੌਂਦਰੀਆ ਨੇ ਟੂਰਾਂ ਨੂੰ ਸਫਲਤਾਪੂਰਵਕ ਸੰਪੰਨ ਕਰਨ ਲਈ ਸਮੂਹ ਅਧਿਆਪਕਾਂ ਤੇ ਸਟਾਫ਼ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਨੇ ਸਕੂਲ ਦੇ ਡਾਇਰੈਕਟਰ ਡਾ. ਜਗਜੀਤ ਸਿੰਘ ਧੂਰੀ ਦਾ ਧੰਨਵਾਦ ਕੀਤਾ।

ਪੁਲਸ ਤੇ ਡਰੱਗਜ਼ ਕੰਟ੍ਰੋਲ ਅਫਸਰ ਵੱਲੋਂ ਮੈਡੀਕਲ ਸਟੋਰਾਂ ਦੀ ਚੈਕਿੰਗ

ਮਲੋਟ (ਰਜਿੰਦਰ ਜੁਨੇਜਾ)-ਤਹਿਸੀਲ ਮਲੋਟ ਅਧੀਨ ਪੈਂਦੇ ਥਾਣਾ ਲੰਬੀ ਤੇ ਕਿੱਲਿਆਂਵਾਲੀ ਦੀ ਪੁਲਿਸ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ।ਇਸ ਮੁਹਿੰਮ ਦੌਰਾਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ-2 ਦੇ ਡਰੱਗਜ਼ ਕੰਟਰੋਲ ਅਫ਼ਸਰ ਇਕਾਂਤ ਪ੍ਰਿਆ ਸਿੰਗਲਾ ਨੇ ਪੁਲਿਸ ਟੀਮਾਂ ਨੂੰ ਨਾਲ ਲੈ ਕੇ ਪਿੰਡ ਤੱਪਾ ਖੇੜਾ ਅਤੇ ਹਾਕੂਵਾਲਾ ਵਿਖੇ ਸਥਿਤ ਵੱਖ-ਵੱਖ ਮੈਡੀਕਲ ਸਟੋਰਾਂ ਦੀ ਬਾਰੀਕੀ ਨਾਲ ਜਾਂਚ ਕੀਤੀ।ਪ੍ਰਾਪਤ ਜਾਣਕਾਰੀ ਅਨੁਸਾਰ, ਜਾਂਚ ਦੌਰਾਨ ਇਨ੍ਹਾਂ ਮੈਡੀਕਲ ਸਟੋਰਾਂ ਤੋਂ ਕਿਸੇ ਵੀ ਤਰ੍ਹਾਂ ਦੀ ਕੋਈ ਨਸ਼ੀਲੀ ਜਾਂ ਦੁਰਉਪਯੋਗ ਹੋਣ ਵਾਲੀ ਦਵਾਈ ਬਰਾਮਦ ਨਹੀਂ ਹੋਈ। ਹਾਲਾਂ ਕਿ, ਚੈਕਿੰਗ ਦੌਰਾਨ ਸਟੋਰ ਸੰਚਾਲਕਾਂ ਵੱਲੋਂ ਨਿਯਮਾਂ ਦੀ ਉਲੰਘਣਾ ਕਰਨ ਦੇ ਮਾਮਲੇ ਸਾਹਮਣੇ ਆਏ ਹਨ।ਮੌਕੇ 'ਤੇ ਸਮਰੱਥ ਵਿਅਕਤੀ ਦੀ ਗ਼ੈਰ-ਹਾਜ਼ਰੀ, ਦਵਾਈਆਂ ਦੀ ਖਰੀਦ-ਵੇਚ ਦਾ ਮੁਕੰਮਲ ਰਿਕਾਰਡ ਨਾ ਹੋਣ ਸਬੰਧੀ ਕਈ ਊਣਤਾਈਆਂ ਪਾਈਆਂ ਗਈਆਂ।ਡਰੱਗ ਵਿਭਾਗ ਵੱਲੋਂ ਇਨ੍ਹਾਂ ਊਣਤਾਈਆਂ ਦੀ ਰਿਪੋਰਟ ਤਿਆਰ ਕਰਕੇ ਉੱਚ ਅਧਿਕਾਰੀਆਂ ਨੂੰ ਭੇਜ ਦਿੱਤੀ ਗਈ ਹੈ ਅਤੇ ਸਬੰਧਤ ਸਟੋਰ ਮਾਲਕਾਂ ਖ਼ਿਲਾਫ਼ ਬਣਦੀ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਚਿਹਰੇ ਬਦਲ ਕੇ ਪੰਜਾਬ ਨੂੰ ਦੁਬਾਰਾ ਲੁੱਟਣਾ ਚਾਹੁੰਦੀ ਹੈ 'ਆਪ' : ਘੱਗਾ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਹਲਕਾ ਸ਼ੁਤਰਾਣਾ ਦੀ ਸਿਆਸਤ ਵਿੱਚ ਆਮ ਆਦਮੀ ਪਾਰਟੀ ਵੱਲੋਂ ਮੌਜੂਦਾ ਵਿਧਾਇਕ ਦੀ ਟਿਕਟ ਕੱਟ ਕੇ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਹਾਰੇ ਹੋਏ ਉਮੀਦਵਾਰ ਨੂੰ ਹਲਕਾ ਇੰਚਾਰਜ ਦੀ ਜ਼ਿੰਮੇਵਾਰੀ ਸੌਂਪਣ ਤੋਂ ਬਾਅਦ ਸ਼ੁਤਰਾਣਾ ਅੰਦਰ ਆਪ ਪਾਰਟੀ ਦੀ ਸਿਆਸਤ ਵਿੱਚ ਨਵਾਂ ਮੋੜ ਆ ਗਿਆ ਹੈ।ਇਸ ਫੈਸਲੇ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਕਾਂਗਰਸ ਕਮੇਟੀ (ਦਿਹਾਤੀ) ਪਟਿਆਲਾ ਦੇ ਮੀਤ ਪ੍ਰਧਾਨ ਅਮਰਜੀਤ ਸਿੰਘ ਘੱਗਾ ਨੇ ਆਮ ਆਦਮੀ ਪਾਰਟੀ ਦੀ ਸਖ਼ਤ ਆਲੋਚਨਾ ਕੀਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਘੱਗਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਿਰਫ਼ ਚਿਹਰੇ ਬਦਲ ਕੇ ਪੰਜਾਬ ਦੀ ਜਨਤਾ ਨੂੰ ਮੁੜ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਪੰਜ ਸਾਲਾਂ ਦੌਰਾਨ ਪੰਜਾਬ ਦੇ ਖਜ਼ਾਨੇ ਦੀ ਦੁਰਵਰਤੋਂ ਤੇ ਹੋਰਨਾਂ ਸੂਬਿਆਂ ਵਿੱਚ ਪਾਰਟੀ ਦੇ ਪ੍ਰਚਾਰ ਲਈ ਸਰਕਾਰੀ ਮਸ਼ੀਨਰੀ ਦੀ ਵਰਤੋਂ ਕਰਨ ਦੇ ਲੱਗ ਰਹੇ ਦੋਸ਼ਾਂ ਬਾਰੇ ਸਰਕਾਰ ਨੂੰ ਪੰਜਾਬ ਦੇ ਲੋਕਾਂ ਸਾਹਮਣੇ ਜਵਾਬਦੇਹ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜਦੋਂ ਆਮ ਆਦਮੀ ਪਾਰਟੀ ਨੂੰ ਪੰਜਾਬ ਵਿੱਚ ਆਪਣਾ ਸਿਆਸੀ ਆਧਾਰ ਕਮਜ਼ੋਰ ਹੁੰਦਾ ਨਜ਼ਰ ਆ ਰਿਹਾ ਹੈ ਤਾਂ ਨਵੇਂ ਚਿਹਰਿਆਂ ਨੂੰ ਅੱਗੇ ਕਰਕੇ ਲੋਕਾਂ ਦਾ ਸਮਰਥਨ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਪੰਜਾਬ ਦੇ ਲੋਕ ਹੁਣ ਦਿੱਲੀ ਦੀ ਸਿਆਸੀ ਸੋਚ ਤੇ ਝੂਠੇ ਵਾਅਦਿਆਂ ਦੇ ਝਾਂਸੇ ਵਿੱਚ ਆਉਣ ਵਾਲੇ ਨਹੀਂ ਹਨ।ਉਨ੍ਹਾਂ ਦਾਅਵਾ ਕੀਤਾ ਕਿ ਨੌਜਵਾਨ, ਕਿਸਾਨ ਅਤੇ ਵਪਾਰੀ ਵਰਗ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਨਿਰਾਸ਼ ਹੋ ਕੇ ਕਾਂਗਰਸ ਪਾਰਟੀ ਨਾਲ ਜੁੜ ਰਿਹਾ ਹੈ।ਸਰਕਾਰ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਸੁਧਾਰਨ ਵਿੱਚ ਨਾਕਾਮ ਸਾਬਿਤ ਹੋ ਰਹੀ ਹੈ।ਪੰਜਾਬ ਦੇ ਲੋਕਾਂ ਨੇ ਇਸ ਵਾਰ ਆਮ ਆਦਮੀ ਪਾਰਟੀ ਨੂੰ ਸੱਤਾ ਤੋਂ ਲਾਂਭੇ ਕਰਨ ਤੇ ਕਾਂਗਰਸ ਪਾਰਟੀ ਨੂੰ ਬਹੁਮਤ ਨਾਲ ਜਿਤਾਉਣ ਦਾ ਮਨ ਬਣਾ ਲਿਆ ਹੈ।

ਐੱਸ ਡੀ ਐੱਮ. ਰਾਜਬੀਰ ਸਿੰਘ ਦਾ ਪਬਲਿਕ ਕਾਲਜ ਦੇ ਪ੍ਰਿੰਸੀਪਲ ਵੱਲੋਂ ਸਵਾਗਤ



ਸਮਾਣਾ (ਇਕਬਾਲ ਸਿੰਘ ਬੱਲ)-ਪਬਲਿਕ ਕਾਲਜ ਸਮਾਣਾ ਦੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਵੱਲੋਂ ਸਮਾਣਾ ਵਿਖੇ ਨਵੇਂ ਆਏ ਉਪ ਮੰਡਲ ਮੈਜਿਸਟਰੇਟ (ਐੱਸ.ਡੀ.ਐੱਮ.) ਸ੍ਰੀ ਰਾਜਬੀਰ ਸਿੰਘ ਪੀ.ਸੀ.ਐੱਸ. ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਮੌਕੇ ਉਨ੍ਹਾ ਐੱਸ.ਡੀ.ਐੱਮ. ਰਾਜਬੀਰ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਤੇ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਉਨ੍ਹਾਂ ਦੇ ਸਮਾਣਾ ਵਿਖੇ ਆਉਣ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਮੀਦ ਜਤਾਈ ਕਿ ਉਨ੍ਹਾਂ ਦੀ ਅਗਵਾਈ ਤੇ ਸਹਿਯੋਗ ਨਾਲ ਕਾਲਜ ਦੀਆਂ ਵਿੱਦਿਅਕ ਤੇ ਵਿਕਾਸ ਸਬੰਧੀ ਗਤੀਵਿਧੀਆਂ ਨੂੰ ਹੋਰ ਉਤਸ਼ਾਹ ਮਿਲੇਗਾ।ਇਸ ਮੌਕੇ ਐੱਸ.ਡੀ.ਐੱਮ. ਸ੍ਰੀ ਰਾਜਬੀਰ ਸਿੰਘ ਨੇ ਕਾਲਜ ਦੇ ਪ੍ਰਿੰਸੀਪਲ ਵੱਲੋਂ ਕੀਤੇ ਗਏ ਸਵਾਗਤ ਲਈ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਪਬਲਿਕ ਕਾਲਜ ਸਮਾਣਾ ਦੀ ਤਰੱਕੀ ਤੇ ਵਿਕਾਸ ਕਾਰਜਾਂ ਲਈ ਆਪਣਾ ਵੱਡਮੁੱਲਾ ਸਹਿਯੋਗ ਦਿੰਦੇ ਰਹਿਣਗੇ।

ਆਯਾਨ ਕਾਲਜ ਵਿਖੇ ਵਿਸ਼ਵ ਟੀਕਾਕਰਨ ਦਿਵਸ ਮੌਕੇ ਜਾਗਰੂਕਤਾ ਸਮਾਗਮ



ਮਾਲੇਰਕੋਟਲਾ (ਅਸਗਰ ਪਰਿਹਾਰ)-ਆਯਾਨ ਕਾਲਜ ਆਫ਼ ਨਰਸਿੰਗ ਭੋਗੀਵਾਲ ਵਿਖੇ 'ਵਿਸ਼ਵ ਟੀਕਾਕਰਨ ਦਿਵਸ' ਮੌਕੇ ਵਿਦਿਆਰਥੀਆਂ ਤੇ ਸਟਾਫ਼ ਨੂੰ ਟੀਕਾਕਰਨ ਦੀ ਮਹੱਤਤਾ ਬਾਰੇ ਪ੍ਰੇਰਿਤ ਤੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਸੈਮੀਨਾਰ ਤੇ ਜਾਗਰੂਕਤਾ ਸਮਾਗਮ ਕਰਵਾਇਆ ਗਿਆ।ਇਹ ਸਮਾਗਮ ਕਾਲਜ ਦੇ ਚੇਅਰਮੈਨ ਗਾਜ਼ੀ ਸ਼ੇਖ ਦੀ ਯੋਗ ਅਗਵਾਈ ਹੇਠ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਮੈਡਮ ਸੰਗੀਤਾ ਜੇਮਸ ਤੇ ਪੈਰਾਮੈਡੀਕਲ ਵਿਭਾਗ ਦੀ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਬਾਜਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਟੀਕਾਕਰਨ (ਵੈਕਸੀਨੇਸ਼ਨ) ਕਈ ਗੰਭੀਰ, ਜਾਨਲੇਵਾ ਤੇ ਛੂਤ ਦੀਆਂ ਬਿਮਾਰੀਆਂ ਤੋਂ ਬਚਾਅ ਦਾ ਇੱਕ ਅਤਿ ਪ੍ਰਭਾਵਸ਼ਾਲੀ ਤੇ ਸੁਰੱਖਿਅਤ ਸਾਧਨ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਰੇਕ ਨਾਗਰਿਕ ਨੂੰ ਸਮੇਂ ਸਿਰ ਟੀਕਾਕਰਨ ਕਰਵਾਉਣਾ ਚਾਹੀਦਾ ਹੈ ਤਾਂ ਜੋ ਇੱਕ ਅਰੋਗ, ਤੰਦਰੁਸਤ ਤੇ ਬਿਮਾਰੀ-ਮੁਕਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।ਇਸ ਮੌਕੇ ਹੋਰਨਾ ਤੋਂ ਇਲਾਵਾ ਐਡਮਿਨਿਸਟ੍ਰੇਟਰ ਪਰਵੀਨ ਚੌਹਾਨ, ਪ੍ਰੋ. ਬੇਅੰਤ ਕੌਰ, ਸੁਰਿਤਾ ਰਾਣੀ, ਰਮਨਵੀਰ ਕੌਰ, ਲਵਪ੍ਰੀਤ ਕੌਰ, ਮਨਦੀਪ ਕੌਰ, ਸੰਦੀਪ ਕੌਰ, ਸਮੀਨੂ, ਰੁਬੀਨਾ, ਸੁਖਵਿੰਦਰ ਚੀਮਾ ਅਤੇ ਲਵਪ੍ਰੀਤ ਕੌਰ ਸਮੇਤ ਸਮੂਹ ਨਰਸਿੰਗ ਤੇ ਪੈਰਾਮੈਡੀਕਲ ਸਟਾਫ਼ ਮੈਂਬਰ ਤੇ ਵੱਡੀ ਗਿਣਤੀ ਵਿਦਿਆਰਥੀ ਹਾਜ਼ਰ ਸਨ।

ਸੁਖਬੀਰ ਬਾਦਲ ਨੇ ਭਰਵੇਂ ਇਕੱਠ ਦੌਰਾਨ ਪ੍ਰਭਦੀਪ ਨੱਥੋਵਾਲ ਨੂੰ ਉਮੀਦਵਾਰ ਐਲਾਨਿਆ



ਰਾਏਕੋਟ (ਸੰਤੋਖ ਗਿੱਲ, ਇਕਬਾਲ ਸਿੰਘ)-ਵਿਧਾਨ ਸਭਾ ਹਲਕਾ ਰਾਏਕੋਟ ਵਿੱਚ ਆਪਣੀ ਗੁਆਚੀ ਸਿਆਸੀ ਪਕੜ ਮੁੜ ਮਜ਼ਬੂਤ ਕਰਨ ਤੇ ਜਥੇਦਾਰ ਤਲਵੰਡੀ ਪਰਿਵਾਰ ਦੇ ਸਿਆਸੀ ਖ਼ਲਾਅ ਨੂੰ ਪੂਰਨ ਦੀ ਰਣਨੀਤੀ ਤਹਿਤ ਸ਼੍ਰੋਮਣੀ ਅਕਾਲੀ ਦਲ ਨੇ ਪ੍ਰਭਦੀਪ ਸਿੰਘ ਨੱਥੋਵਾਲ 'ਤੇ ਦਾਅ ਖੇਡਿਆ ਹੈ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਿੰਡ ਨੱਥੋਵਾਲ ਵਿੱਚ ਭਰਵੀਂ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪ੍ਰਭਦੀਪ ਸਿੰਘ ਨੱਥੋਵਾਲ ਨੂੰ ਅਗਾਮੀ ਵਿਧਾਨ ਸਭਾ ਚੋਣਾਂ ਲਈ ਰਾਏਕੋਟ ਤੋਂ ਪਾਰਟੀ ਦਾ ਉਮੀਦਵਾਰ ਐਲਾਨ ਦਿੱਤਾ।

ਇਸ ਦੇ ਨਾਲ ਹੀ ਨੱਥੋਵਾਲ ਨੇ ਸਰਕਾਰੀ ਅਹੁਦੇ ਤੋਂ ਅਸਤੀਫ਼ਾ ਦੇ ਕੇ ਸਿਆਸਤ ਵਿੱਚ ਆਉਣ ਮਗਰੋਂ ਆਪਣੀ ਸਿਆਸੀ ਪਾਰੀ ਦਾ ਆਗਾਜ਼ ਕਰ ਦਿੱਤਾ ਹੈ।ਰਾਏਕੋਟ ਹਲਕੇ ਦੀ ਸਿਆਸਤ ਵਿੱਚ ਪਿਛਲੇ ਡੇਢ ਦਹਾਕੇ ਦੌਰਾਨ ਆਏ ਬਦਲਾਅ ਨੇ ਅਕਾਲੀ ਦਲ ਦੀ ਸਿਆਸੀ ਪਕੜ ਨੂੰ ਵੀ ਪ੍ਰਭਾਵਿਤ ਕੀਤਾ ਹੈ।ਸਾਲ 2012 ਵਿੱਚ ਹਲਕੇ ਦੇ ਅਨੁਸੂਚਿਤ ਜਾਤੀਆਂ ਲਈ ਰਾਖਵੇਂ ਹੋਣ ਤੇ ਸਤੰਬਰ 2014 ਵਿੱਚ ਅਕਾਲੀ ਦਲ ਦੇ ਵੱਡੇ ਆਗੂ ਤੇ ਲੋਹ ਪੁਰਸ਼ ਵਜੋਂ ਜਾਣੇ ਜਾਂਦੇ ਜਥੇਦਾਰ ਜਗਦੇਵ ਸਿੰਘ ਤਲਵੰਡੀ ਦੇ ਦੇਹਾਂਤ ਤੋਂ ਬਾਅਦ ਪਾਰਟੀ ਨੂੰ ਇੱਥੇ ਨਵੇਂ ਸਿਆਸੀ ਸਮੀਕਰਨਾਂ ਨਾਲ ਜੂਝਣਾ ਪਿਆ।ਇਸ ਤੋਂ ਬਾਅਦ ਜਥੇਦਾਰ ਰਣਜੀਤ ਸਿੰਘ ਤਲਵੰਡੀ ਦੇ ਦੇਹਾਂਤ ਨਾਲ ਪਾਰਟੀ ਨੂੰ ਇੱਕ ਹੋਰ ਵੱਡਾ ਸਿਆਸੀ ਘਾਟਾ ਪਿਆ।ਅਜਿਹੇ ਹਾਲਾਤ ਵਿੱਚ ਪ੍ਰਭਦੀਪ ਸਿੰਘ ਨੱਥੋਵਾਲ ਨੂੰ ਪਾਰਟੀ ਵਿੱਚ ਸ਼ਾਮਲ ਕਰਕੇ ਸਿੱਧਾ ਉਮੀਦਵਾਰ ਐਲਾਨਣਾ ਰਾਏਕੋਟ ਵਿੱਚ ਅਕਾਲੀ ਦਲ ਦੇ ਉੱਖੜੇ ਪੈਰ ਮੁੜ ਜਮਾਉਣ ਤੇ ਜਥੇਦਾਰ ਤਲਵੰਡੀ ਪਰਿਵਾਰ ਨਾਲ ਜੁੜੀ ਸਿਆਸੀ ਵਿਰਾਸਤ ਦੇ ਖ਼ਲਾਅ ਨੂੰ ਭਰਨ ਦੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ।

ਕਾਬਲੇ-ਗ਼ੌਰ ਹੈ ਕਿ ਪ੍ਰਭਦੀਪ ਸਿੰਘ ਨੱਥੋਵਾਲ ਪੰਜਾਬ ਸਰਕਾਰ ਦੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਵਿੱਚ ਡਿਪਟੀ ਡਾਇਰੈਕਟਰ ਦੇ ਅਹੁਦੇ ਤੋਂ ਅਸਤੀਫ਼ਾ ਦੇ ਕੇ ਸਿਆਸਤ ਵਿੱਚ ਕੁੱਦੇ ਹਨ।ਹੁਣ ਸ਼੍ਰੋਮਣੀ ਅਕਾਲੀ ਦਲ ਵੱਲੋਂ ਉਨ੍ਹਾਂ ਨੂੰ ਰਾਏਕੋਟ ਤੋਂ ਉਮੀਦਵਾਰ ਐਲਾਨੇ ਜਾਣ ਨਾਲ ਹਲਕੇ ਦੀ ਸਿਆਸਤ ਵਿੱਚ ਨਵੀਂ ਚਰਚਾ ਛਿੜ ਗਈ ਹੈ।ਨੇੜ ਭਵਿੱਖ ਵਿੱਚ ਇਹ ਦੇਖਣਾ ਦਿਲਚਸਪ ਹੋਵੇਗਾ ਕਿ ਪ੍ਰਭਦੀਪ ਨੱਥੋਵਾਲ ਤਲਵੰਡੀ ਪਰਿਵਾਰ ਨਾਲ ਜੁੜੀ ਸਿਆਸੀ ਵਿਰਾਸਤ, ਪੁਰਾਣੇ ਅਕਾਲੀ ਵਰਕਰਾਂ ਤੇ ਨਵੇਂ ਸਮੀਕਰਨਾਂ ਨੂੰ ਆਪਣੇ ਹੱਕ ਵਿੱਚ ਕਿੰਨਾ ਲਾਮਬੰਦ ਕਰ ਸਕਦੇ ਹਨ।

ਸਮਾਜ ਸੇਵਕਾ ਪਰਮਜੀਤ ਕੌਰ ਬਾਜਵਾ ਦੀ ਟੀਮ ਵੱਲੋਂ ਧੀਆਂ ਦੇ ਵਿਆਹ ਮੌਕੇ ਲੋੜੀਂਦਾ ਸਾਮਾਨ ਭੇਟ



ਨਾਭਾ (ਅਮਨ ਗਰਗ)-ਸਮਾਜ ਸੇਵਾ ਦੇ ਖੇਤਰ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਉੱਘੇ ਸਮਾਜ ਸੇਵਕ ਬੀਬੀ ਪਰਮਜੀਤ ਕੌਰ ਬਾਜਵਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਅਮਰਗੜ੍ਹ ਵਿਖੇ ਸ੍ਰ. ਮੱਘਰ ਸਿੰਘ ਦੀ ਸਪੁੱਤਰੀ ਅਨੀਤਾ ਕੌਰ ਤੇ ਪਿੰਡ ਲੁਬਾਣਾ (ਨਾਭਾ) ਵਿਖੇ ਮਾਤਾ ਲਖਵਿੰਦਰ ਕੌਰ ਦੀ ਸਪੁੱਤਰੀ ਸਿਮਰਨਜੀਤ ਕੌਰ ਦੇ ਵਿਆਹ ਮੌਕੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਸ਼ੁੱਭ ਮੌਕੇ ਬੀਬੀ ਪਰਮਜੀਤ ਕੌਰ ਬਾਜਵਾ ਤੇ ਉਨ੍ਹਾਂ ਦੀ ਟੀਮ ਵੱਲੋਂ ਦੋਵਾਂ ਨਵ-ਵਿਆਹੁਤਾ ਜੋੜਿਆਂ ਨੂੰ ਮਾਨ-ਸਨਮਾਨ ਦਿੱਤਾ ਗਿਆ ਤੇ ਪਰਵਾਰਾਂ ਨੂੰ ਘਰੇਲੂ ਵਰਤੋਂ ਦੀਆਂ ਲੋੜੀਂਦੀਆਂ ਚੀਜ਼ਾਂ ਭੇਟ ਕਰਦਿਆਂ ਸੁਖੀ ਵਿਆਹੁਤਾ ਜੀਵਨ ਲਈ ਆਪਣਾ ਆਸ਼ੀਰਵਾਦ ਦਿੱਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬੀ ਪਰਮਜੀਤ ਕੌਰ ਬਾਜਵਾ ਦੀ ਟੀਮ ਦੀ ਮੈਂਬਰ ਲਖਵਿੰਦਰ ਕੌਰ ਨੇ ਕਿਹਾ ਕਿ ਧੀਆਂ ਦਾ ਵਿਆਹ ਕਰਨਾ ਸਭ ਤੋਂ ਵੱਡਾ ਪੁੰਨ ਦਾ ਕਾਰਜ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਤੇ ਉਨ੍ਹਾਂ ਦੀ ਟੀਮ ਭਵਿੱਖ ਵਿੱਚ ਵੀ ਹਮੇਸ਼ਾ ਲੋੜਵੰਦ ਤੇ ਗ਼ਰੀਬ ਪਰਿਵਾਰਾਂ ਦੇ ਦੁੱਖ-ਸੁੱਖ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਰਹਿਣਗੇ ਤੇ ਆਪਣੀ ਸਮਾਜ ਸੇਵਾ ਦੀ ਇਸ ਮੁਹਿੰਮ ਨੂੰ ਨਿਰੰਤਰ ਜਾਰੀ ਰੱਖਣਗੇ।ਦੋਵਾਂ ਪਰਵਾਰਾਂ ਤੇ ਅਮਰਗੜ੍ਹ ਤੇ ਪਿੰਡ ਲਵਾਣਾ ਦੇ ਇਲਾਕਾ ਨਿਵਾਸੀਆਂ ਵੱਲੋਂ ਬੀਬੀ ਪਰਮਜੀਤ ਕੌਰ ਬਾਜਵਾ ਤੇ ਉਨ੍ਹਾਂ ਦੀ ਟੀਮ ਦੇ ਇਸ ਨੇਕ ਉਪਰਾਲੇ ਲਈ ਤਹਿ ਦਿਲੋਂ ਧੰਨਵਾਦ ਕਰਦਿਆਂ ਭਰਪੂਰ ਸ਼ਲਾਘਾ ਕੀਤੀ ਗਈ।

ਸਰਕਾਰ ਝੋਨੇ ਦਾ ਦਾਣਾ-ਦਾਣਾ ਚੁੱਕਣ ਦਾ ਪ੍ਰਬੰਧ ਕਰੇ : ਸੰਯੁਕਤ ਕਿਸਾਨ ਮੋਰਚਾ


ਐੱਸ ਡੀ ਐੱਮ ਰਾਹੀਂ ਪੰਜਾਬ ਤੇ ਕੇਂਦਰ ਸਰਕਾਰ ਨੂੰ ਭੇਜਿਆ ਮੰਗ ਪੱਤਰ



ਮਾਨਸਾ (ਆਤਮਾ ਸਿੰਘ ਪਮਾਰ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਐੱਸਡੀਐੱਮ ਮਾਨਸਾ ਦੇ ਦਫ਼ਤਰ ਅੱਗੇ ਧਰਨਾ ਦੇ ਕੇ ਪੰਜਾਬ ਤੇ ਕੇਂਦਰ ਸਰਕਾਰ ਤੋਂ ਕਿਸਾਨਾਂ ਦੇ ਝੋਨੇ ਦਾ ਇੱਕ-ਇੱਕ ਦਾਣਾ ਖ਼ਰੀਦਣ ਦੇ ਪ੍ਰਬੰਧ ਕਰਨ ਦੀ ਪੁਰਜ਼ੋਰ ਮੰਗ ਕੀਤੀ ਗਈ।ਇਸ ਮੌਕੇ ਐੱਸਡੀਐੱਮ ਮਾਨਸਾ ਰਾਹੀਂ ਪੰਜਾਬ ਤੇ ਕੇਂਦਰ ਸਰਕਾਰ ਦੇ ਨਾਂਅ ਮੰਗ ਪੱਤਰ ਵੀ ਭੇਜਿਆ ਗਿਆ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਝੋਨੇ ਦੀ ਖ਼ਰੀਦ 'ਚ ਜਾਣਬੁੱਝ ਕੇ ਅੜਿੱਕੇ ਪਾਏ ਜਾ ਰਹੇ ਹਨ ਤੇ ਆਪਣੇ ਚਹੇਤਿਆਂ ਨੂੰ ਇਥਨੌਲ ਤੇਲ ਬਣਾਉਣ ਲਈ ਮੁਫ਼ਤ 'ਚ ਅਨਾਜ ਲੁੱਟਣ ਦੀ ਖੁੱਲ੍ਹੀ ਛੁੱਟੀ ਦਿੱਤੀ ਜਾ ਰਹੀ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰਾਂ ਦੀ ਇਹ ਨੀਤੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਆਗੂਆਂ ਨੇ ਮੰਗ ਕੀਤੀ ਕਿ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਜਲਦੀ ਤੋਂ ਜਲਦੀ ਖ਼ਰੀਦਿਆ ਜਾਵੇ।ਇਸ ਦੇ ਨਾਲ ਹੀ ਕਿਸਾਨਾਂ ਨੂੰ ਕਣਕ ਦੀ ਬਿਜਾਈ ਲਈ ਡੀਏਪੀ ਖਾਦ, ਚੰਗੇ ਮਿਆਰੀ ਬੀਜ ਤੇ ਹੋਰ ਲੋੜੀਂਦੀਆਂ ਖਾਦਾਂ ਤੇ ਦਵਾਈਆਂ ਦਾ ਤੁਰੰਤ ਪ੍ਰਬੰਧ ਕਰਕੇ ਮੁਹੱਈਆ ਕਰਵਾਇਆ ਜਾਵੇ। ਕਿਸਾਨ ਆਗੂਆਂ ਨੇ ਸਰਕਾਰ ਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਭਵਿੱਖ 'ਚ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਕਰਨਾ ਪਿਆ ਤਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਮਜਬੂਰਨ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।

ਛੱਠ ਪੂਜਾ ਦੇ ਮੱਦੇਨਜ਼ਰ ਜੀ.ਆਰ.ਪੀ. ਵੱਲੋਂ ਰੇਲਵੇ ਸਟੇਸ਼ਨ 'ਤੇ ਸਰਚ ਅਪ੍ਰੇਸ਼ਨ ਤੇ ਚੈਕਿੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਡਾ. ਜਤਿੰਦਰ ਜੈਨ ਆਈ.ਪੀ.ਐੱਸ., ਮਾਣਯੋਗ ਸਪੈਸ਼ਲ ਡੀ.ਜੀ.ਪੀ., ਰੇਲਵੇ ਪੰਜਾਬ ਅਤੇ ਡੀ.ਐੱਸ.ਪੀ. ਜ਼ੋਨਲ ਫਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਉਣ ਵਾਲੇ ਛੱਠ ਪੂਜਾ ਦੇ ਤਿਉਹਾਰ ਨੂੰ ਲੈ ਕੇ ਰੇਲਵੇ ਟਰੇਨਾਂ ਵਿੱਚ ਮੁਸਾਫ਼ਰਾਂ ਦੀ ਵੱਧ ਰਹੀ ਭੀੜ ਨੂੰ ਮੁੱਖ ਰੱਖਦਿਆਂ ਯਾਤਰੀਆਂ ਦੀ ਸੁਰੱਖਿਆ ਲਈ ਥਾਣਾ ਜੀ.ਆਰ.ਪੀ. ਫਿਰੋਜ਼ਪੁਰ ਵੱਲੋਂ ਫਿਰੋਜ਼ਪੁਰ ਕੈਂਟ ਰੇਲਵੇ ਸਟੇਸ਼ਨ 'ਤੇ ਵਿਸ਼ੇਸ਼ ਪੈਸੰਜਰ ਅਵੇਰਨੈੱਸ ਤੇ ਸਰਚ ਅਪ੍ਰੇਸ਼ਨ ਚਲਾਇਆ ਗਿਆ। ਇਸ ਮੁਹਿੰਮ ਦੌਰਾਨ ਪੁਲਿਸ ਟੀਮ ਨੇ ਸਟੇਸ਼ਨ ਦੇ ਪਲੇਟਫਾਰਮਾਂ, ਰੇਲਵੇ ਟਰੇਨਾਂ, ਵੇਟਿੰਗ ਏਰੀਆ, ਮੋਟਰਸਾਈਕਲ ਪਾਰਕਿੰਗ, ਐਂਟਰੀ ਤੇ ਐਗਜ਼ਿਟ ਗੇਟਾਂ ਅਤੇ ਸਟੇਸ਼ਨ ਦੇ ਬਾਹਰ ਖੜ੍ਹੀਆਂ ਕਾਰਾਂ ਤੇ ਮੋਟਰਸਾਈਕਲਾਂ ਦੀ ਬਰੀਕੀ ਨਾਲ ਚੈਕਿੰਗ ਕੀਤੀ। ਚੈਕਿੰਗ ਦੌਰਾਨ ਕੁਝ ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਵੀ ਕੀਤੀ



ਗਈ ਤੇ ਉਨ੍ਹਾਂ ਦੇ ਬੈਗਾਂ ਤੇ ਸਾਮਾਨ ਦੀ ਤਲਾਸ਼ੀ ਲਈ ਗਈ। ਰਾਹਤ ਦੀ ਗੱਲ ਇਹ ਰਹੀ ਕਿ ਚੈਕਿੰਗ ਦੌਰਾਨ ਕੋਈ ਵੀ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ। ਇਸ ਮੌਕੇ ਸਫ਼ਰ ਕਰ ਰਹੇ ਮੁਸਾਫ਼ਰਾਂ ਨੂੰ ਜਾਗਰੂਕ ਕਰਦਿਆਂ ਹਦਾਇਤ ਕੀਤੀ ਗਈ ਕਿ ਜੇਕਰ ਉਨ੍ਹਾਂ ਨੂੰ ਟਰੇਨਾਂ ਜਾਂ ਪਲੇਟਫਾਰਮਾਂ 'ਤੇ ਕੋਈ ਵੀ ਸ਼ੱਕੀ ਵਿਅਕਤੀ ਜਾਂ ਕੋਈ ਲਾਵਾਰਿਸ ਚੀਜ਼ ਜਾਂ ਸਾਮਾਨ ਦਿਖਾਈ ਦਿੰਦਾ ਹੈ, ਤਾਂ ਉਹ ਤੁਰੰਤ ਇਸ ਦੀ ਸੂਚਨਾ ਨਜ਼ਦੀਕੀ ਸਟੇਸ਼ਨ, ਥਾਣਾ ਜੀ.ਆਰ.ਪੀ. ਜਾਂ ਆਰ.ਪੀ.ਐੱਫ. ਨੂੰ ਦੇਣ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ। ਇਹ ਸਾਰੀ ਕਾਰਵਾਈ ਇੰਸਪੈਕਟਰ ਨਵੀਨ ਕੁਮਾਰ, ਮੁੱਖ ਅਫ਼ਸਰ ਥਾਣਾ ਜੀ.ਆਰ.ਪੀ. ਫਿਰੋਜ਼ਪੁਰ ਦੀ ਅਗਵਾਈ ਹੇਠ ਨੇਪਰੇ ਚਾੜ੍ਹੀ ਗਈ।

ਸੀਨੀਅਰ ਪੱਤਰਕਾਰ ਆਰ ਐੱਨ ਕਾਂਸਲ ਨੂੰ ਪ੍ਰੈੱਸ ਕਲੱਬ ਵੱਲੋਂ ਸ਼ਰਧਾਂਜਲੀ ਭੇਟ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਉੱਘੇ ਸੀਨੀਅਰ ਪੱਤਰਕਾਰ ਤੇ ਸਮਾਜ ਸੇਵੀ ਸਵਰਗੀ ਸ੍ਰੀ ਆਰ. ਐੱਨ. ਕਾਂਸਲ ਦੀ ਪਹਿਲੀ ਬਰਸੀ ਮੌਕੇ ਸਿਟੀ ਮੀਡੀਆ ਪ੍ਰੈੱਸ ਕਲੱਬ ਵੱਲੋਂ ਸ੍ਰੀ ਕਲਿਆਣ ਗਊਸ਼ਾਲਾ, ਮਾਤਾ ਮੋਦੀ ਚੌਕ ਨੇੜੇ ਭਜਨ-ਕੀਰਤਨ ਕਰਵਾਇਆ ਗਿਆ ਤੇ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸਿਟੀ ਮੀਡੀਆ ਪ੍ਰੈੱਸ ਕਲੱਬ ਦੇ ਪ੍ਰਧਾਨ ਤਰੁਣ ਬਾਂਸਲ ਨੇ ਆਪਣੇ ਸਾਥੀ ਮੈਂਬਰਾਂ ਦੀ ਹਾਜ਼ਰੀ ਵਿੱਚ ਕਿਹਾ ਕਿ ਸ੍ਰੀ ਆਰ. ਐੱਨ. ਕਾਂਸਲ ਬਹੁਤ ਹੀ ਨੇਕ, ਮਿਲਾਪੜੇ ਤੇ ਸਮਾਜ ਸੇਵਾ ਦੀ ਭਾਵਨਾ ਰੱਖਣ ਵਾਲੇ ਇਨਸਾਨ ਸਨ।ਉਨ੍ਹਾਂ ਵੱਲੋਂ ਪੱਤਰਕਾਰੀ ਤੇ ਸਮਾਜਿਕ ਖੇਤਰ ਵਿੱਚ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਕਾਂਸਲ ਸਾਹਿਬ ਦੀਆਂ ਯਾਦਾਂ ਅੱਜ ਵੀ ਸਾਡੇ ਦਿਲਾਂ ਤੇ ਦਿਮਾਗਾਂ ਵਿੱਚ ਵਸੀਆਂ ਹੋਈਆਂ ਹਨ ਤੇ ਉਨ੍ਹਾਂ ਦੀ ਘਾਟ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ।ਇਸ ਮੌਕੇ ਸਿਟੀ ਮੀਡੀਆ ਪ੍ਰੈੱਸ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਸ੍ਰੀ ਕਲਿਆਣ ਗਊਸ਼ਾਲਾ ਵਿਖੇ ਗਊਆਂ ਨੂੰ ਹਰਾ ਚਾਰਾ ਪਾਉਣ ਦੀ ਸੇਵਾ ਵੀ ਕੀਤੀ ਗਈ।ਇਸ ਦੌਰਾਨ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਤੋਂ ਇਲਾਵਾ ਅਗਰਵਾਲ ਸਭਾ ਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰਾਂ ਨੇ ਵੀ ਸ਼ਮੂਲੀਅਤ ਕਰਦਿਆਂ ਸਵਰਗੀ ਕਾਂਸਲ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਸਵਰਗੀ ਆਰ. ਐੱਨ. ਕਾਂਸਲ ਦੇ ਪਰਿਵਾਰਕ ਮੈਂਬਰਾਂ ਵਿੱਚ ਉਨ੍ਹਾਂ ਦੇ ਪਿਤਾ ਸ਼ਿਵ ਚਰਨ ਦਾਸ, ਮਾਤਾ ਬਿਮਲਾ ਦੇਵੀ, ਭਰਾ ਭੂਸ਼ਣ ਕਾਂਸਲ, ਭਰਜਾਈ ਖ਼ੁਸ਼ੀ ਰਾਣੀ, ਪਤਨੀ ਸਿਮਰਨ ਕਾਂਸਲ, ਬੇਟੀ ਦੀਵਾਂਸ਼ੀ ਕਾਂਸਲ ਤੇ ਬੇਟੇ ਰਿਧਮ ਕਾਂਸਲ ਸਮੇਤ ਹੋਰ ਪਰਿਵਾਰਕ ਮੈਂਬਰ ਮੌਜੂਦ ਸਨ।

ਸਫਾ 1 ਦੇ ਬਾਕੀ...

ਸਾਰੇ ਸਬੂਤ ਮੇਰੇ ਫੋਨ...

ਕਿਹਾ। 'ਇਹ ਇਸ ਫੋਨ ਵਿੱਚ ਹੈ। ਪ੍ਰਧਾਨ ਮੰਤਰੀ ਇਹ ਜਾਣਦੇ ਹਨ ਕਿਉਂਕਿ ਉਹ ਮੇਰਾ ਫੋਨ ਟੈਪ ਕਰਦੇ ਹਨ। ਜਦੋਂ ਬਹਿਸ, ਇੱਕ-ਨਾਲ-ਇੱਕ ਬਹਿਸ ਦਾ ਸਮਾਂ ਆਵੇਗਾ, ਤਾਂ ਹਰ ਕੋਈ ਜਾਣ ਜਾਵੇਗਾ ਕਿ ਕੌਣ ਵਿਦੇਸ਼ੀ ਤਾਕਤਾਂ ਦੁਆਰਾ ਨਿਯੰਤਰਤ ਹੈ, ਕੌਣ ਰਾਸ਼ਟਰ ਵਿਰੋਧੀ ਹੈ, ਜਦੋਂ ਤੋਂ ਉਹ ਰਾਸ਼ਟਰ ਵਿਰੋਧੀ ਹੈ ਅਤੇ ਹੋਰ ਬਹੁਤ ਸਾਰੇ ਵੇਰਵੇ ਜੋ ਮੈਂ ਜਾਣਦਾ ਹਾਂ ਅਤੇ ਮੇਰੇ ਫੋਨ 'ਤੇ ਹਨ'।

ਜਦੋਂ ਉਨ੍ਹਾ ਤੋਂ ਪੁੱਛਿਆ ਗਿਆ ਕਿ ਉਹ ਸੰਸਦ ਵਿੱਚ ਬੋਲਣ ਦੀ ਬਜਾਏ ਜਨਤਕ ਬਹਿਸ ਕਿਉਂ ਚਾਹੁੰਦੇ ਹਨ, ਤਾਂ ਰਾਹੁਲ ਨੇ ਕਿਹਾ, ਉਨ੍ਹਾ ਨੂੰ ਜਨਤਕ ਬਹਿਸ ਦੀ ਮੰਗ ਕਰਨੀ ਪਈ, ਕਿਉਂਕਿ ਉਨ੍ਹਾ ਨੂੰ ਸੰਸਦ ਵਿੱਚ ਬੋਲਣ ਦੀ ਇਜਾਜ਼ਤ ਨਹੀਂ ਸੀ। 'ਤੁਸੀਂ ਮੈਨੂੰ (ਜਨਰਲ) ਨਰਵਣੇ ਦੀ ਕਿਤਾਬ, ਐਪਸਟੀਨ, ਖੇਤੀ ਬਿੱਲਾਂ, ਵੋਟ ਚੋਰੀ, ਐੱਸ ਆਈ ਆਰ, ਚੀਨ 'ਤੇ ਗੱਲ ਨਹੀਂ ਕਰਨ ਦਿੱਤੀ। ਮੈਂ ਇੱਕ-ਨਾਲ-ਇੱਕ ਬਹਿਸ ਚਾਹੁੰਦਾ ਹਾਂ। ਮੈਂ ਲੰਬੇ ਭਾਸ਼ਣਾਂ ਵਾਲੀ ਬਹਿਸ ਨਹੀਂ ਚਾਹੁੰਦਾ'। ਪਿਛਲੇ 12 ਦਿਨਾਂ ਵਿੱਚ ਇਹ ਸੱਤਵੀਂ ਵਾਰ ਹੈ ਜਦੋਂ ਰਾਹੁਲ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਬਹਿਸ ਲਈ ਬੁਲਾਇਆ ਹੈ।

ਯੂਜ਼ਰ ਨੇ ਪੁੱਛਿਆ : ਮੋਦੀ ਦਾਅਵਾ ਕਰਦੇ ਹਨ ਕਿ ਉਨ੍ਹਾ (ਰਾਹੁਲ) ਨੂੰ ਵਿਦੇਸ਼ੀ ਸਹਾਇਤਾ ਮਿਲ ਰਹੀ ਹੈ, ਜਦੋਂ ਕਿ ਤੁਸੀਂ ਦਾਅਵਾ ਕਰਦੇ ਹੋ ਕਿ ਮੋਦੀ ਵਿਦੇਸ਼ੀ ਤਾਕਤਾਂ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਹਨ। ਇਨ੍ਹਾਂ ਦੋਵਾਂ ਦਾਅਵਿਆਂ ਦਾ ਸਮਰਥਨ ਕਰਨ ਲਈ ਸਬੂਤ ਕਿੱਥੇ ਹਨ ?

ਰਾਹੁਲ ਦਾ ਜਵਾਬ : ਸਾਰੇ ਦੋਸ਼ਾਂ ਦੇ ਸਬੂਤ ਮੇਰੇ ਫੋਨ 'ਤੇ ਹਨ। ਸਿੱਧੀ ਬਹਿਸ ਇਹ ਸਥਾਪਤ ਕਰੇਗੀ ਕਿ ਵਿਦੇਸ਼ੀ ਤਾਕਤਾਂ ਦੇ ਇਸ਼ਾਰੇ 'ਤੇ ਕੌਣ ਕੰਮ ਕਰ ਰਿਹਾ ਹੈ, ਕੌਣ ਦੇਸ਼ ਵਿਰੋਧੀ ਹੈ ਅਤੇ ਉਹ ਕਿੰਨੇ ਸਮੇਂ ਤੋਂ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੈ। ਰਾਹੁਲ ਨੇ ਇਹ ਵੀ ਕਿਹਾ ਕਿ ਉਨ੍ਹਾ ਕੋਲ ਹੋਰ ਵੀ ਬਹੁਤ ਸਾਰੀਆਂ ਅਜਿਹੀਆਂ ਜਾਣਕਾਰੀਆਂ ਹਨ ਜਿਨ੍ਹਾਂ ਬਾਰੇ ਉਹ ਹੀ ਜਾਣਦੇ ਹਨ ਅਤੇ ਜੋ ਉਨ੍ਹਾ ਦੇ ਫੋਨ ਵਿੱਚ ਮੌਜੂਦ ਹਨ।

ਪੁਲਸ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਸਰਬਸੰਮਤੀ ਨਾਲ ਚੋਣ

ਮਾਲੇਰਕੋਟਲਾ (ਅਸਗਰ ਪਰਿਹਾਰ)-ਪੁਲਸ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ (ਪੀ.ਪੀ.ਡਬਲਯੂ.ਏ.) ਮਾਲੇਰਕੋਟਲਾ ਦੀ ਸਥਾਨਕ ਇਕਾਈ ਦੀ ਵਿਸ਼ੇਸ਼ ਇਕੱਤਰਤਾ ਹੋਈ, ਜਿਸ ਵਿੱਚ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ।ਇਸ ਚੋਣ ਪ੍ਰਕਿਰਿਆ ਦੌਰਾਨ ਸਮੂਹ ਪੈਨਸ਼ਨਰਾਂ ਨੇ ਇੱਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਨਵੀਂ ਟੀਮ ਦਾ ਐਲਾਨ ਕੀਤਾ।ਪ੍ਰਾਪਤ ਜਾਣਕਾਰੀ ਅਨੁਸਾਰ ਅਬਜ਼ਰਵਰਾਂ ਦੀ ਦੇਖ-ਰੇਖ ਹੇਠ ਹੋਈ ਇਸ ਚੋਣ ਦੌਰਾਨ ਸ੍ਰੀ ਮੁਹੰਮਦ ਜਮੀਲ ਜ਼ੁਬੈਰੀ, ਡੀ.ਐੱਸ.ਪੀ. (ਰਿਟਾਇਰਡ) ਨੂੰ ਸਰਬਸੰਮਤੀ ਨਾਲ ਮਾਲੇਰਕੋਟਲਾ ਇਕਾਈ ਦਾ ਪ੍ਰਧਾਨ ਚੁਣਿਆ ਗਿਆ।ਇਸ ਦੇ ਨਾਲ ਹੀ ਸ੍ਰੀ ਸਾਧੂ ਸਿੰਘ, ਡੀ.ਐੱਸ.ਪੀ. (ਰਿਟਾਇਰਡ) ਨੂੰ ਸੀਨੀਅਰ ਮੀਤ ਪ੍ਰਧਾਨ ਤੇ ਸ੍ਰੀ ਇੰਦਰਜੀਤ ਸਿੰਘ (ਰਿਟਾਇਰਡ ਹੈੱਡ ਕਾਂਸਟੇਬਲ) ਨੂੰ ਜਨਰਲ ਸਕੱਤਰ ਦੇ ਅਹੁਦੇ ਦੀ ਜ਼ਿੰਮੇਵਾਰੀ ਸੌਂਪੀ ਗਈ।ਨਵ-ਨਿਯੁਕਤ ਅਹੁਦੇਦਾਰਾਂ ਨੇ ਸਟੇਟ ਬਾਡੀ ਤੇ ਮਾਲੇਰਕੋਟਲਾ ਇਕਾਈ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੁਲਸ ਪੈਨਸ਼ਨਰਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਵਚਨਬੱਧ ਰਹਿਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਸੇਵਾਮੁਕਤ ਪੁਲਸ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ, ਜਿਨ੍ਹਾਂ ਨੇ ਨਵੀਂ ਚੁਣੀ ਗਈ ਟੀਮ ਨੂੰ ਜਿੱਤ ਦੀ ਵਧਾਈ ਦਿੱਤੀ।



ਜਪੁਜੀ ਸਾਹਿਬ ਸੰਬੰਧੀ ਸਕੂਲ 'ਚ ਕਰਵਾਏ ਮੁਕਾਬਲੇ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਨਿਰੋਲ ਸੇਵਾ ਸੁਸਾਇਟੀ ਵੱਲੋਂ ਜਪੁਜੀ ਸਾਹਿਬ ਸੰਬੰਧੀ ਸਕੂਲਾਂ ਦੇ ਕਰਵਾਏ ਗਏ ਮੁਕਾਬਲਿਆਂ ਵਿੱਚ ਐੱਲ.ਡੀ.ਆਰ. ਕੌਨਵੈਂਟ ਸਕੂਲ ਦੀ ਵਿਦਿਆਰਥਣ ਅਵਨੀਤ ਕੌਰ ਪੁੱਤਰੀ ਸੁਖਜਿੰਦਰ ਸਿੰਘ ਨਿਵਾਸੀ ਨਿਜ਼ਾਬਤ ਕੁਕਰੀਆਂ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਜਿੱਤ 'ਤੇ ਸੰਸਥਾ ਵੱਲੋਂ ਉਸ ਨੂੰ ਸਵਾ ਲੱਖ ਰੁਪਏ ਦਾ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਹੋਰ ਵੀ ਕਈ ਬੱਚਿਆਂ ਨੇ ਇਸ ਮੁਕਾਬਲੇ ਵਿੱਚ ਹਿੱਸਾ ਲਿਆ।ਸਾਰੇ ਹੀ ਬੱਚਿਆਂ ਨੇ ਬਹੁਤ ਵਧੀਆ ਢੰਗ ਨਾਲ ਜਪੁਜੀ ਸਾਹਿਬ ਜੀ ਦਾ ਪਾਠ ਸੁਣਾਇਆ।ਇਨ੍ਹਾਂ ਵਿੱਚੋਂ 15 ਬੱਚਿਆਂ ਨੇ ਫਾਈਨਲ ਪੜਾਅ ਲਈ ਕੁਆਲੀਫਾਈ ਕੀਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਅਜੇ ਅਰੋੜਾ ਤੇ ਪ੍ਰਿੰਸੀਪਲ ਮੈਡਮ ਗੁੰਜਨ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਇਨ੍ਹਾਂ ਨੂੰ ਭਵਿੱਖ ਵਿੱਚ ਹੋਰ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

62,370 ਕਰੋੜ ਦੀ ਖਾਦ ਸਬਸਿਡੀ ਪੰਜਾਬ ਦੇ ਕਿਸਾਨਾਂ ਲਈ ਵੱਡੀ ਰਾਹਤ : ਤਰੁਣ ਚੁੱਘ



ਛੇਹਰਟਾ, (ਮਨੋਜ ਕੁਮਾਰ) : ਭਾਜਪਾ ਦੇ ਰਾਸ਼ਟਰੀ ਹੈੱਡਕੁਆਰਟਰ ਇੰਚਾਰਜ ਤੇ ਸੰਸਦ ਮੈਂਬਰ ਤਰੁਣ ਚੁੱਘ ਨੇ ਕੇਂਦਰੀ ਕੈਬਨਿਟ ਵੱਲੋਂ ਹਾੜ੍ਹੀ ਦੇ ਸੀਜ਼ਨ 2026-27 ਲਈ 62,370 ਕਰੋੜ ਰੁਪਏ ਦੀ ਖਾਦ ਸਬਸਿਡੀ ਦੀ ਪ੍ਰਵਾਨਗੀ ਲਈ ਪੰਜਾਬ ਦੇ ਕਿਸਾਨਾਂ ਵੱਲੋਂ ਪ੍ਰਧਾਨ ਮੰਤਰੀ ਦਾ ਦਿਲੋਂ ਧੰਨਵਾਦ ਕੀਤਾ ਹੈ। ਚੁੱਘ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਇਸ ਸਮੇਂ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਵਿਚ ਰੁੱਝੇ ਹੋਏ ਹਨ ਤੇ ਕੇਂਦਰ ਸਰਕਾਰ ਦਾ ਇਹ ਫ਼ੈਸਲਾ ਅਜਿਹੇ ਮਹੱਤਵਪੂਰਨ ਸਮੇਂ 'ਤੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦਾ ਹੈ। ਇਹ ਰਕਮ ਪਿਛਲੇ ਹਾੜ੍ਹੀ ਦੇ ਸੀਜ਼ਨ ਵਿਚ ਮਨਜ਼ੂਰ ਕੀਤੀ ਗਈ 37,952 ਕਰੋੜ ਰੁਪਏ ਦੀ ਸਬਸਿਡੀ ਨਾਲੋਂ 64 ਫ਼ੀਸਦੀ ਵੱਧ ਹੈ। ਖਾਦ ਦੀਆਂ ਵਧਦੀਆਂ ਕੀਮਤਾਂ ਤੇ ਸਪਲਾਈ ਚੁਣੌਤੀਆਂ ਦੇ ਬਾਵਜੂਦ, ਮੋਦੀ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਕਿਸਾਨਾਂ 'ਤੇ ਮਹਿੰਗਾਈ ਦਾ ਬੋਝ ਨਾ ਪਵੇ। ਉਨ੍ਹਾਂ ਕਿਹਾ ਕਿ ਦੇਸ਼ ਵਿਚ ਖਾਦਾਂ ਦੀ ਉਪਲੱਬਧਤਾ ਨੂੰ ਯਕੀਨੀ ਬਣਾਉਣ ਲਈ ਕੇਂਦਰ ਸਰਕਾਰ ਨੇ ਭੰਡਾਰਾਂ ਵਿਚ ਕਾਫ਼ੀ ਵਾਧਾ ਕੀਤਾ ਹੈ। ਅਮੋਨੀਅਮ ਸਲਫੇਟ 'ਤੇ ਸਬਸਿਡੀਆਂ ਜਾਰੀ ਰੱਖਣ ਦੇ ਨਾਲ-ਨਾਲ ਘਰੇਲੂ ਉਤਪਾਦਨ ਨੂੰ ਉਤਸ਼ਾਹਿਤ ਕਰਨ ਲਈ ਸਲਫਰ ਪੈਕੇਜ ਵੀ ਦਿੱਤਾ ਗਿਆ ਹੈ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਪ੍ਰਧਾਨ ਮੰਤਰੀ ਦੀ ਤਰਜੀਹ ਕਿਸਾਨਾਂ ਦੀ ਲਾਗਤ ਨੂੰ ਘਟਾਉਣਾ ਤੇ ਖੇਤੀ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਹੈ।

ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਕਿਸਾਨਾਂ, ਔਰਤਾਂ, ਨੌਜਵਾਨਾਂ ਤੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਭਾਜਪਾ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਕੇਂਦਰ ਸਰਕਾਰ ਦੀ ਹਰੇਕ ਲੋਕ ਭਲਾਈ ਯੋਜਨਾ ਦਾ ਲਾਭ ਪੰਜਾਬ ਦੇ ਪਿੰਡ-ਪਿੰਡ ਤੇ ਸਮਾਜ ਦੇ ਹਰ ਵਿਅਕਤੀ ਤਕ ਪੁੱਜੇ।

ਰਿਆੜਕੀ ਪਬਲਿਕ ਸਕੂਲ ਨੇ ਮਹਾਰਾਜਾ ਰਣਜੀਤ ਸਿੰਘ ਦਾ ਜਨਮ ਦਿਹਾੜਾ ਮਨਾਇਆ

ਧਾਰੀਵਾਲ (ਮਨਦੀਪ ਵਿੱਕੀ) ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵੱਲੋਂ ਇੰਟੈਕ ਅੰਮ੍ਰਿਤਸਰ ਦੇ ਸਹਿਯੋਗ ਨਾਲ ਪੰਜਾਬ ਦੇ ਮਹਾਨ ਬਾਦਸ਼ਾਹ ਸ਼ੇਰ ਏ ਪੰਜਾਬ ਮਹਾਰਾਜਾ ਰਣਜੀਤ ਸਿੰਘ ਦਾ ਜਨਮ ਦਿਹਾੜਾ ਮਹਾਰਾਜਾ ਸਾਹਿਬ ਵੱਲੋਂ ਵਸਾਏ ਇਤਿਹਾਸਕ ਰਾਮ ਬਾਗ ਵਿਖੇ, ਉਨ੍ਹਾਂ ਦੇ ਨਿਵਾਸ ਅਸਥਾਨ ਰਹੇ ਸਮਰ ਪੈਲੇਸ ਦੇ ਦਰਾਂ 'ਤੇ ਬੜੀ ਸ਼ਰਧਾ ਅਤੇ ਸ਼ਾਨ ਨਾਲ ਮਨਾਇਆ ਗਿਆ। ਇਹ ਸਮਾਗਮ ਪ੍ਰਸਿੱਧ ਇਤਿਹਾਸਕਾਰ ਸੁਰਿੰਦਰ ਕੋਛੜ ਅਤੇ ਉੱਘੇ ਪੰਜਾਬੀ ਕਵੀ ਗੁਰਭਜਨ ਗਿੱਲ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਰਿਆੜਕੀ ਪਬਲਿਕ ਸਕੂਲ ਅਤੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਦੇ ਵਿਦਿਆਰਥੀਆਂ ਦੇ ਨਾਲ-ਨਾਲ ਸ਼ਹਿਰ ਦੀਆਂ ਨਾਮਵਰ ਸੰਸਥਾਵਾਂ ਸਪਰਿੰਗ ਡੇਲ ਸੀਨੀਅਰ ਸੈਕੰਡਰੀ ਸਕੂਲ, ਡੀ ਏ ਵੀ ਇੰਟਰਨੈਸ਼ਨਲ ਸਕੂਲ ਅਤੇ ਨਿਸ਼ਾਨ-ਏ-ਸਿੱਖੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਵੀ ਇਸ ਸਮਾਗਮ ਵਿੱਚ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਵੱਲੋਂ ਮਹਾਰਾਜਾ ਰਣਜੀਤ ਸਿੰਘ ਅਤੇ ਉਨ੍ਹਾਂ ਦੇ ਸਮੇਂ ਦੇ ਸਿੱਖ ਰਾਜ ਨਾਲ ਸਬੰਧਤ ਹੱਥੀਂ ਬਣਾਈਆਂ ਤਸਵੀਰਾਂ ਦੀ ਪ੍ਰਦਰਸ਼ਨੀ ਲਗਾਈ ਗਈ, ਜਦਕਿ ਮਹਾਰਾਜਾ ਸਾਹਿਬ ਬਾਰੇ ਵੱਖ-ਵੱਖ ਲੇਖਕਾਂ ਦੀਆਂ ਲਿਖੀਆਂ ਲਗਭਗ 65 ਪੁਸਤਕਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਖਿੱਚ ਦਾ ਕੇਂਦਰ ਬਣੀ ਰਹੀ। ਸਮਾਗਮ ਦੀ ਆਰੰਭਤਾ ਰਿਆੜਕੀ ਪਬਲਿਕ ਸਕੂਲ ਅਤੇ ਡੀ ਏ ਵੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਹੋਈ। ਉਪਰੰਤ ਵਿਦਿਆਰਥੀਆਂ ਨੇ ਮਹਾਰਾਜਾ ਰਣਜੀਤ ਸਿੰਘ, ਸਿੱਖ ਰਾਜ ਅਤੇ ਉਸ ਦੀਆਂ ਪ੍ਰਾਪਤੀਆਂ ਬਾਰੇ ਖੋਜ ਭਰਪੂਰ ਲੇਖ ਪੜ੍ਹੇ ਅਤੇ ਕਵੀਸ਼ਰੀ, ਗੀਤਾਂ ਤੇ ਕਵਿਤਾਵਾਂ ਰਾਹੀਂ ਸਾਰੇ ਮਾਹੌਲ ਨੂੰ



ਵਿਰਾਸਤੀ ਰੰਗ ਵਿੱਚ ਰੰਗ ਦਿੱਤਾ।ਰਿਆੜਕੀ ਸੰਸਥਾਵਾਂ ਦੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵਿਰਾਸਤ ਨਾਲ ਜੋੜਨਾ ਇੱਕ ਵੱਡਾ ਕਾਰਜ ਹੈ ਅਤੇ ਰਿਆੜਕੀ ਪਬਲਿਕ ਸਕੂਲ ਇਸ ਦਿਸ਼ਾ ਵਿੱਚ ਲਗਾਤਾਰ ਯਤਨਸ਼ੀਲ ਹੈ। ਇੰਟੈਕ ਅੰਮ੍ਰਿਤਸਰ ਚੈਪਟਰ ਦੇ ਕਨਵੀਨਰ ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਇਸ ਸਮਾਗਮ ਦਾ ਮਨੋਰਥ ਵਿਦਿਆਰਥੀਆਂ ਵਿੱਚ ਵਿਰਾਸਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ ਤਾਂ ਜੋ ਨਵੀਂ ਪੀੜ੍ਹੀ ਆਪਣੀ ਅਮੀਰ ਵਿਰਾਸਤ ਤੋਂ ਜਾਣੂ ਹੋ ਸਕੇ, ਅਤੇ ਇਸੇ ਮੰਤਵ ਲਈ ਪੁਸਤਕ ਪ੍ਰਦਰਸ਼ਨੀ ਦਾ ਉਚੇਚਾ ਪ੍ਰਬੰਧ ਕੀਤਾ ਗਿਆ। ਉਨ੍ਹਾਂ ਰਾਮ ਬਾਗ ਦੀ ਇਤਿਹਾਸਕ ਮਹੱਤਤਾ ਅਤੇ ਇੱਥੋਂ ਦੀ ਭਵਨ ਨਿਰਮਾਣ ਕਲਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਅਜਿਹੀਆਂ ਵਿਰਾਸਤੀ ਧਰੋਹਰਾਂ ਨੂੰ ਹੋਰ ਸੁਚੱਜੇ ਢੰਗ ਨਾਲ ਸਾਂਭਣ ਦੀ ਲੋੜ ਹੈ, ਜੋ ਤਾਂ ਹੀ ਸੰਭਵ ਹੈ ਜੇਕਰ ਆਮ ਸ਼ਹਿਰੀ ਇਸ ਪ੍ਰਤੀ ਜਾਗਰੂਕ ਹੋਵੇ। ਉਨ੍ਹਾਂ ਇਸ ਕਾਰਜ ਵਿੱਚ ਸ਼ਲਾਘਾਯੋਗ ਯੋਗਦਾਨ ਪਾ ਰਹੇ ਆਰਕੀਓਲੋਜੀਕਲ ਸਰਵੇ ਆਫ਼ ਇੰਡੀਆ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਪੰਜਾਬ ਅਤੇ ਮਿਉਂਸੀਪਲ ਕਮੇਟੀ ਦਾ ਵਿਸ਼ੇਸ਼ ਧੰਨਵਾਦ ਕੀਤਾ।ਪ੍ਰਸਿੱਧ ਇਤਿਹਾਸਕਾਰ ਸੁਰਿੰਦਰ ਕੋਛੜ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵਿਰਾਸਤ ਨਾਲ ਜੋੜਨਾ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ, ਉਨ੍ਹਾਂ ਕਿਹਾ ਕਿ ਜਦੋਂ ਵਿਦਿਆਰਥੀ ਮੂਲ ਸਰੋਤਾਂ ਤੋਂ ਗਿਆਨ ਲੈ ਕੇ ਖੋਜ ਪੜਤਾਲ ਕਰਨਗੇ, ਤਾਂ ਉਨ੍ਹਾਂ ਨੂੰ ਇਤਿਹਾਸ ਅਤੇ ਵਿਰਾਸਤ ਦੀ ਸੱਚੀ ਸਮਝ ਮਿਲੇਗੀ।ਇਸ ਮੌਕੇ 'ਪਾਂਧੀ ਪਾਤਸ਼ਾਹ' ਅਤੇ 'ਤਕਦੀਰ ਪੰਜਾਬੀਆਂ ਦੀ' ਵਰਗੀਆਂ ਮਹਾਰਾਜਾ ਰਣਜੀਤ ਸਿੰਘ ਨੂੰ ਸਮਰਪਿਤ ਸ਼ਾਨਦਾਰ ਕਵਿਤਾਵਾਂ ਦੇ ਰਚੇਤਾ ਪ੍ਰਸਿੱਧ ਪੰਜਾਬੀ ਕਵੀ ਵਿਧਾਤਾ ਸਿੰਘ ਤੀਰ ਦੇ ਪਰਵਾਰ ਦੀ ਚੌਥੀ ਪੀੜ੍ਹੀ ਵਿੱਚੋਂ ਸਹਿਜ ਜੋਤ ਸਿੰਘ ਤੀਰ ਨੂੰ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ। ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਇਸ ਦਿਹਾੜੇ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਸੋਵੀਨਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰੋ. ਗਗਨਦੀਪ ਕੌਰ ਨਾਗਰਾ, ਜਤਿੰਦਰ ਕੁਮਾਰ, ਜੀਨਸ, ਮੈਡਮ ਸਾਕਸ਼ੀ ਵਿਆਸ, ਟੂਰਿਸਟ ਅਫ਼ਸਰ ਮਨਦੀਪ ਕੌਰ, ਮਿਊਜ਼ੀਅਮ ਤੋਂ ਗੁਰਪ੍ਰੀਤ ਸਿੰਘ ਅਤੇ ਕਿਰਨਦੀਪ ਕੌਰ ਖੰਗੂੜਾ ਵੀ ਹਾਜ਼ਰ ਸਨ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨੇ ਨਸ਼ਾ ਪੀੜਤਾਂ ਨੂੰ ਸਕਿਲ ਪ੍ਰੋਗਰਾਮ ਤੋਂ ਕਰਵਾਇਆ ਜਾਣੂੰ

ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਜਿਥੇ ਡਰੱਗ ਹਾਟਸਪਾਟ ਖੇਤਰ ਵਿਚ ਸੀ.ਸੀ.ਟੀ.ਵੀ ਕੈਮਰੇ ਲਗਾਉਣ ਸਮੇਤ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਉਸ ਦੇ ਨਾਲ ਨਸ਼ੇ ਦੇ ਜਾਲ ਵਿਚ ਫਸੇ ਵਿਅਕਤੀਆਂ ਦੇ ਮੁੜ ਵਸੇਬੇ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਨਰੇਸ਼ ਕੁਮਾਰ ਜ਼ਿਲ੍ਹਾ ਰੁਜ਼ਗਾਰ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਬਿਊਰੋ ਕਾਰੋਬਾਰ ਦੀ ਟੀਮ ਵਲੋਂ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਮੁੜ ਵਸੇਬਾ ਸੈਂਟਰ ਅਤੇ ਓਟ ਸੈਂਟਰ ਧਾਰੀਵਾਲ ਦਾ ਦੌਰਾ ਕੀਤਾ ਗਿਆ। ਸਕਿਲ ਡਿਵਲਪਮੈਂਟ ਤੋਂ ਬੀ ਐਮ ਐਮ ਮਨਪ੍ਰੀਤ ਸਿੰਘ, ਜ਼ਿਲ੍ਹਾ ਰੋਜ਼ਗਾਰ ਦਫਤਰ ਤੋਂ ਗਗਨ ਧਾਲੀਵਾਲ ਵੱਲੋਂ ਨਸ਼ਾ ਪੀੜਤਾਂ ਨੂੰ ਮਿਲ ਕੇ ਉਨ੍ਹਾਂ ਦੀ ਕਾਂਉਸਲਿੰਗ ਕੀਤੀ ਗਈ ਅਤੇ ਸਕਿਲ ਡਿਵੈਪਮੈਂਟ ਮਿਸ਼ਨ ਤਹਿਤ ਸਕਿਲ ਟਰੇਨਿੰਗ ਪ੍ਰੋਗਰਾਮ ਦੀ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਨਸ਼ਾ ਛੱਡਣ ਲਈ ਉਪਲਬਧ ਇਲਾਜ ਸੇਵਾਵਾਂ ਅਤੇ ਨਸ਼ਾ ਪੀੜਤ ਵਿਅਕਤੀਆਂ ਦੀ ਮਦਦ ਕਰਨ ਬਾਰੇ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਰੋਜ਼ਗਾਰ ਅਫਸਰ ਗੁਰਦਾਸਪੁਰ ਨੇ ਦੱਸਿਆ



ਪੀੜਤਾਂ ਨੂੰ ਨਸ਼ੇ ਦੇ ਰਾਹ ਨੂੰ ਛੱਡ ਕੇ ਕੋਈ ਨਾ ਕੋਈ ਸਕਿੱਲ ਪ੍ਰਾਪਤ ਕਰਕੇ ਕੋਈ ਚੰਗਾ ਰੋਜ਼ਗਾਰ ਜਾਂ ਸਵੈ-ਰੁਜ਼ਗਾਰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਬੇਰੋਜ਼ਗਾਰ ਪ੍ਰਾਰਥੀਆਂ ਦੇ ਰੁਜ਼ਗਾਰ ਸਬੰਧੀ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਜਿਵੇਂ ਕਿ ਜਿਹੜੇ ਪ੍ਰਾਰਥੀ ਭਵਿੱਖ ਦੇ ਕਰੀਅਰ ਸਬੰਧੀ ਜਾਣਕਾਰੀ ਲੈਣੀ ਚਾਹੁੰਦੇ ਹਨ, ਉਨ੍ਹਾਂ ਦੀ ਮੁਫ਼ਤ ਕਰੀਅਰ ਕਾਊਂਸਲਿੰਗ ਕੀਤੀ ਜਾਂਦੀ ਹੈ। ਜੋ ਪ੍ਰਾਰਥੀ ਨੌਕਰੀਆਂ ਸਬੰਧੀ ਜਾਣਕਾਰੀ ਪ੍ਰਾਪਤ ਕਰਨੀ ਚਾਹੁੰਦੇ ਹਨ, ਉਨ੍ਹਾਂ ਨੂੰ ਇਸ ਦਫ਼ਤਰ ਦੇ ਪਲੇਸਮੈਂਟ ਸੈੱਲ ਦੁਆਰਾ ਨੌਕਰੀਆਂ ਦੇਣ ਦੇ ਉਪਰਾਲੇ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਜਿਹੜੇ ਪ੍ਰਾਰਥੀ ਸਵੈ-ਰੁਜ਼ਗਾਰ ਸਕੀਮਾਂ ਤਹਿਤ ਲੋਨ ਲੈ ਕੇ ਆਪਣਾ ਕਾਰੋਬਾਰ ਸ਼ੁਰੂ ਕਰਨਾ ਚਾਹੰਦੇ ਹਨ, ਉਨ੍ਹਾਂ ਨੂੰ ਸਵੈ-ਰੁਜ਼ਗਾਰ ਸਕੀਮਾਂ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਇਨ੍ਹਾਂ ਸਾਰੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰ ਸਕਦੇ ਹਨ।

'ਸਮੱਸਿਆਵਾਂ ਦੇ ਹੱਲ ਅਤੇ ਨਵੇਂ ਵਿਚਾਰ' ਵਿਸ਼ੇ 'ਤੇ ਬੂਟ ਕੈਂਪ ਲਗਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖਾਲਸਾ ਕਾਲਜ ਦੇ ਅੰਗਰੇਜ਼ੀ ਵਿਭਾਗ ਵੱਲੋਂ ਇੰਸਟੀਚਿਊਸ਼ਨਜ਼ ਇਨੋਵੇਸ਼ਨ ਕੌਂਸਲ (ਆਈ. ਆਈ. ਸੀ.) ਦੇ ਸਹਿਯੋਗ ਨਾਲ ਵਿਦਿਆਰਥੀਆਂ 'ਚ ਰਚਨਾਤਮਕਤਾ, ਨਵੀਨਤਮ ਸੋਚ ਅਤੇ ਵਿਹਾਰਕ ਤੌਰ 'ਤੇ ਸਮੱਸਿਆਵਾਂ ਦੇ ਹੱਲ ਕਰਨ ਦੀ ਯੋਗਤਾ ਨੂੰ ਵਿਕਸਿਤ ਕਰਨ ਦੇ ਉਦੇਸ਼ ਤਹਿਤ 'ਸਮੱਸਿਆਵਾਂ ਦੇ ਹੱਲ ਅਤੇ ਨਵੇਂ ਵਿਚਾਰਾਂ' ਵਿਸ਼ੇ 'ਤੇ ਬੂਟ ਕੈਂਪ ਲਗਾਇਆ ਗਿਆ। ਜਿਸ 'ਚ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ ਭਾਟੀਆ ਅਤੇ ਕੈਮਿਸਟਰੀ ਵਿਭਾਗ ਮੁਖੀ ਡਾ. ਅਮਿਤ ਆਨੰਦ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਨਵੀਨਤਾ, ਤਜਰਬੇ ਆਧਾਰਿਤ ਸਿੱਖਿਆ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਕਾਲਜ ਦੀ ਵਚਨਬੱਧਤਾ ਨੂੰ ਦੁਹਰਾਇਆ। ਇਸ ਮੌਕੇ ਕਾਲਜ ਦੇ ਸਕਿੱਲ ਡਿਵੈਲਪਮੈਂਟ ਸੈਂਟਰ ਦੇ ਡਾਇਰੈਕਟਰ ਡਾ. ਐੱਮ. ਐੱਸ. ਬੱਤਰਾ ਅਤੇ ਆਈ. ਆਈ. ਸੀ. ਦੀ ਪ੍ਰਧਾਨ ਡਾ. ਗੁਰਸ਼ਰਨ ਕੌਰ ਨੇ ਮੁੱਖ ਬੁਲਾਰਿਆਂ ਵਜੋਂ ਭੂਮਿਕਾ ਨਿਭਾਈ। ਇਸ ਤੋਂ ਪਹਿਲਾਂ ਵਿਭਾਗ ਦੇ ਕਾਰਜਕਾਰੀ ਮੁਖੀ ਡਾ. ਸਾਵੰਤ ਸਿੰਘ ਮੰਟੋ ਨੇ ਆਏ ਮਹਿਮਾਨਾਂ, ਮੁੱਖ ਬੁਲਾਰਿਆਂ ਅਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਇਸ ਮੌਕੇ ਡਾ. ਬੱਤਰਾ ਨੇ ਨਵੀਨਤਾ ਦੇ ਖੇਤਰ 'ਚ ਸਮੱਸਿਆਵਾਂ ਦੇ ਹੱਲ ਅਤੇ ਨਵੇਂ ਵਿਚਾਰਾਂ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਵੱਖ-ਵੱਖ ਚੁਣੌਤੀਆਂ ਦੀ ਪਛਾਣ ਕਰਨ, ਸਮੱਸਿਆਵਾਂ ਨੂੰ ਵੱਖ-ਵੱਖ ਦ੍ਰਿਸ਼ਟੀਕੋਣਾਂ ਤੋਂ ਸਮਝਣ ਅਤੇ ਪ੍ਰਭਾਵਸ਼ਾਲੀ ਹੱਲ ਲੱਭਣ ਲਈ ਆਲੋਚਨਾਤਮਕ ਸੋਚ ਅਤੇ ਰਚਨਾਤਮਕ ਤਰੀਕੇ ਅਪਨਾਉਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਹੋਏ ਵਿਚਾਰ-ਵਟਾਂਦਰੇ ਨੇ ਵਿਦਿਆਰਥੀਆਂ ਨੂੰ ਉਤਸੁਕਤਾ, ਆਤਮ-ਵਿਸ਼ਵਾਸ ਅਤੇ ਸਮੱਸਿਆਵਾਂ ਦੇ ਹੱਲ ਪ੍ਰਤੀ ਸਕਾਰਾਤਮਕ ਸੋਚ ਨਾਲ ਅਗਾਂਹ ਵੱਧਣ ਲਈ ਪ੍ਰੇਰਿਤ ਕੀਤਾ। ਜਦਕਿ ਡਾ. ਗੁਰਸ਼ਰਨ ਕੌਰ ਨੇ ਇਨੋਵੇਸ਼ਨ ਕੌਂਸਲ ਦੀ ਭੂਮਿਕਾ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਕੌਂਸਲ ਵਿਦਿਆਰਥੀਆਂ ਨੂੰ ਨਵੇਂ ਵਿਚਾਰ ਪੈਦਾ ਕਰਨ, ਨਵੀਨਤਮ ਸੋਚ ਵਿਕਸਿਤ ਕਰਨ ਅਤੇ ਆਪਣੇ ਵਿਚਾਰਾਂ ਨੂੰ ਅਮਲੀ ਰੂਪ ਦੇ ਕੇ ਸਾਰਥਿਕ ਨਤੀਜਿਆਂ 'ਚ ਬਦਲਣ ਲਈ ਪ੍ਰੇਰਿਤ ਕਰਦੀ ਹੈ। ਇਸ ਮੌਕੇ ਡਾ. ਮਮਤਾ ਮਹਿੰਦਰੂ ਨੇ ਆਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਪ੍ਰੋ. ਵਿਜੇ ਬਰਨਾਰਡ, ਡਾ. ਜਸਵਿੰਦਰ ਕੌਰ ਔਲਖ, ਪ੍ਰੋ. ਪੂਜਾ ਕਾਲੀਆ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਮਲਕਿੰਦਰ ਸਿੰਘ, ਪ੍ਰੋ. ਹਰਸ਼ ਸਲਾਰੀਆ, ਪ੍ਰੋ. ਸੌਰਵ ਮੇਘ, ਡਾ. ਅਕਿਦਤਪ੍ਰੀਤ ਕੌਰ, ਡਾ. ਅਕਾਂਕਸ਼ਾ ਨੌਟਿਆਲ, ਪ੍ਰੋ. ਵਿਮਲਜੀਤ ਕੌਰ, ਪ੍ਰੋ. ਸ਼ੇਰਗਿੱਲ ਸਿਮਰਜੀਤ ਕੌਰ, ਪ੍ਰੋ. ਰਿਆ ਸੈਣੀ ਆਦਿ ਸਮੇਤ ਹੋਰ ਫੈਕਲਟੀ ਮੈਂਬਰ ਹਾਜ਼ਰ ਸਨ।



ਐੱਲ ਜੀ ਇਲੈਕਟ੍ਰਾਨਿਕਸ ਦੇ ਦੂਜੀ ਤਿਮਾਹੀ ਦੇ ਮੁਨਾਫ਼ੇ 'ਚ 25.7 ਫ਼ੀਸਦੀ ਵਾਧਾ

ਲੁਧਿਆਣਾ : ਐੱਲ ਜੀ ਇਲੈਕਟ੍ਰਾਨਿਕਸ ਇੰਡੀਆ ਲਿਮਟਿਡ ਨੇ ਵਿੱਤੀ ਸਾਲ 2027 ਦੀ ਦੂਜੀ ਤਿਮਾਹੀ ਵਿੱਚ ਸੂਚੀਬੱਧ ਹੋਣ ਤੋਂ ਬਾਅਦ ਹੁਣ ਤੱਕ ਦਾ ਸਭ ਤੋਂ ਵੱਧ ਸਾਲਾਨਾ ਤਿਮਾਹੀ ਵਾਧਾ ਦਰਜ ਕੀਤਾ ਹੈ। ਕੰਪਨੀ ਦੀ ਸੰਚਾਲਨ ਆਮਦਨ 19.5 ਫ਼ੀਸਦੀ ਵਧ ਕੇ 7,380 ਕਰੋੜ ਰੁਪਏ, ਐਬਿਟਾ 28 ਫ਼ੀਸਦੀ ਵਧ ਕੇ 701 ਕਰੋੜ ਰੁਪਏ ਅਤੇ ਟੈਕਸ ਤੋਂ ਬਾਅਦ ਸ਼ੁੱਧ ਮੁਨਾਫ਼ਾ 25.7 ਫ਼ੀਸਦੀ ਵਧ ਕੇ 489 ਕਰੋੜ ਰੁਪਏ ਹੋ ਗਿਆ। ਐਬਿਟਾ ਮਾਰਜਿਨ ਵੀ 9.5 ਫ਼ੀਸਦੀ ਤੱਕ ਪਹੁੰਚ ਗਿਆ। ਘਰੇਲੂ ਉਪਕਰਨਾਂ ਅਤੇ ਏਅਰ ਸਲਿਊਸ਼ਨ ਕਾਰੋਬਾਰ ਵਿੱਚ 20.9 ਫ਼ੀਸਦੀ ਅਤੇ ਘਰੇਲੂ ਮਨੋਰੰਜਨ ਕਾਰੋਬਾਰ ਵਿੱਚ 17.2 ਫ਼ੀਸਦੀ ਵਾਧਾ ਦਰਜ ਕੀਤਾ ਗਿਆ। ਕੰਪਨੀ ਦੇ ਪ੍ਰਬੰਧ ਨਿਰਦੇਸ਼ਕ ਹਾਂਗ ਜੂ ਜੀਓਨ ਨੇ ਕਿਹਾ ਕਿ ਮੇਕ-ਇਨ-ਇੰਡੀਆ ਅਤੇ ਮੇਕ-ਫਾਰ-ਇੰਡੀਆ ਰਣਨੀਤੀ ਤਹਿਤ ਕੰਪਨੀ ਘਰੇਲੂ ਅਤੇ ਕੌਮਾਂਤਰੀ ਬਾਜ਼ਾਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰ ਰਹੀ ਹੈ। ਕੰਪਨੀ ਨੇ 20 ਨਵੇਂ ਦੇਸ਼ਾਂ ਵਿੱਚ ਨਿਰਯਾਤ ਕਾਰੋਬਾਰ ਵਧਾਉਣ ਦੇ ਨਾਲ ਆਟੋਮੋਟਿਵ ਉਤਪਾਦਾਂ ਦੇ ਨਿਰਮਾਣ ਵਿੱਚ ਵੀ ਕਦਮ ਰੱਖਿਆ ਹੈ।

ਡਰਾਫਟ ਵੋਟਰ ਸੂਚੀ ਦੀ ਮੁਢਲੀ ਪ੍ਰਕਾਸ਼ਨਾ ਜਾਰੀ

ਗੁਰਦਾਸਪੁਰ (ਜਨਕ ਮਹਾਜਨ)- ਭਾਰਤ ਚੋਣ ਕਮਿਸ਼ਨ ਵਲੋਂ ਜਾਰੀ ਨਿਰਧਾਰਤ ਸ਼ਡਿਊਲ ਅਨੁਸਾਰ ਯੋਗਤਾ ਮਿਤੀ 1 ਜਨਵਰੀ 2027 ਦੇ ਅਧਾਰ 'ਤੇ ਫੋਟੋ ਵੋਟਰ ਸੂਚੀ ਦੀ ਸਪੈਸ਼ਲ ਸਮਰੀ ਰਵੀਜ਼ਨ (ਐੱਸ.ਐੱਸ ਆਰ) ਦੀ ਡਰਾਫਟ ਵੋਟਰ ਸੂਚੀ



(ਸਮੇਤ ਸਰਵਿਸ ਵੋਟਰ ਸੂਚੀ) ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਗਈ। ਜ਼ਿਲ੍ਹਾ ਚੋਣ ਅਫਸਰ-ਕਮ- ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਵਲੋਂ ਸਮੂਹ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਨੂੰ ਡਰਾਫਟ ਵੋਟਰ ਸੂਚੀਆਂ ਦੀਆਂ ਕਾਪੀਆਂ ਅਤੇ ਸਾਫਟ ਕਾਪੀ (ਬਿਨਾਂ ਫੋਟੋ) ਸੌਂਪੀਆਂ ਗਈਆਂ ਅਤੇ ਉਨ੍ਹਾਂ ਵਲੋਂ ਸਪੈਸ਼ਲ ਸਮਰੀ ਰਵੀਜ਼ਨ (ਐੱਸ.ਐੱਸ.ਆਰ) ਦੀ ਪ੍ਰਕਿਰਿਆ ਤੋਂ ਜਾਣੂੰ ਕਰਵਾਇਆ ਗਿਆ। ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਮਾਣਯੋਗ ਭਾਰਤ ਚੋਣ ਕਮਿਸ਼ਨ ਵਲੋਂ ਯੋਗਤਾ ਮਿਤੀ 1 ਜਨਵਰੀ 2027 ਦੇ ਆਧਾਰ ਤੇ ਫੋਟੋ ਵੋਟਰ ਸੂਚੀ ਦੀ ਸਪੈਸ਼ਲ ਸਮਰੀ ਰਵੀਜ਼ਨ ਲਈ ਸ਼ਡਿਊਲ ਜਾਰੀ ਕੀਤਾ ਗਿਆ ਹੈ ਜਿਸ ਤਹਿਤ ਸਮੂਹ ਰਾਜਸੀ ਪਾਰਟੀਆਂ ਨੂੰ ਫੋਟੋ ਵੋਟਰ ਸੂਚੀਆਂ ਦੀਆਂ ਕਾਪੀਆਂ ਸੌਂਪੀਆਂ ਗਈਆਂ ਹਨ। 12 ਨਵੰਬਰ ਤੋਂ 12 ਦਸੰਬਰ ਤੱਕ ਦਾਅਵੇ ਅਤੇ ਇਤਰਾਜ਼ ਦਿੱਤੇ ਜਾ ਸਕਣਗੇ, 12 ਨਵੰਬਰ ਤੋਂ 12 ਦਸੰਬਰ 2026 ਤੱਕ ਸਵੀਪ ਗਤੀਵਿਧੀਆਂ ਕਰਵਾਈਆਂ ਜਾਣਗੀਆਂ, 14 ਨਵੰਬਰ, 15 ਨਵੰਬਰ ਅਤੇ 29 ਨਵੰਬਰ ਨੂੰ ਸਪੈਸ਼ਲ ਕੈਂਪ ਲੱਗਣਗੇ, 12 ਨਵੰਬਰ ਤੋਂ 28 ਦਸੰਬਰ ਤੱਕ ਦਾਅਵੇ ਅਤੇ ਇਤਰਾਜ਼ ਡਿਸਪੋਜਲ ਕੀਤੇ ਜਾਣਗੇ, 1 ਦਸੰਬਰ ਤੋਂ 20 ਦਸੰਬਰ ਤੱਕ ਸੁਪਰਚੈਕਿੰਗ ਆਫ ਫਾਰਮ ਕੀਤੇ ਜਾਣਗੇ, 29 ਦਸੰਬਰ ਤੋਂ 2 ਜਨਵਰੀ 2027 ਤੱਕ ਫਾਈਨਲ ਸੂਚੀ ਪ੍ਰਿੰਟਿੰਗ ਹੋਵੇਗੀ ਅਤੇ 4 ਜਨਵਰੀ ਨੂੰ ਵੋਟਰ ਸੂਚੀਆਂ ਦੀ ਫਾਈਨਲ ਪਬਲੀਕੇਸ਼ਨ ਕੀਤੀ ਜਾਵੇਗੀ ਅਤੇ ਰਾਜਨੀਤਕ ਪਾਰਟੀਆਂ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਗੁਰਵਿੰਦਰ ਲਾਲ ਜ਼ਿਲ੍ਹਾ ਸਕੱਤਰ ਕਾਂਗਰਸ ਪਾਰਟੀ, ਜਗਜੀਤ ਸਿੰਘ ਜ਼ਿਲ੍ਹਾ ਸਕੱਤਰ ਆਮ ਆਦਮੀ ਪਾਰਟੀ, ਰਾਜਨ ਗੋਇਲ ਜ਼ਿਲ੍ਹਾ ਵਾਈਸ ਪ੍ਰਧਾਨ ਭਾਜਪਾ , ਜੇ ਪੀ ਭਗਤ ਜ਼ੋਨ ਇੰਚਾਰਜ ਬਸਪਾ, ਰੂਪ ਸਿੰਘ ਪੱਡਾ, ਜ਼ਿਲ੍ਹਾ ਸਕੱਤਰ ਸੀਪੀਆਈ (ਐੱਮ) ਅਤੇ ਸ਼੍ਰੋਮਣੀ ਅਕਾਲੀ ਦਲ ਤੋਂ ਤੇਜਬੀਰ ਸਿੰਘ, ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ, ਕਾਨੂੰਨਗੋ ਸੁਨੀਲ ਕੁਮਾਰ ਹਾਜ਼ਰ ਸਨ।

ਜਸਕਰਨ ਸਿੰਘ ਰਿਆੜ ਮੁੜ ਬਣੇ ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ



ਜੈਂਤੀਪੁਰ (ਸੁਖਬੀਰ ਸਿੱਧੂ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜ਼ਿਲ੍ਹਾ ਪੱਧਰੀ ਜਥੇਬੰਦਕ ਢਾਂਚੇ ਨੂੰ ਭੰਗ ਕਰਨ ਉਪਰੰਤ ਮੁੜ ਨਵੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਗਿਆ।ਇਸੇ ਤਹਿਤ ਭਾਈ ਜਸਕਰਨ ਸਿੰਘ ਰਿਆੜ ਨੂੰ ਇੱਕ ਵਾਰ ਫਿਰ ਅੰਮ੍ਰਿਤਸਰ ਦਿਹਾਤੀ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਭਾਈ ਜਸਕਰਨ ਸਿੰਘ ਰਿਆੜ ਪਹਿਲਾਂ ਵੀ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ।ਪਾਰਟੀ ਵੱਲੋਂ ਉਨ੍ਹਾਂ ਨੂੰ ਮੁੜ ਇਹ ਜ਼ਿੰਮੇਵਾਰੀ ਸੌਂਪਣ ਨਾਲ ਉਨ੍ਹਾਂ ਦੀ ਜਥੇਬੰਦਕ ਭੂਮਿਕਾ ਨੂੰ ਅੱਗੇ ਵਧਾਉਣ ਦਾ ਮੌਕਾ ਮਿਲਿਆ ਹੈ।ਇਸ ਨਿਯੁਕਤੀ 'ਤੇ ਕੰਵਲਜੀਤ ਸਿੰਘ ਸੋਹੀ ਵੱਲੋਂ ਭਾਈ ਜਸਕਰਨ ਸਿੰਘ ਰਿਆੜ ਨੂੰ ਵਧਾਈ ਦਿੱਤੀ ਗਈ ਅਤੇ ਆਸ ਪ੍ਰਗਟਾਈ ਗਈ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਨਿਭਾਉਣਗੇ।

ਅਰਜਨ ਮਾਂਗਾ ਵਿਖੇ ਚੈਰੀਟੇਬਲ ਲੈਬੋਰਟਰੀ ਦਾ ਮੁ.ਫਤ ਜਾਂਚ ਕੈਂਪ ਲਗਾਇਆ



ਬਿਆਸ (ਪਰਮਜੀਤ ਸਿੰਘ ਰੱਖੜਾ)- ਗੁਰਦੁਆਰਾ ਬਾਬਾ ਮਰਹਾਣਾ ਸਾਹਿਬ ਜੀ ਪਿੰਡ ਅਰਜਨ ਮਾਂਗਾ ਤਹਿਸੀਲ ਬਾਬਾ ਬਕਾਲਾ ਸਾਹਿਬ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਮਿਸ਼ਨ ਸਿਹਤਮੰਦ ਪੰਜਾਬ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਚੈਰੀਟੇਬਲ ਲੈਬੋਰਟਰੀ ਦਾ ਮੁਫ਼ਤ ਜਾਂਚ ਕੈਂਪ ਗੁਰਦੁਆਰਾ ਸਾਹਿਬ ਜੀ ਸਮੂਹ ਕਮੇਟੀ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਲਗਾਇਆ ਗਿਆ ।ਲਾਈਫ ਕੇਅਰ ਫਾਊਂਡੇਸ਼ਨ ਦੇ ਯੂਨਿਟ ਮੈਨੇਜਰ ਪਰਮਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਫ੍ਰੀ ਜਾਂਚ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲਗਾਇਆ ਗਿਆ ।ਇਸ ਕੈਂਪ ਵਿੱਚ 75 ਲੋੜਵੰਦ ਮਰੀਜ਼ਾਂ ਦੇ ਕਿਡਨੀ ਦੇ 5 ਟੈਸਟ ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕ੍ਰਿਏਟੀਨਿਨ , ਬਲੱਡ ਯੂਰੀਆ ਕ੍ਰਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗੁਲੂਕੋਜ਼ / ਸ਼ੂਗਰ ਦਾ ਇੱਕ ਟੈਸਟ , ਬਿੱਲਕੁਲ ਮੁਫ਼ਤ ਕੀਤੇ ਗਏ ਅਤੇ ਬਾਕੀ ਦੇ ਟੈਸਟ ਬਜ਼ਾਰ ਨਾਲੋਂ 75% ਘੱਟ ਰੇਟ 'ਤੇ ਕੀਤੇ ਗਏ । ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਚੈਰੀਟੇਬਲ ਲੈਬੋਰਟਰੀਆਂ ਦੇ ਬਲੱਡ ਸੈਂਪਲ ਕੁਲੈਕਸ਼ਨ ਸੈਂਟਰਾਂ ਤੇ ਸਾਰਾ ਮਹੀਨਾ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਖੁੱਲ੍ਹਦੇ ਹਨ ਜਿੱਥੇ ਲੋੜਵੰਦ ਵਿਅਕਤੀ ਬਹੁਤ ਹੀ ਘੱਟ ਰੇਟ ਤੇ ਆਪਣੇ ਖ਼ੂਨ ਦੇ ਟੈਸਟ ਕਰਵਾ ਸਕਦੇ ਹਨ । ਕੈਂਪ ਦੀ ਸਮਾਪਤੀ ਦੌਰਾਨ ਮੋਹਤਬਰਾਂ ਵੱਲੋਂ ਲਾਈਫ ਕੇਅਰ ਫਾਊਂਡੇਸ਼ਨ ਦੀ ਸਮੁੱਚੀ ਟੀਮ ਨੂੰ ਗੁਰੂ ਸਾਹਿਬ ਦੀ ਤਸਵੀਰ ਵਾਲੇ ਸਨਮਾਨ ਚਿੰਨ੍ਹ ਅਤੇ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ ।

ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਸਾਲਾਨਾ ਖੇਡਾਂ 'ਚ ਬੱਚਿਆਂ ਦਾ ਸ਼ਾਨਦਾਰ ਪ੍ਰਦਰਸ਼ਨ

ਧਾਰੀਵਾਲ, (ਮਨਦੀਪ ਵਿੱਕੀ)- ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਸਲਾਨਾ ਖੇਡਾਂ ਕਰਵਾਈਆਂ ਗਈਆਂ। ਇਸ ਸਬੰਧੀ ਸਕੂਲ ਪ੍ਰਿੰਸੀਪਲ ਸ: ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਸਕੂਲ ਵਿੱਚ ਬਣੇ ਲੀਗਲ ਲੀਟਰੇਸੀ ਕਲੱਬ ਅਤੇ ਬੱਡੀ ਗਰੁੱਪ ਵੱਲੋਂ ਕਰਵਾਈਆਂ ਗਈਆਂ ਇਹਨਾ ਖੇਡਾਂ ਵਿੱਚ ਬਨੈਨਾ ਰੇਸ ਵਿੱਚੋਂ ਜਸਨੀਤ ਕੌਰ ਨੇ ਪਹਿਲਾ, ਮਨਕੀਰਤ ਤੇ ਗੁਰਕੀਰਤ ਕੌਰ ਨੇ ਦੂਜਾ ਅਤੇ ਹਰੂਨ ਤੇ ਗੁਰਫਤਹਿ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਪੂਨ ਰੇਸ ਵਿੱਚੋਂ ਤਮਨਪ੍ਰੀਤ ਕੌਰ ਤੇ ਚਾਹਤਪ੍ਰੀਤ ਕੌਰ ਨੇ ਪਹਿਲਾ, ਹਰਲੀਨ ਕੌਰ ਤੇ ਤਵਨੀਰ ਕੌਰ ਨੇ ਦੂਜਾ ਅਤੇ ਜਸਨੂਰ ਕੌਰ ਤੇ ਗੁਰਸਾਹਿਬਜੀਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪੇਪਰ ਕੱਪ ਰੇਸ ਵਿੱਚ ਮਨਜੋਤ ਭਗਤ, ਸੁਖਮਨਦੀਪ ਕੌਰ, ਸੁਖਦੀਪ ਸਿੰਘ, ਜਸਲੀਨ ਕੌਰ ਤੇ ਤਾਨੀਆ ਨੇ ਪਹਿਲਾ, ਗੁਰਸਾਹਿਬਜੀਤ ਸਿੰਘ, ਅੰਮ੍ਰਿਤ ਕੌਰ ਤੇ ਸਾਂਚੀ ਨੇ ਦੂਜਾ ਅਤੇ ਚਾਹਤਪ੍ਰੀਤ ਕੌਰ, ਸਮਰੀਤ ਕੌਰ ਤੇ ਗੁਰਤੇਜ ਸਿੰਘ ਖਾਲਸਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਫਰਾਗ ਰੇਸ ਵਿੱਚ ਸਹਿਜਪ੍ਰੀਤ ਸਿੰਘ ਨੇ ਪਹਿਲਾ, ਸੁਖਮੀਤ ਸਿੰਘ ਨੇ ਦੂਜਾ ਤੇ ਏਕਮਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 100 ਮੀ: ਰੇਸ ਲੜਕੇ ਤੇ ਲੜਕੀਆਂ ਦੇ ਸਬ-ਜੂਨੀਅਰ, ਜੂਨੀਅਰ ਤੇ ਸੀਨੀਅਰ ਗਰੁੱਪਾਂ ਵਿੱਚੋਂ ਈਸ਼ਾ ਸ਼ਰਮਾ, ਮਨਜੋਤ ਭਗਤ, ਦਿਲਪ੍ਰੀਤ ਕੌਰ ਤੇ ਗੁਰਨੂਰਪ੍ਰੀਤ ਸਿੰਘ ਨੇ ਪਹਿਲਾ ; ਜਸਲੀਨ ਕੌਰ, ਚਾਹਤਪ੍ਰੀਤ ਕੌਰ, ਸੋਫੀਆ ਤੇ ਅਰਮਾਨਦੀਪ ਸਿੰਘ ਨੇ ਦੂਜਾ ; ਸੁਖਮਨਦੀਪ ਕੌਰ, ਗੁਰਸਾਹਿਬ ਸਿੰਘ, ਸਹਿਜਦੀਪ ਕੌਰ ਤੇ ਅਰਮਾਬਨ ਗਿੱਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 200 ਮੀ: ਰੇਸ ਵਿੱਚ ਲੜਕੇ ਅਤੇ ਲੜਕੀਆਂ ਦੇ ਜੂਨੀਅਰ ਤੇ ਸੀਨੀਅਰ ਗਰੁੱਪ ਵਿੱਚੋਂ ਸਹਿਜਪ੍ਰੀਤ ਸਿੰਘ, ਸ਼ਿਵਨਿਆ,



ਹਰਨੀਤ, ਈਸ਼ਿਕਾ ਨੇ ਪਹਿਲਾ; ਗੁਰਸ਼ਰਨਦੀਪ ਸਿੰਘ, ਸਿਮਰਨਜੀਤ ਕੌਰ ਨੇ ਦੂਜਾ; ਸਹਿਜਪ੍ਰੀਤ ਸਿੰਘ, ਸੁਪਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 400 ਮੀ: ਰੇਸ ਲੜਕਿਆਂ ਵਿੱਚੋਂ ਹਰਕੀਰਤ ਸਿੰਘ ਨੇ ਪਹਿਲਾ; ਦਿਲਸਾਹਿਬ ਸਿੰਘ ਨੇ ਦੂਜਾ ਤੇ ਮਨਵੀਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 800 ਮੀ: ਰੇਸ ਲੜਕਿਆਂ ਵਿਚੋਂ ਸੁਖਜਿੰਦਰ ਸਿੰਘ ਨੇ ਪਹਿਲਾ; ਗੁਰਕਰਨ ਸਿੰਘ ਨੇ ਦੂਜਾ ਤੇ ਸੂਰਜਦੀਪ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲੌਂਗ ਜੰਪ ਵਿਚ ਆਪੋ ਆਪਣੇ ਗਰੁੱਪਾਂ ਵਿੱਚੋਂ ਐਸ਼ਪ੍ਰੀਤ ਸਿੰਘ, ਸਿਮਰਨਜੀਤ ਕੌਰ, ਮਨਿੰਦਰ ਗਿੱਲ ਨੇ ਪਹਿਲਾ; ਸਹਿਜਪ੍ਰੀਤ ਸਿੰਘ, ਸੀਰਤ, ਹਰਕੀਰਤ ਸਿੰਘ ਨੇ ਦੂਜਾ; ਜਸਵਿੰਦਰ ਗਿੱਲ, ਗੁਰਨੌਰ ਸਿੰਘ, ਸੁਪਰੀਤ ਕੌਰ, ਮਾਹੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 1600 ਮੀਟਰ ਰੇਸ ਲੜਕੇ ਤੇ ਲੜਕੀਆਂ ਦੇ ਸਬ-ਜੂਨੀਅਰ, ਜੂਨੀਅਰ ਤੇ ਸੀਨੀਅਰ ਗਰੁੱਪਾਂ ਵਿਚੋਂ ਮਨਵੀਰ ਸਿੰਘ, ਨਿਤਿਸ਼ ਕੁਮਾਰ, ਜਸ਼ਨਦੀਪ ਕੌਰ, ਹਰਕੀਰਤ ਸਿੰਘ ਤੇ ਮਨਜੋਤ ਭਗਤ ਨੇ ਪਹਿਲਾ, ਅਰਮਾਨਦੀਪ ਸਿੰਘ, ਸੁਖਮਨਦੀਪ ਕੌਰ, ਬਿਪਨਸਵਰੂਪ ਸਿੰਘ, ਗੁਰਨੂਰ ਸਿੰਘ, ਤੇ ਗੁਰਸਾਹਿਬਜੀਤ ਸਿੰਘ ਨੇ ਦੂਜਾ, ਮਨਰਾਜ ਸਿੰਘ, ਮਨਵੀਰ ਸਿੰਘ, ਸੀਰਤਦੀਪ ਕੌਰ, ਨਵਜੋਤ, ਜੋਇਲ ਮੱਟੂ ਤੇ ਸਾਂਚੀ ਨੇ ਤੀਜਾ ਸਥਾਨ ਹਾਸਿਲ ਕੀਤਾ। ਹਾਈ ਜੰਪ ਵਿਚ ਮਨਿੰਦਰ ਗਿੱਲ, ਸੁਖਮਨਦੀਪ ਕੌਰ, ਸਹਿਜਦੀਪ ਸਿੰਘ ਤੇ ਹਸਰਤਪ੍ਰੀਤ ਕੌਰ ਨੇ ਪਹਿਲਾ, ਰਾਜਬੀਰ ਸਿੰਘ, ਈਸ਼ਿਕਾ, ਏਕਮਦੀਪ ਸਿੰਘ ਤੇ ਸੁਖਮਨਦੀਪ ਕੌਰ ਨੇ ਦੂਜਾ, ਹਰਕੀਰਤ ਸਿੰਘ, ਸਿਮਰਨਜੀਤ ਕੌਰ, ਹਸਰਤਪ੍ਰੀਤ ਕੌਰ, ਸਹਿਜਪ੍ਰੀਤ ਸਿੰਘ, ਜਸਵਿੰਦਰ ਗਿੱਲ, ਸਿਮਰਨਜੀਤ ਕੌਰ ਤੇ ਹਰਪ੍ਰਤਾਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸੈਕ ਰੇਸ ਵਿਚ ਸਿਮਰਨਜੀਤ ਕੌਰ, ਏਕਮਦੀਪ ਸਿੰਘ ਨੇ ਪਹਿਲਾ, ਸੀਰਤ, ਜਸਕੀਰਤ ਸਿੰਘ ਨੇ ਦੂਜਾ, ਨਵਜੋਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਡੱਕ ਵਾਕ ਵਿਚ ਦਮਨਪ੍ਰੀਤ ਸਿੰਘ ਤੇ ਸਿਮਰਨਜੀਤ ਕੌਰ ਨੇ ਪਹਿਲਾ, ਏਕਮਦੀਪ ਸਿੰਘ ਤੇ ਨਵਜੋਤ ਨੇ ਦੂਜਾ, ਤਰਸਦੀਪ ਸਿੰਘ, ਰੀਤ ਤੇ ਜਸ਼ਨਦੀਪ ਸਿੰਗ ਨੇ ਤੀਜਾ ਸਥਾਨ ਹਾਸਿਲ ਕੀਤਾ।

ਥ੍ਰੀ ਲੈੱਗ ਰੇਸ ਵਿੱਚ ਈਸ਼ਿਕਾ ਤੇ ਸਿਮਰਨਜੀਤ ਕੌਰ, ਸ਼ਿਵਨਿਆ ਤੇ ਗੁਰਨੂਰ ਕੌਰ, ਏਕਮਨੂਰ ਸਿੰਘ ਤੇ ਮਨਵੀਰ ਸਿੰਘ, ਪਵਨੀਤ ਕੌਰ ਤੇ ਪ੍ਰਨਵਦੀਪ ਕੌਰ ਨੇ ਪਹਿਲਾ, ਅਮਨਦੀਪ ਕੌਰ ਤੇ ਜਸਮੀਤ ਕੌਰ, ਨਵਨੀਤ ਕੌਰ ਤੇ ਪੁਨੀਤ ਕੌਰ, ਗੁਰਨੂਰ ਤੇ ਹਰਜਸਪ੍ਰੀਤ ਕੌਰ ਮਨਰਾਜ ਸਿੰਘ ਤੇ ਅੰਮ੍ਰਿਤਪਾਲ ਸਿੰਘ ਨੇ ਦੂਜਾ, ਅਜਾਦਪ੍ਰੀਤ ਕੌਰ ਤੇ ਜੀਆ, ਸਹਿਜਪ੍ਰੀਤ ਕੌਰ ਤੇ ਹਰਸੀਰਤ ਕੌਰ, ਆਰਵ ਤੇ ਸਹਿਜਦੀਪ ਸਿੰਘ, ਸੋਫੀਆ ਤੇ ਸਹਿਜਦੀਪ ਸਿੰਘ, ਦਿਲਪ੍ਰੀਤ ਕੌਰ ਤੇ ਹਰਕੀਰਤ ਕੌਰ, ਅਮਨਦੀਪ ਤੇ ਹਰਗੁਨ ਸਿੰਘ ਅਤੇ ਮਾਹੀ ਤੇ ਸੀਰਤ ਨੇ ਤੀਜਾ ਸਥਾਨ ਹਾਸਿਲ ਕੀਤਾ। ਸ਼ਾਟਪੁੱਟ ਵਿਚ ਸਹਿਜਪ੍ਰੀਤ ਸਿੰਘ, ਪ੍ਰਾਵਿਤ ਕਪਿਲ ਤੇ ਅਮਨਦੀਪ ਕੌਰ ਨੇ ਪਹਿਲਾ; ਸੁਖਪ੍ਰੀਤ ਸਿੰਘ, ਮਨਿੰਦਰ ਗਿੱਲ ਤੇ ਜਸਮੀਤ ਕੌਰ ਨੇ ਦੂਜਾ; ਜਸਵਿੰਦਰ ਗਿੱਲ, ਓਂਕਾਰਦੀਪ ਸਿੰਘ, ਬਿਪਨਸਵਰੂਪ ਸਿੰਘ ਤੇ ਮਾਨਵੀ ਸ਼ਰਮਾ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਤੇ ਸਕੂਲ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ। ਸਕੂਲ ਡਾਇਰੈਕਟਰ ਡਾ. ਮਹਿੰਦਰਪਾਲ ਸਿੰਘ ਕਲੇਰ,ਪ੍ਰਧਾਨ ਰਣਜੀਤ ਕੌਰ, ਡਾ: ਸ਼ਰਨਜੀਤ ਸਿੰਘ ਅਤੇ ਡਾ: ਕਮਲਪ੍ਰੀਤ ਕੌਰ ਨੇ ਜੇਤੂ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਅਗਾਂਹ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਪੰਜਾਬ ਸਾਹਿਤਕ ਮੰਚ ਤੇ ਵਿਰਸਾ ਵਿਹਾਰ ਵੱਲੋਂ ਬੱਦਨ ਤੇ ਕੈਸਰ ਦਾ ਸਨਮਾਨ

ਬੁਤਾਲਾ (ਨਿਰਮਲ ਸਿੰਘ ਸੰਘਾ)- ਪੰਜਾਬ ਸਾਹਿਤਕ ਮੰਚ ਜਲੰਧਰ ਅਤੇ ਵਿਹਾਰ ਵਿਹਾਰ ਜਲੰਧਰ ਵੱਲੋਂ ਨਵੰਬਰ ਮਹੀਨੇ ਦਾ ਕਵੀ ਦਰਬਾਰ ਵਿਰਸਾ ਵਿਹਾਰ ਭਗਤ ਨਾਮ ਦੇਵ ਚੌਂਕ ਜਲੰਧਰ ਵਿਖੇ ਕਰਵਾਇਆ ਗਿਆ, ਜਿਸ ਵਿੱਚ ਨੈਸ਼ਨਲ ਬੁੱਕ ਟਰੱਸਟ ਇੰਡੀਆ ਦੇ ਸਾਬਕਾ ਡਾਇਰੈਕਟਰ ਬਲਦੇਵ ਸਿੰਘ ਬੱਦਨ ਬਤੌਰ ਮੁੱਖ ਮਹਿਮਾਨ ਅਤੇ ਪੰਜਾਬ ਸਾਹਿਤਕ ਮੰਚ ਜਲੰਧਰ ਦੇ ਮੈਂਬਰ ਕੀਮਤੀ ਕੈਸਰ ਵਿਸ਼ੇਸ਼ ਮਹਿਮਾਨ ਰਹੇ।



ਪ੍ਰਧਾਨਗੀ ਮੰਡਲ ਵਿੱਚ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦੇ ਨਾਲ ਨਾਲ ਵਿਰਸਾ ਵਿਹਾਰ ਦੇ ਵਾਇਸ ਚੇਅਰਮੈਨ ਸੰਗਤ ਰਾਮ, ਮੰਚ ਦੇ ਚੇਅਰਮੈਨ ਅਵਤਾਰ ਸਿੰਘ ਬੈਂਸ, ਮੰਚ ਦੇ ਉੱਪ ਪ੍ਰਧਾਨ ਸੁਖਦੇਵ ਸਿੰਘ ਗੰਢਵਾਂ ਸੁਸ਼ੋਭਿਤ ਸਨ।ਸਟੇਜ ਸਕੱਤਰ ਦੀ ਭੂਮਿਕਾ ਮੰਚ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ ਜਿੰਦੀ ਅਤੇ ਖਜ਼ਾਨਚੀ ਅਮਰ ਸਿੰਘ ਅਮਰ ਨੇ ਨਿਭਾਈ।ਮੰਚ ਦੇ ਉੱਪ ਪ੍ਰਧਾਨ ਸੁਖਦੇਵ ਸਿੰਘ ਗੰਢਵਾਂ ਵੱਲੋਂ ਸਭ ਦਾ ਸਵਾਗਤ ਕਰਦੇ ਹੋਏ ਆਪਣੀ ਰਚਨਾ ਨਾਲ ਹਾਜ਼ਰੀ ਲਗਾ ਕੇ ਕਵੀ ਦਰਬਾਰ ਦੀ ਆਰੰਭਤਾ ਕੀਤੀ ਗਈ ਅਤੇ ਅੰਤ ਵਿੱਚ ਵਿਰਸਾ ਵਿਹਾਰ ਦੇ ਵਾਇਸ ਚੇਅਰਮੈਨ ਸੰਗਤ ਰਾਮ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।ਮੰਚ ਦੇ ਪ੍ਰਧਾਨ ਕੁਲਵਿੰਦਰ ਸਿੰਘ ਗਾਖਲ ਵੱਲੋਂ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦੀਆਂ ਸਾਹਿਤਕ ਪ੍ਰਾਪਤੀਆਂ ਦੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਸਮੇਂ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦਾ ਸਨਮਾਨ ਸਨਮਾਨ ਚਿੰਨ੍ਹਾਂ ਨਾਲ ਕੀਤਾ ਗਿਆ।ਹਰਬੰਸ ਸਿੰਘ ਕਲਸੀ, ਹਰਦੀਪ ਕੌਰ ਬੈਂਸ, ਗੁਰਿੰਦਰ ਸਿੰਘ ਬੈਂਸ ਅਤੇ ਮਨਿੰਦਰ ਕੌਰ ਬੈਂਸ ਦਾ ਸਨਮਾਨ ਸਨਮਾਨ ਸਰਟੀਫਿਕੇਟਾਂ ਨਾਲ ਕੀਤਾ ਗਿਆ।ਇਸ ਸਮੇਂ ਲਾਲੀ ਕਰਤਾਰਪੁਰੀ, ਦਲਜੀਤ ਮਹਿਮੀ, ਨਾਨਕ ਚੰਦ ਵਸ਼ਿਸ਼ਟ, ਸਾਹਿਬਾ ਜੀਟਨ ਕੌਰ ਅਤੇ ਮੈਡਮ ਅਨੀਤਾ ਸ਼ਰਮਾ ਦਾ ਵਿਸ਼ੇਸ਼ ਸਹਿਯੋਗ ਰਿਹਾ।ਇਸ ਸਮੇਂ ਕਰਵਾਏ ਗਏ ਕਵੀ ਦਰਬਾਰ ਵਿੱਚ ਬਲਦੇਵ ਸਿੰਘ ਬੱਦਨ, ਕੀਮਤੀ ਕੈਸਰ, ਅਵਤਾਰ ਸਿੰਘ ਬੈਂਸ, ਸੰਗਤ ਰਾਮ, ਕੁਲਵਿੰਦਰ ਸਿੰਘ ਗਾਖਲ ਸਟੇਟ ਅਵਾਰਡੀ, ਹਰਜੀਤ ਕੌਰ ਮਾਵੀ, ਸੁਖਦੇਵ ਸਿੰਘ ਗੰਢਵਾਂ, ਨਾਨਕ ਚੰਦ ਵਸ਼ਿਸ਼ਟ, ਹਰਜਿੰਦਰ ਸਿੰਘ ਜਿੰਦੀ, ਲਾਲੀ ਕਰਤਾਰਪੁਰੀ, ਅਮਰ ਸਿੰਘ ਅਮਰ, ਹਰਬੰਸ ਸਿੰਘ ਕਲਸੀ, ਮਨੋਜ ਫਗਵਾੜਵੀ, ਹੀਰਾ ਲਾਲ ਮਲਹੋਤਰਾ, ਤਰਸੇਮ ਜਲਭੈ, ਜਗਤਾਰ ਸਿੰਘ ਝੰਮਟ, ਵਰਿੰਦਰ ਲਾਲੀ, ਪਰਮਦਾਸ ਹੀਰ, ਇੰਦਰ ਸਿੰਘ ਮਿਸ਼ਰੀ, ਦਲਜੀਤ ਮਹਿਮੀ, ਅਜੀਤ ਸਿੰਘ ਪੁਸ਼ਪ, ਮਨਿੰਦਰ ਕੌਰ ਬੈਂਸ, ਹਰਦੀਪ ਕੌਰ ਬੈਂਸ, ਹਰਦੀਪ ਕੌਰ, ਗੁਰਿੰਦਰ ਸਿੰਘ ਬੈਂਸ, ਹਰਨਿਵਾਜ ਸਿੰਘ, ਭਗਵੰਤ ਸਿੰਘ, ਅਨੀਤਾ ਸ਼ਰਮਾ, ਪੀ ਕੇ ਗਾਂਧੀ, ਪੀ ਕੇ ਸ਼ੋਕਰਾ, ਸੁਰਿੰਦਰ ਗੁਲਸ਼ਨ, ਰਣਜੀਤ ਅਤੇ ਹੋਰ ਸਾਹਿਤਕਾਰਾਂ ਨੇ ਆਪਣੀਆਂ ਉਮਦਾਂ ਰਚਨਾਵਾਂ ਰਾਹੀਂ ਹਾਜ਼ਰੀ ਲਗਵਾਈ।ਪ੍ਰੋਗਰਾਮ ਦਾ ਸਿੱਧਾ ਪ੍ਰਸਾਰਨ ਪੰਜਾਬ ਦੇ ਲਿਖਾਰੀ ਯੂ ਟਿਊਬ ਚੈਨਲ 'ਤੇ ਕੀਤਾ ਗਿਆ।

ਵਿੱਤੀ ਜਾਗਰੂਕਤਾ ਸੰਬੰਧੀ ਸੈਮੀਨਾਰ ਕਰਵਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਵਿਖੇ 'ਵਿੱਤੀ ਜਾਗਰੂਕਤਾ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੇ ਸਹਿਯੋਗ ਨਾਲ ਇਹ ਪ੍ਰੋਗਰਾਮ ਐਡਵਾਈਜ਼ਰਜ਼ ਸਕਿੱਲ ਡਿਵੈਲਪਮੈਂਟ ਆਰਗੇਨਾਈਜ਼ੇਸ਼ਨ, ਪੁਣੇ ਵੱਲੋਂ ਆਯੋਜਿਤ ਕੀਤਾ ਗਿਆ। ਇਸ ਸੰਬੰਧੀ ਡਾ. ਵਰਮਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸੈਮੀਨਾਰ ਦੌਰਾਨ ਦੋ ਅਹਿਮ ਸੈਸ਼ਨ ਕਰਵਾਏ ਗਏ, ਜਿਨ੍ਹਾਂ 'ਚ ਫਾਈਨੈਂਸ਼ੀਅਲ ਵੈੱਲਨੈੱਸ ਐਨਹਾਂਸਮੈਂਟ ਪ੍ਰੋਗਰਾਮ ਅਧੀਨ ਨੌਜਵਾਨਾਂ ਲਈ 'ਵਿੱਤੀ ਅਨੁਸ਼ਾਸਨ' ਅਤੇ ਅਧਿਆਪਕਾਂ ਲਈ 'ਟੀਚਰ ਕੀ ਪਾਠਸ਼ਾਲਾ: ਵਿੱਤੀ ਅਨੁਸ਼ਾਸਨ ਅਤੇ ਦੌਲਤ ਸਿਰਜਣ ਦੀਆਂ ਆਦਤਾਂ' ਵਿਸ਼ੇ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸੈਸ਼ਨਾਂ ਦਾ ਮੁੱਖ ਉਦੇਸ਼ ਭਵਿੱਖ 'ਚ ਪੇਸ਼ੇਵਰ ਜੀਵਨ 'ਚ ਪ੍ਰਵੇਸ਼ ਕਰਨ ਜਾ ਰਹੇ ਵੈਟਰਨਰੀ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਨਿੱਜੀ ਵਿੱਤੀ ਪ੍ਰਬੰਧਨ, ਪੈਸੇ ਦੀ ਸੁਚੱਜੀ ਵਰਤੋਂ ਅਤੇ ਲੰਬੇ ਸਮੇਂ ਲਈ ਆਰਥਿਕ ਸੁਰੱਖਿਆ ਯਕੀਨੀ ਬਣਾਉਣ ਸਬੰਧੀ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ, ਜਿਸ 'ਚ ਸਮੂਹ ਫੈਕਲਟੀ ਮੈਂਬਰਾਂ ਅਤੇ ਚੌਥੇ ਸਾਲ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਉਨ੍ਹਾਂ ਕਿਹਾ ਕਿ ਸੈਮੀਨਾਰ ਦੌਰਾਨ ਪੇਸ਼ੇਵਰ ਜੀਵਨ 'ਚ ਵਿੱਤੀ ਸਾਖਰਤਾ ਦੀ ਮਹੱਤਤਾ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਸ ਮੌਕੇ ਉਕਤ ਆਰਗੇਨਾਈਜ਼ੇਸ਼ਨ ਦੇ ਮਾਹਿਰਾਂ ਨੇ ਬਜਟ ਬਣਾਉਣ, ਬੱਚਤ ਕਰਨ, ਨਿਵੇਸ਼ ਕਰਨ ਅਤੇ ਜੀਵਨ ਦੇ ਵੱਖ-ਵੱਖ ਪੜਾਵਾਂ ਅਨੁਸਾਰ ਸਿਹਤਮੰਦ ਵਿੱਤੀ ਆਦਤਾਂ ਅਪਣਾਉਣ ਸੰਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਕਿਹਾ ਕਿ ਸੈਮੀਨਾਰ ਦਾ ਸੰਚਾਲਨ ਅਨੀਤਾ ਸੈਣੀ ਵੱਲੋਂ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸਵਾਲਾਂ ਅਤੇ ਸ਼ੰਕਿਆਂ ਦੇ ਮਾਹਿਰਾਂ ਵੱਲੋਂ ਮੌਕੇ 'ਤੇ ਹੀ ਢੁੱਕਵੇਂ ਅਤੇ ਸੰਤੋਸ਼ਜਨਕ ਜਵਾਬ ਦਿੱਤੇ ਗਏ। ਇਸ ਮੌਕੇ ਡਾ. ਵਰਮਾ ਨੇ ਕਿਹਾ ਕਿ ਇਹ ਉਪਰਾਲਾ ਕਾਲਜ ਵਿਦਿਆਰਥੀਆਂ ਅਤੇ ਸਟਾਫ਼ ਦੇ ਸਰਵਪੱਖੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਅਕਾਦਮਿਕ ਅਤੇ ਪੇਸ਼ੇਵਰ ਸਿੱਖਿਆ ਦੇ ਨਾਲ-ਨਾਲ ਵਿੱਤੀ ਸਿਹਤ ਵਰਗੇ ਮਹੱਤਵਪੂਰਨ ਜੀਵਨ ਹੁਨਰਾਂ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ।



ਸਿਵਲ ਹਸਪਤਾਲ ਬੱਬਰੀ ਵਿਖੇ ਲੈਵਲ ਟੂ ਸਕੈਨ ਦੀ ਸਹੂਲਤ ਨਾ ਮਿਲਣ ਕਾਰਨ ਗਰਭਵਤੀ ਔਰਤਾਂ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ) ਸਿਵਲ ਹਸਪਤਾਲ ਬੱਬਰੀ ਗੁਰਦਾਸਪੁਰ ਵਿਖੇ ਗਰਭਵਤੀ ਮਹਿਲਾਵਾਂ ਦੀ ਸਹੂਲਤ ਲਈ ਲੈਵਲ ਟੂ ਸਕੈਨ ਜੋ ਪੰਜਵੇਂ ਮਹੀਨੇ ਵਿੱਚ ਹੋਣੀ ਅਤਿ ਜ਼ਰੂਰੀ ਹੁੰਦੀ ਹੈ, ਉਸ ਦੀ ਸਹੂਲਤ ਨਾ ਮਿਲਣ ਕਰਕੇ ਲੋਕਾਂ ਨੂੰ ਬਾਹਰੋਂ ਪ੍ਰਾਈਵੇਟ ਸਕੈਨ ਸੈਂਟਰਾਂ ਤੋਂ ਮਹਿੰਗੇ ਭਾਅ 'ਤੇ ਸਕੈਨ ਕਰਵਾਉਣ ਲਈ ਮਜਬੂਰ ਹੋਣਾ ਪੈਂਦਾ ਹੈ। ਇਸ ਸਬੰਧੀ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ ਵਿੱਚ ਕੁਝ ਗਰਭਵਤੀ ਮਹਿਲਾਵਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਲੈਵਲ ਟੂ ਸਕੈਨ ਕਰਵਾਉਣ ਲਈ ਬਾਹਰਲੇ ਪ੍ਰਾਈਵੇਟ ਸੈਂਟਰਾਂ ਵਿੱਚ ਜਾਣਾ ਪੈਂਦਾ ਹੈ ਜਿੱਥੇ ਕਾਫੀ ਪੈਸੇ ਖਰਚ ਕਰਕੇ ਉਨ੍ਹਾਂ ਨੂੰ ਇਹ ਸਕੈਨ ਕਰਵਾਉਣੀ ਪੈਂਦੀ ਹੈ। ਉਨ੍ਹਾਂ ਦੱਸਿਆ ਕਿ ਸਿਹਤ ਸਹੂਲਤਾਂ ਦੇ ਦਾਅਵੇ ਕਰਨ ਵਾਲੀ 'ਆਪ' ਸਰਕਾਰ ਦੇ ਰਾਜ ਵਿੱਚ ਵੀ ਗਰਭਵਤੀ ਮਹਿਲਾਵਾਂ ਨੂੰ ਇਹ ਸਹੂਲਤ ਨਾ ਮਿਲਣ ਕਾਰਨ ਸਰਕਾਰ ਦੇ ਦਾਅਵੇ ਖੋਖਲੇ ਸਾਬਤ ਹੁੰਦੇ ਨਜ਼ਰ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਕੁਝ ਗਰੀਬ ਤਬਕੇ ਦੇ ਲੋਕ ਜੋ ਕੇਵਲ 600 ਰੁਪਏ ਦਿਹਾੜੀ ਕਰਕੇ ਆਪਣਾ ਪਰਿਵਾਰ ਚਲਾ ਰਹੇ ਹਨ, ਉਨ੍ਹਾਂ ਲਈ ਮਹਿੰਗੇ ਭਾਅ 'ਤੇ ਸਕੈਨ ਕਰਵਾਉਣਾ ਮੁਸ਼ਕਿਲ ਹੋ ਜਾਂਦਾ ਹੈ। ਗਰਭਵਤੀ ਔਰਤਾਂ ਦੱਸਿਆ ਕਿ ਸਿਵਲ ਹਸਪਤਾਲ ਬੱਬਰੀ ਗੁਰਦਾਸਪੁਰ ਵਿਖੇ ਕੇਵਲ ਸਿੰਪਲ ਸਕੈਨਾ ਹੀ ਹੁੰਦੀਆਂ ਹਨ ਜਦੋਂ ਕਿ ਲੈਵਲ ਟੂ ਸਕੈਨ ਦੀ ਸਹੂਲਤ ਅਜੇ ਤੱਕ ਨਹੀਂ ਮਿਲ ਰਹੀ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਦੇ ਪ੍ਰਾਈਵੇਟ ਸਕੈਨ ਸੈਂਟਰਾਂ ਤੋਂ ਪਤਾ ਕਰਨ 'ਤੇ ਲੈਵਲ ਟੂ ਸਕੈਨ ਦੀ ਕੀਮਤ 2800 ਰੁਪਏ ਤੋਂ ਲੈ ਕੇ 3500 ਰੁਪਏ ਤੱਕ ਦੱਸੀ ਜਾਂਦੀ ਹੈ ਅਤੇ ਲੋਕਾਂ ਨੂੰ ਮਜਬੂਰਨ ਇਨ੍ਹਾਂ ਨਿੱਜੀ ਸੈਂਟਰਾਂ ਤੋਂ ਸਕੈਨ ਕਰਵਾਉਣੀ ਪੈਂਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਕੈਨ ਲਈ ਕੋਈ ਪੱਕਾ ਰੇਟ ਨਿਸ਼ਚਿਤ ਨਹੀਂ ਕੀਤਾ ਗਿਆ ਜਦੋਂ ਕਿ ਕੁਝ ਸਕੈਨ ਸੈਂਟਰਾਂ ਵਾਲੇ ਇਸ ਸਕੈਨ ਦੇ 3500 ਅਤੇ ਕੁਝ ਸਕੈਨ ਸੈਂਟਰਾਂ ਵਾਲੇ 2800 ਰੁਪਏ ਸਕੈਨ ਦੇ ਲੈਂਦੇ ਹਨ। ਉਨ੍ਹਾਂ ਕਿਹਾ ਕਿ ਇਹ ਮਹਿੰਗੇ ਭਾਅ ਦੀ ਸਕੈਨ ਕਰਵਾਉਣ ਤੋਂ ਝਿਜਕਦੇ ਹੋਏ ਕੁਝ ਲੋਕ ਇਹ ਸਕੈਨ ਕਰਵਾਉਣ ਤੋਂ ਵਾਂਝੇ ਰਹਿ ਜਾਂਦੇ ਹਨ ਜਿਸ ਕਰਕੇ ਉਨ੍ਹਾਂ ਨੂੰ ਆਪਣੇ ਬੱਚੇ ਦੀ ਸਹੀ ਕੰਡੀਸ਼ਨ ਦਾ ਪਤਾ ਨਹੀਂ ਚੱਲਦਾ ਅਤੇ ਉਹ ਬਿਨਾਂ ਸਕੈਨ ਕਰਵਾਏ ਹੀ ਆਪਣਾ ਇਲਾਜ ਕਰਵਾਉਂਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਿਵਲ ਹਸਪਤਾਲ ਬੱਬਰੀ ਗੁਰਦਾਸਪੁਰ ਵਿਖੇ ਲੈਵਲ ਟੂ ਸਕੈਨ ਦੀ ਸਹੂਲਤ ਮਿਲ ਜਾਂਦੀ ਹੈ ਤਾਂ ਹਰ ਤਬਕੇ ਦੀਆਂ ਗਰਭਵਤੀ ਮਹਿਲਾਵਾਂ ਇਸ ਸਹੂਲਤ ਦਾ ਲਾਭ ਲੈ ਸਕਣਗੀਆਂ।

ਬੱਚਿਆਂ ਦੇ ਦਸਤਾਰ, ਦੁਮਾਲਾ, ਕਵਿਤਾ ਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ

ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਬਾਬਾ ਰਤਨ ਦੇਵ ਦੀ ਸਾਲਾਨਾ ਯਾਦ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕ ਕਮੇਟੀ, ਪ੍ਰਚਾਰਕ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਗੁਰਦੁਆਰਾ ਰਾਠੀਕੇ ਸਾਹਿਬ ਮਰਹਾਣਾ ਵਿਖੇ ਬੱਚਿਆਂ ਦੇ ਦਸਤਾਰ ਦੁਮਾਲਾ, ਗੁਰਬਾਣੀ ਕੰਠ ਅਤੇ ਕਵਿਤਾ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਪੰਜਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਲਗਭਗ 180 ਬੱਚਿਆਂ ਨੇ ਭਾਗ ਲਿਆ।

ਦਸਤਾਰ ਦੁਮਾਲਾ ਮੁਕਾਬਲੇ ਵਿੱਚ ਚਾਰ ਗਰੁੱਪ ਬਣਾਏ ਗਏ ਤੇ ਕਵਿਤਾ ਅਤੇ ਗੁਰਬਾਣੀ ਕੰਠ ਮੁਕਾਬਲੇ ਵਿੱਚ ਦੋ ਗਰੁੱਪ ਸੀਨੀਅਰ ਜੂਨੀਅਰ ਬਣਾਏ ਗਏ।ਕਵਿਤਾ ਮੁਕਾਬਲੇ ਜੂਨੀਅਰ ਗਰੁੱਪ ਵਿੱਚੋਂ ਅਵਨੀਤ ਕੌਰ ਨੇ ਪਹਿਲਾ, ਗੁਰਮੁਖ ਸਿੰਘ ਗੁਰੂ ਅਰਜਨ ਦੇਵ ਪਬਲਿਕ ਸਕੂਲ ਚੋਹਲਾ ਸਾਹਿਬ ਨੇ ਦੂਸਰਾ, ਮਹਿਕਪ੍ਰੀਤ ਕੌਰ ਸੰਤ ਬਾਬਾ ਤਾਰਾ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਭੱਠਲ ਸਹਿਜਾ ਸਿੰਘ ਨੇ ਤੀਸਰਾ ਅਤੇ ਸੀਨੀਅਰ ਗਰੁੱਪ ਵਿੱਚੋਂ ਰਵਨੀਤ ਕੌਰ ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਸੁਹਾਵਾ ਨੇ ਪਹਿਲਾ, ਖੁਸ਼ਦੀਪ ਕੌਰ ਗੁਰੂ ਅਰਜਨ ਦੇਵ ਖਾਲਸਾ ਸਕੂਲ ਚੋਹਲਾ ਸਾਹਿਬ ਅਤੇ ਰਾਜਦੀਪ ਕੌਰ ਸੰਤ ਬਾਬਾ ਤਾਰਾ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਭੱਠਲ ਸਹਿਜਾ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਦਮਨਪ੍ਰੀਤ ਕੌਰ ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਸੁਹਾਵਾ ਨੇ ਪਹਿਲਾਂ, ਗੁਰਨੂਰ ਸਿੰਘ ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਨੌਸ਼ਹਿਰਾ ਪੰਨੂਆਂ ਨੇ ਦੂਸਰਾ , ਹਰਪ੍ਰੀਤ ਸਿੰਘ ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਸੁਹਾਵਾ ਜਸਪ੍ਰੀਤ ਸਿੰਘ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਮਰਹਾਣਾ ਨੇ ਤੀਸਰਾ, ਅਰਮਾਨਦੀਪ ਸਿੰਘ ਗੁਰੂ ਅਰਜਨ ਦੇਵ ਪਬਲਿਕ ਸਕੂਲ ਚੋਹਲਾ ਸਾਹਿਬ ਨੇ ਵਿਸ਼ੇਸ਼, ਸੀਨੀਅਰ ਗਰੁੱਪ ਆਪਣੇ ਘਰੇ ਜਾ ਕੇ ਗੁਰਜਿੰਦਰ ਸਿੰਘ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਮਰਹਾਣਾ ਨੇ ਪਹਿਲਾ, ਗੁਰਸ਼ਰਨ ਸਿੰਘ ਗੁਰੂ ਅਰਜਨ ਦੇਵ ਪਬਲਿਕ ਸਕੂਲ ਚੋਲਾ ਸਾਹਿਬ ਨੇ ਦੂਸਰਾ, ਅਮਨਦੀਪ ਸਿੰਘ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਮਰਹਾਣਾ ਨੇ ਤੀਸਰਾ, ਸੁਖਮਨਪ੍ਰੀਤ ਸਿੰਘ ਜੁਗਰਾਜ ਸਿੰਘ ਗੁਰੂ ਅਰਜਨ ਦੇਵ ਸਕੂਲ ਚੋਹਲਾ ਸਾਹਿਬ ਸੰਤ ਤਾਰਾ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਭੱਠਲ ਸਹਿਜਾ ਸਿੰਘ ਨੇ ਵਿਸ਼ੇਸ਼ ਸਥਾਨ ਹਾਸਿਲ ਕਰਕੇ ਸਕੂਲ ਅਧਿਆਪਕ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਨ੍ਹਾਂ ਸਾਰਿਆਂ ਬੱਚਿਆਂ ਨੂੰ ਸ਼ੀਲਡਾਂ ਧਾਰਮਿਕ ਸਾਹਿਤ ਅਤੇ ਬਾਕੀ ਭਾਗ ਲੈਣ ਵਾਲੇ ਸਮੂਹ ਬੱਚਿਆਂ ਨੂੰ ਮੈਡਲ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ । ਸੋਸਾਇਟੀ ਵੱਲੋਂ ਉਚੇਚੇ ਤੌਰ 'ਤੇ ਪਹੁੰਚੇ ਭਾਈ ਜਗਜੀਤ ਸਿੰਘ ਅਹਿਮਦਪੁਰ, ਭਾਈ ਪਰਮਪਾਲ ਸਿੰਘ ਸਭਰਾ ਸਿੱਖ ਚਿੰਤਕ, ਭਾਈ ਹਰਚਰਨ ਸਿੰਘ ਉਬੋਕੇ ਭਾਈ ਤਸਵੀਰ ਸਿੰਘ ਮਰਹਾਣਾ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮਕਸਦ ਬੱਚਿਆਂ ਅੰਦਰ ਵੱਧ ਰਹੀਆਂ ਸਮਾਜਿਕ ਕੁਰੀਤੀਆਂ ਨੂੰ ਦੂਰ ਕਰਕੇ ਉਨ੍ਹਾਂ ਦੇ ਜੀਵਨ ਅੰਦਰ ਸਦਗੁਣਾਂ ਨੂੰ ਪੈਦਾ ਕਰਨਾ ਹੈ।

ਸੋਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਹੀਰਾ ਸਿੰਘ ਸੋਹਲ, ਸਕੱਤਰ ਨਿਰਮਲ ਸਿੰਘ ਸੁਰ ਸਿੰਘ, ਖਜ਼ਾਨਚੀ ਗੁਰਜੰਟ ਸਿੰਘ ਭਿੱਖੀਵਿੰਡ, ਮੁੱਖ ਬੁਲਾਰੇ ਭਾਈ ਸੁਖਵਿੰਦਰ ਸਿੰਘ ਖਾਲੜਾ ਤੇ ਭਾਈ ਅਮਨਦੀਪ ਸਿੰਘ ਸਭਰਾ ਨੇ ਪ੍ਰੈੱਸ ਨਾਲ ਗੱਲਬਾਤ ਕੀਤੀ।

ਗੁਰਬਾਣੀ ਕੰਠ ਮੁਕਾਬਲੇ ਵਿੱਚ ਜਜਮੈਂਟ ਦੀਆਂ ਸੇਵਾਵਾਂ ਭਾਈ ਦਵਿੰਦਰ ਸਿੰਘ ਕੈਰੋਂ ਪ੍ਰਚਾਰਕ, ਭਾਈ ਰਾਮਵੀਰ ਸਿੰਘ ਅਤੇ ਦਸਤਾਰ ਦੁਮਾਲਾ ਮੁਕਾਬਲੇ ਵਿੱਚ ਭਾਈ ਨਿੰਦਰ ਪਾਲ ਸਿੰਘ ਮਖੂ, ਵਜੀਰ ਸਿੰਘ ਆਸਲ ਹਰਮਨਦੀਪ ਸਿੰਘ, ਸੁਖਮਨਦੀਪ ਸਿੰਘ, ਹੁਸਨਦੀਪ ਸਿੰਘ ਅਰਮਾਨਦੀਪ ਸਿੰਘ ਭਿੱਖੀਵਿੰਡ , ਵਿਸ਼ਾਲ ਸਿੰਘ, ਮਨਵੀਰ ਸਿੰਘ, ਆਕਾਸ਼ਦੀਪ ਸਿੰਘ, ਗਗਨਦੀਪ ਸਿੰਘ ਰਣਬੀਰ ਸਿੰਘ ਵੀਰਮ, ਹਰਪ੍ਰੀਤ ਸਿੰਘ ਅਤੇ ਹਰਜੀਤ ਸਿੰਘ ਲਹਿਰੀ ਨੇ ਬਾਖੂਬੀ ਨਿਭਾਈ।



ਵਿਧਾਇਕ ਟੌਂਗ ਵੱਲੋਂ ਵਜ਼ੀਰ ਭੁੱਲਰ ਵਿਖੇ ਮੁੱਖ ਮੰਤਰੀ ਖੇਡ ਮੈਦਾਨ ਦਾ ਉਦਘਾਟਨ

ਬਿਆਸ (ਪਰਮਜੀਤ ਸਿੰਘ ਰੱਖੜਾ)- ਪਿੰਡ ਵਜ਼ੀਰ ਭੁੱਲਰ ਵਿਖੇ ਖੇਡ ਮੈਦਾਨ ਦਾ ਉਦਘਾਟਨ ਹਲਕਾ ਬਾਬਾ ਬਕਾਲਾ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਵੱਲੋਂ ਕੀਤਾ



ਗਿਆ। ਇਸ ਮੌਕੇ ਪਿੰਡ ਵਾਸੀਆਂ ਨੇ ਉਹਨਾਂ ਦਾ ਫੁੱਲਾਂ ਦੇ ਹਾਰਾਂ ਨਾਲ ਨਿੱਘਾ ਸਵਾਗਤ ਕੀਤਾ।ਹਲਕਾ ਵਿਧਾਇਕ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਹੈ ਕਿ ਪੰਜਾਬ ਦਾ ਹਰ ਬੱਚਾ ਖੇਡੇ, ਨਸ਼ਿਆਂ ਤੋਂ ਦੂਰ ਰਹੇ ਤੇ ਅੱਗੇ ਵਧੇ।

ਇਸੇ ਸੋਚ ਤਹਿਤ ਹਰ ਪਿੰਡ ਵਿੱਚ ਮੁੱਖ ਮੰਤਰੀ ਖੇਡ ਮੈਦਾਨ ਬਣਾਏ ਜਾ ਰਹੇ ਹਨ।ਇਸ ਮੌਕੇ ਪਿੰਡ ਵਾਸੀਆਂ ਨੇ ਮੁੱਖ ਮੰਤਰੀ ਮਾਨ ਅਤੇ ਵਿਧਾਇਕ ਟੌਂਗ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਬਲਾਕ ਸੰਮਤੀ ਵਾਈਸ ਚੇਅਰਮੈਨ ਯੋਗਵੀਰ ਸਿੰਘ, ਬਲਾਕ ਸੰਮਤੀ ਮੈਂਬਰ ਸ਼ਰਨਜੀਤ ਸਿੰਘ ਪੱਡਾ, ਕਰਮਜੀਤ ਸਿੰਘ, ਸਰਪੰਚ ਫੇਰੂਮਾਨ, ਸਰਪੰਚ ਬਲਦੇਵ ਸਿੰਘ ਵਜ਼ੀਰ ਭੁੱਲਰ, ਸਾਬਕਾ ਸਰਪੰਚ ਜਸਵੰਤ ਸਿੰਘ, ਰਣਧੀਰ ਸਿੰਘ ਰਾਣੂ, ਸਰਪੰਚ ਫਤਿਹਪੁਰ ਬਦੇਸ਼ਾਂ, ਪ੍ਰਧਾਨ ਬਲਵਿੰਦਰ ਸਿੰਘ ਭੁੱਲਰ, ਭਗਵੰਤ ਸਿੰਘ ਸੋਸ਼ਲ ਮੀਡੀਆ ਸੈਕਟਰੀ ਅੰਮ੍ਰਿਤਸਰ ਦਿਹਾਤੀ, ਮੈਂਬਰ ਭੁਪਿੰਦਰ ਸਿੰਘ ਬਿੱਟੂ, ਮੈਂਬਰ ਗੁਰਪ੍ਰੀਤ ਸਿੰਘ ਭੁੱਟੋ, ਬਲਾਕ ਯੂਥ ਪ੍ਰਧਾਨ ਗੁਰਵੀਰ ਸਿੰਘ ਉਮਰਾਨੰਗਲ, ਰੇਸ਼ਮ ਸਿੰਘ, ਮਾਸਟਰ ਸੰਤੋਸ਼ ਕੁਮਾਰ, ਭਲਵਾਨ ਸੁਖਬੀਰ ਸਿੰਘ, ਮੈਂਬਰ ਹਰਜਿੰਦਰ ਸਿੰਘ, ਮੈਂਬਰ ਕੁਲਵੰਤ ਸਿੰਘ, ਮੈਂਬਰ ਪੰਚਾਇਤ ਬਲਦੇਵ ਸਿੰਘ , ਸੂਬੇਦਾਰ ਸਰਦੂਲ ਸਿੰਘ, ਮਿਲਖਾ ਸਿੰਘ, ਸੁਖਜਿੰਦਰ ਸਿੰਘ ਮਿੰਟੂ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ ।

ਬਾਵਾ ਸਹਿਜ ਨਾਥ ਦਾ ਸਾਲਾਨਾ ਸਮਾਗਮ 24 ਨੂੰ

ਗੁਰਦਾਸਪੁਰ (ਜਨਕ ਮਹਾਜਨ)- ਪਰਮ ਪੂਜਨੀਕ ਬਾਵਾ ਸਹਿਜ ਨਾਥ ਜੀ ਦੇ ਪਵਿੱਤਰ ਦੇਵ ਅਸਥਾਨ ਬੇਗੋਵਾਲ ਤਾਰਾਗੜ੍ਹ ਜ਼ਿਲ੍ਹਾ ਪਠਾਨਕੋਟ ਵਿਖੇ ਕਾਰਤਿਕ ਪੂਰਨਿਮਾ ਦਾ ਸਾਲਾਨਾ ਧਾਰਮਿਕ ਸਮਾਗਮ 24 ਨਵੰਬਰ ਨੂੰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸਵੇਰੇ 4:30 ਵਜੇ ਬਾਵਾ ਜੀ ਦੇ ਇਸ਼ਨਾਨ ਨਾਲ ਹੋਵੇਗੀ। ਇਸ ਤੋਂ ਬਾਅਦ ਸਵੇਰੇ 6:30 ਵਜੇ ਹਵਨ ਯੱਗ, 7:30 ਵਜੇ ਧਵਜਾ ਰੋਹਣ ਅਤੇ ਨਾਸ਼ਤਾ, 10 ਵਜੇ ਪੱਤਲ ਪੂਜਾ, 10:30 ਵਜੇ ਬਾਵਾ ਜੀ ਦਾ ਲੰਗਰ ਅਤੇ 11 ਵਜੇ ਬਿਰਾਦਰੀ ਸੰਬੋਧਨ ਹੋਵੇਗਾ। ਪ੍ਰਬੰਧਕਾਂ ਦੱਸਿਆ ਕਿ ਦੂਰ-ਦੁਰਾਡੇ ਤੋਂ ਆਉਣ ਵਾਲੀ ਸੰਗਤ ਲਈ ਰਾਤ ਨੂੰ ਠਹਿਰਨ ਅਤੇ ਭੋਜਨ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਦੀਨਾਨਗਰ ਤੋਂ ਤਾਰਾਗੜ੍ਹ ਲਈ ਬੱਸ ਸੇਵਾ ਵੀ ਉਪਲਬਧ ਹੈ। ਰਾਤ 9 ਵਜੇ ਤੋਂ ਬਾਅਦ ਆਉਣ ਵਾਲੇ ਸ਼ਰਧਾਲੂ ਆਵਾਜਾਈ ਸੰਬੰਧੀ ਦਿੱਤੇ ਗਏ ਸੰਪਰਕ ਨੰਬਰ 94173-25237 ਮੁੱਖ ਪ੍ਰਬੰਧਕ ਰਾਮਪਾਲ ਲੱਕੀ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਬਿਰਾਦਰੀ ਦੀ ਸੇਵਾ ਲਈ ਸਟਾਲ ਲਗਾਉਣ ਜਾਂ ਹੋਰ ਸੇਵਾ ਕਰਨ ਦੇ ਇੱਛੁਕ ਸੱਜਣ ਮੁੱਖ ਪ੍ਰਬੰਧਕ ਰਾਮ ਪਾਲ (ਲੱਕੀ) ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਵਲੋਂ ਮੰਦਰ ਨਿਰਮਾਣ ਕਾਰਜਾਂ ਲਈ ਸ਼ਰਧਾ ਅਨੁਸਾਰ ਸਹਿਯੋਗ ਦੇਣ ਦੀ ਵੀ ਅਪੀਲ ਕੀਤੀ ਗਈ ਹੈ। ਇਸ ਸਮਾਗਮ ਸਬੰਧੀ ਸਰਪ੍ਰਸਤ ਸੁਭਾਸ਼ ਮਹਾਜਨ, ਪ੍ਰਧਾਨ ਵਿਜੇ ਕੁਮਾਰ ਮਹਾਜਨ, ਮਹਾਂਮੰਤਰੀ ਸਤੀਸ਼ ਕੁਮਾਰ ਮਹਾਜਨ, ਖ਼ਜ਼ਾਨਚੀ ਰਾਜਿੰਦਰ ਮਹਾਜਨ (ਕਾਲਾ) ਅਤੇ ਮੁੱਖ ਪ੍ਰਬੰਧਕ ਰਾਮ ਪਾਲ (ਲੱਕੀ) ਵਲੋਂ ਸਮੂਹ ਸੰਗਤ ਨੂੰ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਹੈ।

ਨਵਾਂ ਜ਼ਮਾਨਾ
ਸ਼ਨੀਵਾਰ, 14 ਨਵੰਬਰ 2026

ਮਹਿੰਗਾਈ ਬੇਕਾਬੂ

ਬੇਕਾਬੂ ਮਹਿੰਗਾਈ ਆਖਰਕਾਰ ਸਰਕਾਰੀ ਅੰਕੜਿਆਂ ਵਿੱਚ ਵੀ ਦਿਖਾਈ ਦੇ ਗਈ ਹੈ! ਅਕਤੂਬਰ 2026 ਵਿੱਚ ਪ੍ਰਚੂਨ ਮਹਿੰਗਾਈ 6.09 ਪ੍ਰਤੀਸ਼ਤ ਤੱਕ ਵਧ ਗਈ। ਇਹ ਰਿਜ਼ਰਵ ਬੈਂਕ ਆਫ ਇੰਡੀਆ (ਆਰ ਬੀ ਆਈ) ਦੀ 6 ਪ੍ਰਤੀਸ਼ਤ ਦੀ ਉੱਪਰਲੀ ਸੀਮਾ ਨੂੰ ਪਾਰ ਕਰ ਗਈ ਅਤੇ ਅਕਤੂਬਰ 2024 ਤੋਂ ਬਾਅਦ ਸਭ ਤੋਂ ਉੱਚ ਪੱਧਰ 'ਤੇ ਸੀ। ਖੁਰਾਕ ਮਹਿੰਗਾਈ 8.94 ਪ੍ਰਤੀਸ਼ਤ ਤੱਕ ਵਧ ਗਈ।

ਵੀਰਵਾਰ ਅੰਕੜਾ ਅਤੇ ਪ੍ਰੋਗਰਾਮ ਲਾਗੂ ਕਰਨ ਵਾਲੇ ਮੰਤਰਾਲੇ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਵਿੱਚ ਦਿਖਾਇਆ ਗਿਆ ਹੈ ਕਿ ਅਕਤੂਬਰ ਵਿੱਚ ਖੁਰਾਕ ਮਹਿੰਗਾਈ 8.94 ਪ੍ਰਤੀਸ਼ਤ ਰਹੀ, ਜੋ ਸਤੰਬਰ ਵਿੱਚ 7.74 ਪ੍ਰਤੀਸ਼ਤ ਸੀ। ਪ੍ਰਚੂਨ ਮਹਿੰਗਾਈ ਦਰ 6 ਪ੍ਰਤੀਸ਼ਤ ਤੋਂ ਵੱਧ ਹੋਣਾ ਮਹੱਤਵਪੂਰਨ ਹੈ, ਕਿਉਂਕਿ ਆਰ ਬੀ ਆਈ ਨੇ ਮਹਿੰਗਾਈ ਨੂੰ ਕੰਟਰੋਲ ਕਰਨ ਲਈ 4 ਪ੍ਰਤੀਸ਼ਤ ਦਾ ਟੀਚਾ ਰੱਖਿਆ ਹੈ, ਜਿਸ ਦੀ ਰੇਂਜ 2 ਪ੍ਰਤੀਸ਼ਤ ਤੋਂ 6 ਪ੍ਰਤੀਸ਼ਤ ਹੈ। ਅਕਤੂਬਰ ਵਿੱਚ ਮਹਿੰਗਾਈ ਇਸ ਉੱਪਰਲੀ ਸੀਮਾ ਨੂੰ ਪਾਰ ਕਰ ਗਈ। ਅਕਤੂਬਰ 2024 ਤੋਂ ਬਾਅਦ ਇਹ ਪਹਿਲੀ ਵਾਰ ਹੈ ਜਦੋਂ ਪ੍ਰਚੂਨ ਮਹਿੰਗਾਈ ਦਰ ਆਰ ਬੀ ਆਈ ਦੀ 6 ਪ੍ਰਤੀਸ਼ਤ ਸੀਮਾ ਨੂੰ ਪਾਰ ਕਰ ਗਈ ਹੈ।

ਅਕਤੂਬਰ ਵਿੱਚ ਖਾਣ-ਪੀਣ ਦੀਆਂ ਕੀਮਤਾਂ ਵਿੱਚ ਸਭ ਤੋਂ ਵੱਡਾ ਉਛਾਲ ਕੁਝ ਜ਼ਰੂਰੀ ਸਬਜ਼ੀਆਂ ਅਤੇ ਮਸਾਲਿਆਂ ਵਿੱਚ ਦੇਖਿਆ ਗਿਆ। ਪਿਛਲੇ ਸਾਲ ਅਕਤੂਬਰ ਦੇ ਮੁਕਾਬਲੇ ਪਿਆਜ਼ ਦੀਆਂ ਕੀਮਤਾਂ ਵਿੱਚ 116 ਪ੍ਰਤੀਸ਼ਤ ਮਹਿੰਗਾਈ ਦਰ ਦਰਜ ਕੀਤੀ ਗਈ ਹੈ। ਲਸਣ, ਅਦਰਕ ਅਤੇ ਨਿੰਬੂ ਦੀਆਂ ਕੀਮਤਾਂ ਵਿੱਚ ਵੀ ਤੇਜ਼ੀ ਨਾਲ ਵਾਧਾ ਹੋਇਆ ਹੈ। ਜਿਵੇਂ-ਜਿਵੇਂ ਸਬਜ਼ੀਆਂ ਅਤੇ ਹੋਰ ਜ਼ਰੂਰੀ ਖਾਣ-ਪੀਣ ਦੀਆਂ ਚੀਜ਼ਾਂ ਦੀਆਂ ਕੀਮਤਾਂ ਮਹਿੰਗੀਆਂ ਹੁੰਦੀਆਂ ਜਾਂਦੀਆਂ ਹਨ, ਲੋਕਾਂ ਨੂੰ ਆਪਣੀ ਆਮਦਨ ਦਾ ਵੱਡਾ ਹਿੱਸਾ ਖਰਚ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਮਹਿੰਗਾਈ 12 ਮਹੀਨਿਆਂ ਤੋਂ ਲਗਾਤਾਰ ਵਧ ਰਹੀ ਹੈ। ਨਾ ਸਿਰਫ ਸਾਲਾਨਾ ਮਹਿੰਗਾਈ ਦਰ, ਸਗੋਂ ਮਹੀਨਾਵਾਰ ਕੀਮਤਾਂ ਵਿੱਚ ਬਦਲਾਅ ਵੀ ਚਿੰਤਾ ਦਾ ਕਾਰਨ ਹਨ। ਸਤੰਬਰ ਦੇ ਮੁਕਾਬਲੇ ਅਕਤੂਬਰ ਵਿੱਚ ਕੁੱਲ ਕੀਮਤਾਂ ਵਿੱਚ 0.5 ਪ੍ਰਤੀਸ਼ਤ ਦਾ ਵਾਧਾ ਹੋਇਆ। ਮਹੀਨੇ-ਦਰ-ਮਹੀਨੇ ਭੋਜਨ ਦੀਆਂ ਕੀਮਤਾਂ ਵਿੱਚ ਲੱਗਭੱਗ ਇੱਕ ਪ੍ਰਤੀਸ਼ਤ ਦਾ ਵਾਧਾ ਹੋਇਆ। ਅਰਥ-ਸ਼ਾਸਤਰੀਆਂ ਮੁਤਾਬਕ ਮਹੀਨਾਵਾਰ ਕੀਮਤਾਂ ਵਿੱਚ ਵਾਧਾ ਦਰਸਾਉਂਦਾ ਹੈ ਕਿ ਮਹਿੰਗਾਈ ਦਾ ਦਬਾਅ ਬਣਿਆ ਹੋਇਆ ਹੈ।

ਮਹਿੰਗਾਈ 6 ਪ੍ਰਤੀਸ਼ਤ ਦੇ ਅੰਕੜੇ ਨੂੰ ਪਾਰ ਕਰਨ ਦੇ ਨਾਲ ਆਰ ਬੀ ਆਈ 'ਤੇ ਮੁਦਰਾ ਨੀਤੀ ਨੂੰ ਹੋਰ ਸਖਤ ਕਰਨ ਦਾ ਦਬਾਅ ਵਧ ਸਕਦਾ ਹੈ। ਉਸ ਦਾ ਮੁੱਖ ਉਦੇਸ਼ ਮਹਿੰਗਾਈ ਨੂੰ ਕੰਟਰੋਲ ਕਰਨਾ ਹੈ। ਅਜਿਹਾ ਕਰਨ ਲਈ ਉਹ ਹੋਰਨਾਂ ਬੈਂਕਾਂ ਵੱਲੋਂ ਉਸ ਤੋਂ ਉਧਾਰ ਲੈਣਾ ਹੋਰ ਮਹਿੰਗਾ ਕਰ ਸਕਦੀ ਹੈ। ਇਸ ਨਾਲ ਘਰੇਲੂ ਕਰਜ਼ਿਆਂ, ਕਾਰ ਕਰਜ਼ਿਆਂ ਅਤੇ ਹੋਰ ਕਰਜ਼ਿਆਂ 'ਤੇ ਵਿਆਜ ਦਰਾਂ ਵਧ ਸਕਦੀਆਂ ਹਨ। ਮੋਦੀ ਨੇ 2014 ਵਿੱਚ ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ ਮਹਿੰਗਾਈ ਵਧਣ 'ਤੇ ਤੱਤਕਾਲੀ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਤੋਂ ਜਵਾਬ ਅਤੇ ਮੁਆਫੀ ਮੰਗੀ ਸੀ। ਕੀ ਮੋਦੀ ਨੂੰ ਆਪਣਾ ਉਹ ਬਿਆਨ ਚੇਤੇ ਹੈ?

ਮੁੱਖ ਸੇਵਾਦਾਰ !

ਧੱਕੇ ਦੇ ਨਾਲ ਭਾਰ ਸਿਰਾਂ 'ਤੇ ਲੱਦਿਆ ਜਾਂਦਾ ਨ੍ਹੀ,
ਪਾਣੀ ਪੀਤਾ ਜਾਂਦਾ ਜਦੋਂ ਪਿਆਸ ਹੋਵੇ।
ਚੋਣਾਂ ਵਿੱਚ ਤਾਂ ਖੜ੍ਹਨੇ ਨੂੰ ਹਰ ਕੋਈ ਖੜ੍ਹ ਸਕਦਾ,
ਲੋਕੀਂ ਵੋਟਾਂ ਪਾਉਂਦੇ ਜਿਸ ਤੋਂ ਵੱਡੀ ਆਸ ਹੋਵੇ।
ਝੰਡਾ ਚੁੱਕ ਕੇ ਫਿਰਦੇ ਸਾਰੇ ਸੇਵਾਦਾਰੀ ਦਾ,
ਹੱਥਾਂ ਨਾਲ ਨਾ ਚੁੱਕਿਆ ਭਾਵੇਂ ਜੱਗ ਗਲਾਸ ਹੋਵੇ!
ਸੁਣ ਸੁਧ ਕੇ ਜੋ ਦੂਜਿਆਂ ਕੋਲੋਂ ਬੋਲੇ ਫ਼ਾਰਸੀਆਂ,
ਐਸੇ ਬੰਦਿਆਂ ਤੋਂ ਨਾ ਕੋਈ ਡਿਗਰੀ ਪਾਸ ਹੋਵੇ।
ਸੀਪ ਦੀ ਬਾਜ਼ੀ ਦੇ ਵਿੱਚ ਵੱਡੇ ਪੱਤੇ ਜਿੱਤ ਜਾਂਦੇ,
ਇੱਕੀਆਂ ਦੁੱਕੀਆਂ ਤਿੱਕੀਆਂ ਦਾ ਜੇ ਸਾਥ ਹੋਵੇ।
ਸੇਵਾਦਾਰ ਵੀ ਮੁੱਖ ਹੁੰਦੇ ਪਰਧਾਨਾਂ ਨੂੰ ਪੁੱਛਿਓ,
ਮੇਲਾ ਲੁੱਟ ਕੇ ਲੈ ਜਾਂਦਾ ਜੋ 'ਦਾਸਨ ਦਾਸ' ਹੋਵੇ।

-ਗੁਲਪੁਰ

ਆਦਿਵਾਸੀਆਂ ਦੀ ਜਲ, ਜੰਗਲ ਤੇ ਜ਼ਮੀਨ ਲਈ ਲੜਾਈ


ਸਿਮਰਨਜੀਤ ਕੌਰ

ਜਦੋਂ ਵੀ ਅਸੀਂ ਭਾਰਤ ਦੀ ਗੱਲ ਕਰਦੇ ਹਾਂ, ਤਾਂ ਅਸੀਂ ਉਸ ਦੇ ਸ਼ਹਿਰਾਂ, ਉਸ ਦੀਆਂ ਸੜਕਾਂ, ਉਸ ਦੀਆਂ ਵੱਡੀਆਂ ਇਮਾਰਤਾਂ ਦੀ ਗੱਲ ਕਰਦੇ ਹਾਂ, ਪਰ ਭਾਰਤ ਦੀ ਅਸਲੀ ਆਤਮਾ ਉਸ ਦੇ ਜੰਗਲਾਂ ਵਿੱਚ ਵਸਦੀ ਹੈ, ਉਸ ਦੇ ਪਹਾੜਾਂ ਵਿੱਚ ਵਸਦੀ ਹੈ ਅਤੇ ਉਨ੍ਹਾਂ ਲੋਕਾਂ ਵਿੱਚ ਵਸਦੀ ਹੈ, ਜਿਨ੍ਹਾਂ ਨੂੰ ਅਸੀਂ ਆਦਿਵਾਸੀ ਕਹਿੰਦੇ ਹਾਂ। ਆਦਿਵਾਸੀ ਦਾ ਮਤਲਬ ਹੈ – ਆਦਿ ਤੋਂ ਵੱਸਣ ਵਾਲੇ। ਭਾਵ, ਇਸ ਧਰਤੀ ਦੇ ਸਭ ਤੋਂ ਪਹਿਲੇ ਵਾਸੀ। ਜਦੋਂ ਸ਼ਹਿਰ ਨਹੀਂ ਸਨ, ਜਦੋਂ ਸੜਕਾਂ ਨਹੀਂ ਸਨ, ਤਦੋਂ ਵੀ ਇਹ ਲੋਕ ਸਨ। ਇਹ ਲੋਕ ਜੰਗਲ ਦੇ ਰਾਖੇ ਨੇ। ਇਨ੍ਹਾਂ ਨੇ ਸਦੀਆਂ ਤੋਂ ਜੰਗਲ ਨੂੰ ਬਚਾਇਆ ਹੈ, ਨਦੀਆਂ ਨੂੰ ਬਚਾਇਆ ਹੈ ਅਤੇ ਇਸ ਧਰਤੀ ਨੂੰ ਬਚਾਇਆ ਹੈ, ਪਰ ਅੱਜ ਸਵਾਲ ਇਹ ਹੈ ਕਿ ਜਿਨ੍ਹਾਂ ਜੰਗਲ ਨੂੰ ਬਚਾਇਆ, ਅੱਜ ਉਹੀ ਜੰਗਲ ਤੋਂ ਬੇਘਰ ਕਿਉਂ ਹੋ ਰਹੇ ਨੇ? ਜਿਨ੍ਹਾਂ ਦੀ ਜ਼ਮੀਨ 'ਤੇ ਖਾਣਾਂ ਨਿਕਲੀਆਂ, ਜਿਨ੍ਹਾਂ ਦੀ ਜ਼ਮੀਨ 'ਤੇ ਡੈਮ ਬਣੇ, ਜਿਨ੍ਹਾਂ ਦੀ ਜ਼ਮੀਨ 'ਤੇ ਫੈਕਟਰੀਆਂ ਲੱਗੀਆਂ, ਅੱਜ ਉਹੀ ਲੋਕ ਗਰੀਬ ਕਿਉਂ ਨੇ? ਇਹੀ ਆਦਿਵਾਸੀਆਂ ਦੀ ਲੜਾਈ ਹੈ।

ਕੌਣ ਨੇ ਆਦਿਵਾਸੀ?

ਭਾਰਤ ਵਿੱਚ ਕਰੀਬ 10 ਕਰੋੜ ਤੋਂ ਵੱਧ ਆਦਿਵਾਸੀ ਲੋਕ ਰਹਿੰਦੇ ਨੇ। ਇਨ੍ਹਾਂ ਨੂੰ ਸੰਵਿਧਾਨ ਵਿੱਚ ਅਨੁਸੂਚਿਤ ਜਨਜਾਤੀ ਕਿਹਾ ਜਾਂਦਾ ਹੈ। ਝਾਰਖੰਡ, ਛੱਤੀਸਗੜ੍ਹ, ਓਡੀਸ਼ਾ, ਮੱਧ ਪ੍ਰਦੇਸ਼, ਗੁਜਰਾਤ, ਰਾਜਸਥਾਨ, ਮਹਾਰਾਸ਼ਟਰ, ਪੱਛਮੀ ਬੰਗਾਲ, ਅਸਾਮ ਅਤੇ ਪੂਰਬੀ ਭਾਰਤ ਦੇ ਰਾਜਾਂ ਵਿੱਚ ਇਨ੍ਹਾਂ ਦੀ ਗਿਣਤੀ ਸਭ ਤੋਂ ਵੱਧ ਹੈ। ਪੰਜਾਬ ਵਿੱਚ ਵੀ ਕਈ ਜਨਜਾਤੀਆਂ ਅਤੇ ਘੁੰਮਣ ਵਾਲੇ ਕਬੀਲੇ ਰਹਿੰਦੇ ਨੇ, ਜਿਨ੍ਹਾਂ ਦਾ ਆਪਣਾ ਸੱਭਿਆਚਾਰ, ਆਪਣੀ ਬੋਲੀ ਅਤੇ ਆਪਣੀਆਂ ਰਸਮਾਂ ਨੇ। ਹਰ ਆਦਿਵਾਸੀ ਭਾਈਚਾਰੇ ਦੀ ਆਪਣੀ ਪਛਾਣ ਹੈ – ਕੋਈ ਗੋਂਡ ਹੈ, ਕੋਈ ਸੰਥਾਲ ਹੈ, ਕੋਈ ਭੀਲ ਹੈ, ਕੋਈ ਮੁੰਡਾ ਹੈ, ਕੋਈ ਓਰਾਂਵ ਹੈ, ਪਰ ਸਭ ਦਾ ਇੱਕੋ ਸੁਨੇਹਾ ਹੈ – ਕੁਦਰਤ ਨਾਲ ਪਿਆਰ ਕਰੋ, ਕੁਦਰਤ ਨੂੰ ਬਚਾਓ। ਆਦਿਵਾਸੀ ਲੋਕ ਜੰਗਲ ਨੂੰ ਆਪਣੀ ਮਾਂ ਸਮਝਦੇ ਨੇ। ਉਹ ਜੰਗਲ ਤੋਂ ਲੱਕੜ ਨਹੀਂ ਕੱਟਦੇ, ਉਹ ਜੰਗਲ ਤੋਂ ਸਿਰਫ਼ ਓਨਾ ਹੀ ਲੈਂਦੇ ਨੇ ਜਿੰਨੀ ਉਨ੍ਹਾਂ ਨੂੰ ਜ਼ਰੂਰਤ ਹੈ। ਉਹ ਜਾਣਦੇ ਨੇ ਕਿ ਜੇ ਜੰਗਲ ਰਹੇਗਾ ਤਾਂ ਅਸੀਂ ਰਹਾਂਗੇ, ਜੇ ਨਦੀ ਰਹੇਗੀ ਤਾਂ ਜੀਵਨ ਰਹੇਗਾ।

ਲੜਾਈ ਕਿਸ ਗੱਲ ਦੀ ਹੈ? - 3 ਸ਼ਬਦ, 3 ਜ਼ਿੰਦਗੀਆਂ

ਆਦਿਵਾਸੀਆਂ ਦੀ ਲੜਾਈ ਕਿਸੇ ਇੱਕ ਚੀਜ਼ ਦੀ ਨਹੀਂ, ਇਹ ਤਿੰਨ ਚੀਜ਼ਾਂ ਦੀ ਲੜਾਈ ਹੈ – ਜਲ, ਜੰਗਲ, ਜ਼ਮੀਨ।

1. ਜ਼ਮੀਨ ਦੀ ਲੜਾਈ

ਆਦਿਵਾਸੀਆਂ ਦੀ ਸਭ ਤੋਂ ਵੱਡੀ ਲੜਾਈ ਜ਼ਮੀਨ ਦੀ ਹੈ। ਸਦੀਆਂ ਤੋਂ ਇਹ ਲੋਕ ਜਿਸ ਜ਼ਮੀਨ ਤੇ ਰਹਿੰਦੇ ਆਏ ਨੇ, ਉਸ ਜ਼ਮੀਨ ਦੇ ਕਾਗਜ਼ ਉਨ੍ਹਾਂ ਕੋਲ ਨਹੀਂ ਨੇ। ਜਦੋਂ ਸਰਕਾਰ ਵੱਡੇ ਪ੍ਰੋਜੈਕਟ ਬਣਾਉਂਦੀ ਹੈ – ਡੈਮ, ਸੜਕਾਂ, ਖਾਣਾਂ, ਫੈਕਟਰੀਆਂ, ਤਾਂ ਸਭ ਤੋਂ ਪਹਿਲਾਂ ਆਦਿਵਾਸੀਆਂ ਦੀ ਜ਼ਮੀਨ ਜਾਂਦੀ ਹੈ। ਉਨ੍ਹਾਂ ਨੂੰ ਕਿਹਾ ਜਾਂਦਾ ਹੈ ਕਿ ਤੁਸੀਂ ਕਿਤੇ ਹੋਰ ਜਾ ਕੇ ਵੱਸ ਜਾਓ, ਪਰ ਜਿਸ ਦੀ ਜੜ੍ਹ ਹੀ ਜ਼ਮੀਨ ਨਾਲ ਜੁੜੀ ਹੋਵੇ, ਉਹ ਕਿਤੇ ਹੋਰ ਜਾ ਕੇ ਕਿਵੇਂ ਜੀਵੇਗਾ?

2. ਜੰਗਲ ਦੀ ਲੜਾਈ

ਜੰਗਲ ਆਦਿਵਾਸੀਆਂ ਦਾ ਘਰ ਹੈ, ਉਨ੍ਹਾਂ ਦੀ ਦੁਕਾਨ ਹੈ, ਉਨ੍ਹਾਂ ਦਾ ਹਸਪਤਾਲ ਹੈ। ਜੰਗਲ ਤੋਂ ਉਨ੍ਹਾਂ ਨੂੰ ਮਰੂਆ, ਤੇਂਦੂ ਪੱਤਾ, ਸ਼ਹਿਦ, ਜੜ੍ਹੀਆਂ-ਬੂਟੀਆਂ ਮਿਲਦੀਆਂ ਨੇ। ਜਦੋਂ ਜੰਗਲ ਕੱਟਿਆ ਜਾਂਦਾ ਹੈ ਤਾਂ ਉਨ੍ਹਾਂ ਦੀ ਰੋਜ਼ੀ-ਰੋਟੀ ਖਤਮ ਹੋ ਜਾਂਦੀ ਹੈ। ਉਹ ਕਹਿੰਦੇ ਨੇ, ਜੰਗਲ ਕੱਟ ਕੇ ਤੁਸੀਂ ਸ਼ਹਿਰ ਤਾਂ ਬਣਾ ਲਓਗੇ, ਪਰ ਸਾਹ ਕਿੱਥੋਂ ਲਓਗੇ?

3. ਜਲ ਦੀ ਲੜਾਈ

ਨਦੀਆਂ, ਤਲਾਬ, ਝਰਨੇ – ਇਹ ਆਦਿਵਾਸੀਆਂ ਦੀ ਜ਼ਿੰਦਗੀ ਨੇ। ਜਦੋਂ ਨਦੀ 'ਤੇ ਵੱਡਾ ਡੈਮ ਬਣਦਾ ਹੈ ਤਾਂ ਪੂਰੇ-ਪੂਰੇ ਪਿੰਡ ਪਾਣੀ ਵਿੱਚ ਡੁੱਬ ਜਾਂਦੇ ਨੇ। ਲੋਕਾਂ ਨੂੰ ਆਪਣੇ ਪੁਰਖਿਆਂ ਦੀਆਂ ਕਬਰਾਂ, ਆਪਣੇ ਦੇਵੀ-ਦੇਵਤਿਆਂ ਦੇ ਸਥਾਨ ਛੱਡ ਕੇ ਜਾਣਾ ਪੈਂਦਾ ਹੈ। ਇਹ ਦਰਦ ਸਿਰਫ਼ ਉਹੀ ਸਮਝ ਸਕਦਾ ਹੈ, ਜਿਸ ਨੇ ਆਪਣਾ ਘਰ ਛੱਡਿਆ ਹੋਵੇ।

ਇਤਿਹਾਸ ਕੀ ਕਹਿੰਦਾ ਹੈ?

ਆਦਿਵਾਸੀਆਂ ਦੀ ਲੜਾਈ ਨਵੀਂ ਨਹੀਂ, ਇਹ ਸੈਂਕੜੇ ਸਾਲ ਪੁਰਾਣੀ ਹੈ। ਅੰਗਰੇਜ਼ਾਂ ਦੇ ਸਮੇਂ ਤੋਂ ਹੀ ਇਹ ਲੜਾਈ ਚੱਲ ਰਹੀ ਹੈ। ਬਿਰਸਾ ਮੁੰਡਾ, ਜਿਨ੍ਹਾਂ ਨੂੰ ਲੋਕ ਧਰਤੀ ਆਬਾ ਕਹਿੰਦੇ ਨੇ, ਉਨ੍ਹਾਂ ਅੰਗਰੇਜ਼ਾਂ ਖਿਲਾਫ਼ ਜੰਗਲ ਅਤੇ ਜ਼ਮੀਨ ਬਚਾਉਣ ਲਈ ਲੜਾਈ ਲੜੀ ਸੀ। ਸਿੱਧੂ-ਕਾਨੂ, ਟਿੱਲਕਾ ਮਾਂਝੀ, ਰਾਣੀ ਗਾਇਦਿਨਲਿਊ ਵਰਗੇ ਅਨੇਕਾਂ ਵੀਰਾਂ ਨੇ ਆਪਣੀ ਜ਼ਮੀਨ ਲਈ ਆਪਣੀ ਜਾਨ ਦਿੱਤੀ। ਆਜ਼ਾਦੀ ਤੋਂ ਬਾਅਦ ਭਾਰਤ ਦੇ ਸੰਵਿਧਾਨ ਵਿੱਚ ਆਦਿਵਾਸੀਆਂ ਦੇ ਹੱਕਾਂ ਨੂੰ ਬਚਾਉਣ ਲਈ ਖਾਸ ਕਾਨੂੰਨ ਬਣਾਏ ਗਏ। ਪੰਜਵੀਂ ਅਤੇ ਛੇਵੀਂ ਅਨੁਸੂਚੀ, ਪੇਸਾ ਕਾਨੂੰਨ, ਵਣ ਅਧਿਕਾਰ ਕਾਨੂੰਨ – ਇਹ ਸਭ ਆਦਿਵਾਸੀਆਂ ਨੂੰ ਉਨ੍ਹਾਂ ਦੇ ਜੰਗਲ ਅਤੇ ਜ਼ਮੀਨ ਦਾ ਹੱਕ ਦੇਣ ਲਈ ਬਣਾਏ ਗਏ, ਪਰ ਜ਼ਮੀਨੀ ਹਕੀਕਤ ਅੱਜ ਵੀ ਵੱਖਰੀ ਹੈ। ਕਾਗਜ਼ਾਂ ਤੇ ਹੱਕ ਨੇ, ਪਰ ਜ਼ਮੀਨ 'ਤੇ ਲੜਾਈ ਅੱਜ ਵੀ ਜਾਰੀ ਹੈ।

ਪੰਜਾਬ ਦਾ ਕੀ ਸੰਬੰਧ ਹੈ?

ਲੋਕ ਸੋਚਦੇ ਨੇ ਕਿ ਆਦਿਵਾਸੀਆਂ ਦੀ ਲੜਾਈ ਸਿਰਫ਼ ਝਾਰਖੰਡ ਜਾਂ ਛੱਤੀਸਗੜ੍ਹ ਦੀ ਹੈ, ਪਰ ਇਹ ਸੱਚ ਨਹੀਂ। ਇਹ ਪੂਰੇ ਭਾਰਤ ਦੀ ਲੜਾਈ ਹੈ, ਪੰਜਾਬ ਦੀ ਵੀ ਹੈ। ਪੰਜਾਬ ਦੇ ਕਿਸਾਨ ਵੀ ਤਾਂ ਆਪਣੀ ਜ਼ਮੀਨ ਅਤੇ ਪਾਣੀ ਲਈ ਲੜਦੇ ਨੇ। ਪੰਜਾਬ ਦਾ ਕਿਸਾਨ ਵੀ ਕਹਿੰਦਾ ਹੈ ਕਿ ਮੇਰੀ ਜ਼ਮੀਨ ਮੇਰੀ ਮਾਂ ਹੈ। ਆਦਿਵਾਸੀ ਵੀ ਇਹੀ ਕਹਿੰਦਾ ਹੈ। ਫਰਕ ਸਿਰਫ਼ ਏਨਾ ਹੈ ਕਿ ਕਿਸਾਨ ਖੇਤ ਵਿੱਚ ਲੜਦਾ ਹੈ, ਆਦਿਵਾਸੀ ਜੰਗਲ ਵਿੱਚ ਲੜਦਾ ਹੈ। ਦੋਹਾਂ ਦੀ ਲੜਾਈ ਇੱਕੋ ਹੈ –ਆਪਣੀ ਮਿੱਟੀ ਨੂੰ ਬਚਾਉਣ ਦੀ ਲੜਾਈ। ਪੰਜਾਬ ਦੇ ਲੋਕ ਹਮੇਸ਼ਾ ਮਜ਼ਲੂਮਾਂ ਦੇ ਨਾਲ ਖੜ੍ਹੇ ਹੋਏ ਨੇ। ਗੁਰੂ ਸਾਹਿਬਾਨ ਨੇ ਵੀ ਹਮੇਸ਼ਾ ਕਮਜ਼ੋਰਾਂ ਦਾ ਸਾਥ ਦਿੱਤਾ ਹੈ। ਇਸ ਲਈ ਪੰਜਾਬ ਤੋਂ ਆਦਿਵਾਸੀਆਂ ਦੀ ਲੜਾਈ ਨੂੰ ਸਮਝਣਾ ਬਹੁਤ ਜ਼ਰੂਰੀ ਹੈ।

ਅੱਜ ਦੀ ਲੜਾਈ ਕਿਵੇਂ ਲੜੀ ਜਾ ਰਹੀ ਹੈ?

ਅੱਜ ਦੀ ਲੜਾਈ ਬੰਦੂਕ ਦੀ ਨਹੀਂ, ਕਲਮ ਦੀ ਹੈ, ਕਾਨੂੰਨ ਦੀ ਹੈ ਅਤੇ ਆਵਾਜ਼ ਦੀ ਹੈ।

ਅੱਜ ਆਦਿਵਾਸੀ ਨੌਜਵਾਨ ਪੜ੍ਹ-ਲਿਖ ਕੇ ਆਪਣੇ ਹੱਕਾਂ ਲਈ ਅਦਾਲਤ ਵਿੱਚ ਲੜ ਰਹੇ ਨੇ। ਉਹ ਸੋਸ਼ਲ ਮੀਡੀਆ 'ਤੇ ਆਪਣੀ ਗੱਲ ਰੱਖ ਰਹੇ ਨੇ। ਉਹ ਕਹਿੰਦੇ ਨੇ, ਸਾਨੂੰ ਭੀਖ ਨਹੀਂ ਚਾਹੀਦੀ, ਸਾਨੂੰ ਸਾਡਾ ਹੱਕ ਚਾਹੀਦਾ ਹੈ। ਸਾਨੂੰ ਵਿਕਾਸ ਚਾਹੀਦਾ ਹੈ, ਪਰ ਉਹ ਵਿਕਾਸ ਜੋ ਸਾਡੇ ਜੰਗਲ ਨੂੰ ਉਜਾੜ ਕੇ ਨਾ ਆਵੇ। ਕਈ ਥਾਵਾਂ 'ਤੇ ਆਦਿਵਾਸੀ ਔਰਤਾਂ ਨੇ ਇਸ ਲੜਾਈ ਦੀ ਅਗਵਾਈ ਕੀਤੀ ਹੈ। ਉਨ੍ਹਾਂ ਜੰਗਲ ਬਚਾਉਣ ਲਈ ਰੁੱਖਾਂ ਨੂੰ ਗਲੇ ਲਾਇਆ ਹੈ। ਉਨ੍ਹਾਂ ਨੇ ਕਿਹਾ ਹੈ ਕਿ ਜੇ ਰੁੱਖ ਕੱਟੇਗਾ ਤਾਂ ਪਹਿਲਾਂ ਸਾਨੂੰ ਕੱਟਣਾ ਪਵੇਗਾ। ਆਦਿਵਾਸੀਆਂ ਦੀ ਲੜਾਈ ਹੁਣ ਸਿਰਫ਼ ਇਤਿਹਾਸ ਨਹੀਂ ਰਹੀ, ਇਹ ਹੁਣ ਹਰ ਰੋਜ਼ ਦੀ ਖ਼ਬਰ ਬਣ ਗਈ ਹੈ। ਪਿਛਲੇ 2-3 ਦਿਨਾਂ ਵਿੱਚ ਹੀ ਭਾਰਤ ਦੇ 4-5 ਰਾਜਾਂ ਵਿੱਚ ਵੱਡੇ ਪ੍ਰਦਰਸ਼ਨ ਹੋਏ ਨੇ।

1. ਸਿਆਂਗ ਡੈਮ ਖਿਲਾਫ਼ ਵੱਡਾ ਵਿਰੋਧ - ਅਰੁਣਾਚਲ ਪ੍ਰਦੇਸ਼

ਸਭ ਤੋਂ ਵੱਡੀ ਖ਼ਬਰ ਅਰੁਣਾਚਲ ਪ੍ਰਦੇਸ਼ ਤੋਂ ਆ ਰਹੀ ਹੈ। ਉੱਥੇ 11,000 $➟ ਸਿਆਂਗ ਅੱਪਰ ਡੈਮ ਬਣਾਉਣ ਦੀ ਤਿਆਰੀ ਹੋ ਰਹੀ ਹੈ। ਸਥਾਨਕ ਆਦਿ ਭਾਈਚਾਰੇ ਦਾ ਕਹਿਣਾ ਹੈ ਕਿ ਇਸ ਡੈਮ ਨਾਲ ਉਨ੍ਹਾਂ ਦੀ ਪੂਰੀ ਘਾਟੀ, ਉਨ੍ਹਾਂ ਦੀ ਜ਼ਮੀਨ ਅਤੇ ਉਨ੍ਹਾਂ ਦਾ ਸੱਭਿਆਚਾਰ ਡੁੱਬ ਜਾਵੇਗਾ।

9 ਨਵੰਬਰ ਨੂੰ 544 ਵਿਗਿਆਨੀਆਂ, ਖੋਜਕਰਤਾਵਾਂ ਨੇ ਇਕੱਠੇ ਹੋ ਕੇ ਇਸ ਡੈਮ ਦਾ ਵਿਰੋਧ ਕੀਤਾ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਪ੍ਰੋਜੈਕਟ ਰੋਕਿਆ ਜਾਵੇ, ਗ੍ਰਿਫ਼ਤਾਰ ਕੀਤੇ ਲੋਕਾਂ ਨੂੰ ਛੱਡਿਆ ਜਾਵੇ ਅਤੇ ਫ਼ੌਜ ਹਟਾਈ ਜਾਵੇ। ਲੋਕਾਂ ਦਾ ਕਹਿਣਾ ਹੈ ਕਿ ਬਿਨਾਂ ਉਨ੍ਹਾਂ ਦੀ ਸਹਿਮਤੀ ਤੋਂ ਡੈਮ ਨਹੀਂ ਬਣਨਾ ਚਾਹੀਦਾ।

ਇਸੇ ਦੇ ਨਾਲ ਦਿਬਾਂਗ ਘਾਟੀ ਵਿੱਚ ਵੀ ਲੋਕਾਂ ਨੇ "NHPC Go Back ਦੇ ਨਾਅਰੇ ਲਾਏ ਨੇ। ਰੋਇੰਗ ਵਿੱਚ 2 ਕਿਲੋਮੀਟਰ ਲੰਮੀ ਰੈਲੀ ਕੱਢੀ ਗਈ।

2. ਟੋਰਸਾ ਚਾਹ ਬਾਗ਼ – 100 ਦਿਨਾਂ ਦਾ ਧਰਨਾ, ਪੁਲਸ ਨੇ ਤੋੜਿਆ

ਪੱਛਮੀ ਬੰਗਾਲ ਦੇ ਅਲੀਪੁਰਦੁਆਰ ਜ਼ਿਲ੍ਹੇ ਵਿੱਚ ਟੋਰਸਾ ਚਾਹ ਬਾਗ਼ ਦੇ ਆਦਿਵਾਸੀ ਅਤੇ ਗੋਰਖਾ ਪਰਵਾਰ ਪਿਛਲੇ 100 ਦਿਨਾਂ ਤੋਂ ਵੱਧ ਸਮੇਂ ਤੋਂ ਧਰਨੇ 'ਤੇ ਬੈਠੇ ਸਨ। ਉਨ੍ਹਾਂ ਦਾ ਕਹਿਣਾ ਸੀ ਕਿ ਜੈਗਾਂਵ ਲੈਂਡ ਪੋਰਟ ਬਣਾਉਣ ਲਈ ਉਨ੍ਹਾਂ ਦੀ ਜ਼ਮੀਨ ਖੋਹੀ ਜਾ ਰਹੀ ਹੈ।

2 ਨਵੰਬਰ ਨੂੰ ਪੁਲਸ ਨੇ ਉਨ੍ਹਾਂ ਦਾ ਧਰਨਾ ਵਾਲੀ ਜਗ੍ਹਾ ਢਾਹ ਦਿੱਤੀ ਅਤੇ 11 ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ, ਜਿਨ੍ਹਾਂ ਵਿੱਚ 4 ਆਦਿਵਾਸੀ ਔਰਤਾਂ ਵੀ ਸਨ। ਬਾਅਦ ਵਿੱਚ 7 ਨਵੰਬਰ ਨੂੰ ਉਨ੍ਹਾਂ ਨੂੰ ਜ਼ਮਾਨਤ ਮਿਲੀ। ਹੁਣ ਕਲਕੱਤਾ ਹਾਈ ਕੋਰਟ ਨੇ 6 ਨਵੰਬਰ ਨੂੰ ਕਿਹਾ ਹੈ ਕਿ ਬਿਨਾਂ ਕਾਨੂੰਨੀ ਪ੍ਰਕਿਰਿਆ ਤੋਂ ਕਿਸੇ ਨੂੰ ਨਾ ਕੱਢਿਆ ਜਾਵੇ।

3. ਝਾਰਖੰਡ - ਨਿਸ਼ਾ ਭਗਤ ਦੀ ਮੌਤ 'ਤੇ ਹੰਗਾਮਾ

ਝਾਰਖੰਡ ਵਿੱਚ ਆਦਿਵਾਸੀ ਕਾਰਕੁਨ ਨਿਸ਼ਾ ਭਗਤ ਦੀ ਮੌਤ ਤੋਂ ਬਾਅਦ ਵੱਡਾ ਹੰਗਾਮਾ ਹੋਇਆ। ਉਹ ਜਲ-ਜੰਗਲ-ਜ਼ਮੀਨ ਅਤੇ ਸਰਨਾ ਧਰਮ ਕੋਡ ਲਈ ਲੜ ਰਹੀ ਸੀ।

ਉਸ ਦੀ ਮੌਤ ਤੋਂ ਬਾਅਦ ਝਾਰਖੰਡ ਵਿੱਚ 18 ਨਵੰਬਰ ਨੂੰ 5 ਜ਼ਿਲ੍ਹਿਆਂ – ਰਾਂਚੀ, ਲੋਹਰਦਗਾ, ਗੁਮਲਾ, ਖੂੰਟੀ, ਸਿਮਡੇਗਾ ਵਿੱਚ ਬੰਦ ਦੀ ਕਾਲ ਦਿੱਤੀ ਗਈ ਹੈ। 10 ਨਵੰਬਰ ਨੂੰ ਮਸ਼ਾਲ ਮਾਰਚ, 11 ਨਵੰਬਰ ਨੂੰ ਔਰਤਾਂ ਦਾ ਕੈਂਡਲ ਮਾਰਚ ਹੋਇਆ।

4. ਮਹਾਰਾਸ਼ਟਰ-ਛੱਤੀਸਗੜ੍ਹ – 30 ਤੋਂ ਵੱਧ ਧਰਨੇ ਚੱਲ ਰਹੇ ਨੇ

ਮਹਾਰਾਸ਼ਟਰ ਦੇ ਗੜ੍ਹਚਿਰੋਲੀ ਵਿੱਚ 70 ਦਿਨਾਂ ਤੋਂ ਲੋਕ ਸੜਕ ਬਣਾਉਣ ਦਾ ਵਿਰੋਧ ਕਰ ਰਹੇ ਨੇ। ਉਨ੍ਹਾਂ ਦਾ ਕਹਿਣਾ ਹੈ ਕਿ ਇਹ ਸੜਕ ਮਾਈਨਿੰਗ ਲਈ ਬਣਾਈ ਜਾ ਰਹੀ ਹੈ। 70 ਪਿੰਡਾਂ ਦੇ ਲੋਕਾਂ ਨੇ ਕਿਹਾ ਹੈ ਕਿ ਬਿਨਾਂ ਗ੍ਰਾਮ ਸਭਾ ਦੀ ਸਹਿਮਤੀ ਤੋਂ ਕੰਮ ਨਹੀਂ ਹੋਣਾ ਚਾਹੀਦਾ। ਇਸੇ ਤਰ੍ਹਾਂ ਛੱਤੀਸਗੜ੍ਹ ਦੇ ਬਸਤਰ ਵਿੱਚ ਵੀ ਵੱਖ-ਵੱਖ ਥਾਵਾਂ 'ਤੇ ਧਰਨੇ ਚੱਲ ਰਹੇ ਨੇ।

5. ਪੁਰੂਲੀਆ - ਲੱਖਾਂ ਲੋਕ ਇਕੱਠੇ ਹੋਏ

3 ਨਵੰਬਰ ਨੂੰ ਪੱਛਮੀ ਬੰਗਾਲ ਦੇ ਪੁਰੂਲੀਆ ਵਿੱਚ ਅਦਿਵਾਸੀ ਮਹਾ ਸਮਾਬੇਸ਼ ਹੋਇਆ, ਜਿੱਥੇ ਹਜ਼ਾਰਾਂ ਲੋਕਾਂ ਨੇ ਇਕੱਠੇ ਹੋ ਕੇ ਮੰਗ ਕੀਤੀ ਕਿ ਫਰਜ਼ੀ ST ਸਰਟੀਫਿਕੇਟ ਬੰਦ ਹੋਣ, ਗੈਰ-ਕਾਨੂੰਨੀ ਮਾਈਨਿੰਗ ਰੋਕੀ ਜਾਵੇ ਅਤੇ PESA ਕਾਨੂੰਨ ਸਖ਼ਤੀ ਨਾਲ ਲਾਗੂ ਹੋਵੇ।

ਆਦਿਵਾਸੀਆਂ ਦੀ ਲੜਾਈ ਸਿਰਫ਼ ਉਨ੍ਹਾਂ ਦੀ ਲੜਾਈ ਨਹੀਂ, ਇਹ ਸਾਡੀ ਸਭ ਦੀ ਲੜਾਈ ਹੈ। ਜੇ ਅੱਜ ਜੰਗਲ ਖਤਮ ਹੋ ਗਿਆ, ਤਾਂ ਕੱਲ੍ਹ ਸਾਡੇ ਬੱਚਿਆਂ ਨੂੰ ਸਾਹ ਲੈਣ ਲਈ ਸ਼ੁੱਧ ਹਵਾ ਕਿੱਥੋਂ ਮਿਲੇਗੀ? ਜੇ ਅੱਜ ਨਦੀਆਂ ਸੁੱਕ ਗਈਆਂ, ਤਾਂ ਕੱਲ੍ਹ ਪੰਜਾਬ ਦੇ ਖੇਤਾਂ ਨੂੰ ਪਾਣੀ ਕਿੱਥੋਂ ਮਿਲੇਗਾ?

ਇਸ ਲਈ ਸਾਨੂੰ ਆਦਿਵਾਸੀਆਂ ਨੂੰ ਨਾਲ ਲੈ ਕੇ ਚੱਲਣਾ ਪਵੇਗਾ। ਉਨ੍ਹਾਂ ਦੀ ਇੱਜ਼ਤ ਕਰਨੀ ਪਵੇਗੀ, ਉਨ੍ਹਾਂ ਦੇ ਹੱਕਾਂ ਨੂੰ ਸਮਝਣਾ ਪਵੇਗਾ।

 # ਸੰਪਰਕ : 81468-039-42

ਬਾਲ ਦਿਵਸ-ਬਾਲ ਮਨਾਂ ਦੀ ਉਡਾਰੀ

ਬਰਜਿੰਦਰ ਕੌਰ ਬਿਸਰਾਓ

ਬੱਚੇ ਕਿਸੇ ਵੀ ਦੇਸ਼ ਦਾ ਭਵਿੱਖ ਹੀ ਨਹੀਂ ਹੁੰਦੇ, ਸਗੋਂ ਉਸ ਦੇ ਵਰਤਮਾਨ ਦੀ ਸਭ ਤੋਂ ਅਨਮੋਲ ਪੂੰਜੀ ਵੀ ਹੁੰਦੇ ਹਨ। ਉਨ੍ਹਾਂ ਦੀਆਂ ਮਾਸੂਮ ਮੁਸਕਰਾਹਟਾਂ, ਨਿੱਕੀਆਂ-ਨਿੱਕੀਆਂ ਸ਼ਰਾਰਤਾਂ, ਸੁਪਨਿਆਂ ਨਾਲ ਭਰੀਆਂ ਅੱਖਾਂ ਅਤੇ ਬੇਫ਼ਿਕਰੀ ਵਾਲਾ ਬਚਪਨ ਹਰ ਸਮਾਜ ਦੀ ਰੂਹ ਹੁੰਦਾ ਹੈ। ਬੱਚਿਆਂ ਦੇ ਮਾਸੂਮ ਬਚਪਨ, ਉਨ੍ਹਾਂ ਦੇ ਅਧਿਕਾਰਾਂ, ਸਿੱਖਿਆ, ਸੁਰੱਖਿਆ ਅਤੇ ਖੁਸ਼ਹਾਲ ਭਵਿੱਖ ਨੂੰ ਸਮਰਪਤ ਦਿਨ ਹੈ ਬਾਲ ਦਿਵਸ। ਭਾਰਤ ਵਿੱਚ ਹਰ ਸਾਲ 14 ਨਵੰਬਰ ਨੂੰ ਪੰਡਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਹਾੜੇ ਮੌਕੇ ਬਾਲ ਦਿਵਸ ਮਨਾਇਆ ਜਾਂਦਾ ਹੈ। ਨਹਿਰੂ ਜੀ ਨੂੰ ਬੱਚਿਆਂ ਨਾਲ ਵਿਸ਼ੇਸ਼ ਪਿਆਰ ਸੀ ਅਤੇ ਬੱਚੇ ਉਨ੍ਹਾ ਨੂੰ ਚਾਚਾ ਨਹਿਰੂ ਕਹਿ ਕੇ ਬੁਲਾਉਂਦੇ ਸਨ। ਉਨ੍ਹਾਂ ਦਾ ਮੰਨਣਾ ਸੀ ਕਿ ਬੱਚਿਆਂ ਦੀ ਸਹੀ ਪਰਵਰਿਸ਼ ਅਤੇ ਸਿੱਖਿਆ ਹੀ ਦੇਸ਼ ਦੇ ਸੁਨਹਿਰੀ ਭਵਿੱਖ ਦੀ ਨੀਂਹ ਰੱਖਦੀ ਹੈ।

ਬਾਲ ਦਿਵਸ ਮਨਾਉਣ ਦਾ ਅਸਲ ਮਕਸਦ ਸਿਰਫ਼ ਸਕੂਲਾਂ ਵਿੱਚ ਸਮਾਗਮ ਕਰਵਾਉਣਾ, ਮਠਿਆਈਆਂ ਵੰਡਣਾ, ਬੱਚਿਆਂ ਨੂੰ ਤੋਹਫ਼ੇ ਦੇਣਾ ਜਾਂ ਸੱਭਿਆਚਾਰਕ ਪ੍ਰੋਗਰਾਮ ਕਰਵਾਉਣਾ ਹੀ ਨਹੀਂ, ਸਗੋਂ ਇਹ ਵਿਚਾਰ ਕਰਨਾ ਵੀ ਹੈ ਕਿ ਕੀ ਅਸੀਂ ਆਪਣੇ ਬੱਚਿਆਂ ਨੂੰ ਉਹ ਬਚਪਨ ਦੇ ਰਹੇ ਹਾਂ, ਜਿਸ ਦੇ ਉਹ ਹੱਕਦਾਰ ਹਨ? ਅੱਜ ਦੇ ਬੱਚੇ ਪਹਿਲਾਂ ਨਾਲੋਂ ਵਧੇਰੇ ਸਹੂਲਤਾਂ ਵਿੱਚ ਪਲ ਰਹੇ ਹਨ, ਪਰ ਉਨ੍ਹਾਂ ਦੀ ਜ਼ਿੰਦਗੀ ਵਿੱਚੋਂ ਬਚਪਨ ਦੀ ਅਸਲ ਰੌਣਕ ਕਿਤੇ ਗੁੰਮ ਹੁੰਦੀ ਜਾ ਰਹੀ ਹੈ। ਪਹਿਲਾਂ ਬੱਚਿਆਂ ਦੇ ਖੇਡਣ ਲਈ ਖੁੱਲ੍ਹੇ ਵਿਹੜੇ, ਗਲੀਆਂ, ਪਿੰਡਾਂ ਦੇ ਮੈਦਾਨ ਅਤੇ ਦੋਸਤਾਂ ਦੀਆਂ ਟੋਲੀਆਂ ਹੁੰਦੀਆਂ ਸਨ। ਕਦੇ ਗੁੱਲੀ-ਡੰਡਾ, ਲੁਕਣ-ਮੀਟੀ, ਪਿੱਠੂ, ਕੋਟਲਾ ਛਪਾਕੀ ਅਤੇ ਰੱਸੀ ਟੱਪਣ ਵਰਗੀਆਂ ਖੇਡਾਂ ਬਚਪਨ ਦਾ ਹਿੱਸਾ ਹੁੰਦੀਆਂ ਸਨ। ਅੱਜ ਮੋਬਾਈਲ ਫ਼ੋਨ, ਵੀਡੀਓ ਗੇਮਾਂ ਅਤੇ ਸੋਸ਼ਲ ਮੀਡੀਆ ਨੇ ਬੱਚਿਆਂ ਦੀਆਂ ਖੇਡਾਂ ਦੀ ਥਾਂ ਮੱਲ ਲਈ ਹੈ। ਬੱਚੇ ਘਰਾਂ ਵਿੱਚ ਬੈਠ ਕੇ ਸਕਰੀਨਾਂ ਨਾਲ਼ ਜੁੜੇ ਰਹਿੰਦੇ ਹਨ, ਪਰ ਆਪਣੇ ਆਲੇ-ਦੁਆਲੇ ਦੇ ਲੋਕਾਂ ਅਤੇ ਕੁਦਰਤ ਨਾਲ਼ ਉਨ੍ਹਾਂ ਦਾ ਸਬੰਧ ਕਮਜ਼ੋਰ ਪੈਂਦਾ ਜਾ ਰਿਹਾ ਹੈ। ਇਸ ਤੋਂ ਵੀ ਵੱਡੀ ਚਿੰਤਾ ਦੀ ਗੱਲ ਹੈ ਕਿ ਅੱਜ ਬਚਪਨ ਉੱਤੇ ਪੜ੍ਹਾਈ ਅਤੇ ਮੁਕਾਬਲੇਬਾਜ਼ੀ ਦਾ ਬੋਝ ਲਗਾਤਾਰ ਵਧ ਰਿਹਾ ਹੈ। ਮਾਪੇ ਆਪਣੇ ਬੱਚਿਆਂ ਨੂੰ ਹਰ ਖੇਤਰ ਵਿੱਚ ਪਹਿਲੇ ਨੰਬਰ 'ਤੇ ਦੇਖਣਾ ਚਾਹੁੰਦੇ ਹਨ। ਸਕੂਲ ਤੋਂ ਆਉਣ ਮਗਰੋਂ ਟਿਊਸ਼ਨਾਂ, ਹੋਮਵਰਕ ਅਤੇ ਵੱਖ-ਵੱਖ ਗਤੀਵਿਧੀਆਂ ਵਿੱਚ ਬੱਚਿਆਂ ਦਾ ਸਮਾਂ ਲੰਘ ਜਾਂਦਾ ਹੈ। ਕਈ ਵਾਰ ਮਾਪੇ ਆਪਣੀਆਂ ਅਧੂਰੀਆਂ ਖ਼ਾਹਿਸ਼ਾਂ ਦਾ ਬੋਝ ਵੀ ਬੱਚਿਆਂ ਦੇ ਮੋਢਿਆਂ 'ਤੇ ਰੱਖ ਦਿੰਦੇ ਹਨ। ਹਰ ਬੱਚਾ ਡਾਕਟਰ, ਇੰਜੀਨੀਅਰ ਜਾਂ ਅਫ਼ਸਰ ਬਣਨ ਲਈ ਹੀ ਪੈਦਾ ਨਹੀਂ ਹੁੰਦਾ। ਕਿਸੇ ਦੀ ਰੁਚੀ ਕਲਾ ਵਿੱਚ ਹੁੰਦੀ ਹੈ, ਕਿਸੇ ਦੀ ਖੇਡਾਂ ਵਿੱਚ, ਕਿਸੇ ਦੀ ਲਿਖਣ ਵਿੱਚ ਅਤੇ ਕਿਸੇ ਦੀ ਵਿਗਿਆਨਕ ਖੋਜ ਵਿੱਚ। ਬੱਚਿਆਂ ਦੀਆਂ ਰੁਚੀਆਂ ਨੂੰ ਸਮਝਣਾ ਅਤੇ ਉਨ੍ਹਾਂ ਨੂੰ ਆਪਣੀ ਪਸੰਦ ਦੇ ਖੇਤਰ ਵਿੱਚ ਅੱਗੇ ਵਧਣ ਲਈ ਉਤਸ਼ਹਿਤ ਕਰਨਾ ਮਾਪਿਆਂ ਦੀ ਅਹਿਮ ਜ਼ਿੰਮੇਵਾਰੀ ਹੈ।




ਬਾਲ ਦਿਵਸ ਮੌਕੇ ਇਨ੍ਹਾਂ ਗੱਲਾਂ ਨੂੰ ਵੀ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ ਕਿ ਅੱਜ ਵੀ ਬਹੁਤ ਸਾਰੇ ਬੱਚੇ ਅਜਿਹੇ ਹਨ, ਜਿਨ੍ਹਾਂ ਨੂੰ ਚੰਗੀ ਸਿੱਖਿਆ, ਪੌਸ਼ਟਿਕ ਭੋਜਨ ਅਤੇ ਸੁਰੱਖਿਅਤ ਬਚਪਨ ਨਸੀਬ ਨਹੀਂ ਹੁੰਦਾ। ਕਈ ਬੱਚੇ ਆਰਥਿਕ ਤੰਗੀਆਂ ਕਾਰਨ ਸਕੂਲ ਜਾਣ ਦੀ ਬਜਾਏ ਮਜ਼ਦੂਰੀ ਕਰਨ ਲਈ ਮਜਬੂਰ ਹਨ। ਕਿਤੇ ਬਾਲ ਮਜ਼ਦੂਰੀ, ਕਿਤੇ ਬਾਲ ਸ਼ੋਸ਼ਣ ਅਤੇ ਕਿਤੇ ਕੁੜੀਆਂ ਨਾਲ ਹੁੰਦਾ ਵਿਤਕਰਾ ਉਨ੍ਹਾਂ ਦੇ ਸੁਪਨਿਆਂ ਨੂੰ ਜਨਮ ਲੈਣ ਤੋਂ ਪਹਿਲਾਂ ਹੀ ਕੁਚਲ ਦਿੰਦਾ ਹੈ। ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਹਰ ਬੱਚੇ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਿੱਖਿਆ, ਸੁਰੱਖਿਆ, ਸਿਹਤ ਅਤੇ ਸਨਮਾਨ ਨਾਲ਼ ਜੀਊਣ ਦਾ ਅਧਿਕਾਰ ਹੈ। ਕਿਸੇ ਵੀ ਬੱਚੇ ਦਾ ਬਚਪਨ ਗ਼ਰੀਬੀ, ਮਜਬੂਰੀ ਜਾਂ ਸਮਾਜਿਕ ਵਿਤਕਰੇ ਦੀ ਭੇਟ ਨਹੀਂ ਚੜ੍ਹਨਾ ਚਾਹੀਦਾ।ਇਸ ਲਈ ਬੱਚਿਆਂ ਨੂੰ ਮੋਬਾਈਲ ਤੋਂ ਪੂਰੀ ਤਰ੍ਹਾਂ ਦੂਰ ਕਰਨ ਦੀ ਬਜਾਏ ਇਸ ਦੀ ਸਹੀ ਅਤੇ ਸੀਮਤ ਵਰਤੋਂ ਸਿਖਾਉਣ ਦੀ ਲੋੜ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨਾਲ ਸਮਾਂ ਬਿਤਾਉਣ, ਉਨ੍ਹਾਂ ਦੀਆਂ ਗੱਲਾਂ ਸੁਣਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ। ਬੱਚਿਆਂ ਨੂੰ ਸਿਰਫ਼ ਮਹਿੰਗੇ ਖਿਡੌਣੇ ਅਤੇ ਸਹੂਲਤਾਂ ਹੀ ਨਹੀਂ, ਸਗੋਂ ਮਾਪਿਆਂ ਦਾ ਸਮਾਂ, ਪਿਆਰ, ਸਨੇਹ ਅਤੇ ਸਹੀ ਮਾਰਗ-ਦਰਸ਼ਨ ਵੀ ਚਾਹੀਦਾ ਹੈ।

ਅਧਿਆਪਕਾਂ ਦੀ ਭੂਮਿਕਾ ਵੀ ਬੱਚਿਆਂ ਦੇ ਜੀਵਨ ਨੂੰ ਸਹੀ ਦਿਸ਼ਾ ਦੇਣ ਵਿੱਚ ਬੇਹੱਦ ਮਹੱਤਵਪੂਰਨ ਹੈ। ਸਕੂਲ ਸਿਰਫ਼ ਕਿਤਾਬੀ ਗਿਆਨ ਦੇਣ ਵਾਲੀ ਸੰਸਥਾ ਨਹੀਂ, ਸਗੋਂ ਬੱਚਿਆਂ ਦੇ ਚਰਿੱਤਰ, ਸੋਚ ਅਤੇ ਸ਼ਖ਼ਸੀਅਤ ਨੂੰ ਨਿਖਾਰਨ ਦਾ ਕੇਂਦਰ ਵੀ ਹੈ। ਬੱਚਿਆਂ ਨੂੰ ਨੈਤਿਕ ਕਦਰਾਂ-ਕੀਮਤਾਂ, ਵੱਡਿਆਂ ਦਾ ਸਤਿਕਾਰ, ਕੁਦਰਤ ਨਾਲ ਪਿਆਰ, ਦੂਜਿਆਂ ਦੀ ਮਦਦ ਕਰਨ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦੀ ਸਿੱਖਿਆ ਦੇਣੀ ਵੀ ਓਨੀ ਹੀ ਜ਼ਰੂਰੀ ਹੈ, ਜਿੰਨੀ ਕਿਤਾਬੀ ਪੜ੍ਹਾਈ। ਬਾਲ ਦਿਵਸ ਸਾਨੂੰ ਇਹ ਅਹਿਸਾਸ ਕਰਵਾਉਂਦਾ ਹੈ ਕਿ ਬੱਚਿਆਂ ਨੂੰ ਸਿਰਫ਼ ਭਵਿੱਖ ਲਈ ਤਿਆਰ ਨਹੀਂ ਕਰਨਾ, ਸਗੋਂ ਉਨ੍ਹਾਂ ਦਾ ਅੱਜ ਵੀ ਖੁਸ਼ਹਾਲ ਬਣਾਉਣਾ ਹੈ। ਉਨ੍ਹਾਂ ਨੂੰ ਆਪਣੇ ਸੁਪਨੇ ਦੇਖਣ ਦੀ ਆਜ਼ਾਦੀ, ਗ਼ਲਤੀਆਂ ਤੋਂ ਸਿੱਖਣ ਦਾ ਮੌਕਾ ਅਤੇ ਆਪਣੀ ਪ੍ਰਤਿਭਾ ਨਿਖ਼ਾਰਨ ਲਈ ਢੁਕਵਾਂ ਮਾਹੌਲ ਮਿਲਣਾ ਚਾਹੀਦਾ ਹੈ। ਬੱਚਿਆਂ ਦੀ ਤੁਲਨਾ ਦੂਜਿਆਂ ਨਾਲ ਕਰਨ ਦੀ ਬਜਾਏ ਉਨ੍ਹਾਂ ਦੀਆਂ ਆਪਣੀਆਂ ਖ਼ੂਬੀਆਂ ਨੂੰ ਪਛਾਣਿਆ ਜਾਵੇ। ਉਨ੍ਹਾਂ ਨੂੰ ਡਰਾ ਕੇ ਨਹੀਂ, ਸਮਝਾ ਕੇ; ਦਬਾਅ ਪਾ ਕੇ ਨਹੀਂ, ਉਤਸ਼ਾਹਤ ਕਰਕੇ ਅੱਗੇ ਵਧਾਇਆ ਜਾਵੇ।

ਬਾਲ ਦਿਵਸ ਮਨਾਉਣ ਦਾ ਅਸਲ ਮਕਸਦ ਬਾਲ ਮਨਾਂ ਦੀ ਉਡਾਰੀ ਬਣ ਕੇ ਉਨ੍ਹਾਂ ਨੂੰ ਖੰਭ ਦੇਣਾ ਹੋਣਾ ਚਾਹੀਦਾ ਹੈ। ਬਾਲ ਦਿਵਸ ਇੱਕ ਦਿਨ ਦਾ ਸਮਾਗਮ ਬਣਨ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਇਸ ਦਿਵਸ ਨੂੰ ਮਾਪਿਆਂ ਅਤੇ ਅਧਿਆਪਕਾਂ ਵੱਲੋਂ ਬੱਚਿਆਂ ਦੀਆਂ ਲੋੜਾਂ ਨੂੰ ਸਮਝਣ, ਉਨ੍ਹਾਂ ਦੀ ਪੂਰਤੀ ਕਰਨ ਅਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਸਾਰਥਕ ਗਤੀਵਿਧੀਆਂ ਉਲੀਕਣ ਦੇ ਮੌਕੇ ਵਜੋਂ ਮਨਾਇਆ ਜਾਣਾ ਚਾਹੀਦਾ ਹੈ।

 # ਸੰਪਰਕ : 99889-01324

ਸੁਰੱਖਿਅਤ ਸਕੂਲ, ਸੁਰੱਖਿਅਤ ਭਵਿੱਖ


ਜਗਤਾਰ ਲਾਡੀ

ਸਕੂਲ ਬੱਚਿਆਂ ਦੇ ਸਰਬਪੱਖੀ ਵਿਕਾਸ ਦੇ ਕੇਂਦਰ ਹੁੰਦੇ ਹਨ। ਇੱਥੇ ਬੱਚੇ ਸਿਰਫ਼ ਕਿਤਾਬੀ ਗਿਆਨ ਹੀ ਪ੍ਰਾਪਤ ਨਹੀਂ ਕਰਦੇ, ਸਗੋਂ ਸਮਾਜਿਕ, ਮਾਨਸਿਕ ਅਤੇ ਸਰੀਰਕ ਵਿਕਾਸ ਦੀਆਂ ਪੌੜੀਆਂ ਵੀ ਚੜ੍ਹਦੇ ਹਨ, ਪਰ ਸਿੱਖਿਆ ਦਾ ਇਹ ਉਦੇਸ਼ ਤਾਂ ਹੀ ਪੂਰਾ ਹੋ ਸਕਦਾ ਹੈ, ਜੇ ਸਕੂਲ ਦਾ ਵਾਤਾਵਰਨ ਸੁਰੱਖਿਅਤ ਹੋਵੇ। ਸਕੂਲ ਸੁਰੱਖਿਆ, ਸਮਰੱਥਾ ਵਿਕਾਸ ਅਤੇ ਆਫ਼ਤਾਂ ਦੇ ਜੋਖ਼ਮ ਨੂੰ ਘਟਾਉਣਾ ਅੱਜ ਦੀ ਸਿੱਖਿਆ ਪ੍ਰਣਾਲੀ ਦਾ ਅਹਿਮ ਵਿਸ਼ਾ ਹੈ। ਇਸ ਦਾ ਮਕਸਦ ਸੰਭਾਵੀ ਖ਼ਤਰਿਆਂ ਦੀ ਪਛਾਣ ਕਰਨਾ, ਉਨ੍ਹਾਂ ਤੋਂ ਬਚਾਅ ਦੇ ਉਪਾਅ ਕਰਨਾ ਅਤੇ ਐਮਰਜੈਂਸੀ ਨਾਲ ਨਜਿੱਠਣ ਲਈ ਅਧਿਆਪਕਾਂ, ਵਿਦਿਆਰਥੀਆਂ ਅਤੇ ਹੋਰ ਕਰਮਚਾਰੀਆਂ ਨੂੰ ਤਿਆਰ ਕਰਨਾ ਹੈ।

ਸਿੱਖਿਆ ਮੰਤਰਾਲੇ ਦੀ ਯੂਡਾਇਸ ਪਲੱਸ 2025-26 ਰਿਪੋਰਟ ਅਨੁਸਾਰ ਭਾਰਤ ਵਿੱਚ ਲਗਭਗ 14.67 ਲੱਖ ਸਕੂਲ, 24.72 ਕਰੋੜ ਵਿਦਿਆਰਥੀ ਅਤੇ 1.02 ਕਰੋੜ ਤੋਂ ਵੱਧ ਅਧਿਆਪਕ ਹਨ। ਇਸੇ ਰਿਪੋਰਟ ਅਨੁਸਾਰ ਦੇਸ਼ ਵਿੱਚ ਵਿਦਿਆਰਥੀ-ਅਧਿਆਪਕ ਅਨੁਪਾਤ ਲਗਭਗ 24:1 ਹੈ। ਇਹ ਅੰਕੜੇ ਦੇਸ਼ ਦੀ ਸਿੱਖਿਆ ਪ੍ਰਣਾਲੀ ਦੇ ਵਿਸ਼ਾਲ ਪੱਧਰ ਨੂੰ ਦਰਸਾਉਂਦੇ ਹਨ।

ਏਨੀ ਵੱਡੀ ਗਿਣਤੀ ਵਿੱਚ ਬੱਚਿਆਂ ਅਤੇ ਅਧਿਆਪਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਿਰਫ਼ ਪ੍ਰਬੰਧਕੀ ਲੋੜ ਨਹੀਂ, ਸਗੋਂ ਬੱਚਿਆਂ ਦੇ ਜੀਵਨ ਅਤੇ ਭਵਿੱਖ ਦੀ ਰਾਖੀ ਨਾਲ ਜੁੜਿਆ ਮਾਮਲਾ ਹੈ।

ਭਾਰਤ ਵਿੱਚ ਕੁਦਰਤੀ ਆਫ਼ਤਾਂ ਦਾ ਖ਼ਤਰਾ ਵੀ ਸਕੂਲ ਸੁਰੱਖਿਆ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਉਜਾਗਰ ਕਰਦਾ ਹੈ। ਹੜ੍ਹ, ਭੁਚਾਲ, ਚੱਕਰਵਾਤ, ਭਾਰੀ ਮੀਂਹ, ਜ਼ਮੀਨ ਖਿਸਕਣ ਅਤੇ ਗਰਮੀ ਦੀਆਂ ਲਹਿਰਾਂ ਵੱਖ-ਵੱਖ ਖੇਤਰਾਂ ਵਿੱਚ ਲੋਕਾਂ ਦੇ ਜੀਵਨ ਨੂੰ ਪ੍ਰਭਾਵਤ ਕਰਦੀਆਂ ਹਨ। ਯੂਨੀਸੈਫ ਦੀਆਂ ਰਿਪੋਰਟਾਂ ਵਿੱਚ ਭਾਰਤ ਦੇ ਵੱਖ-ਵੱਖ ਖੇਤਰਾਂ ਨੂੰ ਕਈ ਕਿਸਮਾਂ ਦੇ ਕੁਦਰਤੀ ਖ਼ਤਰਿਆਂ ਦੀ ਸੰਭਾਵਨਾ ਵਾਲੇ ਖੇਤਰਾਂ ਵਜੋਂ ਦਰਸਾਇਆ ਗਿਆ ਹੈ। ਇਸ ਦਾ ਮਤਲਬ ਇਹ ਨਹੀਂ ਕਿ ਹਰ ਖੇਤਰ ਵਿੱਚ ਸਾਰੇ ਖ਼ਤਰੇ ਇੱਕੋ ਜਿਹੇ ਹਨ। ਇਸ ਲਈ ਹਰੇਕ ਸਕੂਲ ਦੀ ਸੁਰੱਖਿਆ ਯੋਜਨਾ ਸਥਾਨਕ ਹਾਲਾਤ ਅਨੁਸਾਰ ਬਣਾਉਣੀ ਜ਼ਰੂਰੀ ਹੈ। ਪੰਜਾਬ ਦੇ ਹੜ੍ਹਾਂ ਦੀ ਸੰਭਾਵਨਾ ਵਾਲੇ ਖੇਤਰਾਂ ਵਿੱਚ ਪਾਣੀ ਦੇ ਵਹਾਅ, ਨਿਕਾਸੀ ਅਤੇ ਸੁਰੱਖਿਅਤ ਥਾਵਾਂ ਵੱਲ ਜਾਣ ਦੇ ਪ੍ਰਬੰਧਾਂ 'ਤੇ ਧਿਆਨ ਦੇਣਾ ਚਾਹੀਦਾ ਹੈ। ਹੋਰ ਖੇਤਰਾਂ ਵਿੱਚ ਉੱਥੋਂ ਦੇ ਮੁੱਖ ਖ਼ਤਰਿਆਂ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ।

ਸਕੂਲ ਸੁਰੱਖਿਆ ਦਾ ਅਰਥ ਸਿਰਫ਼ ਇਮਾਰਤ ਦੀ ਮਜ਼ਬੂਤੀ ਤੱਕ ਸੀਮਤ ਨਹੀਂ। ਇਸ ਵਿੱਚ ਸਾਫ਼ ਪੀਣ ਵਾਲਾ ਪਾਣੀ, ਸੁਰੱਖਿਅਤ ਬਿਜਲੀ ਪ੍ਰਬੰਧ, ਸਾਫ਼ ਪਖਾਨੇ, ਖੇਡ ਮੈਦਾਨ ਦੀ ਦੇਖਭਾਲ, ਅੱਗ ਤੋਂ ਬਚਾਅ ਅਤੇ ਸੜਕ ਸੁਰੱਖਿਆ ਵੀ ਸ਼ਾਮਲ ਹਨ। ਇਸ ਦੇ ਨਾਲ ਬੱਚਿਆਂ ਨੂੰ ਸਰੀਰਕ ਸਜ਼ਾ, ਧੱਕੇਸ਼ਾਹੀ, ਤੰਗ-ਪਰੇਸ਼ਾਨ ਕਰਨ ਅਤੇ ਹੋਰ ਹਾਨੀਕਾਰਕ ਵਿਹਾਰ ਤੋਂ ਬਚਾਉਣਾ ਵੀ ਸਕੂਲ ਦੀ ਜ਼ਿੰਮੇਵਾਰੀ ਹੈ।

ਸੁਰੱਖਿਅਤ ਸਕੂਲ ਬਣਾਉਣ ਲਈ ਅਧਿਆਪਕਾਂ, ਸਕੂਲ ਮੁਖੀਆਂ, ਵਿਦਿਆਰਥੀਆਂ ਅਤੇ ਸਕੂਲ ਪ੍ਰਬੰਧਨ ਕਮੇਟੀ ਦੀ ਸਮਰੱਥਾ ਵਧਾਉਣੀ ਲਾਜ਼ਮੀ ਹੈ। ਸਿਰਫ਼ ਨਿਯਮ ਬਣਾਉਣ ਨਾਲ ਸੁਰੱਖਿਆ ਯਕੀਨੀ ਨਹੀਂ ਹੁੰਦੀ, ਹਰ ਵਿਅਕਤੀ ਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਖ਼ਤਰੇ ਦੀ ਸਥਿਤੀ ਵਿੱਚ ਕੀ ਕਰਨਾ ਹੈ। ਅਧਿਆਪਕਾਂ ਨੂੰ ਮੁੱਢਲੀ ਸਹਾਇਤਾ, ਅੱਗ ਤੋਂ ਬਚਾਅ, ਬੱਚਿਆਂ ਨੂੰ ਸੁਰੱਖਿਅਤ ਥਾਂ ਤੱਕ ਪਹੁੰਚਾਉਣ ਅਤੇ ਐਮਰਜੈਂਸੀ ਦੌਰਾਨ ਭੀੜ ਨੂੰ ਸੰਭਾਲਣ ਦੀ ਸਿਖਲਾਈ ਦਿੱਤੀ ਜਾਣੀ ਚਾਹੀਦੀ ਹੈ। ਵਿਦਿਆਰਥੀਆਂ ਨੂੰ ਵੀ ਉਨ੍ਹਾਂ ਦੀ ਉਮਰ ਅਤੇ ਸਮਝ ਅਨੁਸਾਰ ਸੁਰੱਖਿਆ ਦੇ ਨਿਯਮ ਸਿਖਾਏ ਜਾਣ। ਅਜਿਹੀ ਸਿਖਲਾਈ ਦਾ ਮਕਸਦ ਬੱਚਿਆਂ ਵਿੱਚ ਡਰ ਪੈਦਾ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਸੁਝਵਾਨ ਅਤੇ ਤਿਆਰ ਬਣਾਉਣਾ ਹੈ।

ਹਰੇਕ ਸਕੂਲ ਵਿੱਚ ਸੰਭਾਵੀ ਖ਼ਤਰਿਆਂ ਦੀ ਪਛਾਣ ਕਰਕੇ ਉਨ੍ਹਾਂ ਦੀ ਸੂਚੀ ਤਿਆਰ ਕਰਨੀ ਚਾਹੀਦੀ ਹੈ। ਇਮਾਰਤ ਦੀਆਂ ਕੰਧਾਂ, ਛੱਤਾਂ, ਬਿਜਲੀ ਦੀਆਂ ਤਾਰਾਂ, ਰਸੋਈ, ਪਾਣੀ ਦੀ ਟੈਂਕੀ, ਖੇਡ ਮੈਦਾਨ ਅਤੇ ਆਉਣ-ਜਾਣ ਵਾਲੇ ਰਸਤਿਆਂ ਦੀ ਸਮੇਂ-ਸਮੇਂ 'ਤੇ ਜਾਂਚ ਕੀਤੀ ਜਾਵੇ। ਟੁੱਟੀਆਂ ਕੰਧਾਂ, ਖੁੱਲ੍ਹੇ ਖੱਡਿਆਂ, ਨੁਕਸਾਨੀਆਂ ਤਾਰਾਂ ਅਤੇ ਤਿਲਕਣ ਵਾਲੀਆਂ ਥਾਵਾਂ ਨੂੰ ਅਣਡਿੱਠਾ ਨਹੀਂ ਕਰਨਾ ਚਾਹੀਦਾ। ਇਮਾਰਤ ਦੀ ਢਾਂਚਾਗਤ ਸੁਰੱਖਿਆ ਦੀ ਜਾਂਚ ਯੋਗ ਤਕਨੀਕੀ ਮਾਹਰਾਂ ਤੋਂ ਅਤੇ ਲੋੜ ਅਨੁਸਾਰ ਅੱਗ ਸੁਰੱਖਿਆ ਦੀ ਜਾਂਚ ਸੰਬੰਧਤ ਅਧਿਕਾਰੀਆਂ ਤੋਂ ਕਰਵਾਈ ਜਾਵੇ। ਜਿਹੜੀਆਂ ਕਮੀਆਂ ਸਕੂਲ ਪੱਧਰ 'ਤੇ ਦੂਰ ਨਹੀਂ ਹੋ ਸਕਦੀਆਂ, ਉਨ੍ਹਾਂ ਬਾਰੇ ਸਬੰਧਤ ਵਿਭਾਗ ਨੂੰ ਲਿਖਤੀ ਰੂਪ ਵਿੱਚ ਸੂਚਿਤ ਕਰਨਾ ਚਾਹੀਦਾ ਹੈ। ਸਕੂਲ ਦੀ ਸੁਰੱਖਿਆ ਯੋਜਨਾ ਵਿੱਚ ਐਮਰਜੈਂਸੀ ਸੰਪਰਕ ਨੰਬਰਾਂ, ਨਿਕਾਸੀ ਮਾਰਗਾਂ, ਇਕੱਠੇ ਹੋਣ ਵਾਲੀ ਸੁਰੱਖਿਅਤ ਥਾਂ ਅਤੇ ਜ਼ਿੰਮੇਵਾਰ ਵਿਅਕਤੀਆਂ ਦਾ ਵੇਰਵਾ ਵੀ ਹੋਣਾ ਚਾਹੀਦਾ ਹੈ।

ਆਫ਼ਤਾਂ ਨਾਲ ਨਜਿੱਠਣ ਦੀ ਤਿਆਰੀ ਵਿੱਚ ਮੌਕ ਡਰਿੱਲ ਦੀ ਅਹਿਮ ਭੂਮਿਕਾ ਹੈ। ਮੌਕ ਡਰਿੱਲ ਰਾਹੀਂ ਅਸਲ ਆਫ਼ਤ ਪੈਦਾ ਕੀਤੇ ਬਿਨਾਂ ਉਸ ਵਰਗੀ ਸਥਿਤੀ ਨਾਲ ਨਜਿੱਠਣ ਦਾ ਅਭਿਆਸ ਕੀਤਾ ਜਾਂਦਾ ਹੈ। ਭੁਚਾਲ ਦੀ ਸਥਿਤੀ ਵਿੱਚ ਬੱਚਿਆਂ ਨੂੰ ਮੇਜ਼ ਹੇਠਾਂ ਓਟ ਲੈ ਕੇ ਸਿਰ ਅਤੇ ਗਰਦਨ ਦੀ ਰੱਖਿਆ ਕਰਨ, ਝਟਕੇ ਰੁਕਣ ਤੋਂ ਬਾਅਦ ਸੁਰੱਖਿਅਤ ਢੰਗ ਨਾਲ ਬਾਹਰ ਨਿਕਲਣ ਅਤੇ ਨਿਰਧਾਰਤ ਥਾਂ 'ਤੇ ਇਕੱਠੇ ਹੋਣ ਦੀ ਸਿਖਲਾਈ ਦਿੱਤੀ ਜਾ ਸਕਦੀ ਹੈ।

ਸਕੂਲ ਵਿੱਚ ਮੁੱਢਲੀ ਸਹਾਇਤਾ ਦਾ ਡੱਬਾ, ਸਾਫ਼ ਪਾਣੀ ਅਤੇ ਸਿਹਤ ਸੰਭਾਲ ਦੇ ਲੋੜੀਂਦੇ ਪ੍ਰਬੰਧ ਹੋਣੇ ਚਾਹੀਦੇ ਹਨ। ਗੰਭੀਰ ਸੱਟ ਜਾਂ ਬਿਮਾਰੀ ਦੀ ਸਥਿਤੀ ਵਿੱਚ ਤੁਰੰਤ ਡਾਕਟਰੀ ਸਹਾਇਤਾ ਲਈ ਸੰਪਰਕ ਕੀਤਾ ਜਾਵੇ। ਗਰਮੀ ਦੇ ਮੌਸਮ ਵਿੱਚ ਪੀਣ ਵਾਲੇ ਪਾਣੀ, ਛਾਂ ਅਤੇ ਲੋੜ ਅਨੁਸਾਰ ਗਤੀਵਿਧੀਆਂ ਦੇ ਸਮੇਂ ਵਿੱਚ ਤਬਦੀਲੀ ਦਾ ਪ੍ਰਬੰਧ ਕੀਤਾ ਜਾਵੇ। ਇਸੇ ਤਰ੍ਹਾਂ ਬਰਸਾਤ ਦੇ ਮੌਸਮ ਵਿੱਚ ਖੜ੍ਹੇ ਪਾਣੀ, ਫਿਸਲਣ ਵਾਲੀਆਂ ਥਾਵਾਂ ਅਤੇ ਬਿਜਲੀ ਦੇ ਖ਼ਤਰਿਆਂ ਤੋਂ ਬਚਾਅ ਕਰਨਾ ਜ਼ਰੂਰੀ ਹੈ। ਦਿਵਿਆਂਗ ਬੱਚਿਆਂ ਅਤੇ ਛੋਟੀ ਉਮਰ ਦੇ ਵਿਦਿਆਰਥੀਆਂ ਲਈ ਐਮਰਜੈਂਸੀ ਦੌਰਾਨ ਸੁਰੱਖਿਅਤ ਨਿਕਾਸੀ ਦੇ ਵਿਸ਼ੇਸ਼ ਪ੍ਰਬੰਧ ਹੋਣੇ ਚਾਹੀਦੇ ਹਨ, ਤਾਂ ਜੋ ਕੋਈ ਵੀ ਬੱਚਾ ਪਿੱਛੇ ਨਾ ਰਹਿ ਜਾਵੇ।

ਸਕੂਲ ਸੁਰੱਖਿਆ ਸਿਰਫ਼ ਅਧਿਆਪਕਾਂ ਦੀ ਜ਼ਿੰਮੇਵਾਰੀ ਨਹੀਂ। ਮਾਪਿਆਂ, ਪੰਚਾਇਤ, ਸਕੂਲ ਪ੍ਰਬੰਧਨ ਕਮੇਟੀ, ਸਿਹਤ ਵਿਭਾਗ, ਅੱਗ ਬੁਝਾਊ ਵਿਭਾਗ ਅਤੇ ਸਥਾਨਕ ਪ੍ਰਸ਼ਾਸਨ ਦਾ ਸਹਿਯੋਗ ਵੀ ਲੋੜੀਂਦਾ ਹੈ। ਸੁਰੱਖਿਆ ਜਾਗਰੂਕਤਾ ਮੀਟਿੰਗਾਂ ਕਰਵਾਈਆਂ ਜਾਣ ਅਤੇ ਲੋੜ ਅਨੁਸਾਰ ਮਾਹਰਾਂ ਦੀ ਸਹਾਇਤਾ ਲਈ ਜਾਵੇ। ਬੱਚਿਆਂ ਨੂੰ ਵੀ ਸਕੂਲ ਵਿੱਚ ਖ਼ਤਰਿਆਂ ਦੀ ਪਛਾਣ ਕਰਨ ਅਤੇ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਲਈ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਹੈ। ਜਦੋਂ ਸਕੂਲ ਅਤੇ ਸਮਾਜ ਮਿਲ ਕੇ ਕੰਮ ਕਰਦੇ ਹਨ, ਤਾਂ ਸੁਰੱਖਿਆ ਪ੍ਰਬੰਧਾਂ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ।

ਸਕੂਲ ਸੁਰੱਖਿਆ, ਸਮਰੱਥਾ ਵਿਕਾਸ ਅਤੇ ਆਫ਼ਤਾਂ ਦੇ ਜੋਖ਼ਮ ਨੂੰ ਘਟਾਉਣਾ ਇੱਕ ਲਗਾਤਾਰ ਚੱਲਣ ਵਾਲੀ ਪ੍ਰਕਿਰਿਆ ਹੈ। ਇਸ ਲਈ ਯੋਜਨਾਬੰਦੀ, ਸਿਖਲਾਈ, ਨਿਯਮਿਤ ਜਾਂਚ, ਮੌਕ ਡਰਿੱਲ ਅਤੇ ਸਾਂਝੀ ਜ਼ਿੰਮੇਵਾਰੀ ਦੀ ਲੋੜ ਹੈ। ਆਫ਼ਤ ਆਉਣ ਤੋਂ ਬਾਅਦ ਕਾਰਵਾਈ ਕਰਨ ਦੀ ਬਜਾਏ ਪਹਿਲਾਂ ਤੋਂ ਤਿਆਰੀ ਕਰਨੀ ਵਧੇਰੇ ਮਹੱਤਵਪੂਰਨ ਹੈ। ਸਕੂਲਾਂ ਦੀ ਸੁਰੱਖਿਆ ਬਾਰੇ ਜਾਗਰੂਕਤਾ ਨੂੰ ਸਿੱਖਿਆ ਪ੍ਰਣਾਲੀ ਦਾ ਨਿਯਮਤ ਹਿੱਸਾ ਬਣਾਇਆ ਜਾਣਾ ਚਾਹੀਦਾ ਹੈ। ਬੱਚਿਆਂ ਦੀ ਜਾਨ, ਸਿਹਤ ਅਤੇ ਸੁਰੱਖਿਆ ਦੀ ਰਾਖੀ ਕਰਨਾ ਅਧਿਆਪਕਾਂ, ਮਾਪਿਆਂ, ਪ੍ਰਸ਼ਾਸਨ ਅਤੇ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਸੁਰੱਖਿਅਤ ਸਕੂਲ ਹੀ ਬਿਹਤਰ ਸਿੱਖਿਆ ਅਤੇ ਸੁਰੱਖਿਅਤ ਭਵਿੱਖ ਦੀ ਨੀਂਹ ਹਨ।

 # ਸੰਪਰਕ : 94636-03091

ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਸੰਗਰੂਰ ਵਿਖੇ ਸੱਤ ਦਿਨਾ ਪੱਕਾ ਮੋਰਚਾ ਸ਼ੁਰੂ

ਵੱਡੀ ਗਿਣਤੀ 'ਚ ਮੁਲਾਜ਼ਮਾਂ, ਪੈਨਸ਼ਨਰਾਂ ਤੇ ਮਹਿਲਾ ਮੁਲਾਜ਼ਮਾਂ ਨੇ ਕੀਤੀ ਸ਼ਮੂਲੀਅਤ



ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ 'ਤੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੁੱਖ ਗੇਟ ਅੱਗੇ 13 ਤੋਂ 19 ਨਵੰਬਰ ਤੱਕ ਚੱਲਣ ਵਾਲੇ ਸੱਤ ਰੋਜ਼ਾ ਪੱਕੇ ਮੋਰਚੇ ਦੀ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਸ਼ੁਰੂਆਤ ਕੀਤੀ ਗਈ।ਮੁਲਾਜ਼ਮ, ਪੈਨਸ਼ਨਰ ਪੰਜਾਬ ਦੇ ਝੂਠੇ ਤੇ ਮੀਟਿੰਗਾਂ ਕਰਨ ਤੋਂ ਭਗੌੜੇ ਮੁੱਖ ਮੰਤਰੀ ਖਿਲਾਫ ਸਕੱਤਰੇਤ ਤੋਂ ਸਤੌਜ ਵਾਪਸੀ ਦੇ ਨਾਅਰੇ ਲਗਾ ਕੇ ਆਪਣਾ ਗੁੱਸਾ ਕੱਢ ਰਹੇ ਸਨ।ਇਕੱਠੇ ਹੋਏ ਹਜ਼ਾਰਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਸੰਬੋਧਨ ਕਰਦੇ ਹੋਏ ਸੂਬਾ ਆਗੂ ਸਾਥੀ ਸਤੀਸ਼ ਰਾਣਾ, ਰਣਜੀਤ ਸਿੰਘ ਰਾਣਵਾਂ, ਸੁਖਚੈਨ ਖਹਿਰਾ, ਕੁਲਵਿੰਦਰ ਢਿੱਲੋਂ, ਸੁਖਦੇਵ ਸੈਨੀ, ਜਗਦੀਸ਼ ਠਾਕੁਰ, ਮਨਪ੍ਰੀਤ ਸਿੰਘ, ਧਨਵੰਤ ਸਿੰਘ ਭੱਠਲ, ਹਰਜਿੰਦਰ ਪਾਲ ਪੰਨੂ, ਦਿਗਵਿਜੇ ਪਾਲ ਸ਼ਰਮਾ, ਮਨਜੀਤ ਰੰਧਾਵਾ ਮਨਦੀਪ ਸਿੰਘ, ਐੱਨ ਕੇ ਕਲਸੀ, ਹਰਦੀਪ ਟੋਡਰਪੁਰ, ਰਾਜ ਕੁਮਾਰ ਅਰੋੜਾ, ਦਵਿੰਦਰ ਪਸ਼ੌਰ ਨੇ ਕਿਹਾ ਕਿ ਪੰਜਾਬ ਦਾ ਸਮੁੱਚਾ ਮੁਲਾਜ਼ਮ ਤੇ ਪੈਨਸ਼ਨਰ ਸਰਕਾਰ ਨੂੰ ਚਲਦਾ ਕਰਨ ਲਈ ਬਹੁਤ ਕਾਹਲਾ ਹੈ।ਇਸ ਸਰਕਾਰ ਦੇ ਰਾਜ ਵਿੱਚ ਹੱਕ ਮੰਗਦੇ ਮੁਲਾਜ਼ਮਾਂ, ਪੈਨਸ਼ਨਰਾਂ, ਮਜ਼ਦੂਰਾਂ, ਕਿਸਾਨਾਂ ਤੇ ਵਿਦਿਆਰਥੀਆਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਵਾਇਆ ਜਾ ਰਿਹਾ ਹੈ।ਸਰਕਾਰ ਵੀ ਲਾਰੇ ਲੱਪੇ ਦੀ ਨੀਤੀ ਨਾਲ ਆਪਣਾ ਰਹਿੰਦਾ ਸਮਾਂ ਲੰਘਾ ਰਹੀ ਹੈ।ਰਾਜ ਦਾ ਮੁੱਖ ਮੰਤਰੀ ਝੂਠਾ ਤੇ ਆਪਣੇ ਹੱਥੀ ਟਵੀਟ ਕਰਕੇ ਵੀ ਮੀਟਿੰਗਾਂ ਨਹੀਂ ਕਰ ਰਿਹਾ।ਮੁਲਾਜ਼ਮਾਂ, ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਲੰਬੇ ਸਮੇਂ ਤੋਂ ਲਟਕ ਰਹੀਆਂ ਹਨ।ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਅਗਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕਰਕੇ ਲੋਕ ਲਹਿਰ ਸਰਕਾਰ ਖਿਲਾਫ ਉਸਾਰੀ ਜਾਵੇਗੀ।ਸੰਘਰਸ਼ ਅਗਲੇ ਪੜਾਅ ਤਹਿਤ ਇੱਕ ਤੋਂ ਪੰਜ ਦਸੰਬਰ ਤੱਕ ਪੰਜਾਬ ਦੇ ਮੰਤਰੀਆਂ ਵਿਧਾਇਕਾਂ ਦੇ ਪੁਤਲੇ ਫੂਕੇ ਜਾਣਗੇ ਤੇ ਪੁਤਲਿਆਂ ਤੋਂ ਇਕੱਠੀ ਕੀਤੀ ਰਾਖ ਨੂੰ ਛੇ ਦਸੰਬਰ ਨੂੰ ਬੁੱਢੇ ਨਾਲੇ ਵਿੱਚ ਜਲ ਪ੍ਰਵਾਹ ਕੀਤਾ ਜਾਵੇਗਾ ਅਤੇ 13 ਦਸੰਬਰ ਨੂੰ ਸ਼ੰਭੂ ਬਾਰਡਰ ਤੋਂ ਵਾਹਗਾ ਬਾਰਡਰ ਤੱਕ ਮਨੁੱਖੀ ਚੈਨ ਬਣਾਈ ਜਾਵੇਗੀ।ਇਸ ਮੌਕੇ ਕੁਲਦੀਪ ਸਿੰਘ ਦੌੜਕਾ, ਰਣਧੀਰ ਸਿੰਘ ਬਾਦਸ਼ਾਹਪੁਰ, ਫਕੀਰ ਸਿੰਘ ਟਿੱਬਾ, ਅਵਿਨਾਸ਼ ਚੰਦਰ ਸ਼ਰਮਾ, ਮੇਘਰਾਜ, ਕੌਰ ਸਿੰਘ ਸੋਹੀ, ਸੁਖਜਿੰਦਰ ਸਿੰਘ, ਰਾਜਵੀਰ ਸਿੰਘ, ਦਾਤਾ ਸਿੰਘ, ਗੁਰਮੀਤ ਵਾਲੀਆ, ਬਚਿੱਤਰ ਸਿੰਘ, ਅਮਰਜੀਤ ਕੌਰ ਰਣ ਸਿੰਘ ਵਾਲਾ ਆਸ਼ਾ ਵਰਕਰ, ਅਮਰਜੀਤ ਕੌਰ ਮਿਡ ਡੇ ਮੀਲ ਵਰਕਰ, ਸੰਦੀਪ ਕੌਰ ਆਸ਼ਾ ਵਰਕਰ, ਗੁੱਡੀ ਕੌਰ, ਪਸਪਿੰਦਰ ਕਪਲਾ, ਸਿਕੰਦਰ ਸਿੰਘ, ਸ਼ਮਸ਼ੇਰ ਸਿੰਘ ਕੋਹਰੀ, ਗੁਰਿੰਦਰ ਸਿੰਘ ਘੁੱਕੇਵਾਲੀ, ਗੁਰਜੀਤ ਸਿੰਘ ਗੋਪਾਲਪੁਰ, ਮਨਜਿੰਦਰ ਸਿੰਘ ਸੰਧੂ, ਵਿਸ਼ਾਲਵੀਰ ਪਠਾਨਕੋਟ, ਕੁਲਵਿੰਦਰ ਸਿੰਘ ਤੇ ਹੋਰ ਬਹੁਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਮੌਜੂਦ ਸਨ।

ਪੈਨਸ਼ਨਰਜ਼ ਐਸੋਸੀਏਸ਼ਨ ਇਕਾਈ ਮੋਗਾ ਸੰਗਰੂਰ ਮੋਰਚੇ 'ਚ 18 ਨੂੰ ਹੋਵੇਗੀ ਸ਼ਾਮਲ

ਪੈਨਸ਼ਨਰ ਡੇ ਮਨਾਉਣ ਲਈ 25 ਨੂੰ ਹੋਵੇਗੀ ਵੱਡੀ ਮੀਟਿੰਗ : ਸੁਖਮੰਦਰ ਸਿੰਘ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਇਕਾਈ ਮੋਗਾ ਦੀ ਮੀਟਿੰਗ ਸੁਤੰਤਰਤਾ ਸੈਨਾਨੀ ਭਵਨ ਵਿਖੇ ਹੋਈ।ਸਰਬਜੀਤ ਸਿੰਘ ਦੌਧਰ ਨੇ ਸਟੇਜ ਦੀ ਕਾਰਵਾਈ ਬਹੁਤ ਹੀ ਸੁੱਚਜੇ ਢੰਗ ਨਾਲ ਨਿਭਾਈ।ਉਨ੍ਹਾਂ ਸਮੂਹ ਸਬ ਡਵੀਜਨਾਂ ਨੂੰ ਅਪੀਲ ਕੀਤੀ ਕਿ ਉਹ 25 ਨਵੰਬਰ ਨੂੰ ਮੈਂਬਰਸ਼ਿਪ ਦਾ ਜ਼ਿਲ੍ਹੇ ਦਾ ਹਿੱਸਾ ਜਮ੍ਹਾਂ ਕਰਵਾਉਣ।ਮੀਟਿੰਗ ਦੀ ਪ੍ਰਧਾਨਗੀ ਕਰਦਿਆ ਲੈਕ ਸੁਖਮੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਪੈਨਸ਼ਨਰਜ਼ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਸਾਂਝੀ ਕੋਆਰਡੀਨੇਸ਼ਨ ਕਮੇਟੀ ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ 13 ਨਵੰਬਰ ਤੋਂ 19 ਨਵੰਬਰ ਤੱਕ ਡਿਪਟੀ ਕਮਿਸ਼ਨਰ ਦਫ਼ਤਰ ਸੰਗਰੂਰ ਅੱਗੇ ਪੱਕਾ ਮੋਰਚਾ ਲਗਾਇਆ ਜਾ ਰਿਹਾ ਹੈ, ਜਿਸ ਦੀ ਕੜੀ ਵਜੋਂ 18 ਨਵੰਬਰ ਨੂੰ ਮੋਗਾ ਜ਼ਿਲ੍ਹੇ ਵਿੱਚੋਂ ਜਥੇਬੰਦੀ 121 ਸਾਥੀਆਂ ਦਾ ਤਿੰਨ ਬੱਸਾਂ ਤੇ ਗੱਡੀਆਂ ਦਾ ਕਾਫਲਾ ਧਰਮਕੋਟ, ਮੋਗਾ, ਨਿਹਾਲ ਸਿੰਘ ਵਾਲਾ ਤੇ ਬਾਘਾ ਪੁਰਾਣਾ ਤੋਂ ਸਵੇਰੇ ਸਾਢੇ ਸੱਤ ਵਜੇ ਰਵਾਨਾ ਹੋਵੇਗਾ।

ਪੈਨਸ਼ਨਰਾਂ ਵਿੱਚ ਇਸ ਪੱਕੇ ਮੋਰਚੇ ਵਿੱਚ ਸ਼ਾਮਲ ਹੋਣ ਲਈ ਭਾਰੀ ਉਤਸ਼ਾਹ ਤੇ ਸਰਕਾਰ ਪ੍ਰਤੀ ਗੁੱਸਾ ਤੇ ਨਫ਼ਰਤ ਹੋਣ ਕਰਕੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਭਜਨ ਸਿੰਘ ਗਿੱਲ ਸੂਬਾ ਪ੍ਰਧਾਨ ਨੇ ਸੰਘਰਸ਼ ਦੇ ਅਗਲੇ ਪੜਾਵਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਉਂਦਿਆਂ ਦੱਸਿਆ ਕਿ ਸਾਂਝੀ ਕੋਆਰਡੀਨੇਸ਼ਨ ਕਮੇਟੀ ਦੇ ਫੈਸਲੇ ਮੁਤਾਬਕ 1 ਦਸੰਬਰ ਤੋਂ 5 ਦਸੰਬਰ ਤੱਕ ਸਾਰੇ ਪੰਜਾਬ ਵਿੱਚ ਵੱਖ ਵੱਖ ਥਾਵਾਂ ਤੋਂ ਮਾਰਚ ਕਰਦੇ ਹੋਏ ਮੁਲਾਜ਼ਮ ਪੈਨਸ਼ਨਰ ਆਪ ਵਿਧਾਇਕਾਂ ਦੀ ਰਹਾਇਸ਼ 'ਤੇ ਪਹੁੰਚ ਕੇ ਪੰਜਾਬ ਸਰਕਾਰ ਦੇ ਪੁਤਲੇ ਸਾੜਣਗੇ ਅਤੇ ਫਿਰ ਪੰਜਾਬ ਸਰਕਾਰ ਦੇ ਮੰਤਰੀਆ ਵਿਧਾਇਕਾਂ ਦੇ ਫੁੱਲ ਗੰਦੇ ਨਾਲੇ ਵਿੱਚ ਪਾਏ ਜਾਣਗੇ, ਜਿਸ ਵਿੱਚ ਹਜ਼ਾਰਾਂ ਮੁਲਾਜ਼ਮ ਪੈਨਸ਼ਨਰ ਵੱਡੀ ਗਿਣਤੀ ਵਿੱਚ ਨਾਹਰਿਆਂ ਦੀ ਗੂੰਜ ਚ ਸ਼ਾਮਲ ਹੋਣਗੇ। ਚਮਕੌਰ ਸਿੰਘ ਸਰਾਂ, ਬਿੱਕਰ ਸਿੰਘ ਮਾਛੀਕੇ ਮੇਵਾ ਸਿੰਘ ਧਰਮਕੋਟ, ਦਰਸ਼ਨ ਸਿੰਘ ਮੱਲ੍ਹੀ, ਤੇਜਾ ਸਿੰਘ ਘੱਲਕਲਾਂ, ਪ੍ਰੇਮ ਕੁਮਾਰ ਨੇ ਦੱਸਿਆ ਕਿ ਸੰਗਰੂਰ ਪੱਕੇ ਮੋਰਚੇ 'ਤੇ ਜਾਣ ਲਈ ਅਤੇ ਵਿਧਾਇਕਾਂ ਦੇ ਘਰਾਂ ਵੱਲ ਮਾਰਚ ਕਰਨ ਲਈ ਸਾਰੀਆਂ ਸਬ ਡਵੀਜ਼ਨਾਂ ਦੇ ਪੈਨਸ਼ਨਰਾਂ ਵਿੱਚ ਭਾਰੀ ਉਤਸ਼ਾਹ ਹੈ।ਸੁਰਿੰਦਰ ਰਾਮ ਕੁੱਸਾ, ਗਿਆਨ ਸਿੰਘ ਸਾਬਕਾ ਡੀ. ਪੀ ਆਰ ਓ, ਮਨਜੀਤ ਸਿੰਘ ਧਰਮਕੋਟ, ਨਾਇਬ ਸਿੰਘ, ਮੋਹਰ ਸਿੰਘ, ਇੰਦਰਜੀਤ ਸਿੰਘ ਮੋਗਾ ਤੇ ਗੁਰਦੀਪ ਸਿੰਘ ਦੌਧਰ ਨੇ ਦਸੰਬਰ ਵਿੱਚ ਪੈਨਸ਼ਨਰ ਡੇ ਮਨਾਉਣ ਲਈ 25 ਨਵੰਬਰ ਨੂੰ ਇੱਕ ਵਿਸ਼ੇਸ਼ ਮੀਟਿੰਗ ਸੁਤੰਤਰਤਾ ਸੈਨਾਨੀ ਭਵਨ ਵਿੱਚ 11 ਵਜੇ ਹੋਵੇਗੀ ਜਿਸ ਵਿੱਚ ਪ੍ਰਬੰਧਕੀ ਕਮੇਟੀ ਦਾ ਗਠਨ ਕੀਤਾ ਜਾਵੇਗਾ, 70 ਸਾਲਾ ਅਪੰਗ, 80 ਤੇ 90 ਸਾਲ ਉਮਰ ਪੂਰੀ ਕਰ ਚੁੱਕੇ ਪੈਨਸ਼ਨਰਾਂ ਨੂੰ ਸਨਮਾਨਤ ਕਰਨ ਲਈ ਉਨ੍ਹਾਂ ਦੇ ਵੇਰਵੇ ਅਤੇ ਇੱਕ ਇੱਕ ਫੋਟੋ ਇਕੱਤਰ ਕੀਤੇ ਜਾਣਗੇ।ਮੀਟਿੰਗ ਵਿੱਚ ਸਦੀਵੀ ਵਿਛੋੜਾ ਦੇ ਗਏ ਮੱਖਣ ਸਿੰਘ ਨਿਹਾਲ ਸਿੰਘ ਵਾਲਾ, ਸ਼ਿੰਦਰ ਪਾਲ ਕੌਰ ਧੂੜਕੋਟ, ਜਾਗੀਰ ਕੌਰ ਨੱਥੂਵਾਲਾ ਗਰਬੀ, ਮਾ ਹਰਫੂਲ ਸਿੰਘ ਨਾਥੇਵਾਲਾ, ਰਾਜਿੰਦਰ ਪਾਲ ਸ਼ਰਮਾ, ਸੁਖਚੈਨ ਸਿੰਘ ਮਾਹਲਾ ਕਲਾਂ, ਪ੍ਰੀਤਮ ਕੌਰ ਘੋਲੀਆ ਕਲਾਂ, ਸੁਖਦੇਵ ਕੌਰ ਬਰਾੜ ਰਾਜਿਆਣਾ, ਗੁਰਨਾਮ ਕੌਰ ਸਮਾਧ ਭਾਈ, ਚਰਨਜੀਤ ਸਿੰਘ, ਕਰਨੈਲ ਸਿੰਘ ਸਰਾਂ ਵੈਰੋਕੇ, ਮਾ. ਦਰਸ਼ਨ ਸਿੰਘ ਦਾਉਧਰ, ਨਿਰਭੈ ਸਿੰਘ ਬੱਧਨੀ ਕਲਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਭਗਵੰਤ ਮਾਨ ਸਰਕਾਰ ਹਰ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਦੇ ਸਤਿਕਾਰ ਲਈ ਵਚਨਬੱਧ : ਅਮਨ ਅਰੋੜਾ

ਛਠ ਪੂਜਾ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸਿੱਧਵਾਂ ਨਹਿਰ ਤੇ ਲਾਢੋਵਾਲ ਵਿਖੇ ਸਤਲੁਜ ਦਰਿਆ ਦਾ ਕੀਤਾ ਦੌਰਾ




ਲੁਧਿਆਣਾ (ਰਾਜ ਸਿੰਗਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕੈਬਨਿਟ ਮੰਤਰੀ ਅਮਨ ਅਰੋੜਾ ਤੇ ਹਰਦੀਪ ਸਿੰਘ ਮੁੰਡੀਆ ਨੇ ਲੁਧਿਆਣਾ ਦਾ ਦੌਰਾ ਕੀਤਾ ਤਾਂ ਜੋ 15 ਨਵੰਬਰ ਨੂੰ ਮਨਾਏ ਜਾਣ ਵਾਲੇ ਛਠ ਪੂਜਾ ਤਿਉਹਾਰ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਜਾ ਸਕੇ।ਮੰਤਰੀਆਂ ਨੇ ਪੱਖੋਵਾਲ ਰੋਡ 'ਤੇ ਸਿੱਧਵਾਂ ਨਹਿਰ ਦੇ ਪੁਲ ਤੇ ਲਾਢੋਵਾਲ ਵਿਖੇ ਸਤਲੁਜ ਦਰਿਆ 'ਤੇ ਕੀਤੇ ਗਏ ਪ੍ਰਬੰਧਾਂ ਦਾ ਨਿਰੀਖਣ ਕੀਤਾ ਤੇ ਮੀਡੀਆ ਨਾਲ ਗੱਲਬਾਤ ਕਰਦਿਆਂ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਮੰਤਰੀਆਂ ਦੇ ਨਾਲ ਵਿਧਾਇਕ ਕੁਲਵੰਤ ਸਿੰਘ ਸਿੱਧੂ ਤੇ ਜੀਵਨ ਸਿੰਘ ਸੰਗੋਵਾਲ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ, ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਪੂਜਾ ਘਾਟਾਂ, ਸੁਰੱਖਿਆ ਪ੍ਰਬੰਧਾਂ ਤੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਗੋਤਾਖੋਰ ਟੀਮਾਂ ਦੀ ਤਾਇਨਾਤੀ ਨੂੰ ਯਕੀਨੀ ਬਣਾਉਣ ਦੀ ਹਦਾਇਤ ਦਿੰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਦੀ ਖੂਬਸੂਰਤੀ ਇਸ ਦੇ ਧਾਰਮਿਕ ਸਦਭਾਵਨਾ ਵਿੱਚ ਹੈ ਤੇ ਭਗਵੰਤ ਮਾਨ ਸਰਕਾਰ ਹਰ ਧਰਮ ਤੇ ਹਰ ਤਿਉਹਾਰ ਨੂੰ ਬਰਾਬਰ ਦਾ ਸਤਿਕਾਰ ਦਿੰਦੀ ਹੈ।ਮੰਤਰੀ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਧਾਰਮਿਕ ਸਦਭਾਵਨਾ, ਆਪਸੀ ਸਤਿਕਾਰ ਤੇ ਭਾਈਚਾਰੇ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਿਆ ਹੈ।ਪ੍ਰਵਾਸੀ ਪਰਵਾਰਾਂ ਦੀਆਂ ਭਾਵਨਾਵਾਂ ਤੇ ਧਾਰਮਿਕ ਪ੍ਰੰਪਰਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਉਨ੍ਹਾਂ ਨੂੰ ਘਰ ਵਰਗਾ ਮਾਹੌਲ ਮਿਲੇ ਤੇ ਉਹ ਸ਼ਰਧਾ ਤੇ ਖੁਸ਼ੀ ਨਾਲ 'ਛੱਠ ਪੂਜਾ' ਮਨਾਉਣ ਲਈ ਸਾਰੀਆਂ ਲੋੜੀਂਦੀਆਂ ਸਹੂਲਤਾਂ ਪ੍ਰਾਪਤ ਕਰ ਸਕਣ।ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਦੱਸਿਆ ਕਿ ਸ਼ਰਧਾਲੂਆਂ ਤੇ ਪ੍ਰਬੰਧਕਾਂ ਦੀ ਸਹਾਇਤਾ ਲਈ ਇੱਕ ਵਿਸ਼ੇਸ਼ ਹੈਲਪਲਾਈਨ ਨੰਬਰ 0161-2403100 ਜਾਰੀ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਤਿਉਹਾਰ ਤੋਂ ਪਹਿਲਾਂ, ਦੌਰਾਨ ਜਾਂ ਬਾਅਦ ਵਿੱਚ ਕੋਈ ਮੁਸ਼ਕਲ ਆਉਂਦੀ ਹੈ, ਤਾਂ ਉਹ ਇਸ ਹੈਲਪਲਾਈਨ ਰਾਹੀਂ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਦਾ ਹੈ।ਦੋਵਾਂ ਮੰਤਰੀਆਂ ਨੇ ਛੱਠ ਪੂਜਾ ਮਨਾਉਣ ਵਾਲੇ ਸਾਰੇ ਪਰਵਾਰਾਂ ਨੂੰ ਅਡਵਾਂਸ ਵਧਾਈ ਦਿੱਤੀ।ਬਾਅਦ ਵਿੱਚ, ਮੰਤਰੀਆਂ ਨੇ ਲਾਡੋਵਾਲ ਵਿਖੇ ਸਤਲੁਜ ਦਰਿਆ ਦਾ ਦੌਰਾ ਕੀਤਾ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ ਦੀ ਖੁਦ ਸਮੀਖਿਆ ਕੀਤੀ।

ਕਾਤਰਾਂ

ਪੱਤਰਕਾਰ ਜਸਪਾਲ ਢਿੱਲੋਂ ਨੂੰ ਸਦਮਾ, ਪਤਨੀ ਦਾ ਦੇਹਾਂਤ


ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸੀਨੀਅਰ ਪੱਤਰਕਾਰ ਜਸਪਾਲ ਸਿੰਘ ਢਿੱਲੋਂ ਨੂੰ ਉਸ ਸਮੇਂ ਡੂੰਘਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੀ ਧਰਮਪਤਨੀ ਪਰਮਿੰਦਰ ਕੌਰ ਦਾ ਦੇਹਾਂਤ ਹੋ ਗਿਆ। ਉਨ੍ਹਾਂ ਨੇ ਬੀਤੀ ਰਾਤ ਇਥੋਂ ਦੇ ਇੱਕ ਨਿੱਜੀ ਹਸਪਤਾਲ ਵਿਖੇ ਆਖਰੀ ਸਾਹ ਲਏ।ਪਰਮਿੰਦਰ ਕੌਰ ਦਾ ਸਸਕਾਰ 13 ਨਵੰਬਰ ਨੂੰ ਪਟਿਆਲਾ ਵਿਚਲੇ ਤ੍ਰਿਪੜੀ ਸਥਿਤ ਸ਼ਮਸ਼ਾਨ ਘਾਟ ਵਿਖੇ ਬਾਅਦ ਦੁਪਹਿਰ ਕੀਤਾ ਜਾਵੇਗਾ।ਪਟਿਆਲਾ ਮੀਡੀਆ ਕਲੱਬ ਸਮੇਤ ਇੱਥੋਂ ਦੇ ਸਮੁੱਚੇ ਪੱਤਰਕਾਰ ਭਾਈਚਾਰੇ ਸਮੇਤ ਕਈ ਹੋਰ ਸ਼ਖ਼ਸੀਅਤਾਂ ਨੇ ਵੀ ਇਸ ਮੌਤ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਜਸਪਾਲ ਸਿੰਘ ਢਿੱਲੋਂ ਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

ਜੈਦੀਪ ਸ਼ਰਮਾ ਥਾਣਾ ਸਿਟੀ ਦੇ ਮੁੱਖ ਅਫ਼ਸਰ ਨਿਯੁਕਤ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਪੰਜਾਬ ਪੁਲਸ ਵਿਭਾਗ ਵੱਲੋਂ ਕੀਤੇ ਗਏ ਤਾਜ਼ਾ ਤਬਾਦਲਿਆਂ ਦੀ ਲੜੀ ਵਿੱਚ ਥਾਣੇਦਾਰ ਜੈਦੀਪ ਸ਼ਰਮਾ ਨੇ ਥਾਣਾ ਸਿਟੀ ਧੂਰੀ ਦੇ ਨਵੇਂ ਮੁੱਖ ਅਫ਼ਸਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਜੈਦੀਪ ਸ਼ਰਮਾ ਨੇ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਇਲਾਕੇ ਅੰਦਰ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਜਾਨ-ਮਾਲ ਦੀ ਰਾਖੀ ਕਰਨਾ ਤੇ ਹਰ ਆਮ-ਖ਼ਾਸ ਨਾਗਰਿਕ ਨੂੰ ਸਮੇਂ ਸਿਰ ਇਨਸਾਫ਼ ਦਿਵਾਉਣਾ ਉਨ੍ਹਾਂ ਦੀ ਸਭ ਤੋਂ ਪਹਿਲੀ ਤਰਜੀਹ ਹੋਵੇਗੀ।ਇਸ ਮੌਕੇ ਉਨ੍ਹਾਂ ਲੜਕੀਆਂ ਦੀ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਆਖਿਆ ਕਿ ਸ਼ਹਿਰ ਦੇ ਸਮੂਹ ਲੜਕੀਆਂ ਦੇ ਸਕੂਲਾਂ ਤੇ ਕਾਲਜਾਂ ਦੇ ਬਾਹਰ ਛੁੱਟੀ ਸਮੇਂ ਪੁਲਸ ਦੀ ਗਸ਼ਤ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਦਾ ਅਹਿਦ ਲੈਂਦਿਆਂ ਥਾਣਾ ਮੁਖੀ ਨੇ ਕਿਹਾ ਕਿ ਇਲਾਕੇ ਵਿੱਚ ਨਸ਼ੇ ਵੇਚਣ ਵਾਲੇ ਸੌਦਾਗਰਾਂ ਖ਼ਿਲਾਫ਼ ਬੇਹੱਦ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਅੰਤ ਵਿੱਚ ਉਨ੍ਹਾਂ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਹਰੇਕ ਫਰਿਆਦੀ ਦਾ ਪੂਰਾ ਮਾਨ-ਸਤਿਕਾਰ ਯਕੀਨੀ ਬਣਾਇਆ ਜਾਵੇਗਾ।

ਪੱਤਰਕਾਰ ਵਿਨੋਦ ਗੁਪਤਾ ਨੂੰ ਸਦਮਾ, ਭੈਣ ਦਾ ਦੇਹਾਂਤ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਸੀਨੀਅਰ ਪੱਤਰਕਾਰ ਤੇ ਪ੍ਰੈੱਸ ਟਰੱਸਟ ਪੰਜਾਬ ਦੇ ਚੇਅਰਮੈਨ ਵਿਨੋਦ ਗੁਪਤਾ ਨੂੰ ਉਸ ਵੇਲੇ ਅਸਹਿ ਸਦਮਾ ਲੱਗਿਆ, ਜਦੋਂ ਉਨ੍ਹਾਂ ਦੀ ਸਤਿਕਾਰਯੋਗ ਭੈਣ ਸ੍ਰੀਮਤੀ ਸਨੇਹ ਲਤਾ (55 ਸਾਲ) ਸੰਖੇਪ ਬਿਮਾਰੀ ਉਪਰੰਤ ਸਦੀਵੀ ਵਿਛੋੜਾ ਦੇ ਗਏ।ਉਨ੍ਹਾਂ ਦੇ ਇਸ ਬੇਵਕਤੀ ਵਿਛੋੜੇ ਨਾਲ ਪਰਿਵਾਰ ਤੇ ਸਾਕ-ਸੰਬੰਧੀਆਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਸੰਗਰੂਰ ਸਥਿਤ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ, ਜਿੱਥੇ ਪਰਿਵਾਰਕ ਮੈਂਬਰਾਂ ਨੇ ਸੇਜਲ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ।ਇਸ ਦੁੱਖ ਦੀ ਘੜੀ ਵਿੱਚ ਇਲਾਕੇ ਦੀਆਂ ਵੱਖ-ਵੱਖ ਸਮਾਜਿਕ, ਧਾਰਮਿਕ, ਵਪਾਰਕ ਤੇ ਰਾਜਨੀਤਕ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਪੱਤਰਕਾਰ ਭਾਈਚਾਰੇ ਦੇ ਨੁਮਾਇੰਦਿਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਪਤਾ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

ਮਾਨ ਸਰਕਾਰ ਵਾਅਦੇ ਪੂਰੇ ਕਰਨ 'ਚ ਹੋਈ ਫੇਲ੍ਹ : ਸੇਖੋਂ



ਬਰਨਾਲਾ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ 10 ਦਸੰਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੰਗਰੂਰ ਰਿਹਾਇਸ਼ ਦਾ ਘਿਰਾਓ ਕਰਨ ਸਬੰਧੀ ਕਾਮਰੇਡ ਹਰਦਿੱਤ ਸਿੰਘ ਭੱਠਲ ਭਵਨ ਦਫਤਰ ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਸ਼ਹੀਦ ਭਗਤ ਸਿੰਘ ਨਗਰ ਬਰਨਾਲਾ ਵਿਖੇ ਜ਼ਿਲ੍ਹਾ ਸਕੱਤਰਤ ਮੈਂਬਰ ਰਜਿੰਦਰ ਸਿੰਘ ਕਾਹਨੇਕੇ ਦੀ ਅਗਵਾਈ ਹੇਠ ਮੀਟਿੰਗ ਹੋਈ।


ਇਸ ਮੌਕੇ ਪੱਤਰਕਾਰਾ ਗੱਲਬਾਤ ਕਰਦਿਆ ਸੀਪੀਆਈ (ਐੱਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਚੋਣਾਂ ਜਿੱਤ ਤੋਂ ਪਹਿਲਾਂ, ਜੋ ਲੋਕਾਂ ਨਾਲ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਪੂਰਾ ਕਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ, ਜਦਕਿ ਪੰਜਾਬ ਸਰਕਾਰ 5 ਲੱਖ ਕਰੋੜ ਰੁਪਏ ਤੋਂ ਵੱਧ ਦਾ ਕਰਜ਼ਾ ਚੁੱਕੀ ਬੈਠੀ ਹੈ, ਪਰ ਜ਼ਮੀਨੀ ਪੱਧਰ ਉਪਰ ਵਿਕਾਸ ਦੇ ਨਾਮ ਉਪਰ ਕੁਝ ਵੀ ਨਜ਼ਰ ਨਹੀਂ ਆ ਰਿਹਾ ਹੈ।ਮੁਲਾਜ਼ਮਾਂ ਨੂੰ ਸਮੇਂ ਸਿਰ ਤਨਖਾਹਾਂ ਨਹੀਂ ਮਿਲ ਰਹੀਆਂ ਤੇ ਮੁਲਜ਼ਾਮਾਂ ਦੀ ਡੀਏ ਦੀ ਕਿਸ਼ਤ ਵੀ ਬਕਾਇਆ ਪਈ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਖੁਦ ਨੂੰ ਭ੍ਰਿਸ਼ਟਾਚਾਰ ਮੁਕਤ ਸਰਕਾਰ ਹੋਣ ਦਾ ਦਾਅਵਾ ਕਰਦੀ ਹੈ, ਪਰ ਸਭ ਤੋਂ ਵੱਧ ਕੁਰੱਪਸ਼ਨ ਇਸ ਸਰਕਾਰ ਦੇ ਸਮੇਂ ਅੰਦਰ ਹੀ ਹੋਈ ਹੈ।ਉਨ੍ਹਾਂ ਬਰਨਾਲਾ ਹਲਕੇ ਤੋਂ ਐੱਮ ਪੀ ਗੁਰਮੀਤ ਸਿੰਘ ਮੀਤ ਹੇਅਰ ਨੂੰ ਵਿਧਾਨ ਸਭਾ ਦੀ ਚੋਣ ਲੜਣ ਲਈ ਟਿਕਟ ਮਿਲਣ ਬਾਬਤ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਹੁਣ ਚੋਣ ਲੜਾਉਣ ਦੇ ਲਈ ਚਿਹਰੇ ਨਹੀਂ ਲੱਭ ਰਹੇ ਹਨ ਤੇ ਆਮ ਆਦਮੀ ਪਾਰਟੀ ਵੱਲੋਂ ਆਪਣੇ ਐੱਮ ਪੀਜ਼ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਆਮ ਲੋਕਾਂ ਦਾ ਵੀ ਆਮ ਆਮਦੀ ਪਾਰਟੀ ਤੋਂ ਹੁਣ ਮੋਹ ਭੰਗ ਹੋ ਚੁੱਕਾ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਇਸ ਦਾ ਖਾਮਿਆਜ਼ਾ ਵੀ ਭੁਗਤਣਾ ਪਵੇਗਾ।ਇਸ ਮੌਕੇ ਸੂਬਾ ਸਕੱਤਰੇਤ ਮੈਂਬਰ ਅਬਦੁਲ ਸਤਾਰ, ਬਲਵੰਤ ਸਿੰਘ ਨਿਹਾਲੂਵਾਲ, ਛੋਟਾ ਸਿੰਘ ਧਨੌਲਾ, ਗੁਰਲਾਭ ਸਿੰਘ ਹਰੀਗੜ੍ਹ, ਪ੍ਰੀਤਮ ਸਿੰਘ ਸਹਿਜੜਾ, ਨਛੱਤਰ ਸਿੰਘ ਘੁੰਨਸ, ਬਲਵੀਰ ਸਿੰਘ ਹੰਡਿਆਇਆ, ਜਗਤਾਰ ਸਿੰਘ ਚੀਮਾ ਆਦਿ ਹਾਜ਼ਰ ਸਨ।

ਇੱਕੋ ਵਿਅਕਤੀ ਦੇ ਬੈਂਕ ਖਾਤਿਆਂ 'ਚੋਂ 6.22 ਲੱਖ ਦੀ ਆਨਲਾਈਨ ਠੱਗੀ, ਮਾਮਲਾ ਦਰਜ

ਮਲੋਟ (ਰਜਿੰਦਰ ਜੁਨੇਜਾ)-ਸਾਈਬਰ ਠੱਗਾਂ ਵੱਲੋਂ ਇੱਕ ਵਿਅਕਤੀ ਦੇ ਦੋ ਵੱਖ-ਵੱਖ ਬੈਂਕ ਖਾਤਿਆਂ ਵਿੱਚੋਂ ਯੂ.ਪੀ.ਆਈ. ਰਾਹੀਂ 6 ਲੱਖ 22 ਹਜ਼ਾਰ ਰੁਪਏ ਤੋਂ ਵੱਧ ਦੀ ਰਾਸ਼ੀ ਟ੍ਰਾਂਸਫਰ ਕਰਕੇ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਥਾਣਾ ਸਾਈਬਰ ਕ੍ਰਾਈਮ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਨੇ ਅਣਪਛਾਤੇ ਵਿਅਕਤੀ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਤਹਿਸੀਲ ਮਲੋਟ ਦੇ ਪਿੰਡ ਕੁਰਾਈਵਾਲਾ ਵਾਸੀ ਗੁਰਬਖ਼ਸ਼ ਲਾਲ ਨੇ ਦੱਸਿਆ ਕਿ ਬੀਤੀ 5 ਨਵੰਬਰ ਨੂੰ ਕਿਸੇ ਅਣਪਛਾਤੇ ਵਿਅਕਤੀ ਨੇ ਧੋਖੇ ਨਾਲ ਉਸ ਦੇ ਸਟੇਟ ਬੈਂਕ ਆਫ਼ ਇੰਡੀਆ ਦੇ ਖਾਤੇ ਵਿੱਚੋਂ ਯੂ.ਪੀ.ਆਈ. ਟ੍ਰਾਂਜੈਕਸ਼ਨ ਰਾਹੀਂ 90 ਹਜ਼ਾਰ ਰੁਪਏ ਕਢਵਾ ਲਏ, ਜਿਸ ਸਬੰਧੀ ਉਸ ਨੇ ਤੁਰੰਤ ਸਾਈਬਰ ਕ੍ਰਾਈਮ ਹੈਲਪਲਾਈਨ ਨੰਬਰ 1930 'ਤੇ ਆਪਣੀ ਸ਼ਿਕਾਇਤ ਦਰਜ ਕਰਵਾਈ ਸੀ। ਪੀੜਤ ਨੇ ਅੱਗੇ ਦੱਸਿਆ ਕਿ ਇਸ ਤੋਂ ਬਾਅਦ 7 ਨਵੰਬਰ ਦੀ ਰਾਤ ਨੂੰ ਠੱਗਾਂ ਨੇ ਉਸ ਦੇ 'ਏ.ਯੂ. ਸਮਾਲ ਫਾਈਨਾਂਸ ਬੈਂਕ' ਦੇ ਖਾਤੇ ਨੂੰ ਨਿਸ਼ਾਨਾ ਬਣਾਇਆ ਤੇ ਵੱਖ-ਵੱਖ ਯੂ.ਪੀ.ਆਈ. ਟ੍ਰਾਂਜੈਕਸ਼ਨਾਂ ਰਾਹੀਂ 5 ਲੱਖ 32 ਹਜ਼ਾਰ 352.21 ਰੁਪਏ ਹੋਰ ਟ੍ਰਾਂਸਫਰ ਕਰਵਾ ਲਏ।ਇਸ ਸਬੰਧੀ ਵੀ ਉਸ ਨੇ 7 ਨਵੰਬਰ ਨੂੰ ਮੁੜ ਸਾਈਬਰ ਕ੍ਰਾਈਮ ਹੈਲਪਲਾਈਨ 'ਤੇ ਆਨਲਾਈਨ ਸ਼ਿਕਾਇਤ ਦਰਜ ਕਰਵਾਈ।ਪੁਲਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

ਦੁੱਧ ਦੇ ਵਧੇ ਹੋਏ ਰੇਟਾਂ ਦਾ ਪੂਰਾ ਲਾਭ ਡੇਅਰੀ ਕਿਸਾਨਾਂ ਨੂੰ ਦਿੱਤਾ ਜਾਵੇ : ਸਦਰਪੁਰਾ



ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ)-ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ (ਪੀਡੀਐੱਫਏ) ਦੀ ਇੱਕ ਅਹਿਮ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ. ਦਲਜੀਤ ਸਿੰਘ ਸਦਰਪੁਰਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਐਸੋਸੀਏਸ਼ਨ ਦੀ ਸਮੁੱਚੀ ਐਗਜ਼ੀਕਿਊਟਿਵ ਕਮੇਟੀ ਤੇ ਵੱਖ-ਵੱਖ ਜ਼ਿਲ੍ਹਿਆਂ ਦੇ ਪ੍ਰਧਾਨਾਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਡੇਅਰੀ ਕਿਸਾਨਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਤੇ ਦੁੱਧ ਦੀਆਂ ਕੀਮਤਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਸਰਬਸੰਮਤੀ ਨਾਲ ਮੰਗ ਕੀਤੀ ਗਈ ਕਿ ਹਾਲ ਹੀ ਵਿੱਚ ਦੁੱਧ ਦੇ ਖਰੀਦ ਰੇਟਾਂ ਵਿੱਚ ਜੋ ਵਾਧਾ ਹੋਇਆ ਹੈ, ਉਸ ਦਾ ਪੂਰਾ ਲਾਭ ਸਿੱਧੇ ਤੌਰ 'ਤੇ ਦੁੱਧ ਉਤਪਾਦਕ ਕਿਸਾਨਾਂ ਨੂੰ ਦਿੱਤਾ ਜਾਵੇ।ਐਸੋਸੀਏਸ਼ਨ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਪਸ਼ੂਆਂ ਦੀ ਫੀਡ ਦੀਆਂ ਕੀਮਤਾਂ ਵਿੱਚ ਲਗਭਗ 35 ਫ਼ੀਸਦੀ ਤੱਕ ਵਾਧਾ ਹੋ ਚੁੱਕਾ ਹੈ ਤੇ ਫੀਡ ਦੀਆਂ ਕੀਮਤਾਂ ਵਿੱਚ ਹੋਰ ਵਾਧੇ ਦੀ ਸੰਭਾਵਨਾ ਵੀ ਬਣੀ ਹੋਈ ਹੈ।ਇਸ ਕਾਰਨ ਦੁੱਧ ਪੈਦਾ ਕਰਨ ਦਾ ਖਰਚਾ ਲਗਾਤਾਰ ਵੱਧਣ ਕਾਰਨ ਦੁੱਧ ਉਤਪਾਦਨ ਦਾ ਕਿੱਤਾ ਗੰਭੀਰ ਸੰਕਟ ਵਿੱਚੋਂ ਲੰਘ ਰਿਹਾ ਹੈ। ਐਸੋਸੀਏਸ਼ਨ ਨੇ ਮਿਲਕਫੈੱਡ ਸਮੇਤ ਸਾਰੀਆਂ ਨਿੱਜੀ ਦੁੱਧ ਕੰਪਨੀਆਂ ਨੂੰ ਅਪੀਲ ਕੀਤੀ ਕਿ ਦੁੱਧ ਦੇ ਰੇਟਾਂ ਵਿੱਚ ਹੋਏ ਵਾਧੇ ਦਾ ਪੂਰਾ ਫਾਇਦਾ ਕਿਸਾਨਾਂ ਤੱਕ ਪਹੁੰਚਾਇਆ ਜਾਵੇ ਅਤੇ ਦੁੱਧ ਦੇ ਖਰੀਦ ਰੇਟਾਂ ਵਿੱਚ ਤੁਰੰਤ ਵਾਧਾ ਕੀਤਾ ਜਾਵੇ।ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਗਈ ਕਿ ਸਾਰੇ ਪੰਜਾਬ ਵਿੱਚ ਲੱਗਭੱਗ ਹਰ ਕਿਸਾਨ ਲੰਪੀ ਸਕਿਨ ਬਿਮਾਰੀ ਤੋਂ ਪੀੜਤ ਹੋਇਆ ਹੈ ਕਿਸਾਨਾਂ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ ਹੈ, ਇਸ ਔਖੇ ਸਮੇਂ ਵਿੱਚ ਡੇਅਰੀ ਕਿਸਾਨਾਂ ਦੀ ਆਰਥਿਕ ਮਦਦ ਲਈ ਵਿਸ਼ੇਸ਼ ਕਦਮ ਚੁੱਕੇ ਜਾਣ।ਐਸੋਸੀਏਸ਼ਨ ਨੇ ਉਦਾਹਰਨ ਦਿੰਦਿਆਂ ਕਿਹਾ ਕਿ ਕਰਨਾਟਕ ਸਰਕਾਰ ਵੱਲੋਂ ਆਪਣੇ ਦੁੱਧ ਉਤਪਾਦਕ ਕਿਸਾਨਾਂ ਨੂੰ ਪ੍ਰਤੀ ਲੀਟਰ 7 ਰੁਪਏ ਤੱਕ ਦੀ ਤੇ ਹਰਿਆਣਾ ਸਮੇਤ ਕਈ ਹੋਰ ਰਾਜਾਂ ਵਲੋਂ ਵੀ 5 ਰੁਪਏ ਦੀ ਸਹਾਇਤਾ ਦਿੱਤੀ ਜਾ ਰਹੀ ਹੈ।ਇਸੇ ਤਰ੍ਹਾਂ ਪੰਜਾਬ ਸਰਕਾਰ ਨੂੰ ਵੀ ਆਪਣੇ ਡੇਅਰੀ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ ਤਾਂ ਜੋ ਕਿਸਾਨ ਇਸ ਵਧ ਰਹੀ ਲਾਗਤ ਦੇ ਦੌਰ ਵਿੱਚ ਆਪਣਾ ਕਾਰੋਬਾਰ ਜਾਰੀ ਰੱਖ ਸਕਣ।ਐਸੋਸੀਏਸ਼ਨ ਦੇ ਪ੍ਰਧਾਨ ਸ. ਦਲਜੀਤ ਸਿੰਘ ਸਦਰਪੁਰਾ ਨੇ ਕਿਹਾ ਕਿ ਡੇਅਰੀ ਕਿਸਾਨ ਪਸ਼ੂ ਪਾਲਣ ਤੇ ਦੁੱਧ ਉਤਪਾਦਨ ਰਾਹੀਂ ਸੂਬੇ ਦੀ ਆਰਥਿਕਤਾ ਤੇ ਖੇਤੀਬਾੜੀ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ।ਇਸ ਲਈ ਸਰਕਾਰ ਤੇ ਦੁੱਧ ਖ੍ਰੀਦਣ ਵਾਲੀਆਂ ਕੰਪਨੀਆਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਵਾਜਬ ਮੁੱਲ ਮਿਲੇ। ਉਨ੍ਹਾਂ ਦੱਸਿਆ ਕਿ ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ ਵੱਲੋਂ ਜਲਦੀ ਹੀ ਮਿਲਕਫੈੱਡ ਦੇ ਉੱਚ ਅਧਿਕਾਰੀਆਂ ਨਾਲ ਦੁੱਧ ਦੇ ਖਰੀਦ ਰੇਟਾਂ ਵਿੱਚ ਵਾਧਾ ਕਰਨ ਸਬੰਧੀ ਮੀਟਿੰਗ ਕੀਤੀ ਜਾ ਰਹੀ ਹੈ।

ਅੱਠਵੀਂ ਘੁਮੱਕੜ ਮਿਲਣੀ ਦੋਦੇਵਾਲਾ 'ਚ ਅੱਜ ਤੋਂ

ਜ਼ੀਰਾ (ਨਰਿੰਦਰ ਅਨੇਜਾ)-ਸਾਹਿਤਕਾਰ ਤੇ ਭਾਰਤ ਦਾ ਇੱਕ ਪਾਸਾ ਕਿਤਾਬ ਦੇ ਲੇਖਕ ਹਰਚਰਨ ਸਿੰਘ ਚੋਹਲਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਠਵੀ ਘੁਮੱਕੜ ਮਿਲਣੀ ਪੰਜਾਬ ਤੇ ਰਾਜਸਥਾਨ ਦੀ ਹੱਦ ਦੇ ਬਿਲਕੁਲ ਉੱਪਰ ਵਸੇ ਪਿੰਡ ਦੋਦੇਵਾਲਾ ਵਿੱਚ ਘੁਮੱਕੜਨਾਮਾ ਗਰੁੱਪ ਵੱਲੋਂ ਕਰਵਾਈ ਜਾ ਰਹੀ ਹੈ, ਜਿੱਥੇ ਪੰਜਾਬ ਭਰ ਦੇ ਘੁੰਮਣ ਫਿਰਨ ਦੇ ਸ਼ੌਕੀਨ ਪਰਿਵਾਰਾਂ ਸਮੇਤ ਇਕੱਠੇ ਹੋਣ ਜਾ ਰਹੇ ਹਨ।ਇਸ ਵਾਰ ਘੁਮੱਕੜ ਮਿਲਣੀ ਦੀ ਮੇਜ਼ਬਾਨੀ ਪੰਜਾਬ ਦੇ ਪ੍ਰਸਿੱਧ ਭੰਗੜਾ ਕੋਚ ਅਮਰਿੰਦਰ ਸਿੰਘ ਸੰਧੂ ਨੂੰ ਮਿਲੀ ਹੈ। ਇਸ ਮਿਲਣੀ ਨੂੰ ਸਫਲ ਬਣਾਉਣ ਵਿੱਚ ਹਰਜਿੰਦਰ ਸਿੰਘ ਅਨੂਪਗੜ੍ਹ ਤੇ ਉਸ ਦੀ ਪੂਰੀ ਟੀਮ ਅਤੇ ਸਰਪੰਚ ਸੁਖਪ੍ਰੀਤ ਸਿੰਘ ਮੁਮਾਰਾ ਵੱਡੀ ਭੂਮਿਕਾ ਨਿਭਾਅ ਰਹੇ ਹਨ। ਇਸ ਘੁਮੱਕੜ ਮਿਲਣੀ ਵਿੱਚ ਘੁਮੱਕੜਨਾਮਾ ਗਰੁੱਪ ਨਾਲ ਜੁੜੇ ਲੋਕਾਂ ਦੇ ਨਾਲ ਹੀ ਕਈ ਨਾਮੀ ਹਸਤੀਆਂ ਤੋਂ ਬਿਨਾਂ ਵੱਡੀ ਗਿਣਤੀ ਵਿੱਚ ਬੱਚੇ ਤੇ ਔਰਤਾਂ ਭਾਗ ਲੈ ਰਹੇ ਹਨ। ਘੁਮੱਕੜ ਹਰਸਿਮਰਨਜੀਤ ਸਿੰਘ ਸਿੱਖ ਟ੍ਰੈਵਲਰ, ਪ੍ਰਸਿੱਧ ਘੁਮੱਕੜ ਅੰਮ੍ਰਿਤਪਾਲ ਸਿੰਘ ਘੁੱਦਾ, ਐਵਰੈਸਟ ਵਿਜੇਤਾ ਕੁੜੀ ਮੀਨੂੰ ਕਾਲੀਰਮਨ, ਸੁਖਪ੍ਰੀਤ ਸਿੰਘ ਆਰਟਿਸਟ, ਪ੍ਰਸਿੱਧ ਗਾਇਕ ਤੇ ਲੇਖਕ ਜਗਦੀਸ਼ ਪਾਪੜਾ, ਫ਼ਿਲਮੀ ਅਦਾਕਾਰ ਹਰਿੰਦਰ ਭੁੱਲਰ, ਸਫ਼ਰਨਾਮਾ ਲੇਖਕ ਹਰਦੀਪ ਕੁਲਾਮ, ਪ੍ਰਸਿੱਧ ਕਹਾਣੀਕਾਰ ਪਰਗਟ ਸਤੌਜ, ਪ੍ਰਿੰਸੀਪਲ ਸੁਜਾਨ ਸਿੰਘ ਐਵਾਰਡ ਜੇਤੂ ਪ੍ਰਸਿੱਧ ਲੇਖਕ ਤੇ ਘੁਮੱਕੜ ਭੁਪਿੰਦਰ ਸਿੰਘ ਮਾਨ, ਡਾਕਟਰ ਯਾਦਵਿੰਦਰ ਸਿੰਘ ਬਾਘਾ ਪੁਰਾਣਾ, ਮੈਡਮ ਜਗਦੀਸ਼ ਕੌਰ ਐਗਰੀਕਲਚਰ ਯੂਨੀਵਰਸਿਟੀ, ਐਡਵੋਕੇਟ ਹਰਵਿੰਦਰ ਲਾਲੀ ਗੋਲਡਮੈਡਲਿਸਟ, ਪ੍ਰਸਿੱਧ ਤਰਕਸ਼ੀਲ ਲੇਖਕ ਰਾਜਾ ਰਾਮ ਹੰਡਿਆਇਆ, ਗੁਰਪ੍ਰੀਤ ਪਸ਼ੌਰੀਆ, ਤਰਸੇਮ ਸੰਦੌੜ, ਗਗਨਦੀਪ ਬਡਵਾਲੀ, ਹਰਜੀਤ ਸਿੰਘ ਡੇਰਾਬੱਸੀ ਤੇ ਹੋਰ ਨਾਮੀ ਹਸਤੀਆਂ ਪਹੁੰਚ ਰਹੀਆਂ ਹਨ।

ਕਾਂਗਰਸ ਸਰਕਾਰ ਬਣਨ 'ਤੇ ਗੈਂਗਸਟਰਵਾਦ ਦਾ ਬੀਜ ਨਾਸ ਹੋਵੇਗਾ : ਚੰਨੀ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਗੈਂਗਸਟਰਵਾਦ ਤੇ ਨਸ਼ਿਆਂ ਨੂੰ ਹੱਲਾਸ਼ੇਰੀ ਦਿੱਤੀ ਹੈ, ਜਿਸ ਕਾਰਨ ਪੰਜਾਬ ਬਰਬਾਦੀ ਦੇ ਕੰਢੇ 'ਤੇ ਪਹੁੰਚ ਗਿਆ ਹੈ।ਪੰਜਾਬ ਨੌਜਵਾਨੀ ਤੋਂ ਸੱਖਣਾ ਹੋ ਗਿਆ ਹੈ।ਪੰਜਾਬ 'ਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਤੇ ਗੈਂਗਸਟਰਵਾਦ ਤੇ ਨਸ਼ਿਆਂ ਦਾ ਬੀਜ ਨਾਸ ਹੋਵੇਗਾ।ਇਹ ਸ਼ਬਦ ਏਥੇ ਕਾਂਗਰਸ ਦੇ ਵਿਧਾਨ ਸਭਾ ਸਮਰਾਲਾ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਨਿਵਾਸ ਸਮਰਾਲਾ ਹਾਊਸ ਵਿੱਚ ਕਾਂਗਰਸ ਦੀ ਜਵਾਨੀ ਸੰਭਾਲ ਸਾਈਕਲ ਯਾਤਰਾ ਦੌਰਾਨ ਸੱਦੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਥਾਨਕ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਹੇ।ਉਨ੍ਹਾਂ ਦ੍ਰਿੜ੍ਹ ਨਿਸ਼ਚੇ ਨਾਲ ਕਿਹਾ ਕਿ ਜਾਂ ਅਸੀਂ ਰਹਾਂਗੇ ਜਾਂ ਗੈਂਗਸਟਰਵਾਦ ਤੇ ਨਸ਼ਿਆਂ ਦੇ ਸੌਦਾਗਰ ਰਹਿਣਗੇ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਸਾਢੇ ਚਾਰ ਸਾਲ ਵਿੱਚ ਗੈਂਗਸਟਰਵਾਦ ਤੇ ਨਸ਼ਿਆਂ ਨੂੰ ਬੜ੍ਹਾਵਾ ਦਿੱਤਾ ਹੈ, ਜਿਸ ਕਾਰਨ ਪੰਜਾਬ ਬਰਬਾਦ ਹੋ ਗਿਆ ਹੈ।ਇਸ ਬਰਬਾਦੀ ਦੇ ਭਿਆਨਕ ਸਿੱਟੇ ਆਉਣ ਵਾਲੇ ਸਮੇਂ ਹੋਰ ਵੀ ਖ਼ਤਰਨਾਕ ਰੂਪ ਵਿੱਚ ਸਾਹਮਣੇ ਆਉਣਗੇ।ਸਰਕਾਰ ਟਰੱਕ ਅਪ੍ਰੇਟਰਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ।ਕਾਂਗਰਸ ਸਰਕਾਰ ਪੰਜਾਬ ਦੇ ਟਰਕਿੰਗ ਵਪਾਰ ਨੂੰ ਪ੍ਰਫੁਲਿਤ ਕਰੇਗੀ।ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਔਰਤਾਂ ਨੂੰ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਆਰਥਿਕ ਸਹਾਇਤਾ ਮਿਲ ਰਹੀ ਹੈ, ਉਹ ਜਾਰੀ ਹੀ ਨਹੀਂ ਰਹੇਗੀ ਬਲਕਿ ਉਸ ਵਿੱਚ ਹੋਰ ਵਾਧਾ ਹੋਵੇਗਾ ਤੇ ਪਿਛਲਾ ਬਕਾਇਆ ਵੀ ਅਦਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਵੈੱਲਫੇਅਰ ਸਕੀਮਾਂ ਕਦੇ ਬੰਦ ਨਹੀਂ ਹੁੰਦੀਆਂ।ਉਨ੍ਹਾਂ ਕਿਹਾ ਕਿ ਸਖੀ ਸਕੀਮ ਅਧੀਨ ਭਰਤੀ ਕੀਤੀਆਂ ਸਖੀਆਂ ਨੂੰ ਪੱਕੀ ਨੌਕਰੀ ਦਿੱਤੀ ਜਾਵੇਗੀ।ਉਨ੍ਹਾਂ ਥਾਂ ਥਾਂ ਲੱਗੇ 'ਲੋਕਾਂ ਦਾ ਸੀ ਐੱਮ' ਦੇ ਫਲੇਕਸਾਂ 'ਤੇ ਤੰਜ ਕਸਦਿਆਂ ਕਿਹਾ ਕਿ ਭਗਵੰਤ ਮਾਨ ਲੋਕਾਂ ਦਾ ਨਹੀਂ, ਦਿੱਲੀ ਵਾਲੀਆਂ ਕਥਿਤ ਜੋਕਾਂ ਦਾ ਸੀ ਐੱਮ ਹੈ।ਇਸੇ ਤਰ੍ਹਾਂ ਭਾਜਪਾ-ਅਕਾਲੀ ਗੱਠਜੋੜ 'ਤੇ ਤੰਜ ਕਸਦਿਆਂ ਸਾਬਕਾ ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਇਹ ਪਹਿਲਾਂ ਵੀ ਇੱਕੋ ਸਨ।ਭਾਜਪਾ ਵੱਲੋਂ ਲਿਆਂਦੇ ਖੇਤੀ ਦੇ ਕਾਲੇ ਕਾਨੂੰਨਾਂ ਕਾਰਨ ਕਰੀਬ 750 ਕਿਸਾਨਾਂ ਨੇ ਦਿੱਲੀ ਬਾਰਡਰ 'ਤੇ ਸ਼ਹੀਦੀ ਦਾ ਜਾਮ ਪੀਤਾ।ਉਨ੍ਹਾਂ ਕਿਹਾ ਕਿ ਮੇਰੇ ਮੁੱਖ ਮੰਤਰੀ ਕਾਰਜਕਾਲ ਵਿੱਚ ਇਨ੍ਹਾਂ ਮ੍ਰਿਤਕ ਕਿਸਾਨਾਂ ਨੂੰ ਪੰਜ-ਪੰਜ ਲੱਖ ਮੁਆਵਜ਼ਾ ਤੇ ਨੌਕਰੀ ਦਿੱਤੀ ਗਈ।ਉਨ੍ਹਾਂ ਕਿਹਾ ਕਿ ਅਕਾਲੀ ਕਾਰਜਕਾਲ ਵਿੱਚ ਸੱਚੇ ਸੌਦੇ ਦੇ ਮੁਖੀ ਕਾਰਨ ਬੇਅਦਬੀਆਂ ਹੋਈਆਂ ਤੇ ਗੁਰੂ ਦੀ ਪੱਤ ਰੋਲੀ ਗਈ।ਸਿੱਖ ਕੌਮ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਸੁਖਬੀਰ ਬਾਦਲ ਨੂੰ ਕਦੇ ਵੀ ਨਹੀਂ ਬਖ਼ਸ਼ੇਗੀ।ਇਸ ਮੌਕੇ ਸਮਰਾਲਾ ਤੇ ਮਾਛੀਵਾੜਾ ਤੋਂ ਕਾਂਗਰਸ ਪਾਰਟੀ ਦੇ ਲੀਡਰ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਅਖੀਰ ਵਿੱਚ ਕਾਂਗਰਸ ਪਾਰਟੀ ਦੇ ਵਿਧਾਨ ਸਭਾ ਸਮਰਾਲਾ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਆਏ ਸਾਰੇ ਲੀਡਰਾਂ ਤੇ ਵਰਕਰਾਂ ਦਾ ਧੰਨਵਾਦ ਕੀਤਾ।

ਮਾਸਟਰ ਹਰਦੇਵ ਸਿੰਘ ਸਲਾਬਤਪੁਰਾ ਦਾ ਅਚਨਚੇਤ ਦੇਹਾਂਤ



ਬਠਿੰਡਾ (ਰਾਜੀਵ ਗੋਇਲ)-ਬੀਤੀ ਦੇਰ ਰਾਤ ਅਧਿਆਪਕ ਕਿੱਤੇ ਤੋਂ ਰਿਟਾਇਰ ਹੋਏ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਗਤਾ ਵਿਖੇ ਕਾਫੀ ਸਮਾਂ ਆਪਣੀਆਂ ਸੇਵਾਵਾਂ ਨਿਭਾਉਣ ਵਾਲੇ ਮਾਸਟਰ ਹਰਦੇਵ ਸਿੰਘ ਸਲਾਬਤਪੁਰਾ ਦਾ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ। ਇਸ ਖਬਰ ਨੂੰ ਲੈ ਕੇ ਮਾਸਟਰ ਹਰਦੇਵ ਸਿੰਘ ਦੇ ਰਿਸ਼ਤੇਦਾਰਾਂ, ਮਿੱਤਰਾਂ ਤੇ ਉਨ੍ਹਾਂ ਦੇ ਚੇਲਿਆਂ ਵਿੱਚ ਦੁੱਖ ਦੀ ਲਹਿਰ ਪੈਦਾ ਹੋ ਗਈ ਅਤੇ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਨਗਰ ਪੰਚਾਇਤ ਭਗਤਾ ਦੇ ਪ੍ਰਧਾਨ ਜਗਸੀਰ ਸਿੰਘ ਪੰਨੂ ਨੇ ਆਖਿਆ ਕਿ ਉਹ ਹਰਦੇਵ ਸਿੰਘ ਪਾਸ ਕਾਫੀ ਸਾਲ ਪੜ੍ਹੇ ਹਨ ਤੇ ਉਹ ਮਾਸਟਰ ਜੀ ਦੇ ਸੁਭਾਓ ਤੋਂ ਕਾਫੀ ਪ੍ਰਭਾਵਿਤ ਸਨ। ਉਨ੍ਹਾਂ ਮਾਸਟਰ ਜੀ ਦੀ ਮੌਤ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਦੇ ਹੋਏ ਪਰਵਾਰ ਨਾਲ ਹਮਦਰਦੀ ਜ਼ਾਹਰ ਕੀਤੀ ਹੈ। ਉਧਰ ਦੂਜੇ ਪਾਸੇ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ, ਇੰਦਰਜੀਤ ਸਿੰਘ ਮਾਨ ਚੇਅਰਮੈਨ ਮਾਰਕਫੈੱਡ ਪੰਜਾਬ, ਜਤਿੰਦਰ ਸਿੰਘ ਭੱਲਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਬਠਿੰਡਾ, ਗੁਰਬਿੰਦਰ ਸਿੰਘ ਭਗਤਾ ਭਾਜਪਾ ਆਗੂ, ਕੁਲਵੰਤ ਸਿੰਘ ਮਲੂਕਾ ਚੇਅਰਮੈਨ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ, ਛੱਤਰ ਸਿੰਘ ਸਿੱਧੂ, ਸਵਰਨਜੀਤ ਸਿੰਘ ਕਾਂਗੜ, ਹਰਮਨਵੀਰ ਕਾਂਗੜ, ਅਮਨਦੀਪ ਸਿੰਘ ਸਰਪੰਚ ਸਲਾਬਤਪੁਰਾ, ਗੁਰਮੀਤ ਸਿੰਘ ਸਾ. ਚੇਅਰਮੈਨ ਸਲਾਬਤਪੁਰਾ, ਮਾਸਟਰ ਗੁਰਵਿੰਦਰ ਸਿੰਘ ਕਾਂਗੜ, ਲੈਕਚਰਾਰ ਦਰਸ਼ਨ ਸਿੰਘ, ਮਾਸਟਰ ਜਗਸੀਰ ਸਿੰਘ, ਸਮੇਤ ਸਮੂਹ ਅਧਿਆਪਕ ਵਰਗ, ਸਿਆਸੀ ਆਗੂ ਤੇ ਸਲਾਬਤਪੁਰਾ ਦੇ ਸਮੂਹ ਦੁਕਾਨਦਾਰਾਂ ਵੱਲੋਂ ਮਾਸਟਰ ਹਰਦੇਵ ਸਿੰਘ ਦੀ ਮੌਤ ਨੂੰ ਲੈ ਕੇ ਚਹਿਲ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

ਸਰਕਾਰ ਦੀ ਵਾਅਦਾ ਖ਼ਿਲਾਫ਼ੀ ਵਿਰੁੱਧ ਐੱਨ ਐੱਚ ਐੱਮ ਮੁਲਾਜ਼ਮਾਂ ਦਾ ਸੰਘਰਸ਼ ਭਖਿਆ

17 ਦੀ ਮੀਟਿੰਗ ਤੋਂ ਬਾਅਦ ਅਗਲੇ ਸੰਘਰਸ਼ ਦੀ ਰੂਪ-ਰੇਖਾ ਹੋਵੇਗੀ ਤੈਅ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਭਰ ਵਿੱਚ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਚੱਲ ਰਹੀ ਹੜਤਾਲ ਦੇ ਚਲਦਿਆਂ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਅੱਜ ਵੀ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਪ੍ਰਤੀ ਆਪਣਾ ਵਿਰੋਧ ਦਰਜ ਕਰਵਾਇਆ ਗਿਆ। ਪ੍ਰਦਰਸ਼ਨ ਦੌਰਾਨ ਮੁਲਾਜ਼ਮਾਂ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ ਵੱਖ-ਵੱਖ ਜ਼ਿੰਮੇਵਾਰੀਆਂ ਨਿਭਾਉਣ ਦੇ ਬਾਵਜੂਦ ਉਨ੍ਹਾਂ ਨੂੰ ਬਣਦੇ ਹੱਕ ਨਹੀਂ ਮਿਲ ਰਹੇ। ਮੁਲਾਜ਼ਮਾਂ ਦੀ ਮੰਗ ਹੈ ਕਿ ਉਨ੍ਹਾਂ ਦੀਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਤਨਖਾਹਾਂ ਅਤੇ ਸੇਵਾ ਸ਼ਰਤਾਂ ਸਬੰਧੀ ਲੰਬੇ ਸਮੇਂ ਤੋਂ ਚੱਲ ਰਹੇ ਵਿਤਕਰੇ ਨੂੰ ਖ਼ਤਮ ਕੀਤਾ ਜਾਵੇ। ਮੁਲਾਜ਼ਮ ਆਗੂ ਨਰਿੰਦਰ ਸਿੰਘ ਨੇ ਕਿਹਾ ਕਿ ਸਿਹਤ ਸੇਵਾਵਾਂ ਦੀ ਮਜ਼ਬੂਤੀ ਵਿੱਚ ਐਨ.ਐਚ.ਐਮ. ਮੁਲਾਜ਼ਮਾਂ ਦੀ ਭੂਮਿਕਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਮੁਲਾਜ਼ਮ ਹਰ ਔਖੇ ਸਮੇਂ ਵਿੱਚ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਆਪਣੀਆਂ ਡਿਊਟੀਆਂ ਨਿਭਾਉਂਦੇ ਰਹੇ ਹਨ। ਇਸ ਲਈ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਸਿਰਫ਼ ਪ੍ਰਸ਼ਾਸਨਕ ਮਸਲਾ ਨਾ ਸਮਝਦੇ ਹੋਏ ਉਨ੍ਹਾਂ ਦੇ ਰੁਜ਼ਗਾਰ ਤੇ ਸਨਮਾਨ ਨਾਲ ਜੁੜਿਆ ਮਾਮਲਾ ਸਮਝਣਾ ਚਾਹੀਦਾ ਹੈ। ਆਗੂ ਯੁਵਰਾਜ ਸਿੰਘ ਤੇ ਬਗੀਚ ਸਿੰਘ ਨੇ ਕਿਹਾ ਕਿ 17 ਨਵੰਬਰ ਨੂੰ ਹੋਣ ਵਾਲੀ ਮੁਲਾਜ਼ਮ ਭਲਾਈ ਕਮੇਟੀ ਦੀ ਮੀਟਿੰਗ ਵੱਲ ਸੂਬੇ ਦੇ ਸਮੂਹ ਐੱਨ.ਐੱਚ.ਐੱਮ. ਮੁਲਾਜ਼ਮਾਂ ਦੀਆਂ ਨਜ਼ਰਾਂ ਲੱਗੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਮੁਲਾਜ਼ਮ ਚਾਹੁੰਦੇ ਹਨ ਕਿ ਇਸ ਮੀਟਿੰਗ ਰਾਹੀਂ ਸਾਲਾਂ ਤੋਂ ਚੱਲ ਰਹੇ ਮਸਲਿਆਂ ਦਾ ਨਿਪਟਾਰਾ ਕਰਨ ਲਈ ਸਮਾਂਬੱਧ ਫ਼ੈਸਲੇ ਲਏ ਜਾਣ, ਤਾਂ ਜੋ ਮੁਲਾਜ਼ਮਾਂ ਨੂੰ ਵਾਰ-ਵਾਰ ਸੰਘਰਸ਼ ਕਰਨ ਲਈ ਮਜਬੂਰ ਨਾ ਹੋਣਾ ਪਵੇ। ਆਗੂ ਹਰਜਿੰਦਰ ਸਿੰਘ ਨੇ ਕਿਹਾ ਕਿ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਮਨਵਾਉਣ ਲਈ ਸ਼ਾਂਤਮਈ ਢੰਗ ਨਾਲ ਹਰ ਪੱਧਰ 'ਤੇ ਆਪਣੀ ਆਵਾਜ਼ ਉਠਾਈ ਹੈ। ਹੁਣ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਮੁਲਾਜ਼ਮਾਂ ਦੀਆਂ ਉਮੀਦਾਂ 'ਤੇ ਖਰੀ ਉਤਰੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ 17 ਨਵੰਬਰ ਦੀ ਮੀਟਿੰਗ ਤੋਂ ਕੋਈ ਠੋਸ ਨਤੀਜਾ ਸਾਹਮਣੇ ਨਹੀਂ ਆਉਂਦਾ ਤਾਂ ਸਿਹਤ ਮੰਤਰੀ ਪੰਜਾਬ ਦੀ ਰਿਹਾਇਸ਼ ਮੂਹਰੇ ਪੱਕਾ ਧਰਨਾ ਸ਼ੁਰੂ ਕਰਨ ਦੇ ਐਲਾਨੇ ਪ੍ਰੋਗਰਾਮ ਨੂੰ ਅਮਲੀ ਰੂਪ ਦਿੱਤਾ ਜਾਵੇਗਾ। ਆਗੂ ਡਾ: ਪ੍ਰੀਤ ਮੁਖੀਜਾ ਨੇ ਕਿਹਾ ਕਿ ਮੌਜੂਦਾ ਸੰਘਰਸ਼ ਕਿਸੇ ਇੱਕ ਵਰਗ ਦੀ ਨਹੀਂ, ਸਗੋਂ ਸਮੂਹ ਐੱਨ.ਐੱਚ.ਐੱਮ. ਮੁਲਾਜ਼ਮਾਂ ਦੇ ਹੱਕਾਂ ਤੇ ਭਵਿੱਖ ਦੀ ਲੜਾਈ ਹੈ। ਉਨ੍ਹਾਂ ਸਮੂਹ ਮੁਲਾਜ਼ਮਾਂ ਨੂੰ ਆਪਸੀ ਏਕਤਾ ਬਣਾਈ ਰੱਖਣ ਤੇ ਸੰਘਰਸ਼ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਪੰਜਾਬੀ ਸੱਭਿਆਚਾਰ ਮੰਚ ਟੋਰਾਂਟੋ ਵੱਲੋਂ ਸ਼ਹੀਦ ਸਰਾਭਾ ਨੂੰ ਸ਼ਰਧਾਂਜਲੀ

ਗ਼ਦਰੀ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣਾ ਪ੍ਰਵਾਸੀ ਪੰਜਾਬੀਆਂ ਦੀ ਨੈਤਿਕ ਜ਼ਿੰਮੇਵਾਰੀ : ਬਲਦੇਵ ਸਿੰਘ



ਅਜੀਤਵਾਲ (ਲਵਲੀ ਮਾਛੀਕੇ)

ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਦੇ ਮਹਾਨ ਇਨਕਲਾਬੀ ਤੇ ਗ਼ਦਰ ਪਾਰਟੀ ਦੇ ਨਿੱਡਰ ਯੋਧੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਸ਼ਹਾਦਤ ਨੂੰ ਸਮਰਪਤ ਸ਼ਰਧਾਂਜਲੀ ਸਮਾਗਮ ਪੰਜਾਬੀ ਸੱਭਿਆਚਾਰ ਮੰਚ ਟੋਰਾਂਟੋ ਵੱਲੋਂ ਪ੍ਰਧਾਨ ਬਲਦੇਵ ਸਿੰਘ ਸਹਿਦੇਵ ਦੀ ਅਗਵਾਈ ਹੇਠ ਕੈਸੀ ਕੈਂਬਲ ਕਮਿਊਨਿਟੀ ਸੈਂਟਰ ਵਿਖੇ ਕਰਵਾਇਆ ਗਿਆ। ਇਸ ਮੌਕੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਗ਼ਦਰੀ ਬਾਬਿਆਂ ਤੇ ਹੋਰ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਬਲਦੇਵ ਸਿੰਘ ਸਹਿਦੇਵ, ਸੁਭਾਸ਼ ਖੁਰਮੀ, ਲਾਲ ਸਿੰਘ ਚਾਹਲ, ਮਹਿੰਦਰ ਸਿੰਘ ਮੋਹੀ ਤੇ ਸੁਖਦੇਵ ਸਿੰਘ ਧਾਲੀਵਾਲ ਸ਼ਾਮਲ ਸਨ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਗੁਰਚਰਨ ਸਿੰਘ ਮੱਲੀ ਨੇ ਬਾਖੂਬੀ ਨਿਭਾਈ। ਸਮਾਗਮ ਦੌਰਾਨ ਗਿਆਨ ਸਿੰਘ ਘਈ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਸ਼ਹਾਦਤ ਨੂੰ ਸਮਰਪਤ ਭਾਵਪੂਰਤ ਕਵਿਤਾ ਸੁਣਾ ਕੇ ਸ਼ਹੀਦ ਦੀ ਕੁਰਬਾਨੀ ਨੂੰ ਯਾਦ ਕੀਤਾ। ਮਹਿੰਦਰ ਸਿੰਘ ਮੋਹੀ ਨੇ ਆਪਣੇ ਸੰਬੋਧਨ ਵਿੱਚ ਕਰਤਾਰ ਸਿੰਘ ਸਰਾਭਾ ਵੱਲੋਂ ਗ਼ਦਰ ਪਾਰਟੀ ਵਿੱਚ ਨਿਭਾਈ ਇਤਿਹਾਸਕ ਭੂਮਿਕਾ ਬਾਰੇ ਚਾਨਣਾ ਪਾਇਆ। ਸੁਖਦੇਵ ਸਿੰਘ ਧਾਲੀਵਾਲ ਨੇ ਦੇਸ਼ ਦੀ ਆਜ਼ਾਦੀ ਲਈ ਸ਼ਹੀਦਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਆਦਰਸ਼ਾਂ ਤੋਂ ਨਵੀਂ ਪੀੜ੍ਹੀ ਨੂੰ ਜਾਣੂ ਕਰਵਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ। ਦਵਿੰਦਰ ਪਾਲ ਸਿੰਘ ਲੱਧੜ ਨੇ ਆਪਣੀ ਪ੍ਰਭਾਵਸ਼ਾਲੀ ਕਵਿਤਾ ਰਾਹੀਂ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ। ਕੁਲਵਿੰਦਰ ਸਿੰਘ ਨੇ ਵੀ ਆਪਣੇ ਭਾਵਪੂਰਤ ਸ਼ਬਦਾਂ ਰਾਹੀਂ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ। ਸਮਾਗਮ ਦੇ ਅੰਤ ਵਿੱਚ ਪੰਜਾਬੀ ਸੱਭਿਆਚਾਰ ਮੰਚ ਦੇ ਪ੍ਰਧਾਨ ਬਲਦੇਵ ਸਿੰਘ ਸਹਿਦੇਵ ਨੇ ਗ਼ਦਰ ਪਾਰਟੀ ਦੇ ਇਤਿਹਾਸ ਤੇ ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਇਸ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਰਤਾਰ ਸਿੰਘ ਸਰਾਭਾ ਸਮੇਤ ਉਨ੍ਹਾਂ ਸਮੂਹ ਗ਼ਦਰੀ ਸੂਰਬੀਰਾਂ ਨੂੰ ਯਾਦ ਕੀਤਾ, ਜਿਨ੍ਹਾਂ ਨੇ ਵਿਦੇਸ਼ਾਂ ਦੀਆਂ ਸੁੱਖ-ਸਹੂਲਤਾਂ ਤਿਆਗ ਕੇ ਮਾਤ-ਭੂਮੀ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ। ਇਸ ਲਈ ਪ੍ਰਵਾਸੀ ਭਾਰਤੀਆਂ, ਖ਼ਾਸ ਕਰਕੇ ਪੰਜਾਬੀਆਂ ਦੀ ਇਹ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਨ੍ਹਾਂ ਮਹਾਨ ਸੂਰਬੀਰਾਂ ਦੀਆਂ ਕੁਰਬਾਨੀਆਂ ਨੂੰ ਵਿਸਰਨ ਨਾ ਦੇਣ ਤੇ ਉਨ੍ਹਾਂ ਦੇ ਇਤਿਹਾਸ ਤੇ ਆਦਰਸ਼ਾਂ ਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ।

ਅੰਤ 'ਚ ਕਲੱਬ ਵੱਲੋਂ ਕੇਸ਼ਵ ਕਪੂਰ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਵਾਲੇ ਸਮੂਹ ਬੁਲਾਰਿਆਂ, ਕਵੀਆਂ ਤੇ ਹਾਜ਼ਰ ਸੱਜਣਾਂ ਦਾ ਧੰਨਵਾਦ ਕੀਤਾ। ਪੱਤਰਕਾਰ ਨੂੰ ਇਸ ਦੀ ਜਾਣਕਾਰੀ ਸੀ.ਪੀ.ਆਈ. ਦੇ ਆਗੂ ਕਾਮਰੇਡ ਸੁਖਦੇਵ ਸਿੰਘ ਭੋਲਾ, ਕਾਮਰੇਡ ਗੁਰਦਿੱਤ ਸਿੰਘ ਦੀਨਾਂ ਤੇ ਡਾਕਟਰ ਬਲਵੀਰ ਸਿੰਘ ਧੂੜਕੋਟ ਟੋਰਾਂਟੋ ਕੈਨੇਡਾ ਵੱਲੋਂ ਦਿੱਤੀ ਗਈ।

ਕਾਂਗਰਸ ਪਟਿਆਲਾ ਜ਼ਿਲ੍ਹੇ ਦੀਆਂ ਸਮੁੱਚੀਆਂ ਸੀਟਾਂ 'ਤੇ ਜਿੱਤ ਹਾਸਲ ਕਰੇਗੀ : ਰਾਜਿੰਦਰ ਸਿੰਘ

ਹਲਕਾ ਸਮਾਣਾ 'ਚ ਕਾਂਗਰਸ ਨੂੰ ਲੋਕਾਂ ਦਾ ਮਿਲਿਆ ਭਰਵਾਂ ਹੁੰਗਾਰਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕਾਂਗਰਸ ਪਾਰਟੀ ਦੇ ਟਕਸਾਲੀ ਆਗੂ ਤੇ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਮੌਜੂਦਾ ਪੰਜਾਬ ਸਰਕਾਰ ਨੇ ਪੰਜਾਬ ਦੀ ਹਾਲਤ ਬਦ ਤੋਂ ਬਦਤਰ ਕਰ ਦਿੱਤੀ ਹੈ ਅਤੇ ਸੂਬੇ ਸਿਰ ਕਈ ਲੱਖ ਕਰੋੜ ਰੁਪਏ ਦਾ ਕਰਜ਼ਾ ਚੜ੍ਹ ਗਿਆ ਹੈ।ਵਿਧਾਨ ਸਭਾ ਹਲਕਾ ਸਾਮਣਾ 'ਚ ਰਾਜਿੰਦਰ ਸਿੰਘ ਨੇ ਚੋਣ ਪ੍ਰਚਾਰ ਤੇਜ਼ ਕਰ ਦਿੱਤਾ ਹੈ। ਲੋਕਾਂ ਵੱਲੋਂ ਸਮਾਣਾ ਹਲਕੇ 'ਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਮੌਕੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਸ ਸਰਕਾਰ ਨੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਨ੍ਹਾਂ 'ਚੋਂ ਇਕ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ।ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਡੀ. ਏ. ਨਹੀਂ ਦਿੱਤਾ ਗਿਆ।ਸੂਬੇ 'ਚ ਅਮਨ-ਕਾਨੂੰਨ ਦੀ ਸਥਿਤੀ ਬੇਹੱਦ ਖ਼ਰਾਬ ਹੋ ਚੁੱਕੀ ਹੈ ਅਤੇ ਰੋਜ਼ਾਨਾ ਕਤਲ ਤੇ ਲੁੱਟ-ਖੋਹ ਦੀਆਂ ਘਟਨਾਵਾਂ ਵਾਪਰਨ ਕਾਰਨ ਹਰ ਪੰਜਾਬੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇਕਜੁੱਟ ਹੈ ਅਤੇ ਹਰ ਵਰਕਰ ਤੇ ਆਗੂ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਿਹਾ ਹੈ।ਜ਼ਿਲ੍ਹਾ ਪਟਿਆਲਾ ਸ਼ੁਰੂ ਤੋਂ ਹੀ ਕਾਂਗਰਸ ਦਾ ਗੜ੍ਹ ਰਿਹਾ ਹੈ ਤੇ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪਾਰਟੀ ਪਟਿਆਲਾ ਜ਼ਿਲ੍ਹੇ ਦੀਆਂ ਸਮੁੱਚੀਆਂ ਸੀਟਾਂ 'ਤੇ ਜਿੱਤ ਹਾਸਲ ਕਰੇਗੀ।

ਭਾਸ਼ਾ ਵਿਭਾਗ ਪੰਜਾਬ ਵੱਲੋਂ ਗਹਿਲੇਵਾਲ 'ਚ 'ਵਾਰਤਾ ਪਿੰਡ ਪੰਜਾਬ' ਸਮਾਗਮ

ਪੰਜਾਬ ਜ਼ਖ਼ਮੀ ਹੈ, ਇਸ ਨੂੰ ਮੱਲ੍ਹਮ ਲਗਾਉਣਾ ਹਰੇਕ ਦੀ ਜ਼ਿੰਮੇਵਾਰੀ : ਕਾਹਨ ਸਿੰਘ ਪੰਨੂ



ਲੁਧਿਆਣਾ (ਰਾਜ ਸਿੰਗਲਾ)

ਭਾਸ਼ਾ ਵਿਭਾਗ ਪੰਜਾਬ ਵੱਲੋਂ ਮਨਾਏ ਜਾ ਰਹੇ 'ਪੰਜਾਬੀ ਮਾਹ-2026' ਤਹਿਤ ਵਿਵੇਕ ਸੱਥ ਗਹਿਲੇਵਾਲ ਵਿਖੇ 'ਵਾਰਤਾ ਪਿੰਡ ਪੰਜਾਬ' ਸਿਰਲੇਖ ਤਹਿਤ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਸਾਬਕਾ ਆਈ.ਏ.ਐੱਸ. ਅਧਿਕਾਰੀ ਸ੍ਰ. ਕਾਹਨ ਸਿੰਘ ਪੰਨੂ ਨੇ ਮੁੱਖ ਵਕਤਾ ਵਜੋਂ ਵਿਚਾਰ ਰੱਖੇ।ਇਸ ਦੇ ਨਾਲ ਹੀ ਸ੍ਰ. ਗੁਰਸੇਵਕ ਸਿੰਘ ਢਿੱਲੋਂ ਦੇ ਕਵੀਸ਼ਰੀ ਜਥੇ ਤੇ ਸਕੂਲੀ ਬੱਚਿਆਂ ਨੇ ਗਾਇਨ ਪੇਸ਼ ਕੀਤਾ ਤੇ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।

ਜ਼ਿਲ੍ਹਾ ਭਾਸ਼ਾ ਦਫ਼ਤਰ ਲੁਧਿਆਣਾ ਵੱਲੋਂ ਸਮਾਗਮ ਦੌਰਾਨ ਡਾਇਰੈਕਟਰ ਭਾਸ਼ਾਵਾਂ ਸ੍ਰ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਉਨ੍ਹਾਂ ਦੇ ਵਿਭਾਗ ਵੱਲੋਂ ਪੰਜਾਬੀਆਂ ਨੂੰ ਬੌਧਿਕ ਪੱਖੋਂ ਚੇਤੰਨ ਕਰਨ ਦੇ ਮਨਸੂਬੇ ਨਾਲ ਸਾਹਿਤਕ ਸਮਾਗਮਾਂ ਤੋਂ ਇਲਾਵਾ ਚਿੰਤਨ ਤੇ ਸੱਭਿਆਚਾਰ ਨਾਲ ਜੁੜੇ ਸਮਾਗਮ ਵੀ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦੇ ਦਾਇਰੇ 'ਚ ਸ਼ਹਿਰਾਂ ਤੋਂ ਇਲਾਵਾ ਕਸਬਿਆਂ ਤੇ ਪਿੰਡਾਂ ਨੂੰ ਵੀ ਲਿਆਂਦਾ ਗਿਆ ਹੈ।ਇਸੇ ਲੜੀ 'ਚ ਹੀ ਅੱਜ ਦਾ ਸਮਾਗਮ ਪੰਜਾਬ ਦੇ ਮੌਜੂਦਾ ਵੱਖ-ਵੱਖ ਪਹਿਲੂਆਂ ਬਾਰੇ ਵਿਚਾਰ ਚਰਚਾ ਕਰਨ ਲਈ 'ਵਾਰਤਾ ਪਿੰਡ ਪੰਜਾਬ' ਦਾ ਆਯੋਜਨ ਕੀਤਾ ਜਾ ਗਿਆ ਹੈ।

ਸ੍ਰ. ਕਾਹਨ ਸਿੰਘ ਪੰਨੂ ਨੇ ਕਿਹਾ ਕਿ ਇਸ ਵੇਲੇ ਪੰਜਾਬ ਜ਼ਖ਼ਮੀ ਹੈ।ਇਸ 'ਤੇ ਮੱਲ੍ਹਮ ਲਗਾਉਣ ਲਈ ਸੁਆਲਾਂ ਦੇ ਸਨਮੁੱਖ ਹੋਣ ਦੀ ਲੋੜ ਹੈ।ਅਸੀਂ ਵੱਖ-ਵੱਖ ਮਸਲਿਆਂ ਬਾਰੇ ਚਰਚਾ ਤਾਂ ਬਹੁਤ ਕਰ ਰਹੇ ਹਾਂ, ਪਰ ਉਨ੍ਹਾਂ ਦੇ ਅਸਲੀ ਕਾਰਨਾਂ ਦੀ ਤਹਿ ਤੱਕ ਜਾਣ ਤੇ ਉਨ੍ਹਾਂ ਸਬੰਧੀ ਸੁਆਲ ਨਹੀਂ ਕਰ ਰਹੇ।

ਇਹ ਸੁਆਲ ਸੂਬੇ ਦੇ ਰਾਜਨੀਤਕ ਤੇ ਧਾਰਮਿਕ ਆਗੂਆਂ ਨੂੰ ਕਰਨ ਦੀ ਲੋੜ ਹੈ, ਜੋ ਆਪਣੀਆਂ ਨੈਤਿਕ ਤੇ ਭਾਈਚਾਰਕ ਜ਼ਿੰਮੇਵਾਰੀਆਂ ਭੁੱਲ ਚੁੱਕੇ ਹਨ।ਲੋੜ ਹੈ ਪੰਜਾਬ ਨੂੰ ਸਹੀ ਦਿਸ਼ਾ ਵਿੱਚ ਤੋਰਨ ਲਈ ਰਾਜਨੀਤਕ ਲੋਕ ਆਪਣੀਆਂ ਜ਼ਿੰਮੇਵਾਰੀਆਂ ਸਮਝਣ।ਉਨ੍ਹਾਂ ਕਿਹਾ ਕਿ ਹੁਣ ਰਾਜਨੀਤੀ ਦੇ ਅਰਥ ਬਦਲ ਚੁੱਕੇ ਹਨ। ਖੱਬੇ-ਸੱਜੇ ਪੱਖਾਂ ਜਾਂ ਵਿਚਾਰਧਾਰਾਵਾਂ ਦੀ ਰਾਜਨੀਤੀ ਦੀ ਬਜਾਏ ਪੈਸੇ 'ਤੇ ਅਧਾਰਤ ਰਾਜਨੀਤੀ ਦਾ ਦੌਰ ਆ ਗਿਆ ਹੈ।ਇਸ ਦੇ ਨਾਲ ਹੀ ਉਨ੍ਹਾਂ ਧਰਮ ਤੇ ਰਾਜਨੀਤੀ ਦੇ ਗੱਠਜੋੜ 'ਤੇ ਵੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਰਾਜਨੀਤਕ ਅਨੈਤਿਕਤਾ ਫੈਲਣ ਕਾਰਨ ਸਮਾਜਿਕ ਤਾਣਾ-ਬਾਣਾ ਨਿਘਾਰ ਵੱਲ ਆ ਗਿਆ ਹੈ।ਇਸ ਮੌਕੇ 'ਸੁਹਾਵੀ ਐਪ' ਦੀ ਸੰਚਾਲਕ ਟੀਮ ਦੇ ਨੁਮਾਇੰਦੇ ਸ. ਸੁਖਵਿੰਦਰ ਸਿੰਘ ਲਾਇਲ ਨੇ ਅਜੋਕੇ ਦੌਰ ਵਿੱਚ ਆਡੀਓ ਬੁੱਕਸ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਪੰਜਾਬੀਆਂ ਦੇ ਪੁਸਤਕ ਪੜ੍ਹਨ ਬਾਰੇ ਬੜੇ ਖ਼ੁਸ਼ਨੁਮਾ ਨਤੀਜੇ ਸਾਂਝੇ ਕੀਤੇ।ਭਾਸ਼ਾ ਵਿਭਾਗ ਪੰਜਾਬ ਦੇ ਡਿਪਟੀ ਡਾਇਰੈਕਟਰ ਸ੍ਰੀ ਆਲੋਕ ਚਾਵਲਾ ਨੇ ਵਿਭਾਗ ਦੇ ਡਿਜ਼ੀਟਾਈਜੇਸ਼ਨ, ਵੈੱਬਸਾਈਟ ਤੇ ਐਪਸ ਪ੍ਰੋਜੈਕਟਾਂ ਬਾਰੇ ਤਫ਼ਸੀਲ ਨਾਲ ਦੱਸਿਆ।ਵਿਵੇਕ ਸੱਥ ਦੇ ਸਰਪ੍ਰਸਤ ਸ. ਗੁਰਪਾਲ ਸਿੰਘ ਭੰਦੇਰ ਨੇ ਸਭ ਦਾ ਧੰਨਵਾਦ ਕੀਤਾ ਤੇ ਪ੍ਰਵਾਸ ਬਾਰੇ ਦੋ ਕਵਿਤਾਵਾਂ ਰਾਹੀਂ ਸਾਂਝ ਪਾਈ।ਰਾਜਿੰਦਰ ਕੌਰ ਭੈਣੀ ਸਾਹਿਬ ਨੇ ਆਪਣੀ ਕਵਿਤਾ 'ਪੈਂਤੀ' ਰਾਹੀਂ ਮਾਤ ਭਾਸ਼ਾ ਪ੍ਰਤੀ ਜ਼ਿੰਮੇਵਾਰੀ ਦਾ ਹੋਕਾ ਦਿੱਤਾ।ਅਖ਼ੀਰ ਵਿੱਚ ਸਾਰੇ ਮਹਿਮਾਨਾਂ ਤੇ ਕਲਾਕਾਰਾਂ ਨੂੰ ਵਿਭਾਗੀ ਸ਼ਾਲਾਂ ਤੇ ਪੁਸਤਕਾਂ ਨਾਲ ਸਨਮਾਨਤ ਕੀਤਾ ਗਿਆ।ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਬਾਖੂਬੀ ਕੀਤਾ।ਸਮਾਗਮ ਦੀ ਸਫ਼ਲਤਾ ਲਈ ਡਾ. ਸੰਦੀਪ ਸ਼ਰਮਾ ਜ਼ਿਲ੍ਹਾ ਭਾਸ਼ਾ ਅਫ਼ਸਰ ਲੁਧਿਆਣਾ ਤੇ ਸ. ਮਨਜੀਤ ਸਿੰਘ ਭੰਦੇਰ ਨੇ ਵਡਮੁੱਲੇ ਯਤਨ ਕੀਤੇ।

ਸਵੈ-ਜਨਗਣਨਾ 16 ਤੋਂ 30 ਨਵੰਬਰ ਤੱਕ ਹੋਵੇਗੀ : ਤਹਿਸੀਲਦਾਰ ਵੜਿੰਗ



ਕੋਟਕਪੂਰਾ (ਰਛਪਾਲ ਭੁੱਲਰ)-ਭਾਰਤ ਸਰਕਾਰ ਵਲੋਂ ਕਰਵਾਈ ਜਾ ਰਹੀ ਜਨਗਣਨਾ-2027 ਦੇ ਦੂਜੇ ਗੇੜ ਦੀਆਂ ਸਾਰੀਆਂ ਤਿਆਰੀਆਂ ਤਹਿਸੀਲ ਕੋਟਕਪੂਰਾ ਵਲੋਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸਬੰਧੀ ਤਹਿਸੀਲ ਦਫਤਰ ਕੋਟਕਪੂਰਾ ਵਿਖੇ ਜਨਗਣਨਾ ਦੇ ਚਾਰਜ਼ ਅਫ਼ਸਰ ਤਹਿਸੀਲਦਾਰ ਸ. ਪਰਮਿੰਦਰ ਸਿੰਘ ਵੜਿੰਗ ਵਲੋਂ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਨੂੰ ਸ਼ਨਾਖਤੀ ਕਾਰਡ ਜਾਰੀ ਕੀਤੇ ਗਏ।ਇਸ ਸਮੇਂ ਉਹਨਾਂ ਨਾਲ ਜਨਗਣਨਾ ਟੀਮ ਤਹਿਸੀਲ ਕੋਟਕਪੂਰਾ ਦੇ ਇੰਚਾਰਜ਼ ਕਲਰਕ ਸੁਖਦੇਵ ਸਿੰਘ ਮਾਨ, ਪਰਵਿੰਦਰ ਸਿੰਘ ਅਤੇ ਟੈਕਨੀਕਲ ਅਸਿਸਟੈਂਟ ਟਿੰਕੂ ਕੁਮਾਰ ਵੀ ਮੌਜੂਦ ਸਨ।ਇਸ ਮੌਕੇ ਤਹਿਸੀਲਦਾਰ ਸ. ਪਰਮਿੰਦਰ ਸਿੰਘ ਵੜਿੰਗ ਨੇ ਕਿਹਾ ਕਿ ਸਵੈ-ਜਨਗਣਨਾ ਦਾ ਕਾਰਜ 16 ਤੋਂ 30 ਨਵੰਬਰ ਤੱਕ ਹੋਵੇਗਾ। ਉਹਨਾਂ ਦੱਸਿਆ ਕਿ ਪਹਿਲਾ ਪੜਾਅ ਮਕਾਨਾਂ ਦੀ ਸੂਚੀਬੱਧਤਾ ਤੇ ਰਿਹਾਇਸ਼ੀ ਜਨਗਣਨਾ ਸਫ਼ਲਤਾਪੂਰਵਕ ਮੁਕੰਮਲ ਹੋ ਗਿਆ ਹੈ।

ਅੰਗਰੇਜ਼ੀ ਦੇ ਸਪੈਲਿੰਗ ਉਲਟਾ ਸੁਣਾ ਕੇ 9 ਸਾਲਾ ਇਬਾਦਤ ਕੌਰ ਨੇ ਬਣਾਇਆ ਵਿਸ਼ਵ ਰਿਕਾਰਡ



ਬਠਿੰਡਾ (ਪਰਵਿੰਦਰਜੀਤ ਸਿੰਘ)-ਬਠਿੰਡਾ ਦੀ 9 ਸਾਲਾ ਵਿਦਿਆਰਥਣ ਇਬਾਦਤ ਕੌਰ ਸਿੱਧੂ ਨੇ ਆਪਣੀ ਵਿਲੱਖਣ ਯਾਦਦਾਸ਼ਤ ਅਤੇ ਸ਼ਾਨਦਾਰ ਮਾਨਸਿਕ ਸਮਰੱਥਾ ਦਾ ਪ੍ਰਦਰਸ਼ਨ ਕਰਦਿਆਂ ਅੰਗਰੇਜ਼ੀ ਭਾਸ਼ਾ ਦੇ 100 ਸ਼ਬਦਾਂ ਦੇ ਸਪੈਲਿੰਗ 2 ਮਿੰਟ 12 ਸਕਿੰਟਾਂ ਵਿੱਚ ਉਲਟੇ ਸੁਣਾਉਣ ਦਾ ਨਵਾਂ ਵਰਲਡ ਰਿਕਾਰਡ ਕਾਇਮ ਕੀਤਾ ਹੈ। ਉਸ ਦੀ ਇਸ ਮਾਣਮੱਤੀ ਪ੍ਰਾਪਤੀ ਨਾਲ ਬਠਿੰਡਾ ਸਮੇਤ ਸਮੁੱਚੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ। ਬਠਿੰਡਾ ਦੇ ਐੱਸ.ਐੱਸ.ਪੀ. ਸ੍ਰੀ ਸੁਹੇਲ ਮੀਰ ਨੇ ਇਸ ਹੋਣਹਾਰ ਬੱਚੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਕੇ ਉਸ ਦੀ ਹੌਸਲਾ ਅਫ਼ਜ਼ਾਈ ਕੀਤੀ। ਰੰਜੀਵ ਗੋਇਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਿੱਜੀ ਸਕੂਲ ਬਠਿੰਡਾ ਦੀ ਚੌਥੀ ਜਮਾਤ ਦੀ ਵਿਦਿਆਰਥਣ ਇਬਾਦਤ ਕੌਰ ਸਿੱਧੂ ਪੁੱਤਰੀ ਸ੍ਰੀਮਤੀ ਅਰਸ਼ਪ੍ਰੀਤ ਸਿੱਧੂ ਨੇ ਅੰਗਰੇਜ਼ੀ ਦੇ ਐਪਲ, ਕੈਟ, ਇੰਡੀਆ, ਬਠਿੰਡਾ, ਪੰਜਾਬ ਅਤੇ ਸਕੂਲ ਆਦਿ ਸਮੇਤ 100 ਸ਼ਬਦਾਂ ਦੇ ਸਪੈਲਿੰਗ ਨੂੰ ਉਲਟਾ ਕਰਕੇ ਸੁਣਾਉਣ ਦੀ ਇਹ ਵਿਲੱਖਣ ਪ੍ਰਾਪਤੀ ਹਾਸਲ ਕੀਤੀ ਹੈ। ਇਸ ਦੌਰਾਨ ਉਸ ਨੇ ਹਰ ਸ਼ਬਦ ਦੇ ਅੱਖਰਾਂ ਨੂੰ ਉਲਟੇ ਕ੍ਰਮ ਵਿੱਚ ਬੋਲਿਆ। ਇਸ ਰਿਕਾਰਡ ਦੀ ਤਿਆਰੀ ਲਈ ਉਸ ਨੇ ਅਬੈਕਸ ਵਿਧੀ ਰਾਹੀਂ ਆਪਣੀ ਗਣਨਾ ਦੀ ਗਤੀ, ਇਕਾਗਰਤਾ ਅਤੇ ਯਾਦਦਾਸ਼ਤ ਨੂੰ ਨਿਖਾਰਨ ਲਈ ਲਗਾਤਾਰ ਕਰੀਬ ਤਿੰਨ ਮਹੀਨੇ ਅਭਿਆਸ ਕੀਤਾ। ਇਸ ਮੌਕੇ ਇਬਾਦਤ ਕੌਰ ਦੀ ਮਾਤਾ ਸ੍ਰੀਮਤੀ ਅਰਸ਼ਪ੍ਰੀਤ ਸਿੱਧੂ, ਸ਼ਾਰਪ ਬ੍ਰੇਨਜ਼ ਐਜੂਕੇਸ਼ਨ ਬਠਿੰਡਾ ਸੈਂਟਰ ਦੀ ਇੰਚਾਰਜ ਮੈਡਮ ਨੀਲਮ ਗਰਗ ਅਤੇ ਡਾ. ਅਸਮਾਨਪ੍ਰੀਤ ਸਿੰਘ ਸਿੱਧੂ, ਖੇਤੀਬਾੜੀ ਅਫ਼ਸਰ, ਬਠਿੰਡਾ ਵੀ ਮੌਜੂਦ ਸਨ। ਸੇਂਟ ਜੇਵੀਅਰ ਸਕੂਲ, ਬਠਿੰਡਾ ਦੇ ਪ੍ਰਿੰਸੀਪਲ ਫਾਦਰ ਸਿਡਲੋਏ ਫਰਾਟਾਡੋ ਨੇ ਵੀ ਇਬਾਦਤ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਨੂੰ ਅਤੇ ਉਸ ਦੇ ਪਰਿਵਾਰ ਨੂੰ ਵਧਾਈ ਦਿੱਤੀ।

ਖੇਤੀ ਟੈਕਨੋਕਰੇਟਸ ਕਾਲੇ ਬਿੱਲੇ ਲਾ ਕੇ ਪਹੁੰਚਣਗੇ ਖੁੱਡੀਆਂ ਦੇ ਪਿੰਡ




ਜਲਾਲਾਬਾਦ (ਜੀਤ ਕੁਮਾਰ)-ਖੇਤੀਬਾੜੀ ਵਿਭਾਗ ਵਿੱਚ ਕੰਮ ਕਰ ਰਹੇ ਸਮੂਹ ਖੇਤੀ ਟੈਕਨੋਕਰੇਟਸ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਨੂੰ ਸਰਕਾਰ ਵੱਲੋਂ ਅਣਗੌਲਿਆ ਕੀਤੇ ਜਾਣ ਦੇ ਰੋਸ ਵਜੋਂ ਕਾਲੇ ਬਿੱਲੇ ਲਾ ਕੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਪਿੰਡ ਖੁੱਡੀਆਂ ਵਿਖੇ ਐਤਵਾਰ 15 ਨਵੰਬਰ ਨੂੰ ਉਨ੍ਹਾਂ ਦੀ ਰਿਹਾਇਸ਼ ਅੱਗੇ ਪਹੁੰਚਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਲਾਂਟ ਡਾਕਟਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਡਾ. ਹਰਮਨਪ੍ਰੀਤ ਸਿੰਘ ਘੁੰਮਣ ਨੇ ਦੱਸਿਆ ਕਿ ਖੇਤੀ ਟੈਕਨੋਕਰੇਟਸ ਦੀਆਂ ਮੁੱਖ ਮੰਗਾਂ ਵਿੱਚ ਅਫ਼ਸਰ ਤੋਂ ਖੇਤੀਬਾੜੀ ਅਫ਼ਸਰ ਵਜੋਂ ਪਦਉੱਨਤੀ, ਵਿਭਾਗ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਤੁਰੰਤ ਭਰਨਾ, ਵੈਟਰਨਰੀ ਅਫ਼ਸਰਾਂ ਦੇ ਬਰਾਬਰ ਤਨਖਾਹ ਸਮਾਨਤਾ ਬਹਾਲ ਕਰਨਾ, ਲਿੰਕ ਅਫ਼ਸਰ ਪਾਲਿਸੀ ਰੱਦ ਕਰਨਾ ਅਤੇ ਤਕਨੀਕੀ ਅਸਾਮੀਆਂ ਉੱਤੇ ਗੈਰ-ਤਕਨੀਕੀ ਕਾਡਰ ਦੀ ਭਰਤੀ ਬੰਦ ਕਰਨਾ ਸ਼ਾਮਲ ਹੈ। ਡਾ ਮਨਜਿੰਦਰ ਸਿੰਘ, ਡਾ ਸਤਵਿੰਦਰਵੀਰ ਸਿੰਘ, ਡਾ ਅਮਨਪ੍ਰੀਤ ਸਿੰਘ,ਡਾ ਗੁਰਲਵਲੀਨ ਸਿੰਘ ਰਾਣਾ, ਡਾ ਸੁਖਚੈਨ ਸਿੰਘ, ਡਾ ਵਿਕਰਾਂਤ, ਡਾ ਲਵਜੀਤ ਅਤੇ ਡਾ ਜਸਪਾਲ ਸਿੰਘ ਧੰਜੂ ਨੇ ਦੱਸਿਆ ਕਿ ਐਤਵਾਰ ਨੂੰ ਪਿੰਡ ਖੁੱਡੀਆਂ ਵਿਖੇ ਹੋਣ ਵਾਲੇ ਇਸ ਰੋਸ ਧਰਨੇ ਵਿੱਚ ਪੰਜਾਬ ਭਰ ਤੋਂ ਖੇਤੀ ਟੈਕਨੋਕਰੇਟਸ ਕਾਲੇ ਬਿੱਲੇ ਲਾ ਕੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਅਤੇ ਜੇਕਰ ਫਿਰ ਵੀ ਸਰਕਾਰ ਵੱਲੋਂ ਖੇਤੀ ਟੈਕਨੋਕਰੇਟਸ ਦੀਆਂ ਮੰਗਾਂ ਨਾ ਮੰਨੀਆਂ ਤਾਂ 18 ਨਵੰਬਰ ਦਿਨ ਬੁੱਧਵਾਰ ਨੂੰ ਡਾਇਰੈਕਟਰ ਦਫ਼ਤਰ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ।

ਭਾਜਪਾ ਕਿਸਾਨਾਂ ਨੂੰ ਬਦਨਾਮ ਕਰਨਾ ਬੰਦ ਕਰੇ : ਚੇਅਰਮੈਨ ਮਾਨ




ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੇਂਦਰ ਦੀ ਭਾਜਪਾ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਅਤੇ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਕਰਨਾ ਬੰਦ ਕਰੇ। ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਪੂਰੀ ਤਰ੍ਹਾਂ ਸਮਝਦਾਰ ਹੈ ਅਤੇ ਉਸ ਨੂੰ ਪਤਾ ਹੈ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਨੁਕਸਾਨ ਪਹੁੰਚਦਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਦੀਆਂ ਗੱਠਾਂ ਬਣਾਉਣ ਵਾਲੀ ਮਸ਼ੀਨਰੀ 'ਤੇ ਸਬਸਿਡੀ ਦਿੱਤੀ ਜਾ ਰਹੀ ਹੈ, ਜਿਸ ਸਦਕਾ ਕਿਸਾਨ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਉਸ ਦੀਆਂ ਗੱਠਾਂ ਬਣਾ ਕੇ ਫੈਕਟਰੀਆਂ ਵਿੱਚ ਭੇਜ ਰਹੇ ਹਨ। ਇਨ੍ਹਾਂ ਗੱਠਾਂ ਤੋਂ ਗੱਤਾ ਅਤੇ ਹੋਰ ਵਰਤੋਂ ਵਿੱਚ ਆਉਣ ਵਾਲੀਆਂ ਵਸਤਾਂ ਤਿਆਰ ਕੀਤੀਆਂ ਜਾ ਰਹੀਆਂ ਹਨ। ਇਹ ਉਪਰਾਲਾ ਵਾਤਾਵਰਨ ਦੀ ਸੰਭਾਲ ਦੇ ਨਾਲ-ਨਾਲ ਕਿਸਾਨਾਂ ਲਈ ਵੀ ਲਾਹੇਵੰਦ ਸਾਬਤ ਹੋ ਰਿਹਾ ਹੈ।ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਹਮੇਸ਼ਾ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ। ਪੰਜਾਬ ਅਤੇ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਕਰਨ ਦੀ ਬਜਾਏ ਕੇਂਦਰ ਸਰਕਾਰ ਨੂੰ ਕਿਸਾਨਾਂ ਦੀ ਮਿਹਨਤ ਦਾ ਸਨਮਾਨ ਕਰਨਾ ਚਾਹੀਦਾ ਹੈ।

ਮੇਹਰਇੰਦਰ ਸਿੰਘ ਸਿੱਧੂ ਫੇਅਰ ਪਲੇਅਰ ਐਵਾਰਡ ਨਾਲ ਸਨਮਾਨਤ




ਬਠਿੰਡਾ (ਪਰਵਿੰਦਰ ਜੀਤ ਸਿੰਘ)-ਪਿਛਲੇ ਦਿਨੀਂ ਸਮਾਪਤ ਹੋਈਆਂ ਜ਼ਿਲ੍ਹਾ ਸਕੂਲ ਖੇਡਾਂ ਅੰਡਰ-17 ਸਾਲ ਲੜਕਿਆਂ ਦੇ ਮੁਕਾਬਲਿਆਂ ਵਿੱਚ ਦਿੱਲੀ ਪਬਲਿਕ ਸਕੂਲ ਦੇ ਵਿਦਿਆਰਥੀ ਮੇਹਰਇੰਦਰ ਸਿੰਘ ਸਿੱਧੂ ਨੇ ਗੋਨਿਆਣਾ ਜ਼ੋਨ ਵੱਲੋਂ ਖੇਡਦਿਆਂ ਸ਼ਾਨਦਾਰ ਖੇਡ ਭਾਵਨਾ ਅਤੇ ਬਿਹਤਰੀਨ ਪ੍ਰਦਰਸ਼ਨ ਦਾ ਮੁਜ਼ਾਹਰਾ ਕਰਦਿਆਂ ਫੇਅਰ ਪਲੇਅਰ ਐਵਾਰਡ ਹਾਸਲ ਕੀਤਾ।ਖੇਡਾਂ ਵਿੱਚ ਉੱਚੀਆਂ ਉਚਾਈਆਂ ਉੱਤੇ ਖੇਡ ਕੇ ਬਠਿੰਡਾ ਜ਼ਿਲ੍ਹੇ ਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ। ਇਸ ਪ੍ਰਾਪਤੀ ਲਈ ਸ਼ੁੱਕਰਵਾਰ ਨੂੰ ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਬਠਿੰਡਾ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਰਾਜੀਵ ਕੁਮਾਰ ਛਾਬੜਾ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਚਮਕੌਰ ਸਿੰਘ ਸਿੱਧੂ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ੍ਰੀ ਜਸਵੀਰ ਸਿੰਘ ਗਿੱਲ ਵੱਲੋਂ ਮੇਹਰਇੰਦਰ ਸਿੰਘ ਸਿੱਧੂ ਨੂੰ ਮੈਡਲ ਪਹਿਨਾ ਕੇ ਅਤੇ ਟਰਾਫੀ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਰਾਸ਼ਟਰੀ ਸਿੱਖਿਆ ਨੀਤੀ-2020 ਸੰਬੰਧੀ ਪ੍ਰਸ਼ਨ ਮੁਕਾਬਲਾ



ਭੀਖੀ (ਧਰਮਵੀਰ ਸ਼ਰਮਾ)-ਮਾਡਰਨ ਕਾਲਜ ਆਫ ਐਜੂਕੇਸ਼ਨ ਭੀਖੀ ਵਿਖੇ ਰਾਸ਼ਟਰੀ ਸਿੱਖਿਆ ਦਿਵਸ ਮੌਕੇ ਰਾਸ਼ਟਰੀ ਸਿੱਖਿਆ ਨੀਤੀ-2020 ਵਿਸ਼ੇ 'ਤੇ ਪ੍ਰਸ਼ਨ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਵੀਂ ਸਿੱਖਿਆ ਨੀਤੀ ਦੇ ਉਦੇਸ਼ਾਂ, ਸਿਧਾਂਤਾਂ ਤੇ ਪ੍ਰਮੁੱਖ ਵਿਸ਼ੇਸ਼ਤਾਵਾਂ ਬਾਰੇ ਜਾਣੂ ਕਰਵਾਉਣਾ ਸੀ। ਮੁਕਾਬਲੇ ਵਿੱਚ ਬੀ. ਐੱਡ ਦੇ ਪਹਿਲੇ ਤੇ ਤੀਜਾ ਸਮੈਸਟਰ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਦੌਰਾਨ ਰਾਸ਼ਟਰੀ ਸਿੱਖਿਆ ਨੀਤੀ-2020 ਦੇ ਵੱਖ-ਵੱਖ ਪਹਿਲੂਆਂ, 5+3+3+4 ਸਿੱਖਿਆ ਢਾਂਚੇ, ਕਿੱਤਾ ਮੁਖੀ ਸਿੱਖਿਆ, ਮਾਤ-ਭਾਸ਼ਾ ਵਿੱਚ ਸਿੱਖਿਆ ਤੇ ਸਮੁੱਚੇ ਵਿਦਿਆਰਥੀ ਵਿਕਾਸ ਨਾਲ ਸਬੰਧਤ ਪ੍ਰਸ਼ਨ ਪੁੱਛੇ ਗਏ। ਇਸ ਮੁਕਾਬਲੇ ਵਿੱਚ ਬੀ. ਐੱਡ ਪਹਿਲੇ ਸਮੈਸਟਰ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਤੀਜਾ ਸਮੈਸਟਰ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਤੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਤਰਕਸ਼ੀਲ ਸੋਚ ਤੇ ਅਧਿਆਪਨ ਪ੍ਰਤੀ ਨਵੀਂ ਸਮਝ ਪੈਦਾ ਕਰਦੇ ਹਨ।

ਬਲਦੀਪ ਸਿੰਘ ਸ਼ੋਅਦ ਵਪਾਰ ਤੇ ਉਦਯੋਗ ਵਿੰਗ ਦੇ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਬਲਦੀਪ ਸਿੰਘ ਬਲਿੰਗ ਨੂੰ ਪਾਰਟੀ ਦੇ ਜ਼ਿਲ੍ਹਾ ਵਪਾਰ ਤੇ ਉਦਯੋਗ ਵਿੰਗ ਦਾ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਤੇ ਹਲਕਾ ਨਿਗਰਾਨ ਬੀਬੀ ਪਰਮਜੀਤ ਕੌਰ ਵਿਰਕ ਨੇ ਨਵ-ਨਿਯੁਕਤ ਅਹੁਦੇਦਾਰ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਮਿਹਨਤੀ ਤੇ ਪਾਰਟੀ ਪ੍ਰਤੀ ਸਮਰਪਤ ਵਰਕਰਾਂ ਨੂੰ ਬਣਦਾ ਮਾਣ-ਸਤਿਕਾਰ ਦਿੰਦਾ ਆਇਆ ਹੈ।ਉਨ੍ਹਾਂ ਕਿਹਾ ਕਿ ਬਲਦੀਪ ਸਿੰਘ ਬਲਿੰਗ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਂਦਿਆਂ ਵਪਾਰੀਆਂ ਤੇ ਉਦਯੋਗਪਤੀਆਂ ਦੀਆਂ ਮੁਸ਼ਕਲਾਂ ਨੂੰ ਪਾਰਟੀ ਪੱਧਰ 'ਤੇ ਉਠਾਉਣਗੇ ਤੇ ਪਾਰਟੀ ਦੀ ਮਜ਼ਬੂਤੀ ਲਈ ਅਹਿਮ ਯੋਗਦਾਨ ਪਾਉਣਗੇ।

ਅਦਾਲਤ 'ਚ ਪੇਸ਼ੀ ਭੁਗਤ ਕੇ ਪਰਤ ਰਹੇ ਨੌਜਵਾਨਾਂ 'ਤੇ ਜਾਨਲੇਵਾ ਹਮਲਾ

ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹੇ ਦੇ ਕਸਬਾ ਭੀਖੀ ਤੋਂ ਮਾਨਸਾ ਅਦਾਲਤ 'ਚ ਪੇਸ਼ੀ ਭੁਗਤਣ ਲਈ ਆਏ ਕੁੱਝ ਨੌਜਵਾਨਾਂ 'ਤੇ ਉਸ ਸਮੇਂ ਜਾਨਲੇਵਾ ਹਮਲਾ ਕਰ ਦਿੱਤਾ ਗਿਆ, ਜਦੋਂ ਉਹ ਅਦਾਲਤ 'ਚ ਪੇਸ਼ੀ ਭੁਗਤਣ ਉਪਰੰਤ ਵਾਪਸ ਪਰਤ ਰਹੇ ਸਨ।ਹਮਲਾਵਰਾਂ ਨੇ ਰਸਤੇ 'ਚ ਨੌਜਵਾਨਾਂ ਨੂੰ ਨਿਸ਼ਾਨਾ ਬਣਾਉਂਦਿਆਂ ਦਿਨ-ਦਿਹਾੜੇ ਅੰਨ੍ਹੇਵਾਹ ਗੋਲੀਆਂ ਚਲਾਈਆਂ ਤੇ ਗੰਡਾਸਿਆਂ ਨਾਲ ਵੀ ਹਮਲਾ ਕੀਤਾ।ਇਸ ਵਾਰਦਾਤ 'ਚ ਦੋ ਨੌਜਵਾਨ ਜ਼ਖ਼ਮੀ ਹੋ ਗਏ, ਜਿਨ੍ਹਾਂ 'ਚੋਂ ਇੱਕ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਬਠਿੰਡਾ ਏਮਜ਼ ਲਈ ਰੈਫਰ ਕਰ ਦਿੱਤਾ ਗਿਆ, ਜਦੋਂ ਕਿ ਦੂਜੇ ਨੌਜਵਾਨ ਦੀ ਹਾਲਤ ਹਾਲ ਦੀ ਘੜੀ ਸਥਿਰ ਦੱਸੀ ਜਾ ਰਹੀ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਜਸਕਰਨ ਸਿੰਘ ਤੇ ਗੁਰਪ੍ਰੀਤ ਸਿੰਘ ਅਦਾਲਤ 'ਚ ਪੇਸ਼ੀ ਭੁਗਤਣ ਤੋਂ ਬਾਅਦ ਵਾਪਸ ਜਾ ਰਹੇ ਸਨ, ਇਸੇ ਦੌਰਾਨ ਹਮਲਾਵਰਾਂ ਨੇ ਅਚਾਨਕ ਉਨ੍ਹਾਂ 'ਤੇ ਹਮਲਾ ਕਰ ਦਿੱਤਾ।ਉਨ੍ਹਾਂ ਦੱਸਿਆ ਕਿ ਹਮਲਾਵਰਾਂ ਵੱਲੋਂ ਘੱਟੋ-ਘੱਟ ਤਿੰਨ ਤੋਂ ਚਾਰ ਫਾਇਰ ਕੀਤੇ ਗਏ, ਇਸ ਤੋਂ ਇਲਾਵਾ ਤੇਜ਼ਧਾਰ ਹਥਿਆਰਾਂ,ਭਾਵ ਗੰਡਾਸਿਆਂ ਨਾਲ ਵੀ ਨੌਜਵਾਨਾਂ 'ਤੇ ਵਾਰ ਕੀਤੇ ਗਏ।ਸਿਵਲ ਹਸਪਤਾਲ ਮਾਨਸਾ ਦੇ ਡਾ. ਅਰਸ਼ ਕੁਮਾਰ ਨੇ ਦੱਸਿਆ ਕਿ ਹਸਪਤਾਲ 'ਚ ਜ਼ਖ਼ਮੀ ਹਾਲਤ 'ਚ ਦੋ ਨੌਜਵਾਨਾਂ ਨੂੰ ਲਿਆਂਦਾ ਗਿਆ ਸੀ।ਉਨ੍ਹਾਂ ਦੱਸਿਆ ਕਿ ਗੁਰਪ੍ਰੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਪਿੰਡ ਪਿੱਥੋ (ਬਰਨਾਲਾ) ਤੇ ਜਸਕਰਨ ਸਿੰਘ ਵਾਸੀ ਭੀਖੀ ਜ਼ਖ਼ਮੀ ਹਾਲਤ 'ਚ ਹਸਪਤਾਲ ਆਏ।ਡਾ. ਅਰਸ਼ ਨੇ ਦੱਸਿਆ ਕਿ ਗੁਰਪ੍ਰੀਤ ਸਿੰਘ ਦੇ ਸਿਰ 'ਚ ਜ਼ਿਆਦਾ ਸੱਟ ਹੋਣ ਕਾਰਨ ਉਸ ਨੂੰ ਏਮਜ਼ ਬਠਿੰਡਾ ਲਈ ਰੈਫਰ ਕਰ ਦਿੱਤਾ ਗਿਆ ਹੈ, ਜਦੋਂਕਿ ਦੂਜੇ ਜ਼ਖ਼ਮੀ ਦਾ ਇਲਾਜ ਚੱਲ ਰਿਹਾ ਹੈ।ਉੱਧਰ ਥਾਣਾ ਸਿਟੀ-2 ਮਾਨਸਾ ਦੇ ਮੁਖੀ ਭਗਵੰਤ ਸਿੰਘ ਐੱਸ ਆਈ ਨੇ ਦੱਸਿਆ ਕਿ ਉਕਤ ਦੋਵੇਂ ਨੌਜਵਾਨ ਕਿਸੇ ਗੋਲੀਬਾਰੀ ਮਾਮਲੇ 'ਚ ਗਵਾਹੀ ਦੇਣ ਲਈ ਅਦਾਲਤ 'ਚ ਆਏ ਸਨ।ਉਨ੍ਹਾਂ ਦੱਸਿਆ ਕਿ ਹਮਲੇ ਦੌਰਾਨ ਕਿਸੇ ਤਰ੍ਹਾਂ ਦੀ ਕੋਈ ਫਾਈਟਿੰਗ ਨਹੀਂ ਹੋਈ ਹੈ, ਜਦੋਂਕਿ ਹਥਿਆਰਾਂ ਨਾਲ ਹੀ ਉਨ੍ਹਾਂ 'ਤੇ ਹਮਲਾ ਕੀਤਾ ਗਿਆ ਹੈ।ਥਾਣਾ ਮੁਖੀ ਨੇ ਕਿਹਾ ਕਿ ਪੁਲਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ-ਪੜਤਾਲ ਕੀਤੀ ਜਾ ਰਹੀ ਹੈ।

ਸਕੂਲ ਜਾਂਦੀ 11 ਸਾਲਾ ਬੱਚੀ ਦੀ ਸੜਕ ਹਾਦਸੇ 'ਚ ਮੌਤ, ਮਾਂ ਤੇ ਛੋਟਾ ਭਰਾ ਜ਼ਖ਼ਮੀ



ਭਵਾਨੀਗੜ੍ਹ (ਰਾਜ ਖੁਰਮੀ)-ਨੇੜਲੇ ਪਿੰਡ ਮਸਾਣੀ ਦੇ ਲਿੰਕ ਰੋਡ 'ਤੇ ਸ਼ੁੱਕਰਵਾਰ ਸਵੇਰੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਨੇ ਇੱਕ ਹੱਸਦੇ-ਖੇਡਦੇ ਪਰਿਵਾਰ ਦੀਆਂ ਖੁਸ਼ੀਆਂ ਉਜਾੜ ਦਿੱਤੀਆਂ।ਸਕੂਲ ਜਾ ਰਹੀ ਪੰਜਵੀਂ ਜਮਾਤ ਦੀ 11 ਸਾਲਾ ਮਾਸੂਮ ਵਿਦਿਆਰਥਣ ਦੀ ਹਾਦਸੇ ਦੌਰਾਨ ਮੌਤ ਹੋ ਗਈ, ਜਦਕਿ ਉਸ ਦੀ ਮਾਂ ਤੇ ਛੋਟਾ ਭਰਾ ਜ਼ਖ਼ਮੀ ਹੋ ਗਏ।ਇਸ ਮੰਦਭਾਗੀ ਘਟਨਾ ਕਾਰਨ ਪਿੰਡ ਮਸਾਣੀ ਸਮੇਤ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਮਸਾਣੀ ਵਿੱਚ ਪੰਜਵੀਂ ਜਮਾਤ ਵਿੱਚ ਪੜ੍ਹਦੀ ਕਰਮਵੀਰ ਕੌਰ ਪੁੱਤਰੀ ਪਵਨ ਸਿੰਘ ਸ਼ੁੱਕਰਵਾਰ ਸਵੇਰੇ ਆਪਣੀ ਮਾਂ ਤੇ ਛੋਟੇ ਭਰਾ ਨਾਲ ਸਕੂਟੀ 'ਤੇ ਸਵਾਰ ਹੋ ਕੇ ਸਕੂਲ ਜਾ ਰਹੀ ਸੀ।ਜਦੋਂ ਉਹ ਪਿੰਡ ਮਸਾਣੀ ਦੇ ਲਿੰਕ ਰੋਡ 'ਤੇ ਪਹੁੰਚੇ ਤਾਂ ਸੜਕ 'ਤੇ ਪਏ ਟੋਏ ਤੇ ਅੱਗੇ ਜਾ ਰਹੀ ਟਰਾਲੀ ਤੋਂ ਬਚਣ ਦੀ ਕੋਸ਼ਿਸ਼ ਦੌਰਾਨ ਸਕੂਟੀ ਬੇਕਾਬੂ ਹੋ ਕੇ ਸੜਕ 'ਤੇ ਡਿੱਗ ਪਈ।ਹਾਦਸੇ ਵਿੱਚ ਤਿੰਨੇ ਜਣੇ ਜ਼ਖ਼ਮੀ ਹੋ ਗਏ, ਪਰ ਕਰਮਵੀਰ ਕੌਰ ਦੇ ਸਿਰ ਵਿੱਚ ਗੰਭੀਰ ਸੱਟ ਲੱਗਣ ਕਾਰਨ ਉਸ ਦੀ ਹਾਲਤ ਨਾਜ਼ੁਕ ਹੋ ਗਈ।ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਸਰਕਾਰੀ ਹਸਪਤਾਲ ਭਵਾਨੀਗੜ੍ਹ ਵਿਖੇ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਕਰਮਵੀਰ ਕੌਰ ਨੂੰ ਮ੍ਰਿਤਕ ਐਲਾਨ ਦਿੱਤਾ, ਜਦਕਿ ਉਸ ਦੀ ਮਾਂ ਤੇ ਛੋਟੇ ਭਰਾ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ।ਦੱਸਿਆ ਜਾਂਦਾ ਹੈ ਕਿ ਮ੍ਰਿਤਕ ਬੱਚੀ ਦਾ ਪਿਤਾ ਰੋਜ਼ੀ-ਰੋਟੀ ਲਈ ਦੁਬਈ ਵਿਖੇ ਨੌਕਰੀ ਕਰਦਾ ਹੈ।ਸਕੂਲ ਅਧਿਆਪਕਾਂ ਅਨੁਸਾਰ ਕਰਮਵੀਰ ਕੌਰ ਪੜ੍ਹਾਈ ਵਿੱਚ ਬੇਹੱਦ ਹੋਣਹਾਰ ਤੇ ਮਿਹਨਤੀ ਵਿਦਿਆਰਥਣ ਸੀ।ਉਸ ਦੀ ਅਚਾਨਕ ਮੌਤ ਦੀ ਖ਼ਬਰ ਮਿਲਦਿਆਂ ਹੀ ਸਕੂਲ ਸਟਾਫ਼, ਸਹਿਪਾਠੀਆਂ ਤੇ ਪਿੰਡ ਵਾਸੀਆਂ ਵਿੱਚ ਮਾਤਮ ਛਾ ਗਿਆ।

ਮੰਡੀਆਂ 'ਚ ਖਰੀਦ ਬੰਦ ਹੋਣ 'ਤੇ ਕਿਸਾਨਾਂ ਵੱਲੋਂ ਵਿਰੋਧ ਪ੍ਰਦਰਸ਼ਨ



ਨਾਭਾ (ਅਮਨ ਗਰਗ)-ਝੋਨਾ ਮੰਡੀਆਂ ਵਿੱਚ ਪਿਆ ਹੈ ਤੇ ਖੇਤਾਂ ਵਿੱਚ ਵੀ ਖੜਾ ਹੈ। ਸਰਕਾਰ ਟੀਚਾ ਪੂਰਾ ਹੋਣ ਦਾ ਬਹਾਨਾ ਲਾ ਕੇ ਖਰੀਦ ਤੋਂ ਭੱਜ ਰਹੀ ਹੈ।ਇਸ ਲਈ ਕਿਸਾਨਾਂ ਨੇ ਆਪਣੀਆਂ ਭਰਾਤਰੀ ਜਥੇਬੰਦੀਆਂ ਨਾਲ ਮਿਲ ਕੇ ਐੱਸ ਡੀ ਐੱਮ ਦਫਤਰ ਨਾਭਾ ਅੱਗੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਅਤੇ ਐੱਸ ਡੀ ਐੱਮ ਰਾਹੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੰਗ ਪੱਤਰ ਦਿੱਤਾ।ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਵਾਰ ਝੋਨੇ ਦੀ ਬੰਪਰ ਫਸਲ ਹੋਈ ਹੈ।ਇਸ ਲਈ ਮੰਡੀਆਂ ਵਿੱਚ ਝੋਨਾ ਨਿਰਧਾਰਤ ਕੀਤੇ ਟੀਚੇ ਤੋਂ ਬਹੁਤ ਅੱਗੇ ਜਾਵੇਗਾ।ਪਿਛਲੇ ਸਾਲਾਂ ਦੇ ਵਿੱਚ ਜਿਸ ਨੂੰ ਆਧਾਰ ਬਣਾ ਕੇ ਇਕ ਲੱਖ 80 ਹਜ਼ਾਰ ਟਨ ਦਾ ਟੀਚਾ ਮਿੱਥਿਆ ਗਿਆ ਹੈ, ਬਹੁਤ ਸਾਰੀਆਂ ਕੁਦਰਤੀ ਆਫਤਾਂ ਜਿਵੇਂ ਹੜ੍ਹ ਤੇ ਬੌਣੇ ਰੋਗ ਵਰਗੀਆਂ ਬਿਮਾਰੀਆਂ ਨੇ ਝੋਨੇ ਦਾ ਬਹੁਤ ਨੁਕਸਾਨ ਕੀਤਾ ਸੀ।ਇਸ ਵਾਰ ਕੁਦਰਤ ਮਿਹਰਬਾਨ ਰਹੀ ਹੈ। ਸਰਕਾਰ ਨੇ ਵਾਅਦਾ ਕੀਤਾ ਸੀ ਕਿ ਕਿਸਾਨ ਦਾ ਦਾਣਾ-ਦਾਣਾ ਮੰਡੀਆਂ ਵਿੱਚੋਂ ਖ਼ਰੀਦਿਆ ਜਾਵੇਗਾ। ਖਰੀਦ ਅਮਲੇ ਨੂੰ ਭੇਜੀਆਂ ਹਦਾਇਤਾਂ ਵਿੱਚ ਇਕ ਅਕਤੂਬਰ ਤੋਂ 30 ਨਵੰਬਰ ਤੱਕ ਝੋਨੇ ਦਾ ਸੀਜ਼ਨ ਐਲਾਨਿਆ ਗਿਆ ਹੈ ਤੇ ਲਿਖਿਆ ਗਿਆ ਹੈ ਕਿ ਜਦੋਂ ਤੱਕ ਮੰਡੀਆਂ ਵਿੱਚੋਂ ਝੋਨੇ ਦੀ ਆਮਦ ਹੋਵੇਗੀ ਖਰੀਦ ਜਾਰੀ ਰਹੇਗੀ।ਪੰਜਾਬ ਸਰਕਾਰ 'ਤੇ ਵਰ੍ਹਦਿਆਂ ਆਗੂਆਂ ਨੇ ਕਿਹਾ ਕਿ ਉਹ ਝੋਨੇ ਦੀ ਖਰੀਦ ਤੁਰੰਤ ਚਾਲੂ ਕਰੇ ਨਹੀਂ ਤਾਂ ਫਿਰ ਕਿਸਾਨਾਂ ਦੇ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ।ਇਸ ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਹਰਦੀਪ ਸਿੰਘ ਘਨੁੜਕੀ ਤੇ ਅਵਤਾਰ ਸਿੰਘ ਕੈਦੂਪੁਰ, ਬੀ ਕੇ ਯੂ ਡਕੌਂਦਾ ਦੇ ਨਿਰਮਲ ਸਿੰਘ ਨਰਵਾਣਾ, ਬੀ ਕੇ ਯੂ ਕ੍ਰਾਂਤੀਕਾਰੀ (ਬੁੱਟਰ) ਦੇ ਗੁਰਜੰਟ ਸਿੰਘ ਛੀਂਬੜੋ, ਹਰਵਿੰਦਰ ਸਿੰਘ ਤੇ ਭੁਪਿੰਦਰ ਸਿੰਘ, ਖੇਤੀਬਾੜੀ ਤੇ ਕਿਸਾਨ ਵਿਕਾਸ ਫਰੰਟ ਦੇ ਜਗਪਾਲ ਸਿੰਘ ਊਧਾ ਤੇ ਗੁਰ ਬਖਸ਼ੀਸ਼ ਸਿੰਘ ਕੌਲ ਨੇ ਸੰਬੋਧਨ ਕੀਤਾ।

ਗੁਰੂ ਨਾਨਕ ਲਾਅ ਕਾਲਜ ਵਿਖੇ ਮੂਟ ਕੋਰਟ ਦਾ ਸਫਲ ਆਯੋਜਨ



ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਗੁਰੂ ਨਾਨਕ ਲਾਅ ਕਾਲਜ ਸਾਈਆਂਵਾਲਾ ਵਿਖੇ ਕਾਨੂੰਨ ਦੇ ਵਿਦਿਆਰਥੀਆਂ ਨੂੰ ਵਿਹਾਰਕ ਗਿਆਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਮੂਟ ਕੋਰਟ ਕਾਰਵਾਈ ਗਈ। ਇਸ ਸਮਾਗਮ ਵਿੱਚ ਬਾਰ ਕੌਂਸਲ ਦੇ ਪ੍ਰਧਾਨ ਜਸਦੀਪ ਸਿੰਘ ਕੰਬੋਜ, ਉਪ ਪ੍ਰਧਾਨ ਸੰਦੀਪ ਬਜਾਜ, ਐਡਵੋਕੇਟ ਪੰਕਜ ਰਾਮਪਾਲ ਤੇ ਐਡਵੋਕੇਟ ਦੁਰਲਭ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਸੰਚਾਲਨ ਸਹਾਇਕ ਪ੍ਰੋਫੈਸਰ ਹਰਬੰਸ ਜੱਸੀ ਵੱਲੋਂ ਬਾਖੂਬੀ ਕੀਤਾ ਗਿਆ, ਜਿਨ੍ਹਾਂ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਮੂਟ ਕੋਰਟ ਦੌਰਾਨ ਵਿਦਿਆਰਥੀਆਂ ਨੇ 'ਰਾਜ ਬਨਾਮ ਸ਼ਿਵਮ ਵਰਮਾ ਤੇ ਹੋਰ' ਕੇਸ ਦਾ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਮੰਚਨ ਕੀਤਾ। ਵਿਦਿਆਰਥੀਆਂ ਨੇ ਜੱਜ, ਵਕੀਲਾਂ ਤੇ ਹੋਰ ਅਦਾਲਤੀ ਅਧਿਕਾਰੀਆਂ ਦੀਆਂ ਭੂਮਿਕਾਵਾਂ ਨਿਭਾਉਂਦੇ ਹੋਏ ਬਿਲਕੁਲ ਅਸਲੀ ਅਦਾਲਤ ਵਰਗਾ ਮਾਹੌਲ ਸਿਰਜ ਦਿੱਤਾ। ਮੁਦਈ ਤੇ ਬਚਾਅ ਪੱਖ ਵੱਲੋਂ ਪੇਸ਼ ਹੋਏ ਵਿਦਿਆਰਥੀ ਵਕੀਲਾਂ ਨੇ ਬੀ.ਐੱਨ.ਐੱਸ. ਦੀ ਧਾਰਾ 85, 86 ਤੇ ਘਰੇਲੂ ਹਿੰਸਾ ਨਾਲ ਸਬੰਧਤ ਕਾਨੂੰਨੀ ਧਾਰਾਵਾਂ ਦਾ ਹਵਾਲਾ ਦਿੰਦਿਆਂ ਜ਼ੋਰਦਾਰ ਦਲੀਲਾਂ ਪੇਸ਼ ਕੀਤੀਆਂ। ਇਸ ਮੌਕੇ ਮੁੱਖ ਮਹਿਮਾਨ ਜਸਦੀਪ ਸਿੰਘ ਕੰਬੋਜ ਨੇ ਵਿਦਿਆਰਥੀਆਂ ਨੂੰ ਅਦਾਲਤੀ ਕੰਮਕਾਜ ਦੀਆਂ ਬਾਰੀਕੀਆਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਵਕਾਲਤ ਦੇ ਪੇਸ਼ੇ ਵਿੱਚ ਸਫਲਤਾ ਹਾਸਲ ਕਰਨ ਲਈ ਲਗਾਤਾਰ ਸਖ਼ਤ ਮਿਹਨਤ ਕਰਨੀ ਬਹੁਤ ਜ਼ਰੂਰੀ ਹੈ। ਕਾਲਜ ਦੇ ਪ੍ਰਧਾਨ ਆਸੀਸ ਪ੍ਰੀਤ ਸਿੰਘ ਸਾਈਆਂਵਾਲਾ ਨੇ ਕਿਹਾ ਕਿ ਮੂਟ ਕੋਰਟ ਰਾਹੀਂ ਵਿਦਿਆਰਥੀਆਂ ਨੂੰ ਅਸਲ ਅਦਾਲਤੀ ਕਾਰਵਾਈ ਤੇ ਕੇਸ ਲੜਨ ਦੀ ਪ੍ਰਕਿਰਿਆ ਸਿੱਖਣ ਦਾ ਸੁਨਹਿਰੀ ਮੌਕਾ ਮਿਲਦਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਮੁਹੰਮਦ ਅਜਵਰ ਖ਼ਾਨ ਨੇ ਵੀ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਆਯੋਜਨ ਵਿਦਿਆਰਥੀਆਂ ਨੂੰ ਅਦਾਲਤ ਦੇ ਪ੍ਰਕਿਰਿਆਤਮਕ ਸੰਚਾਲਨ ਬਾਰੇ ਡੂੰਘੀ ਜਾਣਕਾਰੀ ਦਿੰਦੇ ਹਨ। ਇਸ ਮੌਕੇ ਸਹਾਇਕ ਪ੍ਰੋਫੈਸਰ ਚੀਨਾ, ਜੋਤੀ ਵਿੱਜ, ਰਾਧਿਕਾ, ਲਾਇਬ੍ਰੇਰੀਅਨ ਸਾਕਸ਼ੀ ਚਾਨਣਾ, ਆਫਿਸ ਇੰਚਾਰਜ ਰਮਨਦੀਪ ਸਿੰਘ, ਭਗਵਾਨ ਸਿੰਘ ਸਮੇਤ ਸਮੂਹ ਵਿਦਿਆਰਥੀ ਹਾਜ਼ਰ ਸਨ।

ਮੰਡੀਆਂ 'ਚ ਝੋਨੇ ਦੀ ਬੇਕਦਰੀ ਖ਼ਿਲਾਫ਼ ਕਿਸਾਨਾਂ ਦਾ ਰੋਸ ਪ੍ਰਦਰਸ਼ਨ

ਪ੍ਰਸ਼ਾਸਨ ਦੇ ਭਰੋਸੇ ਮਗਰੋਂ ਧਰਨਾ ਕੀਤਾ ਮੁਲਤਵੀ



ਮਲੋਟ (ਰਜਿੰਦਰ ਜੁਨੇਜਾ)-ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ ਬੰਦ ਕੀਤੇ ਜਾਣ ਤੇ ਪ੍ਰਸ਼ਾਸਨਕ ਅਣਗਹਿਲੀ ਕਾਰਨ ਰੁਲ ਰਹੀ ਕਿਸਾਨਾਂ ਦੀ ਫ਼ਸਲ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚਾ ਵੱਲੋਂ ਸਥਾਨਕ ਤਿਕੋਣੀ ਚੌਂਕ ਵਿਖੇ ਜ਼ੋਰਦਾਰ ਧਰਨਾ ਲਗਾਇਆ ਗਿਆ, ਜਿਸ ਨੂੰ ਪ੍ਰਸ਼ਾਸਨ ਵੱਲੋਂ ਮਿਲੇ ਠੋਸ ਭਰੋਸੇ ਮਗਰੋਂ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ।ਧਰਨੇ ਦੌਰਾਨ ਕਿਸਾਨਾਂ ਦੇ ਭਾਰੀ ਇਕੱਠ ਨੂੰ ਦੇਖਦਿਆਂ ਨਾਇਬ ਤਹਿਸੀਲਦਾਰ ਖ਼ੁਦ ਮੌਕੇ 'ਤੇ ਪਹੁੰਚੇ ਤੇ ਕਿਸਾਨ ਆਗੂਆਂ ਤੋਂ ਮੰਗ ਪੱਤਰ ਹਾਸਲ ਕੀਤਾ।ਇਸ ਮੌਕੇ ਉਨ੍ਹਾਂ ਕਿਸਾਨਾਂ ਤੋਂ ਸਮੱਸਿਆ ਦੇ ਹੱਲ ਲਈ ਕੁਝ ਸਮਾਂ ਮੰਗਿਆ ਤੇ ਭਰੋਸਾ ਦਿਵਾਇਆ ਕਿ ਕਿਸਾਨਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਨੂੰ ਤੁਰੰਤ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ।ਇਸ ਤੋਂ ਪਹਿਲਾਂ ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਇੰਦਰਜੀਤ ਅਸਪਾਲ, ਭਿੰਦਰ ਸ਼ਰਮਾ ਤੇ ਭਰਪੂਰ ਸਿੰਘ ਚੰਨੂੰ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਹਮਲੇ ਕੀਤੇ।ਉਨ੍ਹਾਂ ਕਿਹਾ ਕਿ ਹਲਕੇ ਦੇ ਦੋਵੇਂ ਮੰਤਰੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਆਪਣੀਆਂ ਟਿਕਟਾਂ ਦੀ ਦੌੜ ਵਿੱਚ ਲੱਗੇ ਹੋਏ ਹਨ, ਜਦਕਿ ਪਿੱਛੋਂ ਇਲਾਕੇ ਦਾ ਅੰਨਦਾਤਾ ਮੰਡੀਆਂ ਵਿੱਚ ਰੁਲਣ ਲਈ ਮਜਬੂਰ ਹੈ।ਕਿਸਾਨ ਆਗੂਆਂ ਨੇ ਪ੍ਰਸ਼ਾਸਨ ਨੂੰ ਚਾਰ ਦਿਨਾਂ ਦਾ ਅਲਟੀਮੇਟਮ ਦਿੰਦਿਆਂ ਸਪੱਸ਼ਟ ਚੇਤਾਵਨੀ ਦਿੱਤੀ ਹੈ ਕਿ ਜੇਕਰ ਮੰਡੀਆਂ ਦੇ ਹਾਲਾਤ ਜਲਦ ਨਾ ਸੁਧਰੇ ਤੇ ਖ਼ਰੀਦ ਪ੍ਰਕਿਰਿਆ ਸੁਚਾਰੂ ਨਾ ਹੋਈ, ਤਾਂ 17 ਤਰੀਕ ਤੋਂ ਮੁੜ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

ਚੋਣਾਂ ਵਾਸਤੇ ਵੋਟਿੰਗ ਮਸ਼ੀਨਾਂ ਦੀ ਚੈਕਿੰਗ ਸ਼ੁਰੂ : ਬੀਬੀ ਸੰਧੂ

ਫਾਜ਼ਿਲਕਾ (ਨਿਸ਼ਾ ਸ਼ਰਮਾ)

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਫਾਜ਼ਿਲਕਾ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਚੋਣਾਂ-2027 ਦੇ ਮੱਦੇਨਜ਼ਰ ਜ਼ਿਲ੍ਹਾ ਫਾਜ਼ਿਲਕਾ ਵਿੱਚ 12 ਨਵੰਬਰ 2026 ਤੋਂ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐਮ.) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀ.ਵੀ.ਪੀ.ਏ.ਟੀ.) ਮਸ਼ੀਨਾਂ ਦੀ ਫਰਸਟ ਲੈਵਲ ਚੈਕਿੰਗ (ਐਫ.ਐਲ.ਸੀ.) ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਇਹ ਚੈਕਿੰਗ ਜ਼ਿਲ੍ਹੇ ਦੇ 4 ਵਿਧਾਨ ਸਭਾ ਹਲਕਿਆਂ ਫਾਜ਼ਿਲਕਾ, ਜਲਾਲਾਬਾਦ, ਅਬੋਹਰ ਅਤੇ ਬੱਲੂਆਣਾ ਲਈ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਹ ਚੈਕਿੰਗ ਜ਼ਿਲ੍ਹਾ ਚੋਣ ਅਫ਼ਸਰ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀ.ਈ.ਐਲ.) ਦੇ ਅਧਿਕਾਰਤ ਇੰਜੀਨੀਅਰਾਂ ਵੱਲੋਂ ਕੀਤੀ ਜਾ ਰਹੀ ਹੈ।ਫਰਸਟ ਲੈਵਲ ਚੈਕਿੰਗ ਵਿੱਚ ਸਫ਼ਲ ਹੋਣ ਵਾਲੀਆਂ ਮਸ਼ੀਨਾਂ ਦੀ ਹੀ ਵਿਧਾਨ ਸਭਾ ਚੋਣਾਂ-2027 ਵਿੱਚ ਵਰਤੋਂ ਕੀਤੀ ਜਾਵੇਗੀ।

ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਵੱਲੋਂ ਪੱਕੇ ਮੋਰਚੇ ਦੀ ਚਿਤਾਵਨੀ




ਰਾਮਪੁਰਾ ਫੂਲ (ਦਰਸ਼ਨ ਜਿੰਦਲ)

ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਜਥੇਬੰਦੀ ਵੱਲੋਂ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ ਦੀ ਅਗਵਾਈ ਹੇਠ ਆਊਟਸੋਰਸ (ਕੱਚੇ ਕਾਮਿਆਂ) ਦੀਆਂ ਗੰਭੀਰ ਮੰਗਾਂ ਅਤੇ ਮੁਸ਼ਕਿਲਾਂ ਨਾਲ ਸਬੰਧਤ ਮਾਣਯੋਗ ਮੈਨੇਜਿੰਗ ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ, ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ ਅਤੇ ਡਾਇਰੈਕਟਰ ਨੈਸ਼ਨਲ ਹੈਲਥ ਮਿਸ਼ਨ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸਿਹਤ ਵਿਭਾਗ ਦੇ ਵੱਖ-ਵੱਖ ਕੰਪਨੀਆਂ ਅਤੇ ਵੱਖ-ਵੱਖ ਕੈਟਾਗਿਰੀਆਂ ਨਾਲ ਸਬੰਧਤ ਆਊਟਸੋਰਸ ਕਾਮਿਆਂ ਵੱਲੋਂ ਸਮੂਹ ਕੱਚੇ ਮੁਲਾਜ਼ਮਾਂ (ਡੀ.ਡੀ.ਆਰ.ਐੱਸ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ, ਸੈਨੀਟੇਸ਼ਨ) ਨੂੰ ਕੰਪਨੀਆਂ ਦੀ ਲੁੱਟ ਤੋਂ ਬਚਾ ਕੇ ਵਿਭਾਗ ਅਧੀਨ ਲੈ ਕੇ ਪੱਕੇ ਕਰਨ ਦੀ ਮੰਗ, ਬਿੱਲ 2026 ਤਹਿਤ ਮੁਲਾਜ਼ਮਾਂ ਨੂੰ ਵਿਭਾਗ ਅਧੀਨ ਲੈਣ ਤੇ ਨਿਯੁਕਤੀ ਪੱਤਰ ਜਾਰੀ ਕਰਨ ਦੀ ਮੰਗ, ਬਰਾਬਰ ਕੰਮ ਬਰਾਬਰ ਤਨਖ਼ਾਹ ਦਾ ਫਾਰਮੂਲਾ ਲਾਗੂ ਕਰਨ ਦੀ ਮੰਗ ਸਮੇਤ ਹੋਰ ਮੰਗਾਂ ਸਬੰਧੀ ਦੋਵੇਂ ਵਿਭਾਗਾਂ ਨੂੰ ਲਿਖਤੀ ਮੰਗ ਪੱਤਰ ਅਤੇ ਰੀਪ੍ਰੈਜ਼ਨਟੇਸ਼ਨ ਸੌਂਪੀ ਗਈ। ਜਿਸ ਤੋਂ ਬਾਅਦ ਡਾਇਰੈਕਟਰ ਨੈਸ਼ਨਲ ਹੈਲਥ ਮਿਸ਼ਨ ਵੱਲੋਂ ਇਹ ਰੀਪ੍ਰੈਜ਼ਨਟੇਸ਼ਨ ਕੇਂਦਰ ਸਰਕਾਰ ਨੂੰ ਭੇਜ ਕੇ ਨੈਸ਼ਨਲ ਹੈਲਥ ਮਿਸ਼ਨ ਅਧੀਨ ਪੈਸਕੋ ਕੰਪਨੀ ਨਾਲ ਸਬੰਧਤ ਮੁਲਾਜ਼ਮਾਂ ਨੂੰ ਸਿੱਧਾ ਵਿਭਾਗ ਅਧੀਨ ਲਿਆ ਕੇ ਤਨਖ਼ਾਹ ਵਾਧੇ ਸਬੰਧੀ ਕੇਂਦਰ ਸਰਕਾਰ ਤੋਂ ਮਨਜ਼ੂਰੀ ਲੈਣ ਦਾ ਵਿਸ਼ਵਾਸ ਦਵਾਇਆ ਗਿਆ। ਇਸ ਦੇ ਨਾਲ ਹੀ ਜਥੇਬੰਦੀ ਵੱਲੋਂ ਫ਼ੈਸਲਾ ਕੀਤਾ ਕਿ 17 ਨਵੰਬਰ ਨੂੰ ਵਿੱਤ ਮੰਤਰੀ ਪੰਜਾਬ ਨਾਲ ਹੋਣ ਵਾਲੀ ਮੀਟਿੰਗ ਅਗਰ ਸਰਕਾਰ ਵੱਲੋਂ ਮੁਲਤਵੀ ਕੀਤੀ ਜਾਂਦੀ ਹੈ ਜਾਂ ਮੰਗਾਂ ਦਾ ਲਿਖਤੀ ਹੱਲ ਨਹੀਂ ਕੀਤਾ ਜਾਂਦਾ ਤਾਂ ਜਥੇਬੰਦੀ ਦੀ ਸੂਬਾ ਕਮੇਟੀ ਵੱਲੋਂ ਪੱਕੇ ਮੋਰਚੇ ਦਾ ਐਲਾਨ ਕਰਕੇ ਅਣਮਿੱਥੇ ਸਮੇਂ ਲਈ ਮੋਰਚਾ ਖੋਲਿਆ ਜਾਵੇਗਾ। ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ, ਸੂਬਾ ਜਥੇਬੰਦਕ ਸਕੱਤਰ ਹਰਪਾਲ ਸਿੰਘ ਪਟਿਆਲਾ, ਸੂਬਾ ਜਥੇਬੰਦਕ ਸਕੱਤਰ ਬਲਜਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਪ੍ਰਧਾਨ ਜਗਤਾਰ ਸਿੰਘ ਜਿਲ੍ਹਾ ਸੰਗਰੂਰ, ਪ੍ਰਧਾਨ ਅਮ੍ਰਿਤਪਾਲ ਸਿੰਘ ਸ੍ਰੀ ਅਮ੍ਰਿਤਸਰ ਸਾਹਿਬ, ਪਵਨਦੀਪ ਕੌਰ ਰੰਧਾਵਾ ਸ੍ਰੀ ਅਮ੍ਰਿਤਸਰ ਸਾਹਿਬ, ਨਿਰਮਲ ਸਿੰਘ, ਬਬੀਤਾ, ਬਲਵੀਰ ਸਿੰਘ ਆਦਿ ਆਗੂ ਸ਼ਾਮਿਲ ਹੋਏ।

ਮੰਡੀਆਂ 'ਚ ਝੋਨੇ ਦੀ ਖਰੀਦ ਚਾਲੂ ਰੱਖੀ ਜਾਵੇ : ਸੂਰਤ ਸਿੰਘ

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਐੱਸ ਡੀ ਐੱਮ ਨੂੰ ਦਿਤਾ ਮੰਗ ਪੱਤਰ




ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਦੀਆਂ ਮੰਡੀਆਂ ਵਿੱਚ ਫਸਲ ਦੀ ਖਰੀਦ ਚਾਲੂ ਰੱਖੀ ਜਾਵੇ ਤਾਂ ਜੋ ਕਿਸਾਨਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਮਰੇਡ ਸੂਰਤ ਸਿੰਘ ਧਰਮਕੋਟ ਸੀਨੀਅਰ ਮੀਤ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਨੇ ਐੱਸਡੀਐੱਮ ਧਰਮਕੋਟ ਨੂੰ ਮੰਗ ਪੱਤਰ ਸੌਂਪਣ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਖਰੀਦ ਟੀਚਾ ਘਟਾ ਕੇ ਕਿਸਾਨਾਂ ਨੂੰ ਬਰਬਾਦ ਕਰਨ ਦੇ ਕੋਝੇ ਹੱਥਕੰਡੇ ਵਰਤੇ ਜਾ ਰਹੇ ਹਨ, ਜਿਸ ਨੂੰ ਕਿਸਾਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ ਤੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਤਿੱਖੇ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੀਆਂ ਸਾਰੀਆਂ ਮੰਡੀਆਂ ਵਿੱਚੋਂ ਫਸਲ ਦਾ ਦਾਣਾ ਦਾਣਾ ਖ਼ਰੀਦਿਆ ਜਾਵੇ।ਕਿਸਾਨਾਂ ਨੂੰ ਗੰਨੇ ਦਾ ਭਾਅ 500 ਰੁਪਏ ਪ੍ਰਤੀ ਕਵਿੰਟਲ ਦਿੱਤਾ ਜਾਵੇ ਅਤੇ ਬਕਾਇਆ ਰਕਮ ਦੀ ਬਿਨਾਂ ਦੇਰੀ ਅਦਾਇਗੀ ਕੀਤੀ ਜਾਵੇ।ਇਸ ਮੌਕੇ ਸਾਥੀ ਹਰਦਿਆਲ ਸਿੰਘ ਘਾਲੀ, ਸਾਥੀ ਗੁਰਮੇਲ ਸਿੰਘ ਰੱਜੀ ਵਾਲਾ, ਮਾਸਟਰ ਖਹਿਰਾ, ਸਾਥੀ ਬੋਹੜ ਸਿੰਘ ਸ਼ੇਰੇਵਾਲਾ ਆਦਿ ਹਾਜ਼ਰ ਸਨ।

ਭਗਵੰਤ ਮਾਨ ਬਣਨਗੇ ਪੰਜਾਬ ਦੇ ਮੁੜ ਮੁੱਖ ਮੰਤਰੀ : ਇੰਦਰਜੀਤ ਸੰਧੂ



ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਪੰਜਾਬ ਵਿਧਾਨ ਸਭਾ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਹਾਸਲ ਕਰੇਗੀ ਅਤੇ ਭਗਵੰਤ ਸਿੰਘ ਮਾਨ ਪੰਜਾਬ ਦੇ ਮੁੜ ਤੋਂ ਮੁੱਖ ਮੰਤਰੀ ਬਣਨਗੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਸਨੌਰ ਤੋਂ ਸਰਗਰਮ ਆਗੂ ਇੰਦਰਜੀਤ ਸਿੰਘ ਸੰਧੂ ਨੇ ਪਿੰਡ ਭਾਂਖਰ ਦਾ ਦੌਰਾ ਕਰਨ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਸਨੌਰ ਹਲਕੇ ਦੇ ਲੋਕਾਂ ਵਲੋਂ ਮਿਲ ਰਹੇ ਮਾਨ-ਸਨਮਾਨ ਨੂੰ ਜ਼ਿੰਦਗੀ ਭਰ ਨਹੀਂ ਭੁੱਲਿਆ ਜਾ ਸਕੇਗਾ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਨੂੰ ਹਲਕਾ ਸਨੌਰ ਹੀ ਨਹੀਂ ਬਲਕਿ ਸਮੁੱਚੇ ਪੰਜਾਬ ਅੰਦਰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ।ਇਸ ਮੌਕੇ ਹਲਕਾ ਸਨੌਰ ਦੇ ਵੱਖ-ਵੱਖ ਪਿੰਡਾਂ ਦੇ ਵਾਸੀਆਂ ਵਲੋਂ ਸਰਕਾਰ ਵੱਲੋਂ ਚਲਾਈਆਂ ਲੋਕ ਭਲਾਈ ਸਕੀਮਾਂ ਦੀ ਸ਼ਲਾਘਾ ਕੀਤੀ ਅਤੇ ਆਮ ਆਦਮੀ ਪਾਰਟੀ ਉੱਤੇ ਪੂਰਾ ਭਰੋਸਾ ਪ੍ਰਗਟਾਇਆ ਗਿਆ ।ਇਸ ਮੌਕੇ ਮਨਜੀਤ ਸਿੰਘ ਭਾਂਖਰ, ਸ਼ਵਿੰਦਰ ਸਿੰਘ ਭਾਂਖਰ ਕੁਲਦੀਪ ਸਿੰਘ ਭਾਂਖਰ, ਅਜਾਇਬ ਸਿੰਘ ਭਾਂਖਰ, ਬੂਟਾ ਸਿੰਘ, ਬਲਬੀਰ ਸਿੰਘ, ਮੁਖਤਿਆਰ ਸਿੰਘ, ਜਸਬੀਰ ਸਿੰਘ, ਦਵਿੰਦਰ ਸਿੰਘ, ਰਾਜਿੰਦਰ ਕੁਮਾਰ ਭਾਂਖਰ, ਅਵਤਾਰ ਸਿੰਘ ਗੰਗਰੌਲੀ, ਰੁਪਿੰਦਰ ਸਿੰਘ ਬਹਿਰੂ, ਬਲਕਾਰ ਸਿੰਘ ਬੱਤੀ, ਬੱਗਾ ਬੋਲੜ, ਤੇਜਿੰਦਰਪਾਲ ਸਿੰਘ ਕੁੱਕੂ, ਹਰਦੀਪ ਸਿੰਘ ਸਰੁਸਤੀਗੜ੍ਹ, ਹਰਦੀਪ ਸਿੰਘ ਡਡੋਆ, ਮਨਪ੍ਰੀਤ ਸਿੰਘ ਮਹਿਮਦਪੁਰ, ਅਮਰ ਅਲੀ ਚੌਰਾ ਅਤੇ ਸੈਂਕੜੇ ਲੋਕ ਹਾਜ਼ਿਰ ਸਨ।

ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਕੁਇਜ਼ ਅਤੇ ਲੇਖ ਲਿਖਣ ਮੁਕਾਬਲੇ ਅਯੋਜਿਤ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਚੋਣ ਸਾਖਰਤਾ ਕਲੱਬ ਵੱਲੋਂ ਰਾਜਨੀਤੀ ਵਿਗਿਆਨ ਵਿਭਾਗ ਦੇ ਸਹਿਯੋਗ ਨਾਲ ਨੌਜਵਾਨਾਂ ਅਤੇ ਭਵਿੱਖ ਦੇ ਵੋਟਰਾਂ ਵਿੱਚ ਚੋਣ ਸਬੰਧੀ ਜਾਗਰੂਕਤਾ, ਸੂਝ-ਬੂਝ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ ਕੁਇਜ਼ ਅਤੇ ਲੇਖ ਲਿਖਣ ਮੁਕਾਬਲੇ ਕਰਵਾਏ ਗਏ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਕੁਇਜ਼ ਮੁਕਾਬਲੇ ਵਿੱਚ 11 ਟੀਮਾਂ ਅਤੇ ਲੇਖ ਲਿਖਣ ਮੁਕਾਬਲੇ ਵਿੱਚ 25 ਵਿਦਿਆਰਥੀ ਸ਼ਾਮਲ ਹੋਏ। ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਲੋਕਤੰਤਰੀ ਕਦਰਾਂ-ਕੀਮਤਾਂ, ਰਾਜਨੀਤਿਕ ਸੰਸਥਾਵਾਂ, ਚੋਣ ਪ੍ਰਕਿਰਿਆ ਅਤੇ ਜਾਗਰੂਕ ਨਾਗਰਿਕ ਵਜੋਂ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਸੁਚੇਤ ਕਰਨਾ ਸੀ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ, ਫ਼ਤਿਹਗੜ੍ਹ ਸਾਹਿਬ ਤੋਂ ਸ. ਪਰਵਿੰਦਰ ਸਿੰਘ, ਡਾ. ਗੁਰਇਕਬਾਲ ਸਿੰਘ ਅਤੇ ਮਿਸ ਜਸਨਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਪ੍ਰਬੰਧਕਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਅਜਿਹੀਆਂ ਗਤੀਵਿਧੀਆਂ ਨੂੰ ਜ਼ਿੰਮੇਵਾਰ ਅਤੇ ਸਮਾਜ ਪ੍ਰਤੀ ਸੁਚੇਤ ਨਾਗਰਿਕਾਂ ਦੇ ਨਿਰਮਾਣ ਲਈ ਮਹੱਤਵਪੂਰਨ ਦੱਸਿਆ। ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਭਾਗੀਦਾਰਾਂ ਨੂੰ ਵਧਾਈ ਦਿੱਤੀ। ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਰਾਜਨੀਤਿਕ ਚੇਤਨਾ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਨੌਜਵਾਨਾਂ ਨੂੰ ਆਪਣੀਆਂ ਲੋਕਤੰਤਰੀ ਜ਼ਿੰਮੇਵਾਰੀਆਂ ਸਮਝਣ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਕੁਇਜ਼ ਮੁਕਾਬਲੇ ਵਿੱਚ ਪਹਿਲੀ ਜੇਤੂ ਟੀਮ ਵਿੱਚ ਜੈਸਮੀਨ ਕੌਰ, ਅਰਸ਼ਦੀਪ ਕੌਰ ਅਤੇ ਅਮਨਦੀਪ ਸਿੰਘ (ਰਾਜਨੀਤੀ ਵਿਗਿਆਨ ਵਿਭਾਗ), ਜਦ ਕਿ ਦੂਜੀ ਜੇਤੂ ਟੀਮ ਵਿੱਚ ਜਸ਼ਨਦੀਪ ਕੌਰ, ਜਸਰੀਤ ਸਿੰਘ ਅਤੇ ਧਰਮਦੀਪ ਸਿੰਘ (ਪੰਜਾਬੀ ਵਿਭਾਗ) ਸ਼ਾਮਲ ਸਨ। ਲੇਖ ਲਿਖਣ ਮੁਕਾਬਲੇ ਵਿੱਚ ਅਰਸ਼ ਕੁਮਾਰ (ਸਿੱਖਿਆ ਵਿਭਾਗ) ਅਤੇ ਹਰਦੀਪ ਕੌਰ (ਰਾਜਨੀਤੀ ਵਿਗਿਆਨ ਵਿਭਾਗ) ਜੇਤੂ ਰਹੇ।ਇਨ੍ਹਾਂ ਗਤੀਵਿਧੀਆਂ ਦਾ ਤਾਲਮੇਲ ਡਾ. ਰਮਨਦੀਪ ਕੌਰ ਨੇ ਡਾ. ਬਲਵਿੰਦਰ ਕੌਰ ਅਤੇ ਮਿਸ ਨਵਨੀਤ ਕੌਰ ਦੇ ਸਹਿਯੋਗ ਨਾਲ ਕੀਤਾ।

ਸੀਨੀਅਰ ਸਿਟੀਜ਼ਨਾਂ ਨੂੰ ਭਲਕੇ ਵੰਡੇ ਜਾਣਗੇ ਸਹਾਇਕ ਉਪਕਰਨ

ਭੀਖੀ (ਧਰਮਵੀਰ ਸ਼ਰਮਾ)-ਆਸਰਾ ਫਾਊਂਡੇਸ਼ਨ ਤੇ ਬਿੱਗ ਹੋਪ ਫਾਊਂਡੇਸ਼ਨ ਬਰੇਟਾ ਵਲੋਂ ਬੀਤੀ 26 ਸਤੰਬਰ ਨੂੰ ਭੀਖੀ ਵਿਖੇ ਸੀਨੀਅਰ ਸਿਟੀਜਨਾਂ ਨੂੰ ਸਹਾਇਕ ਉਪਕਰਨਾਂ ਦੀ ਵੰਡ ਲਈ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ ਸੀ ਤੇ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਵਿਅਕਤੀਆਂ ਨੂੰ 15 ਨਵੰਬਰ ਨੂੰ ਡੇਰਾ ਬਾਬਾ ਗੁੱਦੜ ਸ਼ਾਹ ਭੀਖੀ ਵਿਖੇ ਉਪਕਰਨ ਵੰਡੇ ਜਾਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਲਖਵਿੰਦਰ ਸਿੰਘ ਬਸਵਾਲ ਨੇ ਦੱਸਿਆ ਕਿ ਸਵ. ਬਿਕਰਮ ਬਸਵਾਲ ਦੀ ਯਾਦ ਨੂੰ ਸਮਰਪਤ ਭੀਖੀ ਦੇ ਡੇਰਾ ਬਾਬਾ ਗੁੱਦੜ ਸ਼ਾਹ ਵਿਖੇ ਸੀਨੀਅਰ ਸਿਟੀਜਨਾਂ ਨੂੰ ਵੀਲ੍ਹਚੇਅਰ, ਕੰਨਾਂ ਦੀਆਂ ਮਸ਼ੀਨਾਂ, ਵਾਕਰ/ਫੌੜੀਆਂ, ਸਟਿੱਕ, ਸਰਵਾਇਕਲ ਕਾਲਰ, ਬੈਕ ਬੈਲਟ, ਗੋਡਿਆਂ ਦੇ ਕੈਪ, ਬੈਠਣ ਵਾਲੀ ਛੜੀ ਆਦਿ ਉਪਕਰਨ ਵੰਡਣ ਲਈ 26 ਸਤੰਬਰ ਨੂੰ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ ਸੀ ਤੇ ਜਿਨ੍ਹਾਂ ਵਿਅਕਤੀਆਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਗਈ ਸੀ, ਉਨ੍ਹਾਂ ਦਾ ਸਾਮਾਨ ਆ ਚੁੱਕਾ ਹੈ ਅਤੇ 15 ਨਵੰਬਰ ਨੂੰ ਵੰਡਿਆ ਜਾਵੇਗਾ।

ਡੀ ਬੀ ਯੂ 'ਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਵਿਸ਼ਵਕਰਮਾ ਦਿਵਸ




ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)

ਦੇਸ਼ ਭਗਤ ਯੂਨੀਵਰਸਿਟੀ (ਡੀ ਬੀ ਯੂ) ਮੰਡੀ ਗੋਬਿੰਦਗੜ੍ਹ ਦੇ ਫੈਕਲਟੀ ਆਫ਼ ਇੰਜੀਨੀਅਰਿੰਗ ਟੈਕਨਾਲੋਜੀ ਐਂਡ ਕੰਪਿਊਟਿੰਗ (ਐਫਓਈਟੀਸੀ) ਵੱਲੋਂ ਵਿਸ਼ਵਕਰਮਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਦਸਤਕਾਰੀ, ਤਕਨੀਕੀ ਹੁਨਰ, ਨਵੀਨਤਾ ਤੇ ਇੰਜੀਨੀਅਰਿੰਗ ਦੇ ਖੇਤਰ ਵਿੱਚ ਉੱਤਮਤਾ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ।ਇਹ ਸਮਾਗਮ ਦੇਸ਼ ਭਗਤ ਯੂਨੀਵਰਸਿਟੀ ਦੇ ਕੁਲਪਤੀ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਦੀ ਦੂਰਅੰਦੇਸ਼ੀ ਅਗਵਾਈ ਤੇ ਰਹਿਨੁਮਾਈ ਹੇਠ ਕਰਵਾਇਆ ਗਿਆ।ਇਸ ਮੌਕੇ ਅਧਿਆਪਕਾਂ, ਕਰਮਚਾਰੀਆਂ ਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਭਗਵਾਨ ਵਿਸ਼ਵਕਰਮਾ ਜੀ ਦੀ ਪਵਿੱਤਰ ਪੂਜਾ ਡੀਬੀਯੂ ਦੇ ਉਪ-ਕੁਲਪਤੀ ਪ੍ਰੋ. (ਡਾ.) ਹਰਸ਼ ਸਦਾਵਰਤੀ ਤੇ ਡਿਪਟੀ ਡਾਇਰੈਕਟਰ ਡਾ. ਖੁਸ਼ਬੂ ਬਾਂਸਲ ਵੱਲੋਂ ਅਧਿਆਪਕਾਂ ਤੇ ਕਰਮਚਾਰੀਆਂ ਦੇ ਸਹਿਯੋਗ ਨਾਲ ਕੀਤੀ ਗਈ।ਸਮਾਗਮ ਦੀ ਸ਼ੁਰੂਆਤ ਰਵਾਇਤੀ ਅਰਦਾਸਾਂ ਤੇ ਪ੍ਰਾਰਥਨਾਵਾਂ ਨਾਲ ਹੋਈ, ਜਿਸ ਦੌਰਾਨ ਖੁਸ਼ਹਾਲੀ, ਤਰੱਕੀ, ਸੁਰੱਖਿਆ ਤੇ ਸਾਰੇ ਤਕਨੀਕੀ ਤੇ ਪੇਸ਼ੇਵਰ ਕਾਰਜਾਂ ਵਿੱਚ ਸਫਲਤਾ ਲਈ ਅਸੀਸਾਂ ਮੰਗੀਆਂ ਗਈਆਂ।ਇਸ ਸਮਾਗਮ ਦੌਰਾਨ ਆਧੁਨਿਕ ਇੰਜੀਨੀਅਰਿੰਗ ਤੇ ਤਕਨਾਲੋਜੀ ਦੇ ਖੇਤਰ ਵਿੱਚ ਭਗਵਾਨ ਵਿਸ਼ਵਕਰਮਾ ਜੀ ਦੀ ਵਿਰਾਸਤ ਦੀ ਸਾਰਥਕਤਾ ਨੂੰ ਉਭਾਰਿਆ ਗਿਆ।

ਸਮਾਗਮ ਦੌਰਾਨ ਵਰਕਸ਼ਾਪਾਂ ਤੇ ਪ੍ਰਯੋਗਸ਼ਾਲਾਵਾਂ ਵਿੱਚ ਸੁਰੱਖਿਆ ਦੇ ਮਿਆਰਾਂ ਦੀ ਪਾਲਣਾ ਕਰਨ, ਤਕਨੀਕੀ ਸਾਧਨਾਂ ਦੀ ਸੁਚੱਜੀ ਵਰਤੋਂ ਕਰਨ ਤੇ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰਦੇ ਹੁਨਰਮੰਦ ਕਾਮਿਆਂ ਦੇ ਯੋਗਦਾਨ ਦਾ ਸਤਿਕਾਰ ਕਰਨ ਦੀ ਮਹੱਤਤਾ ਬਾਰੇ ਵੀ ਚਰਚਾ ਕੀਤੀ ਗਈ।ਸਮਾਗਮ ਦੀ ਸਮਾਪਤੀ ਨਿਰੰਤਰ ਸਿੱਖਿਆ, ਹੁਨਰ ਵਿਕਾਸ ਤੇ ਪੇਸ਼ੇਵਰ ਉੱਤਮਤਾ ਦਾ ਸੁਨੇਹਾ ਦਿੰਦਿਆਂ ਹੋਈ।ਇਸ ਮੌਕੇ ਵਿਦਿਆਰਥੀਆਂ ਨੂੰ ਆਪਣੇ ਵਿੱਦਿਅਕ ਤੇ ਪੇਸ਼ੇਵਰ ਜੀਵਨ ਵਿੱਚ ਮਿਹਨਤ, ਨਵੀਨਤਾ ਤੇ ਜ਼ਿੰਮੇਵਾਰੀ ਦੇ ਗੁਣ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।

ਅੰਤਰਰਾਸ਼ਟਰੀ ਉਰਦੂ ਦਿਵਸ 'ਤੇ ਡਾ. ਇਕਬਾਲ ਦਾ ਜਨਮ ਦਿਹਾੜਾ ਮਨਾਇਆ



ਮਾਲੇਰਕੋਟਲਾ (ਅਸਗਰ ਪਰਿਹਾਰ)-ਸਥਾਨਕ ਵਿੱਦਿਅਕ ਸੰਸਥਾ ਪੀ ਐੱਮ ਸ਼੍ਰੀ ਗੌਰਮਿੰਟ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਮੁੰਡੇ) ਦਿੱਲੀ ਗੇਟ ਮਾਲੇਰਕੋਟਲਾ ਵਿਖੇ ਅੰਤਰਰਾਸ਼ਟਰੀ ਉਰਦੂ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਸ਼ਾਇਰ-ਏ-ਮਸ਼ਰਿਕ ਡਾਕਟਰ ਅੱਲਾਮਾ ਇਕਬਾਲ ਦੇ ਜਨਮ ਦਿਨ ਨੂੰ ਸਮਰਪਤ ਇਸ ਦਿਹਾੜੇ ਨੂੰ ਦੁਨੀਆ ਭਰ ਵਿੱਚ ਉਰਦੂ ਪ੍ਰੇਮੀਆਂ ਵੱਲੋਂ ਵੱਖ-ਵੱਖ ਪ੍ਰੋਗਰਾਮਾਂ ਰਾਹੀਂ ਯਾਦ ਕੀਤਾ ਜਾਂਦਾ ਹੈ।ਪ੍ਰੋਗਰਾਮ ਦੀ ਸ਼ੁਰੂਆਤ ਪਵਿੱਤਰ ਦੁਆ ਨਾਲ ਕੀਤੀ ਗਈ।ਇਸ ਤੋਂ ਬਾਅਦ ਨੌਵੀਂ ਏ ਦੇ ਵਿਦਿਆਰਥੀ ਜ਼ੁਬੈਰ ਅੱਬਾਸ ਨੇ ਡਾ. ਅੱਲਾਮਾ ਇਕਬਾਲ ਦੀ ਪ੍ਰੇਰਨਾਦਾਇਕ ਨਜ਼ਮ 'ਕਭੀ ਸਹਿਰਾ ਕਭੀ ਗੁਲਜ਼ਾਰ ਹੈ ਮਸਕਨ ਮੇਰਾ' ਆਪਣੀ ਖ਼ੂਬਸੂਰਤ ਆਵਾਜ਼ ਵਿੱਚ ਪੇਸ਼ ਕਰਕੇ ਹਾਜ਼ਰੀਨ ਦਾ ਮਨ ਮੋਹ ਲਿਆ। ਸਕੂਲ ਦੇ ਉਰਦੂ ਮਾਸਟਰ ਅਰਸ਼ਦ ਸ਼ਰੀਫ਼ ਨੇ ਡਾ. ਇਕਬਾਲ ਦੀਆਂ ਸਾਹਿਤਕ ਸੇਵਾਵਾਂ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਇਕਬਾਲ ਨੇ ਹਿੰਦੋਸਤਾਨੀਆਂ ਨੂੰ ਗੁਲਾਮੀ ਦੀ ਜ਼ਿੰਦਗੀ ਤਿਆਗ ਕੇ ਆਜ਼ਾਦੀ ਦਾ ਸੰਘਰਸ਼ ਤੇਜ਼ ਕਰਨ ਤੇ ਇੱਕਜੁੱਟ ਹੋ ਕੇ ਹੰਭਲਾ ਮਾਰਨ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਦਾ ਲਿਖਿਆ ਗੀਤ 'ਸਾਰੇ ਜਹਾਂ ਸੇ ਅੱਛਾ ਹਿੰਦੁਸਤਾਨ ਹਮਾਰਾ' ਅੱਜ ਵੀ ਹਰ ਦੇਸ਼ ਭਗਤ ਪ੍ਰੋਗਰਾਮ ਦੀ ਸ਼ਾਨ ਵਧਾਉਂਦਾ ਹੈ।ਪ੍ਰਿੰਸੀਪਲ ਹਰਜਿੰਦਰ ਸਿੰਘ ਨੇ ਸਾਰਿਆਂ ਨੂੰ ਉਰਦੂ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਡਾ. ਅੱਲਾਮਾ ਇਕਬਾਲ ਉਰਦੂ ਤੇ ਫ਼ਾਰਸੀ ਦੇ ਮਹਾਨ ਕਵੀ ਹੋਏ ਹਨ।ਉਨ੍ਹਾਂ ਦੀ ਸ਼ਾਇਰੀ ਮਨੁੱਖ ਨੂੰ ਗ਼ਫ਼ਲਤ ਤੇ ਆਲਸ ਤਿਆਗ ਕੇ ਸੰਘਰਸ਼ਸ਼ੀਲ ਬਣਨ ਦਾ ਸੰਦੇਸ਼ ਦਿੰਦੀ ਹੈ।ਸਮਾਗਮ ਦੇ ਮੰਚ ਦਾ ਸੰਚਾਲਨ ਮੈਡਮ ਮੋਨਿਕਾ ਬੰਸਲ ਤੇ ਮੈਡਮ ਰਜਨੀ ਬਾਲਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਇਆ।ਇਸ ਮੌਕੇ ਸਕੂਲ ਦੇ ਸਮੂਹ ਸਟਾਫ਼ ਵੱਲੋਂ ਸ਼ਾਨਦਾਰ ਪੇਸ਼ਕਾਰੀ ਦੇਣ ਵਾਲੇ ਵਿਦਿਆਰਥੀ ਜ਼ੁਬੈਰ ਅੱਬਾਸ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਪਰਾਲੀ ਪ੍ਰਬੰਧਨ 'ਤੇ ਕਰੋੜਾਂ ਰੁਪਏ ਖਰਚਣ ਵਾਲੀ ਸਰਕਾਰ ਦੱਸੇ ਅੱਗਾਂ ਕਿਉਂ ਲੱਗ ਰਹੀਆਂ - ਤਿਆਗੀ

ਮੋਗਾ (ਇਕਬਾਲ ਸਿੰਘ ਖਹਿਰਾ)-ਸਿਵਲ ਸੋਸਾਇਟੀ ਮੋਗਾ ਦੀ ਸਮਾਜ ਸੇਵਕ ਪ੍ਰੀਤੀ ਤਿਆਗੀ ਅਤੇ ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਦੇਵਪ੍ਰਿਯ ਤਿਆਗੀ ਨੇ ਪਰਾਲੀ ਸਾੜਨ ਦੀਆਂ ਵਧਦੀਆਂ ਘਟਨਾਵਾਂ ਅਤੇ ਹਵਾ ਦੀ ਗੁਣਵੱਤਾ ਵਿਗੜਨ ਬਾਰੇ ਸਰਕਾਰ ਨੂੰ ਸਵਾਲ ਕੀਤਾ ਹੈ। ਪ੍ਰੀਤੀ ਤਿਆਗੀ ਦਾ ਕਹਿਣਾ ਹੈ ਕਿ ਸਰਕਾਰ ਸਿਰਫ਼ ਕਿਸਾਨਾਂ 'ਤੇ ਪਰਾਲੀ ਪ੍ਰਦੂਸ਼ਣ ਦਾ ਦੋਸ਼ ਲਗਾ ਕੇ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਭੱਜ ਸਕਦੀ। ਦੂਜੇ ਪਾਸੇ, ਸਰਕਾਰੀ ਵਿਭਾਗ ਪਰਾਲੀ ਪ੍ਰਬੰਧਨ ਲਈ ਵੱਡੇ ਪੱਧਰ 'ਤੇ ਮਸ਼ੀਨਰੀ, ਸਬਸਿਡੀਆਂ ਅਤੇ ਕਸਟਮ ਹਾਇਰਿੰਗ ਸੈਂਟਰ ਪ੍ਰਦਾਨ ਕਰਨ ਦਾ ਦਾਅਵਾ ਕਰਦੇ ਹਨ, ਪਰ ਇਨ੍ਹਾਂ ਮਸ਼ੀਨਾਂ ਦੀ ਅਸਲ ਵਰਤੋਂ ਵਧਾਉਣਾ ਅਤੇ ਕਿਸਾਨਾਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨਾ ਇੱਕ ਚੁਣੌਤੀ ਬਣਿਆ ਹੋਇਆ ਹੈ। ਪ੍ਰੀਤੀ ਤਿਆਗੀ ਨੇ ਕਿਹਾ ਕਿ ਸਰਕਾਰ ਪਰਾਲੀ ਪ੍ਰਬੰਧਨ 'ਤੇ ਕਰੋੜਾਂ ਰੁਪਏ ਖਰਚ ਕਰਨ ਅਤੇ ਖੇਤੀਬਾੜੀ ਮਸ਼ੀਨਰੀ 'ਤੇ 50 ਤੋਂ 80 ਪ੍ਰਤੀਸ਼ਤ ਸਬਸਿਡੀਆਂ ਪ੍ਰਦਾਨ ਕਰਨ ਦਾ ਦਾਅਵਾ ਕਰਦੀ ਹੈ, ਪਰ ਅਸਲ ਸਵਾਲ ਇਹ ਹੈ ਕਿ ਇਸ ਲਾਭ ਦਾ ਕਿੰਨਾ ਹਿੱਸਾ ਛੋਟੇ ਅਤੇ ਸੀਮਾਂਤ ਕਿਸਾਨਾਂ ਤੱਕ ਪਹੁੰਚਿਆ ਹੈ। ਉਨ੍ਹਾਂ ਪੁੱਛਿਆ ਕਿ ਕੀ ਹਰ ਪਿੰਡ ਵਿੱਚ ਕਸਟਮ ਹਾਇਰਿੰਗ ਸੈਂਟਰ ਸਰਗਰਮ ਹਨ ਅਤੇ ਕੀ ਕਿਸਾਨਾਂ ਨੂੰ ਵਾਜਬ ਦਰਾਂ 'ਤੇ ਸਮੇਂ ਸਿਰ ਮਸ਼ੀਨਾਂ ਮਿਲ ਰਹੀਆਂ ਹਨ।



ਜਿਹੜੇ ਕਿਸਾਨ ਪਰਾਲੀ ਨਹੀਂ ਸਾੜਦੇ, ਉਨ੍ਹਾਂ ਨੂੰ ਸਿੱਧੇ ਵਿੱਤੀ ਪ੍ਰੋਤਸਾਹਨ ਕਿਉਂ ਨਹੀਂ ਦਿੱਤੇ ਜਾ ਰਹੇ? ਦੇਵਪ੍ਰਿਯ ਤਿਆਗੀ ਨੇ ਜਨਵਰੀ 2026 ਦੀ ਇੱਕ ਮੀਡੀਆ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਪੰਜਾਬ ਵਿੱਚ ਲਗਭਗ 25 ਪ੍ਰਤੀਸ਼ਤ ਪਰਾਲੀ ਪ੍ਰਬੰਧਨ ਮਸ਼ੀਨਾਂ ਕੰਮ ਨਹੀਂ ਕਰ ਰਹੀਆਂ। ਉਨ੍ਹਾਂ ਕਿਹਾ ਕਿ ਕਿਸਾਨ ਅਗਲੀ ਫਸਲ ਬੀਜਣ ਦੇ ਸਮੇਂ ਦੇ ਦਬਾਅ ਅਤੇ ਵਿੱਤੀ ਰੁਕਾਵਟਾਂ ਨਾਲ ਜੂਝ ਰਹੇ ਹਨ। ਵਿਹਾਰਕ ਵਿਕਲਪ ਪ੍ਰਦਾਨ ਕੀਤੇ ਬਿਨਾਂ ਸਿਰਫ਼ ਜੁਰਮਾਨੇ ਲਗਾਉਣਾ ਹੀ ਹੱਲ ਨਹੀਂ ਹੈ। ਕਿਸਾਨਾਂ ਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਪਰਾਲੀ ਸਾੜਨ ਦਾ ਧੂੰਆਂ ਉਨ੍ਹਾਂ ਦੇ ਪਰਿਵਾਰਾਂ ਅਤੇ ਸਮੁੱਚੇ ਸਮਾਜ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਂਦਾ ਹੈ।

ਡਿਵਾਈਡਰ ਪਾਰ ਕਰਕੇ ਝਾੜੀਆਂ 'ਚ ਫਸੀ ਕਾਰ

ਬਲਾਚੌਰ (ਜਸਵਿੰਦਰ ਬੈਂਸ)-ਚੰਡੀਗੜ੍ਹ ਤੋਂ ਜਲੰਧਰ ਜਾ ਰਹੀ ਇੱਕ ਕਾਰ ਰਾਏਪੁਰ ਨੰਗਲ ਨੇੜੇ ਅਚਾਨਕ ਬੇਕਾਬੂ ਹੋ ਕੇ ਡਿਵਾਈਡਰ ਪਾਰ ਕਰਦੀ ਹੋਈ ਸੜਕ ਦੇ ਦੂਜੇ ਪਾਸੇ ਝਾੜੀਆਂ ਵਿੱਚ ਜਾ ਫਸੀ। ਇਸ ਹਾਦਸੇ ਦੌਰਾਨ ਖੁਸ਼ਕਿਸਮਤੀ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਪ੍ਰਾਪਤ ਜਾਣਕਾਰੀ ਅਨੁਸਾਰ ਕਾਰ ਨੂੰ ਸੰਜੀਵ ਕੁਮਾਰ ਵਾਸੀ ਜਲੰਧਰ ਚਲਾ ਰਿਹਾ ਸੀ। ਉਹ ਚੰਡੀਗੜ੍ਹ ਤੋਂ ਜਲੰਧਰ ਵੱਲ ਜਾ ਰਹੇ ਸਨ। ਜਦੋਂ ਕਾਰ ਰਾਏਪੁਰ ਨੰਗਲ ਨੇੜੇ ਪਹੁੰਚੀ ਤਾਂ ਅਚਾਨਕ ਕਾਰ ਦਾ ਸੰਤੁਲਨ ਵਿਗੜ ਗਿਆ ਅਤੇ ਕਾਰ ਡਿਵਾਈਡਰ ਪਾਰ ਕਰਦੀ ਹੋਈ ਸੜਕ ਦੇ ਦੂਜੇ ਪਾਸੇ ਝਾੜੀਆਂ ਵਿੱਚ ਜਾ ਫਸੀ।ਘਟਨਾ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਦੇ ਇੰਚਾਰਜ ਏ.ਐਸ.ਆਈ. ਪਰਵੀਨ ਕੁਮਾਰ ਨੇ ਮੌਕੇ 'ਤੇ ਪਹੁੰਚ ਕੇ ਰਾਹਤ ਕਾਰਜ ਸ਼ੁਰੂ ਕਰਵਾਏ ਅਤੇ ਝਾੜੀਆਂ ਵਿੱਚ ਫਸੀ ਕਾਰ ਨੂੰ ਬਾਹਰ ਕਢਵਾਇਆ।



ਕਾਂਗਰਸ ਨੇ ਸ਼ੁਰੂ ਕੀਤੀ 'ਪੰਜਾਬ ਮੰਗਦਾ ਇਨਸਾਫ਼' ਮੁਹਿੰਮ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਚਲਾਈ ਜਾ ਰਹੀ ਮੁਹਿੰਮ 'ਪੰਜਾਬ ਮੰਗਦਾ ਇਨਸਾਫ਼' ਦੀ ਸ਼ੁਰੂਆਤ ਕਾਂਗਰਸ ਪਾਰਟੀ ਵੱਲੋਂ ਡੇਰਾਬੱਸੀ ਵਿਧਾਨ ਸਭਾ ਹਲਕੇ ਵਿੱਚ ਕੀਤੀ ਗਈ। ਆਲ ਇੰਡੀਆ ਕਾਂਗਰਸ ਕਮੇਟੀ (1933) ਦੇ ਓ ਬੀ ਸੀ ਵਿਭਾਗ ਦੀ ਵਿਚਾਰਧਾਰਕ ਸਲਾਹਕਾਰ ਕਮੇਟੀ ਦੇ ਮੈਂਬਰ ਅਤੇ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਦੀ ਅਗਵਾਈ ਹੇਠ 'ਹਰ ਗਲੀ ਹਰ ਸ਼ਹਿਰ ਕਾਂਗਰਸ ਦੀ ਲਹਿਰ' ਪ੍ਰੋਗਰਾਮ ਤਹਿਤ ਡੇਰਾਬੱਸੀ ਦੇ ਪਿੰਡ ਸਿਤਾਰਪੁਰ, ਰਾਮਗੜ੍ਹ ਰੁੜਕੀ ਅਤੇ ਜਵਾਹਰਪੁਰ ਜਾਸਤਨਾਖਰਦ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਪਿੰਡ ਵਾਸੀਆਂ ਨੇ ਕਾਂਗਰਸ ਦੀ ਇਸ ਜਨ-ਸੰਪਰਕ ਮੁਹਿੰਮ ਦਾ ਭਰਵਾਂ ਸਮਰਥਨ ਅਤੇ ਉਤਸ਼ਾਹਪੂਰਵਕ ਸਵਾਗਤ ਕੀਤਾ। ?ਅਮਿਤ ਬਾਵਾ ਸੈਣੀ ਨੇ ਪਿੰਡ ਵਾਸੀਆਂ ਨਾਲ ਨਿੱਜੀ ਤੌਰ 'ਤੇ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ, ਰੋਜ਼ਮੱਰਾ ਦੀਆਂ ਸਮੱਸਿਆਵਾਂ ਅਤੇ ਨਾਗਰਿਕ ਸਹੂਲਤਾਂ ਦੀ ਘਾਟ ਬਾਰੇ ਵਿਸਥਾਰਪੂਰਵਕ ਗੱਲਬਾਤ ਕੀਤੀ।ਇਸ ਦੌਰਾਨ ਲੋਕਾਂ ਨੇ ਆਪਣੀਆਂ ਸਮੱਸਿਆਵਾਂ ਖੁੱਲ੍ਹ ਕੇ ਸਾਂਝੀਆਂ ਕੀਤੀਆਂ ਅਤੇ ਪਾਰਟੀ ਪ੍ਰਤੀ ਆਪਣੀਆਂ ਉਮੀਦਾਂ ਅਤੇ ਅਕਾਂਖਿਆਵਾਂ ਵੀ ਪ੍ਰਗਟ ਕੀਤੀਆਂ।ਜ਼ਿਆਦਾਤਰ ਥਾਵਾਂ 'ਤੇ ਕੁਝ ਸਮੱਸਿਆਵਾਂ ਮੁੱਖ ਤੌਰ 'ਤੇ ਸਾਹਮਣੇ ਆਈਆਂ, ਜਿਨ੍ਹਾਂ ਵਿੱਚ ਸਰਕਾਰੀ ਮਕਾਨਾਂ ਲਈ ਮਿਲਣ ਵਾਲੇ ਫੰਡਾਂ ਦੀ ਘਾਟ, ਸੜਕਾਂ ਦੀ ਖਸਤਾ ਹਾਲਤ ਅਤੇ ਸਰਕਾਰੀ ਬੱਸ ਸੇਵਾ ਦੀ ਅਣਹੋਂਦ ਵਰਗੇ ਮੁੱਖ ਮੁੱਦੇ ਸ਼ਾਮਲ ਸਨ। ਸੈਣੀ ਨੇ ਕਿਹਾ ਕਿ 'ਪੰਜਾਬ ਮੰਗਦਾ ਇਨਸਾਫ਼' ਮੁਹਿੰਮ ਦਾ ਮੁੱਖ ਉਦੇਸ਼ ਆਮ ਲੋਕਾਂ ਦੀ ਆਵਾਜ਼ ਨੂੰ ਸਿੱਧਾ ਪਾਰਟੀ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨਾ ਹੈ। ?ਇਸ ਮੌਕੇ ਬਲਦੇਵ ਸਿੰਘ ਰੁੜਕੀ, ਜਸਵੰਤ ਸਿੰਘ ਰੁੜਕੀ, ਧਰਮ ਸਿੰਘ ਸਿਤਾਰਪੁਰ, ਬਹਾਦਰ ਸਿੰਘ ਜਾਸਤਨਾਖੁਰਦ, ਕਾਂਗਰਸ ਜ਼ਿਲ੍ਹਾ ਜਨਰਲ ਸਕੱਤਰ ਵਿਕਰਮ ਰਾਣਾ, ਸੌਰਭ ਥੰਮਨ, ਸਾਬਕਾ ਸਰਪੰਚ ਬੰਤ ਸਿੰਘ ਰੁੜਕੀ, ਲਾਲ ਸਿੰਘ ਰੁੜਕੀ, ਮਹਿੰਦਰ ਸਿੰਘ, ਗੁਰਨਾਮ ਸਿੰਘ, ਹੁਕਮ ਸਿੰਘ, ਜਸਪ੍ਰੀਤ ਸਿੰਘ, ਰਾਮਸ਼ਰਨ ਅਤੇ ਹੋਰ ਕਾਂਗਰਸੀ ਵਰਕਰ ਹਾਜ਼ਰ ਸਨ।



ਸੈਣੀ ਵੱਲੋਂ ਭਾਜਪਾ ਦੀ ਮਜ਼ਬੂਤੀ ਲਈ ਲਾਮਬੰਦੀ ਦਾ ਸੱਦਾ



ਲਾਲੜੂ (ਵਿਨੈ ਕੁਮਾਰ ਜੈਨ)-ਭਾਰਤੀ ਜਨਤਾ ਪਾਰਟੀ ਦੇ ਓ ਬੀ ਸੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਗੁਰਦਰਸ਼ਨ ਸਿੰਘ ਸੈਣੀ ਦੀ ਅਗਵਾਈ ਹੇਠ ਹੰਡੇਸਰਾ ਸਰਕਲ ਦੀ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਓ ਬੀ ਸੀ ਮੋਰਚਾ ਦੇ ਪ੍ਰਧਾਨ ਹਰਪ੍ਰੀਤ ਸਿੰਘ ਸੈਣੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਮੀਟਿੰਗ ਦੌਰਾਨ ਪਾਰਟੀ ਦੀਆਂ ਸੰਗਠਨਾਤਮਕ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ, ਪਿੰਡ ਪੱਧਰ 'ਤੇ ਭਾਜਪਾ ਦਾ ਆਧਾਰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਰਪ੍ਰੀਤ ਸਿੰਘ ਸੈਣੀ ਨੇ ਹੰਡੇਸਰਾ ਸਰਕਲ ਦੇ ਆਗੂਆਂ ਅਤੇ ਵਰਕਰਾਂ ਨੂੰ ਭਾਜਪਾ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਅਤੇ ਇਕਜੁੱਟਤਾ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਅਸਲ ਤਾਕਤ ਉਸ ਦੇ ਸਮਰਪਿਤ ਵਰਕਰ ਹੁੰਦੇ ਹਨ ਅਤੇ ਵਰਕਰਾਂ ਦੀ ਮਿਹਨਤ ਸਦਕਾ ਹੀ ਪਾਰਟੀ ਦੀਆਂ ਨੀਤੀਆਂ ਲੋਕਾਂ ਤੱਕ ਪਹੁੰਚਦੀਆਂ ਹਨ। ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਹਰ ਪਿੰਡ ਅਤੇ ਹਰ ਘਰ ਤੱਕ ਪਹੁੰਚ ਕਰਕੇ ਭਾਜਪਾ ਦੀਆਂ ਲੋਕਪੱਖੀ ਨੀਤੀਆਂ, ਕੇਂਦਰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਵਿਕਾਸ ਕਾਰਜਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ। ਮੀਟਿੰਗ ਦੌਰਾਨ ਹੰਡੇਸਰਾ ਸਰਕਲ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਵਿਸਥਾਰ ਦੇਣ ਅਤੇ ਆਉਣ ਵਾਲੇ ਸਮੇਂ ਵਿੱਚ ਲੋਕ ਸੰਪਰਕ ਮੁਹਿੰਮ ਨੂੰ ਤੇਜ਼ ਕਰਨ ਸਬੰਧੀ ਵੀ ਰਣਨੀਤੀ 'ਤੇ ਚਰਚਾ ਕੀਤੀ ਗਈ। ਇਸ ਮੌਕੇ ਸੀਨੀਅਰ ਭਾਜਪਾ ਆਗੂ ਪੁਸ਼ਪਿੰਦਰ ਮਹਿਤਾ ਤੇ ਹੋਰ ਪਤਵੰਤੇ ਮੌਜੂਦ ਸਨ।

ਅਵਤਾਰ ਸਿੰਘ ਦਾ ਤਜਰਬਾ ਬਣਿਆ ਹੋਰਨਾਂ ਕਿਸਾਨਾਂ ਲਈ ਪ੍ਰੇਰਨਾ

ਜਲੰਧਰ (ਇਕਬਾਲ ਸਿੰਘ ਉੱਭੀ)-ਜਲੰਧਰ ਜ਼ਿਲ੍ਹੇ ਦੇ ਪਿੰਡ ਸੀਵਲ ਦੇ ਕਿਸਾਨ ਅਵਤਾਰ ਸਿੰਘ ਨੇ ਕਣਕ ਦੀ ਫ਼ਸਲ ਵਿੱਚ ਗੁੱਲੀ ਡੰਡੇ ਦੀ ਸਮੱਸਿਆ ਤੋਂ ਨਿਜਾਤ ਪਾਉਣ ਲਈ ਐੱਫ ਐੱਮ ਸੀ ਇੰਡੀਆ ਦੇ ਅੰਬਰੀਵਾ ਨਦੀਨਨਾਸ਼ਕ ਦੀ ਵਰਤੋਂ ਸ਼ੁਰੂ ਕੀਤੀ। ਪਹਿਲਾਂ ਇਸ ਸਮੱਸਿਆ ਨਾਲ ਨਜਿੱਠਣ ਲਈ ਉਨ੍ਹਾਂ ਨੂੰ ਤਿੰਨ ਤੋਂ ਚਾਰ ਵਾਰ ਛਿੜਕਾਅ ਕਰਨਾ ਪੈਂਦਾ ਸੀ, ਜਿਸ ਨਾਲ ਖੇਤੀ ਲਾਗਤ ਵਧਦੀ ਸੀ ਤੇ ਉਮੀਦ ਮੁਤਾਬਕ ਨਤੀਜੇ ਨਹੀਂ ਮਿਲਦੇ ਸਨ। ਤਿੰਨ ਸਾਲ ਪਹਿਲਾਂ ਪੰਜ ਏਕੜ ਵਿੱਚ ਅੰਬਰੀਵਾ ਦੀ ਵਰਤੋਂ ਤੋਂ ਮਿਲੇ ਨਤੀਜਿਆਂ ਤੋਂ ਉਤਸ਼ਾਹਿਤ ਹੋ ਕੇ ਉਨ੍ਹਾਂ ਨੇ ਅਗਲੇ ਸਾਲ ਆਪਣੇ ਸਾਰੇ ਖੇਤਾਂ ਵਿੱਚ ਇਸ ਦੀ ਵਰਤੋਂ ਕੀਤੀ। ਉਨ੍ਹਾਂ ਅਨੁਸਾਰ ਇਸ ਨਾਲ ਗੁੱਲੀ ਡੰਡੇ 'ਤੇ ਪ੍ਰਭਾਵਸ਼ਾਲੀ ਕਾਬੂ ਮਿਲਿਆ ਅਤੇ ਚੌੜੇ ਪੱਤਿਆਂ ਵਾਲੇ ਨਦੀਨਾਂ ਲਈ ਵੱਖਰੇ ਛਿੜਕਾਅ ਦੀ ਲੋੜ ਵੀ ਨਹੀਂ ਪਈ। ਉਨ੍ਹਾਂ ਦੇ ਤਜਰਬੇ ਨੇ ਪਿੰਡ ਦੇ ਹੋਰ ਕਿਸਾਨਾਂ ਨੂੰ ਵੀ ਇਸ ਤਕਨੀਕ ਨੂੰ ਅਜ਼ਮਾਉਣ ਲਈ ਪ੍ਰੇਰਿਤ ਕੀਤਾ।



ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 61,470 ਲਾਭਪਾਤਰੀ ਕੀਤੇ ਰਜਿਸਟਰ : ਕਟਾਰੀਆ



ਪੋਜੇਵਾਲ (ਰਾਮ ਲਾਲ)-ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਬਾਬਾ ਬਲਰਾਜ ਕਾਲਜ, ਬਲਾਚੌਰ ਵਿਖੇ ਆਂਗਣਵਾੜੀ ਵਰਕਰਾਂ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਵਿਧਾਇਕ ਸੰਤੋਸ਼ ਕਟਾਰੀਆ ਨੇ ਸਮਾਗਮ ਦੌਰਾਨ ਦੱਸਿਆ ਕਿ ਔਰਤਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਇਸ ਯੋਜਨਾ ਤਹਿਤ ਬਲਾਚੌਰ ਹਲਕੇ ਵਿੱਚ ਹੁਣ ਤੱਕ 61,470 ਲਾਭਪਾਤਰੀਆਂ ਨੂੰ ਰਜਿਸਟਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਯੋਜਨਾ ਅਧੀਨ ਹੁਣ ਤੱਕ ਲਗਭਗ 57 ਕਰੋੜ ਰੁਪਏ ਦੀ ਰਾਸ਼ੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਅਦਾ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਬਲਾਚੌਰ ਹਲਕੇ ਵਿੱਚ ਇਹ ਯੋਜਨਾ ਮਈ 2026 ਦੌਰਾਨ ਸ਼ੁਰੂ ਕੀਤੀ ਗਈ ਸੀ ਅਤੇ ਆਂਗਣਵਾੜੀ ਵਰਕਰਾਂ ਵੱਲੋਂ ਇਸ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਲਈ ਪੂਰੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਕੰਮ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਯੋਜਨਾ ਅਧੀਨ ਕੀਤੇ ਗਏ ਪ੍ਰਬੰਧਾਂ ਅਨੁਸਾਰ ਆਂਗਣਵਾੜੀ ਵਰਕਰਾਂ ਦੀ ਬਣਦੀ ਪ੍ਰੋਤਸਾਹਨ ਰਾਸ਼ੀ ਜਲਦ ਹੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਅਦਾ ਕਰ ਦਿੱਤੀ ਜਾਵੇਗੀ। ਵਿਧਾਇਕ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਯੋਜਨਾ ਸਬੰਧੀ ਜਾਣਕਾਰੀ ਪ੍ਰਾਪਤ ਕਰਕੇ ਇਸ ਦੇ ਯੋਗ ਲਾਭਪਾਤਰੀ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਅਤੇ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਦਾ ਲਾਭ ਉਠਾਉਣ। ਸਮਾਗਮ ਦੌਰਾਨ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਨੂੰ ਪ੍ਰਸ਼ੰਸਾ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਪੂਰਨ ਪੰਕਜ ਸ਼ਰਮਾ, ਪੂਨਮ, ਜਸਵਿੰਦਰ ਸਿੰਘ ਮਿਊਂਸਪਲ ਕੌਂਸਲਰ, ਪਰਮਜੀਤ ਕੌਰ, ਹਰਸ਼ ਬਾਲਾ, ਅਮਨਦੀਪ ਕੌਰ, ਸ਼੍ਰੀਮਤੀ ਨੀਲਮ ਕੁਮਾਰੀ (ਸੁਪਰਵਾਈਜ਼ਰਾਂ) ਤੋਂ ਇਲਾਵਾ ਸਮੂਹ ਆਂਗਣਵਾੜੀ ਵਰਕਰ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਨਾਡਾ ਸਾਹਿਬ ਵਿਖੇ ਟਿੱਕੂ ਮੋਤੀਆਂ ਵਰਗੀ ਹੱਥਲਿਖਤ ਨਾਲ ਰੋਜ਼ਾਨਾ ਲਿਖਦੇ ਹਨ ਪਵਿੱਤਰ ਹੁਕਮਨਾਮਾ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਗੁਰਦੁਆਰਾ ਸ੍ਰੀ ਨਾਡਾ ਸਾਹਿਬ ਵਿਖੇ ਡੇਰਾਬੱਸੀ ਦੇ ਵਸਨੀਕ ਹਰਪ੍ਰੀਤ ਸਿੰਘ ਟਿੱਕੂ ਵੱਲੋਂ ਨਿਭਾਈ ਜਾ ਰਹੀ ਵਿਲੱਖਣ ਧਾਰਮਿਕ ਸੇਵਾ ਸੰਗਤਾਂ ਵਿੱਚ ਖਿੱਚ ਦਾ ਕੇਂਦਰ ਬਣੀ ਹੋਈ ਹੈ। ਭਾਜਪਾ ਓ ਬੀ ਸੀ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਟਿੱਕੂ ਪਿਛਲੇ ਕਈ ਵਰ੍ਹਿਆਂ ਤੋਂ ਗੁਰੂ ਘਰ ਵਿਖੇ ਰੋਜ਼ਾਨਾ ਹੁਕਮਨਾਮਾ ਆਪਣੇ ਹੱਥੀਂ ਲਿਖ ਕੇ ਸੰਗਤਾਂ ਤੱਕ ਪਹੁੰਚਾਉਣ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਦੀ ਮੋਤੀਆਂ ਵਰਗੀ ਸੁੰਦਰ ਲਿਖਾਈ ਦੀ ਸੰਗਤਾਂ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਹਰਪ੍ਰੀਤ ਸਿੰਘ ਟਿੱਕੂ ਦਾ ਗੁਰੂ ਘਰ ਨਾਲ ਲੰਮੇ ਸਮੇਂ ਤੋਂ ਗੂੜ੍ਹਾ ਲਗਾਅ ਹੈ। ਇਸੇ ਸ਼ਰਧਾ ਸਦਕਾ ਉਨ੍ਹਾਂ ਨੇ ਗੁਰਬਾਣੀ ਦੇ ਪਵਿੱਤਰ ਹੁਕਮਨਾਮੇ ਨੂੰ ਹੱਥੀਂ ਲਿਖਣ ਦੀ ਸੇਵਾ ਨੂੰ ਆਪਣੀ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਇਆ ਹੋਇਆ ਹੈ। ਉਨ੍ਹਾਂ ਵੱਲੋਂ ਲਿਖੇ ਗੁਰਮੁਖੀ ਅੱਖਰਾਂ ਦੀ ਬਣਤਰ, ਸਪੱਸ਼ਟਤਾ ਅਤੇ ਇਕਸਾਰਤਾ ਵੇਖਣ ਵਾਲਿਆਂ ਨੂੰ ਪ੍ਰਭਾਵਿਤ ਕਰਦੀ ਹੈ। ਖ਼ਾਸ ਗੱਲ ਇਹ ਹੈ ਕਿ ਲਗਾਤਾਰ ਕਈ ਸਾਲਾਂ ਤੋਂ ਉਹ ਇਸ ਸੇਵਾ ਨੂੰ ਪੂਰੀ ਲਗਨ ਅਤੇ ਨਿਮਰਤਾ ਨਾਲ ਨਿਭਾਉਂਦੇ ਆ ਰਹੇ ਹਨ। ਮੌਜੂਦਾ ਤਕਨੀਕੀ ਯੁੱਗ ਵਿੱਚ ਜਦੋਂ ਧਾਰਮਿਕ ਜਾਣਕਾਰੀ ਵੀ ਵੱਡੇ ਪੱਧਰ 'ਤੇ ਡਿਜੀਟਲ ਸਾਧਨਾਂ ਰਾਹੀਂ ਸਾਂਝੀ ਕੀਤੀ ਜਾ ਰਹੀ ਹੈ, ਅਜਿਹੇ ਸਮੇਂ ਹੱਥੀਂ ਗੁਰਬਾਣੀ ਲਿਖਣ ਦਾ ਇਹ ਉਪਰਾਲਾ ਆਪਣੀ ਵੱਖਰੀ ਪਛਾਣ ਰੱਖਦਾ ਹੈ। ਇਸ ਨਾਲ ਜਿੱਥੇ ਗੁਰਮੁਖੀ ਲਿਪੀ ਦੀ ਖ਼ੂਬਸੂਰਤੀ ਸਾਹਮਣੇ ਆਉਂਦੀ ਹੈ, ਉੱਥੇ ਹੱਥੀਂ ਲਿਖਣ ਦੀ ਪੁਰਾਤਨ ਰਵਾਇਤ ਨੂੰ ਵੀ ਉਤਸ਼ਾਹ ਮਿਲਦਾ ਹੈ। ਸੰਗਤਾਂ ਵੱਲੋਂ ਟਿੱਕੂ ਦੀ ਇਸ ਨਿਰਸਵਾਰਥ ਸੇਵਾ ਦੀ ਸ਼ਲਾਘਾ ਕਰਦਿਆਂ ਇਸ ਨੂੰ ਨੌਜਵਾਨ ਪੀੜ੍ਹੀ ਲਈ ਪ੍ਰੇਰਨਾਦਾਇਕ ਦੱਸਿਆ ਜਾ ਰਿਹਾ ਹੈ।



ਪਬਲਿਕ ਨੋਟਿਸ

ਬਾ ਅਦਾਲਤ ਸ੍ਰੀ ਮਨਮੋਹਨ ਸਿੰਘ ਨਾਇਬ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ।
(1) ਅਮਰੀਕ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪਿੰਡ ਕਲਾਨੌਰ, ਤਹਿਸੀਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ।
.... ਦਰਖਾਸਤ ਕਰਤਾ
ਬਨਾਮ
(1) ਸੇਰ ਸਿੰਘ, (2) ਛੀਨਾ ਸਿੰਘ ਪੁੱਤਰਾਨ ਮੋਹਨ ਸਿੰਘ (3) ਬਲਦੇਵ ਸਿੰਘ (4) ਸੁਰਜਨ ਸਿੰਘ ਪੁੱਤਰਾਨ ਮੱਖਣ ਸਿੰਘ (5) ਅਮਰਜੀਤ ਕੌਰ ਪਤਨੀ ਬਲਦੇਵ ਸਿੰਘ, ਸਾਰੇ ਵਾਸੀਆਨ ਪਿੰਡ ਅਗਵਾਨ, ਤਹਿਸੀਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ (6) ਆਈ.ਸੀ.ਆਈ.ਸੀ.ਆਈ ਬੈਂਕ ਲਿ:ਮਿ: ਬਰਾਂਚ ਕਲਾਨੌਰ (7) ਐੱਚ. ਡੀ. ਐੱਫ. ਸੀ. ਬੈਂਕ ਲਿ:ਮਿ: ਬਰਾਂਚ ਕਲਾਨੌਰ (8) ਯੂਨੀਅਨ ਬੈਂਕ ਆਫ ਇੰਡੀਆ ਬਰਾਂਚ ਕਲਾਨੌਰ।
.......ਉੱਤਰਦਾਤੇ
ਦਰਖਾਸਤ ਬਰਾਏ ਤਕਸੀਮ ਅਧੀਨ ਧਾਰਾ 111 ਆਫ ਪੰਜਾਬ ਲੈਂਡ ਰੈਵੀਨਿਊ ਐਕਟ ਬਾਬਤ ਜ਼ਮੀਨ 171 ਕਨਾਲ 10 ਮਰਲੇ, ਖੇਵਟ ਨੰ: 292 ਖਤੌਨੀ ਨੰ: 437 ਤੋਂ 4393 ਮੁਤਾਬਕ ਜਮ੍ਹਾਂਬੰਦੀ ਸਾਲ 2022-23 ਵਾਕਿਆ ਪਿੰਡ ਕਲਾਨੌਰ (ਨਾਰਥ) ਹ: ਬ ਨੰ: 103, ਤਹਿਸੀਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ।
ਉਪਰੋਕਤ ਤਕਸੀਮ ਕੇਸ ਇਸ ਅਦਾਲਤ ਵਿੱਚ ਚੱਲਦਾ ਹੈ, ਅਗਲੀ ਪੇਸ਼ੀ ਮਿਤੀ 09.12.26 ਮੁਕਰਰ ਕੀਤੀ ਗਈ ਹੈ। ਇਸ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਉੱਤਰਦਾਤਿਆਂ ਦੀ ਤਾਮੀਲ ਅਸਾਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਨੋਟਿਸ ਅਖਬਾਰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਤਕਸੀਮ ਕੇਸ ਸੰਬੰਧੀ ਅਦਾਲਤ ਵਿੱਚ ਪੇਸ਼ ਹੋ ਕੇ ਆਪਣਾ ਉਜ਼ਰ/ਇਤਰਾਜ਼ ਪੇਸ਼ ਕਰ ਸਕਦਾ ਹੈ, ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਉੱਤਰਵਾਦੀ ਧਿਰ ਦੇ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਵਿੱਚ ਕੋਈ ਉਜ਼ਰ/ਇਤਰਾਜ਼ ਨਹੀਂ ਸੁਣਿਆ ਜਾਵੇਗਾ।
ਅੱਜ ਮਿਤੀ 12.11.26 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।
ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ ਕਲਾਨੌਰ (ਗੁਰਦਾਸਪੁਰ)।
ਨੰਬਰ: 510/ਰੀਡਰ ਮਿਤੀ : 12.11.26

COURT NOTICE

(U/o 5 Rule 20 CPC)
In the Court of
Ms. Rajbinder Kaur
Additional Civil Judge Senior Division - 2, Patiala
CNR No. PBPT02-002834-2026
Next Date:- 10-12-2026
Surinder Kumar Aged 55 Years S/O Karnail Singh R/O Village Sassa Gujran, Teh. and Distt. Patiala
Vs.
General Public
Publication Issued To:
General Public
: Gp
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 10-12-2026 at 10:00 a.m.
For details logon to https://highcourtchd.gov.in/?mod=district_notice&district=patiala
Additional Civil Judge Senior Division - 2, Patiala
Dated, this day of 10.11-2026

COURT NOTICE

(U/o 5 Rule 20 CPC)
In the Court of
Ms. Manni Arora
Civil Judge (Senior Division), Barnala
CNR No. PBBR02-000496-2026
Next Date:-25-11-2026
State Bank of India
Vs.
Balvir Singh
Publication Issued To:
Balvir Singh
Father: Kaka Singh
Vidhia Patti Vill Khuddi Kalan, Teh. and Distt. Barnala 94789-19144
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 25-11-2026 at 10:00 a.m.
For details logon to https://highcourtchd.gov.in/?mod=district_notice&district=Barnala
Civil Judge (Senior Division), Barnala
Dated, this day of 13.11.2026

ਕਲਾਸੀਫਾਈਡ ਇਸ਼ਤਿਹਾਰ

Change of Name

I Karandep Singh S/o. Mohan Singh, Village Purana Tanel, P.O. Nawan Tanel, Tehsil Baba Bakala s(Amritsar) have changed my name from Karandeep Singh to Kirandeep Singh. Comcerned Note.

I, Gurdial Son of Amar Nath R/o Village Natt, Tehsil Phillaur (JALANDHAR) That my son of Gurpreet Have Changed his name from Gurpreet To Gurpreet Bhangu. It is intention to the apporval of High commission of India in Germany.

I, Sukhmeet Kaur W/O Manmohan Singh Aulakh R/O 66 KV, Fatehgarh Churian Road, Opposite Power House, Near BLD School, Ajnala, Distt. Amritsar, Punjab have changed my name from Sukhmeet Kaur to Sukhmeet Kaur Aulakh. Concerned note.

I, Vir Singh S/O Lakha Singh R/O H. No. 38, VPO Pandori Ran Singh, Tehsil & Distt. Tarn Taran, Punjab have changed my name from Vir Singh to Veer Singh. Concerned note.

I, Urmla Kumari Oberai W/O Parmod Kumar Oberoi R/O 13-C, F-1/422, Mata Kaulan Marg, Kashmir Avenue, Amritsar, Punjab have changed my name from Urmla Kumari Oberai to Urmla Kumari Oberoi. Concerned note.

I, Sheetal Kaur W/o Pritam Singh R/o Vill. Alampur Bakka, Jalandhar have changed my name from Sheetal Kaur to Sital Kaur. All concerned please note.

I, Kuljeet Kaur W/o Gursharan Singh R/o Village Fatehgarh Sukar Chak Amritsar have changed my name from Kuljeet Kaur to Kuljit Kaur.

I Pardeep Singh S/O Kashmir Singh R/O Vill.Dhotian Tarn Taran Have Changed My Name From Pardeep Singh To Given Name Pardeep Surname Singh

I Manraj Singh S/O Sukhbir Singh R/O Vpo Dhunda Tarn Taran Have Changed My Name From Manraj Singh To Given Name Manraj Surname Singh

I Maninder Singh W/O Jaswinder Singh R/O Vill. Daulo Nangal Patti Chando Ki Po Beas Distt. Amritsar Have Changed my Name to Maninder Kaur.

I Angel Kohli W/o Ramesh Chander Kohli Resident of H No. 212/1-A, Gali No.4, Sahib Jada Jujhar Singh Avenue, Ajnala Road, Amritsar PIN Code No. 143008. I have changed my name from Angel Kohli to Angel. All concerned please note.

I, Mangal Singh Aulakh S/o Kishan Singh R/o VPO Lopoke Tehsil Ajnala District Amritsar have changed my name from Mangal Singh Aulakh to Mangal Singh.

I, Bhajan Singh s/o Darshan Lal r/o VPO. Madar, Distt. Jalandhar, Punjab have changed my Given name as Bhajan & Surname as Singh. All Please Note.

I, Peter s/o Joseph c/o Holy Trinity Regional Major Seminary Church, Church Nagar, Chogitti, Jalandhar have changed my name from Peter to Peter Hans. All Please Note.I, Kulwinder Singh s/o Chanan Singh r/o VPO. Nangal Shama, Jalandhar have changed the name of my minor daughter from Mannat Ralh to Mannat Noor. All Please Note.

I, Rashpal Singh S/o Baldev Singh R/o Village Bhattiwal, PO. Ghoman, Tehsil Batala, Distt. Gurdaspur, Punjab have changed my name from Rashpal Singh to Singh Rashpal. That Singh is My Surname & Rashpal is My Given Name. Concerned Note.

I, Manjit Kaur w/o Harpreet Singh r/o VPO. Gahot, Distt. Hoshiarpur-144212, Punjab have changed my name to Kaur Manjit. All Please Note.

Change of Name

I, Om Parkash s/o Sohan Lal r/o Vill. Jhinger Khurd, Po. Jhinger Kalan, Distt. Hoshiarpur-144205, Punjab have changed my name to Parkash Om. All Please Note.

I, Navdeep Kaur w/o Jaskaran Singh r/o Vill. Gidar Pindi, Po.Zahura, Hoshiarpur, Punjab have changed my name to Kaur Navdeep. All Please Note.

I, Ram Kumar S/o Ram Sagar R/o Salani Mata Mandir Road, Lamba Pind Chowk, Shaheed Udham Singh Nagar, PO. Chogitti, Distt. Jalandhar have changed my name from Ram Kumar to Raj Kumar Raut. All Please Note.

I, Ajay Kumar S/o Subhash Chander Sharma R/o H.No. 09, Tanki Wali Gali, Gulati Complex, New Santokh Pura, Jalandhar, Punjab-144004 have changed my name from Ajay Kumar to Ajay Sharma. All concerned please note.

I, Sarabjit Singh S/o Gurdial Singh R/o VPO. Narur, Tehsil Phagwara, Kapurthala have changed my name from Sarabjit Singh to Given Name Sarabjit & Surname as Singh. All concerned please note.

I, Yuvraj Sagar alias Haider Ali son of Late Sh. Sugriv Kumar R/o H.No. 3404/C, Near Guru Ravidass Chowk, Boota Mandi, Jalandhar, Punjab-144003 declare that my name has been recorded as Yuvraj Sagar (old name) in my all educational certificates. That now after the conversion into Islam I have changed my name as Haider Ali (New Name).

I, hitherto known as Jasvir Pawar S/o Amarjit Singh residing at Village Mohanwal, PO. Garhshankar, Distt. Hoshiarpur, Punjab-144527 have changed my name and shall hereafter be known as Jasvir Singh.

ਆਮ ਸੂਚਨਾ

ਮੈਂ ਸ਼ਰਨਜੀਤ ਕੌਰ ਪਤਨੀ ਪਰਮਜੀਤ ਸਿੰਘ ਵਾਸੀ 138/200 ਸ਼ਾਸਤਰੀ ਨਗਰ ਬਟਾਲਾ, ਗੁਰਦਾਸਪੁਰ, ਪੰਜਾਬ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਮੇਰੀ ਹੇਠ ਲਿਖੀ ਰਜਿਸਟਰੀ ਗੁੰਮ ਹੋ ਗਈ ਹੈ, ਜੋ ਕਿ ਅਸ਼ੋਕ ਕੁਮਾਰ ਪੁੱਤਰ ਰਾਮ ਲਾਲ ਨੇ ਮਾਨਸ ਕੌਰ ਪਤਨੀ ਪ੍ਰਿਥੀਪਾਲ ਸਿੰਘ ਨੂੰ 1/7/2016 ਨੂੰ ਵਸੀਕਾ ਨੰਬਰ 1422 ਰਾਹੀਂ ਵੇਚੀ ਸੀ। ਜੇਕਰ ਇਹ ਰਜਿਸਟਰੀ ਕਿਸੇ ਨੂੰ ਵੀ ਮਿਲੇ ਜਾਂ ਇਸ ਸੰਬੰਧੀ ਕੋਈ ਵੀ ਇਤਰਾਜ਼ ਹੋਵੇ ਤਾਂ ਉਕਤ ਨੰਬਰ 98554-61823 'ਤੇ ਸੰਪਰਕ ਕਰਕੇ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ ਦੇ ਸਕਦਾ ਹੈ।

ਖਾਤਾ ਨੰ: ਏ ਪੀ 29/0317 (3004544-351) ਗੁਰਮੇਲ ਸਿੰਘ ਪੁੱਤਰ ਦਲੀਪ ਸਿੰਘ, ਪਾਖਰ ਸਿੰਘ ਪੁੱਤਰ ਭੋਲਾ ਸਿੰਘ ਪਿੰਡ ਕੋਟ ਬਾਦਲ ਖਾਂ ਸਾਈਟ ਡੱਲਾ, ਤਹਿ. ਫਿਲੌਰ ਵਿਖੇ ਟਿਊਬਵੈੱਲ ਕੁਨੈਕਸ਼ਨ ਉਪ ਮੰਡਲ ਨੂਰਮਹਿਲ ਪੀ. ਐੱਸ. ਪੀ. ਸੀ. ਐੱਲ. ਵਿਖੇ ਚੱਲ ਰਿਹਾ ਹੈ। ਇਹ ਕੁਨੈਕਸ਼ਨ ਜਗਤਾਰ ਸਿੰਘ ਪੁੱਤਰ ਪਾਖਰ ਸਿੰਘ ਦੇ ਨਾਂਅ 'ਤੇ ਤਬਦੀਲ ਕੀਤਾ ਜਾ ਰਿਹਾ ਹੈ, ਜੇ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ ਲਿਖਤੀ ਰੂਪ ਵਿਚ ਪੀ ਐੱਸ ਪੀ ਸੀ ਐੱਲ ਨੂਰਮਹਿਲ ਉੱਪ ਮੰਡਲ ਨੂੰ 30 ਦਿਨਾਂ ਵਿਚ ਦੇਵੇ।

ਮੈਂ, ਵਿਨੈ ਮੁੰਦਰਾ ਪੁੱਤਰ ਸ੍ਰੀ ਮਹਾਬੀਰ ਮੁੰਦਰਾ, ਵਾਸੀ ਕੇ-16/41, ਭਗਤ ਸਿੰਘ ਪੁਰਾ, ਸੁਲਤਾਨਵਿੰਡ ਰੋਡ, ਗਲੀ ਨੰ: 1, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਧੀ ਮਾਧੁਰੀ ਮੁੰਦਰਾ ਨੂੰ ਮਿਤੀ 08.09.2021 ਨੂੰ 'ਨਵਾਂ ਜ਼ਮਾਨਾ' ਅਖ਼ਬਾਰ ਰਾਹੀਂ ਬੇਦਖਲ ਕਰ ਦਿੱਤਾ ਸੀ। ਹੁਣ ਮੈਂ ਜਨਤਕ ਐਲਾਨ ਕਰਦਾ ਹਾਂ ਕਿ ਮੈਂ ਆਪਣੀ ਧੀ ਮਾਧੁਰੀ ਮੁੰਦਰਾ ਨੂੰ ਬੇਦਖਲ ਕਰਨ ਸੰਬੰਧੀ ਦਿੱਤੀ ਜਨਤਕ ਸੂਚਨਾ ਨੂੰ ਵਾਪਸ ਲੈਂਦਾ ਹਾਂ ਅਤੇ ਉਸ ਨੂੰ ਰੱਦ ਕਰਦਾ ਹਾਂ। ਹੁਣ ਮੇਰੀ ਧੀ ਮਾਧੁਰੀ ਮੇਰੀ ਚੱਲ-ਅਚੱਲ ਜਾਇਦਾਦ ਦੀ ਬਰਾਬਰ ਦੀ ਹੱਕਦਾਰ ਹੋਵੇਗੀ।

ਮੈ ਸਾਰਜ ਪੁੱਤਰ ਆਸ਼ਾ ਵਾਸੀ ਧਰਮਪੁਰਾ ਵਾਰਡ ਨੰ:13 ਮੱਲਾਂਵਾਲਾ, ਤਹਿ: ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਦਾ ਹਾਂ। ਮੈਂ ਆਪਣੇ ਲੜਕੇ ਅਜੇ ਨੂੰ ਬੇਦਖ਼ਲ ਕੀਤਾ ਸੀ। ਹੁਣ ਮੇਰਾ ਲੜਕਾ ਅਜੇ ਮੇਰੇ ਕਹਿਣੇ ਵਿੱਚ ਹੈ। ਮੈਂ ਆਪਣੇ ਵੱਲੋਂ ਕੀਤੀ ਹੋਈ ਬੇਦਖਲੀ ਨੂੰ ਵਾਪਸ ਲੈਂਦਾ ਹਾਂ ਤੇ ਮੇਰਾ ਲੜਕਾ ਅਜੇ ਮੇਰੀ ਚੱਲ-ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ।ਉਕਤ ਅਜੇ ਦਾ ਮੈਂ ਹਰ ਤਰ੍ਹਾਂ ਦਾ ਜ਼ਿੰਮੇਵਾਰ ਹੋਵਾਂਗਾ।

ਮੈਂ, ਗੁਰਜੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਸੁੰਦਰ ਨਗਰ ਡੇਰਾ ਰੋਡ ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ 29-10-2026 ਨੂੰ ਗਾਂਧੀ ਚੌਂਕ ਬਟਾਲਾ ਨੂੰ ਜਾ ਰਿਹਾ ਸੀ ਕਿ ਰਸਤੇ ਵਿੱਚ ਮੇਰਾ ਬੈਗ ਡਿੱਗ ਗਿਆ ਜਿਸ ਵਿੱਚ ਇੱਕ ਰਜਿਸਟਰੀ 8 ਮਰਲੇ ਕਰਮ ਸਾਢੇ ਪੰਜ ਫੁੱਟ ਵਾਕਿਆ ਫੈਜ਼ਪੁਰਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਜਿਸਦਾ ਵਸੀਕਾ ਨੰ: 832 ਮਿਤੀ 25-05-2017 ਸੀ ਜੋ ਕਿ ਹਨੀਸ਼ ਭੱਲਾ ਅਤੇ ਪੂਜਾ ਭੱਲਾ ਅਤੇ ਪਵਨ ਭੱਲਾ ਨੇ ਨਿਸ਼ਾ ਸੋਢੀ ਦੇ ਹੱਕ ਵਿੱਚ ਕੀਤੀ ਸੀ। ਜੇਕਰ ਇਹ ਦਸਤਾਵੇਜ਼ ਕਿਸੇ ਨੂੰ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੇ।

ਬੇਦਖਲੀ ਨੋਟਿਸ

ਮੈਂ, ਕੁਲਵਿੰਦਰ ਸਿੰਘ ਪੁੱਤਰ ਜਿੱਤ ਸਿੰਘ ਵਾਸੀ ਪਿੰਡ ਮਹੇੜੂ, ਨਕੋਦਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰਵਿੰਦਰ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਲਸ਼ਨ ਕੁਮਾਰ ਪੁੱਤਰ ਪ੍ਰਕਾਸ਼ ਚੰਦ ਵਾਸੀ ਵਾਰਡ ਨੰਬਰ 8, ਬੁਢਲਾਡਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਡੇਵਿਡ ਅਤੇ ਉਸ ਦੀ ਪਤਨੀ ਗਰਿਮਾ ਅਵਸਥੀ ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮੰਜੂ ਬਾਵਾ ਪਤਨੀ ਲੇਟ ਸੁਨੀਲ ਬਾਵਾ ਵਾਸੀ ਮਕਾਨ ਨੰ: 226/ਏ, ਗਲੀ ਨੰ: 6, ਨਿਜਾਤਮ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਯਤਿਨ ਅਤੇ ਉਸ ਦੀ ਪਤਨੀ ਅਨੂ ਅਤੇ ਇਨ੍ਹਾਂ ਦੀ ਛੋਟੀ ਲੜਕੀ ਕਾਮਾਕਸ਼ੀ ਅਤੇ ਮਹੀਰਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੀ ਤੇ ਮੇਰੇ ਪਰਵਾਰ ਦੀ ਇੱਜ਼ਤ-ਮਾਣ ਨਹੀਂ ਕਰਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਰਾਮ ਕ੍ਰਿਸ਼ਨ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਕਲਵਾਨੂੰ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਭੀਮ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਮੈਂ, ਰੇਖਾ ਪਤਨੀ ਸਵ: ਸ੍ਰੀ ਸੁਰਿੰਦਰ ਵਾਸੀ ਮੁਹੱਲਾ ਬਾਲਮੀਕ ਉੜਮੁੜ, ਡਾਕ. ਉੜਮੁੜ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਸਾਡਾ ਲੜਕਾ ਮੁਕੇਸ਼ ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਦੇ ਨਾਲ ਕਿਸੇ ਤਰ੍ਹਾਂ ਦਾ ਲੈਣ-ਦੇਣ, ਸੰਬੰਧ ਰੱਖੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਬਾਕੀ ਪਰਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕੁਲਵਿੰਦਰ ਕੌਰ ਪਤਨੀ ਸੰਤੋਖ ਸਿੰਘ, ਵਾਸੀ ਪਿੰਡ ਕਾਲਾ ਸੰਘਿਆ, ਜ਼ਿਲ੍ਹਾ ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੰਦੀਪ ਸਿੰਘ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ, ਜਿਸ ਕਰਕੇ ਮੈਂ ਆਪਣੇ ਲੜਕੇ ਸੰਦੀਪ ਸਿੰਘ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰੇ ਲੜਕੇ ਸੰਦੀਪ ਸਿੰਘ ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਦਾ ਹੈ ਤਾਂ ਇਸ ਲਈ ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਰੇ ਸਬੰਧਤ ਨੋਟ ਕਰਨ।

ਮੈਂ, ਨੀਰੂ ਚਾਵਲਾ ਪਤਨੀ ਲੇਟ ਵਿਨੇਸ਼ ਖੰਨਾ ਵਾਸੀ ਮਕਾਨ ਨੰਬਰ ਈ-7/47, ਨਜ਼ਦੀਕ ਏਕਤਾ ਭਵਨ, ਰਣਜੀਤਪੁਰਾ, ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਾਹਿਲ ਖੰਨਾ ਅਤੇ ਇਸ ਪਤਨੀ ਮੇਘਾ ਸੋਨੀ ਖੰਨਾ, ਇਨ੍ਹਾਂ ਦੀ ਔਲਾਦ ਇਕ ਲੜਕਾ ਧਰੁਵਿਤ ਖੰਨਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਜਿਨ੍ਹਾਂ ਨੂੰ ਮੈਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ਅਤੇ ਇਹ ਆਪਣੇ ਕੀਤੇ ਚੰਗੇ-ਮਾੜੇ ਕੰਮਾਂ ਦੇ ਵੀ ਖੁਦ ਜ਼ਿੰਮੇਵਾਰ ਹੋਵੇਗੇ। ਇਸ ਵਿਚ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੁੱਚਾ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਸੈਸਰਾ ਪੱਤੀ, ਰਾਮਪੁਰਾ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਸਿੰਘ, ਨੂੰਹ ਨਵਨੀਤ ਕੌਰ ਅਤੇ ਹਿੰਮਤ ਸਿੰਘ ਪੋਤਰਾ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ, ਦਲਬੀਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਮਕਾਨ ਨੰ: ਐੱਲ 7/2805, ਗਲੀ ਮੁਰੱਬੇ ਵਾਲੀ ਕਿਸ਼ਨ ਨਗਰ, ਤਰਨ ਤਾਰਨ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਹਿਬਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਪਰਮਜੀਤ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਨਹੀਂ ਹੈ।

ਨਾਂਅ ਦੀ ਬਦਲੀ

ਦਿਵਿਆ ਪਤਨੀ ਸ੍ਰੀ ਮਨਜੀਤ ਪਾਲ ਵਾਸੀ ਪਿੰਡ ਖਾਂਬੜਾ ਜ਼ਿਲਾ ਜਲੰਧਰ-144026 ਨੇ ਆਪਣਾ ਨਾਮ ਦਿਵਿਆ ਤੋਂ ਬਦਲ ਕੇ ਦਿਵਿਆ ਰਾਣੀ ਰੱਖ ਲਿਆ ਹੈ 9

ਅਮਨਪ੍ਰੀਤ ਪੁੱਤਰ ਬਲਵਿੰਦਰ ਪਾਲ ਵਾਸੀ ਪਿੰਡ ਲਾਂਬੜਾ ਅਬਾਦੀ, ਡਾਕ ਲਾਂਬੜਾ ਜ਼ਿਲ੍ਹਾ ਜਲੰਧਰ ਨੇ ਆਪਣਾ ਨਾਮ ਅਮਨਪ੍ਰੀਤ ਤੋਂ ਅਮਨਪ੍ਰੀਤ ਸ਼ੀਮਾਰ ਕਰ ਲਿਆ ਹੈ।

ਮੈਂ, RITU BANSAL ਪਤਨੀ ਪ੍ਰਦੀਪ ਕੁਮਾਰ, ਵਾਸੀ ਮਕਾਨ ਨੰ. 117, ਵਾਰਡ ਨੰ. 11/ਏ, ਸ਼ਿਵਪੁਰੀ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ REETU BANSAL ਕਰ ਲਿਆ ਹੈ।

ਮੈਂ ਸਿਮਰਨ ਯਾਦਵ ਪੁਤਰੀ ਭੁਪਿੰਦਰ ਸਿੰਘ ਵਾਸੀ ਨਿਊ ਅਜਾਦ ਨਗਰ ਅੰਮ੍ਰਿਤਸਰ ਨੇ ਆਪਣਾ ਨਾਮ ਸਿਮਰਨ ਯਾਦਵ ਤੋਂ ਬਦਲ ਕੇ ਸਿਮਰਨਪ੍ਰੀਤ ਕੌਰ ਰੱਖ ਲਿਆ ਹੈ।

ਮੈਂ ਦੀਕਸ਼ਾ ਯਾਦਵ ਪੁਤਰੀ ਭੁਪਿੰਦਰ ਸਿੰਘ ਵਾਸੀ ਨਿਊ ਅਜਾਦ ਨਗਰ ਅੰਮ੍ਰਿਤਸਰ ਨੇ ਆਪਣਾ ਨਾਮ ਦੀਕਸ਼ਾ ਯਾਦਵ ਤੋਂ ਬਦਲ ਕੇ ਦਿਕਸ਼ਪ੍ਰੀਤ ਕੌਰ ਰੱਖ ਲਿਆ ਹੈ।

PUBLIC NOTICE

I Harpinder Kaur w/o Gurbakhsh Singh R/o Village Shikar, Tehsil Dera Baba Nanak, (Gurdaspur) declare that on my bank account No 03602191006648 my name recorded as Palwinder Kaur whereas according to my Aadhar Card No. 350155570248 my name is Harpinder Kaur which is correct. All concerned note.

I, Lalit Mohan Joshi S/o Devi Dutt Joshi R/o H.No. BP-54, Bashir Pura, Jalandhar, Punjab declare that my son Rishabh Mohan Joshi is out of my control and do not obey me. So I disinherit him from all my moveable and Immoveable properties. I and my family shall not be held responsible for any of his act, deed and things related to him. All concerned please note.

I, Yuvraj Sagar alias Haider Ali son of Late Sh. Sugriv Kumar R/o H.No. 3404/C, Near Guru Ravidass Chowk, Boota Mandi, Jalandhar, Punjab-144003 declare that we belongs to Hindu religious by birth. That we having sound mind and health and is major and knows about the bad and good consequences and can think about his betterment and better future. That we have gone through the basic literature and religious books pertaining to Islam and decided to embrace Islam and as such gone through necessary Kalma and became Muslim by conversion. That we become Muslim by conversion with his free will and consent and also without any pressure from any side.

ਬੇਦਖਲੀ ਨੋਟਿਸ

ਅਸੀਂ ਬ੍ਰਿਜ ਮੋਹਨ ਅਗਨੀਹੋਤਰੀ ਪੁੱਤਰ ਮਦਨ ਲਾਲ ਅਗਨੀਹੋਤਰੀ ਅਤੇ ਰੀਤੂ ਅਗਨੀਹੋਤਰੀ ਪਤਨੀ ਬ੍ਰਿਜ ਮੋਹਨ ਅਗਨੀਹੋਤਰੀ ਵਾਸੀਆਨ ਪ੍ਰੇਮ ਵਿਲਾ, ਬਜਵਾੜਾ, ਰਿੰਗ ਰੋਡ, ਪਿੰਡ ਤੇ ਡਾਕ: ਸ਼ੇਰਗੜ੍ਹ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਮਿਤ ਅਗਨੀਹੋਤਰੀ ਅਤੇ ਉਸਦੀ ਪਤਨੀ ਸ਼ਬਨਮ ਸ਼ਰਮਾ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਅਸੀਂ ਰਾਜੇਸ਼ ਕੁਮਾਰ ਗੋਗਨਾ ਪੁੱਤਰ ਲੇਟ ਸ਼੍ਰੀ ਸੋਮ ਨਾਥ ਗੋਗਨਾ ਅਤੇ ਸ਼ਿਵੀ ਗੋਗਨਾ ਪਤਨੀ ਰਾਜੇਸ਼ ਕੁਮਾਰ ਗੋਗਨਾ ਵਾਸੀਆਨ ਮਕਾਨ ਨੰ: 294, ਐਸ ਯੂ ਐਸ ਨਗਰ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕਾਰਤਿਕ ਗੋਗਨਾ ਅਤੇ ਉਸਦੀ ਪਤਨੀ ਪ੍ਰਿਅੰਕਾ ਗੰਡੋਤਰਾ ਦੋਵੇਂ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਪਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕਿਸੇ ਵੀ ਤਰ੍ਹਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

THE NAKODAR HINDU URBAN CO-OPERATIVE BANK LTD.

POST OFFICE ROAD, SABJI MANDI, NAKODAR. PH. NO. 01821-502461

ਲੋੜ ਹੈ

ਬੈਂਕ ਵੱਲੋਂ ਇਕ ਸਾਲ, ਅੱਗੇ ਵੀ ਜਾਰੀ ਰਹਿਣ ਦੀ ਸੰਭਾਵਨਾ, ਲਈ ਸੀ ਈ ਓ ਦੀ ਅਸਾਮੀ ਲਈ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ। ਤਨਖਾਹ ਆਪਸੀ ਗੱਲਬਾਤ ਰਾਹੀਂ। ਸੀ ਏ ਜਾਂ ਬੈਂਕ 'ਚ ਮੈਨੇਜਰ ਵੱਜੋਂ ਤਿੰਨ ਸਾਲ ਤੋਂ ਵੱਧ ਦੇ ਤਜਰਬੇ ਵਾਲੇ ਨੂੰ ਤਰਜੀਹ ਦਿੱਤੀ ਜਾਵੇਗੀ। ਅਸਾਮੀ ਲਈ ਨਿਮਨ ਹਸਤਾਖਰੀ ਨੂੰ 28 ਨਵੰਬਰ 2026 ਤੱਕ ਬਿਨੈ ਕੀਤਾ ਜਾ ਸਕਦਾ ਹੈ। ਚੇਅਰਮੈਨ

Lost and Found

1 Surinder Kumar Sr. Branch Manager Punjab National Bank Branch Chowk Shakti Nagar, Amritsar, do hereby solemnly affirm & declare as under : That the original Sale Deed, registered as Document No. 13958, entered in Bahi No. 1, Jild No. 7380, at Page No. 57, in favour of Rajiv Kumar and Sanjiv Kumar, both sons of Jagdish Chander, has been misplaced from the official records of the Bank. Consequently, a Daily Diary Report (DDR) bearing No. 026, dated November 5, 2026, has been duly lodged at the Police Station, D Division Amritsar.

COURT NOTICE

In the Court of Sh. Sparsh Puri
Civil Judge Junior Division, Amritsar
CNR NO. PBAS02-005291-2026
CASE NO. CS/4562/2026
NEXT DATE: 25-11-2026
Kanwaljit Kaur
.....plaintiff
Versus
Anju Sharma & Others
........defendants
Notice To Defendants :-
1. Anju Sharma wife of Ramesh Kumar Sharma, Resident of Mohan Nagar, Sultanwind Road, Amritsar.
3. Sukhjinder Singh S/o Sh. Harnam Singh, R/o Preet Avenue, Fatehgarh Churian Road, Amritsar.
Suit For Declaration and PI
In the above titled case, the defendants could not be served through ordinary process. It is ordered that defendants should appear in person or through counsel on 25-11-2026.
For details logon to https://highcourtchd.gov.in/?trs=district_notice&district=amritsar.
Given under my hand and the seal of the Court, this 13-11-2026.
Civil Judge Junior Division, Amritsar

COURT NOTICE

(U/o 5 Rule 20 CPC)
In the Court of
Ms. Manni Arora
Civil Judge (Senior Division), Barnala
CNR No. PBBR02-001391-2026
Next Date:-25-11-2026
Bank Of Baroda
Vs.
Paramjeet Singh
Publication Issued To:
Paramjeet Singh
Father: Avtar Singh
Nihaluwal Teh. And Distt. Barnala 9779943066
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 25-11-2026 at 10:00 a.m.
For details logon to https://highcourtchd.gov.in/?mod=district_notice&district=Barnala
Civil Judge (Senior Division) Barnala
Dated, this day of 13.11.2026

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਨਿਵਿਦਾ ਨੰਬਰ :— 223-2026-27-Sr.DEN-C-FZR ਤਾਰੀਕ : 13.11.2026

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਕੰਮਾਂ ਦੇ ਲਈ ਖੁਲੀਆਂ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ, ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 04.12.2026 ਸਮਾਂ 15:00 ਵਜੇ ਤਕ ਹੈ। ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ ਜਾਂ ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਨਿਵਿਦਾਵਾਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ ਅਤੇ ਜੇਕਰ ਕੋਈ ਨਿਵਿਦਾ ਪ੍ਰਾਪਤ ਹੁੰਦੀ ਹੈ, ਤਾਂ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੇਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in 'ਤੇ ਲਾਗ ਆਨ ਕਰੋ।

ਨਿਵਿਦਾ ਪ੍ਰਕਾਰ	ਨਿਵਿਦਾ ਅਨੁਭਾਗ	ਬੋਲੀ ਪ੍ਰਣਾਲੀ
ਖੁਲ੍ਹਾ	ਕੰਮ	ਦੋ ਪੈਕੇਟ ਪ੍ਰਣਾਲੀ
ਨਿਵਿਦਾ ਅਪਲੋਡ ਕਰਨ ਦੀ ਮਿਤੀ	ਬੋਲੀ ਸ਼ੁਰੂ ਦੀ ਮਿਤੀ	ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ
12.11.2026	20.11.2026	04.12.2026 15:00 ਵਜੇ

ਲ.	ਨਿਵਿਦਾ ਨੰਬਰ	ਨਿਵਿਦਾ ਦਾ ਵੇਰਵਾ
1	223-2026-27-Sr.DEN-C-FZR	ਫਿਰੋਜ਼ਪੁਰ ਮੰਡਲ ਵਿਖ ਵਖ-ਵਖ ਲੂਪ ਲਾਈਨਾਂ ਅਤੇ ਯਾਰਡ ਲਾਈਨਾਂ ਦੀ ਫਲੈਸ਼ ਬਟ ਵੇਲਡਿੰਗ ਦਾ ਕੰਮ।

ਵਿਗਿਆਪਨ ਮੁਲ (ਰੁ.)	ਬਿਆਨਾ ਰਾਸ਼ੀ	ਆਫਰ ਦੀ ਵੈਲੇਡਿਟੀ	ਸਮਾਪਤੀ ਦਾ ਸਮਾਂ
134015905.92	2680300.00	90 ਦਿਨ	12 ਮਹੀਨੇ

ਸਮਾਨ ਨੇਚਰ ਦਾ ਕੰਮ- "ਮੋਬਾਈਲ ਫਲੈਸ਼ ਬਟ ਵੇਲਡਿੰਗ ਪਲਾਂਟ ਨਾਲ ਰੇਲ ਦੀ ਵੇਲਡਿੰਗ"।

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 3975/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ANMOL INDIA LIMITED

CIN: L51909PB1998PLC050300
Registered Office: 2nd Floor, 2/43, B- Block, Aggar Nagar, Ludhiana, Punjab-141001.
Tel.: 0161-4503400, Website: www.anmolindialtd.com, Email: csprabhjot@anmolindialtd.com

EXTRACT OF UNAUDITED STANDALONE FINANCIAL RESULTS FOR THE QUARTER AND HALF YEAR ENDED 30TH SEPTEMBER, 2026 (Amount in Crores except EPS)

Particulars	Quarter Ended 30.09.2026 (Un-audited)	Quarter Ended 30.09.2025 (Un-audited)	Year Ended 31.03.2026 (Audited)
Total Income from operations	268.59	230.86	1426.41
Net Profit / (Loss) for the period (before Tax, Exceptional and/or Extra ordinary items)	4.36	0.09	15.26
Net Profit / (Loss) for the period before tax (after Exceptional and/ or Extra ordinary items)	4.36	0.09	15.26
Net Profit / (Loss) for the period after tax (after Exceptional and/ or Extra ordinary items)	3.26	0.07	11.30
Total Comprehensive Income for the period [Comprising Profit/(Loss) for the period (after tax) and Other Comprehensive Income (after tax)]	3.26	0.07	11.42
Equity Share Capital	56.91	56.91	56.91
Reserves (excluding Revaluation Reserve) as shown in the Audited Balance Sheet of the previous year	70.61	50.56	62.05
Earnings Per Share (of Rs.10/- each) (for continuing and discontinued operations)-			
Basic	0.57	0.01	1.99
Diluted	0.57	0.01	1.99
*EPS for the quarter is not annualized			

Note : (1) The above is an extract of the detailed format of result for Quarter and Half Year ended 30th September, 2026 filed with the Stock Exchanges under Regulation 33 of the SEBI (Listing and Other Disclosure Requirements) Regulations, 2015.The full format of the said results are available on the websites of the Stock Exchanges websites at www.bseindia.com, www.nseindia.com and the listed entity at www.anmolindialtd.com. (2) The Standalone Financial Results have been prepared in accordance with principles of Indian Accounting Standards (Ind AS) as specified by ICAI and Section 133 of the Companies Act, 2013.

For & On behalf of Anmol India Limited
Sd/-
Vijay Kumar
Managing Director & CFO
DIN: 00574900
Place : Ludhiana
Date : 13.11.2026

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਯਾਂਤਰਿਕ ਇੰਜੀਨੀਅਰ (ਕੈ ਤੇ ਵੈ) ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀਦਾਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੇਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।ਕੰਮ ਦੀ ਵਿਸਤ੍ਰਿਤ

ਨਿਵਿਦਾ ਪ੍ਰਕਾਰ	ਬੋਲੀ ਪ੍ਰਣਾਲੀ	ਨਿਵਿਦਾ ਅਪਲੋਡ ਕਰਨ ਦੀ ਮਿਤੀ/ ਸਮਾਂ	ਬੋਲੀ ਸਮਾਪਤ ਮਿਤੀ/ ਸਮਾਂ	ਬੋਲੀ ਖੁਲਣ ਦੀ ਮਿਤੀ/ ਸਮਾਂ
ਖੁਲ੍ਹਾ	ਸਿੰਗਲ ਪੈਕੇਟ ਪ੍ਰਣਾਲੀ	12.11.2026 ਸਮਾਂ 19:15 ਵਜੇ	10.12.2026 ਸਮਾਂ 15:00 ਵਜੇ	10.12.2026 ਸਮਾਂ 15:05 ਵਜੇ

ਲ.ਨੰ.	ਨਿਵਿਦਾ ਨੰ.	ਨਿਵਿਦਾ ਦਾ ਵੇਰਵਾ
1	09-Junction-Box-2026	C&W ਡਿਪੋ ਛਵ ਅਤੇ FZR ਵਿਚ LHB ਕੋਚਾਂ ਦੇ ਲਈ, ਸੰਸ਼ੋਧਿਤ ਸਪੀਡ ਸੇਂਸਰ ਕੇਬਲ ਲੇਆਉਟ ਦੇ ਨਾਲ ਮਾਡਿਫਾਈਡ ਜੰਕਸ਼ਨ ਬਾਕਸ ਦੀ ਸਟੈਂਡਰਡ ਮਾਊਂਟਿੰਗ, ਅਤੇ WSP ਜੰਕਸ਼ਨ ਬਾਕਸ ਅਤੇ ਸੇਂਸਰ ਦੇ ਪੰਕਚਰ ਹੋ ਚੁਕੇ ਜੰਕਸ਼ਨ ਬਾਕਸ ਦੀ ਮੁਰੰਮਤ।

ਵਿਗਿਆਪਨ ਮੁੱਲ	ਬਿਆਨਾ ਰਾਸ਼ੀ	ਵੈਲੇਡਿਟੀ ਮਿਆਦ	ਕੰਮ ਦੀ ਮਿਆਦ
Rs 32,50,140.08/-	Rs 65000/-	45 Days	120 ਮਹੀਨੇ

ਵਧੇਰੇ ਜਾਣਕਾਰੀ ਦੇ ਲਈ www.ireps.gov.in 'ਤੇ ਲਾਗ ਇਨ ਕਰੋ। 3974/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਨੇ ਧਰਨੇ ਸੰਬੰਧੀ ਦਿੱਤਾ ਮੰਗ ਪੱਤਰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਸੰਯੁਕਤ ਕਿਸਾਨ ਮੋਰਚਾ ਦੀਆ ਜਥੇਬੰਦੀਆਂ ਵਲੋਂ ਪੁਲਸ ਕਮਿਸ਼ਨਰ ਸਤਿੰਦਰ ਸਿੰਘ ਜਲੰਧਰ ,ਐਸ ਪੀ ਗੁਰਪ੍ਰੀਤ ਸਿੰਘ ਗਿੱਲ ਜਲੰਧਰ ਤੇ ਮੁੱਖ ਮੰਤਰੀ ਓ ਐਸ ਡੀ ਰਜਮਨਦੀਪ ਕੌਰ ਜਲੰਧਰ ਨੂੰ ਇੱਕ ਮੰਗ ਪੱਤਰ ਸੌਂਪਿਆ ਜਿਸ ਵਿੱਚ ਦੱਸਿਆ ਕਿ ਗੰਨੇ ਦਾ ਰੇਟ ਪੰਜਾਬ ਸਰਕਾਰ ਵੱਲੋਂ ਹਾਲੇ ਤੱਕ ਅਨਾਊਂਸ ਨਹੀਂ ਕੀਤਾ। ਨਵੰਬਰ ਦੇ ਅਖੀਰ ਮਿੱਲਾ ਚੱਲ ਪੈਂਦੀਆਂ ਹਨ ਪਰ ਸਰਕਾਰ ਹਾਲੇ ਵੀ ਸੁੱਤੀ ਪਈ ਹੈ।



ਪਿਛਲੇ ਸਾਲ ਗੰਨੇ ਦਾ ਰੇਟ 416 ਪ੍ਰਤੀ ਕੁਇੰਟਲ ਸੀ। ਸੰਯੁਕਤ ਕਿਸਾਨ ਮੋਰਚੇ ਨੇ ਮੰਗ ਕੀਤੀ ਕਿ 500ਰੁਪਏ ਗੰਨੇ ਦਾ ਰੇਟ ਅਨਾਊਂਸ ਕਰੇ, ਸਰਕਾਰ ਨਾਲ ਹੀ ਕੋਆਪਰੇਟਿਵ ਖੰਡ ਮਿੱਲਾਂ ਵਾਂਗ ਇੱਕ ਕਾਊਂਟਰ ਇੱਕ ਪੇਮੇਂਟ ਦਾ ਫਾਰਮੂਲਾ ਪੰਜਾਬ ਸਰਕਾਰ ਤਿਆਰ ਕਰੇ। ਪਿਛਲੇ ਸੀਜਨ ਦੀ ਸਬਸਿਡੀ ਦੀ ਰਾਸ਼ੀ ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਖੰਡ ਮਿਲਾਂ ਦੀ ਕਰੀਬ ਸਾਢੇ ਸੱਤ ਕਰੋੜ ਰੁਪਏ ਹਾਲੇ ਵੀ ਕਿਸਾਨਾਂ ਦੇ ਖਾਤਿਆਂ ਵਿੱਚ ਨਹੀਂ ਪਾਈ।

ਫਗਵਾੜਾ ਖੰਡ ਮਿਲ ਦੀ ਸੰਨ 2020-2021ਦਾ 28 ਕਰੋੜ ਰੁਪਿਆ ਬਕਾਇਆ ਅਤੇ 2025 -26 ਦਾ 68-50 ਪੈਸੇ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ 18 ਕਰੋੜ 93 ਲੱਖ ਰੁਪਿਆ ਪੰਜਾਬ ਸਰਕਾਰ ਨੇ ਖਾਤਿਆਂ ਵਿੱਚ ਨਹੀਂ ਪਾਇਆ। ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਬੰਦ ਕਰ ਦਿੱਤੀ ,ਪਰੰਤੂ ਬਹੁਤ ਸਾਰੇ ਜਿਲਿਆਂ ਵਿੱਚ ਹਾਲੇ ਵੀ ਝੋਨਾ ਮੰਡੀਆਂ ਵਿੱਚ ਪਿਆ ਹੈ। ਕਰੀਬ 20 ਲੱਖ ਮੀਟਰਿਕ ਟਨ ਝੋਨਾ ਮੰਡੀਆਂ ਵਿੱਚ ਰੁਲ ਰਿਹਾ ਹੈ, ਦੀ ਖਰੀਦ ਨੂੰ ਤੁਰੰਤ ਚਾਲੂ ਕੀਤਾ ਜਾਵੇ। ਇਹ ਸਾਰੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਨੂੰ 18 ਨਵੰਬਰ ਤੱਕ ਦਾ ਅਲਟੀਮੇਟਮ ਦੇ ਦਿੱਤਾ ਗਿਆ। ਜੇਕਰ ਇਹ ਮੰਗਾਂ 18 ਨਵੰਬਰ ਤੱਕ ਨਾ ਮੰਨੀਆਂ ਤਾਂ 20 ਨਵੰਬਰ ਨੂੰ ਧੰਨੋਵਾਲੀ ਰੇਲਵੇ ਫਾਟਕ ਤੇ ਅਣਮਿੱਥੇ ਸਮੇਂ ਵਾਸਤੇ ਟਰੈਫਿਕ ਜਾਮ ਤੇ ਰੇਲ ਰੋਕੋ ਧਰਨਾ ਲਾਇਆ ਜਾਵੇਗਾ ।

ਇਸ ਮੌਕੇ ਦੁਆਬਾ ਕਿਸਾਨ ਕਮੇਟੀ ਪੰਜਾਬ ਜੰਗਵੀਰ ਸਿੰਘ ਚੌਹਾਨ, ਮਾਝਾ ਕਿਸਾਨ ਸੰਘਰਸ਼ ਕਮੇਟੀ ਬਲਵਿੰਦਰ ਸਿੰਘ ਰਾਜੂ ਔਲਖ, ਦੁਆਬਾ ਕਿਸਾਨ ਸੰਘਰਸ਼ ਕਮੇਟੀ ਬਲਵਿੰਦਰ ਸਿੰਘ ਮੱਲੀ ਨੰਗਲ, ਬੀ ਕੇ ਯੂ ਲੱਖੋਵਾਲ ਹਰਮਿੰਦਰ ਸਿੰਘ ਖਹਿਰਾ, ਕਿਰਤੀ ਕਿਸਾਨ ਯੂਨੀਅਨ ਜ਼ਿਲਾ ਪ੍ਰਧਾਨ ਸੰਤੋਖ ਸਿੰਘ ਸੰਧੂ, ਆਲ ਇੰਡੀਆ ਕਿਸਾਨ ਸਭਾ ਜ਼ਿਲ੍ਹਾ ਪ੍ਰਧਾਨ ਸੰਦੀਪ ਅਰੋੜਾ ,ਬੀਕੇਯੂ ਕਾਦੀਆਂ ਅਮਰੀਕ ਸਿੰਘ ਜਿਲਾ ਪ੍ਰਧਾਨ,ਜਨਰਲ ਸਕੱਤਰ ਰਜਿੰਦਰ ਸਿੰਘ, ਮੀਤ ਪ੍ਰਧਾਨ ਰਣਜੀਤ ਸਿੰਘ ਬਾਜਵਾ ਬਲਵੀਰ ਸਿੰਘ ਸੋਹੀਆ, ਸੁਖਵਿੰਦਰ ਸਿੰਘ ਡਰਾਵਾ, ਸਤਪਾਲ ਸਿੰਘ ਮਿਰਜਾਪੁਰ, ਸੁਰਜੀਤ ਸਿੰਘ ,ਬਲਜੀਤ ਸਿੰਘ, ਜਸਵੰਤ ਸਿੰਘ, ਅਮਰੀਕ ਸਿੰਘ, ਕਸ਼ਮੀਰ ਸਿੰਘ, ਸੁਰਜੀਤ ਸਿੰਘ, ਬਲਜੀਤ ਸਿੰਘ ਘੋੜਾ ਵਾਹੀ, ਰਜਿੰਦਰ ਪਾਲ ਸਿੰਘ ਧਾਲੀਵਾਲ, ਗੁਰਵਿੰਦਰ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

ਵਧੀਆ ਕਾਰਗੁਜ਼ਾਰੀ ਵਾਲੀਆਂ ਆਂਗਨਵਾੜੀ ਵਰਕਰਾਂ ਨੂੰ ਵੰਡੇ ਪ੍ਰਸ਼ੰਸਾ ਸਰਟੀਫਿਕੇਟ

ਬੰਗਾ (ਅਵਤਾਰ ਕਲੇਰ)- ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਕਮਿਊਨਿਟੀ ਹਾਲ, ਹੱਪੋਵਾਲ ਵਿਖੇ ਆਂਗਨਵਾੜੀ ਵਰਕਰਾਂ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਚੇਅਰਪਰਸਨ, ਦਲਿਤ ਵਿਕਾਸ ਬੋਰਡ ਅਤੇ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬੰਗਾ ਸੋਹਣ ਲਾਲ ਢੰਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਪੂਰਨ ਪੰਕਜ ਸ਼ਰਮਾ ਨੇ ਯੋਜਨਾ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਲਕਾ ਬੰਗਾ ਵਿੱਚ ਹੁਣ ਤੱਕ 59,421 ਲਾਭਪਾਤਰੀਆਂ ਨੂੰ ਇਸ ਯੋਜਨਾ ਤਹਿਤ ਰਜਿਸਟਰ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੂਰੇ ਜ਼ਿਲ੍ਹੇ ਵਿੱਚ ਹੁਣ ਤੱਕ ਲਗਭਗ 57 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਅਦਾ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹਲਕਾ ਬੰਗਾ ਵਿੱਚ ਇਹ ਯੋਜਨਾ ਮਈ 2026 ਦੌਰਾਨ ਸ਼ੁਰੂ ਕੀਤੀ ਗਈ ਸੀ ਅਤੇ ਆਂਗਨਵਾੜੀ ਵਰਕਰਾਂ ਵੱਲੋਂ ਇਸ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਯੋਜਨਾ ਤਹਿਤ ਕੀਤੇ ਗਏ ਪ੍ਰਬੰਧਾਂ ਅਨੁਸਾਰ ਆਂਗਨਵਾੜੀ ਵਰਕਰਾਂ ਦੀ ਬਣਦੀ ਪ੍ਰੋਤਸਾਹਨ ਰਾਸ਼ੀ ਜਲਦ ਹੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪਾ ਦਿੱਤੀ ਜਾਵੇਗੀ। ਸੋਹਣ ਲਾਲ ਢੰਡਾ ਨੇ ਯੋਜਨਾ ਦੀ ਪ੍ਰਗਤੀ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਨੂੰ ਸਫ਼ਲ ਬਣਾਉਣ ਵਿੱਚ ਆਂਗਨਵਾੜੀ ਵਰਕਰਾਂ ਦੀ ਭੂਮਿਕਾ ਬੇਹੱਦ ਸ਼ਲਾਘਾਯੋਗ ਹੈ।



ਉਨ੍ਹਾਂ ਕਿਹਾ ਕਿ ਵਰਕਰਾਂ ਵੱਲੋਂ ਨਿਭਾਈ ਗਈ ਜ਼ਿੰਮੇਵਾਰੀ ਅਤੇ ਕੀਤੀ ਗਈ ਮਿਹਨਤ ਦੂਜਿਆਂ ਲਈ ਮਿਸਾਲ ਹੈ। ਉਨ੍ਹਾਂ ਆਂਗਨਵਾੜੀ ਵਰਕਰਾਂ ਨੂੰ ਭਵਿੱਖ ਵਿੱਚ ਵੀ ਬਿਨਾਂ ਕਿਸੇ ਭੇਦਭਾਵ ਦੇ ਹਰ ਯੋਗ ਲਾਭਪਾਤਰੀ ਨੂੰ ਯੋਜਨਾ ਨਾਲ ਜੋੜਨ ਲਈ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਯਤਨ ਜਾਰੀ ਰੱਖਣ ਦੀ ਅਪੀਲ ਕੀਤੀ। ਇਸ ਦੌਰਾਨ ਯੋਜਨਾ ਤਹਿਤ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਆਂਗਨਵਾੜੀ ਵਰਕਰਾਂ ਨੂੰ ਪ੍ਰਸ਼ੰਸਾ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪਵਨਜੀਤ ਸਿੱਧੂ, ਹਲਕਾ ਸੰਗਠਨ ਇੰਚਾਰਜ, ਜੋਗਿੰਦਰ ਸਿੰਘ, ਚੇਅਰਪਰਸਨ ਵਿਮੁਕਤ ਜਾਤੀ ਬੰਗਾ, ਸ਼ਾਮ ਲਾਲ, ਹਰਕਮਲਜੀਤ ਕੌਰ, ਕੁਲਵਿੰਦਰ ਕੌਰ, ਨਰਿੰਦਰ ਕੌਰ, ਮਨਦੀਪ ਕੌਰ, ਸੁਪਰਵਾਈਜ਼ਰ ਅਤੇ ਸਮੂਹ ਆਂਗਨਵਾੜੀ ਵਰਕਰਾਂ ਹਾਜ਼ਰ ਸਨ।

ਜਨਗਣਨਾ-2027 ਤਹਿਤ 16 ਤੋਂ 30 ਨਵੰਬਰ ਤੱਕ ਲੋਕ ਖੁਦ ਦਰਜ ਕਰ ਸਕਣਗੇ ਆਪਣੇ ਵੇਰਵੇ : ਗੁਰਕੰਵਲ ਸਿੰਘ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਜਨਗਣਨਾ-2027 ਤਹਿਤ ਦੂਜੇ ਪੜਾਅ ਵਿੱਚ ਆਬਾਦੀ ਦੀ ਗਣਨਾ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਕੀਤੀ ਜਾਵੇਗੀ।ਇਸ ਤੋਂ ਪਹਿਲਾਂ 16 ਤੋਂ 30 ਨਵੰਬਰ 2026 ਤੱਕ ਨਾਗਰਿਕਾਂ ਨੂੰ ਆਪਣੇ ਵੇਰਵੇ ਖੁਦ ਦਰਜ ਕਰਵਾਉਣ (ਸੈਲਫ ਇਨਿਊਮਰੇਸ਼ਨ) ਦੀ ਸਹੂਲਤ ਦਿੱਤੀ ਜਾਵੇਗੀ। ਇਸ ਸੰਬੰਧੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਜ਼ਿਲ੍ਹੇ ਵਿੱਚ ਜਨਗਣਨਾ ਦੇ ਨੋਡਲ ਪ੍ਰਚਾਰ-ਪ੍ਰਸਾਰ ਅਧਿਕਾਰੀ ਅਤੇ ਅੰਡਰ ਟ੍ਰੇਨਿੰਗ ਆਈਏਐਸ ਅਧਿਕਾਰੀ ਗੁਰਕੰਵਲ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਜ਼ਿਲ੍ਹੇ ਦੇ ਵੱਖ-ਵੱਖ ਉਦਯੋਗਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ।ਮੀਟਿੰਗ ਦੌਰਾਨ ਗੁਰਕੰਵਲ ਸਿੰਘ ਨੇ ਕਿਹਾ ਕਿ ਜਨਗਣਨਾ-2027 ਇੱਕ ਮਹੱਤਵਪੂਰਨ ਕੌਮੀ ਪ੍ਰਕਿਰਿਆ ਹੈ ਅਤੇ ਇਸ ਵਿੱਚ ਹਰੇਕ ਨਾਗਰਿਕ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਸਾਰੇ ਵਿਭਾਗਾਂ ਅਤੇ ਸੰਸਥਾਵਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ ਅਧੀਨ ਆਉਂਦੇ ਖੇਤਰਾਂ ਵਿੱਚ ਲੋਕਾਂ ਨੂੰ ਸੈਲਫ ਇਨਿਊਮਰੇਸ਼ਨ ਪ੍ਰਤੀ ਜਾਗਰੂਕ ਕਰਨ ਅਤੇ ਵੱਧ ਤੋਂ ਵੱਧ ਨਾਗਰਿਕਾਂ ਨੂੰ 16 ਤੋਂ 30 ਨਵੰਬਰ ਤੱਕ ਆਪਣੇ ਵੇਰਵੇ ਖੁਦ ਦਰਜ ਕਰਵਾਉਣ ਲਈ ਪ੍ਰੇਰਿਤ ਕਰਨ।ਉਨ੍ਹਾਂ ਕਿਹਾ ਕਿ ਜਨਗਣਨਾ ਦੌਰਾਨ ਸਹੀ ਅਤੇ ਸਟੀਕ ਜਾਣਕਾਰੀ ਦਰਜ ਕਰਵਾਉਣਾ ਬੇਹੱਦ ਜ਼ਰੂਰੀ ਹੈ, ਕਿਉਂਕਿ ਇਸ ਦੇ ਆਧਾਰ 'ਤੇ ਭਵਿੱਖ ਦੀਆਂ ਵਿਕਾਸ ਯੋਜਨਾਵਾਂ, ਨੀਤੀਆਂ ਅਤੇ ਵੱਖ-ਵੱਖ ਖੇਤਰਾਂ ਦੀਆਂ ਤਰਜੀਹਾਂ ਨਿਰਧਾਰਤ ਕਰਨ ਵਿੱਚ ਮਦਦ ਮਿਲਦੀ ਹੈ। ਇਸ ਲਈ ਸਾਰੇ ਵਿਭਾਗਾਂ ਅਤੇ ਸੰਸਥਾਵਾਂ ਨੂੰ ਇਸ ਕੰਮ ਨੂੰ ਗੰਭੀਰਤਾ ਨਾਲ ਲੈਂਦਿਆਂ ਆਪਸੀ ਤਾਲਮੇਲ ਨਾਲ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਜਨਗਣਨਾ-2027 ਦੇ ਦੂਜੇ ਪੜਾਅ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹੇ ਵਿੱਚ ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਲੋੜੀਂਦੀ ਸਿਖਲਾਈ ਦਿੱਤੀ ਜਾ ਚੁੱਕੀ ਹੈ।ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਅਤੇ ਜ਼ਿਲ੍ਹੇ ਦੇ ਵੱਖ-ਵੱਖ ਉਦਯੋਗਾਂ ਦੇ ਨੁਮਾਇੰਦੇ ਹਾਜ਼ਰ ਸਨ।

ਰੂੜੀ ਸੁੱਟਣ ਦੇ ਵਿਵਾਦ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਖੂਨੀ ਝੜਪ, ਮਾਂ-ਪੁੱਤ ਜ਼ਖ਼ਮੀ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਡੇਰਾਬੱਸੀ ਦੇ ਪਿੰਡ ਬੇਹੜਾ ਵਿੱਚ ਬੀਤੇ ਦਿਨ ਪਸ਼ੂਆਂ ਦੇ ਗੋਬਰ ਅਤੇ ਰਹਿੰਦ-ਖੂੰਹਦ ਦੀ ਰੂੜੀ ਸੁੱਟਣ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਖੂਨੀ ਝੜਪ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਝੜਪ ਦੌਰਾਨ ਨਰਿੰਦਰ ਸਿੰਘ ਅਤੇ ਉਨ੍ਹਾਂ ਦੀ ਮਾਤਾ ਕਮਲੇਸ਼ ਕੌਰ ਦੇ ਜ਼ਖ਼ਮੀ ਹੋਣ ਦੀ ਜਾਣਕਾਰੀ ਮਿਲੀ ਹੈ। ਜ਼ਖ਼ਮੀ ਨਰਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਗੁਆਂਢ ਵਿੱਚ ਰਹਿਣ ਵਾਲੇ ਵਿਅਕਤੀਆਂ ਵੱਲੋਂ ਪਸ਼ੂਆਂ ਦੀ ਰਹਿੰਦ-ਖੂੰਹਦ ਦੀ ਰੂੜੀ ਉਨ੍ਹਾਂ ਦੇ ਘਰ ਦੇ ਬਿਲਕੁਲ ਨਾਲ ਲਗਾਈ ਜਾ ਰਹੀ ਸੀ। ਜਦੋਂ ਉਨ੍ਹਾਂ ਨੇ ਇਸ ਦਾ ਵਿਰੋਧ ਕਰਦਿਆਂ ਘਰ ਦੇ ਨਾਲ ਰੂੜੀ ਨਾ ਸੁੱਟਣ ਲਈ ਕਿਹਾ ਤਾਂ ਦੂਜੀ ਧਿਰ ਦੇ ਲੋਕ ਨਾਰਾਜ਼ ਹੋ ਗਏ। ਨਰਿੰਦਰ ਸਿੰਘ ਅਨੁਸਾਰ ਇਸੇ ਗੱਲ ਨੂੰ ਲੈ ਕੇ ਪਿੰਡ ਦੇ ਚਾਰ-ਪੰਜ ਵਿਅਕਤੀਆਂ ਨੇ ਉਨ੍ਹਾਂ ਅਤੇ ਉਨ੍ਹਾਂ ਦੀ ਮਾਤਾ 'ਤੇ ਕਥਿਤ ਤੌਰ 'ਤੇ ਜਾਨਲੇਵਾ ਹਮਲਾ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਹਮਲੇ ਦੌਰਾਨ ਉਨ੍ਹਾਂ ਦੇ ਸਿਰ ਅਤੇ ਪੈਰਾਂ 'ਤੇ ਗੰਭੀਰ ਸੱਟਾਂ ਲੱਗੀਆਂ, ਜਦਕਿ ਉਨ੍ਹਾਂ ਦੀ ਮਾਤਾ ਕਮਲੇਸ਼ ਕੌਰ ਦੇ ਸਿਰ ਵਿੱਚ ਵੀ ਸੱਟਾਂ ਲੱਗੀਆਂ ਹਨ। ਪੀੜਤ ਧਿਰ ਵੱਲੋਂ ਇਸ ਸਬੰਧੀ ਡੇਰਾ ਬੱਸੀ ਪੁਲਸ ਨੂੰ ਸ਼ਿਕਾਇਤ ਦਿੱਤੀ ਗਈ ਹੈ। ਦੂਜੇ ਪਾਸੇ ਮਿਲੀ ਜਾਣਕਾਰੀ ਅਨੁਸਾਰ ਦੂਜੀ ਧਿਰ ਦੇ ਵਿਅਕਤੀ ਵੀ ਹਸਪਤਾਲ ਵਿੱਚ ਦਾਖ਼ਲ ਹੋਏ ਸਨ, ਪਰ ਉਨ੍ਹਾਂ ਨੂੰ ਜਲਦੀ ਛੁੱਟੀ ਮਿਲ ਜਾਣ ਕਾਰਨ ਉਨ੍ਹਾਂ ਨਾਲ ਪੱਖ ਜਾਣਨ ਲਈ ਸੰਪਰਕ ਨਹੀਂ ਹੋ ਸਕਿਆ। ਮਾਮਲੇ ਦੀ ਜਾਂਚ ਕਰ ਰਹੇ ਏ ਐਸ ਆਈ ਸਤਬੀਰ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਦੋਵੇਂ ਧਿਰਾਂ ਦੀਆਂ ਮੈਡੀਕਲ ਰਿਪੋਰਟਾਂ ਹਾਸਲ ਕੀਤੀਆਂ ਜਾ ਰਹੀਆਂ ਹਨ।



ਰਿਪੋਰਟਾਂ ਦੇ ਆਧਾਰ 'ਤੇ ਜਾਂਚ ਕਰਕੇ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਤੇਰਾ ਸਿੰਘ ਚੰਨ ਸਾਹਿਤਕ ਮੇਲਾ ਭਲਕੇ

ਚੰਡੀਗੜ੍ਹ (ਸੁਰਜੀਤ ਸੁਮਨ)- ਪੰਜਾਬੀ ਲੇਖਕ ਸਭਾ (ਰਜਿ:) ਚੰਡੀਗੜ੍ਹ ਵੱਲੋਂ ਸਭਾ ਦੇ ਬਾਨੀ ਤੇਰਾ ਸਿੰਘ ਚੰਨ ਦੀ ਯਾਦ ਨੂੰ ਸਮਰਪਿਤ 'ਤੇਰਾ ਸਿੰਘ ਚੰਨ ਯਾਦਗਾਰੀ ਸਾਹਿਤਕ ਮੇਲਾ-2026' 15 ਨਵੰਬਰ ਦਿਨ ਐਤਵਾਰ ਨੂੰ ਸਵੇਰੇ 10.00 ਵਜੇ ਪੰਜਾਬ ਕਲਾ ਭਵਨ ਸੈਕਟਰ 16 ਚੰਡੀਗੜ੍ਹ ਵਿਖੇ ਲਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਕਲਾ, ਸਾਹਿਤ ਤੇ ਸਭਿਆਚਾਰ ਨਾਲ਼ ਸਬੰਧਿਤ ਨਾਮਵਰ ਸ਼ਖ਼ਸੀਅਤਾਂ ਆਪਣੀ ਹਾਜ਼ਰੀ ਨਾਲ ਰੌਣਕ ਵਧਾਉਣਗੀਆਂ। ਉੱਘੇ ਸ਼ਾਇਰ ਤੇ ਫ਼ਿਲਮ ਉਦਯੋਗ ਵਿੱਚ ਪੰਜਾਬ ਦੀ ਮਾਣਮੱਤੀ ਨੁਮਾਇੰਦਗੀ ਕਰਕੇ ਆਪਣਾ ਉਚੇਚਾ ਨਾਮ ਸਥਾਪਿਤ ਕਰਨ ਵਾਲੇ ਗੀਤਕਾਰ ਇਰਸ਼ਾਦ ਕਾਮਿਲ ਇਸ ਮੌਕੇ ਮੁੱਖ ਮਹਿਮਾਨ ਹੋਣਗੇ, ਜਦਕਿ ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਵਿਸ਼ੇਸ਼ ਮਹਿਮਾਨ ਹੋਣਗੇ।ਸੰਜੀਦਾ ਰੰਗਮੰਚ ਤੇ ਫ਼ਿਲਮ ਅਦਾਕਾਰ ਮਲਕੀਤ ਸਿੰਘ ਰੌਣੀ 'ਸਮਾਜ ਸੰਵਾਰਨ 'ਚ ਸਾਹਿਤ, ਸੰਗੀਤ ਤੇ ਸਿਨੇਮੇ ਦਾ ਯੋਗਦਾਨ' ਵਿਸ਼ੇ 'ਤੇ ਮੁੱਖ ਬੁਲਾਰੇ ਹੋਣਗੇ। ਤੇਰਾ ਸਿੰਘ ਚੰਨ ਦੀ ਸਾਹਿਤਕ ਅਤੇ ਜਥੇਬੰਦਕ ਦੇਣ ਬਾਰੇ ਕੁੰਜੀਵਤ ਭਾਸ਼ਣ ਗੁਰਨਾਮ ਕੰਵਰ ਵੱਲੋਂ ਦਿੱਤਾ ਜਾਵੇਗਾ। ਮੇਲੇ ਦੀ ਰੂਪ-ਰੇਖਾ ਬਾਰੇ ਹੋਰ ਜਾਣਕਾਰੀ ਦੇਂਦਿਆਂ ਕੋਆਰਡੀਨੇਟਰ ਡਾ. ਦਵਿੰਦਰ ਸਿੰਘ ਬੋਹਾ ਨੇ ਦੱਸਿਆ ਕਿ ਇਸ ਵਾਰ ਤੇਰਾ ਸਿੰਘ ਚੰਨ ਯਾਦਗਾਰੀ ਸਨਮਾਨ-2026 ਗੁਰਨਾਮ ਕੰਵਰ ਤੇ ਮਲਕੀਤ ਰੌਣੀ ਨੂੰ ਪ੍ਰਦਾਨ ਕੀਤੇ ਜਾਣਗੇ। ਹਰਮਿੰਦਰ ਸਿੰਘ ਕਾਲੜਾ ਅਤੇ ਵਰਿੰਦਰ ਸਿੰਘ ਚੱਠਾ ਨੂੰ ਸਰੋਤਾ ਪੁਰਸਕਾਰ ਨਾਲ ਸਨਮਾਨਤ ਕੀਤਾ ਜਾਵੇਗਾ। ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੀ ਸਥਾਪਨਾ ਤੋਂ ਹੀ ਨਿਰੰਤਰ ਸਾਥ ਨਿਭਾ ਰਹੇ ਉੱਘੇ ਸਾਹਿਤਕਾਰ ਡਾ. ਅਵਤਾਰ ਸਿੰਘ ਪਤੰਗ ਤੇ ਨਾਮਵਰ ਕਵਿਤਰੀ ਰਜਿੰਦਰ ਕੌਰ ਦਾ ਵਿਸ਼ੇਸ਼ ਸਨਮਾਨ ਹੋਵੇਗਾ। ਲੋਕ ਕਲਾਕਾਰ ਬਲਕਾਰ ਸਿੱਧੂ ਅਤੇ ਉਹਨਾਂ ਦੀ ਟੀਮ ਵੱਲੋਂ ਲੁੱਡੀ ਤੇ ਝੂਮਰ ਦੀਆਂ ਪੇਸ਼ਕਾਰੀਆਂ ਹੋਣਗੀਆਂ। ਸ੍ਰੀ ਭੈਣੀ ਸਾਹਿਬ, ਬਲਵਿੰਦਰ ਸਿੰਘ ਉੱਤਮ ਰੈਸਟੋਰੈਂਟ, ਬਲਦੇਵ ਸਿੰਘ ਸਪਤਰਿਸ਼ੀ ਤੇ ਸਵਰਗੀ ਤੇਰਾ ਸਿੰਘ ਚੰਨ ਪਰਵਾਰ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ ਜਾਣ ਵਾਲੇ ਇਸ ਸਾਹਿਤਕ ਮੇਲੇ ਵਿੱਚ ਪੰਜਾਬੀ ਸਾਹਿਤ, ਸਭਿਆਚਾਰ, ਕਲਾਵਾਂ, ਖਾਣ ਅਤੇ ਪਹਿਰਾਵੇ ਦੀਆਂ ਪ੍ਰਦਰਸ਼ਨੀਆਂ ਲਾਈਆਂ ਜਾਣਗੀਆਂ।



ਸੱਜਣ ਸਿੰਘ ਚੀਮਾ ਹੋਣਗੇ ਸੁਲਤਾਨਪੁਰ ਲੋਧੀ ਤੋਂ 'ਆਪ' ਦੇ ਉਮੀਦਵਾਰ : ਚੱਬੇਵਾਲ

ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ) ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ 2027 ਨੂੰ ਲੈ ਕੇ ਹਲਕਾ ਸੁਲਤਾਨਪੁਰ ਲੋਧੀ ਵਿੱਚ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਲੜੀ ਤਹਿਤ ਹਲਕੇ ਦੇ ਦੋਵਾਂ ਬਲਾਕਾਂ ਦੇ ਪਾਰਟੀ ਵਰਕਰਾਂ ਦੀ ਇੱਕ ਵਿਸ਼ੇਸ਼ ਬੈਠਕ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਰਾਜੂ ਅਤੇ ਕਿਰਨਜੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਬੈਠਕ ਨੂੰ ਸੰਬੋਧਨ ਕਰਦਿਆਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਦੀ ਰਣਨੀਤੀ ਅਤੇ ਵਿਕਾਸ ਦੇ ਵਿਜ਼ਨ ਬਾਰੇ ਗੱਲ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕੀਤੇ ਗਏ ਕੰਮ ਹੀ ਆਮ ਆਦਮੀ ਪਾਰਟੀ ਨੂੰ ਮੁੜ ਸੱਤਾ ਵਿੱਚ ਲਿਆਉਣ ਦਾ ਆਧਾਰ ਬਣਨਗੇ। ਡਾ. ਰਾਜ ਕੁਮਾਰ ਚੱਬੇਵਾਲ ਨੇ ਆਪਣੇ ਸੰਬੋਧਨ ਦੌਰਾਨ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਦੀ ਉਮੀਦਵਾਰੀ ਬਾਰੇ ਸਪੱਸ਼ਟ ਕਰਦਿਆਂ ਕਿਹਾ ਕਿ ਸੁਲਤਾਨਪੁਰ ਲੋਧੀ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੱਜਣ ਸਿੰਘ ਚੀਮਾ ਹੀ ਹੋਣਗੇ। ਉਨ੍ਹਾਂ ਵਰਕਰਾਂ ਨੂੰ ਸਪੱਸ਼ਟ ਸੰਦੇਸ਼ ਦਿੰਦਿਆਂ ਕਿਹਾ ਕਿ ਕਿਸੇ ਨੂੰ ਵੀ ਇਸ ਸੰਬੰਧੀ ਚਿੰਤਾ ਕਰਨ ਦੀ ਲੋੜ ਨਹੀਂ ਹੈ। ਸੰਸਦ ਮੈਂਬਰ ਦੇ ਇਸ ਐਲਾਨ ਨਾਲ ਸਿਆਸੀ ਹਲਕਿਆਂ ਵਿੱਚ ਨਵੀਂ ਚਰਚਾ ਛਿੜ ਗਈ ਹੈ ਅਤੇ ਇਸ ਨੂੰ ਹਲਕਾ ਸੁਲਤਾਨਪੁਰ ਲੋਧੀ ਵਿੱਚ 2027 ਦੀਆਂ ਚੋਣਾਂ ਲਈ ਪਾਰਟੀ ਦੀ ਸਿਆਸੀ ਦਿਸ਼ਾ ਦੇ ਅਹਿਮ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਅਤੇ ਆਪਣੇ ਸੰਬੋਧਨ ਦੌਰਾਨ ਡਾ. ਚੱਬੇਵਾਲ ਨੇ ਬੀਬੀ ਜਗੀਰ ਕੌਰ ਦੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦੀਆਂ ਚਰਚਾਵਾਂ ਨੂੰ ਲੈ ਕੇ ਵੀ ਤਿੱਖਾ ਸਿਆਸੀ ਹਮਲਾ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਆਗੂਆਂ ਦੇ ਕਿਸੇ ਵੀ ਪਾਰਟੀ ਵਿੱਚ ਜਾਣ ਨਾਲ ਕੋਈ ਫਰਕ ਨਹੀਂ ਪੈਂਦਾ। ਇਸ ਤੋਂ ਇਲਾਵਾ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਆਪਣੀ ਦਾਦੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦਿੱਤੇ ਜਾਣ ਦੇ ਫੈਸਲੇ ਦਾ ਡਾ. ਚੱਬੇਵਾਲ ਨੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀ ਇਸ ਸਬੰਧੀ ਸਿਫਾਰਸ਼ ਕੀਤੀ ਗਈ ਸੀ ਕਿ ਉਨ੍ਹਾਂ ਨੂੰ ਆਪਣੇ ਪਰਵਾਰ ਦੇ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ।


ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਵੱਲੋਂ ਬੱਸਾਂ ਦੀ ਵਿਸ਼ੇਸ਼ ਚੈਕਿੰਗ

ਪੋਜੇਵਾਲ (ਰਾਮ ਲਾਲ) ਪੰਜਾਬ ਰੋਡਵੇਜ਼ ਦੇ ਡਿਪਟੀ ਡਾਇਰੈਕਟਰ ਸਰਦਾਰ ਮਨਿੰਦਰਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਚੌਰ ਬਾਈਪਾਸ ਕੰਗਣਾ ਪੁਲ ਵਿਖੇ ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਬਲਜੀਤ ਸਿੰਘ ਅਤੇ ਰਮੇਸ਼ ਕੁਮਾਰ ਦੀ ਟੀਮ ਵੱਲੋਂ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ।ਉਨ੍ਹਾਂ ਵੱਲੋਂ ਬੱਸਾਂ ਦੇ ਡਰਾਈਵਰਾਂ ਅਤੇ ਕੰਡਕਟਰਾਂ ਨੂੰ ਹਦਾਇਤ ਕੀਤੀ ਗਈ ਕਿ ਕੰਗਣਾ ਪੁਲ ਵਿਖੇ ਬੱਸਾਂ ਨੂੰ ਨਿਰਧਾਰਿਤ ਸਥਾਨ 'ਤੇ ਰੋਕ ਕੇ ਸਵਾਰੀਆਂ ਨੂੰ ਚੜ੍ਹਾਇਆ ਅਤੇ ਉਤਾਰਿਆ ਜਾਵੇ, ਤਾਂ ਜੋ ਇੱਥੋਂ ਬੱਸਾਂ ਵਿੱਚ ਸਫ਼ਰ ਕਰਨ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਸੰਬੰਧੀ ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਕੁੱਝ ਦਿਨਾਂ ਤੋਂ ਕੰਗਣਾ ਪੁਲ ਵਿਖੇ ਪੰਜਾਬ ਰੋਡਵੇਜ਼ ਦੀਆਂ ਬੱਸਾਂ ਸਹੀ ਢੰਗ ਨਾਲ ਨਾ ਰੁਕਣ ਸਬੰਧੀ ਕਈ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਸਨ।ਲੋਕਾਂ ਵੱਲੋਂ ਸ਼ਿਕਾਇਤ ਕੀਤੀ ਜਾ ਰਹੀ ਸੀ ਕਿ ਬੱਸਾਂ ਨਾ ਰੁਕਣ ਕਾਰਨ ਸਵਾਰੀਆਂ, ਖ਼ਾਸ ਕਰਕੇ ਵਿਦਿਆਰਥੀਆਂ, ਬਜ਼ੁਰਗਾਂ ਅਤੇ ਰੋਜ਼ਾਨਾ ਸਫ਼ਰ ਕਰਨ ਵਾਲੇ ਮੁਸਾਫ਼ਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨ੍ਹਾਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਰੋਡਵੇਜ਼ ਦੇ ਡਿਪਟੀ ਡਾਇਰੈਕਟਰ ਮਨਿੰਦਰਪਾਲ ਸਿੰਘ ਵੱਲੋਂ ਵਿਸ਼ੇਸ਼ ਟੀਮ ਕੰਗਣਾ ਪੁਲ ਵਿਖੇ ਭੇਜ ਕੇ ਬੱਸਾਂ ਦੀ ਚੈਕਿੰਗ ਕਰਵਾਈ ਗਈ।ਇਸ ਮੌਕੇ ਡਿਊਟੀ ਇੰਸਪੈਕਟਰ ਬਲਜੀਤ ਸਿੰਘ, ਇੰਸਪੈਕਟਰ ਰਮੇਸ਼ ਕੁਮਾਰ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।



ਹਸਪਤਾਲ ਢਾਹਾਂ ਕਲੇਰਾਂ ਵਿਖੇ ਪੇਟ ਦੇ ਰੋਗਾਂ ਦਾ ਅਪਰੇਸ਼ਨ ਕੈਂਪ 16 ਤੋਂ

ਬੰਗਾ (ਅਵਤਾਰ ਕਲੇਰ) ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 15 ਦਿਨਾਂ ਔਰਤਾਂ ਦੀ ਫਰੀ ਕੋਲਪੋਸਕੋਪੀ ਜਾਂਚ ਅਤੇ ਪੇਟ ਦੇ ਅਪਰੇਸ਼ਨਾਂ ਦਾ ਰਿਆਇਤੀ ਅਪਰੇਸ਼ਨ ਕੈਂਪ 16 ਨਵੰਬਰ ਤੋਂ 30 ਨਵੰਬਰ ਤੱਕ ਲੱਗ ਰਿਹਾ ਹੈ।ਇਹ ਜਾਣਕਾਰੀ ਡਾ. ਜਸਦੀਪ ਸਿੰਘ ਸੈਣੀ ਨੇ ਦੱਸਿਆ ਕਿ ਲੋੜਵੰਦ ਮਰੀਜ਼ਾਂ ਨੂੰ ਪੇਟ ਦੇ ਰੋਗਾਂ ਨਾਲ ਸਬੰਧਿਤ ਬਿਮਾਰੀਆਂ ਦੇ ਅਪਰੇਸ਼ਨ ਰਿਆਇਤੀ ਪੈਕਜ ਦਰਾਂ ਤੇ ਕਰਨ ਅਤੇ ਔਰਤਾਂ ਦੀ ਫਰੀ ਕੋਲਪੋਸਕੋਪੀ ਜਾਂਚ ਕਰਨ ਦੀ ਸਹੂਲਤ 16 ਨਵੰਬਰ ਤੋਂ 30 ਨਵੰਬਰ ਤੱਕ ਦਿੱਤੀ ਜਾ ਰਹੀ ਹੈ।ਔਰਤਾਂ ਦੇ ਵਿਭਾਗ ਵਿਚ ਮਾਹਿਰ ਡਾ. ਸ਼ਵੇਤਾ ਬਾਗੜੀਆ ਵੱਲੋਂ ਲਕੋਰੀਆ, ਅਸਧਾਰਨ ਖੂਨ, ਪੇਟ ਦਰਦ ਤੇ ਬੱਚੇਦਾਨੀ ਦੇ ਮੂੰਹ ਦੀ ਜਾਂਚ ਕੀਤੀ ਜਾਵੇਗੀ।ਇਸ ਮੌਕੇ ਗਰਭਵਤੀ ਔਰਤਾਂ ਤੇ ਪੀ.ਸੀ. ਓ.ਡੀ. ਅਤੇ ਪੀ.ਸੀ.ਓ. ਐਸ ਦੇ ਮਰੀਜ਼ਾਂ ਦੀ ਮੁਫ਼ਤ ਅਲਟਰਾਸਾਊਂਡ ਸਕੈਨ ਕੀਤੀ ਜਾਵੇਗੀ।ਇਸੇ ਤਰ੍ਹਾਂ ਹਸਪਤਾਲ ਦੇ ਸਰਜਰੀ ਵਿਭਾਗ ਵਿਚ ਵੀ 16 ਤੋਂ 30 ਨਵੰਬਰ ਤੱਕ ਪੇਟ ਦੀਆਂ ਸਮੱਸਿਆਵਾਂ ਦੇ ਆਪਰੇਸ਼ਨਾਂ 'ਤੇ ਵਿਸ਼ੇਸ਼ ਰਿਆਇਤੀ ਦਰਾਂ ਤੇ ਕੀਤੇ ਜਾਣਗੇ।ਇਸ ਮੌਕੇ ਡਾ. ਮਾਨਵਦੀਪ ਸਿੰਘ ਐਮ. ਐਸ. ਅਤੇ ਡਾ. ਸ਼ਵੇਤਾ ਬਗੜੀਆ ਐਮ.ਐਸ.ਵੀ ਹਾਜ਼ਰ ਸਨ।



'ਪੈਨਸ਼ਨ ਸੇਵਾ ਪੋਰਟਲ' ਸੰਬੰਧੀ ਕੈਂਪ 19 ਤੋਂ

ਮੁਹਾਲੀ (ਗੁਰਜੀਤ ਬਿੱਲਾ)- ਪੈਨਸ਼ਨਰਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ, ਐਸ ਏ ਐਸ ਨਗਰ (ਮੋਹਾਲੀ) ਵਿਖੇ ਮਿਤੀ 19 ਨਵੰਬਰ ਤੋਂ 21 ਨਵੰਬਰ 2026 ਤੱਕ 'ਪੈਨਸ਼ਨ ਸੇਵਾ ਪੋਰਟਲ' ਸਬੰਧੀ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਰੇਣੁਕਾ ਕਟਿਆਲ ਨੇ ਦੱਸਿਆ ਕਿ ਜਿਨ੍ਹਾਂ ਪੈਨਸ਼ਨਰਾਂ ਦਾ ਜੀਵਨ ਪ੍ਰਮਾਣ ਪੱਤਰ ਜਾਂ ਈ-ਕੇ ਵਾਈ ਸੀ ਅਜੇ ਤੱਕ ਪੈਂਡਿੰਗ ਹੈ, ਉਹ ਇਸ ਵਿਸ਼ੇਸ਼ ਕੈਂਪ ਦੌਰਾਨ ਪਹੁੰਚ ਕੇ ਮੌਕੇ 'ਤੇ ਹੀ ਆਪਣਾ ਜੀਵਨ ਪ੍ਰਮਾਣ ਪੱਤਰ ਅਤੇ ਈ-ਕੇ.ਵਾਈ.ਸੀ. ਦੀ ਪ੍ਰਕਿਰਿਆ ਮੁਕੰਮਲ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਆਉਣ ਸਮੇਂ ਪੈਨਸ਼ਨਰ ਆਪਣਾ ਆਧਾਰ ਕਾਰਡ, ਪੈਨ ਕਾਰਡ, ਬੈਂਕ ਪਾਸਬੁੱਕ, ਪੀ ਪੀ ਓ ਦੀ ਕਾਪੀ ਅਤੇ ਆਧਾਰ ਕਾਰਡ ਨਾਲ ਲਿੰਕ ਕੀਤਾ ਹੋਇਆ ਚਾਲੂ ਮੋਬਾਈਲ ਫ਼ੋਨ ਨਾਲ ਲੈ ਕੇ ਆਉਣ। ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦਾ ਜੀਵਨ ਪ੍ਰਮਾਣ ਪੱਤਰ ਜਾਂ ਈ ਕੇ ਵਾਈ ਸੀ ਬਕਾਇਆ ਹੈ, ਉਹ ਨਿਰਧਾਰਤ ਮਿਤੀਆਂ ਦੌਰਾਨ ਇਸ ਕੈਂਪ ਦਾ ਲਾਭ ਲੈ ਕੇ ਆਪਣੀ ਪ੍ਰਕਿਰਿਆ ਸਮੇਂ ਸਿਰ ਪੂਰੀ ਕਰਵਾਉਣ, ਤਾਂ ਜੋ ਉਨ੍ਹਾਂ ਦੀ ਪੈਨਸ਼ਨ ਦੀ ਅਦਾਇਗੀ ਨਿਰਵਿਘਨ ਜਾਰੀ ਰਹਿ ਸਕੇ।


ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀਆਂ ਚੋਣਾਂ ਵਿੱਚ ਰਾਣੂੰ ਗੁਰੱਪ ਦੀ ਹੂੰਝਾ ਫੇਰ ਜਿੱਤ

ਮੋਹਾਲੀ (ਗੁਰਜੀਤ ਬਿੱਲਾ)- ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀ ਚੋਣਾਂ ਦੇ ਤਿੰਨ ਗਰੁੱਪਾਂ ਦੇ ਫਸਵੇਂ ਮੁਕਾਬਲੇ ਵਿੱਚ ਸਰਬ ਸਾਂਝਾ ਰਾਣੂੰ ਗਰੁੱਪ (ਨੀਲਾ ਰੰਗ) ਦੀ ਹੂੰਝਾ ਫੇਰ ਜਿੱਤ ਪ੍ਰਾਪਤ ਹੋਈ। ਕਰਮਚਾਰੀ ਐਸੋਸੀਏਸ਼ਨ ਦੀਆਂ ਚੋਣਾਂ ਲਈ 786 ਵੋਟਾਂ ਵਿੱਚ 731 ਵੋਟਾਂ ਪੋਲ ਹੋਈਆਂ, ਜਿਸਦੀ 93 ਫੀਸਦੀ ਪ੍ਰਤੀਸ਼ਤਤਾ ਬਣਦੀ ਹੈ।ਜ਼ਿਕਰਯੋਗ ਹੈ ਕਿ ਇਸ ਵਾਰ ਰਵਾਇਤੀ ਮੁਲਾਜ਼ਮ ਭਲਾਈ-ਖੰਗੂੜਾ ਗਰੁੱਪ ਵਿੱਚ ਦੋ ਫਾੜ ਹੋਕੇ ਮੁਲਾਜ਼ਮ ਭਲਾਈ ਗਰੁੱਪ (ਲਾਲ ਰੰਗ) ਤੇ ਖੰਗੂੜਾ-ਸੋਢੀ ਗਰੁੱਪ (ਹਰਾ ਰੰਗ) ਵੱਖਰੇ ਵੱਖਰੇ ਤੌਰ ਤੇ ਚੋਣ ਲੜੇ ਸਨ। ਵੋਟਾਂ ਦੇ ਨਤੀਜੇ ਸਾਫ ਵਿਖਾਈ ਦਿੰਦੇ ਹਨ ਤਿੰਨ ਗਰੁੱਪ ਬਣਨ ਨਾਲ ਸਰਬ ਸਾਂਝਾ ਰਾਣੂੰ ਗਰੁੱਪ ਨੂੰ ਸਿੱਧੇ ਰੂਪ ਵਿੱਚ ਫਾਇਦਾ ਹੋਇਆ ਹੈ। ਇਹ ਵੀ ਦੱਸਣ ਯੋਗ ਹੈ ਕਿ ਨੀਲਾ ਗਰੁੱਪ ਖੇਤਰੀ ਦਫਤਰ ਅਤੇ ਪਾਠ ਪੁਸਤਕਾਂ ਵਿੱਚ ਪਈਆਂ ਵੋਟਾਂ ਵਿੱਚ 28 ਵੋਟਾਂ ਨਾਲ ਪਛੜ ਰਿਹਾ ਜਿਸ ਨੇ ਇਸ ਸਾਰਾ ਘਾਟਾ ਮੁੱਖ ਦਫਤਰ ਵਿੱਚ ਪੂਰਾ ਕਰ ਲਿਆ ਤੇ ਇਸ ਦੇ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਬਰਾੜ ਕੇਵਲ 2 ਵੋਟਾਂ ਨਾਲ ਚੋਣ ਹਾਰ ਗਿਆ ਜਦੋਂ ਕਿ ਸਰਬ ਸਾਂਝਾ ਰਾਣੂੰ ਗਰੁੱਪ ਦੇ ਬਾਕੀ ਸਾਰੇ ਆਹਦੇਦਾਰ ਅਤੇ ਕਾਰਜਕਾਰਨੀ ਮੈਂਬਰ ਜੇਤੂ ਰਹੇ। ਚੀਫ ਚੋਣ ਕਮਿਸਨ ਅਮਰਜੀਤ ਸਿੰਘ, ਗੁਰਦੀਪ ਸਿੰਘ, ਗੁਲਾਬ ਚੰਦ ਅਤੇ ਗੁਰਪ੍ਰੀਤ ਸਿੰਘ ਵੱਲੋਂ ਜਾਰੀ ਲਿਸਟ ਅਨੁਸਾਰ ਸਰਬਸਾਂਝਾ ਰਾਣੂੰ ਗਰੁੱਪ ਦੀ ਪ੍ਰਧਾਨ ਲਈ ਬੀਬੀ ਰਮਨਦੀਪ ਕੌਰ ਗਿੱਲ 243 ਵੋਟਾਂ ਲੈਕੇ ਜੇਤੂ ਰਹੀ, ਮੁਲਾਜਮ ਭਲਾਈ ਗਰੁੱਪ ਦੇ ਉਮੀਦਵਾਰ ਗੁਰਚਰਨ ਸਿੰਘ ਤਸਰਮਾਲਾ ਨੂੰ 232 ਵੋਟਾਂ ਅਤੇ ਸੋਢੀ ਖੰਗੂੜਾ ਗਰੁੱਪ ਦੇ ਉਮੀਦਵਾਰ ਹਰਦੀਪ ਸਿੰਘ ਗਿੱਲ ਨੂੰ 230 ਵੋਟਾਂ ਪ੍ਰਾਪਤ ਹੋਈਆਂ। ਸੀਨੀਅਰ ਮੀਤ ਪ੍ਰਧਾਨ ਲਈ ਖੰਗੂੜਾ ਸੋਢੀ ਗਰੁੱਪ ਦੇ ਉਮੀਦਵਾਰ ਪਰਵਿੰਦਰਿ ਸਿੰਘ ਖੰਗੂੜਾ 243 ਵੋਟਾਂ ਲੈਕੇ ਜੇਤੂ ਰਹੇ ਜਦੋਂ ਕਿ ਸਰਬਸਾਝਾਂ ਰਾਣੂੰ ਗਰੁੱਪ ਦੇ ਉਮੀਦਵਾਰ ਬਲਜਿੰਦਰ ਸਿੰਘ ਬਰਾੜ ਨੂੰ 241 ਵੋਟਾਂ ਅਤੇ ਮੁਲਾਜਮ ਭਲਾਈ ਗਰੁੱਪ ਦੇ ਉਮੀਦਵਾਰ ਮਨੋਜ ਰਾਣਾ ਨੂੰ 215 ਵੋਟਾਂ ਪ੍ਰਾਪਤ ਹੋਈਆਂ।ਮੀਤ ਪ੍ਰਧਾਨ ਲਈ ਸਰਬ ਸਾਂਝਾ ਰਾਣੂੰ ਗਰੁੱਪ ਦੇ ਉਮੀਦਵਾਰ ਲਈ ਪ੍ਰਭਦੀਪ ਸਿੰਘ ਬੋਪਾਰਾਏ ਅਤੇ ਖੁੰਗੜਾ ਸੋਢੀ ਗਰੁੱਪ ਦੇ ਉਮੀਦਵਾਰ ਗੁਰਜੀਤ ਸਿੰਘ ਬੀਦੋਵਾਲੀ ਨੂੰ 246- 246 ਵੋਟਾਂ ਪ੍ਰਾਪਤ ਹੋਈਆਂ ਚੋਣ ਕਮਿਸਨ ਵੱਲੋਂ ਦੋਹਾਂ ਨੂੰ ਜੇਤੂ ਕਰਾਰ ਦਿਤਾ ਗਿਆ। ਮੀਤ ਪ੍ਰਧਾਨ ਦੇ ਲਈ ਸਰਬ ਸਾਂਝਾਂ ਰਾਣੂੰ ਗਰੁੱਪ ਦੇ ਉਮੀਦਵਾਰ ਜਸਵੀਰ ਸਿੰਘ ਚੋਟੀਆਂ 240 ਵੋਟਾਂ ਲੈ ਕੇ ਜੇਤੂ ਰਹੇ, ਮੁਲਾਜਮ ਭਲਾਈ ਗਰੁੱਪ ਦੇ ਅਵਿਨਾਸ ਸੰਧੂ 239 ਵੋਟਾਂ ਅਤੇ ਸੋਢੀ ਖੰਗੂੜਾ ਗਰੁੱਪ ਦੇ ਉਮੀਦਵਾਰ ਰਜੀਵ ਕੁਮਾਰ ਨੂੰ 214 । ਸੀਨੀਅਰ ਮੀਤ ਪ੍ਰਧਾਨ ਲਈ ਸਰਬ ਸਾਂਝਾਂ ਰਾਣੂੰ ਗਰੁੱਪ ਦੇ ਉਮੀਦਵਾਰ ਜਸਕਰਨ ਸਿੰਘ ਸਿੱਧੂ 239 ਵੋਟਾਂ ਲੈਕੇ ਜੇਤੂ ਰਹੇ ਜਦੋਂ ਕਿ ਮੁਲਾਜ਼ਮ ਭਲਾਈ ਗਰੁੱਪ ਦੇ ਸੁਖਦੇਵ ਸਿੰਘ ਨੂੰ 235 ਵੋਟਾਂ ਅਤੇ ਸੋਢੀ ਖੰਗੂੜਾ ਗਰੁੱਪ ਦੇ ਰਜਨੀਸ਼ ਕੁਮਾਰ ਨੂੰ 213 ਵੋਟਾਂ ਪ੍ਰਾਪਤ ਹੋਈਆਂ। ਜਨਰਲ ਸਕੱਤਰ ਲਈ ਸਰਬ ਸਾਂਝਾ ਰਾਣੂੰ ਗਰੁੱਪ ਦੇ ਉਮੀਦਵਾਰ ਸੁਖਚੈਨ ਸਿੰਘ ਸੈਣੀ 243 ਵੋਟਾਂ ਲੈਕੇ ਜੇਤੂ ਰਹੇ, ਮੁਲਾਜਮ ਭਲਾਈ ਗਰੁੱਪ ਦੇ ਪਰਮਜੀਤ ਸਿੰਘ ਬੈਨੀਪਾਲ ਨੂੰ 238 ਵੋਟਾਂ ਅਤੇ ਸੋਢੀ ਖੰਗੂੜਾ ਗਰੁੱਪ ਦੇ ਗੁਰਇਕਬਾਲ ਸਿੰਘ ਨੂੰ219 ਵੋਟਾਂ ਪ੍ਰਾਪਤ ਹੋਈਆਂ। ਸਕੱਤਰ ਦੇ ਲਈ ਸਰਬ ਸਾਂਝਾ ਗਰੁੱਪ ਦੇ ਉਮੀਦਵਾਰ ਬਲਜਿੰਦਰ ਸਿੰਘ ਮਾਂਗਟ 252 ਵੋਟਾਂ ਲੈਕੇ ਜੇਤੂ ਰਹੇ, ਮੁਲਾਜਮ ਭਲਾਈ ਗਰੁੱਪ ਦੇ ਲਖਵਿੰਦਰ ਸਿੰਘ ਘੰਨ੍ਹਆ ਨੂੰ 230 ਅਤੇ ਖੰਗੂੜਾ ਗਰੁੱਪ ਦੀ ਉਮੀਦਵਾਰ ਸੀਮਾ ਸੂਦ ਨੂੰ 218 ਵੋਟਾਂ ਪ੍ਰਾਪਤ ਹੋਈਆਂ। ਵਿੱਤ ਸਕੱਤਰ ਲਈ ਸਰਬ ਸਾਂਝਾ ਰਾਣੂੰ ਗਰੁੱਪ ਦੇ ਉਮੀਦਵਾਰ ਹਰਦੇਵ ਸਿੰਘ 245 ਵੋਟਾਂ ਲੈਕੇ ਜੇਤੂ ਰਹੇ ਜਦੋਂ ਕਿ ਮੁਲਾਜਮ ਭਲਾਈ ਗਰੁੱਪ ਦੇ ਮਲਕੀਤ ਸਿੰਘ ਗੱਗੜ ਨੂੰ 240 ਵੋਟਾਂ ਅਤੇ ਸੋਢੀ ਖੰਗੂੜਾ ਗਰੁੱਪ ਦੇ ਭੁਪਿੰਦਰ ਸਿੰਘ ਨੂੰ 211 ਵੋਟਾਂ ਪ੍ਰਾਪਤ ਹੋਈਆਂ। ਦਫਤਰ ਸਕੱਤਰ ਲਈ ਸਰਬ ਸਾਂਝਾ ਰਾਣੂੰ ਗਰੁੱਪ ਦੇ ਜਗਤਾਰ ਸਿੰਘ 248 ਵੋਟਾਂ ਲੈਕੇ ਜੇਤੂ ਰਹੇ ਜਦੋਂ ਕਿ ਮੁਲਾਜਮ ਭਲਾਈ ਗਰੁੱਪ ਦੇ ਸੁਖਵਿੰਦਰ ਸਿੰਘ ਨੂੰ 232 ਵੋਟਾਂ ਅਤੇ ਸੋਢੀ-ਖੰਗੂੜਾ ਗਰੁੱਪ ਦੇ ਉਮੀਦਵਾਰ ਭੂਸਨ ਕੁਮਾਰ 219 ਵੋਟਾਂ ਪ੍ਰਾਪਤ ਹੋਈਆਂ। ਸੰਗਠਨ ਸਕੱਤਰ ਦੇ ਆਹੁਦੇ ਲਈ ਸਰਬ ਸਾਂਝਾ ਰਾਣੂੰ ਗਰੁੱਪ ਦੇ ਉਮੀਦਵਾਰ ਹਰਮਿੰਦਰ ਸਿੰਘ ਕਾਕਾ 251 ਵੋਟਾਂ ਲੈਕੇ ਜੇਤੂ ਰਹੇ ਜਦੋਂ ਕਿ ਮੁਲਾਜ਼ਮ ਭਲਾਈ ਗਰੁੱਪ ਦੇ ਹਰਮਨਦੀਪ ਸਿੰਘ ਨੂੰ 234 ਵੋਟਾਂ ਅਤੇ ਸੋਢੀ ਖੰਗੂੜਾ ਗਰੁੱਪ ਰਾਕੇਸ਼ ਕੁਮਾਰ ਨੂੰ 212 ਵੋਟਾਂ ਪ੍ਰਾਪਤ ਹੋਈਆਂ।ਪ੍ਰੈਸ ਸਕੱਤਰ ਲਈ ਸਰਬ ਸਾਂਝਾ ਰਾਣੂੰ ਗਰੁੱਪ ਦੇ ਗੌਰਵ ਸਾਂਪਲਾ 250 ਵੋਟਾਂ ਲੈਕ ਜੇਤੂ ਰਹੇ ਜਦੋਂ ਕਿ ਮੁਲਾਜਮ ਭਲਾਈ ਗਰੁੱਪ ਦੇ ਉਮੀਦਵਾਰ ਮਨਜਿੰਦਰ ਸਿੰਘ ਹੁਲਕਾ ਨੂੰ 232 ਵੋਟਾਂ ਅਤੇ ਸੋਢੀ ਖੰਗੂੜਾ ਗਰੁੱਪ ਦੇ ਪਰਮਿੰਦਰ ਸਿੰਘ ਨੂੰ 216 ਵੋਟਾਂ ਪ੍ਰਾਪਤ ਹੋਈਆਂ। ਇਸ ਤਰਾਂ ਹੀ ਕਾਰਜਕਾਰਣੀ ਦੇ ਮੈਂਬਰਾਂ ਲਈ ਸਰਬ ਸਾਂਝਾ ਰਾਣੂੰ ਗਰੁੱਪ ਦੇ ਉਮੀਦਵਾਰ ਵਿਚੋਂ ਗੁਰਪ੍ਰੀਤ ਸਿੰਘ 253, ਜਜਸਪ੍ਰੀਤ ਸਿੰਘ 252 , ਲਖਵੀਰ ਸਿੰਘ ਨੂੰ 252 , ਬੂਟਾ ਸਿੰਘ ਅਤੇ ਕੰਵਰਦੀਪ ਸਿੰਘ ਬਾਗੜੀ ਨੂੰ 249 ਵੋਟਾਂ, ਲਖਵਿੰਦਰ ਸਿੰਘ 248 ਵੋਟਾਂ , ਕੁਲਦੀਪ ਸਿੰਘ ਸਿੱਧੂ ਅਤੇ ਵੀਰਪਾਲ ਕੌਰ ਨੂੰ 248 ਵੋਟਾਂ, ਅਵਨਿੰਦਰਪਾਲ ਸਿੰਘ ਨੂੰ 246 ਵੋਟਾਂ, ਪਰਮਜੀਤ ਸਿੰਘ 245 ਵੋਟਾਂ, ਕਰਨੈਲ ਸਿੰਘ 244 ਵੋਟਾਂ, ਬਲਵਿੰਦਰ ਕੌਰ ਨੂੰ 244 ਵੋਟਾਂ, ਜਗਦੀਪ ਸਿੰਘ ਨੂੰ 244, ਸੰਤੋਸ ਦੇਵੀ 243 ਵੋਟਾਂ, ਨਾਜਰ ਸਿੰਘ 243 , ਕੌਸਲਿਆ ਦੇਵੀ 243, ਅਵਤਾਰ ਸਿੰਘ ਗਡਾਣਾ ਨੂੰ 243 ਅਤੇ ਰਣਜੀਤ ਸਿੰਘ ਵਡਿੰਗ 243 ਵੋਟਾਂ ਲੈਕੇ ਜੇਤੂ ਰਹੇ।



ਫੈਂਸੀ ਡਰੈੱਸ ਮੁਕਾਬਲੇ ਕਰਵਾਏ

ਜਲੰਧਰ (ਇਕਬਾਲ ਸਿੰਘ ਉਭੀ)- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਪਹਿਲੀ ਜਮਾਤ ਦੇ ਵਿਦਿਆਰਥੀਆਂ ਲਈ ਫੈਂਸੀ ਡਰੈੱਸ ਮੁਕਾਬਲੇ ਕਰਵਾਏ ਗਏ।ਇਸ ਮੌਕੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਰੰਗ-ਬਿਰੰਗੀਆਂ ਅਤੇ ਆਕਰਸ਼ਕ ਪੁਸ਼ਾਕਾਂ ਪਹਿਨ ਕੇ ਮੰਚ ਉੱਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਹਰੇਕ ਵਿਦਿਆਰਥੀ ਨੇ ਇੱਕ ਵਿਲੱਖਣ ਸ਼ਖ਼ਸੀਅਤ ਅਤੇ ਭੂਮਿਕਾ ਨੂੰ ਪੇਸ਼ ਕੀਤਾ, ਜਿਸ ਨਾਲ ਇਹ ਮੁਕਾਬਲਾ ਮਨੋਰੰਜਕ ਹੋਣ ਦੇ ਨਾਲ-ਨਾਲ ਗਿਆਨਵਰਧਕ ਵੀ ਸਾਬਤ ਹੋਇਆ। ਵਿਦਿਆਰਥੀਆਂ ਨੇ ਡਾਕਟਰ, ਫ਼ੌਜੀ ਅਧਿਕਾਰੀ, ਅਧਿਆਪਕ ਅਤੇ ਸਮਾਜ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ ਹੋਰ ਕਈ ਕਿੱਤਿਆਂ ਦੀਆਂ ਭੂਮਿਕਾਵਾਂ ਨੂੰ ਬਾਖੂਬੀ ਪੇਸ਼ ਕੀਤਾ।ਆਪਣੀਆਂ ਸ਼ਾਨਦਾਰ ਪੇਸ਼ਕਾਰੀਆਂ ਰਾਹੀਂ ਉਨ੍ਹਾਂ ਨੇ ਵੱਖ-ਵੱਖ ਕਿੱਤਿਆਂ ਦੀ ਮਹੱਤਤਾ ਅਤੇ ਸਮਾਜ ਦੀ ਤਰੱਕੀ ਵਿੱਚ ਉਨ੍ਹਾਂ ਦੇ ਅਹਿਮ ਯੋਗਦਾਨ ਨੂੰ ਦਰਸਾਇਆ। ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਆਤਮ-ਵਿਸ਼ਵਾਸ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਨੇ ਹਾਜ਼ਰ ਸਭਨਾਂ ਦਾ ਮਨ ਮੋਹ ਲਿਆ।ਇਸ ਮੌਕੇ ਪ੍ਰਿੰਸੀਪਲ ਅਮਰੀਕ ਸਿੰਘ ਨੇ ਸਾਰੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ, ਸਿਰਜਣਾਤਮਕਤਾ ਅਤੇ ਮਿਹਨਤ ਦੀ ਪ੍ਰਸ਼ੰਸਾ ਕੀਤੀ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।



ਜਸਵੀਰ ਗੜ੍ਹੀ ਨੂੰ ਉਮੀਦਵਾਰ ਬਣਾਉਣ 'ਤੇ ਹਲਕਾ ਵਿਧਾਇਕ ਨੇ ਚੁੱਕੇ ਸਵਾਲ

ਮੋਰਿੰਡਾ (ਨਿਹਾਲ ਸਿੰਘ ਕਲਸੀ) ਆਮ ਆਦਮੀ ਪਾਰਟੀ ਵੱਲੋਂ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਜਸਬੀਰ ਸਿੰਘ ਗੜ੍ਹੀ ਨੂੰ ਉਮੀਦਵਾਰ ਐਲਾਨ ਦਿੱਤਾ ਗਿਆ ਹੈ ਜਿਸ ਦੇ ਚਲਦਿਆਂ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਆਮ ਆਦਮੀ ਪਾਰਟੀ ਦੇ ਵੱਡੇ ਸਵਾਲ ਖੜੇ ਕੀਤੇ ਗਏ ਹਨ। ਇਸ ਮੌਕੇ ਹਲਕਾ ਵਿਧਾਇਕ ਚਰਨਜੀਤ ਚੰਨੀ ਨੇ ਕਿਹਾ ਕਿ ਉਨਾਂ ਨੂੰ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਸਮਾਜ ਸੇਵੀ ਖੇਤਰ ਦੇ ਵਿੱਚ ਕੰਮ ਕਰਦੇ ਲਗਭਗ 36 ਸਾਲ ਹੋ ਚੁੱਕੇ ਹਨ ਜਿਸ ਦੇ ਚੱਲਦਿਆ ਉਹਨਾਂ ਵੱਲੋਂ ਜ਼ਰੂਰਤਮੰਦ ਲੋਕਾਂ ਦੇ 75 ਹਜ਼ਾਰ ਤੋਂ ਵੱਧ ਮੁਫਤ ਅੱਖਾਂ ਦੇ ਆਪਰੇਸ਼ਨ ਕੀਤੇ ਗਏ। ਜੇਕਰ ਸਰਕਾਰ ਪੱਧਰ ਦੀ ਗੱਲ ਕੀਤੀ ਜਾਵੇ ਤਾਂ ਹਲਕੇ ਵਿੱਚ ਕਰੋੜਾਂ ਦੇ ਪ੍ਰੋਜੈਕਟ ਮੁਕੰਮਲ ਕਰਵਾਏ ਗਏ।



ਇਸ ਤੋਂ ਇਲਾਵਾ ਜੇਕਰ ਜਥੇਬੰਦਕ ਢਾਂਚੇ ਦੀ ਗੱਲ ਕੀਤੀ ਜਾਵੇ ਤਾਂ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਸ੍ਰੀ ਚਮਕੌਰ ਸਾਹਿਬ, ਮੋਰਿੰਡਾ ਅਤੇ ਘੜੂੰਆ ਨਗਰ ਕੌਂਸਲਾਂ ਵਿੱਚ ਆਮ ਆਦਮੀ ਪਾਰਟੀ ਦੇ ਪ੍ਰਧਾਨ ਬਣੇ। ਉਨਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਉਹਨਾਂ ਵੱਲੋਂ ਲਗਭਗ 8000 ਦੀਆਂ ਵੋਟਾਂ ਨਾਲ ਹਰਾ ਕੇ ਉਹ ਵਿਧਾਇਕ ਬਣੇ ਸਨ ਅਤੇ ਮੌਜੂਦਾ ਸਮੇਂ ਵਿੱਚ ਵੀ ਲਗਭਗ 90 ਪਿੰਡਾਂ ਦੇ ਸਰਪੰਚ ਮੇਰੇ ਨਾਲ ਜੁੜੇ ਹੋਏ ਹਨ।


ਉਹਨਾਂ ਜਸਵੀਰ ਸਿੰਘ ਗੜ੍ਹੀ ਨੂੰ ਆਮ ਆਦਮੀ ਪਾਰਟੀ ਤੋਂ ਉਮੀਦਵਾਰ ਐਲਾਨੇ ਜਾਣ ਤੇ ਪਾਰਟੀ ਤੇ ਨਰਾਜ਼ਗੀ ਜਹਿਰ ਕਰਦਿਆ ਕਿਹਾ ਕਿ ਜਸਬੀਰ ਸਿੰਘ ਗੜ੍ਹੀ ਜਦੋਂ ਤੋਂ ਹਲਕੇ ਵਿੱਚ ਆਏ ਹਨ ਉਹਨਾਂ ਵੱਲੋਂ ਸਿਰਫ ਪ੍ਰੈਸ ਕਾਨਫਰਸਾਂ ਰਾਹੀਂ ਵਿਰੋਧੀਆਂ ਨੂੰ ਸਵਾਲ ਕੀਤੇ ਜਾ ਰਹੇ ਹਨ ਜਦਕਿ ਜਮੀਨੀ ਪੱਧਰ ਤੇ ਉਹਨਾਂ ਦੀ ਕਾਰਗੁਜ਼ਾਰੀ ਬਿਲਕੁਲ ਜ਼ੀਰੋ ਹੈ। ਉਹਨਾਂ ਕਿਹਾ ਕਿ ਨਸ਼ਿਆਂ ਨੂੰ ਲੈ ਕੇ ਕੋਈ ਵੀ ਪਾਰਟੀ ਜਾਂ ਕੋਈ ਵੀ ਜਥੇਬੰਦੀ ਜੇਕਰ ਕੋਈ ਉਪਰਾਲਾ ਕਰਦੀ ਹੈ ਤਾਂ ਸਾਨੂੰ ਉਹਨਾਂ ਦਾ ਸਾਥ ਦੇਣਾ ਚਾਹੀਦਾ ਹੈ ਪਰੰਤੂ ਜਸਵੀਰ ਸਿੰਘ ਗੜ੍ਹੀ ਵੱਲੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਨਸ਼ਿਆਂ ਵਿਰੁੱਧ ਕੀਤੀ ਜਾ ਰਹੀ ਸਾਈਕਲ ਰੈਲੀ ਦਾ ਵਿਰੋਧ ਕਰਨਾ ਨਸ਼ਾ ਤਸਕਰੀ ਦੀ ਹਮਾਇਤ ਕਰਨਾ ਹੈ।

ਬਾਬਾ ਵਿਸ਼ਵਕਰਮਾ ਦਾ ਜਨਮ ਦਿਹਾੜਾ ਮਨਾਇਆ

ਜਲੰਧਰ (ਇਕਬਾਲ ਸਿੰਘ ਉਭੀ)- ਸਥਾਨਕ ਫੋਕਲ ਪੁਆਇੰਟ ਵਿਖੇ ਰਾਮਗੜ੍ਹੀਆ ਬਰਾਦਰੀ ਅਤੇ ਕਿਰਤੀ ਸਮਾਜ ਵਲੋਂ ਬਾਬਾ ਵਿਸ਼ਵਕਰਮਾ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਮਾਗਮ ਦੀ ਸ਼ੁਰੂਆਤ ਮੌਕੇ 1ਨਵੰਬਰ ਨੂੰ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਅਤੇ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਉਪਰੰਤ ਗੁਰੂ ਕੇ ਅਟੁੱਟ ਲੰਗਰ ਵਰਤਾਏ ਗਏ। ਇਸ ਸਮਾਗਮ ਬਾਰੇ ਪ੍ਰਧਾਨ ਮੋਹਨ ਸਿੰਘ ਭੀਤਾ ਨੇ ਦੱਸਿਆ ਕਿ 8 ਨਵੰਬਰ ਨੂੰ ਸਵੇਰੇ ਪਾਠ ਸ੍ਰੀ ਵਿਸ਼ਵਕਰਮਾ ਪੁਰਾਣ ਕਰਵਾਇਆ ਗਿਆ ਅਤੇ 9 ਨਵੰਬਰ ਨੂੰ ਕੁੰਦਨ ਲਾਲ ਅਗਰਵਾਲ,ਪਰਿਕਸ਼ਤ ਵਧਵਾ,ਧਰੁਵ ਮਿੱਤਲ, ਬਲਬੀਰ ਸਿੰਘ ਮਠਾੜੂ , ਸਹਿਯੋਗੀ ਸਾਥੀਆਂ ਅਤੇ ਕਮੇਟੀ ਮੈਂਬਰਾਂ ਨੇ ਮਿਲ ਕੇ ਹਵਨ ਜਗ ਕਰਵਾਇਆ ਗਿਆ। ਇਸ ਮੌਕੇ ਪਹੁੰਚੇ ਗਾਇਕਾਂ ਵੱਲੋਂ ਧਾਰਮਿਕ ਗੀਤਾਂ ਰਾਹੀਂ ਬਾਬਾ ਵਿਸ਼ਵਕਰਮਾ ਦੀ ਮਹਿਮਾਂ ਦਾ ਗੁਣਗਾਨ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਨਿਭਾਉਂਦੇ ਹੋਏ ਮੁਹੰਮਦ ਰਫ਼ੀ ਐਵਾਰਡ ਨਾਲ ਸਨਮਾਨਿਤ ਰਛਪਾਲ ਸਿੰਘ ਪਾਲ ਨੇ ਬਾਬਾ ਵਿਸ਼ਵਕਰਮਾ ਦੇ ਜੀਵਨ ਬਾਰੇ ਚਾਨਣਾ ਪਾਇਆ । ਇਸ ਮੌਕੇ ਡਾਇਰੈਕਟਰ ਪੰਜਾਬ ਸਰਕਾਰ ਰਜਿੰਦਰ ਸਿੰਘ ਗੀਹਲ ਨੇ ਰਾਮਗੜ੍ਹੀਆ ਸਮਾਜ ਨੂੰ ਨੌਜਵਾਨ ਪੀੜ੍ਹੀ ਦੀ ਭਲਾਈ ਲਈ ਇੱਕ ਮੰਚ ਤੇ ਇਕੱਠੇ ਹੋ ਕੇ ਚੱਲਣ ਲਈ ਕਿਹਾ ਅਤੇ ਬਾਬਾ ਜੀ ਦੇ ਦਰਸਾਏ ਮਾਰਗ ਤੇ ਇਮਾਨਦਾਰੀ ਨਾਲ ਚਲਦੇ ਹੋਏ ਸੱਚੀ ਕਿਰਤ ਕਮਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਯੂਨਾਇਟਡ ਫੋਰਮ ਆਫ ਇੰਡਸਟਰੀ ਦੇ ਪ੍ਰਧਾਨ ਨਰਿੰਦਰ ਸਿੰਘ ਸੱਗੂ ਹਿੰਦ ਪੰਪ ,ਰਾਜ ਕਰਨ ਸਿੰਘ ਮਰਵਾਹਾ ਅਤੇ ਕੁਲਬੀਰ ਸਿੰਘ ਮਰਵਾਹਾ ਯੂਨੀਸਨ ਗਰੁੱਪ, ਜਸਵਿੰਦਰ ਸਿੰਘ ਨਾਗੀ, ਅਸ਼ਵਨੀ ਕੁਮਾਰ ਵੱਲੋਂ ਮੁੱਖ ਮਹਿਮਾਨ ਤੇ ਹਾਜ਼ਰ ਪਤਵੰਤੇ ਸੱਜਣਾਂ ਦਾ ਸਨਮਾਨ ਕੀਤਾ ਗਿਆ । ਕਮੇਟੀ ਮੈਂਬਰਾਂ ਵੱਲੋਂ ਇਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਧਾਰਮਿਕ ਜਥੇਬੰਦੀਆਂ, ਮੈਂਬਰਾਂ ਅਤੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ, ਵਿਧਾਇਕ ਬਾਵਾ ਹੈਨਰੀ , ਮੇਅਰ ਵਨੀਤ ਧੀਰ ,ਜ਼ਿਲ੍ਹਾ ਪ੍ਰਧਾਨ ਰਜਿੰਦਰ ਬੇਰੀ, ਸਾਬਕਾ ਵਿਧਾਇਕ ਕੇ ਡੀ ਭੰਡਾਰੀ, ਸ਼ੀਤਲ ਵਿਜ ਸ਼ੀਤਲ ਗਰੁੱਪ,ਪਾਖਰ ਸਿੰਘ ਉਭੀ-ਅਕਾਲੀ ਆਗੂ ਹਰਿੰਦਰ ਸਿੰਘ ਢੀਂਡਸਾ ਸਮੇਤ ਹੋਰ ਧਾਰਮਿਕ, ਰਾਜਨੀਤਕ, ਸਮਾਜਿਕ ਅਤੇ ਪ੍ਰਮੁੱਖ ਸਖਸ਼ੀਅਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸੋਹਨ ਸਿੰਘ ਭੀਤਾ, ਸਮਾਜ ਸੇਵਕ ਅਮਰਜੀਤ ਸਿੰਘ ਕਿਸ਼ਨਪੁਰਾ, ਲਖਬੀਰ ਸਿੰਘ ਜੂਤਲਾ ਸਤਨਾਮ ਮੋਟਰ, ਜਤਿੰਦਰ ਸਿੰਘ ਸੱਗੂ, ਕਰਨਬੀਰ ਸਿੰਘ ਮਰਵਾਹਾ, ਅਮਨਬੀਰ ਸਿੰਘ ਮਰਵਾਹਾ, ਸੁਖਦੇਵ ਰਾਜ ,ਪਰਮਜੀਤ ਸਿੰਘ ਵਿਲਖੂ, ਕੁਲਜੀਤ ਸਿੰਘ ਭੀਤਾ , ਅਮਰਜੀਤ ਸਿੰਘ ਬਰਮੀ ਸਮੇਤ ਸਮੂਹ ਮੈਂਬਰਾਂ ਅਤੇ ਇਲਾਕਾ ਵਾਸੀਆ ਨੇ ਬਾਬਾ ਜੀ ਦੇ ਅਸਥਾਨ ਤੇ ਹਾਜ਼ਰੀ ਭਰ ਕੇ ਆਪਣਾ ਜੀਵਨ ਸਫ਼ਲ ਕੀਤਾ।


ਐਸ ਡੀ ਐੱਮ ਨੇ ਅਹੁਦਾ ਸੰਭਾਲਿਆ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਮਿਸ ਲਿੰਧਿਆ ਐਲ ਐਨ, ਆਈ ਏ ਐਸ, ਨੇ ਐਸ ਡੀ ਐਮ ਮੋਰਿੰਡਾ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਦਿਆਂ ਐਸ ਡੀ ਐਮ ਮੋਰਿੰਡਾ ਮਿਸ ਲਿੰਧਿਆ ਐਲ ਐਨ ਨੇ ਕਿਹਾ ਕਿ ਉਹ ਮੋਰਿੰਡਾ ਇਲਾਕੇ ਦੀ ਸੇਵਾ ਕਰਨ ਲਈ ਤੈਨਾਤ ਹੋਏ ਹਨ ਅਤੇ ਬਿਨਾਂ ਕਿਸੇ ਪੱਖਪਾਤ ਤੋਂ ਇਲਾਕੇ ਦੇ ਲੋਕਾਂ ਦੀ ਸੇਵਾ ਕਰਨਗੇ। ਇਸ ਮੌਕੇ ਪੁਨੀਤ ਬਾਂਸਲ ਤਹਿਸੀਲਦਾਰ ਮੋਰਿੰਡਾ ਦੀ ਅਗਵਾਈ ਵਿੱਚ ਸਮੁੱਚੇ ਸਟਾਫ਼ ਵੱਲੋਂ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਕੇ ਜੀ ਆਇਆਂ ਨੂੰ ਕਿਹਾ ਗਿਆ। ਜ਼ਿਕਰਯੋਗ ਹੈ ਕਿ ਇਸਤੋਂ ਪਹਿਲਾਂ ਮਿਸ ਲਿੰਧਿਆ ਐਲ ਐਨ, ਆਈ ਏ ਐਸ ਵਿਸ਼ੇਸ਼ ਕਾਰਜ ਅਫ਼ਸਰ (ਸ਼ਹਿਰੀ ਵਿਕਾਸ)/ ਡਿਪਟੀ ਕਮਿਸ਼ਨਰ ਐਸ ਏ ਐਸ ਨਗਰ ਵੱਜੋਂ ਅਪਣੀਆਂ ਸੇਵਾਵਾਂ ਨਿਭਾ ਰਹੇ ਸਨ, ਅਤੇ ਇਥੇ ਉਹ ਸ੍ਰੀ ਚੇਤਨ ਬੰਗੜ ਐਸ ਡੀ ਐਮ ਦੀ ਬਦਲੀ ਹੋਣ ਉਪਰੰਤ ਤੈਨਾਤ ਹੋਏ ਹਨ। ਇਸ ਮੌਕੇ ਐਸ ਡੀ ਐਮ ਦਫ਼ਤਰ ਮੋਰਿੰਡਾ ਅਤੇ ਤਹਿਸੀਲ ਮੋਰਿੰਡਾ ਦਫ਼ਤਰ ਦਾ ਸਮੁੱਚਾ ਸਟਾਫ ਹਾਜ਼ਰ ਸੀ।




ਚੱਕ ਗੁੱਜਰਾਂ ਦਾ ਬਾਲ ਮੈਗਜ਼ੀਨ 'ਪਰਵਾਜ਼' ਲੋਕ ਅਰਪਣ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਿੱਖਿਆ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀਮਤੀ ਹਰਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ ਹੇਠ ਸਰਕਾਰੀ ਮਿਡਲ ਸਕੂਲ ਚੱਕ ਗੁਜਰਾਂ ਵੱਲੋਂ ਬਾਲ ਦਿਵਸ ਦੇ ਵਿਸ਼ੇਸ਼ ਮੌਕੇ 'ਤੇ ਸਕੂਲ ਦਾ ਬਾਲ ਰਸਾਲਾ 'ਪਰਵਾਜ਼' ਸੰਪਾਦਕ ਬਬੀਤਾ ਰਾਣੀ ਦੀ ਸੰਪਾਦਨਾ ਹੇਠ ਲੋਕ ਅਰਪਣ ਕੀਤਾ ਗਿਆ। ਰਸਾਲੇ ਬਾਰੇ ਗੱਲ ਕਰਦਿਆਂ ਬਬੀਤਾ ਰਾਣੀ ਨੇ ਕਿਹਾ ਕਿ ਪਰਵਾਜ਼ ਰਸਾਲੇ ਵਿੱਚ ਸਕੂਲ ਦੇ ਵਿਦਿਆਰਥੀਆਂ ਦੀਆਂ ਬਾਲ ਕਲਮਾਂ ਵੱਲੋਂ ਸਿਰਜੀਆਂ ਰਚਨਾਵਾਂ ਨੂੰ ਸ਼ਾਮਿਲ ਕੀਤਾ ਗਿਆ ਹੈ। ਵਿਦਿਆਰਥੀਆਂ ਨੇ ਕਵਿਤਾਵਾਂ, ਕਹਾਣੀਆਂ, ਲੇਖਾਂ ਅਤੇ ਸੱਭਿਆਚਾਰਕ ਲਿਖਤਾਂ ਰਾਹੀਂ ਆਪਣੀ ਮੌਲਿਕ ਸਿਰਜਣਾਵਾਂ ਦਾ ਪ੍ਰਦਰਸ਼ਨ ਕੀਤਾ ਹੈ। ਸਰਕਾਰੀ ਮਿਡਲ ਸਕੂਲ ਚੱਕ ਗੁਜਰਾਂ ਦਾ ਇਹ ਪੰਜਵਾਂ ਸਲਾਨਾ ਮੈਗਜ਼ੀਨ ਹੈ। ਜਦੋਂ ਇਹ ਬਾਲ ਮੈਗਜ਼ੀਨ ਛਪ ਕੇ ਨੰਨੇ ਬਾਲ ਲੇਖਕਾਂ ਦੇ ਹੱਥਾਂ ਵਿੱਚ ਆਇਆ ਤਾਂ ਉਹਨਾਂ ਦੇ ਚਿਹਰੇ ਦਾ ਜਲੌਅ ਦੇਖਣ ਵਾਲਾ ਸੀ। ਵਿਦਿਆਰਥੀਆਂ ਵਾਸਤੇ ਕੀਤਾ ਗਿਆ ਇਹ ਉਪਰਾਲਾ ਉਨ੍ਹਾਂ ਦੇ ਵੱਡੇ ਹੋ ਕੇ ਵੱਡੇ ਲੇਖਕ ਬਣਨ ਵੱਲ ਪੁੱਟਿਆ ਗਿਆ ਪਹਿਲਾ ਸਾਰਥਕ ਕਦਮ ਹੈ।ਮੈਗਜ਼ੀਨ ਨੂੰ ਲੋਕ ਅਰਪਣ ਕਰਨ ਸਮੇਂ ਮੈਡਮ ਵੀਰਾਂ ਵਾਲੇ, ਮੈਡਮ ਮਨਪ੍ਰੀਤ ਕੌਰ ਅਤੇ ਸਕੂਲ ਦੇ ਨੰਨੇ ਲੇਖਕਾਂ ਸਮੇਤ ਵਿਦਿਆਰਥੀ ਹਾਜ਼ਰ ਸਨ।



ਚੱਲਣ ਫਿਰਨ ਤੋਂ ਅਸਮਰੱਥ ਸੁਰਜੀਤ ਸਿੰਘ ਨੂੰ ਭੇਟ ਕੀਤੀ ਵ੍ਹੀਲ ਚੇਅਰ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਪੰਜਾਬ ਦੀ ਭਗਵੰਤ ਮਾਨ ਸਰਕਾਰ ਹਰ ਇੱਕ ਵਰਗ ਦੀਆਂ ਸੁਵਿਧਾਵਾਂ ਲਈ ਹਰ ਤਰ੍ਹਾਂ ਦੇ ਯਤਨ ਕਰ ਰਹੀ ਹੈ ਤਾਂ ਜੋ ਕੋਈ ਵੀ ਵਿਅਕਤੀ ਪੰਜਾਬ ਸਰਕਾਰ ਦੀਆਂ ਸੁੱਖ ਸਹੂਲਤਾਂ ਤੋਂ ਵਾਂਝਾ ਨਾ ਰਹਿ ਸਕੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਡਾ. ਚਰਨਜੀਤ ਸਿੰਘ ਨੇ ਸੱਤ ਸਾਲਾਂ ਤੋਂ ਚੱਲਣ ਫਿਰਨ ਤੋਂ ਅਸਮਰੱਥ ਸੁਰਜੀਤ ਸਿੰਘ ਕੋਟਲੀ ਨੂੰ ਹੈਲਪ ਏਡ ਭੇਟ ਕਰਦਿਆਂ ਕੀਤਾ। ਉਹਨਾਂ ਸੁਰਜੀਤ ਸਿੰਘ ਨੂੰ ਵ੍ਹੀਲ ਚੇਅਰ ਸਾਈਕਲ ਦਿੰਦੇ ਹੋਏ ਕਿਹਾ ਕਿ ਉਹਨਾਂ ਨੂੰ ਮਾਣ ਹੈ ਕਿ ਪੰਜਾਬ ਸਰਕਾਰ ਹਰ ਇੱਕ ਵਰਗ, ਹਰ ਇੱਕ ਵਿਅਕਤੀ ਦਾ ਧਿਆਨ ਰੱਖ ਰਹੀ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਸਭ ਤੋਂ ਵੱਧ ਪਹਿਲ ਲੋਕਾਂ ਨੂੰ ਸਿਹਤ ਸੁਵਿਧਾਵਾਂ ਦੇਣ ਲਈ ਕੀਤੀ ਗਈ, ਜਦ ਕਿ ਇਸ ਤੋਂ ਇਲਾਵਾ ਹਰ ਘਰ ਤੱਕ ਸਿਹਤ, ਸਿੱਖਿਆ, ਮੁਫਤ ਬਿਜਲੀ, ਇਲਾਜ ਦਵਾਈਆਂ ਆਦਿ ਨੂੰ ਵੀ ਪਹਿਲ ਦੇ ਅਧਾਰ 'ਤੇ ਮੁਹੱਈਆ ਕਰਵਾਇਆ ਗਿਆ ਹੈ।ਇਸ ਮੌਕੇ 'ਤੇ ਉਹਨਾਂ ਪਿੰਡ ਕੋਟਲੀ ਦੇ ਸਰਪੰਚ ਬਲਰਾਮ ਸਿੰਘ ਦੀ ਸਰਾਹਨਾ ਵੀ ਕੀਤੀ ਜਿਨਾਂ ਵੱਲੋਂ ਸੁਰਜੀਤ ਸਿੰਘ ਕੋਟਲੀ ਨੂੰ ਉਨਾਂ ਨਾਲ ਮਿਲਾ ਕੇ ਉਸ ਦੀ ਸਮੱਸਿਆ ਦਾ ਹੱਲ ਕਰਵਾਇਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿਆਸੀ ਸਲਾਹਕਾਰ ਜਗਤਾਰ ਸਿੰਘ ਘੜੂੰਆਂ, ਕੇਸਰ ਸਿੰਘ ਸਮਾਣਾ ਚੇਅਰਮੈਨ ਮਾਰਕੀਟ ਕਮੇਟੀ ਮੋਰਿੰਡਾ, ਬਲਾਕ ਪ੍ਰਧਾਨ ਦਲਜੀਤ ਸਿੰਘ ਮਾਨਗੜ ਰਕੌਲੀ, ਸਰਪੰਚ ਬਲਰਾਮ ਸਿੰਘ ਕੋਟਲੀ, ਜਗਤਾਰ ਸਿੰਘ ਸਹੇੜੀ,ਪੀਏ ਸ੍ਰੀ ਚੰਦ ਅਤੇ ਦਵਿੰਦਰ ਰੋਹਨ ਆਦਿ ਹਾਜ਼ਰ ਸਨ।



ਜਸ਼ਨਜੀਤ ਸਿੰਘ ਨੇ ਦਸੂਹਾ ਦੇ ਐੱਸ ਡੀ ਐੱਮ ਦਾ ਅਹੁਦਾ ਸੰਭਾਲਿਆ

ਦਸੂਹਾ (ਕਰਨੈਲ ਮਾਂਗਟ) ਜਸ਼ਨਜੀਤ ਸਿੰਘ ਪੀ.ਸੀ.ਐਸ. ਨੇ ਦਸੂਹਾ ਦੇ ਨਵੇਂ ਉਪ ਮੰਡਲ ਮੈਜਿਸਟਰੇਟ (ਐਸਡੀਐਮ) ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਉਨ੍ਹਾਂ ਦੇ ਅਹੁਦਾ ਸੰਭਾਲਣ ਐਸ ਡੀ ਐਮ ਦਫ਼ਤਰ ਦੇ ਅਧਿਕਾਰੀਆ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਉਹ ਉੱਪ ਮੰਡਲ ਮੈਜਿਸਟਰੇਟ ਬਾਬਾ ਬਕਾਲਾ ਤੋਂ ਬਦਲ ਕੇ ਦਸੂਹਾ ਆਏ ਹਨ। ਇਸ ਮੌਕੇ ਸਟੈਨੋ ਭੁਪਿੰਦਰ ਸਿੰਘ ਚੀਮਾਂ ਤੇ ਹੋਰ ਅਧਿਕਾਰੀ ਸਟਾਫ ਹਾਜ਼ਰ ਸੀ। ਐਸ.ਡੀ.ਐਮ.ਜਸ਼ਨਜੀਤ ਸਿੰਘ ਪੀ.ਸੀ.ਐਸ. ਨੇ ਸਮੂਹ ਦਫਤਰ ਦੇ ਅਧਿਕਾਰੀਆ ਅਤੇ ਕਰਮਚਾਰੀਆ ਨੂੰ ਆਦੇਸ਼ ਦਿੱਤੇ ਕਿ ਆਮ ਲੋਕਾਂ ਨੂੰ ਸਰਕਾਰੀ ਦਫਤਰਾਂ ਵਿੱਚ ਅਪਣੇ ਕੰਮ ਕਰਵਾਉਣ ਦੇ ਲਈ ਕਿਸੇ ਕਿਸਮ ਦੀ ਖੱਜਲ ਖੁਆਰੀ ਨਾ ਹੋਵੇ। ਇਸ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇ।



ਸ਼ਰਾਰਤੀ ਅਨਸਰਾਂ ਵੱਲੋਂ ਫਲੈਕਸ ਪਾੜਨ ਦੀ ਨਿਖੇਧੀ

ਬਲਾਚੌਰ (ਜਸਵਿੰਦਰ ਬੈਂਸ)- ਪਿੰਡ ਰੈਲ ਮਾਜਰਾ ਦੀ ਹੋਣਹਾਰ ਧੀ ਦਿਲਜੋਤ ਕੌਰ ਵੱਲੋਂ ਜ਼ਿਲ੍ਹਾ ਪੱਧਰੀ ਸ਼ਾਟ ਪੁੱਟ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਪਿੰਡ, ਮਾਪਿਆਂ ਅਤੇ ਸਕੂਲ ਦਾ ਨਾਂਅ ਰੌਸ਼ਨ ਕਰਨ ਦੀ ਪ੍ਰਾਪਤੀ 'ਤੇ ਜਿੱਥੇ ਇਲਾਕੇ ਵਿੱਚ ਖ਼ੁਸ਼ੀ ਅਤੇ ਮਾਣ ਦਾ ਮਾਹੌਲ ਸੀ, ਉੱਥੇ ਹੀ ਉਸ ਦੀ ਹੌਸਲਾ ਅਫਜ਼ਾਈ ਲਈ ਲਗਾਏ ਗਏ ਫਲੈਕਸ ਨੂੰ ਕਿਸੇ ਸ਼ਰਾਰਤੀ ਅਨਸਰ ਵੱਲੋਂ ਫਾੜ ਦਿੱਤੇ ਜਾਣ ਦੀ ਘਟਨਾ ਸਾਹਮਣੇ ਆਉਣ ਤੋਂ ਬਾਅਦ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਇਸ ਘਟਨਾ ਦੀ ਸਖ਼ਤ ਨਿਖੇਧੀ ਕਰਦਿਆਂ ਤੇਜੀ ਮਾਂਗਟ ਨੇ ਕਿਹਾ ਕਿ ਜੇਕਰ ਅਸੀਂ ਕਿਸੇ ਧੀ ਦੀ ਪ੍ਰਾਪਤੀ ਦਾ ਸਨਮਾਨ ਨਹੀਂ ਕਰ ਸਕਦੇ ਤਾਂ ਘੱਟੋ-ਘੱਟ ਉਸਦਾ ਅਪਮਾਨ ਵੀ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਦਿਲਜੋਤ ਕੌਰ ਨੇ ਆਪਣੀ ਸਖ਼ਤ ਮਿਹਨਤ, ਲਗਨ ਅਤੇ ਖੇਡ ਪ੍ਰਤੀ ਸਮਰਪਣ ਨਾਲ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਹਾਸਲ ਕੀਤਾ ਹੈ।

ਇਹ ਪ੍ਰਾਪਤੀ ਸਿਰਫ਼ ਉਸਦੇ ਪਰਵਾਰ ਲਈ ਹੀ ਨਹੀਂ, ਸਗੋਂ ਪੂਰੇ ਪਿੰਡ ਅਤੇ ਇਲਾਕੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀ ਧੀ ਦੀ ਇਸ ਸ਼ਾਨਦਾਰ ਪ੍ਰਾਪਤੀ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਉਸਦਾ ਹੌਸਲਾ ਵਧਾਉਣ ਦੇ ਮਕਸਦ ਨਾਲ ਫਲੈਕਸ ਲਗਾਇਆ ਗਿਆ ਸੀ, ਪਰ ਕਿਸੇ ਵੱਲੋਂ ਉਸਨੂੰ ਫਾੜ ਦੇਣਾ ਬੇਹੱਦ ਨਿੰਦਣਯੋਗ ਅਤੇ ਮੰਦਭਾਗੀ ਹਰਕਤ ਹੈ। ਇਹ ਸਿਰਫ਼ ਇੱਕ ਫਲੈਕਸ ਨੂੰ ਨੁਕਸਾਨ ਪਹੁੰਚਾਉਣ ਦੀ ਗੱਲ ਨਹੀਂ, ਬਲਕਿ ਇੱਕ ਹੋਣਹਾਰ ਧੀ ਦੀ ਪ੍ਰਾਪਤੀ ਦਾ ਸਨਮਾਨ ਕਰਨ ਵਾਲੀ ਭਾਵਨਾ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੈ। ਤੇਜੀ ਮਾਂਗਟ ਨੇ ਕਿਹਾ ਕਿ ਫਲੈਕਸ ਫਾੜਨ ਨਾਲ ਦਿਲਜੋਤ ਕੌਰ ਦੀ ਪ੍ਰਾਪਤੀ ਕਦੇ ਵੀ ਮਿਟਾਈ ਨਹੀਂ ਜਾ ਸਕਦੀ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਵਾਈ ਜਾਵੇ ਅਤੇ ਫਲੈਕਸ ਫਾੜਨ ਵਾਲੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ।

ਪੰਜਵਾਂ ਅਕਾਦਮਿਕ ਸਕਾਲਰਸ਼ਿਪ ਵੰਡ ਤੇ ਅਧਿਆਪਕ ਸਨਮਾਨ ਸਮਾਰੋਹ ਕਰਾਇਆ



ਗੁਰਾਇਆ (ਬਿੰਦਰ ਸੁਮਨ)- ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬੁੰਡਾਲਾ (ਜਲੰਧਰ) ਵਿਖੇ ਸੁੱਚਾ ਸਿੰਘ ਰਾਹੀ (ਯੂ ਐਸ ਏ) ਪਿੰਡ ਰਾਜਪੁਰਾ ਤਹਿਸੀਲ ਫਿਲੌਰ ਵੱਲੋਂ ਪੰਜਵਾਂ ਅਕਾਦਮਿਕ ਸਕਾਲਰਸ਼ਿਪ ਵੰਡ ਅਤੇ ਅਧਿਆਪਕ ਸਨਮਾਨ ਸਮਾਰੋਹ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਰਾਹੀਂ ਕੀਤੀ ਗਈ। ਲੈਕਚਰਾਰ ਅਸ਼ੋਕ ਕੁਮਾਰ ਮਹਿਮੀ ਨੇ ਸੁੱਚਾ ਸਿੰਘ ਰਾਹੀ ਦੇ ਜੀਵਨ ਅਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਲੈਕਚਰਾਰ ਪ੍ਰਦੀਪ ਸਿੰਘ ਰਾਜਪੁਰਾ ਨੇ ਸੁੱਚਾ ਸਿੰਘ ਰਾਹੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜ ਅਤੇ ਇਸ ਸਕਾਲਰਸ਼ਿਪ ਵੰਡ ਸਮਾਰੋਹ ਦੇ ਮੰਤਵ ਬਾਰੇ ਦੱਸਿਆ। ਇਸ ਸਮਾਗਮ ਵਿੱਚ ਜੰਡਿਆਲਾ/ ਬੁੰਡਾਲਾ ਮੰਜਕੀ ਇਲਾਕੇ ਦੇ 45 ਮੈਰੀਟੋਰੀਅਸ ਵਿਦਿਆਰਥੀਆਂ ਨੂੰ ਨਗਦ ਇਨਾਮ ਪ੍ਰਤੀ ਵਿਦਿਆਰਥੀ 2000, ਸ਼ਾਨਦਾਰ ਮੁਮੈਂਟੋ ਅਤੇ ਇੱਕ ਸਾਹਿਤਿਕ ਕਿਤਾਬ ਇਨਾਮ ਵਿੱਚ ਦਿੱਤੇ ਗਏ। ਸਨਮਾਨਤ ਹੋਣ ਵਾਲਿਆਂ ਵਿੱਚ ਪ੍ਰਿੰਸੀਪਲ-ਕਮ-ਬਲਾਕ ਨੋਡਲ ਅਫਸਰ ਸ੍ਰੀ ਕਮਲ ਕਿਸ਼ੋਰ, ਪ੍ਰਿੰਸੀਪਲ ਚੰਦਰ ਸ਼ੇਖਰ ਵਰਮਾ, ਪ੍ਰਿੰਸੀਪਲ ਨੀਲਮ ਮਲਹੋਤਰਾ, ਪ੍ਰਿੰਸੀਪਲ ਅਰਚਨਾ ਕੁਮਾਰੀ, ਹੈਡਮਿਸਟਰੈਸ ਜਸਵਿੰਦਰ ਕੌਰ, ਹੈਡਮਾਸਟਰ ਨਰਿੰਦਰ ਕੁਮਾਰ, ਸਕੂਲ ਇੰਚਾਰਜਾਂ ਵਿੱਚ ਸ੍ਰੀ ਰਿਸ਼ੀ ਕੁਮਾਰ, ਕੁਮਾਰੀ ਰੋਸ਼ਨੀ ਅਮਰ, ਸ੍ਰੀਮਤੀ ਸੁਖਵਿੰਦਰ ਕੌਰ, ਅਤੇ ਸ. ਜਤਿੰਦਰ ਪਾਲ ਸਿੰਘ ਸ਼ਾਮਿਲ ਸਨ। ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਸ.ਜਸਪ੍ਰੀਤ ਸਿੰਘ ਸੈਣੀ (ਪ੍ਰਧਾਨ ਪੰਜਾਬ ਪ੍ਰੈਸ ਕਲੱਬ ਜਲੰਧਰ) ਬਤੌਰ ਮੁੱਖ ਮਹਿਮਾਨ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਪਹੁੰਚੇ। ਇਸ ਵਿੱਚ ਪ੍ਰਦੀਪ ਸਿੰਘ ਰਾਜਪੁਰਾ ਅਤੇ ਰਮਨ ਅਜ਼ੀਜ਼ ਵੱਲੋਂ ਸਰਦਾਰ ਸੁੱਚਾ ਸਿੰਘ ਰਾਹੀ ਦੇ ਜੀਵਨ ਅਤੇ ਪ੍ਰਾਪਤੀਆਂ 'ਤੇ ਬਣੀ ਡਾਕੂਮੈਂਟਰੀ ਮੂਵੀ 'ਰੇਤੇ ਵਿੱਚ ਖਿੜਿਆ ਕਮਲ ਦਾ ਫੁੱਲ- ਸੁੱਚਾ ਸਿੰਘ ਰਾਹੀ' ਵੀ ਦਿਖਾਈ ਗਈ। ਸਮਾਰੋਹ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਸੱਭਿਆਚਾਰਕ ਗੀਤ-ਸੰਗੀਤ, ਕੋਰੀਓਗ੍ਰਾਫੀਆਂ ਅਤੇ ਗਿੱਧਾ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਕੁਮਾਰੀ ਰੌਸ਼ਨੀ ਅਮਰ ਨੇ ਕਵਿਤਾਵਾਂ ਵਰਗੀਆਂ ਗੱਲਾਂ ਕੀਤੀਆਂ ਅਤੇ ਲੈਕਚਰਾਰ ਅਵਤਾਰ ਲਾਲ ਨੇ ਗੀਤ ਪੇਸ਼ ਕੀਤਾ। ਇਸ ਸਮੇਂ ਸ਼੍ਰੀਮਤੀ ਬਲਵੀਰ ਕੌਰ ਬਾਂਸਲ ਸਾਬਕਾ ਸਰਪੰਚ/ਹੈਡ ਹੈਡਮਿਸਟਰੈਸ, ਸਮਾਜ ਸੇਵਿਕਾ ਜਸਪਾਲ ਕੌਰ ਬੁੰਡਾਲਾ, ਜਸਵਿੰਦਰ ਸਿੰਘ ਵਿਰਕ, ਕਰਨਵੀਰ ਸਿੰਘ ਵਿਰਕ, ਬਲਜੀਤ ਕੌਰ ਅਤੇ ਮਨਜੀਤ ਕੌਰ ਰਾਜਪੁਰਾ ਅਤੇ ਕੰਨਿਆ ਸਕੂਲ ਬੁੰਡਾਲਾ ਦੇ ਸਮੂਹ ਅਧਿਆਪਕ ਸ਼ਾਮਿਲ ਸਨ। ਸਟੇਜ ਸਕੱਤਰ ਦੀ ਭੂਮਿਕਾ ਸ਼੍ਰੀਮਤੀ ਕਿਰਨਦੀਪ ਕੌਰ ਨੇ ਬਾਖੂਬੀ ਨਿਭਾਈ। ਇਹ ਨਵੇਕਲਾ ਸਮਾਗਮ ਯਾਦਗਾਰੀ ਹੋ ਨਿਬੜਿਆ।

ਵਾਟਰ ਟ੍ਰੀਟਮੈਂਟ ਪਲਾਂਟ ਦਾ ਵਿਧਾਇਕ ਨੇ ਰੱਖਿਆ ਨੀਂਹ ਪੱਥਰ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)- ਇਤਿਹਾਸਕ ਨਗਰ ਬਿਲਗਾ ਦੇ ਵਸਨੀਕਾਂ ਨੂੰ ਪੀਣ ਵਾਲੇ ਸਾਫ਼ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਲਈ 13.77 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ 2 ਐੱਮ ਐੱਲ ਡੀ ਸਮਰੱਥਾ ਵਾਲੇ ਵਾਟਰ ਟ੍ਰੀਟਮੈਂਟ ਪਲਾਂਟ ਦਾ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਵੱਲੋਂ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਜਲੰਧਰ ਤੋਂ ਬਾਅਦ ਇਹ ਦੂਜਾ ਵਾਟਰ ਟ੍ਰੀਟਮੈਂਟ ਪਲਾਂਟ ਹੈ, ਜਿਸ ਰਾਹੀਂ ਬਿਲਗਾ ਸ਼ਹਿਰ ਦੇ ਲੋਕਾਂ ਨੂੰ ਨਹਿਰੀ ਪਾਣੀ ਦੀ ਸਪਲਾਈ ਦੀ ਸਹੂਲਤ ਮਿਲੇਗੀ। ਵਿਧਾਇਕ ਬੀਬੀ ਮਾਨ ਨੇ ਕਿਹਾ ਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਬਿਹਤਰ ਸਹੂਲਤ ਮਿਲੇਗੀ ਅਤੇ ਧਰਤੀ ਹੇਠਲੇ ਪਾਣੀ ਦੀ ਲਗਾਤਾਰ ਡਿੱਗ ਰਹੇ ਪੱਧਰ ਨੂੰ ਬਚਾਉਣ ਵਿੱਚ ਵੀ ਮਦਦ ਮਿਲੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਨੂੰ 18 ਮਹੀਨਿਆਂ ਦੇ ਅੰਦਰ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬਿਲਗਾ ਸ਼ਹਿਰ ਦੀਆਂ ਜਿਨ੍ਹਾਂ ਗਲੀਆਂ ਵਿੱਚ ਪਹਿਲਾਂ ਵਾਟਰ ਸਪਲਾਈ ਦੀਆਂ ਪਾਈਪਾਂ ਨਹੀਂ ਪਾਈਆਂ ਗਈਆਂ ਸਨ, ਉੱਥੇ ਵੀ ਪੰਜਾਬ ਸਰਕਾਰ ਵੱਲੋਂ ਅਮਰੁਤ-2 ਸਕੀਮ ਤਹਿਤ 101.73 ਲੱਖ ਰੁਪਏ ਦੀ ਲਾਗਤ ਨਾਲ 4.20 ਕਿਲੋਮੀਟਰ ਲੰਬੀ ਵਾਟਰ ਸਪਲਾਈ ਲਾਈਨ ਵਿਛਾਈ ਗਈ ਹੈ। ਇਸ ਨਾਲ ਉਨ੍ਹਾਂ ਇਲਾਕਿਆਂ ਦੇ ਵਸਨੀਕਾਂ ਦੀ ਪੁਰਾਣੀ ਮੰਗ ਪੂਰੀ ਹੋਈ ਹੈ, ਜਿੱਥੇ ਪਹਿਲਾਂ ਪੀਣ ਵਾਲੇ ਪਾਣੀ ਦੀ ਸਪਲਾਈ ਦੀ ਸਮੱਸਿਆ ਸੀ। ਇਸ ਮੌਕੇ ਜਲ ਸਪਲਾਈ ਅਤੇ ਸੀਵਰੇਜ ਵਿਭਾਗ ਦੇ ਐਕਸੀਅਨ ਮਨਿੰਦਰ ਸਿੰਘ, ਜੇ.ਈ. ਸੁਨੀਲ ਕੁਮਾਰ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਜਸਵੀਰ ਸਿੰਘ ਸੰਗੋਵਾਲ (ਚੇਅਰਮੈਨ), ਗੁਰਨਾਮ ਸਿੰਘ, ਨਿਰਮਲ ਸਿੰਘ ਮੁਆਈ, ਬੰਟੀ ਖੋਖੇਵਾਲ, ਗੁਰਦੇਵ ਸਿੰਘ ਦੇਬੀ, ਬਲਵੀਰ ਸਿੰਘ ਪੁਆਦੜਾ, ਬਲਜੀਤ ਸਿੰਘ ਪੁਆਦੜਾ, ਰਣਜੋਧ ਸਿੰਘ ਔਜਲਾ, ਬਲਜੀਤ ਸਿੰਘ ਔਜਲਾ, ਜਪਿੰਦਰ ਸਿੰਘ, ਬਲਵੀਰ ਸਿੰਘ, ਹਰਜਿੰਦਰ ਸਿੰਘ ਗੁੰਮਟਾਲੀ, ਜੋਗਾ ਸਿੰਘ ਉੱਪਲ, ਕੌਂਸਲਰ ਬਲਰਾਜ ਕੌਰ, ਕੌਂਸਲਰ ਬਲਵੀਰ ਕੌਰ, ਨਰੇਸ਼ ਕੁਮਾਰ ਮਹੇ, ਬਲਾਕ ਪ੍ਰਧਾਨ ਸਾਹਿਲ ਅਰੋੜਾ, ਜੋਤੀ ਖਾਨ, ਲਵ ਕੁਮਾਰ, ਜਸ਼ਨ ਸਮਰਾ, ਨਰਿੰਦਰ ਕੈਂਥ, ਅਮਰਦੀਪ ਬੰਟੀ, ਅਮਨ ਤੇਜੀ, ਬਾਬਾ ਹਮਰਾਜ, ਸੰਦੀਪ ਗੁੰਮਟਾਲਾ, ਜੋਤੀ ਮੁਆਈ, ਜਸਵਿੰਦਰ ਸਿੰਘ ਰਾਣਾ ਅਤੇ ਕਾਮਰੇਡ ਕ੍ਰਿਸ਼ਨ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਜਲੰਧਰ ਸੈਂਟਰਲ 'ਚ ਨਿਤਿਨ ਕੋਹਲੀ ਨੂੰ ਟਿਕਟ ਮਿਲਣ 'ਤੇ ਜਸ਼ਨ

ਕੋਹਲੀ ਨੇ ਅਰਵਿੰਦ ਕੇਜਰੀਵਾਲ, ਭਗਵੰਤ ਮਾਨ ਦਾ ਕੀਤਾ ਧੰਨਵਾਦ

ਜਲੰਧਰ (ਸ਼ੈਲੀ ਐਲਬਰਟ) ਆਮ ਆਦਮੀ ਪਾਰਟੀ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਜਲੰਧਰ ਸੈਂਟਰਲ ਤੋਂ ਨਿਤਿਨ ਕੋਹਲੀ



ਨੂੰ ਆਪਣਾ ਉਮੀਦਵਾਰ ਐਲਾਨਿਆ ਹੈ।ਇਹ ਐਲਾਨ ਕੋਹਲੀ ਦੇ ਸਿਆਸੀ ਸਫ਼ਰ ਵਿੱਚ ਇੱਕ ਅਹਿਮ ਪੜਾਅ ਹੈ ਅਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਵਿੱਚ ਜਤਾਏ ਭਰੋਸੇ ਨੂੰ ਦਰਸਾਉਂਦਾ ਹੈ। ਨਿਤਿਨ ਕੋਹਲੀ ਨੇ ਪਾਰਟੀ ਲੀਡਰਸ਼ਿਪ, ਪਰਵਾਰ ਅਤੇ ਸਮਰਥਕਾਂ ਦਾ ਧੰਨਵਾਦ ਕੀਤਾ।ਉਮੀਦਵਾਰੀ ਦੇ ਐਲਾਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਨਿਤਿਨ ਕੋਹਲੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਉਨ੍ਹਾਂ 'ਤੇ ਭਰੋਸਾ ਜਤਾਉਣ ਅਤੇ ਜਲੰਧਰ ਸੈਂਟਰਲ ਤੋਂ ਚੋਣ ਲੜਨ ਦੀ ਜ਼ਿੰਮੇਵਾਰੀ ਸੌਂਪਣ ਲਈ ਧੰਨਵਾਦ ਕੀਤਾ। ਕੋਹਲੀ ਨੇ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਅਤੇ ਜਲੰਧਰ ਸੈਂਟਰਲ ਦੇ ਲੋਕਾਂ ਦੀ ਨਵੇਂ ਜੋਸ਼ ਨਾਲ ਸੇਵਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਉਨ੍ਹਾਂ ਕਿਹਾ ਕਿ ਹਲਕੇ ਲਈ ਉਨ੍ਹਾਂ ਕੋਲ ਪਹਿਲਾਂ ਹੀ ਇੱਕ ਪੂਰੀ ਯੋਜਨਾ ਤਿਆਰ ਹੈ ਅਤੇ ਉਹ ਇਹ ਸੀਟ ਜਿੱਤ ਕੇ ਬਿਹਤਰ ਵਿਕਾਸ, ਸੁਧਰੀਆਂ ਜਨਤਕ ਸਹੂਲਤਾਂ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਨ ਦੇ ਇਰਾਦੇ ਨਾਲ ਮੈਦਾਨ ਵਿੱਚ ਉਤਰਨਗੇ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਅਤੇ ਜਲੰਧਰ ਸੈਂਟਰਲ ਦੀ ਤਰੱਕੀ ਲਈ ਕੰਮ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ।ਨਿਤਿਨ ਕੋਹਲੀ ਦੀ ਪਤਨੀ ਨਿਧੀ ਕੋਹਲੀ ਨੇ ਵੀ ਜਲੰਧਰ ਸੈਂਟਰਲ ਵਿੱਚ ਪਾਰਟੀ ਦੀ ਜਿੱਤ ਪ੍ਰਤੀ ਭਰੋਸਾ ਪ੍ਰਗਟਾਇਆ।

ਮੋਹਾਲੀ ਤੋਂ ਪਰਗਟ ਸਿੰਘ, ਬਾਜਵਾ ਤੇ ਸਿੱਧੂ ਵੱਲੋਂ ਪੰਜਾਬ ਮੰਗਦਾ ਇਨਸਾਫ਼ ਮੁਹਿੰਮ ਦਾ ਆਗਾਜ਼

ਚੰਡੀਗੜ੍ਹ (ਸੁਰਜੀਤ ਸੁਮਨ)- ਸੀਨੀਅਰ ਕਾਂਗਰਸੀ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਸੰਗਰੂਰ ਵਿਖੇ ਇਨਸਾਫ਼ ਰੈਲੀ ਦੌਰਾਨ ਦਿੱਤੇ ਗਏ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦੇ ਮਕਸਦ ਨਾਲ ਕਾਂਗਰਸ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਪੰਜਾਬ ਮੰਗਦਾ ਇਨਸਾਫ਼ ਦੀ ਪਹਿਲੀ ਮੀਟਿੰਗ ਹਲਕਾ ਮੋਹਾਲੀ ਵਿਖੇ ਹੋਈ। ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਵਰਕਿੰਗ ਪ੍ਰਧਾਨ ਰਾਜ ਕੁਮਾਰ ਵੇਰਕਾ ਅਤੇ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ,



ਨਸ਼ਿਆਂ, ਵਿਗੜ ਰਹੀ ਕਾਨੂੰਨ ਵਿਵਸਥਾ, ਭ੍ਰਿਸ਼ਟਾਚਾਰ ਅਤੇ ਲੋਕਾਂ ਨਾਲ ਹੋ ਰਹੇ ਕਥਿਤ ਧੱਕੇਸ਼ਾਹੀ ਦੇ ਮਾਮਲਿਆਂ ਨੂੰ ਲੈ ਕੇ ਸਰਕਾਰ ਨੂੰ ਘੇਰਨ ਦੀ ਰਣਨੀਤੀ ਉਲੀਕੀ ਗਈ। ਪਰਗਟ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਉਮੀਦ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਪਰ ਅੱਜ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ। ਨਸ਼ਿਆਂ ਦਾ ਫੈਲਾਅ, ਅਪਰਾਧਾਂ ਵਿੱਚ ਵਾਧਾ ਅਤੇ ਵਿਗੜਦੀ ਕਾਨੂੰਨ ਵਿਵਸਥਾ ਸਰਕਾਰ ਦੇ ਦਾਅਵਿਆਂ ਦੀ ਅਸਲੀਅਤ ਬਿਆਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਮੰਗਦਾ ਇਨਸਾਫ਼ ਸਿਰਫ਼ ਇੱਕ ਸਿਆਸੀ ਮੁਹਿੰਮ ਨਹੀਂ, ਸਗੋਂ ਪੰਜਾਬ ਦੇ ਪੀੜਤ ਲੋਕਾਂ ਦੀ ਆਵਾਜ਼ ਬਣਨ ਦਾ ਯਤਨ ਹੈ। ਇਸ ਮੁਹਿੰਮ ਤਹਿਤ ਨਸ਼ਿਆਂ ਅਤੇ ਅਪਰਾਧਾਂ ਤੋਂ ਪੀੜਤ ਪਰਿਵਾਰਾਂ ਨਾਲ ਮੁਲਾਕਾਤਾਂ ਕੀਤੀਆਂ ਜਾਣਗੀਆਂ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਵਪਾਰੀਆਂ, ਨੌਜਵਾਨਾਂ ਅਤੇ ਔਰਤਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ। ਸਾਈਕਲ ਯਾਤਰਾਵਾਂ ਅਤੇ ਜਨਤਕ ਮੀਟਿੰਗਾਂ ਰਾਹੀਂ ਸਰਕਾਰ ਦੀਆਂ ਨਾਕਾਮੀਆਂ ਨੂੰ ਲੋਕਾਂ ਸਾਹਮਣੇ ਲਿਆਂਦਾ ਜਾਵੇਗਾ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਮੋਹਾਲੀ ਵਿੱਚ ਝਾੜੂ ਪਾਰਟੀ ਨੇ ਗਮਾਡਾ ਵਰਗੇ ਮਹੱਤਵਪੂਰਨ ਅਦਾਰੇ ਨੂੰ ਵੀ ਕਮਾਈ ਦਾ ਸਾਧਨ ਬਣਾ ਕੇ ਰੱਖ ਦਿੱਤਾ ਹੈ। ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਆਪਣੇ ਸੰਬੋਧਨ ਦੌਰਾਨ ਮੋਹਾਲੀ ਦੇ ਮੌਜੂਦਾ ਵਿਧਾਇਕ ਕੁਲਵੰਤ ਸਿੰਘ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਹਲਕੇ ਵਿੱਚ ਸਿਆਸੀ ਧੱਕੇਸ਼ਾਹੀ ਅਤੇ ਗੁੰਡਾਗਰਦੀ ਦਾ ਮਾਹੌਲ ਬਣਾਇਆ ਜਾ ਰਿਹਾ ਹੈ। ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਸਾਬਕਾ ਮਾਰਕਿਟ ਕਮੇਟੀ ਚੇਅਰਮੈਨ ਹਰਕੇਸ਼ ਚੰਦ ਸ਼ਰਮਾ ਮੱਛਲੀਕਲਾਂ ਨੇ ਨਿਭਾਈ। ਇਸ ਦੌਰਾਨ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ, ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ, ਬਰਨਾਲਾ ਤੋਂ ਵਿਧਾਇਕ ਕਾਲਾ ਢਿੱਲੋਂ, ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਸਾਬਕਾ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ, ਹਲਕਾ ਖਰੜ ਇੰਚਾਰਜ ਵਿਜੇ ਸ਼ਰਮਾ ਟਿੰਕੂ, ਦੀਪਿੰਦਰ ਸਿੰਘ ਢਿੱਲੋਂ, ਬਲਜੀਤ ਕੌਰ, ਰਣਜੀਤ ਸਿੰਘ ਜੀਤੀ ਪਡਿਆਲਾ, ਬਲਵਿੰਦਰ ਸਿੰਘ ਲਾਡੀ ਅਤੇ ਅਵਤਾਰ ਸਿੰਘ ਬਾਵਾ ਹੈਨਰੀ ਸਮੇਤ ਪਾਰਟੀ ਦੇ ਹੋਰ ਸੀਨੀਅਰ ਆਗੂਆਂ, ਅਹੁਦੇਦਾਰਾਂ, ਪੰਚਾਂ-ਸਰਪੰਚਾਂ, ਕੌਂਸਲਰਾਂ ਅਤੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੇ ਸ਼ਿਰਕਤ ਕੀਤੀ।

ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

ਕਹਿਣੀ ਤੇ ਕਰਨੀ ਦੇ ਪੱਕੇ ਸਨ ਕਾਮਰੇਡ ਜਰਨੈਲ ਸਿੰਘ

ਪਿੰਡ ਕੋਟਲਾ ਨੌਧ ਸਿੰਘ ਨੂੰ ਮਹਾਨ ਦੇਸ਼ ਭਗਤ ਗ਼ਦਰੀ ਬਾਬਿਆਂ ਦਾ ਪਿੰਡ ਹੋਣ ਦਾ ਮਾਣ ਪ੍ਰਾਪਤ ਹੈ।ਗ਼ਦਰ ਲਹਿਰ ਦੇ ਸਭ ਤੋਂ ਘੱਟ ਉਮਰ ਦੇ ਤੇ ਸਭ ਤੋਂ ਵੱਧ ਸਰਗਰਮ ਰਹੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਚਰਨ ਛੋਹ ਪ੍ਰਾਪਤ ਹੈ ਤੇ ਗ਼ਦਰੀ ਵੀਰਾਂਗਣਾਂ ਬੀਬੀ ਗੁਲਾਬ ਕੌਰ ਨੂੰ ਵੀ ਅੰਤਿਮ ਸਵਾਸਾਂ ਤੱਕ ਇਸੇ ਪਿੰਡ ਨੇ ਆਪਣੀ ਬੁੱਕਲ ਵਿੱਚ ਸਮੋਈ ਰੱਖਿਆ। ਗ਼ਦਰੀ ਬਾਬਾ ਹਰਨਾਮ ਸਿੰਘ ਟੁੰਡੀਲਾਟ, ਬਾਬਾ ਸ਼ਿਵ ਸਿੰਘ ਤੇ ਬਾਬਾ ਅਮਰ ਸਿੰਘ ਸਮੇਤ ਇਸ ਪਿੰਡ ਦੇ ਕਈ ਸਿਰਲੱਥ ਯੋਧਿਆਂ ਨੇ ਆਜ਼ਾਦੀ ਸੰਗਰਾਮ ਵਿੱਚ ਅਥਾਹ ਯੋਗਦਾਨ ਪਾਇਆ।ਗ਼ਦਰੀ ਬਾਬਿਆਂ ਦੀ ਇਸ ਪਵਿੱਤਰ ਤੇ ਪੂਜਨੀਕ ਧਰਤੀ ਤੇ ਪਿਤਾ ਸਰਦਾਰ ਤੇਜਾ ਸਿੰਘ ਤੇ ਮਾਤਾ ਨਸੀਬ ਕੌਰ ਦੇ ਘਰ 26-01-1938 ਨੂੰ ਕਾਮਰੇਡ ਜਰਨੈਲ ਸਿੰਘ ਦਾ ਜਨਮ ਹੋਇਆ। ਗ਼ਦਰੀ ਬਾਬਿਆਂ ਦੀ ਗੋਦ ਦਾ ਨਿੱਘ ਮਾਨਣ ਵਾਲੇ ਜਰਨੈਲ ਸਿੰਘ ਨੇ ਵੱਡਾ ਹੋ ਕੇ ਗ਼ਦਰੀ ਬਾਬਿਆਂ ਦੇ ਵਿਚਾਰਾਂ ਨੂੰ ਅਪਨਾਇਆ ਤੇ ਸਾਰੀ ਜ਼ਿੰਦਗੀ ਅਗਾਂਹ ਵਧੂ ਧਿਰਾਂ ਦੀ ਮੂਹਰਲੀ ਕਤਾਰ ਦੇ ਆਗੂਆਂ ਵਿੱਚ ਸ਼ੁਮਾਰ ਹੋ ਕੇ ਸਮਾਜਿਕ, ਰਾਜਨੀਤਿਕ ਤੇ ਆਰਥਿਕ ਬੁਰਾਈਆਂ ਵਿਰੁੱਧ ਡਟ ਕੇ ਲੜਾਈ ਲੜੀ।ਪਿਛਲੇ ਵਰ੍ਹੇ ਉਨ੍ਹਾਂ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਗ਼ਦਰੀ ਵੀਰਾਂਗਣਾਂ ਬੀਬੀ ਗੁਲਾਬ ਕੌਰ ਜੀ ਦੇ ਵਿਛੋੜੇ ਦੇ ਸ਼ਤਾਬਦੀ ਸਮਾਗਮ ਆਪਣੇ ਪਿੰਡ ਮਨਾਉਣ ਮੌਕੇ ਬਹੁਤ ਹੀ ਜੋਸ਼ ਤੇ ਉਤਸ਼ਾਹ ਨਾਲ ਸ਼ਤਾਬਦੀ ਸਮਾਗਮ ਨੂੰ ਯਾਦਗਾਰੀ ਬਣਾਉਣ 'ਚ ਅਹਿਮ ਯੋਗਦਾਨ ਪਾਇਆ।ਕਾਮਰੇਡ ਜਰਨੈਲ ਸਿੰਘ ਜੀ ਨੇ ਆਪਣੇ ਪਿੰਡ ਦੇ ਗ਼ਦਰੀ ਬਾਬਿਆਂ ਦੀ ਵਿਰਾਸਤ ਨੂੰ ਸੰਭਾਲਿਆ ਤੇ ਅੱਗੇ ਤੋਰਿਆ।ਉਨ੍ਹਾ ਸਾਰੀ ਜਿੰਦਗੀ ਸਮਾਜ ਸੇਵਾ ਦੇ ਲੇਖੇ ਲਾਈ।ਕਾਮਰੇਡ ਜਰਨੈਲ ਸਿੰਘ ਚੱਲਦੀ ਫਿਰਦੀ ਯੂਨੀਵਰਸਿਟੀ ਸਨ, ਜਿਨ੍ਹਾਂ ਕੋਲ ਦੇਸ਼ ਦੇ ਆਜ਼ਾਦੀ ਸੰਗਰਾਮ ਸੰਬੰਧੀ ਗਿਆਨ ਦਾ ਅਥਾਹ ਭੰਡਾਰ ਸੀ।ਉਹ ਦੇਸ਼ ਦੇ ਮੌਜੂਦਾ ਸੰਕਟਮਈ ਹਾਲਾਤਾਂ ਪ੍ਰਤੀ ਬਹੁਤ ਚਿੰਤਤ ਸਨ ਤੇ ਅਕਸਰ ਕਿਹਾ ਕਰਦੇ ਸਨ ਕਿ,



ਕੂਕਿਆਂ, ਗ਼ਦਰੀ ਬਾਬਿਆਂ, ਬੱਬਰ ਅਕਾਲੀਆਂ ਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਹੋਰੀਂ ਜਿਹੜੀ ਆਜ਼ਾਦੀ ਦਾ ਸੁਪਨਾ ਲੈ ਕੇ ਹੱਸ ਹੱਸ ਕੇ ਜਾਨਾਂ ਕੁਰਬਾਨ ਕੀਤੀਆਂ ਸਨ ਉਹ ਅਧੂਰਾ ਹੈ।ਅੱਜ ਵੀ ਸਾਮਰਾਜੀਆਂ ਦੇ ਯਾਰ ਸਮਾਜ ਦੇ ਅਖੌਤੀ ਠੇਕੇਦਾਰ ਬਣ ਗਰੀਬ ਲੋਕਾਂ ਦਾ ਲਹੂ ਪੀ ਰਹੇ ਨੇ।ਕਿਰਤੀ ਲੋਕ ਦਿਨ ਰਾਤ ਹੱਡ ਭੰਨਵੀਂ ਮਿਹਨਤ ਕਰਕੇ ਵੀ ਬੜੀ ਮੁਸ਼ਕਲ ਨਾਲ ਡੰਗ ਟਪਾ ਰਹੇ ਨੇ। ਉਹ ਲੋਕਾਂ ਨੂੰ ਜਾਗਰੂਕ ਕਰਨ ਲਈ ਸਾਰੀ ਉਮਰ ਅਥਾਹ ਮਿਹਨਤ ਕਰਦੇ ਰਹੇ ਕਿ ਜੇਕਰ ਸਾਮਰਾਜੀ ਆਰਥਿਕ ਹੱਲੇ ਅਤੇ ਫਿਰਕੂ ਫਾਸ਼ੀ ਹੱਲੇ ਦਾ ਲੋਕ ਤਾਕਤ ਦੇ ਜ਼ੋਰ ਟਾਕਰਾ ਕਰਕੇ ਇਸ ਨੂੰ ਹਾਰ ਨਾ ਦਿੱਤੀ ਤਾਂ ਮੁਲਕ ਮੁਕੰਮਲ ਹਨੇਰ ਨਗਰੀ ਬਣ ਕੇ ਰਹਿ ਜਾਏਗਾ। ਉਹਨਾਂ ਨੂੰ ਝੋਰਾ ਰਹਿੰਦਾ ਸੀ ਕਿ ਕਈ ਪੱਖਾਂ ਤੋਂ ਲੋਕ ਲਹਿਰਾਂ ਪਹਿਲ ਕਦਮੀ ਕਰਕੇ ਮੋਰਚੇ ਮੱਲਣ ਤੋਂ ਪਛੜ ਰਹੀਆਂ ਹਨ।ਸੰਕਟਾਂ ਮੂੰਹ ਆਏ ਲੋਕ ਇੱਕ ਜਾਂ ਦੂਜੀ ਲੋਕ ਦੋਖੀ ਤਾਕਤ ਦੇ ਸ਼ਿਕੰਜੇ ਵਿਚ ਫਸਦੇ ਆ ਰਹੇ ਹਨ।ਉਹ ਕਿਹਾ ਕਰਦੇ ਸਨ ਕਿ ਗਰੀਬੀ, ਬੇਰੁਜ਼ਗਾਰੀ, ਫਿਰਕਾਪ੍ਰਸਤੀ, ਮਹਿੰਗਾਈ ਤੇ ਸਰਕਾਰੀ ਧੱਕੇਸ਼ਾਹੀ ਹੱਦੋਂ ਵਧੀ ਹੋਈ ਹੈ ਜਿਸ ਨੂੰ ਠੱਲ੍ਹ ਪਾਉਣ ਲਈ ਸਾਰੀਆਂ ਇਨਸਾਫ਼ਪਸੰਦ ਲੋਕ ਪੱਖੀ ਧਿਰਾਂ ਨੂੰ ਇੱਕਜੁੱਟ ਹੋ ਕੇ ਸਰਮਾਏਦਾਰ ਤਾਕਤਾਂ ਵਿਰੁੱਧ ਲੜਨਾ ਪਵੇਗਾ।ਕਾਮਰੇਡ ਜਰਨੈਲ ਸਿੰਘ ਜੀ 4 ਨਵੰਬਰ ਨੂੰ ਪਰਵਾਰ ਤੇ ਜੁਝਾਰੂ ਸਾਥੀਆਂ ਨੂੰ ਸਰੀਰਕ ਤੌਰ 'ਤੇ ਵਿਛੋੜਾ ਦੇ ਗਏ ਸਨ ਉਨ੍ਹਾਂ ਨਮਿੱਤ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਸਪੁੱਤਰ ਹਰਜੀਤ ਸਿੰਘ, ਪਰਮਜੀਤ ਸਿੰਘ ਸਮੇਤ ਸਮੂਹ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੇ ਜੁਝਾਰੂ ਸਾਥੀਆਂ ਵੱਲੋਂ 14 ਨਵੰਬਰ ਦਿਨ ਸ਼ਨੀਵਾਰ ਪਿੰਡ ਕੋਟਲਾ ਨੌਧ ਸਿੰਘ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਕਰਵਾਇਆ ਜਾਵੇਗਾ।ਜਿਸ ਵਿੱਚ ਸਮਾਜ ਦੇ ਹਰ ਵਰਗ ਦੇ ਆਗੂ ਆਪਣੇ ਸੱਚੇ ਸੁੱਚੇ ਜਰਨੈਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।

- ਤਲਵਿੰਦਰ ਹੀਰ

ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਬਲਾਚੌਰ 'ਚ 61,470 ਲਾਭਪਾਤਰੀ ਰਜਿਸਟਰ : ਸੰਤੋਸ਼ ਕਟਾਰੀਆ

ਬਲਾਚੌਰ, (ਜਸਵਿੰਦਰ ਬੈਂਸ) ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਬਾਬਾ ਬਲਰਾਜ ਕਾਲਜ, ਬਲਾਚੌਰ ਵਿਖੇ ਆਂਗਣਵਾੜੀ ਵਰਕਰਾਂ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਹਲਕਾ ਵਿਧਾਇਕ ਸ਼੍ਰੀਮਤੀ ਸੰਤੋਸ਼ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।



ਵਿਧਾਇਕ ਸ਼੍ਰੀਮਤੀ ਸੰਤੋਸ਼ ਕਟਾਰੀਆ ਨੇ ਸਮਾਗਮ ਦੌਰਾਨ ਦੱਸਿਆ ਕਿ ਔਰਤਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਇਸ ਯੋਜਨਾ ਤਹਿਤ ਬਲਾਚੌਰ ਹਲਕੇ ਵਿੱਚ ਹੁਣ ਤੱਕ 61,470 ਲਾਭਪਾਤਰੀਆਂ ਨੂੰ ਰਜਿਸਟਰ ਕੀਤਾ ਜਾ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਯੋਜਨਾ ਅਧੀਨ ਹੁਣ ਤੱਕ ਲਗਭਗ 57 ਕਰੋੜ ਰੁਪਏ ਦੀ ਰਾਸ਼ੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਅਦਾ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਬਲਾਚੌਰ ਹਲਕੇ ਵਿੱਚ ਇਹ ਯੋਜਨਾ ਮਈ 2026 ਦੌਰਾਨ ਸ਼ੁਰੂ ਕੀਤੀ ਗਈ ਸੀ ਅਤੇ ਆਂਗਣਵਾੜੀ ਵਰਕਰਾਂ ਵੱਲੋਂ ਇਸ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਲਈ ਪੂਰੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਕੰਮ ਕੀਤਾ ਗਿਆ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਯੋਜਨਾ ਅਧੀਨ ਕੀਤੇ ਗਏ ਪ੍ਰਬੰਧਾਂ ਅਨੁਸਾਰ ਆਂਗਣਵਾੜੀ ਵਰਕਰਾਂ ਦੀ ਬਣਦੀ ਪ੍ਰੋਤਸਾਹਨ ਰਾਸ਼ੀ ਜਲਦ ਹੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਅਦਾ ਕਰ ਦਿੱਤੀ ਜਾਵੇਗੀ।ਵਿਧਾਇਕ ਸ਼੍ਰੀਮਤੀ ਸੰਤੋਸ਼ ਕਟਾਰੀਆ ਨੇ ਯੋਜਨਾ ਦੀ ਪ੍ਰਗਤੀ 'ਤੇ ਤਸੱਲੀ ਪ੍ਰਗਟ ਕਰਦਿਆਂ ਇਸ ਨੂੰ ਸਫ਼ਲ ਬਣਾਉਣ ਵਿੱਚ ਆਂਗਣਵਾੜੀ ਵਰਕਰਾਂ ਵੱਲੋਂ ਨਿਭਾਈ ਗਈ ਭੂਮਿਕਾ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਵਰਕਰਾਂ ਨੂੰ ਭਵਿੱਖ ਵਿੱਚ ਵੀ ਬਿਨਾਂ ਕਿਸੇ ਭੇਦਭਾਵ ਦੇ ਹਰ ਯੋਗ ਲਾਭਪਾਤਰੀ ਨੂੰ ਯੋਜਨਾ ਨਾਲ ਜੋੜਨ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਨ ਦੀ ਅਪੀਲ ਕੀਤੀ। ਵਿਧਾਇਕ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਯੋਜਨਾ ਸਬੰਧੀ ਜਾਣਕਾਰੀ ਪ੍ਰਾਪਤ ਕਰਕੇ ਇਸ ਦੇ ਯੋਗ ਲਾਭਪਾਤਰੀ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਅਤੇ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਦਾ ਲਾਭ ਉਠਾਉਣ। ਇਸ ਮੌਕੇ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਸ਼੍ਰੀ ਪੂਰਨ ਪੰਕਜ ਸ਼ਰਮਾ, ਸ਼੍ਰੀਮਤੀ ਪੂਨਮ, ਸ਼੍ਰੀ ਜਸਵਿੰਦਰ ਸਿੰਘ ਮਿਊਂਸਪਲ ਕੌਂਸਲਰ, ਸ਼੍ਰੀਮਤੀ ਪਰਮਜੀਤ ਕੌਰ, ਸ਼੍ਰੀਮਤੀ ਹਰਸ਼ ਬਾਲਾ, ਸ਼੍ਰੀਮਤੀ ਅਮਨਦੀਪ ਕੌਰ, ਸ਼੍ਰੀਮਤੀ ਨੀਲਮ ਕੁਮਾਰੀ (ਸੁਪਰਵਾਈਜ਼ਰਾਂ) ਤੋਂ ਇਲਾਵਾ ਸਮੂਹ ਆਂਗਣਵਾੜੀ ਵਰਕਰ ਹਾਜ਼ਰ ਸਨ।

ਵਿਦਿਆਰਥੀਆਂ ਨੂੰ ਮੌਸਮੀ ਤਬਦੀਲੀਆਂ ਤੋਂ ਕਰਵਾਇਆ ਜਾਣੂ

ਸੁਲਤਾਨਪੁਰ ਲੋਧੀ (ਹਨੀ)- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਦੀ ਅਗਵਾਈ ਹੇਠ ਕਿੰਡਰਗਾਰਟਨ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੂੰ ਸਾਲ ਦੇ ਚਾਰ ਪ੍ਰਮੁੱਖ



ਮੌਸਮਾਂ ਬਾਰੇ ਦਿਲਚਸਪ ਅਤੇ ਗਿਆਨਵਰਧਕ ਗਤੀਵਿਧੀਆਂ ਰਾਹੀਂ ਜਾਣਕਾਰੀ ਦਿੱਤੀ ਗਈ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਕੁਦਰਤ ਵਿੱਚ ਹੋਣ ਵਾਲੀਆਂ ਮੌਸਮੀ ਤਬਦੀਲੀਆਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।

ਇਸ ਦੌਰਾਨ ਬੱਚਿਆਂ ਨੂੰ ਬਰਸਾਤ ਦਾ ਮੌਸਮ, ਸਰਦੀ ਦਾ ਮੌਸਮ, ਪਤਝੜ ਅਤੇ ਬਸੰਤ ਰੁੱਤ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਅਧਿਆਪਕਾਂ ਵੱਲੋਂ ਰੰਗੀਨ ਚਿੱਤਰਾਂ, ਮਾਡਲਾਂ ਅਤੇ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਰਾਹੀਂ ਹਰ ਮੌਸਮ ਦੀਆਂ ਵਿਸ਼ੇਸ਼ਤਾਵਾਂ, ਕੁਦਰਤੀ ਨਜ਼ਾਰਿਆਂ, ਪਹਿਰਾਵੇ ਅਤੇ ਵਾਤਾਵਰਣ ਵਿੱਚ ਆਉਣ ਵਾਲੀਆਂ ਤਬਦੀਲੀਆਂ ਬਾਰੇ ਬਹੁਤ ਹੀ ਸਰਲ ਅਤੇ ਰੌਚਕ ਢੰਗ ਨਾਲ ਸਮਝਾਇਆ ਗਿਆ। ਬੱਚਿਆਂ ਨੇ ਵੀ ਪੂਰੇ ਉਤਸ਼ਾਹ ਨਾਲ ਇਨ੍ਹਾਂ ਗਤੀਵਿਧੀਆਂ ਵਿੱਚ ਭਾਗ ਲਿਆ ਅਤੇ ਖੇਡ-ਖੇਡ ਵਿੱਚ ਨਵੀਆਂ ਗੱਲਾਂ ਸਿੱਖੀਆਂ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ.ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਨਸ਼ੀਲੇ ਪਦਾਰਥਾਂ ਦਾ ਸੇਵਨ ਕਰਦਾ ਇੱਕ ਵਿਅਕਤੀ ਕਾਬੂ

ਫਿਲਵਾਂ /ਸੁਭਾਨਪੁਰ (ਪਲਵਿੰਦਰ ਸਿੰਘ ਜੈ ਰਾਮ ਪੁਰ)- ਫਿਲਵਾਂ ਪੁਲਸ ਨੇ ਇੱਕ ਵਿਅਕਤੀ ਨੂੰ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਨ ਦੇ ਦੋਸ਼ ਵਿੱਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਮੁਖੀ ਜਸਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਨਾਲ ਗਸ਼ਤ ਕਰਦੇ ਸਮੇਂ, ਉਹ ਫਿਲਵਾਂ ਰੇਲਵੇ ਕਰਾਸਿੰਗ ਦੇ ਨੇੜੇ ਪਹੁੰਚੇ ਅਤੇ ਇੱਕ ਮੁਖਬਰ ਤੋਂ ਸੂਚਨਾ ਮਿਲੀ ਕਿ ਇੱਕ ਵਿਅਕਤੀ ਸੰਗੋਜਲਾ ਸ਼ਮਸ਼ਾਨਘਾਟ ਦੇ ਨੇੜੇ ਬੈਠਾ ਨਸ਼ੀਲੇ ਪਦਾਰਥਾਂ ਦਾ ਸੇਵਨ ਕਰ ਰਿਹਾ ਹੈ। ਉਹਨਾਂ ਮੌਕੇ ਤੇ ਆਪਣੀ ਟੀਮ ਦੀ ਮਦਦ ਨਾਲ, ਉਸ ਵਿਅਕਤੀ ਨੂੰ ਕਾਬੂ ਕਰ ਲਿਆ ਅਤੇ ਉਸਦਾ ਨਾਂਅ ਅਤੇ ਪਤਾ ਪੁੱਛਣ ਤੇ ਉਸਨੇ ਆਪਣੀ ਪਛਾਣ ਗੁਰਪ੍ਰੀਤ ਸਿੰਘ ਵਾਸੀ ਸੰਗੋਜਲਾ ਦੱਸਿਆ। ਉਕਤ ਵਿਅਕਤੀ ਪਾਸੋਂ ਇੱਕ ਸੜਿਆ ਹੋਇਆ ਚਾਂਦੀ ਦਾ ਕਾਗਜ਼, ਇੱਕ ਲਪੇਟਿਆ ਹੋਇਆ ਦਸ ਰੁਪਏ ਦਾ ਭਾਰਤੀ ਕਰੰਸੀ ਨੋਟ ਅਤੇ ਇੱਕ ਲਾਈਟਰ ਬਰਾਮਦ ਕੀਤਾ ਗਿਆ ਹੈ। ਉਕਤ ਵਿਅਕਤੀ ਫਿਲਵਾਂ ਵਿਰੁੱਧ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਜਾਰੀ ਹੈ।

ਸੜੋਆ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਸਜਾਈ ਪ੍ਰਭਾਤ ਫੇਰੀ

ਪੋਜੇਵਾਲ (ਰਾਮ ਲਾਲ) ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸੰਗਤਾਂ ਵੱਲੋਂ ਬੜੀ ਸ਼ਰਧਾ, ਉਤਸ਼ਾਹ ਅਤੇ ਸਤਿਕਾਰ ਨਾਲ ਪ੍ਰਭਾਤ ਫੇਰੀ ਕੱਢੀ ਗਈ।ਇਸ ਮੌਕੇ ਪਿੰਡ ਦਾ ਮਾਹੌਲ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਅਤੇ ਗੁਰਬਾਣੀ ਦੇ ਰਸਭਿੰਨੇ ਸ਼ਬਦਾਂ ਨਾਲ ਰੂਹਾਨੀ ਰੰਗ ਵਿੱਚ ਰੰਗਿਆ ਨਜ਼ਰ ਆਇਆ।



ਪ੍ਰਭਾਤ ਫੇਰੀ ਵਿੱਚ ਪਿੰਡ ਦੀਆਂ ਸੰਗਤਾਂ, ਬਜ਼ੁਰਗਾਂ, ਨੌਜਵਾਨਾਂ ਅਤੇ ਬੱਚਿਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਪ੍ਰਤੀ ਆਪਣੀ ਅਥਾਹ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਬਲਾਕ ਸੰਮਤੀ ਮੈਂਬਰ ਸ਼ਾਮ ਲਾਲ ਦੇ ਗ੍ਰਹਿ ਵਿਖੇ ਸੰਗਤਾਂ ਦੇ ਸਵਾਗਤ ਲਈ ਵਿਸ਼ੇਸ਼ ਤੌਰ 'ਤੇ ਚਾਹ, ਮੱਠੀਆਂ ਅਤੇ ਫਲਾਂ ਦਾ ਲੰਗਰ ਲਗਾਇਆ ਗਿਆ।ਪ੍ਰਭਾਤ ਫੇਰੀ ਵਿੱਚ ਸ਼ਾਮਲ ਸੰਗਤਾਂ ਨੇ ਲੰਗਰ ਛਕਿਆ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਸ਼ਾਮ ਲਾਲ ਬਲਾਕ ਸੰਮਤੀ ਮੈਂਬਰ,ਸੁਖਵਿੰਦਰ ਸਿੰਘ,ਰਾਮ ਜੀ ਦਾਸ,ਮਾਸਟਰ ਜਸਪਾਲ ਸਿੰਘ, ਕੁਲਵਿੰਦਰ ਸਿੰਘ ਪਾਠੀ, ਬਲਵੀਰ ਸਿੰਘ , ਗੌਰਵ ਚੌਧਰੀ, ਪੰਨਾ, ਕੰਨੂ ਚੌਧਰੀ, ਰਮਨ ਚੌਧਰੀ, ਨਰਿੰਦਰ ਚੌਧਰੀ ਅਤੇ ਸਮੂਹ ਸੰਗਤਾਂ ਹਾਜ਼ਰ ਸਨ।

ਬਾਬਾ ਦੀਪ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ ਭਲਕੇ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਦਿਹਾਣਾ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ,ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ 15 ਨਵੰਬਰ ਨੂੰ ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਅਜੀਤ ਸਿੰਘ ਬਾਸੀ ਦਿਹਾਣਾ ਮੁੱਖੀ ਸ਼ਹੀਦ ਬਾਬਾ ਦੀਪ ਸਿੰਘ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਹੈਂਡ ਆਫਿਸ ਦਿਹਾਣਾ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਅਜੀਤ ਸਿੰਘ ਬਾਸੀ ਦਿਹਾਣਾ, ਬਾਬਾ ਬਲਰਾਜ ਸਿੰਘ ਗਿੱਲ ਰਹੱਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 15 ਨਵੰਬਰ ਨੂੰ ਸ਼ਹੀਦ ਬਾਬਾ ਦੀਪ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸਮਾਗਮ ਦੌਰਾਨ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਭਾਈ ਲਛਮਣ ਸਿੰਘ ਫਗਵਾੜਾ ਤੇ ਹੋਰ ਰਾਗੀ ਸਿੰਘ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਚਾਹ ਪਕੌੜੇ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।



'ਗੁਰੂ ਨਾਨਕ ਬਾਣੀ ਦਾ ਭਾਸ਼ਾਈ ਪ੍ਰਸੰਗ' ਵਿਸ਼ੇ 'ਤੇ ਕਰਵਾਈ ਸਾਹਿਤਕ ਗੋਸ਼ਟੀ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਮਾਹ-2026 ਤਹਿਤ ਇੱਥੇ ਨਿਰਮਲ ਕੁਟੀਆ ਵਿਖੇ 'ਗੁਰੂ ਨਾਨਕ ਬਾਣੀ ਦੇ ਭਾਸ਼ਾਈ ਪ੍ਰਸੰਗ' ਵਿਸ਼ੇ 'ਤੇ ਰਾਜ ਪੱਧਰੀ ਸਾਹਿਤਕ ਗੋਸ਼ਟੀ ਕਰਵਾਈ ਗਈ।ਗੋਸ਼ਟੀ ਦੌਰਾਨ ਮੁੱਖ ਮਹਿਮਾਨ ਵਜੋਂ ਸੰਤ ਬਲਵੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਸਮਾਗਮ ਦੀ ਪ੍ਰਧਾਨਗੀ ਡਾ. ਬਲਜੀਤ ਕੌਰ ਸਾਬਕਾ ਡੀਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਕੀਤੀ।ਇਸ ਮੌਕੇ ਡਾ. ਆਸਾ ਸਿੰਘ ਘੁੰਮਣ ਤੇ ਪ੍ਰੋ. ਅਵਤਾਰ ਸਿੰਘ ਫਗਵਾੜਾ ਨੇ ਮੁੱਖ ਬੁਲਾਰਿਆਂ ਵਜੋਂ ਵਿਚਾਰ ਸਾਂਝੇ ਕੀਤੇ।ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਵੱਲੋਂ ਆਯੋਜਿਤ ਇਸ ਸਮਾਗਮ ਦਾ ਆਰੰਭ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਜਸਵੰਤ ਸਿੰਘ ਜ਼ਫ਼ਰ ਨੇ ਸਵਾਗਤੀ ਭਾਸ਼ਨ ਨਾਲ ਕੀਤੀ।ਉਨ੍ਹਾਂ ਕਿਹਾ ਕਿ ਕਿਸੇ ਵਿਅਕਤੀ ਦੀ ਮਹਾਨਤਾ ਉਸ ਦੀ ਪ੍ਰਸਿੱਧੀ ਵਿੱਚ ਨਹੀਂ ਹੁੰਦੀ।ਸਗੋਂ ਉਸ ਦੁਆਰਾ ਨਿੱਜੀ ਜੀਵਨ ਦੇ ਸਮਾਂਤਰ ਸਮਾਜ ਲਈ ਨਿਭਾਈਆਂ ਜ਼ਿੰਮੇਵਾਰੀਆਂ ਉਸ ਦੀ ਮਹਾਨਤਾ ਦਾ ਪ੍ਰਤੀਕ ਬਣਦੀਆਂ ਹਨ ਅਤੇ ਦੁਨੀਆ ਸਦਾ ਲਈ ਯਾਦ ਕਰਦੀ ਹੈ। ਇਹ ਧਾਰਨਾ ਸ੍ਰੀ ਗੁਰੂ ਨਾਨਕ ਦੇਵ ਜੀ 'ਤੇ ਪੂਰੀ ਢੁਕਦੀ ਹੈ। ਉਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਦੁਨੀਆ ਨੂੰ ਆਪਣੇ ਵਿਚਾਰਾਂ ਨਾਲ ਸੇਧ ਦੇਣ 'ਤੇ ਲਗਾ ਦਿੱਤਾ। ਸ੍ਰੀ ਜ਼ਫ਼ਰ ਨੇ ਕਿਹਾ ਕਿ ਭਾਸ਼ਾ ਵਿਭਾਗ ਵੱਖ-ਵੱਖ ਸ਼ਖ਼ਸੀਅਤਾਂ ਦੀਆਂ ਰਚਨਾਵਾਂ ਦੀ ਚਰਚਾ ਭਾਸ਼ਾਈ ਪੱਖਾਂ ਤੋਂ ਕਰਨ ਲਈ ਉਨ੍ਹਾਂ ਦੀ ਜਨਮ ਜਾਂ ਕਰਮ ਭੂਮੀ 'ਤੇ ਜਾ ਕੇ ਕਰ ਰਿਹਾ ਹੈ।ਇਸ ਕਰਕੇ



ਗੁਰੂ ਨਾਨਕ ਦੇਵ ਜੀ ਦੀ ਬਾਣੀ ਬਾਰੇ ਚਰਚਾ ਕਰਨ ਲਈ ਸੁਲਤਾਨਪੁਰ ਲੋਧੀ ਦੀ ਚੋਣ ਕੀਤੀ ਅਤੇ ਇਸ ਤੋਂ ਬਿਹਤਰ ਸਥਾਨ ਹੋਰ ਕੋਈ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਮਾਹ ਦੌਰਾਨ ਪੂਰਾ ਮਹੀਨਾ ਰਾਜ ਦੇ ਵੱਖ-ਵੱਖ ਪਿੰਡਾਂ, ਸ਼ਹਿਰਾਂ ਤੇ ਕਸਬਿਆਂ 'ਚ ਜਾ ਕੇ ਭਿੰਨ-ਭਿੰਨ ਵਿਸ਼ਿਆਂ 'ਤੇ ਸਮਾਗਮ ਕਰਵਾ ਰਿਹਾ ਹਾਂ। ਇਸ ਉਪਰੰਤ ਮੁੱਖ ਬੁਲਾਰੇ ਡਾ. ਆਸਾ ਸਿੰਘ ਘੁੰਮਣ ਨੇ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੇ ਸੰਦਰਭ ਵਿੱਚ ਵਾਤਾਵਰਣ ਅਤੇ ਵੇਈ ਪ੍ਰਵੇਸ਼ ਬਾਰੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਧਰਤੀ 'ਤੇ ਨਾਨਕ ਜੀ ਦੇ ਜੀਵਨ ਦੌਰਾਨ ਕੁਝ ਨਾ ਕੁਝ ਅਲੌਕਿਕ ਜ਼ਰੂਰ ਵਾਪਰਿਆ ਹੋਇਆ ਹੋਵੇਗਾ। ਜਿਸ ਦਾ ਵੱਖ-ਵੱਖ ਇਤਿਹਾਸਕਾਰਾਂ ਨੇ ਜਿਕਰ ਕੀਤਾ ਹੈ।ਉਨ੍ਹਾਂ ਨੇ ਵੱਖ-ਵੱਖ ਵਿਦਵਾਨਾਂ ਦੇ ਗੁਰੂ ਸਾਹਿਬ ਦੀ ਬਾਣੀ ਬਾਰੇ ਤਰਕ ਤੇ ਵਿਚਾਰ ਵੀ ਸਾਂਝੇ ਕੀਤੇ। ਪ੍ਰੋ. ਅਵਤਾਰ ਸਿੰਘ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦਾ ਜ਼ਿਆਦਾ ਸਮਾਂ ਨਨਕਾਣਾ ਸਾਹਿਬ, ਸੁਲਤਾਨਪੁਰ ਲੋਧੀ, ਕਰਤਾਰਪੁਰ ਸਾਹਿਬ ਅਤੇ ਉਦਾਸੀਆਂ 'ਚ ਗੁਜ਼ਾਰਿਆ। ਜਿਸ ਕਰਕੇ ਉਨ੍ਹਾਂ ਦੀ ਭਾਸ਼ਾ ਬਹੁਤ ਸਾਰੇ ਖਿੱਤਿਆਂ ਦੀ ਪ੍ਰਤੀਨਿਧਤਾ ਕਰਦੀ ਹੈ। ਜਿਸ ਦਾ ਸਪੱਸ਼ਟ ਅਸਰ ਉਨ੍ਹਾਂ ਦੀ ਬਾਣੀ 'ਤੇ ਨਜ਼ਰ ਆਉਂਦਾ ਹੈ।ਡਾ. ਬਲਜੀਤ ਕੌਰ ਨੇ ਪ੍ਰਧਾਨਗੀ ਭਾਸ਼ਨ ਦੌਰਾਨ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੀ ਭਾਸ਼ਾ ਰਾਹੀਂ ਇੱਕ ਆਦਰਸ਼ ਸਿਰਜਿਆ। ਜੋ ਧਾਰਮਿਕ ਦੇ ਨਾਲ-ਨਾਲ ਸਮਾਜਿਕ ਪੱਖ ਤੋਂ ਵੀ ਸਾਰਥਕਤਾ ਰੱਖਦਾ ਹੈ। ਅਖ਼ੀਰ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਜਸਪ੍ਰੀਤ ਕੌਰ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਸੁਰਿੰਦਰ ਸਿੰਘ ਸੁੰਨੜ, ਪ੍ਰਿੰ. ਸੁਖਜੀਤ ਸਿੰਘ, ਮਾਧਵੀ ਅਗਰਵਾਲ, ਜਸਵੰਤ ਸਿੰਘ ਸੰਧੂ, ਡਾ. ਬਲਵੀਰ ਕੌਰ ਪੰਧੇਰ, ਕਵੀ ਸੰਤ ਸੰਧੂ, ਰਾਮ ਮੂਰਤੀ, ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ, ਅੰਕੁਸ਼ ਕੁਮਾਰ ਆਦਿ ਹਾਜ਼ਰ ਸਨ।


ਨੀਤੀ ਤਲਵਾੜ ਬਣੇ ਪੰਜਾਬ ਇਸਤਰੀ ਵਿੰਗ ਦੇ ਸਕੱਤਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਸਤਰੀ ਅਕਾਲੀ ਦਲ ਦੀ ਪ੍ਰਧਾਨ ਬੀਬੀ ਹਰਗੋਬਿੰਦ ਕੌਰ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਇਸਤਰੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਦੀ ਪਹਿਲੀ ਸੂਚੀ ਦਾ ਐਲਾਨ ਕਰ ਦਿੱਤਾ। ਅੱਜ ਪਾਰਟੀ ਦੇ ਮੁੱਖ ਦਫ਼ਤਰ ਤੋਂ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਅੱਜ ਇਸਤਰੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਦੀ ਪਹਿਲੀ ਸੂਚੀ ਜਾਰੀ ਕੀਤੀ ਜਾ ਰਹੀ ਹੈ ਜਿਸ ਵਿੱਚ ਮਿਹਨਤੀ, ਤਜਰਬੇਕਾਰ ਅਤੇ ਪਾਰਟੀ ਨਾਲ ਪਿਛਲੇ ਲੰਮੇ ਸਮੇ ਤੋਂ ਜੁੜੀਆਂ ਬੀਬੀਆਂ ਨੂੰ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ।ਉਹਨਾਂ ਦੱਸਿਆ ਕਿ ਜਿਹਨਾਂ ਬੀਬੀਆਂ ਨੂੰ ਵੱਖ—ਵੱਖ ਅਹੁਦਿਆਂ ਉਪਰ ਨਿਯੁਕਤ ਕੀਤਾ ਗਿਆ ਹੈ ਉਹਨਾਂ ਅਨੁਸਾਰ ਇਸਤਰੀ ਅਕਾਲੀ ਦਲ ਦਾ ਸੀਨੀਅਰ ਮੀਤ ਪ੍ਰਧਾਨ ਬੀਬੀ ਕੰਚਨਪ੍ਰੀਤ ਕੌਰ ਤਰਨ ਤਾਰਨ, ਬੀਬੀ ਰਮਨਦੀਪ ਕੌਰ ਸ਼ੇਰੋਂ ਖਡੂਰ ਸਾਹਿਬ, ਬੀਬੀ ਪਰਮਜੀਤ ਕੌਰ ਵਿਰਕ ਸੰਗਰੂਰ, ਬੀਬੀ ਤਜਿੰਦਰ ਕੌਰ ਸੰਧੂ ਲੁਧਿਆਣਾ, ਬੀਬੀ ਕਸ਼ਮੀਰ ਕੌਰ ਗੁਰੂ ਹਰਸਹਾਏ, ਬੀਬੀ ਸ਼ਰਨਜੀਤ ਕੌਰ ਜੀਂਦੜ ਗੁਰਦਾਸਪੁਰ,ਬੀਬੀ ਕਿਰਨਦੀਪ ਕੌਰ ਕਾਦੀਆਂ ਲੁਧਿਆਣਾ, ਬੀਬੀ ਦਵਿੰਦਰ ਕੌਰ ਖਾਲਸਾ ਬਠਿੰਡਾ, ਬੀਬੀ ਪਾਲੋ ਕੌਰ ਮਲੋਟ ਅਤੇ ਬੀਬੀ ਅਮਰਜੀਤ ਕੌਰ ਪੰਜਗਰਾਈਆਂ ਦੇ ਨਾਮ ਸ਼ਾਮਲ ਹਨ। ਜਿਹਨਾਂ ਬੀਬੀਆਂ ਨੂੰ ਇਸਤਰੀ ਅਕਾਲੀ ਦਲ ਦਾ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਬੀਬੀ ਰਜਿੰਦਰ ਕੌਰ ਬਠਿੰਡਾ, ਬੀਬੀ ਤੇਜ ਕੌਰ ਬਠਿੰਡਾ, ਬੀਬੀ ਬਲਜਿੰਦਰ ਕੌਰ ਕਪੂਰਥਲਾ, ਬੀਬੀ ਹਰਕਿਰਨਜੀਤ ਕੌਰ ਹੁਸ਼ਿਆਰਪੁਰ, ਬੀਬੀ ਪਵਨਦੀਪ ਕੌਰ ਗਿੱਲ ਲੁਧਿਆਣਾ, ਬੀਬੀ ਸਤਵੰਤ ਕੌਰ ਜਲੰਧਰ, ਬੀਬੀ ਦਲਜੀਤ ਕੌਰ ਪਠਾਨਕੋਟ, ਬੀਬੀ ਜਸਪ੍ਰੀਤ ਕੌਰ ਪਾਇਲ, ਬੀਬੀ ਕਰਮਦੀਪ ਕੌਰ ਢਿੱਲੋਂ ਅਬੋਹਰ, ਬੀਬੀ ਸ਼ੈਰੀ ਗੋਇਲ ਬਠਿੰਡਾ, ਬੀਬੀ ਹਰਮਨ ਸ਼ਰਮਾ ਬਠਿੰਡਾ, ਬੀਬੀ ਹਰਪ੍ਰੀਤ ਕੌਰ ਨਾਭਾ, ਬੀਬੀ ਬਲਜਿੰਦਰ ਕੌਰ ਕਲਮਾਂ ਰੋਪੜ ਅਤੇ ਬੀਬੀ ਜਸਵਿੰਦਰ ਕੌਰ ਜਲੰਧਰ ਦੇ ਨਾਮ ਸ਼ਾਮਲ ਹਨ। ਬੀਬੀ ਰਚਨਾ ਉਬਰਾਏ ਇਸਤਰੀ ਅਕਾਲੀ ਦਲ ਦੇ ਜਨਰਲ ਸਕੱਤਰ ਹੋਣਗੇ। ਇਸੇ ਹੀ ਤਰ੍ਹਾਂ ਬੀਬੀ ਤਰਸੇਮ ਕੌਰ ਫਿਲੌਰ, ਬੀਬੀ ਦਲਜੀਤ ਕੌਰ ਲਹਿਰਾਗਾਗਾ, ਡਾ ਸੰਦੀਪ ਕੌਰ ਲਹਿਰਾ, ਬੀਬੀ ਡਿੰਪੀ ਬਠਿੰਡਾ, ਸ਼੍ਰੀਮਤੀ ਨੀਤੀ ਤਲਵਾੜ ਹੁਸ਼ਿਆਰਪੁਰ, ਬੀਬੀ ਦਲਜੀਤ ਕੌਰ ਫਗਵਾੜਾ, ਬੀਬੀ ਬਲਵਿੰਦਰ ਕੌਰ ਜਲੰਧਰ, ਬੀਬੀ ਗੁਰਪ੍ਰੀਤ ਕੌਰ ਮੂਸਾ ਮਾਨਸਾ, ਬੀਬੀ ਮੀਰਾ ਕਪੂਰਥਲਾ, ਬੀਬੀ ਰਜਨੀ ਕਪੂਰਥਲਾ, ਬੀਬੀ ਚਰਨਜੀਤ ਕੌਰ ਸ਼ਾਮਪੁਰਾ ਰੋਪੜ ਅਤੇ ਬੀਬੀ ਹਰਸਿਮਰਨਜੀਤ ਕੌਰ ਮੋਹਾਲੀ ਨੂੰ ਇਸਤਰੀ ਅਕਾਲੀ ਦਲ ਦਾ ਸਕੱਤਰ ਬਣਾਇਆ ਗਿਆ ਹੈ। ਜਿਹਨਾਂ ਬੀਬੀਆਂ ਨੂੰ ਇਸਤਰੀ ਅਕਾਲੀ ਦਲ ਦਾ ਸੰਯੁਕਤ ਸਕੱਤਰ ਬਣਾਇਆ ਗਿਆ ਹੈ ਉਹਨਾਂ ਵਿੱਚ ਬੀਬੀ ਸੰਤੋਸ਼ ਫਾਜ਼ਲਿਕਾ, ਬੀਬੀ ਕੰਵਲਜੀਤ ਕੌਰ ਬਾਮੂਵਾਲ ਭੁਲੱਥ, ਬੀਬੀ ਜਸਵੀਰ ਕੌਰ ਲੰਡੇ ਬਾਘਾਪੁਰਾਣਾ, ਬੀਬੀ ਜੋਗਿੰਦਰ ਕੌਰ ਸੁਜਾਨਪੁਰ, ਬੀਬੀ ਗੀਤਿਕਾ ਪਠਾਨਕੋਟ, ਬੀਬੀ ਰਾਣੀ ਧਾਲੀਵਾਲ ਲੁਧਿਆਣਾ ਅਤੇ ਬੀਬੀ ਰਮਨਦੀਪ ਕੌਰ ਲੁਧਿਆਣਾ ਦੇ ਨਾਮ ਸ਼ਾਮਲ ਹਨ।



ਰਸ਼ਪਾਲ ਭਾਟੀਆ ਯੂ ਕੇ ਵੱਲੋਂ ਲੰਗੇਰੀ ਲਾਇਬ੍ਰੇਰੀ ਲਈ ਅਲਮਾਰੀ ਭੇਟ

ਬੰਗਾ (ਅਵਤਾਰ ਕਲੇਰ) ਡਾ. ਬੀ ਆਰ ਅੰਬੇਡਕਰ ਸਪੋਰਟਸ ਅਤੇ ਵੈਲਫ਼ੇਅਰ ਕਲੱਬ ਲੰਗੇਰੀ ਲਾਇਬ੍ਰੇਰੀ ਲਈ ਰਸ਼ਪਾਲ ਭਾਟੀਆ ਯੂ ਕੇ ਅਤੇ ਓਹਨਾਂ ਦੇ ਪਰਿਵਾਰ ਵਲੋਂ ਅਲਮਾਰੀ ਭੇਟ ਕੀਤੀ ਗਈ। ਪਰਿਵਾਰਕ ਮੈਂਬਰਾਂ ਵਲੋਂ ਕਿਹਾ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ, ਔਰਤਾਂ ਲਈ ਫਰੀ ਕਿਤਾਬਾਂ ਪੜ੍ਹਨ ਲਈ ਲਾਇਬ੍ਰੇਰੀ ਬਣਾਈ ਗਈ ਹੈ।ਜਿਸ ਵਿੱਚ ਕਹਾਣੀ, ਨਾਵਲ, ਇਤਿਹਾਸ, ਵਿਗਿਆਨ ਨਾਲ ਜੁੜੀਆਂ ਕਿਤਾਬਾਂ ਮੌਜੂਦ ਸਨ।ਬੱਚਿਆ ਨੇ ਕਿਤਾਬਾਂ ਨੂੰ ਘਰ ਵਿੱਚ ਲੈ ਕੇ ਜਾਣਾ ਸ਼ੁਰੂ ਕਰ ਦਿੱਤਾ ਹੈ, ਬੱਚਿਆ ਦੇ ਨਾਲ ਨਾਲ ਘਰ ਦੇ ਹੋਰ ਮੈਂਬਰ ਵੀ ਕਿਤਾਬਾਂ ਨਾਲ ਜੁੜ ਸਕਦੇ ਨੇ।ਇੱਕ ਵਧੀਆ ਮਹੌਲ ਦੀ ਸਿਰਜਣਾ ਲਈ ਜਰੂਰੀ ਹੈ ਕਿਤਾਬਾਂ ਨੂੰ ਪੜ੍ਹਨਾ।ਸਿੱਖਿਆ, ਬੋਲਚਾਲ ਅਤੇ ਗਿਆਨ ਵਿੱਚ ਵੀ ਵਾਧਾ ਹੁੰਦਾ ਹੈ।ਸੁਖਵਿੰਦਰ ਲੰਗੇਰੀ ਅਤੇ ਸਾਰੀ ਕਮੇਟੀ ਵਲੋਂ ਸਾਰੇ ਪਰਵਾਰ ਨੂੰ ਸਨਮਾਨ ਚਿੰਨ ਭੇਟ ਕੀਤਾ ਗਿਆ।ਇਸ ਮੌਕੇ ਸਾਰਾ ਪਰਵਾਰ ਰਘਵੀਰ ਸਿੰਘ ਐਨ ਆਰ ਆਈ, ਸੁਖਜਿੰਦਰ ਲੰਗੇਰੀ, ਜਸਵਿੰਦਰ ਕੁਮਾਰ, ਸ਼ੀਤਲ ਕੁਮਾਰ, ਮਹਿੰਦਰ ਪਾਲ, ਬਲਵੀਰ ਕੌਰ, ਮਲਕੀਤ ਕੌਰ, ਸੁਮਨਦੀਪ ਕੌਰ, ਰੇਸ਼ਮ ਕੌਰ, ਬਲਵੀਰ ਕੌਰ, ਸੁਮਨਦੀਪ ਕੌਰ ਅਤੇ ਅਮਨਦੀਪ ਕੌਰ ਆਦਿ ਸ਼ਾਮਲ ਸਨ।




ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ 'ਚ ਬੰਦੀਛੋੜ ਦਿਵਸ ਨੂੰ ਸਮਰਪਿਤ ਕੀਰਤਨ ਸਮਾਗਮ

ਆਦਮਪੁਰ, (ਪਰਮਜੀਤ ਸਿੰਘ)- ਗੁਰਦੁਆਰਾ ਸ਼ਹੀਦ ਬਾਬਾ ਮੱਤੀ ਪਿੰਡ ਡਰੋਲੀ ਕਲਾਂ ਵਿਖੇ ਬੰਦੀਛੋੜ ਦਿਵਸ ਨੂੰ ਸਮਰਪਿਤ ਮਹਾਨ ਕੀਰਤਨ ਸਮਾਗਮ ਸਵੇਰੇ 11 ਵਜੇ ਤੋਂ ਸ਼ਾਮ 5.30 ਵਜੇ ਤੱਕ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਦੇ ਸਹਿਯੋਗ ਨਾਲ ਕਰਵਾਇਆ ਗਿਆ।ਕਮੇਟੀ ਪ੍ਰਧਾਨ ਮਨੋਹਰ ਸਿੰਘ ਡਰੋਲੀ ਨੇ ਦੱਸਿਆ ਕਿ ਕੀਰਤਨ ਸਮਾਗਮ ਦੌਰਾਨ ਆਸ ਪਾਸ ਦੇ ਪਿੰਡਾਂ ਤੇ ਦੇਸ-ਵਿਦੇਸ਼ ਤੋਂ ਆਈਆਂ ਸੰਗਤਾਂ ਨੇ ਸਮਾਗਮ 'ਚ ਸ਼ਿਰਕਤ ਕਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਖੇ ਨਤਮਸਤਕ ਹੋ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਇਸ ਮੌਕੇ ਲੜੀਵਾਰ ਆਰੰਭ ਸ੍ਰੀ ਅਖੰਠ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਸਜਾਏ ਗਏ ਦੀਵਾਨ ਦੌਰਾਨ ਭਾਈ ਰਣਜੀਤ ਸਿੰਘ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਤਾਰਬਲਵੀਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ।ਮਾਸਟਰ ਸੁਰਜੀਤ ਸਿੰਘ ਜੀ ਵੱਲੋਂ ਸਟੇਜ ਸੈਕਟਰੀ ਦੀ ਸੇਵਾ ਬਾਖੂਬੀ ਨਿਭਾਈ ਗਈ।ਇਸ ਮੌਕੇ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ, ਨਰਿੰਦਰ ਸਿੰਘ, ਕਰਮ ਸਿੰਘ, ਰਣਵੀਰ ਸਿੰਘ, ਗੁਰਜੀਤ ਸਿੰਘ, ਸੁਰਿੰਦਰ ਸਿੰਘ, ਦਰਸ਼ਨ ਸਿੰਘ, ਮਨਦੀਪ ਸਿੰਘ, ਇਕਬਾਲ ਸਿੰਘ, ਜਰਨੈਲ ਸਿੰਘ, ਰਸ਼ਪਾਲ ਸਿੰਘ ਸਰਪੰਚ, ਡਾ. ਰਣਧੀਰ ਸਿੰਘ ਰੰਧਾਵਾ ਤੇ ਹੋਰ ਪਤਵੰਤੇ ਹਾਜ਼ਰ ਸਨ।



ਸਾਢੇ ਤਿੰਨ ਲੱਖ ਪੈਨਸ਼ਨਰਾਂ ਨੂੰ 2.59 ਗੁਣਾਕ ਤੋਂ ਵਾਂਝਾ ਰੱਖ ਕੇ ਸਰਕਾਰ ਨੇ ਕੀਤਾ ਵੱਡਾ ਵਿਸ਼ਵਾਸਘਾਤ : ਵਿਜੇ ਸਾਂਪਲਾ

ਹੁਸ਼ਿਆਰਪੁਰ, ਜਲੰਧਰ (ਬਲਵੀਰ ਸਿੰਘ ਸੈਣੀ, ਸ਼ੈਲੀ ਐਲਬਰਟ) ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਸਿਆਸੀ ਹਮਲਾ ਕਰਦਿਆਂ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਦੋਸ਼ ਲਾਇਆ ਹੈ ਕਿ ਮੌਜੂਦਾ ਸਰਕਾਰ ਨੇ ਸੂਬੇ ਦੇ ਕਰੀਬ ਸਾਢੇ ਤਿੰਨ ਲੱਖ ਪੈਨਸ਼ਨਰਾਂ ਨੂੰ 2.59 ਗੁਣਾਂਕ ਦਾ ਬਣਦਾ ਹੱਕ ਨਾ ਦੇ ਕੇ ਉਨ੍ਹਾਂ ਨਾਲ ਵੱਡਾ ਧੋਖਾ ਕੀਤਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਕਾਰਨ ਅੱਜ ਸਮਾਜ ਦੇ ਸਤਿਕਾਰਯੋਗ ਸੀਨੀਅਰ ਸਿਟੀਜ਼ਨ ਆਪਣੇ ਹੱਕਾਂ ਲਈ ਸੜਕਾਂ 'ਤੇ ਰੁਲਣ ਲਈ ਮਜਬੂਰ ਹਨ, ਜੋ ਕਿ ਬਜ਼ੁਰਗਾਂ ਦਾ ਸਿੱਧਾ ਅਪਮਾਨ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਜੇ ਸਾਂਪਲਾ ਨੇ ਕਿਹਾ ਕਿ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਸਪੱਸ਼ਟ ਸਿਫ਼ਾਰਸ਼ ਕੀਤੀ ਗਈ ਸੀ ਕਿ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਵਿੱਚ 2.59 ਗੁਣਾਂਕ ਦੇ ਹਿਸਾਬ ਨਾਲ ਸੋਧ ਕੀਤੀ ਜਾਵੇ।ਪਰ ਮੌਜੂਦਾ ਸੂਬਾ ਸਰਕਾਰ ਨੇ ਇਸ ਸਿਫ਼ਾਰਸ਼ ਨੂੰ ਦਰਕਿਨਾਰ ਕਰਦਿਆਂ ਘੱਟ ਦਰ ਨਾਲ ਪੈਨਸ਼ਨਾਂ ਸੋਧ ਕੇ ਬਜ਼ੁਰਗਾਂ ਦੀ ਜੇਬ 'ਤੇ ਵੱਡਾ ਡਾਕਾ ਮਾਰਿਆ ਹੈ, ਜਿਸ ਨਾਲ ਉਨ੍ਹਾਂ ਨੂੰ ਹਰ ਮਹੀਨੇ ਭਾਰੀ ਵਿੱਤੀ ਨੁਕਸਾਨ ਝੱਲਣਾ ਪੈ ਰਿਹਾ ਹੈ। ਸਾਂਪਲਾ ਨੇ ਸਰਕਾਰ ਦੇ ਅੜੀਅਲ ਵਤੀਰੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਇੱਕ ਪਾਸੇ ਤਾਂ ਪੈਨਸ਼ਨਰਾਂ ਨੂੰ 2.59 ਗੁਣਾਂਕ ਦਾ ਲਾਭ ਨਹੀਂ ਦਿੱਤਾ ਜਾ ਰਿਹਾ ਅਤੇ ਦੂਜੇ ਪਾਸੇ ਉਨ੍ਹਾਂ ਦਾ ਬਣਦਾ ਮਹਿੰਗਾਈ ਭੱਤਾ (ਡੀ.ਏ.) ਵੀ ਰੋਕ ਕੇ ਹੱਕ ਖੋਹਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬਜ਼ੁਰਗ ਪੈਨਸ਼ਨਰ ਪਿਛਲੇ ਸਾਢੇ ਚਾਰ ਸਾਲਾਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ ਅਤੇ ਹੁਣ ਉਨ੍ਹਾਂ ਨੂੰ ਆਪਣੀ ਲੜਾਈ ਮਾਣਯੋਗ ਹਾਈਕੋਰਟ ਵਿੱਚ ਲੜਨੀ ਪੈ ਰਹੀ ਹੈ। ਅੰਤ ਵਿੱਚ ਵਿਜੇ ਸਾਂਪਲਾ ਨੇ ਪੈਨਸ਼ਨਰ ਵਰਗ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਹਮੇਸ਼ਾ ਮੁਲਾਜ਼ਮਾਂ ਅਤੇ ਸੀਨੀਅਰ ਸਿਟੀਜ਼ਨਾਂ ਦੇ ਹੱਕਾਂ ਨਾਲ ਖੜ੍ਹੀ ਹੈ।



300 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ

ਮੁਹਾਲੀ (ਗੁਰਜੀਤ ਬਿੱਲਾ)- 'ਮੇਰਾ ਘਰ ਮੇਰੇ ਨਾਮ' ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਦੇ ਘੇਰੇ ਵਿੱਚ ਰਹਿੰਦੇ ਲੋਕਾਂ ਨੂੰ ਉਨ੍ਹਾਂ ਦੀ ਰਿਹਾਇਸ਼ੀ ਜਾਇਦਾਦ ਦਾ ਮਾਲਕੀ ਹੱਕ ਦੇਣ ਲਈ ਪਿੰਡ-ਪਿੰਡ ਜਾ ਕੇ ਪ੍ਰਾਪਰਟੀ ਕਾਰਡ ਵੰਡੇ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡ ਕੈਲੋਂ ਵਿਖੇ 300 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ।ਇਹ ਪ੍ਰਗਟਾਵਾ ਮੋਹਾਲੀ ਨਗਰ ਨਿਗਮ ਦੇ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਰਕਾਰ ਦਾ ਉਦੇਸ਼ ਪੰਜਾਬ ਦੇ ਵਸਨੀਕਾਂ ਨੂੰ ਉਨ੍ਹਾਂ ਦੀ ਜਾਇਦਾਦ ਦਾ ਕਾਨੂੰਨੀ ਮਾਲਕੀ ਹੱਕ ਦਿਵਾਉਣਾ ਹੈ, ਤਾਂ ਜੋ ਉਹ ਆਪਣੀ ਮਲਕੀਅਤ ਦੇ ਅਸਲ ਮਾਲਕ ਬਣ ਸਕਣ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਦੇ ਪ੍ਰਾਪਰਟੀ ਕਾਰਡ ਤਿਆਰ ਹੋ ਚੁੱਕੇ ਹਨ, ਉਨ੍ਹਾਂ ਨੂੰ ਪਿੰਡਾਂ ਵਿੱਚ ਜਾ ਕੇ ਵੰਡਿਆ ਜਾ ਰਿਹਾ ਹੈ, ਜਦਕਿ ਬਾਕੀ ਕਾਰਡ ਤਿਆਰ ਹੋਣ ਉਪਰੰਤ ਜਲਦ ਹੀ ਸਬੰਧਤ ਮਾਲਕਾਂ ਨੂੰ ਸੌਂਪ ਦਿੱਤੇ ਜਾਣਗੇ। ਇਹ ਪ੍ਰਕਿਰਿਆ ਲਗਾਤਾਰ ਜਾਰੀ ਰਹੇਗੀ। ਇਸ ਮੌਕੇ ਮੋਹਾਲੀ ਦੇ ਐਸ ਡੀ ਐਮ ਦਮਨਦੀਪ ਕੌਰ ਅਤੇ ਪਿੰਡ ਦੇ ਸਰਪੰਚ ਤਰਲੋਚਨ ਸਿੰਘ ਤੋਚੀ ਸਮੇਤ ਇਲਾਕੇ ਦੇ ਪਤਵੰਤੇ ਹਾਜ਼ਰ ਸਨ। ਇੱਕ ਸਵਾਲ ਦੇ ਜਵਾਬ ਵਿੱਚ ਮੇਅਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਗਰੰਟੀਆਂ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸੀਨੀਅਰ ਨਾਗਰਿਕਾਂ ਨੂੰ ਆਵਾਜਾਈ ਅਤੇ ਰਹਿਣ-ਸਹਿਣ ਸਬੰਧੀ ਕਿਸੇ ਕਿਸਮ ਦੀ ਦਿੱਕਤ ਨਾ ਆਵੇ, ਇਸ ਲਈ ਵਿਧਾਇਕ ਸ. ਕੁਲਵੰਤ ਸਿੰਘ ਵੱਲੋਂ ਰੋਜ਼ਾਨਾ ਵਿਸਥਾਰਤ ਰਿਪੋਰਟ ਪ੍ਰਾਪਤ ਕਰਕੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਜਾਂਦੀ ਹੈ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਜਾਂਦੇ ਹਨ। ਇਸ ਮੌਕੇ ਗੁਰਜੀਤ ਸਿੰਘ ਪੰਚ, ਬਲਜੀਤ ਸਿੰਘ ਪੰਚ, ਜਰਨੈਲ ਸਿੰਘ ਪੰਚ, ਮਹਿੰਦਰ ਕੌਰ ਪੰਚ, ਸੰਤੋਖ ਸਿੰਘ ਸਾਬਕਾ ਪੰਚ, ਜਗਤਾਰ ਸਿੰਘ, ਗਗਨਦੀਪ ਸਿੰਘ ਸਮੇਤ ਇਲਾਕੇ ਦੇ ਹੋਰ ਪਤਵੰਤੇ ਵੀ ਮੌਜੂਦ ਸਨ।



ਆਂਗਣਵਾੜੀ ਵਰਕਰਾਂ ਨੂੰ ਸੰਸਦ ਦੇ ਘੇਰਾਓ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਸੱਦਾ

ਜਲੰਧਰ (ਲਖਵਿੰਦਰ ਸਿੰਘ ਆਧੀ) ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ 1-2 ਦਸੰਬਰ ਨੂੰ ਦਿੱਲੀ ਵਿਖੇ ਕੀਤੇ ਜਾ ਰਹੇ ਸੰਸਦ ਘੇਰਾਓ ਦੀ ਤਿਆਰੀ ਵਜੋਂ ਜਲੰਧਰ ਵਿਖੇ ਇੱਕ ਵਿਸ਼ਾਲ ਕਨਵੈਨਸ਼ਨ ਕੀਤੀ ਗਈ।ਇਸ ਕਨਵੈਨਸ਼ਨ ਵਿੱਚ ਆਲ ਇੰਡੀਆ ਫੈਡਰੇਸ਼ਨ ਦੀ ਪ੍ਰਧਾਨ ਕਾਮਰੇਡ ਏ.ਆਰ. ਸਿੰਧੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਕਨਵੈਨਸ਼ਨ ਦੀ ਪ੍ਰਧਾਨਗੀ ਯੂਨੀਅਨ ਦੀ ਸੂਬਾ ਪ੍ਰਧਾਨ ਹਰਜੀਤ ਕੌਰ ਪੰਜੋਲਾ ਨੇ ਕੀਤੀ। ਸੂਬਾ ਪ੍ਰਧਾਨ ਚੰਦਰ ਸ਼ੇਖਰ ਨੇ ਕਿਹਾ ਕਿ ਮੌਜੂਦਾ ਹਾਕਮਾਂ ਦੀਆਂ ਨੀਤੀਆਂ ਮਜ਼ਦੂਰਾਂ, ਮੁਲਾਜ਼ਮਾਂ ਅਤੇ ਆਮ ਲੋਕਾਂ ਦੇ ਹਿੱਤਾਂ ਦੇ ਵਿਰੁੱਧ ਹਨ। ਮਜ਼ਦੂਰ ਜਮਾਤ ਦੇ ਹੱਕਾਂ ਦੀ ਰਾਖੀ ਲਈ ਜਥੇਬੰਦਕ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਕਾਮਰੇਡ ਏ.ਆਰ. ਸਿੰਧੂ ਨੇ ਆਪਣੇ ਸੰਬੋਧਨ ਵਿੱਚ ਦਿੱਲੀ ਸੰਸਦ ਘੇਰਾਓ ਦੀ ਮਹੱਤਤਾ ਬਾਰੇ ਚਰਚਾ ਕੀਤੀ। ਕਨਵੈਨਸ਼ਨ ਦੌਰਾਨ ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੀ ਲੋੜ ਹੈ।ਅੰਤ ਵਿੱਚ ਯੂਨੀਅਨ ਦੀ ਸੂਬਾ ਜਨਰਲ ਸਕੱਤਰ ਸੁਭਾਸ਼ ਰਾਣੀ ਨੇ ਕਨਵੈਨਸ਼ਨ ਵਿੱਚ ਸ਼ਾਮਲ ਹੋਏ ਸਮੂਹ ਆਗੂਆਂ, ਵਰਕਰਾਂ ਅਤੇ ਹੈਲਪਰਾਂ ਦਾ ਧੰਨਵਾਦ ਕੀਤਾ ਅਤੇ ਦਿੱਲੀ ਸੰਸਦ ਘੇਰਾਓ ਨੂੰ ਸਫ਼ਲ ਬਣਾਉਣ ਲਈ ਪੂਰੀ ਤਾਕਤ ਨਾਲ ਤਿਆਰੀਆਂ ਵਿੱਚ ਜੁਟਣ ਦੀ ਅਪੀਲ ਕੀਤੀ।ਵਿੱਤ ਸਕੱਤਰ ਅੰਮ੍ਰਿਤਪਾਲ ਕੌਰ, ਮੀਤ ਪ੍ਰਧਾਨ ਕ੍ਰਿਸ਼ਨਾ ਕੁਮਾਰੀ, ਗੁਰਬਖ਼ਸ਼ ਕੌਰ, ਸਕੱਤਰ ਨਿਰਲੇਪ ਕੌਰ ਸਾਥੀ ਸ਼ਾਮਲ ਹੋਏ।



ਖਰੜ ਤੋਂ ਪਰਮਿੰਦਰ ਸਿੰਘ ਗੋਲਡੀ ਨੂੰ ਟਿਕਟ ਮਿਲਣ 'ਤੇ ਵਰਕਰਾਂ 'ਚ ਖੁਸ਼ੀ

ਚੰਡੀਗੜ੍ਹ (ਸੁਰਜੀਤ ਸੁਮਨ)- ਵਿਧਾਨ ਸਭਾ ਹਲਕਾ ਖਰੜ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਨਚਾਰਜ ਤੇ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਵਜੋਂ ਪਹਿਲਾਂ ਹੀ ਸੇਵਾਵਾਂ ਨਿਭਾ ਰਹੇ ਨੌਜਵਾਨ ਆਗੂ ਪਰਮਿੰਦਰ ਸਿੰਘ ਗੋਲਡੀ ਨੇ ਪਾਰਟੀ ਦੀ ਨਜ਼ਰ ਵਿੱਚ ਪਿਛਲੇ ਸਮੇਂ ਵਿੱਚ ਕੀਤੀ ਆਪਣੀ ਚੰਗੀ ਕਾਰਗੁਜ਼ਾਰੀ ਦੇ ਬਲਬੂਤੇ ਟਿਕਟ ਪ੍ਰਾਪਤ ਕਰਨ ਵਿੱਚ ਸਫਲਤਾ ਹਾਸਲ ਕਰ ਲਈ ਹੈ। ਵਿਧਾਇਕਾ ਅਨਮੋਲ ਗਗਨ ਮਾਨ ਦੇ ਗ਼ੈਰ-ਸਰਗਰਮ ਹੋਣ ਕਰਕੇ ਵਿਵਾਦਾਂ ਵਿੱਚ ਘਿਰਨ ਅਤੇ ਲੋਕਾਂ ਦੀਆਂ ਇੱਛਾਵਾਂ 'ਤੇ ਖ਼ਰਾ ਨਾ ਉਤਰਨ ਕਰਕੇ ਗੋਲਡੀ ਕਾਫੀ ਸਰਗਰਮੀ ਨਾਲ ਹਲਕੇ ਦੇ ਲੋਕਾਂ ਵਿੱਚ ਵਿਚਰ ਰਹੇ ਹਨ ਅਤੇ ਵਿਕਾਸ ਦੇ ਕੰਮਾਂ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ। ਉਨ੍ਹਾਂ ਨੂੰ ਦੂਰਅੰਦੇਸ਼ ਤੇ ਨੌਜਵਾਨ ਆਗੂ ਮੰਨਿਆ ਜਾ ਰਿਹਾ ਹੈ, ਜੋ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਣ ਵਿੱਚ ਸਮਰਥਾਵਾਨ ਹੁੰਦਾ ਹੈ।ਗੋਲਡੀ ਨੂੰ ਟਿਕਟ ਮਿਲਣ ਦੀ ਖ਼ਬਰ ਨਾਲ ਉਨ੍ਹਾਂ ਦੇ ਸਮਰਥਕਾਂ ਵੱਲੋਂ ਵਧਾਈਆਂ ਦੇਣ ਲਈ ਤਾਂਤਾ ਲੱਗਾ ਰਿਹਾ।



ਵਿਧਾਇਕ ਨੇ ਵਾਰਡ ਨੰਬਰ 22 'ਚ ਟਾਈਲਾਂ ਲਗਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ



ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)- ਸ਼ਹਿਰ ਦੇ ਵਾਰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 22 ਵਿੱਚ 12 ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ 800 ਫੁੱਟ ਟਾਈਲਾਂ ਲਗਾਉਣ ਦੇ ਵਿਕਾਸ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਵਾਏ ਜਾ ਰਹੇ ਹਨ। ਸੜਕਾਂ ਅਤੇ ਗਲੀਆਂ ਦੇ ਨਿਰਮਾਣ ਤੇ ਸੁਧਾਰ ਨਾਲ ਜਿੱਥੇ ਲੋਕਾਂ ਨੂੰ ਆਉਣ-ਜਾਣ ਵਿੱਚ ਸਹੂਲਤ ਮਿਲੇਗੀ, ਉੱਥੇ ਹੀ ਇਲਾਕੇ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਵੀ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਇਨ੍ਹਾਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਮੁਕੰਮਲ ਕੀਤਾ ਜਾਵੇ, ਤਾਂ ਜੋ ਸਥਾਨਕ ਵਸਨੀਕਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਕੌਂਸਲਰ ਹਰਵਿੰਦਰ ਹੈਰੀ, ਸਲਿੰਦਰ ਸਿੰਘ, ਸਲਿੰਦਰ ਕੌਰ, ਕਾਲਾ, ਕੇਵਲ ਸਿੰਘ ਅਤੇ ਸਨੀ ਸਮੇਤ ਵਾਰਡ ਦੇ ਹੋਰ ਪਤਵੰਤੇ ਵਿਅਕਤੀ ਅਤੇ ਸਥਾਨਕ ਵਸਨੀਕ ਮੌਜੂਦ ਸਨ।


ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੁਹਾਲੀ ਤੋਂ 3 ਬੱਸਾਂ ਰਵਾਨਾ

ਮੁਹਾਲੀ (ਗੁਰਜੀਤ ਬਿੱਲਾ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ -ਨਿਰਦੇਸ਼ਾਂ ਹੇਠ ਪੰਜਾਬ ਦੇ ਗੁਰਧਾਮਾਂ ਦੇ ਦਰਸ਼ਨਾਂ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਮੋਹਾਲੀ ਤੋਂ 3 ਬੱਸਾਂ ਰਵਾਨਾ ਹੋਈਆਂ। ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਰਵਾਨਾ ਹੋਈਆਂ ਇਹਨਾਂ ਬੱਸਾਂ ਵਿੱਚ ਸਵਾਰ ਸੀਨੀਅਰ ਸਿਟੀਜਨ ਸ਼ਰਧਾਲੂਆਂ ਵੱਲੋਂ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਿਰ, ਰਾਮ ਤੀਰਥ ਬਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲ੍ਹਿਆਂ ਵਾਲਾ ਬਾਗ ਦੇ ਦਰਸ਼ਨ ਕੀਤੇ ਜਾਣਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਸੈਕਟਰ-68, ਪਿੰਡ ਬੈਰੋਪੁਰ ਅਤੇ ਪਿੰਡ ਸਨੇਟਾ ਤੋਂ ਅੰਮ੍ਰਿਤਸਰ ਦੇ ਲਈ ਸੀਨੀਅਰ ਸਿਟੀਜਨ ਦਾ ਕਾਫਲਾ 3 ਬੱਸਾਂ ਦੇ ਰਾਹੀਂ ਰਵਾਨਾ ਹੋਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋ ਵੀ ਵਾਅਦੇ ਸੂਬੇ ਦੀ ਜਨਤਾ ਨਾਲ ਕੀਤੇ ਗਏ ਸਨ, ਉਹਨਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਚੁੱਕਾ ਹੈ ਅਤੇ ਜੋ ਵੀ ਗਰੰਟੀਆਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ- ਅਰਵਿੰਦ ਕੇਜਰੀਵਾਲ ਵੱਲੋਂ ਪ੍ਰਦੇਸ਼ ਦੇ ਲੋਕਾਂ ਨੂੰ ਦਿੱਤੀਆਂ ਗਈਆਂ ਸਨ। ਇਸ ਮੌਕੇ ਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਮੋਹਾਲੀ ਕੁਆਰਡੀਨੇਟਰ ਅਤੇ ਸਟੇਟ ਅਵਾਰਡੀ-ਫੂਲਰਾਜ ਸਿੰਘ, ਮਾਹਿਪਾਲ ਪੰਚ ਸਨੇਟਾਂ, ਮਨਪ੍ਰੀਤ ਸਿੰਘ ਬੈਰਮਪੁਰ, ਗੁਰਮੀਤ ਸਿੰਘ ਅਦਕਾਰੀ ਪੰਚ, ਗੁਰਦੇਸ਼ ਸਿੰਘ ਸਰਪੰਚ ਸਨੇਟਾਂ, ਅਲਿਕਾਹਰ ਪੰਚ, ਰੂਪਚੰਦ, ਨਿਰਮਲ ਸਨੇਟਾਂ, ਅਮਰਜੀਤ ਸਿੰਘ ਸਿੱਧੂ, ਤਜਿੰਦਰਪਾਲ ਸਿੰਘ, ਬਹਾਦਰ ਸਿੰਘਪੰਚ, ਕੁਲਜੀਤ ਸਿੰਘ, ਭੁਪਿੰਦਰ ਸਿੰਘ, ਗੁਰਪ੍ਰੀਤ ਸਿੰਘ ਲੱਡਾ, ਵੀ ਹਾਜ਼ਰ ਸਨ।




ਏ ਆਈ-ਆਧਾਰਿਤ ਡਿਵਾਈਸ ਦੇ ਡਿਜ਼ਾਈਨ ਨੂੰ ਭਾਰਤ ਸਰਕਾਰ ਵੱਲੋਂ ਮਿਲੀ ਮਾਨਤਾ

ਆਦਮਪੁਰ (ਪਰਮਜੀਤ ਸਿੰਘ)- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਖੋਜ ਅਤੇ ਨਵੀਨਤਾ ਦੇ ਖੇਤਰ ਵਿੱਚ ਇੱਕ ਹੋਰ ਅਹਿਮ ਮੀਲ ਪੱਥਰ ਹਾਸਲ ਕੀਤਾ ਹੈ। ਯੂਨੀਵਰਸਿਟੀ ਦੇ ਅਲਾਈਡ ਹੈਲਥ ਸਾਇੰਸਿਜ਼ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਰਵਿੰਦਰ ਸਿੰਘ ਅਤੇ ਉਨ੍ਹਾਂ ਦੇ ਸਹਿਯੋਗੀਆਂ ਵੱਲੋਂ ਤਿਆਰ ਕੀਤੇ ਗਏ 'ਪੇਂਡੂ ਸਿਹਤ ਸੰਭਾਲ ਲਈ ਮਾਡਿਊਲਰ ਏ ਆਈ-ਸਹਾਇਤਾ ਪ੍ਰਾਪਤ ਪੁਆਇੰਟ-ਆਫ-ਕੇਅਰ ਡਾਇਗਨੋਸਟਿਕ ਡਿਵਾਈਸ' ਦੇ ਉਦਯੋਗਿਕ ਡਿਜ਼ਾਈਨ ਨੂੰ ਭਾਰਤ ਸਰਕਾਰ ਵੱਲੋਂ ਸਵੀਕਾਰ ਕਰ ਲਿਆ ਗਿਆ ਹੈ।ਇਹ ਮਾਨਤਾ ਭਾਰਤ ਸਰਕਾਰ ਦੇ ਉਦਯੋਗ ਅਤੇ ਅੰਦਰੂਨੀ ਵਪਾਰ ਪ੍ਰਮੋਸ਼ਨ ਵਿਭਾਗ ਅਧੀਨ ਕੰਟਰੋਲਰ ਜਨਰਲ ਆਫ਼ ਪੇਟੈਂਟਸ, ਡਿਜ਼ਾਈਨਜ਼ ਐਂਡ ਟ੍ਰੇਡ ਮਾਰਕਸ ਦੇ ਦਫ਼ਤਰ ਵੱਲੋਂ ਦਿੱਤੀ ਗਈ ਹੈ।ਇਸ ਡਿਜ਼ਾਈਨ ਦਾ ਮੁੱਖ ਮਕਸਦ ਪੇਂਡੂ ਅਤੇ ਸੀਮਤ ਸਰੋਤਾਂ ਵਾਲੇ ਖੇਤਰਾਂ ਵਿੱਚ ਸਿਹਤ ਸੇਵਾਵਾਂ ਤੱਕ ਆਮ ਲੋਕਾਂ ਦੀ ਪਹੁੰਚ ਨੂੰ ਆਸਾਨ ਬਣਾਉਣਾ ਅਤੇ ਬਿਮਾਰੀਆਂ ਦੀ ਜਾਂਚ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਾ ਹੈ। ਇਸ ਮੌਕੇ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋ. (ਡਾ.) ਪਲਵਿੰਦਰ ਸਿੰਘ ਨੇ ਡਾ. ਰਵਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਨੂੰ ਵਿਸ਼ੇਸ਼ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਯੂਨੀਵਰਸਿਟੀ ਵਿੱਚ ਉਸਾਰੂ ਖੋਜ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਦਾ ਨਤੀਜਾ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਯੂਨੀਵਰਸਿਟੀ ਦੀ ਪ੍ਰਬੰਧਕ ਕਮੇਟੀ ਅਤੇ ਫੈਕਲਟੀ ਨੇ ਡਾ. ਰਵਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ।



ਇੰਨੋਸੈਂਟ ਹਾਰਟਸ ਸਕੂਲ 'ਚ ਬਾਲ ਦਿਵਸ ਮਨਾਇਆ

ਜਲੰਧਰ (ਸ਼ੈਲੀ ਐਲਬਰਟ) ਇੰਨੋਸੈਂਟ ਹਾਰਟਸ ਸਕੂਲ ਦੇ ਪ੍ਰੀ-ਪ੍ਰਾਇਮਰੀ ਵਿੰਗ (ਕਿੰਡਰਗਾਰਟਨ) ਦੇ ਸਾਰੇ ਪੰਜ ਕੈਂਪਸਾਂ-ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਵਿੱਚ ਬਾਲ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਪ੍ਰੀ-ਨਰਸਰੀ ਤੋਂ ਲੈ ਕੇ ਯੂ ਕੇ ਜੀ ਤੱਕ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਹ ਦਿਨ ਪੰਡਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਵਸ ਨੂੰ ਸਮਰਪਿਤ ਸੀ, ਜਿਨ੍ਹਾਂ ਨੂੰ ਬੱਚੇ ਪਿਆਰ ਨਾਲ 'ਚਾਚਾ ਨਹਿਰੂ' ਕਹਿ ਕੇ ਬੁਲਾਉਂਦੇ ਹਨ। ਬੱਚਿਆਂ ਪ੍ਰਤੀ ਉਨ੍ਹਾਂ ਦੇ ਅਥਾਹ ਪਿਆਰ ਅਤੇ ਸਨੇਹ ਕਾਰਨ ਹੀ ਇਹ ਦਿਨ ਬਾਲ ਦਿਵਸ ਵਜੋਂ ਵਿਸ਼ੇਸ਼ ਮਹੱਤਵ ਰੱਖਦਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ। ਇਸ ਤੋਂ ਬਾਅਦ ਬੱਚਿਆਂ ਨੇ ਮਨਮੋਹਕ ਨਾਚ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਅਤੇ ਚਾਚਾ ਨਹਿਰੂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ। ਅਧਿਆਪਕਾਂ ਵੱਲੋਂ ਨੰਨ੍ਹੇ-ਮੁੰਨੇ ਬੱਚਿਆਂ ਲਈ ਵੱਖ-ਵੱਖ ਮਨੋਰੰਜਕ ਖੇਡਾਂ ਅਤੇ ਦਿਲਚਸਪ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਨਾਲ ਇਹ ਦਿਨ ਉਨ੍ਹਾਂ ਲਈ ਯਾਦਗਾਰ ਬਣ ਗਿਆ। ਚਾਚਾ ਨਹਿਰੂ ਦੀ ਵੇਸ਼ਭੂਸ਼ਾ ਵਿੱਚ ਸਜੇ ਨੰਨ੍ਹੇ ਵਿਦਿਆਰਥੀਆਂ ਨੇ ਉਨ੍ਹਾਂ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕੀਤਾ। ਬੱਚਿਆਂ ਨੇ ਦੇਸ਼ ਭਗਤੀ ਨਾਲ ਭਰਪੂਰ ਕਵਿਤਾਵਾਂ ਸੁਣਾਈਆਂ ਅਤੇ ਭਾਸ਼ਣ ਪੇਸ਼ ਕਰਕੇ ਚਾਚਾ ਨਹਿਰੂ ਪ੍ਰਤੀ ਆਪਣੇ ਪਿਆਰ, ਪ੍ਰਸ਼ੰਸਾ ਅਤੇ ਸਤਿਕਾਰ ਦੀਆਂ ਭਾਵਨਾਵਾਂ ਪ੍ਰਗਟ ਕੀਤੀਆਂ।



ਤਹਿਸੀਲਦਾਰ ਰੇਸ਼ਮ ਸਿੰਘ ਨੇ ਮੋਗਾ ਦਾ ਚਾਰਜ ਸੰਭਾਲਿਆ



ਮੋਗਾ (ਇਕਬਾਲ ਸਿੰਘ ਖਹਿਰਾ)-ਸ੍ਰ. ਰੇਸ਼ਮ ਸਿੰਘ ਵੱਲੋਂ ਤਹਿਸੀਲਦਾਰ ਮੋਗਾ ਦਾ ਅਹੁਦਾ ਸੰਭਾਲਿਆ ਗਿਆ।ਇਸ ਦੌਰਾਨ ਸੰਦੀਪ ਕੁਮਾਰ ਰੀਡਰ ਤਹਿਸੀਲਦਾਰ ਤੇ ਦਫਤਰੀ ਅਮਲੇ ਵੱਲੋਂ ਗੁਲਦਸਤੇ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਤਲਵਿੰਦਰ ਸਿੰਘ ਰੀਡਰ ਨਾਇਬ, ਗੁਰਦੀਪ ਸਿੰਘ ਦਫ਼ਤਰ ਕਾਨੂੰਗੋ, ਗੁਰਮੇਜ ਸਿੰਘ ਆਰ ਸੀ, ਸੈਲਜਾ ਪੁਰੀ ਏ ਐੱਸ ਐੱਮ ਮੀਨਾਕਸ਼ੀ ਮਹੰਤ, ਕੁਲਵੀਰ ਕੌਰ ਸਮੂਹ ਸਟਾਫ ਮੌਜੂਦ ਸੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤਹਿਸੀਲਦਾਰ ਮੋਗਾ ਰੇਸ਼ਮ ਸਿੰਘ ਨੇ ਦੱਸਿਆ ਕਿ ਉਹ ਮੋਗਾ ਤੋਂ ਪਹਿਲਾਂ ਰਾਏਕੋਟ ਵਿਖੇ ਬਤੌਰ ਤਹਿਸੀਲਦਾਰ ਸੇਵਾਵਾਂ ਨਿਭਾਅ ਚੁੱਕੇ ਹਨ।ਉਨ੍ਹਾਂ ਕਿਹਾ ਕਿ ਤਹਿਸੀਲ ਦਫਤਰ ਵਿੱਚ ਆਉਣ ਵਾਲੇ ਸਮੁੱਚੇ ਲੋਕਾਂ ਦਾ ਪਹਿਲ ਦੇ ਆਧਾਰ 'ਤੇ ਕੰਮ ਕੀਤਾ ਜਾਵੇਗਾ ਤੇ ਦਫਤਰੀ ਅਮਲੇ ਨੂੰ ਹੋਰ ਚੁਸਤ-ਦਰੁਸਤ ਕਰਨ ਲਈ ਚਾਰਾਜੋਈ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਾ ਆਵੇ।

ਸਰਕਾਰ ਨੇ ਝੋਨੇ ਦੀ ਖਰੀਦ ਬੰਦ ਕਰਕੇ ਕਿਸਾਨਾਂ ਨੂੰ ਏਜੰਸੀਆਂ ਹਵਾਲੇ ਕੀਤਾ : ਢੀਂਡਸਾ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਦੀ ਮੌਜੂਦਾ ਸਰਕਾਰ, ਜੋ ਪਿਛਲੇ ਪੌਣੇ ਪੰਜ ਸਾਲ ਤੋਂ ਕਿਸਾਨ ਪੱਖੀ ਹੋਣ ਦਾ ਢੰਡੋਰਾ ਪਿੱਟ ਰਹੀ ਹੈ, ਅੱਜ ਮੁੜ ਕਿਸਾਨ ਵਿਰੋਧੀ ਹੋਣ ਦਾ ਪਰਦਾ ਪਾਸ਼ ਹੋਇਆ ਹੈ, ਕਿਉਂਕਿ ਅਜੇ ਕਿਸਾਨਾਂ ਦੇ ਖੇਤਾਂ ਵਿੱਚ ਝੋਨੇ ਦੀ ਫਸਲ ਖੜ੍ਹੀ ਹੈ, ਪ੍ਰੰਤੂ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਬੰਦ ਕਰਨ ਦਾ ਐਲਾਨ ਹੋ ਚੁੱਕਾ ਹੈ।ਮੰਡੀਆਂ ਵਿੱਚ ਬੈਠੇ ਕਿਸਾਨ ਪ੍ਰੇਸ਼ਾਨ ਹੋ ਚੁੱਕੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੀ ਸਰਕਾਰੀ ਖਰੀਦ ਬੰਦ ਕਰਕੇ ਕਿਸਾਨਾਂ ਦੀ ਪ੍ਰਾਈਵੇਟ ਏਜੰਸੀਆਂ ਹੱਥੋਂ ਲੁੱਟ ਕਰਾਉਣਾ ਚਾਹੁੰਦੀ ਹੈ, ਇਸ ਤੋਂ ਸਾਫ ਜ਼ਾਹਰ ਹੈ ਕਿ ਪੰਜਾਬ ਸਰਕਾਰ ਦੀ ਨੀਤ ਵਿੱਚ ਖੋਟ ਹੈ ਤੇ ਉਹ ਕਾਰਪੋਰੇਟ ਪੱਖੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ, ਜੋ ਮੰਡੀਆਂ ਵਿੱਚੋਂ ਕਿਸਾਨਾਂ ਦਾ ਇੱਕ ਇੱਕ ਦਾਣਾ ਚੁੱਕਣ ਦਾ ਫੋਕਾ ਵਾਅਦਾ ਕਰਦੀ ਸੀ, ਉਹ ਵੀ ਸਰਾਸਰ ਝੂਠ ਹੈ, ਬਹੁਤੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਕਈ-ਕਈ ਦਿਨ ਰੁਲਣਾ ਪਿਆ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਉਹ ਸਰਕਾਰੀ ਖਰੀਦ ਮੁੜ ਸ਼ੁਰੂ ਕਰੇ ਤੇ ਆਪਣੇ ਕੀਤੇ ਵਾਅਦੇ ਪੂਰੇ ਕਰੇ।

ਗੁਰਫਤਿਹ ਸਿੰਘ ਸੋਈ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

ਹਨੀ ਫੱਤਣਵਾਲਾ ਨੇ ਸਿਰੋਪਾਓ ਭੇਟ ਕਰਕੇ ਦਿੱਤੀ ਵਧਾਈ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਗੁਰਫਤਿਹ ਸਿੰਘ ਨੂੰ ਸੋਈ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਨਿਯੁਕਤੀ ਉਪਰੰਤ ਨਵ-ਨਿਯੁਕਤ ਸੋਈ ਪ੍ਰਧਾਨ ਗੁਰਫਤਿਹ ਸਿੰਘ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਜਗਜੀਤ ਸਿੰਘ ਹਨੀ ਫੱਤਣਵਾਲਾ ਦੇ ਗ੍ਰਹਿ ਵਿਖੇ ਪਹੁੰਚੇ।ਇਸ ਮੌਕੇ ਹਨੀ ਫੱਤਣਵਾਲਾ ਨੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ।ਇਸ ਮੌਕੇ ਗੁਰਫਤਿਹ ਸਿੰਘ ਨੇ ਕਿਹਾ ਕਿ ਉਹ ਪਾਰਟੀ ਹਾਈਕਮਾਂਡ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਯਤਨਸ਼ੀਲ ਰਹਿਣਗੇ।ਇਸ ਮੌਕੇ ਸਾਬਕਾ ਨਗਰ ਕੌਂਸਲ ਪ੍ਰਧਾਨ ਹਰਪਾਲ ਸਿੰਘ ਬੇਦੀ, ਜਗਜੀਤ ਸਿੰਘ ਢਿੱਲੋਂ, ਖੁਸ਼ਪ੍ਰੀਤ ਸਿੰਘ, ਨਿਰਮਲ ਨਿੰਮਾ ਪਹਿਲਵਾਨ ਤੇ ਦਿਲਰਾਜ ਚੌਤਰਾ ਵੀ ਮੌਜੂਦ ਸਨ।


ਬਾਸਕਿਟਬਾਲ ਮੁਕਾਬਲਿਆਂ 'ਚ ਮੋਹਾਲੀ ਦੀਆਂ ਲੜਕੀਆਂ ਅੱਵਲ

ਖੇਡਾਂ ਸਾਡੀ ਜ਼ਿੰਦਗੀ ਦਾ ਅਹਿਮ ਹਿੱਸਾ : ਪੈਵੀ ਢਿੱਲੋਂ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਸਕੂਲ ਸਿੱਖਿਆ ਪੰਜਾਬ ਵੱਲੋਂ ਕਰਵਾਈਆਂ ਜਾ ਰਹੀਆਂ 70ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ 2026-27 ਦੇ ਤਹਿਤ ਲੜਕੀਆਂ ਦੇ ਅੰਡਰ-14 ਸਾਲ ਉਮਰ ਵਰਗ ਦੇ ਬਾਸਕਿਟਬਾਲ ਮੁਕਾਬਲੇ ਬੀਤੀ ਦੇਰ ਸ਼ਾਮ ਗਿੱਦੜਬਾਹਾ ਦੇ ਬਾਬਾ ਗੰਗਾ ਰਾਮ ਬਾਸਕਿਟਬਾਲ ਸਟੇਡੀਅਮ ਵਿਖੇ ਸ਼ੁਰੂ ਹੋਏ ਸਨ।ਇਨ੍ਹਾਂ ਮੁਕਾਬਲਿਆਂ ਦਾ ਸਮਾਪਤੀ ਸਮਾਰੋਹ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਗਿੱਦੜਬਾਹਾ ਵਿਖੇ ਹੋਇਆ।ਸਮਾਪਤੀ ਸਮਾਰੋਹ ਵਿੱਚ ਮੁੱਖ ਮਹਿਮਾਨ ਆਮ ਆਦਮੀ ਪਾਰਟੀ ਦੇ ਯੂਥ ਆਗੂ ਪ੍ਰਭਜੋਤ ਸਿੰਘ ਪੈਵੀ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਨਾਲ ਡੀਐੱਸਪੀ ਜ਼ੋਰਾ ਸਿੰਘ ਕਾਗਰਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੋਚ ਜਗਸੀਰ ਪੁਰੀ ਤੇ ਡੀਪੀ ਤਰਸੇਮ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਮੋਹਾਲੀ ਦੀਆਂ ਲੜਕੀਆਂ ਨੇ ਪਹਿਲਾ ਸਥਾਨ ਹਾਸਲ ਕੀਤਾ, ਦੂਸਰਾ ਸਥਾਨ ਪਟਿਆਲਾ ਤੇ ਤੀਸਰਾ ਸਥਾਨ ਲੁਧਿਆਣਾ ਨੇ ਹਾਸਲ ਕੀਤਾ।ਇਸ ਮੌਕੇ ਪੈਵੀ ਢਿੱਲੋਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਸਾਡੇ ਜ਼ਿੰਦਗੀ ਦਾ ਅਹਿਮ ਹਿੱਸਾ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੀ ਸਕੂਲਾਂ ਨੂੰ ਨਵੀਂ ਦਿਸ਼ਾ ਦੇਣ ਤੇ ਖੇਡਾਂ ਨੂੰ ਪ੍ਰਮੋਟ ਕਰਨ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਉਨ੍ਹਾਂ ਖਿਡਾਰਨਾਂ ਨੂੰ ਤਨਦੇਹੀ ਨਾਲ ਮਿਹਨਤ ਕਰਕੇ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਤ ਕਰਦੇ ਹੋਏ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਸਿਹਤ ਨੂੰ ਤੰਦਰੁਸਤ ਰੱਖਿਆ ਜਾ ਸਕੇ। ਇਸ ਮੌਕੇ ਜੇਤੂ ਟੀਮਾਂ ਨੂੰ ਮੁੱਖ ਮਹਿਮਾਨ ਪੈਵੀ ਢਿੱਲੋਂ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਟੂਰਨਾਮੈਂਟ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਤਰਸੇਮ ਸਿੰਘ ਡੀਪੀ ਵੱਲੋਂ ਬਾਖੂਬੀ ਨਿਭਾਈ ਗਈ।ਇਸ ਮੌਕੇ ਜ਼ਿਲ੍ਹਾ ਬਾਸਕਿਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਲਗਨਪ੍ਰੀਤ ਸਿੰਘ ਲਾਲੀ ਮਾਨ ਤੋਂ ਇਲਾਵਾ, ਸੁਰਿੰਦਰ ਸਿੰਘ ਡੀ.ਐੱਮ. ਖੇਡਾਂ, ਪ੍ਰਿੰ. ਗੁਰਪ੍ਰੀਤ ਸਿੰਘ, ਸਤਵਿੰਦਰ ਸਿੰਘ ਇੰਚਾਰਜ, ਸੁਰਿੰਦਰ ਕੁਮਾਰ, ਮਨਜਿੰਦਰ ਚੋਪੜਾ, ਗੁਰਭੇਜ ਸਿੰਘ, ਮਨਜਿੰਦਰ ਸਿੰਘ, ਬਲਵਿੰਦਰ ਸਿੰਘ, ਸੁਰਿੰਦਰ ਸਿੰਘ, ਰੈਸਟੀ ਰੰਧਾਵਾ ਉੱਪ-ਪ੍ਰਧਾਨ ਨਗਰ ਕੌਂਸਲ ਤੋਂ ਇਲਾਵਾ ਕੌਂਸਲਰ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਬੰਦ ਕੀਤੀਆਂ 400 ਮੰਡੀਆਂ 'ਚ ਰੁਲ ਰਹੇ ਲੱਖਾਂ ਟਨ ਝੋਨੇ ਦੀ ਖਰੀਦ ਫੌਰੀ ਚਾਲੂ ਹੋਵੇ : ਦਸ਼ਮੇਸ਼ ਯੂਨੀਅਨ



ਲੁਧਿਆਣਾ (ਸਤੀਸ਼ ਸਚਦੇਵਾ)-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਤੇ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ ਨੇ ਪ੍ਰੈੱਸ ਦੇ ਨਾਮ ਸਾਂਝੇ ਪ੍ਰੈੱਸ ਬਿਆਨ ਰਾਹੀਂ ਆਖਿਆ ਕਿ ਜਿੱਥੇ ਇੱਕ ਪਾਸੇ ਮੁੱਖ ਮੰਤਰੀ ਭਗਵੰਤ ਮਾਨ ਝੋਨੇ ਦੀ ਫਸਲ ਦਾ ਦਾਣਾ-ਦਾਣਾ ਖ਼ੀਦਣ ਦੇ ਆਏ ਦਿਨ ਦਾਅਵੇ ਕਰ ਰਿਹਾ ਹੈ, ਉੱਥੇ ਦੂਜੇ ਪਾਸੇ ਪੰਜਾਬ ਭਰ ਦੀਆਂ 400 ਮੰਡੀਆਂ ਨੂੰ ਬੰਦ ਕਰਨ ਦੇ ਬਕਾਇਦਾ ਲਿਖਤੀ ਹੁਕਮ ਚਾੜ੍ਹ ਕੇ ਝੋਨੇ ਦੀ ਖਰੀਦ ਬੰਦ ਕਰ ਦਿੱਤੀ ਹੈ।ਦੋਨਾਂ ਆਗੂਆਂ ਨੇ ਵਰਨਣ ਕੀਤਾ ਕਿ ਪੰਜਾਬ ਦੀਆਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਦੇ ਇੰਸਪੈਕਟਰਾਂ ਦੀਆਂ ਹਦਾਇਤਾਂ 'ਤੇ ਕੀਤੀ ਖ਼ਰੀਦ ਅਨੁਸਾਰ ਮੰਡੀਆਂ ਦੇ ਆੜ੍ਹਤੀਏ ਲੱਖਾਂ ਟਨ ਝੋਨੇ ਨੂੰ ਪੱਖੇ ਲਵਾ ਕੇ, ਸੁਕਾ ਕੇ, ਬਾਰਦਾਨੇ 'ਚ ਭਰਾ ਕੇ, ਤੁਲਾਈ ਕਰਵਾ ਕੇ, ਬੋਰੀਆਂ ਦੀ ਸਿਲਾਈ ਕਰਵਾਈ ਬੈਠੇ ਹਨ।ਇਸ ਸਥਿਤੀ 'ਚ ਆ ਕੇ ਖ਼ਰੀਦ ਬੰਦ ਕਰਨ ਦੇ ਤਾਨਾਸ਼ਾਹੀ ਫੁਰਮਾਨ ਕਦਾਚਿੱਤ ਵੀ ਬਰਦਾਸ਼ਤ ਨਹੀਂ ਕੀਤੇ ਜਾਣਗੇ, ਜਦ ਕਿ 10% ਦੇ ਕਰੀਬ ਝੋਨੇ ਦੀ ਫ਼ਸਲ ਵਢਾਈ ਉਪਰੰਤ ਖੇਤਾਂ 'ਚੋਂ ਮੰਡੀਆਂ 'ਚ ਲਗਾਤਾਰ ਆ ਰਹੀ ਹੈ, ਜਿਸ ਨੂੰ ਖ਼ੀਦਣਾ ਪੰਜਾਬ ਸਰਕਾਰ ਦੀ ਬੁਨਿਆਦੀ ਜ਼ਿੰਮੇਵਾਰੀ ਬਣਦੀ ਹੈ।ਅੰਤ 'ਚ ਦੋਨਾਂ ਆਗੂਆਂ ਨੇ ਆਖਿਆ ਕਿ ਜੇਕਰ ਪੰਜਾਬ ਸਰਕਾਰ ਨੇ ਬੰਦ ਮੰਡੀਆਂ 'ਚ ਫੌਰੀ ਖ਼ਰੀਦ ਮੁੜ ਚਾਲੂ ਨਾ ਕੀਤੀ ਤਾਂ ਉਨ੍ਹਾਂ ਦੀ ਜਥੇਬੰਦੀ ਸਮੇਤ ਸਮੂਹ ਕਿਸਾਨ-ਮਜ਼ਦੂਰ ਜਥੇਬੰਦੀਆਂ, ਪੱਲੇਦਾਰ ਯੂਨੀਅਨਾਂ ਤੇ ਆੜ੍ਹਤੀਆ ਐਸੋਸੀਏਸ਼ਨਾਂ ਸੜਕਾਂ 'ਤੇ ਨਿੱਤਰ ਆਉਣਗੀਆਂ, ਜਿਸ ਦੀ ਜ਼ਿੰਮੇਵਾਰੀ ਮੁੱਖ ਮੰਤਰੀ ਭਗਵੰਤ ਮਾਨ ਸਿਰ ਹੋਵੇਗੀ।

ਵਿਧਾਇਕ ਲਖਬੀਰ ਸਿੰਘ ਰਾਏ ਨੇ ਸੜਕ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਲਿੰਕਨ ਕਾਲਜ ਵਾਲੀ ਸੜਕ ਤੋਂ ਫਤਿਹ ਇਨਕਲੇਵ ਰਾਹੀਂ ਇਤਿਹਾਸਕ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਜਾਣ ਵਾਲੀ ਅਹਿਮ ਸੜਕ ਦੇ ਨਿਰਮਾਣ ਕਾਰਜ ਦੀ ਰਸਮੀ ਸ਼ੁਰੂਆਤ ਕਰਵਾਈ ਗਈ।ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਇਲਾਕਾ ਨਿਵਾਸੀਆਂ ਅਤੇ ਸ਼ਰਧਾਲੂਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਪੱਤਰਕਾਰਾਂ ਅਤੇ ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਲਖਬੀਰ ਸਿੰਘ ਰਾਏ ਨੇ ਦੱਸਿਆ ਕਿ ਪਿਛਲੇ ਕਰੀਬ 15 ਸਾਲਾਂ ਦੌਰਾਨ ਸਮੇਂ ਦੀਆਂ ਸਰਕਾਰਾਂ ਵੱਲੋਂ ਇਸ ਅਹਿਮ ਰਸਤੇ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ ਸੀ।ਸੜਕ ਦੀ ਖਸਤਾ ਹਾਲਤ ਕਾਰਨ ਇਲਾਕਾ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਰੋਜ਼ਾਨਾ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ।ਉਨ੍ਹਾਂ ਕਿਹਾ ਕਿ ਇਸ ਸੜਕ ਦੀ ਉਸਾਰੀ ਫਤਿਹ ਇਨਕਲੇਵ ਦੇ ਵਸਨੀਕਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਵੱਡੀ ਮੰਗ ਸੀ, ਜਿਸ ਨੂੰ 15 ਸਾਲ ਬਾਅਦ ਪੂਰਾ ਕੀਤਾ ਜਾ ਰਿਹਾ ਹੈ।ਇਸ ਉਦਘਾਟਨੀ ਸਮਾਰੋਹ ਮੌਕੇ ਕੌਂਸਲਰ ਰਾਮਪਾਲ, ਕੌਂਸਲਰ ਦਵਿੰਦਰ ਕੌਰ, ਕੌਂਸਲਰ ਬਲਦੇਵ ਜਲਾਲ, ਕੌਂਸਲਰ ਜਸਵੀਰ ਸਿੰਘ ਬੰਟੀ, ਰਮੇਸ਼ ਕੁਮਾਰ ਸੋਨੂੰ, ਪ੍ਰਿਤਪਾਲ ਸਿੰਘ ਜੱਸੀ, ਜਗਜੋਤ ਸਿੰਘ, ਗੁਰਮੀਤ ਸਿੰਘ ਰੰਧਾਵਾ, ਸੁਰਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਸਰਕਾਰ ਬੱਸ ਹਾਦਸੇ ਦੇ ਪੀੜਤ ਪਰਵਾਰਾਂ ਨਾਲ ਹਰ ਪੱਖੋਂ ਖੜ੍ਹੀ : ਨਰਿੰਦਰ ਕੌਰ ਭਰਾਜ

ਸੰਗਰੂਰ 'ਚ ਜ਼ਖ਼ਮੀਆਂ ਦਾ ਹਾਲ-ਚਾਲ ਜਾਣਿਆ, ਹਰ ਸੰਭਵ ਸਹਾਇਤਾ ਦਾ ਦਿੱਤਾ ਭਰੋਸਾ



ਪਟਿਆਲਾ (ਰਾਜਿੰਦਰ ਥਿੰਦ)-ਸੰਗਰੂਰ ਹਲਕੇ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਬੀਤੇ ਦਿਨੀਂ ਵਾਪਰੇ ਬੱਸ ਹਾਦਸੇ ਵਿੱਚ ਜਾਨਾਂ ਗੁਆਉਣ ਵਾਲਿਆਂ ਦੇ ਪਰਵਾਰਾਂ ਨਾਲ ਡੂੰਘੀ ਸੰਵੇਦਨਾ ਪ੍ਰਗਟਾਈ ਤੇ ਸਿਵਲ ਹਸਪਤਾਲ ਸੰਗਰੂਰ ਵਿਖੇ ਜ਼ੇਰੇ ਇਲਾਜ ਜ਼ਖ਼ਮੀਆਂ ਦਾ ਹਾਲ-ਚਾਲ ਜਾਣਿਆ। ਇਸ ਤੋਂ ਪਹਿਲਾਂ ਉਨ੍ਹਾਂ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਵੀ ਜ਼ਖ਼ਮੀਆਂ ਤੇ ਉਨ੍ਹਾਂ ਦੇ ਪਰਵਾਰਾਂ ਨਾਲ ਮੁਲਾਕਾਤ ਵੀ ਕੀਤੀ। ਵਿਧਾਇਕਾ ਭਰਾਜ ਨੇ ਪੀੜਤ ਪਰਵਾਰਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਨਾਲ ਹੈ। ਉਨ੍ਹਾਂ ਕਿਹਾ ਕਿ ਬਣਦਾ ਮੁਆਵਜ਼ਾ ਛੇਤੀ ਜਾਰੀ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ। ਸਿਵਲ ਹਸਪਤਾਲ ਦੇ ਦੌਰੇ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਭਰਾਜ ਨੇ ਦੱਸਿਆ ਕਿ ਹਾਦਸੇ ਵਿੱਚ ਤਿੰਨ ਜਾਨਾਂ ਗਈਆਂ ਹਨ। ਮ੍ਰਿਤਕਾਂ ਵਿੱਚ ਪਿੰਡ ਫਤਿਹਗੜ੍ਹ ਛੰਨਾ ਦੀ ਇੱਕ ਮਹਿਲਾ ਸ਼ਾਮਲ ਹੈ, ਜੋ ਆਪਣੇ ਬੱਚੇ ਦੀ ਕੀਮੋਥੈਰੇਪੀ ਕਰਵਾਉਣ ਲਈ ਉਸ ਨੂੰ ਚੰਡੀਗੜ੍ਹ ਲੈ ਕੇ ਜਾ ਰਹੀ ਸੀ। ਬੱਚਾ ਇਸ ਵੇਲੇ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਜ਼ੇਰੇ ਇਲਾਜ ਹੈ ਤੇ ਉਸ ਦੀ ਲੱਤ ਦਾ ਆਪ੍ਰੇਸ਼ਨ ਹੋਣਾ ਹੈ। ਮ੍ਰਿਤਕਾਂ ਵਿੱਚ ਪਿੰਡ ਸਾਰੋਂ ਦੇ ਇੱਕ ਬਜ਼ੁਰਗ ਵੀ ਸ਼ਾਮਲ ਹਨ, ਜੋ ਕਿਲੋਮੀਟਰ ਸਕੀਮ ਅਧੀਨ ਬੱਸਾਂ ਚਲਾਉਂਦੇ ਸਨ। ਉਨ੍ਹਾਂ ਦੱਸਿਆ ਕਿ ਜ਼ਖ਼ਮੀਆਂ ਵਿੱਚ ਧੂਰੀ ਨੇੜਲੇ ਪਿੰਡ ਮਾਨਵਾਲਾ ਦੀਆਂ ਦੋ ਭੈਣਾਂ ਵੀ ਸ਼ਾਮਲ ਹਨ, ਜੋ ਚੰਡੀਗੜ੍ਹ ਵਿੱਚ ਨਿੱਜੀ ਖੇਤਰ ਵਿੱਚ ਨੌਕਰੀ ਕਰਦੀਆਂ ਹਨ। ਇੱਕ ਭੈਣ ਦੀ ਬਾਂਹ ਟੁੱਟ ਗਈ ਹੈ ਤੇ ਉਸ ਦਾ ਆਪ੍ਰੇਸ਼ਨ ਸਿਵਲ ਹਸਪਤਾਲ ਸੰਗਰੂਰ ਵਿਖੇ ਹੋਣਾ ਹੈ, ਜਦਕਿ ਦੂਜੀ ਭੈਣ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਦਾਖ਼ਲ ਹੈ। ਹਾਦਸੇ ਵੇਲੇ ਬੱਸ ਵਿੱਚ ਯੂਨੀਵਰਸਿਟੀ ਜਾ ਰਹੇ ਵਿਦਿਆਰਥੀ ਤੇ ਹੋਰ ਯਾਤਰੀ ਵੀ ਸਵਾਰ ਸਨ। ਵਿਧਾਇਕ ਭਰਾਜ ਨੇ ਕਿਹਾ ਕਿ ਪੀੜਤ ਪਰਿਵਾਰਾਂ ਦੇ ਦੁੱਖ ਦੀ ਘੜੀ ਵਿੱਚ ਹਸਪਤਾਲ ਦੇ ਪ੍ਰਬੰਧਾਂ ਨੂੰ ਲੈ ਕੇ ਭਾਜਪਾ ਆਗੂਆਂ ਅਤੇ ਸਾਬਕਾ ਮੰਤਰੀ ਵਿਜੈ ਇੰਦਰ ਸਿੰਗਲਾ ਵੱਲੋਂ ਕੀਤੀ ਜਾ ਰਹੀ ਸਿਆਸੀ ਬਿਆਨਬਾਜ਼ੀ ਨਿੰਦਣਯੋਗ ਹੈ। ਉਨ੍ਹਾਂ ਵਿਰੋਧੀ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਵਾਲ ਢੁੱਕਵੇਂ ਮੰਚਾਂ 'ਤੇ ਉਠਾਉਣ ਤੇ ਹਸਪਤਾਲ ਵਿੱਚ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਸਥਿਤੀ ਦਾ ਖ਼ਿਆਲ ਰੱਖਣ।

ਕ੍ਰਿਸ਼ਨਾ ਪਾਲ ਰਾਜਪੂਤ ਨੇ ਏ ਡੀ ਸੀ (ਜ) ਦਾ ਅਹੁਦਾ ਸੰਭਾਲਿਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)



ਕ੍ਰਿਸ਼ਨਾ ਪਾਲ ਰਾਜਪੂਤ ਆਈ ਏ ਐੱਸ ਨੇ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਫ਼ਿਰੋਜ਼ਪੁਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਪਾਰਦਰਸ਼ੀ, ਪ੍ਰਭਾਵਸ਼ਾਲੀ ਤੇ ਸਮੇਂ ਸਿਰ ਪ੍ਰਸ਼ਾਸਨਿਕ ਸੇਵਾਵਾਂ ਮੁਹੱਈਆ ਕਰਵਾਉਣ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਤੇ ਪ੍ਰੋਗਰਾਮਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ। ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਣੇ ਵਿਭਾਗ ਨਾਲ ਸਬੰਧਤ ਕੰਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਤੇ ਲੋਕ ਹਿੱਤ ਨੂੰ ਪਹਿਲ ਦੇਣ ਦੀ ਹਦਾਇਤ ਕੀਤੀ।

ਬੀ ਕੇ ਯੂ ਕਾਦੀਆਂ ਦੀ ਮੀਟਿੰਗ 'ਚ ਕਿਸਾਨੀ ਮਸਲਿਆਂ 'ਤੇ ਚਰਚਾ



ਫਿਰੋਜ਼ਪੁਰ (ਗੁਰਬਚਨ ਸਿੰਘ)-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮਹੀਨਾਵਾਰ ਮੀਟਿੰਗ ਮਾਰਕੀਟ ਕਮੇਟੀ ਦੇ ਦਫ਼ਤਰ ਫਿਰੋਜ਼ਪੁਰ ਛਾਉਣੀ ਵਿਖੇ ਜ਼ਿਲ੍ਹਾ ਪ੍ਰਧਾਨ ਗੁਰਿੰਦਰ ਸਿੰਘ ਖਹਿਰਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਬਲਜਿੰਦਰ ਸਿੰਘ ਬੱਬੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਦੌਰਾਨ ਕਿਸਾਨੀ ਮਸਲਿਆਂ ਤੇ ਕਿਸਾਨਾਂ ਨੂੰ ਦਰਪੇਸ਼ ਸਮੱਸਿਆਵਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਦੋਂ ਤੱਕ ਕਿਸਾਨਾਂ ਦੀ ਝੋਨੇ ਦੀ ਫ਼ਸਲ ਦਾ ਦਾਣਾ-ਦਾਣਾ ਖਰੀਦ ਨਹੀਂ ਹੋ ਜਾਂਦਾ, ਉਦੋਂ ਤੱਕ ਸਰਕਾਰੀ ਖਰੀਦ ਜਾਰੀ ਰੱਖੀ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣੀ ਚਾਹੀਦੀ।ਇਸ ਤੋਂ ਇਲਾਵਾ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਬਾਜ਼ਾਰਾਂ ਤੇ ਕੋਆਪ੍ਰੇਟਿਵ ਸੁਸਾਇਟੀਆਂ ਵਿੱਚ ਕਿਸਾਨਾਂ ਨੂੰ ਡੀਏਪੀ ਤੇ ਯੂਰੀਆ ਖਾਦ ਦੇ ਨਾਲ ਨੈਨੋ ਖਾਦ ਤੇ ਹੋਰ ਦਵਾਈਆਂ ਜ਼ਬਰਦਸਤੀ ਦੇਣ ਦੀ ਪ੍ਰਥਾ ਤੁਰੰਤ ਬੰਦ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਲੋੜ ਤੇ ਮਰਜ਼ੀ ਅਨੁਸਾਰ ਹੀ ਖੇਤੀਬਾੜੀ ਨਾਲ ਸਬੰਧਤ ਵਸਤਾਂ ਖ਼ੀਦਣ ਦੀ ਖੁੱਲ੍ਹ ਹੋਣੀ ਚਾਹੀਦੀ ਹੈ।ਕਿਸਾਨ ਆਗੂਆਂ ਨੇ ਬਿਜਲੀ ਬੋਰਡ ਵੱਲੋਂ ਕਿਸਾਨਾਂ ਦੀਆਂ ਮੋਟਰਾਂ ਦਾ ਲੋਡ ਵਧਾਉਣ ਲਈ ਸ਼ੁਰੂ ਕੀਤੀ ਗਈ ਵੀਡੀਐੱਸ ਸਕੀਮ ਦੀ ਮਿਆਦ 31 ਦਸੰਬਰ 2026 ਤੱਕ ਵਧਾਉਣ ਦੀ ਮੰਗ ਵੀ ਕੀਤੀ, ਤਾਂ ਜੋ ਵੱਧ ਤੋਂ ਵੱਧ ਕਿਸਾਨ ਇਸ ਸਕੀਮ ਦਾ ਲਾਭ ਲੈ ਸਕਣ।ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਮਨਦੀਪ ਸਿੰਘ, ਗੁਰਬੰਸ ਸਿੰਘ ਜੰਗ ਜ਼ਿਲ੍ਹਾ ਮੁੱਖ ਸਕੱਤਰ, ਗੁਲਜ਼ਾਰ ਸਿੰਘ ਜ਼ਿਲ੍ਹਾ ਸਰਪ੍ਰਸਤ, ਜੋਗਾ ਸਿੰਘ ਜ਼ਿਲ੍ਹਾ ਕਮੇਟੀ ਮੈਂਬਰ, ਸੁਖਦੇਵ ਸਿੰਘ ਸਨੇਰ ਬਲਾਕ ਜ਼ੀਰਾ, ਗੁਰਮੇਲ ਸਿੰਘ ਬਲਾਕ ਪ੍ਰਧਾਨ ਫਿਰੋਜ਼ਪੁਰ, ਬਲਦੇਵ ਸਿੰਘ ਜ਼ਿਲ੍ਹਾ ਕਮੇਟੀ ਮੈਂਬਰ ਹਾਜਰ ਸਨ।

ਅੰਤਰ ਜ਼ਿਲ੍ਹਾ ਸਕੂਲ ਖੇਡਾਂ : ਸਾਈਕਲਿੰਗ ਰੋਡ ਤੇ ਟਰੈਕ ਇਵੈਂਟ 'ਚ ਪਟਿਆਲਵੀਆਂ ਨੇ ਬਾਜ਼ੀ ਮਾਰੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰਪਾਲ ਸ਼ਰਮਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਜਨਰਲ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਸਾਇਕਲਿੰਗ ਅੰਡਰ 14,17,19 ਲੜਕੇ, ਲੜਕੀਆਂ ਰੋਡ ਤੇ ਟਰੈਕ ਦੇ ਮੁਕਾਬਲੇ ਕਰਵਾਏ ਗਏ।ਮੁੱਖ ਮਹਿਮਾਨ ਦੇ ਤੌਰ 'ਤੇ ਟੂਰਨਾਮੈਂਟ ਦੇ ਅਬਜ਼ਰਵਰ ਤੇ ਮਾਲੇਰਕੋਟਲਾ ਦੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਵਰਿੰਦਰ ਸਿੰਘ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਰੋਡ ਮੁਕਾਬਲਿਆਂ ਵਿੱਚ ਅੰਡਰ-14 ਲੜਕਿਆਂ 'ਚ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਪਹਿਲਾ, ਪਟਿਆਲਾ ਨੇ ਦੂਜਾ, ਅੰਡਰ-17 ਦੇ ਵਿੱਚ ਪਟਿਆਲਾ ਨੇ ਪਹਿਲਾ, ਬਠਿੰਡਾ ਨੇ ਦੂਜਾ, ਬਰਨਾਲਾ ਨੇ ਤੀਜਾ, ਅੰਡਰ-19 'ਚ ਪਟਿਆਲਾ ਨੇ ਪਹਿਲਾ, ਲੁਧਿਆਣਾ ਨੇ ਦੂਜਾ, ਹੁਸ਼ਿਆਰਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਲੜਕਿਆਂ ਦੇ ਟਰੈਕ ਮੁਕਾਬਲਿਆਂ ਵਿੱਚ ਅੰਡਰ-14 'ਚ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਪਹਿਲਾ, ਪਟਿਆਲਾ ਨੇ ਦੂਜਾ, ਅੰਡਰ-17 'ਚ ਪਟਿਆਲਾ ਨੇ ਪਹਿਲਾ, ਗੁਰਦਾਸਪੁਰ ਨੇ ਦੂਜਾ, ਅੰਡਰ-19 'ਚ ਪਟਿਆਲਾ ਤੇ ਲੁਧਿਆਣਾ ਨੇ ਪਹਿਲਾ, ਪੀਆਈਐੱਸ ਪਟਿਆਲਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਅਬਜ਼ਰਵਰ ਵਰਿੰਦਰ ਸਿੰਘ ਡੀਐੱਸਸੀ, ਜਤਿੰਦਰ ਸਿੰਘ ਚੀਫ ਕੋਚ, ਜੈਤਸ਼ਾਹੂਦੀਪ ਸਿੰਘ, ਸਪਿੰਦਰਜੀਤ ਕੌਰ, ਸਤਵਿੰਦਰਪਾਲ ਸਿੰਘ ਕੋਚ, ਭੁਪਿੰਦਰ ਸਿੰਘ ਕੋਚ, ਜੋਗਿੰਦਰ ਕੌਰ, ਮੋਹਿਤ ਕੁਮਾਰ ਕੋਚ, ਗੁਰਮੀਤ ਸਿੰਘ ਕੋਚ ਇੰਡੀਅਨ ਰੇਲਵੇ, ਡਾ. ਆਸ਼ਾ ਸਿੰਘ, ਰਮਨਦੀਪ ਕੌਰ ਹੈੱਡ ਮਿਸਟ੍ਰੈੱਸ, ਅਮਨਦੀਪ ਕੌਰ, ਹਰਪ੍ਰੀਤ ਸਿੰਘ ਢਿੱਲੋਂ, ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਤੇ ਸਾਰੇ ਜ਼ਿਲ੍ਹਿਆਂ ਦੇ ਖਿਡਾਰੀ ਅਤੇ ਡਿਊਟੀ ਸਟਾਫ ਹਾਜ਼ਰ ਸੀ।

ਵੋਟਰ ਸੂਚੀ 'ਚ ਵਿਸ਼ੇਸ਼ ਸੁਧਾਈ ਦਾ ਐਲਾਨ

ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਮਾਣਯੋਗ ਚੋਣ ਕਮਿਸ਼ਨਰ ਵੱਲੋਂ ਪੰਜਾਬ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਸੁਧਾਈ ਤੇ ਦੋਹਰਾਈ 2026 ਦਾ ਐਲਾਨ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸਡੀਐੱਮ-ਕਮ-ਰਿਟਰਨਿੰਗ ਅਫ਼ਸਰ ਰਾਏਕੋਟ ਕਪਿਲ ਜਿੰਦਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਹੇਠ ਯੋਗਤਾ ਮਿਤੀ 01 ਜਨਵਰੀ 2027 ਦੇ ਅਧਾਰ 'ਤੇ ਮਿਤੀ 12.11.2026 ਤੋਂ 11.12.2026 ਤੱਕ ਹਲਕਾ ਰਾਏਕੋਟ ਦੇ ਸਮੂਹ ਵੋਟਰਾਂ ਤੋਂ ਦਾਅਵੇ ਤੇ ਇਤਰਾਜ਼ ਪ੍ਰਾਪਤ ਕੀਤੇ ਜਾਣੇ ਹਨ।ਵੋਟਰ ਆਪਣੇ ਦਾਅਵੇ ਤੇ ਇਤਰਾਜ਼ ਨੂੰ ਬੀ.ਐੱਲ.ਓ. ਪਾਸ ਜਮ੍ਹਾਂ ਕਰਵਾ ਸਕਦੇ ਹਨ ਜਾਂ ਇਲੈਕਸ਼ਨ ਸੈੱਲ, ਐੱਸ.ਡੀ.ਐੱਮ. ਦਫ਼ਤਰ ਰਾਏਕੋਟ ਵਿਖੇ ਜਮ੍ਹਾਂ ਕਰਵਾ ਸਕਦੇ ਹਨ।ਇਨ੍ਹਾਂ ਸਾਰੇ ਦਾਅਵੇ ਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਣਾ ਹੈ ਅਤੇ 4 ਜਨਵਰੀ 2027 ਨੂੰ ਵੋਟਰ ਸੂਚੀ ਦੀ ਆਖਰੀ ਪ੍ਰਕਾਸ਼ਨਾ ਕੀਤੀ ਜਾਣੀ ਹੈ।

ਉਨ੍ਹਾਂ ਕਿਹਾ ਕਿ ਹਲਕੇ ਦੇ ਸਮੂਹ ਵੋਟਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 12 ਨਵੰਬਰ 2026 ਤੋਂ 11 ਦਸੰਬਰ 2026 ਤੱਕ ਕੋਈ ਵੀ ਨਵੀਂ ਵੋਟ ਬਣਾਉਣ, ਵੋਟ ਵਿੱਚ ਦਰੁੱਸਤੀ ਜਾਂ ਡਲੀਟ ਕਰਵਾਉਣ ਸਬੰਧੀ ਕਾਰਵਾਈ ਕੀਤੀ ਜਾ ਸਕਦੀ ਹੈ ਤਾਂ ਜੋ ਅਗਾਮੀ ਵਿਧਾਨ ਸਭਾ ਚੋਣਾਂ 2027 ਦੌਰਾਨ ਕੋਈ ਵੋਟਰ ਵੋਟ ਪਾਉਣ ਤੋਂ ਵਾਂਝਾ ਨਾ ਰਹਿ ਜਾਵੇ।

ਵਿਧਾਇਕ ਸਿੱਧੂ ਨੇ 52 ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ

ਮੈਰਿਟ ਦੇ ਆਧਾਰ 'ਤੇ ਹੋਈਆਂ ਨਿਯੁਕਤੀਆਂ, 16 ਲੱਖ ਤੋਂ ਵੱਧ ਦੀ ਇਨਸੈਂਟਿਵ ਰਾਸ਼ੀ ਵੰਡੀ




ਰਾਮਪੁਰਾ ਫੂਲ (ਦਰਸ਼ਨ ਜਿੰਦਲ)

ਪੰਜਾਬ ਸਰਕਾਰ ਵੱਲੋਂ ਮਹਿਲਾ ਸਸ਼ਕਤੀਕਰਨ ਤੇ ਆਂਗਣਵਾੜੀ ਪ੍ਰਣਾਲੀ ਨੂੰ ਹੋਰ ਸੁਚਾਰੂ ਤੇ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਪੰਜਾਬ ਪੈਲੇਸ ਰਾਮਪੁਰਾ ਫੂਲ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ 9 ਆਂਗਣਵਾੜੀ ਵਰਕਰਾਂ ਤੇ 43 ਆਂਗਣਵਾੜੀ/ਹੈਲਪਰਾਂ ਸਮੇਤ ਕੁੱਲ 52 ਨਵ-ਨਿਯੁਕਤ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ।ਜ਼ਿਕਰਯੋਗ ਹੈ ਕਿ ਇਹ ਨਿਯੁਕਤੀਆਂ ਮੈਰਿਟ ਦੇ ਆਧਾਰ 'ਤੇ ਕੀਤੀਆਂ ਗਈਆਂ ਹਨ।ਸਮਾਗਮ ਦੌਰਾਨ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਆਪਣੇ ਕਾਰਜ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ 16 ਲੱਖ 60 ਹਜ਼ਾਰ 275 ਰੁਪਏ ਦੀ ਇਨਸੈਂਟਿਵ ਰਾਸ਼ੀ ਵੰਡੀ ਗਈ।ਇਸ ਦੇ ਨਾਲ ਹੀ ਆਂਗਣਵਾੜੀ ਵਿਭਾਗ ਦੀਆਂ ਵਰਕਰਾਂ, ਸੁਪਰਵਾਈਜ਼ਰਾਂ ਤੇ ਹੈਲਪਰਾਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਤੇ ਕਾਰਗੁਜ਼ਾਰੀ ਦੇ ਸਨਮਾਨ ਵਜੋਂ ਪ੍ਰਸ਼ੰਸਾ ਪੱਤਰ ਵੀ ਭੇਟ ਕੀਤੇ ਗਏ।ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਨਿਯੁਕਤੀ ਪੱਤਰ ਮਿਲਣਾ, ਜਿੱਥੇ ਉਨ੍ਹਾਂ ਲਈ ਰੁਜ਼ਗਾਰ ਦਾ ਨਵਾਂ ਮੌਕਾ ਹੈ, ਉੱਥੇ ਹੀ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਅਹਿਮ ਪੜਾਅ ਵੀ ਹੈ।

ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਸਮਾਜ ਦੀ ਮੁੱਢਲੀ ਇਕਾਈ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਕਿਸੇ ਵੀ ਸਮਾਜ ਦੀ ਤਰੱਕੀ ਲਈ ਮਹਿਲਾਵਾਂ ਦਾ ਆਰਥਿਕ ਤੇ ਸਮਾਜਿਕ ਤੌਰ 'ਤੇ ਆਤਮ-ਨਿਰਭਰ ਹੋਣਾ ਬੇਹੱਦ ਜ਼ਰੂਰੀ ਹੈ।ਸਮਾਗਮ ਦੌਰਾਨ ਨਵ-ਨਿਯੁਕਤ ਮੁਲਾਜ਼ਮਾਂ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।ਇਸ ਮੌਕੇ ਆਂਗਣਵਾੜੀ ਵਿਭਾਗ ਦੇ ਅਧਿਕਾਰੀ, ਸੁਪਰਵਾਈਜ਼ਰ, ਵਰਕਰਾਂ, ਹੈਲਪਰਾਂ ਤੇ ਹੋਰ ਪਤਵੰਤੇ ਹਾਜ਼ਰ ਸਨ।


ਗੁਰੂ ਕਾਸ਼ੀ ਕੈਂਪਸ ਵਿਖੇ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਵਿਸ਼ੇ 'ਤੇ ਜਾਗਰੂਕਤਾ ਪ੍ਰੋਗਰਾਮ



ਤਲਵੰਡੀ ਸਾਬੋ (ਜਗਦੀਪ ਗਿੱਲ)-ਮੇਰਾ ਯੁਵਾ ਭਾਰਤ ਬਠਿੰਡਾ, ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਵਿਸ਼ੇ 'ਤੇ ਨੇਬਰਹੁੱਡ ਯੂਥ ਪਾਰਲੀਮੈਂਟ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਸੰਦੀਪ ਰਾਣਾ ਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਅਮਨਦੀਪ ਸਿੰਘ ਸੇਖੋਂ ਨੇ ਆਏ ਹੋਏ ਬੁਲਾਰਿਆਂ ਦਾ ਤਹਿ ਦਿਲੋਂ ਸਵਾਗਤ ਕੀਤਾ।ਉਦਘਾਟਨੀ ਸੈਸ਼ਨ ਦੌਰਾਨ ਯੂਥ ਲੀਡਰ ਹੁਸਨਦੀਪ ਸਿੰਘ ਨੇ ਮਾਈ ਭਾਰਤ ਪੋਰਟਲ ਦੇ ਉਦੇਸ਼ ਤੇ ਮਹੱਤਵ ਬਾਰੇ ਜਾਗਰੂਕ ਕਰਦੇ ਹੋਏ ਵਿਸ਼ੇਸ਼ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਐੱਨਐੱਸਐੱਸ ਪ੍ਰੋਗਰਾਮ ਅਫ਼ਸਰ ਡਾ. ਸੁਨੀਤਾ ਰਾਣੀ ਵੱਲੋਂ ਵਿਦਿਆਰਥੀਆਂ ਨੂੰ ਸਮਾਜ 'ਤੇ ਪੈਣ ਵਾਲੇ ਨਕਾਰਾਤਮਕ ਪ੍ਰਭਾਵਾਂ ਬਾਰੇ ਜਾਣਕਾਰੀ ਦਿੰਦਿਆਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਹੁੰ ਚੁਕਾਈ ਗਈ।ਡਾ. ਅਮਨਦੀਪ ਸਿੰਘ ਸੇਖੋਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ।ਡਾ. ਸੁਖਦੀਪ ਸਿੰਘ ਦੁਆਰਾ ਸਲੋਗਨ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਤੇ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਯੁਵਾ ਅਧਿਕਾਰੀ ਸ਼੍ਰੀਮਤੀ ਮਿਸ਼ਾ ਨੇ ਨੌਜਵਾਨਾਂ ਨਾਲ ਸੰਵਾਦ ਕੀਤਾ।ਇਸ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਗੁਰਮੀਤ ਸਿੰਘ ਵੱਲੋਂ ਨਿਭਾਈ ਗਈ।ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਇਸ ਪਹਿਲਕਦਮੀ ਰਾਹੀਂ ਨੌਜਵਾਨਾਂ ਨੂੰ ਸਿਹਤਮੰਦ, ਜਾਗਰੂਕ ਤੇ ਮਜ਼ਬੂਤ ਸਮਾਜ ਦੀ ਸਿਰਜਣਾ ਕਰਨ ਦਾ ਸੰਦੇਸ਼ ਦਿੱਤਾ।ਅੰਤ ਵਿੱਚ ਡਾ. ਮਨਿੰਦਰ ਕੌਰ ਨੇ ਆਏ ਹੋਏ ਬੁਲਾਰਿਆਂ ਤੇ ਐੱਨ ਐੱਸ ਐੱਸ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ।

ਸੂਬਾ ਪੱਧਰੀ ਨੈੱਟਬਾਲ ਮੁਕਾਬਲਿਆਂ 'ਚ ਖਿਆਲਾ ਵਿੰਗ ਦੀਆਂ ਧੀਆਂ ਨੇ ਮਾਰੀ ਬਾਜ਼ੀ

ਸ੍ਰੀ ਮੁਕਤਸਰ ਸਾਹਿਬ ਨੇ ਦੂਜਾ ਤੇ ਮਾਲੇਰਕੋਟਲਾ ਨੇ ਤੀਜਾ ਸਥਾਨ ਕੀਤਾ ਹਾਸਲ



ਮਾਨਸਾ (ਆਤਮਾ ਸਿੰਘ ਪਮਾਰ)

ਜ਼ਿਲ੍ਹਾ ਸਿੱਖਿਆ ਅਫ਼ਸਰ (ਸ. ਸ.) ਨੀਲਮ ਰਾਣੀ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਪਰਮਜੀਤ ਸਿੰਘ ਭੋਗਲ ਦੇ ਦਿਸ਼ਾ-ਨਿਰਦੇਸ਼ਾਂ ਹੇਠ 70ਵੀਆਂ ਸੂਬਾ ਪੱਧਰੀ ਸਕੂਲ ਖੇਡਾਂ ਅੰਡਰ-17 ਕੁੜੀਆਂ ਦੇ ਨੈੱਟਬਾਲ ਮੁਕਾਬਲੇ ਬਾਬਾ ਜੋਗੀ ਪੀਰ ਸਕੂਲ ਰੱਲਾ ਵਿਖੇ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਏ। ਇਨ੍ਹਾਂ ਮੁਕਾਬਲਿਆਂ 'ਚ ਖਿਆਲਾ ਵਿੰਗ ਦੀਆਂ ਹੋਣਹਾਰ ਖਿਡਾਰਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਮਾਨਸਾ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ। ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਦੂਜਾ ਤੇ ਮਲੇਰਕੋਟਲਾ ਦੀ ਟੀਮ ਨੇ ਤੀਜਾ ਸਥਾਨ ਅਤੇ ਬਰਨਾਲਾ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਜੇਤੂ ਖਿਡਾਰਨਾਂ ਨੂੰ ਇਨਾਮ ਵੰਡਣ ਦੀ ਰਸਮ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅਮ੍ਰਿਤਪਾਲ ਸਿੰਘ ਲੱਧੜ ਵੱਲੋਂ ਅਦਾ ਕੀਤੀ ਗਈ। ਇਸ ਮੌਕੇ ਉਨ੍ਹਾਂ ਖਿਡਾਰਨਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਸਾਧਨ ਹਨ। ਖੇਡਾਂ ਨਾਲ ਜਿੱਥੇ ਸਰੀਰਕ ਤੇ ਮਾਨਸਿਕ ਤੰਦਰੁਸਤੀ ਮਿਲਦੀ ਹੈ, ਉੱਥੇ ਹੀ ਅਨੁਸ਼ਾਸਨ, ਟੀਮ ਭਾਵਨਾ, ਮਿਹਨਤ ਤੇ ਜਿੱਤਣ ਦਾ ਜਜ਼ਬਾ ਵੀ ਪੈਦਾ ਹੁੰਦਾ ਹੈ।

ਅੰਤ 'ਚ ਪ੍ਰਬੰਧਕਾਂ ਵੱਲੋਂ ਖੇਡ ਮੁਕਾਬਲਿਆਂ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ 'ਚ ਸਹਿਯੋਗੀ ਸਮੂਹ ਅਧਿਕਾਰੀਆਂ, ਅਧਿਆਪਕਾਂ, ਕੋਚਾਂ ਤੇ ਖਿਡਾਰਨਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਲੈਕਚਰਾਰ ਮੱਖਣ ਸਿੰਘ, ਲੈਕਚਰਾਰ ਸਮਸ਼ੇਰ ਸਿੰਘ, ਲੈਕਚਰਾਰ ਹਰਪ੍ਰੀਤ ਸਿੰਘ, ਵਿਨੋਦ ਕੁਮਾਰ, ਭੁਪਿੰਦਰ ਸਿੰਘ ਤੱਗੜ ਸ਼ਮਿੰਦਰ ਸਿੰਘ, ਰਾਜਨਦੀਪ ਸਿੰਘ, ਸਮਰਜੀਤ ਸਿੰਘ, ਮਨਪ੍ਰੀਤ ਸਿੰਘ, ਸਾਬਰ ਅਲੀ, ਬਲਵੀਰ ਸਿੰਘ, ਮਾਨਤ ਸਿੰਘ, ਪ੍ਰੇਮ ਸਿੰਘ ਹੈਪੀ, ਮਨਜੀਤ ਸਿੰਘ, ਨਿਰਮਲ ਸਿੰਘ ਚਹਿਲ, ਲੱਖਾ ਸਿੰਘ, ਗੁਰਦੀਪ ਸਿੰਘ ਬਬਲੂ, ਬਲਰਾਜ ਸਿੰਘ ਤੇ ਸੁਖਚੈਨ ਸਿੰਘ ਹਾਜ਼ਰ ਸਨ।

ਫਤਿਹ ਰੈਲੀ ਦੀਆਂ ਤਿਆਰੀਆਂ ਸਬੰਧੀ ਅਹਿਮ ਮੀਟਿੰਗ

ਸਨੌਰ (ਰਾਜਿੰਦਰ ਸਿੰਘ ਥਿੰਦ)-2027 ਦੀਆਂ ਚੋਣਾਂ ਦੇ ਮਦੇਨਜ਼ਰ ਬੀ ਜੇ ਪੀ ਦੇ ਸਨੌਰ ਹਲਕੇ ਦੇ ਇੰਚਾਰਜ ਸਤਪਾਲ ਸਿੰਘ ਪੂਨੀਆ ਦੀ ਅਗਵਾਈ ਹੇਠ 21ਨਵੰਬਰ ਨੂੰ ਸਨੌਰ ਦੀ ਅਨਾਜ ਮੰਡੀ ਵਿਖੇ ਮਿਸ਼ਨ 2027 ਤਹਿਤ ਫ਼ਤਿਹ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਹੈ! ਇਸ ਫ਼ਤਿਹ ਰੈਲੀ ਨੂੰ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੰਬੋਧਨ ਕਰਨਗੇ! ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਤਪਾਲ ਪੂਨੀਆ ਨੇ ਦੱਸਿਆ ਕਿ ਇਸ ਰੈਲੀ 'ਚ ਹਜ਼ਾਰਾਂ ਦੀ ਗਿਣਤੀ ਵਿਚ ਲੋਕ ਸ਼ਾਮਿਲ ਹੋਣਗੇ! ਫਤਿਹ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਸਤਪਾਲ ਪੂਨੀਆ, ਵੱਲੋਂ ਆਪਣੇ ਸਾਥੀਆਂ ਅਤੇ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਰੈਲੀ ਨੂੰ ਸਫ਼ਲ ਬਣਾਉਣ ਲਈ ਤਿਆਰੀਆਂ, ਪ੍ਰਬੰਧਾਂ ਤੇ ਵਰਕਰਾਂ ਦੀਆਂ ਜ਼ਿੰਮੇਵਾਰੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।


ਕਾਰਜ ਸਾਧਕ ਅਫਸਰ ਮਨਦੀਪ ਕੁਮਾਰ ਦਾ ਸਫਾਈ ਸੇਵਕਾਂ ਵੱਲੋਂ ਨਿੱਘਾ ਸਵਾਗਤ



ਜਗਰਾਉਂ (ਅਮਿਤ ਖੰਨਾ)-ਨਗਰ ਕੌਂਸਲ ਜਗਰਾਉਂ ਦੇ ਕਾਰਜ ਸਾਧਕ ਅਫਸਰ ਮੋਹਿਤ ਸ਼ਰਮਾ ਦੀ ਬਦਲੀ ਹੋਣ ਉਪਰੰਤ ਉਨ੍ਹਾਂ ਦੀ ਜਗ੍ਹਾ ਨਵੇਂ ਕਾਰਜ ਸਾਧਕ ਅਫਸਰ ਮਨਦੀਪ ਕੁਮਾਰ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ।ਨਵੇਂ ਕਾਰਜ ਸਾਧਕ ਅਫਸਰ ਵੱਲੋਂ ਅਹੁਦਾ ਸੰਭਾਲਣ ਮੌਕੇ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਦੀ ਅਗਵਾਈ ਹੇਠ ਯੂਨੀਅਨ ਦੀ ਸਮੁੱਚੀ ਟੀਮ ਵੱਲੋਂ ਉਨ੍ਹਾਂ ਨੂੰ ਫੁੱਲਾਂ ਦਾ ਬੁੱਕਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਜੀ ਆਇਆਂ ਆਖਿਆ ਗਿਆ।ਇਸ ਮੌਕੇ ਯੂਨੀਅਨ ਆਗੂਆਂ ਵੱਲੋਂ ਨਵੇਂ ਕਾਰਜ ਸਾਧਕ ਅਫਸਰ ਨੂੰ ਭਰੋਸਾ ਦਿਵਾਇਆ ਗਿਆ ਕਿ ਨਗਰ ਕੌਂਸਲ ਦੇ ਕੰਮਕਾਜ ਤੇ ਸ਼ਹਿਰ ਦੀ ਸਫਾਈ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਫਾਈ ਸੇਵਕਾਂ ਵੱਲੋਂ ਹਰ ਪੱਖੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।ਇਸ ਦੇ ਨਾਲ ਹੀ ਕਾਰਜ ਸਾਧਕ ਅਫਸਰ ਮਨਦੀਪ ਕੁਮਾਰ ਨੇ ਵੀ ਸਫਾਈ ਸੇਵਕਾਂ ਦੀਆਂ ਸਮੱਸਿਆਵਾਂ ਤੇ ਲੰਬੇ ਸਮੇਂ ਤੋਂ ਪੈਂਡਿੰਗ ਪਏ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਨੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਆਪਣੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਯੂਨੀਅਨ ਹਮੇਸ਼ਾ ਸ਼ਹਿਰ ਦੀ ਬਿਹਤਰੀ ਤੇ ਸਫਾਈ ਸੇਵਕਾਂ ਦੇ ਹੱਕਾਂ ਤੇ ਭਲਾਈ ਲਈ ਪ੍ਰਸ਼ਾਸਨ ਨਾਲ ਮਿਲ ਕੇ ਕੰਮ ਕਰਨ ਲਈ ਵਚਨਬੱਧ ਹੈ।ਇਸ ਮੌਕੇ ਸਾਬਕਾ ਕਾਰਜਕਾਰੀ ਪ੍ਰਧਾਨ ਅਮਰਜੀਤ ਸਿੰਘ ਮਾਲਵਾ, ਸੈਨਟਰੀ ਇੰਸਪੈਕਟਰ ਅਨਿਲ ਕੁਮਾਰ, ਆਰਜੀ ਮੇਟ ਪ੍ਰਦੀਪ ਕੁਮਾਰ ਗਿੱਲ, ਰਾਕੇਸ਼ ਕੁਮਾਰ ਨੋਨੀ ਤੋਂ ਇਲਾਵਾ ਸਫਾਈ ਸੇਵਕ ਸੰਤੋਖ ਰਾਮ ਗਿੱਲ, ਸਨੀ ਸੁੰਦਰ, ਭੂਸ਼ਣ ਗਿੱਲ, ਸੰਦੀਪ ਕੁਮਾਰ, ਸੁਖਵਿੰਦਰ ਖੋਸਲਾ, ਸੁਖਚੈਨ ਭਾਨੂ, ਗੋਵਿੰਦਾ, ਟਾਵਰ, ਕਾਲੂ ਤੇ ਵੱਡੀ ਗਿਣਤੀ ਵਿੱਚ ਸਫਾਈ ਸੇਵਕ ਹਾਜ਼ਰ ਸਨ।

ਇਸਮਤ ਵਿਜੈ ਸਿੰਘ ਨੇ ਏ ਡੀ ਸੀ (ਜਨਰਲ) ਦਾ ਅਹੁਦਾ ਸੰਭਾਲਿਆ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)



2016 ਬੈਚ ਦੇ ਪੀ.ਸੀ.ਐਸ ਅਧਿਕਾਰੀ ਸ਼੍ਰੀਮਤੀ ਇਸਮਤ ਵਿਜੈ ਸਿੰਘ ਨੇ ਸ਼ੁੱਕਰਵਾਰ ਨੂੰ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦਾ ਅਹੁਦਾ ਸੰਭਾਲ ਲਿਆ। ਇਸ ਤੋਂ ਪਹਿਲਾਂ ਉਹ ਐਸ.ਡੀ.ਐਮ.ਧੂਰੀ ਤਾਇਨਾਤ ਸਨ।ਵਧੀਕ ਡਿਪਟੀ ਕਮਿਸ਼ਨਰ (ਜ) ਦਾ ਚਾਰਜ ਸੰਭਾਲਣ ਉਪਰੰਤ ਸ਼੍ਰੀਮਤੀ ਇਸਮਤ ਵਿਜੈ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਹੇਠਲੇ ਪੱਧਰ ਤੇ ਹਰੇਕ ਯੋਗ ਲਾਭਪਾਤਰੀ ਤੱਕ ਪਹੁੰਚਾਉਣ ਨੂੰ ਤਰਜੀਹ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਸਰਲ ਤਰੀਕੇ ਨਾਲ ਦੇਣ ਸਮੇਤ ਸਿਹਤ, ਸਿੱਖਿਆ, ਪੀਣ ਵਾਲੇ ਪਾਣੀ, ਸਾਫ਼-ਸਫਾਈ ਅਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

ਮੋਗਾ ਦੇ ਚਾਰੇ ਵਿਧਾਨ ਸਭਾ ਹਲਕਿਆਂ ਦੀਆਂ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਮੁਕੰਮਲ

ਜ਼ਿਲ੍ਹਾ ਚੋਣ ਅਫ਼ਸਰ ਨੇ ਰਾਜਨੀਤਕ ਪਾਰਟੀਆਂ ਨੂੰ ਸੌਂਪੀਆਂ ਕਾਪੀਆਂ



ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ ਮਿਤੀ 1 ਜਨਵਰੀ 2027 ਦੇ ਆਧਾਰ 'ਤੇ ਕਰਵਾਈ ਜਾ ਰਹੀ ਸਪੈਸ਼ਲ ਸਮਰੀ ਰਿਵੀਜ਼ਨ (ਐੱਸ ਐੱਸ ਆਰ) ਤਹਿਤ ਜ਼ਿਲ੍ਹਾ ਮੋਗਾ ਦੇ ਚਾਰੇ ਵਿਧਾਨ ਸਭਾ ਚੋਣ ਹਲਕਿਆਂ ਦੀਆਂ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ 12 ਨਵੰਬਰ ਨੂੰ ਕਰ ਦਿੱਤੀ ਗਈ ਹੈ।

ਇਸ ਸਬੰਧੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਮੋਗਾ ਸ਼੍ਰੀ ਸਾਗਰ ਸੇਤੀਆ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਮੁੱਢਲੀ ਪ੍ਰਕਾਸ਼ਤ ਫੋਟੋ ਵੋਟਰ ਸੂਚੀਆਂ ਦੇ ਇੱਕ-ਇੱਕ ਸੈੱਟ ਦੀ ਹਾਰਡ ਕਾਪੀ ਤੇ ਬਿਨਾਂ ਫੋਟੋ ਵਾਲੀ ਸਾਫਟ ਕਾਪੀ ਦੀ ਇੱਕ-ਇੱਕ ਸੀਡੀ ਸੌਂਪੀ ਗਈ, ਤਾਂ ਜੋ ਰਾਜਨੀਤਕ ਪਾਰਟੀਆਂ ਵੱਲੋਂ ਵੋਟਰ ਸੂਚੀਆਂ ਦੀ ਜਾਂਚ ਕੀਤੀ ਜਾ ਸਕੇ।ਮੁੱਢਲੀ ਪ੍ਰਕਾਸ਼ਤ ਵੋਟਰ ਸੂਚੀ ਦੇ ਵੇਰਵਿਆਂ ਅਨੁਸਾਰ ਜ਼ਿਲ੍ਹਾ ਮੋਗਾ ਵਿੱਚ ਕੁੱਲ 834 ਪੋਲਿੰਗ ਸਟੇਸ਼ਨ ਹਨ ਤੇ ਕੁੱਲ 7,29,410 ਵੋਟਰ ਦਰਜ ਕੀਤੇ ਗਏ ਹਨ।ਇਨ੍ਹਾਂ ਵਿੱਚ 3,83,696 ਪੁਰਸ਼, 3,45,692 ਮਹਿਲਾ ਤੇ 22 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਵਿਧਾਨ ਸਭਾ ਹਲਕਾ ਵਾਰ ਵੋਟਰਾਂ ਦੀ ਗਿਣਤੀ ਸਬੰਧੀ ਵੇਰਵੇ ਦਿੰਦਿਆਂ ਦੱਸਿਆ ਗਿਆ ਕਿ ਨਿਹਾਲ ਸਿੰਘ ਵਾਲਾ ਹਲਕੇ ਵਿੱਚ 1,92,708, ਬਾਘਾ ਪੁਰਾਣਾ ਵਿੱਚ 1,67,913, ਮੋਗਾ ਵਿੱਚ 1,93,581 ਤੇ ਧਰਮਕੋਟ ਹਲਕੇ ਵਿੱਚ 1,75,208 ਵੋਟਰ ਦਰਜ ਹਨ।ਸਪੈਸ਼ਲ ਸਮਰੀ ਰਿਵੀਜ਼ਨ ਦੇ ਨਿਰਧਾਰਤ ਪ੍ਰੋਗਰਾਮ ਅਨੁਸਾਰ ਮੁੱਢਲੀ ਪ੍ਰਕਾਸ਼ਤ ਵੋਟਰ ਸੂਚੀਆਂ ਸਬੰਧੀ ਦਾਅਵੇ ਤੇ ਇਤਰਾਜ਼ 11 ਦਸੰਬਰ 2026 ਤੱਕ ਦਾਇਰ ਕੀਤੇ ਜਾ ਸਕਦੇ ਹਨ।ਪ੍ਰਾਪਤ ਹੋਣ ਵਾਲੇ ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਵੇਗਾ, ਜਦਕਿ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ ਕੀਤੀ ਜਾਵੇਗੀ।ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹੇ ਦੇ ਸਮੂਹ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਮੁੱਢਲੀ ਪ੍ਰਕਾਸ਼ਤ ਵੋਟਰ ਸੂਚੀ ਵਿੱਚ ਆਪਣਾ ਨਾਮ, ਪਤਾ ਤੇ ਹੋਰ ਵੇਰਵਿਆਂ ਦੀ ਜਾਂਚ ਜ਼ਰੂਰ ਕਰਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣ ਤੋਂ ਰਹਿ ਗਿਆ ਹੈ ਜਾਂ ਕਿਸੇ ਵੋਟਰ ਦੇ ਵੇਰਵਿਆਂ ਵਿੱਚ ਕੋਈ ਤਰੁੱਟੀ ਹੈ ਤਾਂ ਉਹ ਨਿਰਧਾਰਤ ਸਮਾਂ-ਸੀਮਾ ਅੰਦਰ ਆਪਣਾ ਦਾਅਵਾ ਜਾਂ ਇਤਰਾਜ਼ ਦਰਜ ਕਰਵਾਏ, ਤਾਂ ਜੋ ਵੋਟਰ ਸੂਚੀਆਂ ਨੂੰ ਸਹੀ ਤੇ ਤਰੁੱਟੀ ਰਹਿਤ ਬਣਾਇਆ ਜਾ ਸਕੇ।

ਲੋਕ ਜਨਸ਼ਕਤੀ ਪਾਰਟੀ (ਪਾਸਵਾਨ) ਵੱਲੋਂ ਵਿਧਾਨ ਸਭਾ ਚੋਣਾਂ ਲੜਨ ਦਾ ਆਗਾਜ਼


ਪਾਰਟੀ ਪੰਜਾਬ ਦੀਆਂ ਸਾਰੀਆਂ ਸੀਟਾਂ 'ਤੇ ਚੋਣ ਲੜੇਗੀ : ਚੌਧਰੀ, ਪੰਜੇਟਾ



ਪਟਿਆਲਾ (ਰਾਜਿੰਦਰ ਥਿੰਦ)-ਪੰਜਾਬ ਅੰਦਰ-2027 ਦੀਆਂ ਵਿਧਾਨ ਸਭਾ ਚੋਣਾਂ ਲੜਨ ਦਾ ਲੋਕ ਜਨਸ਼ਕਤੀ ਪਾਰਟੀ (ਪਾਸਵਾਨ) ਵੱਲੋਂ ਬਿਗੁਲ ਵਜਾ ਦਿੱਤਾ ਗਿਆ ਹੈ। ਵੀਰਵਾਰ ਪਟਿਆਲਾ ਵਿਖੇ ਪੰਜਾਬ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਪੰਜੇਟਾ ਦੇ ਮੁੱਖ ਦਫ਼ਤਰ ਦਾ ਦੇਵੀਗੜ੍ਹ-ਪਟਿਆਲਾ ਰੋਡ 'ਤੇ ਸੰਨੀ ਇਨਕਲੇਵ ਵਿਖੇ ਉਦਘਾਟਨ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੇ ਹਲਕਾ ਸਨੌਰ ਤੋਂ ਪਾਰਟੀ ਦੇ ਸੈਂਕੜੇ ਆਗੂ ਮੌਜੂਦ ਸਨ। ਸੂਬਾ ਪ੍ਰਧਾਨ ਸੁਖਦੇਵ ਪੰਜੇਟਾ ਦੇ ਮੁੱਖ ਦਫ਼ਤਰ ਦਾ ਉਦਘਾਟਨ ਲੋਕ ਜਨਸ਼ਕਤੀ ਪਾਰਟੀ (ਪਾਸਵਾਨ) ਦੇ ਕੇਂਦਰੀ ਜਨਰਲ ਸਕੱਤਰ ਅਤੇ ਪੰਜਾਬ ਤੇ ਚੰਡੀਗੜ੍ਹ ਇੰਚਾਰਜ ਡਾ. ਕੇ. ਪੀ. ਚੌਧਰੀ ਵੱਲੋਂ ਕੀਤਾ ਗਿਆ। ਉਦਘਾਟਨ ਉਪਰੰਤ ਲੋਕ ਜਨਸ਼ਕਤੀ ਪਾਰਟੀ ਪਾਸਵਾਨ ਦੇ ਕੇਂਦਰੀ ਜਨਰਲ ਸਕੱਤਰ ਤੇ ਪੰਜਾਬ-ਚੰਡੀਗੜ੍ਹ ਦੇ ਇੰਚਾਰਜ ਡਾਕਟਰ ਕੇ. ਪੀ. ਚੌਧਰੀ ਤੇ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਪੰਜੇਟਾ ਵੱਲੋਂ ਪ੍ਰੈੱਸ ਕਾਨਫਰੰਸ ਕਰਕੇ ਐਲਾਨ ਕੀਤਾ ਗਿਆ ਕਿ ਪਾਰਟੀ ਪੰਜਾਬ ਦੀਆਂ 117 ਵਿਧਾਨ ਸਭਾ ਹਲਕਿਆਂ ਵਿੱਚ ਪਾਰਟੀ ਦੇ ਚੋਣ ਨਿਸ਼ਾਨ 'ਤੇ ਆਪਣੇ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇਗੀ। ਇਸ ਮੌਕੇ ਬਲਜਿੰਦਰ ਪੰਜੇਟਾ, ਬਿਕਰਮ ਬਾਜਵਾ, ਪ੍ਰੇਮ ਪੂਨੀਆਂ, ਪਾਰਟੀ ਦੇ ਸੀਨੀਅਰ ਆਗੂ ਪੰਜਾਬ ਦੇ ਕਨਵੀਨਰ ਆਰ. ਪੀ. ਬਾਵਾ, ਸੀਨੀਅਰ ਮੀਤ ਪ੍ਰਧਾਨ ਰਮਨ ਭਾਰਦਵਾਜ, ਸੀਨੀਅਰ ਚੀਫ ਸਕੱਤਰ ਪ੍ਰੇਮ ਸਿੰਘ ਸਫਰੀ, ਲੇਬਰ ਸੈੱਲ ਦੇ ਸੂਬਾ ਪ੍ਰਧਾਨ ਬਲਜਿੰਦਰ ਸਿੰਘ, ਯੂਥ ਸੈੱਲ ਦੇ ਪ੍ਰਧਾਨ ਖੁਸ਼ਬੂ ਮਿਸ਼ਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਪੰਜੇਟਾ ਵੱਲੋਂ ਪੰਜਾਬ ਦੇ ਵੱਖ-ਵੱਖ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ਗਏ। ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਸੂਬਾ ਪ੍ਰਧਾਨ ਸੁਖਦੇਵ ਪੰਜੇਟਾ ਨੇ ਕਿਹਾ ਕਿ ਬੇਸ਼ਕ ਲੋਕ ਜਨਸ਼ਕਤੀ ਪਾਰਟੀ (ਪਾਸਵਾਨ) ਐੱਨ. ਡੀ. ਏ. ਦਾ ਹਿੱਸਾ ਹੈ, ਇਸ ਦਾ ਮਤਲਬ ਇਹ ਨਹੀਂ ਕਿ ਅਸੀਂ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਨਾਲ ਗੱਠਜੋੜ ਕਰਾਂਗੇ, ਕਿਉਂਕਿ ਸਾਡੇ ਅਸੂਲ ਤੇ ਭਾਜਪਾ ਦੇ ਅਸੂਲ ਅਲੱਗ-ਅਲੱਗ ਹਨ, ਜਿਸ ਕਾਰਨ ਪਾਰਟੀ ਦੇ ਕੌਮੀ ਪ੍ਰਧਾਨ ਚਿਰਾਗ ਪਾਸਵਾਨ ਵੱਲੋਂ ਵਿਸ਼ੇਸ਼ ਤੌਰ 'ਤੇ ਪਾਰਟੀ ਨੂੰ ਪੰਜਾਬ ਵਿੱਚ ਹੋਰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਪਾਰਟੀ ਦੇ ਵਪਾਰ ਵਿੰਗ ਦੇ ਪੰਜਾਬ ਪ੍ਰਧਾਨ ਸੁਖਦੇਵ ਸਿੰਘ ਪੰਜੇਟਾ ਨੇ ਕਿਹਾ ਕਿ ਪਾਰਟੀ ਵਲੋਂ ਪਹਿਲਾਂ ਚੰਡੀਗੜ੍ਹ ਵਿਚ ਦਫ਼ਤਰ ਖੋਲ੍ਹਿਆ ਗਿਆ ਸੀ ਤੇ ਅੱਜ ਪਟਿਆਲਾ ਵਿਚ ਨਵਾਂ ਦਫ਼ਤਰ ਖੋਲ੍ਹ ਕੇ ਪਾਰਟੀ ਦੇ ਪੰਜਾਬ ਪੱਧਰ ਤੇ ਵਰਕਰਾਂ ਨਾਲ ਸੰਪਰਕ ਕਰਕੇ ਨਵੀਂ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਤੋਂ ਬਾਅਦ ਸਥਾਨਕ ਇਕਬਾਲ ਇਨ ਹੋਟਲ ਵਿਖੇ ਪੰਜਾਬ ਤੋਂ ਸੈਂਕੜਿਆਂ ਦੀ ਗਿਣਤੀ ਵਿਚ ਵੱਖ-ਵੱਖ ਵਿੰਗਾਂ ਦੇ ਸੂਬਾ, ਜਿਲਾ ਪ੍ਰਧਾਨਾਂ ਅਤੇ ਹੋਰ ਵਰਕਰਾਂ ਨੂੰ ਸੰਬੋਧਨ ਕਰਦਿਆਂ ਕੇ. ਪੀ. ਚੌਧਰੀ ਅਤੇ ਸੁਖਦੇਵ ਸਿੰਘ ਪੰਜੇਟਾ ਨੇ ਪਾਰਟੀ ਨੂੰ ਮਜ਼ਬੂਤ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਅੰਦਰ ਬਣਦਾ ਮਾਨ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਸਟੇਟ ਯੂਥ ਪ੍ਰਧਾਨ ਸੰਜੀਵ ਥਾਪਰ, ਧਰਮਿੰਦਰ ਮਿਸ਼ਰਾ ਕਿਸਾਨ ਸੈਲ ਦੇ ਪ੍ਰਧਾਨ, ਵੂਮੈਨ ਸੈੱਲ ਪੰਜਾਬ ਦੇ ਪ੍ਰਧਾਨ ਮੀਨੂੰ, ਰਿਤਿਕ ਸਚਦੇਵਾ, ਐੱਸ. ਸੀ. ਐੱਸ. ਟੀ. ਸੈੱਲ ਦੇ ਪ੍ਰਧਾਨ ਸੁਖਵਿੰਦਰ ਸਿੰਘ ਸੁੱਖ, ਬੀ. ਐੱਸ. ਕਸ਼ਯਪ (ਲੁਧਿਆਣਾ), ਬਿਕਰਮ ਬਾਜਵਾ, ਪ੍ਰੇਮ ਪੂਨੀਆਂ ਮੌਜੂਦ ਸਨ।

ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਾਉਣਾ ਸਰਕਾਰ ਦੀ ਮੁੱਖ ਤਰਜੀਹ : ਡਾ. ਜਵੰਧਾ



ਭਵਾਨੀਗੜ੍ਹ (ਰਾਜ ਖੁਰਮੀ)-ਪੰਜਾਬ ਦੀ ਕਿਸਾਨੀ ਨੂੰ ਆਰਥਿਕ ਪੱਖੋਂ ਮਜ਼ਬੂਤ ਕਰਨ ਤੇ ਧਰਤੀ ਹੇਠਲੇ ਪਾਣੀ ਦੇ ਲਗਾਤਾਰ ਡਿੱਗ ਰਹੇ ਪੱਧਰ ਨੂੰ ਬਚਾਉਣ ਲਈ ਸੂਬੇ ਦੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।ਜੇਕਰ ਨਹਿਰੀ ਸਿੰਚਾਈ ਪ੍ਰਣਾਲੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਨਾ ਸਿਰਫ਼ ਕਿਸਾਨਾਂ ਦੀ ਟਿਊਬਵੈੱਲਾਂ 'ਤੇ ਨਿਰਭਰਤਾ ਘਟੇਗੀ, ਸਗੋਂ ਪਾਣੀ ਤੇ ਬਿਜਲੀ ਦੀ ਬੱਚਤ ਦੇ ਨਾਲ ਖੇਤੀ ਲਾਗਤਾਂ ਨੂੰ ਘਟਾਉਣ ਵਿੱਚ ਵੀ ਮਦਦ ਮਿਲੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਇਨਫੋਟੈੱਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕੀਤਾ।ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਦਾ ਮੁੱਖ ਆਧਾਰ ਖੇਤੀਬਾੜੀ ਹੈ ਤੇ ਕਿਸਾਨ ਸੂਬੇ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ, ਪਰ ਪਿਛਲੇ ਕਈ ਦਹਾਕਿਆਂ ਦੌਰਾਨ ਸਿੰਚਾਈ ਲਈ ਧਰਤੀ ਹੇਠਲੇ ਪਾਣੀ ਦੀ ਬੇਹੱਦ ਵਰਤੋਂ ਹੋਣ ਕਾਰਨ ਪਾਣੀ ਦਾ ਪੱਧਰ ਚਿੰਤਾਜਨਕ ਹੱਦ ਤੱਕ ਹੇਠਾਂ ਜਾ ਰਿਹਾ ਹੈ।ਇਸ ਗੰਭੀਰ ਚੁਣੌਤੀ ਨਾਲ ਨਜਿੱਠਣ ਲਈ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਨੂੰ ਉਤਸ਼ਾਹਤ ਕਰਨਾ ਸਮੇਂ ਦੀ ਅਹਿਮ ਲੋੜ ਹੈ।ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣ ਲਈ ਨਹਿਰਾਂ, ਰਜਵਾਹਿਆਂ ਤੇ ਖਾਲਿਆਂ ਦੀ ਸਫ਼ਾਈ, ਮੁਰੰਮਤ ਤੇ ਆਧੁਨਿਕੀਕਰਨ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ, ਤਾਂ ਜੋ ਕਿਸਾਨਾਂ ਨੂੰ ਸਿੰਚਾਈ ਲਈ ਲੋੜੀਂਦਾ ਪਾਣੀ ਸਮੇਂ ਸਿਰ ਤੇ ਸੁਚਾਰੂ ਢੰਗ ਨਾਲ ਮਿਲ ਸਕੇ।ਉਨ੍ਹਾਂ ਕਿਹਾ ਕਿ ਮਜ਼ਬੂਤ ਨਹਿਰੀ ਪ੍ਰਬੰਧ ਨਾਲ ਕਿਸਾਨਾਂ ਨੂੰ ਟਿਊਬਵੈੱਲਾਂ ਦੀ ਘੱਟ ਵਰਤੋਂ ਕਰਨ ਦਾ ਬਦਲ ਮਿਲੇਗਾ ਤੇ ਇਸ ਨਾਲ ਬਿਜਲੀ ਦੀ ਖਪਤ ਵੀ ਘਟਾਈ ਜਾ ਸਕੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਕਿਸਾਨਾਂ ਦੀ ਆਰਥਿਕ ਖੁਸ਼ਹਾਲੀ ਇੱਕ-ਦੂਜੇ ਨਾਲ ਜੁੜੇ ਹੋਏ ਮੁੱਦੇ ਹਨ।ਸਰਕਾਰ ਦਾ ਸੰਕਲਪ ਹੈ ਕਿ ਸਿੰਚਾਈ ਦੇ ਮਜ਼ਬੂਤ ਪ੍ਰਬੰਧਾਂ ਰਾਹੀਂ ਕਿਸਾਨੀ ਨੂੰ ਨਵੀਂ ਮਜ਼ਬੂਤੀ ਦਿੱਤੀ ਜਾਵੇ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਦੇ ਸਰੋਤ ਸੁਰੱਖਿਅਤ ਰੱਖੇ ਜਾਣ।

ਉਮੀਦਵਾਰ ਐਲਾਨੇ ਜਾਣ ਮਗਰੋਂ ਸ਼ਮਸ਼ੇਰ ਸਿੰਘ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਹੋਏ ਨਤਮਸਤਕ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)
ਆਮ ਆਦਮੀ ਪਾਰਟੀ ਦੀ ਹਾਈਕਮਾਨ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਦੀਨਾਨਗਰ ਹਲਕੇ ਤੋਂ ਸ਼ਮਸ਼ੇਰ ਸਿੰਘ ਨੂੰ ਮੁੜ ਪਾਰਟੀ ਉਮੀਦਵਾਰ ਐਲਾਨੇ ਜਾਣ ਮਗਰੋਂ ਹਲਕੇ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਟਿਕਟ ਦੇ ਐਲਾਨ ਤੋਂ ਬਾਅਦ ਅੱਜ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਅਦਾ ਕਰਨ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਲੈਣ ਲਈ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਟਾਹਲੀ ਸਾਹਿਬ, ਗਾਹਲੜੀ ਵਿਖੇ ਨਤਮਸਤਕ ਹੋ ਕੇ ਮੱਥਾ ਟੇਕਿਆ। ਇਸ ਮੌਕੇ ਸ਼ਮਸ਼ੇਰ ਸਿੰਘ ਦੇ ਨਾਲ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਤੋਂ ਇਲਾਵਾ ਹਲਕਾ ਦੀਨਾਨਗਰ ਦੇ ਵੱਡੀ ਗਿਣਤੀ ਵਿੱਚ ਪਾਰਟੀ ਅਹੁਦੇਦਾਰ, ਬਲਾਕ ਪ੍ਰਧਾਨ, ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ ਅਤੇ ਆਮ ਆਦਮੀ ਪਾਰਟੀ ਦੇ ਸਮਰਪਿਤ ਵਰਕਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ਼ਮਸ਼ੇਰ ਸਿੰਘ ਨੇ ਸਰਬੱਤ ਦੇ ਭਲੇ, ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਹਲਕਾ ਦੀਨਾਨਗਰ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਮਸ਼ੇਰ ਸਿੰਘ ਅਤੇ ਉਨ੍ਹਾਂ ਦੇ ਨਾਲ ਆਏ ਪਤਵੰਤਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਗੁਰਦੁਆਰਾ ਸਾਹਿਬ ਤੋਂ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ਮਸ਼ੇਰ ਸਿੰਘ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਨ ਨੇ ਉਨ੍ਹਾਂ ਦੀ ਪਿਛਲੇ ਸਮੇਂ ਦੀ ਮਿਹਨਤ ਅਤੇ ਹਲਕੇ ਪ੍ਰਤੀ ਸਮਰਪਣ ਨੂੰ ਦੇਖਦੇ ਹੋਏ ਉਨ੍ਹਾਂ 'ਤੇ ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਨਗੇ। ਉਨ੍ਹਾਂ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਵੀ ਹਲਕਾ ਦੀਨਾਨਗਰ ਦੇ ਲੋਕਾਂ ਨੇ ਉਨ੍ਹਾਂ ਨੂੰ ਭਰਵਾਂ ਪਿਆਰ ਅਤੇ ਸਤਿਕਾਰ ਦਿੱਤਾ ਸੀ, ਜਿਸ ਸਦਕਾ ਉਹ ਬੇਹੱਦ ਥੋੜ੍ਹੇ ਫਰਕ ਨਾਲ ਦੂਜੇ ਸਥਾਨ 'ਤੇ ਰਹੇ ਸਨ। ਸ਼ਮਸ਼ੇਰ ਸਿੰਘ ਨੇ ਅੱਗੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਉਹ ਹਲਕਾ ਇੰਚਾਰਜ ਵਜੋਂ ਦੀਨਾਨਗਰ ਦੇ ਹਰੇਕ ਪਿੰਡ ਅਤੇ ਵਾਰਡ ਵਿੱਚ ਜਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਰਹੇ ਹਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਘਰ-ਘਰ ਪਹੁੰਚਾ ਰਹੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ 2027 ਦੀਆਂ ਚੋਣਾਂ ਵਿੱਚ ਹਲਕਾ ਦੀਨਾਨਗਰ ਦੇ ਸੂਝਵਾਨ ਵੋਟਰ ਆਮ ਆਦਮੀ ਪਾਰਟੀ ਦੀਆਂ ਵਿਕਾਸਮੁਖੀ ਨੀਤੀਆਂ 'ਤੇ ਮੋਹਰ ਲਗਾਉਂਦੇ ਹੋਏ ਇਸ ਸੀਟ ਨੂੰ ਵੱਡੀ ਲੀਡ ਨਾਲ ਜਿਤਾ ਕੇ ਪਾਰਟੀ ਦੀ ਝੋਲੀ ਵਿੱਚ ਪਾਉਣਗੇ। ਇਸ ਮੌਕੇ ਹਾਜ਼ਰ ਸਰਪੰਚਾਂ, ਪੰਚਾਂ ਅਤੇ ਪਾਰਟੀ ਵਰਕਰਾਂ ਨੇ ਸ਼ਮਸ਼ੇਰ ਸਿੰਘ ਨੂੰ ਉਮੀਦਵਾਰ ਐਲਾਨੇ ਜਾਣ 'ਤੇ ਵਧਾਈ ਦਿੱਤੀ ਅਤੇ ਲੱਡੂ ਵੰਡ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ।



ਮਹਾਨ ਕ੍ਰਾਂਤੀਕਾਰੀ ਬਾਬਾ ਸੋਹਣ ਸਿੰਘ ਜੋਸ਼ ਦੇ ਜਨਮ ਦਿਨ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ) ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਜ਼ਦੀਕੀ ਸਾਥੀ, ਉੱਘੇ ਆਜ਼ਾਦੀ ਘੁਲਾਟੀਏ ਅਤੇ ਮਹਾਨ ਕ੍ਰਾਂਤੀਕਾਰੀ ਦੇਸ਼ ਭਗਤ ਬਾਬਾ ਸੋਹਣ ਸਿੰਘ ਜੋਸ਼ ਦੇ ਜਨਮ ਸਥਾਨ ਪਿੰਡ ਚੇਤਨਪੁਰਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਉਨ੍ਹਾਂ ਦੇ ਜਨਮ ਦਿਨ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਸਤਿਕਾਰ ਸਹਿਤ ਯਾਦ ਕੀਤਾ ਗਿਆ। ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਨੇ ਬਾਬਾ ਸੋਹਣ ਸਿੰਘ ਜੋਸ਼ ਦੇ ਸੰਘਰਸ਼ਮਈ ਜੀਵਨ ਅਤੇ ਦੇਸ਼ ਦੀ ਆਜ਼ਾਦੀ ਲਈ ਪਾਏ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦਰਸਾਏ ਰਾਹਾਂ 'ਤੇ ਚੱਲਣ ਦਾ ਪ੍ਰਣ ਲਿਆ। ਇਸ ਦੇ ਨਾਲ ਹੀ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਭਾਰਤ ਵਾਸੀਆਂ ਨੂੰ ਉਨ੍ਹਾਂ ਦੇ ਜਨਮ ਦਿਨ ਦੀਆਂ ਲੱਖ-ਲੱਖ ਮੁਬਾਰਕਾਂ ਦਿੱਤੀਆਂ ਗਈਆਂ। ਇਸ ਮੌਕੇ ਸ਼ਹੀਦ ਭਗਤ ਸਿੰਘ ਸਮਾਜ ਸੇਵਾ ਸੋਸਾਇਟੀ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਗੋਪਾਲਪੁਰਾ, ਸੋਢੀ ਦਿਆਲਪੁਰ ਕਿਰਤ ਚਵਿੰਡਾ ਦੇਵੀ, ਬਿੱਟੂ ਕੋਟਲਾ ਸੈਦਾਂ, ਕਾਲੂ ਅਤੇ ਵਿਸ਼ਾਲ ਆਦਿ ਹਾਜ਼ਰ ਸਨ।

ਗ੍ਰੀਨ ਇੰਡੀਆ ਮਿਸ਼ਨ ਮੁਕਾਬਲਾ : ਰਾਣਾ ਸਵਰਾਜ ਯੂਨੀਵਰਸਲ ਸਕੂਲ ਦੇ ਵਿਦਿਆਰਥੀਆਂ ਏ ਪਲੱਸ ਗ੍ਰੇਡ ਕੀਤਾ ਹਾਸਲ

ਧਾਰੀਵਾਲ (ਮਨਦੀਪ ਵਿੱਕੀ)- ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਦੀ ਸਿਰਜਣਾਤਮਕ ਪ੍ਰਤਿਭਾ ਨੂੰ ਨਿਖਾਰਨ ਲਈ ਯਤਨਸ਼ੀਲ ਰਾਣਾ ਸਵਰਾਜ ਯੂਨੀਵਰਸਲ ਪਬਲਿਕ ਸਕੂਲ ਲੇਹਲ ਧਾਰੀਵਾਲ ਦੇ ਵਿਦਿਆਰਥੀਆਂ ਨੇ ਗ੍ਰੀਨ ਇੰਡੀਆ ਮਿਸ਼ਨ ਤਹਿਤ ਕਰਵਾਏ ਗਏ ਸੂਬਾ ਪੱਧਰੀ ਆਰਟ ਮੁਕਾਬਲਾ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਏ ਪਲੱਸ (1+) ਗ੍ਰੇਡ ਪ੍ਰਾਪਤ ਕੀਤਾ ਹੈ।ਸਕੂਲ ਪ੍ਰਬੰਧਕ ਡਾ. ਸਰਬਜੀਤ ਸਿੰਘ ਛੀਨਾ ਅਤੇ ਪ੍ਰਿੰਸੀਪਲ ਜਤਿੰਦਰ ਕੌਰ ਸੋਹਲ ਨੇ ਦੱਸਿਆ ਕਿ ਨੈਸ਼ਨਲ ਅਕੈਡਮੀ ਫਾਰ ਆਰਟ ਐਜੂਕੇਸ਼ਨ ਪੂਨੇ ਵੱਲੋਂ ਆਯੋਜਿਤ ਇਸ ਮੁਕਾਬਲੇ ਵਿੱਚ ਸਕੂਲ ਦੇ ਵਿਦਿਆਰਥੀਆਂ ਗੁਰਬਾਜ਼ ਸਿੰਘ, ਗੌਰਵੀ ਕੈਂਥ, ਜਸਕੀਰਤ ਕੌਰ, ਦਿਲਸ਼ਾਨ ਸਿੰਘ, ਆਰੀਅਨ ਕੁਮਾਰ, ਹਰਗੁਨ ਕੌਰ, ਰੋਜ਼ਲੀਨ, ਅਨਮੋਲ ਨਾਹਰ ਅਤੇ ਕੇਸ਼ਵੀ ਨੇ ਏ ਪਲੱਸ (1+) ਗ੍ਰੇਡ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਮਾਣ ਵਧਾਇਆ।ਇਸ ਮੌਕੇ ਸਕੂਲ ਪ੍ਰਬੰਧਕ ਡਾ. ਸਰਬਜੀਤ ਸਿੰਘ ਛੀਨਾ ਅਤੇ ਸਕੂਲ ਦੀ ਪ੍ਰਿੰਸੀਪਲ ਜਤਿੰਦਰ ਕੌਰ ਸੋਹਲ ਨੇ ਸਾਰੇ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਸਿਰਫ਼ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇਣਾ ਹੀ ਨਹੀਂ, ਸਗੋਂ ਉਨ੍ਹਾਂ ਦੀਆਂ ਵੱਖ-ਵੱਖ ਪ੍ਰਤਿਭਾਵਾਂ ਨੂੰ ਪਛਾਣ ਕੇ ਉਨ੍ਹਾਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ, ਲਗਨ ਅਤੇ ਉਤਸ਼ਾਹ ਨਾਲ ਹਰ ਖੇਤਰ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।



ਹਲਕਾ ਮਜੀਠਾ ਤੋਂ ਤਲਬੀਰ ਸਿੰਘ ਗਿੱਲ ਹੋਣਗੇ ਆਮ ਆਦਮੀ ਪਾਰਟੀ ਦੇ ਉਮੀਦਵਾਰ

ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)
ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਹਲਕਾ ਮਜੀਠਾ ਤੋਂ ਤਲਬੀਰ ਸਿੰਘ ਗਿੱਲ ਨੂੰ ਪਾਰਟੀ ਦਾ ਉਮੀਦਵਾਰ ਬਣਾਉਣ ਦਾ ਫੈਸਲਾ ਲਏ ਜਾਣ ਤੋਂ ਬਾਅਦ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ। ਇਸੇ ਸੰਬੰਧ ਵਿੱਚ ਮਹਿਲਾ ਵਿੰਗ ਦੀ ਕੋਆਰਡੀਨੇਟਰ ਅਮਨ ਨੇ ਤਲਬੀਰ ਸਿੰਘ ਗਿੱਲ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਆਉਣ ਵਾਲੇ ਸਮੇਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਹਲਕਾ ਇੰਚਾਰਜ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਹਾਈਕਮਾਂਡ ਵੱਲੋਂ ਉਨ੍ਹਾਂ ਨੂੰ ਜੋ ਭਰੋਸਾ ਅਤੇ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਤਨੋ-ਮਨੋ ਪਾਰਟੀ ਦੀ ਸੇਵਾ ਕਰਨਗੇ ਅਤੇ ਮੁੱਖ ਮੰਤਰੀ ਸਾਬ੍ਹ ਤੇ ਹਾਈਕਮਾਂਡ ਦੀਆਂ ਆਸਾਂ-ਉਮੀਦਾਂ 'ਤੇ ਖਰਾ ਉਤਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਨ੍ਹਾਂ ਪਾਰਟੀ ਦੇ ਸਮੂਹ ਆਗੂਆਂ, ਵਰਕਰਾਂ ਅਤੇ ਸਮਰਥਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਦੇ ਸਾਂਝੇ ਸਹਿਯੋਗ ਅਤੇ ਮਿਹਨਤ ਨਾਲ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਮਹਿਲਾ ਵਿੰਗ ਦੀ ਕੋਆਰਡੀਨੇਟਰ ਅਮਨ ਨੇ ਕਿਹਾ ਕਿ ਗਿੱਲ ਨੂੰ ਹਲਕਾ ਮਜੀਠਾ ਤੋਂ ਪਾਰਟੀ ਦੀ ਅਹਿਮ ਜ਼ਿੰਮੇਵਾਰੀ ਮਿਲਣਾ ਸਮੁੱਚੇ ਪਾਰਟੀ ਪਰਵਾਰ ਲਈ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਔਰਤਾਂ ਦੀ ਭਾਗੀਦਾਰੀ ਕਿਸੇ ਵੀ ਸਿਆਸੀ ਪਾਰਟੀ ਦੀ ਮਜ਼ਬੂਤੀ ਦਾ ਅਹਿਮ ਹਿੱਸਾ ਹੁੰਦੀ ਹੈ ਅਤੇ ਮਹਿਲਾ ਵਿੰਗ ਹਲਕਾ ਮਜੀਠਾ ਵਿੱਚ ਪਾਰਟੀ ਦੇ ਹਰ ਪ੍ਰੋਗਰਾਮ ਅਤੇ ਲੋਕ ਭਲਾਈ ਦੇ ਕੰਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲਵੇਗਾ। ਇਸ ਮੌਕੇ ਰਾਜਦੀਪ ਕੌਰ, ਸੋਨੀਆ ਸੋਹਲ, ਅਨੀਤਾ ਰਾਣੀ, ਰਜਿੰਦਰ ਕੌਰ, ਵੀਨਾ ਦੇਵੀ ਅਤੇ ਰੁਪਿੰਦਰ ਕੌਰ ਸਮੇਤ ਹੋਰ ਮਹਿਲਾ ਆਗੂ ਵੀ ਹਾਜ਼ਰ ਸਨ।



ਪੀ ਸੀ ਐਸ ਮੇਨਜ਼ ਪ੍ਰੀਖਿਆ 'ਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਰੋਸ ਪ੍ਰਦਰਸ਼ਨ



ਬਟਾਲਾ (ਤਰਲੋਕ ਬੱਗਾ)
ਪੰਜਾਬ ਪੀ ਸੀ ਐਸ ਮੇਨਜ਼ ਪ੍ਰੀਖਿਆ 2025-26 ਨੂੰ ਲੈ ਕੇ ਕਥਿਤ ਬੇਨਿਯਮੀਆਂ ਦੇ ਮਾਮਲੇ ਵਿੱਚ ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਯੁਵਾ ਮੋਰਚਾ ਦੇ ਆਗੂਆਂ ਅਤੇ ਵਰਕਰਾਂ ਨੇ ਪੰਜਾਬ ਸਰਕਾਰ ਦਾ ਪੁਤਲਾ ਫੂਕਦਿਆਂ ਪੂਰੇ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਤੋਂ ਨਿਰਪੱਖ ਜਾਂਚ ਕਰਵਾਉਣ ਦੀ ਮੰਗ ਕੀਤੀ।ਇਹ ਰੋਸ ਪ੍ਰਦਰਸ਼ਨ ਭਾਜਪਾ ਯੁਵਾ ਮੋਰਚਾ ਜ਼ਿਲ੍ਹਾ ਬਟਾਲਾ ਦੇ ਪ੍ਰਧਾਨ ਅਰੁਣ ਕੁਮਾਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਮੌਕੇ ਯੁਵਾ ਮੋਰਚਾ ਪੰਜਾਬ ਦੇ ਜਨਰਲ ਸਕੱਤਰ ਭਾਰਤ ਮਹਾਜਨ ਅਤੇ ਵਾਈਸ ਪ੍ਰਧਾਨ ਆਸ਼ੂ ਅੰਬਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਪ੍ਰਦਰਸ਼ਨ ਦੌਰਾਨ ਆਗੂਆਂ ਨੇ ਕਿਹਾ ਕਿ ਪੀ ਸੀ ਐਸ ਮੇਨਜ਼ ਪ੍ਰੀਖਿਆ ਨਾਲ ਜੁੜੇ ਸਵਾਲਾਂ ਅਤੇ ਕਥਿਤ ਬੇਨਿਯਮੀਆਂ ਦੀ ਨਿਰਪੱਖ ਜਾਂਚ ਹੋਣੀ ਬੇਹੱਦ ਜ਼ਰੂਰੀ ਹੈ, ਤਾਂ ਜੋ ਮਿਹਨਤ ਕਰਨ ਵਾਲੇ ਯੋਗ ਨੌਜਵਾਨਾਂ ਨਾਲ ਕੋਈ ਬੇਇਨਸਾਫ਼ੀ ਨਾ ਹੋਵੇ।ਇਸ ਮੌਕੇ ਯੁਵਾ ਮੋਰਚਾ ਵੱਲੋਂ ਐਸ ਡੀ ਐਮ ਬਟਾਲਾ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ, ਜਿਸ ਵਿੱਚ ਪੀ ਸੀ ਐਸ ਮੇਨਜ਼ ਪ੍ਰੀਖਿਆ 2025-26 ਦੀ ਸਮੁੱਚੀ ਪ੍ਰਕਿਰਿਆ ਦੀ ਸੀ ਬੀ ਆਈ ਤੋਂ ਜਾਂਚ ਕਰਵਾਉਣ ਦੀ ਮੰਗ ਕੀਤੀ ਗਈ। ਮੰਗ ਪੱਤਰ ਵਿੱਚ ਪ੍ਰੀਖਿਆ ਨਾਲ ਸੰਬੰਧਤ ਰਿਕਾਰਡ, ਉੱਤਰ ਪੱਤਰੀਆਂ, ਅੰਕਾਂ, ਸੀ ਸੀ ਟੀ ਵੀ ਫੁਟੇਜ ਅਤੇ ਹੋਰ ਜ਼ਰੂਰੀ ਦਸਤਾਵੇਜ਼ਾਂ ਦੀ ਜਾਂਚ ਕਰਵਾਉਣ ਦੀ ਮੰਗ ਵੀ ਰੱਖੀ ਗਈ।ਅਰੁਣ ਕੁਮਾਰ ਅਤੇ ਹੋਰ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦਾ ਸਰਕਾਰੀ ਭਰਤੀ ਪ੍ਰਕਿਰਿਆ ਵਿੱਚ ਭਰੋਸਾ ਬਣਾਈ ਰੱਖਣ ਲਈ ਪਾਰਦਰਸ਼ਤਾ ਅਤੇ ਨਿਰਪੱਖਤਾ ਬਹੁਤ ਜ਼ਰੂਰੀ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸੀ ਬੀ ਆਈ ਜਾਂਚ ਕਰਵਾਈ ਜਾਵੇ ਅਤੇ ਨੌਜਵਾਨਾਂ ਨੂੰ ਇਨਸਾਫ਼ ਦਿਵਾਇਆ ਜਾਵੇ।

ਦਿੱਲੀ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ ਸੀਟੂ ਵਰਕਰ : ਚੰਦਰਸ਼ੇਖਰ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)- ਸੀਟੂ ਦੀ ਅੰਮ੍ਰਿਤਸਰ, ਗੁਰਦਾਸਪੁਰ ਤੇ ਤਰਨਤਾਰਨ ਜ਼ਿਲ੍ਹਿਆਂ ਦੇ ਵਰਕਰਾਂ ਦੀ ਮੀਟਿੰਗ ਸੀਟੂ ਦਫ਼ਤਰ ਪੁਤਲੀਘਰ ਅੰਮ੍ਰਿਤਸਰ ਵਿਚ ਕਾਮਰੇਡ ਚਰਨਜੀਤ ਮਜੀਠਾ, ਕਾਮਰੇਡ ਸੁਖਦੇਵ ਸਿੰਘ ਗੋਹਲਵੜ ਤੇ ਸ਼ਮਸ਼ੇਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਕਾਮਰੇਡ ਚੰਦਰਸ਼ੇਖਰ ਨੇ ਕਿਹਾ ਕਿ ਇਕ ਦਸੰਬਰ ਤੇ ਦੋ ਦਸੰਬਰ ਨੂੰ ਦਿੱਲੀ ਰਾਮਲੀਲ੍ਹਾ ਗਰਾਊਂਡ ਵਿਚ ਸਾਰੇ ਦੇਸ਼ ਵਿਚੋਂ ਵੱਡੀ ਗਿਣਤੀ ਵਿਚ ਸੀਟੂ ਵਰਕਰ ਕੇਂਦਰ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਕਰਕੇ ਲੱਖਾਂ ਦੀ ਗਿਣਤੀ ਵਿਚ ਆ ਰਹੇ ਹਨ। ਅੰਮ੍ਰਿਤਸਰ ਤੋਂ ਰੇਲ ਗੱਡੀ ਰਾਹੀਂ ਹਜ਼ਾਰਾਂ ਵਰਕਰ ਦਿੱਲੀ ਪੁੱਜਣਗੇ। ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਤਿੰਨਾਂ ਜ਼ਿਲ੍ਹਿਆਂ ਦੇ 1200 ਵਰਕਰ ਦਿੱਲੀ ਪੁੱਜਣਗੇ। ਇਸ ਸੰਬਧੀ ਤਿਆਰੀ ਲਈ ਸਾਰੇ ਜ਼ਿਲ੍ਹਿਆਂ ਦੀ ਮੀਟਿੰਗਾਂ ਰੱਖ ਲਈਆਂ ਹਨ। ਇਹ ਮੀਟਿੰਗਾਂ 21 ਨਵੰਬਰ ਨੂੰ ਤਰਨਤਾਰਨ, 25 ਨਵੰਬਰ ਨੂੰ ਗੁਰਦਾਸਪੁਰ ਤੇ ਅੰਮ੍ਰਿਤਸਰ ਵਿਚ 16 ਨਵੰਬਰ ਨੂੰ ਸੀਟੂ ਦਫ਼ਤਰ ਪੁਤਲੀਘਰ ਅੰਮ੍ਰਿਤਸਰ ਵਿਚ ਕੀਤੀਆਂ ਜਾਣਗੀਆਂ। 18 ਨਵੰਬਰ ਨੂੰ ਬਟੁਕੇਸ਼ਵਰ ਦੱਤ ਜੋ ਸ਼ਹੀਦ ਭਗਤ ਸਿੰਘ ਦੇ ਸਾਥੀ ਸਨ, ਦਾ ਜਨਮ ਦਿਹਾੜਾ ਮਨਾਇਆ ਜਾਏਗਾ। ਇਕ ਤੇ ਦੋ ਦਸੰਬਰ ਦੀ ਰੈਲੀ ਕੇਂਦਰ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦਵੇਗੀ। ਮੀਟਿੰਗ ਵਿਚ ਕਾਮਰੇਡ ਕਿਰਪਾ ਰਾਮ, ਸਰੋਜ ਬਾਲਾ, ਰੇਨੂੰ ਵੈਦ, ਅਮਨ, ਵਿਜੇ ਕੁਮਾਰ, ਗੁਰਦੀਪ ਸਿੰਘ ਬੁਤਾਲਾ, ਰਾਮ ਬਿਲਾਸ, ਨਰਿੰਦਰ ਚਮਿਆਰੀ, ਭਗਵੰਤ ਸਿੰਘ, ਤਰਸੇਮ ਟਪਿਆਲਾ, ਵਾਸੂਦੇਵ, ਤਰਸੇਮ ਦਿਓਲ, ਸਵਿੰਦਰ ਸਿੰਘ ਮੀਰਾਂਕੋਟ ਆਦਿ ਹਾਜ਼ਰ ਸਨ।

3 ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਸਿਟੀ ਗੁਰਦਾਸਪੁਰ ਦੇ ਐਸ.ਆਈ. ਮੋਹਨ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੇ ਸਬੰਧ ਵਿਚ ਪੁਰਾਣਾ ਬੱਸ ਸਟੈਂਡ ਤੋਂ ਰਾਹੁਲ ਪੁੱਤਰ ਸੋਹਨ ਲਾਲ ਵਾਸੀ ਨਿਊ ਜਵਾਹਰ ਨਗਰ ਮਹਿਤਾ ਰੋਡ ਅੰਮ੍ਰਿਤਸਰ ਹਾਲ ਵਾਸੀ ਸਿਨੇਮੇ ਵਾਲੀ ਗਲੀ ਮੁਹੱਲਾ ਉਂਕਾਰ ਨਗਰ ਗੁਰਦਾਸਪੁਰ ਜੋ ਲੁਕ-ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਸ ਪਾਸੋਂ ਇਕ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ। ਥਾਣਾ ਸਦਰ ਗੁਰਦਾਸਪੁਰ ਦੇ ਏ.ਐਸ.ਆਈ. ਸਤਿੰਦਰਪਾਲ ਸਿੰਘ ਨੇ ਸਮੇਤ ਪੁਲਸ ਪਾਰਟੀ ਸਾਹਮਣੇ ਲੱਕ ਪਲਾਂਟ ਹਰਦੋ ਬਥਵਾਲਾ ਤੋਂ ਹਰਪਾਲ ਸਿੰਘ ਉਰਫ ਸੋਨੂੰ ਪੁੱਤਰ ਨਿਰਮਲ ਸਿੰਘ ਵਾਸੀ ਹਯਾਤਨਗਰ ਜੋ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਇਕ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਇਸੇ ਤਰ੍ਹਾਂ ਥਾਣਾ ਤਿੱਬੜ ਦੇ ਐਚ.ਸੀ. ਬੂਟਾ ਸਿੰਘ ਨੇ ਸਮੇਤ ਪੁਲਸ ਪਾਰਟੀ ਨੇ ਇਤਲਾਹ 'ਤੇ ਲਵਪ੍ਰੀਤ ਪੁੱਤਰ ਮੱਸੂ ਮਸੀਹ ਵਾਸੀ ਬੱਬੇਹਾਲੀ ਦੇ ਘਰ ਨੇੜੇ ਰੇਡ ਕਰਕੇ ਉਸ ਨੂੰ 7500 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਅਤੇ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਐੱਨ ਐੱਚ ਐੱਮ ਯੂਨੀਅਨ ਤਰਨ ਤਾਰਨ ਵੱਲੋਂ ਸਿਵਲ ਸਰਜਨ ਨੂੰ ਮੰਗ ਪੱਤਰ

ਚੋਹਲਾ ਸਾਹਿਬ (ਰਮਨ ਚੱਢਾ)
ਪੰਜਾਬ ਸਰਕਾਰ ਦੇ ਲਾਰਿਆਂ ਤੋਂ ਤੰਗ ਆਏ ਐਨ ਐਚ ਐਮ ਯੂਨੀਅਨ ਤਰਨ ਤਾਰਨ ਵੱਲੋਂ ਰੈਗੂਲਰ ਹੋਣ ਦੀ ਮੰਗ ਨੂੰ ਲੈ ਕੇ ਸਿਵਲ ਸਰਜਨ ਦਫਤਰ ਤਰਨ ਤਾਰਨ ਵਿਖੇ ਸਾਰਾ ਦਿਨ ਰੋਸ ਮੁਜ਼ਾਹਰਾ ਅਤੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਇਹ ਜਾਣਕਾਰੀ ਐਨ ਐਚ ਐਮ ਯੂਨੀਅਨ ਤਰਨ ਤਾਰਨ ਦੇ ਪ੍ਰਧਾਨ ਮਨਦੀਪ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦਿੱਤੀ। ਉਹਨਾਂ ਦੱਸਿਆ ਕਿ ਬੀਤੇ ਦਿਨੀਂ ਪੰਜਾਬ ਦੀਆਂ ਸਮੂਹ ਐਨ ਐਚ ਐਮ ਯੂਨੀਅਨਾਂ ਵੱਲੋਂ ਐਨ ਐਚ ਐਮ ਪੰਜਾਬ ਦੇ ਮੁੱਖ ਦਫਤਰ ਚੰਡੀਗੜ੍ਹ ਵਿਖੇ ਰੋਸ ਧਰਨਾ ਦਿੱਤਾ ਗਿਆ। ਜਿਸ ਦੌਰਾਨ ਐਨ ਐਚ ਐਮ ਯੂਨੀਅਨ ਦੇ ਆਗੂਆਂ ਨੂੰ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ 17 ਨਵੰਬਰ ਦੀ ਮੀਟਿੰਗ ਦਿੱਤੀ ਗਈ ਅਤੇ ਵਿਸ਼ਵਾਸ ਦਿਵਾਇਆ ਗਿਆ ਕਿ ਉਸ ਮੀਟਿੰਗ ਵਿੱਚ ਐਨ ਐਚ ਐਮ ਕਰਮਚਾਰੀਆਂ ਨੂੰ ਰੈਗੂਲਰ ਕਰ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਪੰਜਾਬ ਭਰ ਤੋਂ ਸੈਕੜਿਆਂ ਦੀ ਗਿਣਤੀ ਵਿੱਚ ਮੁਲਾਜ਼ਮ ਆਪਣੇ ਛੋਟੇ ਛੋਟੇ ਬੱਚਿਆਂ ਸਮੇਤ ਇਸ ਧਰਨੇ ਵਿੱਚ ਪਹੁੰਚੇ ਅਤੇ ਸਾਰਾ ਦਿਨ ਪੰਜਾਬ ਸਰਕਾਰ ਅਤੇ ਪ੍ਰਸ਼ਾਸਨਕ ਅਧਿਕਾਰੀਆਂ ਦਾ ਪਿੱਟ ਸਿਆਪਾ ਕੀਤਾ ਗਿਆ। ਉਹਨਾਂ ਦੱਸਿਆ ਕਿ ਯੂਨੀਅਨ ਵੱਲੋਂ ਫੇਰਬਦਲ ਕਰਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਐਨ ਐਚ ਐਮ ਯੂਨੀਅਨ ਤਰਨ ਤਾਰਨ ਦੇ ਪ੍ਰਧਾਨ ਮਨਦੀਪ ਸਿੰਘ ਨੇ ਦੱਸਿਆ ਕਿ ਯੂਨੀਅਨ ਦੇ ਸੱਦੇ ਤੇ ਸਿਵਲ ਸਰਜਨ ਤਰਨ ਤਾਰਨ ਨੂੰ 17 ਨਵੰਬਰ ਤੱਕ ਹੜਤਾਲ ਅਤੇ ਕੰਮ ਬੰਦ ਕਰਨ ਅਤੇ ਆਪਸੀ ਸਹਿਯੋਗ ਸਬੰਧੀ ਮੰਗ ਪੱਤਰ ਸੌਂਪੇ ਗਏ ਹਨ। ਉਹਨਾਂ ਦੱਸਿਆ ਕਿ ਜੇਕਰ ਵਿਸ਼ੇਸ਼ ਕਮੇਟੀ ਦੀ ਹੋਣ ਵਾਲੀ ਮੀਟਿੰਗ ਮਿਥੀ ਮਿਤੀ ਤੱਕ ਨਾ ਹੋਈ ਅਤੇ ਐਨ ਐਚ ਐਮ ਕਰਮਚਾਰੀਆਂ ਨੂੰ ਪੱਕਾ ਨਾ ਕੀਤਾ ਗਿਆ ਤਾਂ 18 ਨਵੰਬਰ ਨੂੰ ਸਿਹਤ ਮੰਤਰੀ ਪੰਜਾਬ ਦੀ ਪਟਿਆਲਾ ਵਿਖੇ ਅਣਮਿਥੇ ਸਮੇਂ ਲਈ ਪੱਕਾ ਧਰਨਾ ਲਗਾਇਆ ਜਾਵੇਗਾ। ਇਸ ਸਮੇਂ ਸਿਮਰਜੀਤ ਸਿੰਘ ਕੰਪਿਊਟਰ ਆਪ੍ਰੇਟਰ ਤਰਨ ਤਾਰਨ, ਪ੍ਰਧਾਨ ਜੈਸਮੀਨ ਕੌਰ ਸੀ ਐਚ ਓ, ਡਾਕਟਰ ਗੁਰਸ਼ਰਨ ਸਿੰਘ, ਤੇਜਿੰਦਰ ਸਿੰਘ ਆਈ ਏ, ਕਵਲਜੀਤ ਕੌਰ ਡੀ ਐਸ ਏ, ਅਰੂਸ਼ ਭੱਲਾ ਤਰਨ ਤਾਰਨ, ਤਰਸੇਮ ਸਿੰਘ, ਸੰਦੀਪ ਸਿੰਘ ਬੀਐਸਏ, ਸੰਦੀਪ ਸਿੰਘ ਆਈ ਏ, ਰਮਨਦੀਪ ਕੌਰ ਸੀ.ਐਚ.ਓ. ਕੈਰੋਂ, ਜੁਗਰਾਜ ਸਿੰਘ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐਚ.ਓ ਖੇਮਕਰਨ, ਵਿਸ਼ਾਲ ਕੁਮਾਰ, ਕੁਲਵੰਤ ਕੌਰ, ਸੁਪ੍ਰੀਤ ਕੌਰ, ਕੋਮਲਜੀਤ ਕੌਰ ਐਲ ਟੀ, ਕਵਲਜੀਤ ਕੌਰ ਐਲ ਟੀ, ਕਵਲਜੀਤ ਕੌਰ ਫਾਰਮਾਸਿਸਟ, ਰੁਪਿੰਦਰ ਕੌਰ ਤਰਨ ਤਾਰਨ, ਨਵਜੋਤ ਕੌਰ ਸਰਹਾਲੀ, ਰਵਿੰਦਰ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐਚ.ਓ ਝਬਾਲ, ਮਨਜਿੰਦਰ ਸਿੰਘ, ਪ੍ਰਵੀਨ ਕੌਰ, ਪ੍ਰਭਜੀਤ ਕੌਰ ਸੁਰਸਿੰਘ, ਜਗਦੀਪ ਕੌਰ, ਗੁਰਪ੍ਰੀਤ ਕੌਰ, ਡਾ ਅਮਨ ਹਾਜ਼ਰ ਸਨ।





ਸਾਹਿਤਕਾਰ ਜੋੜੀ ਸੁਸ਼ੀਲ ਦੁਸਾਂਝ ਅਤੇ ਕਮਲ ਦੁਸਾਂਝ ਨੂੰ ਸਦਮਾ

ਬੁਤਾਲਾ (ਨਿਰਮਲ ਸਿੰਘ ਸੰਘਾ)-ਸਾਹਿਤਕ ਹਲਕਿਆਂ ਵਿਚ ਇਹ ਖਬਰ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਹੁਣ ਰਸਾਲਾ ਦੀ ਸਹਿ ਸੰਪਾਦਿਕਾ ਕਮਲ ਦੁਸਾਂਝ ਦੇ ਸਤਿਕਾਰਤ ਪਿਤਾ ਅਤੇ ਕੇਂਦਰੀ ਸਭਾ ਦੇ ਸਾਬਕਾ ਜਨਰਲ ਸਕੱਤਰ ਅਤੇ ਸਾਹਿਤਕਾਰ ਸੁਸ਼ੀਲ ਦੁਸਾਂਝ ਦੇ ਸਹੁਰਾ ਸਾਹਬ ਬੇਦਇੰਦਰ ਸਿੰਘ ਬੀਤੇ ਕੱਲ ਸਦੀਵੀ ਵਿਛੋੜਾ ਦੇ ਗਏ। ਸ਼੍ਰੋਮਣੀ ਸ਼ਾਇਰ ਦਰਸ਼ਨ ਬੁੱਟਰ ਅਤੇ ਕਥਾਕਾਰ ਦੀਪ ਦੇਵਿੰਦਰ ਸਿੰਘ ਤੋਂ ਪ੍ਰਾਪਤ ਜਾਣਕਾਰੀ ਮੁਤਾਬਿਕ ਬੇਦਇੰਦਰ ਸਿੰਘ 86 ਵਰ੍ਹਿਆਂ ਦੇ ਸਨ ਅਤੇ ਬਿਜਲੀ ਬੋਰਡ ਦੇ ਸੇਵਾ ਮੁਕਤ ਅਧਿਕਾਰੀ ਸਨ। ਬੀਤੀ ਰਾਤ ਉਹਨਾਂ ਆਪਣੇ ਨਿਵਾਸ ਪਟਿਆਲਾ ਵਿਖੇ ਅੰਤਿਮ ਸੁਆਸ ਲਏ।ਉਹ ਆਪਣੇ ਪਿਛੇ ਕਮਲ ਦੁਸਾਂਝ ਤੋਂ ਇਲਾਵਾ ਹੈਪੀ ਜੇ ਜੀ, ਮਨਪ੍ਰੀਤ ਕੌਰ ਸਿੱਧੂ ਧੀਆਂ, ਅਮਨਦੀਪ ਸਿੰਘ ਸਿੱਧੂ ਪੁੱਤਰ ਨੂੰ ਛੱਡ ਕੇ ਗਏ ਹਨ।ਇਸ ਦੁੱਖ ਦੀ ਘੜੀ ਵਿਚ ਮੱਖਣ ਕੁਹਾੜ, ਸ਼ੈਲਿੰਦਰਜੀਤ ਸਿੰਘ ਰਾਜਨ, ਡਾ. ਲਖਵਿੰਦਰ ਜੌਹਲ, ਗੁਰਭਜਨ ਗਿੱਲ, ਡਾ. ਮਹਿਲ ਸਿੰਘ, ਪ੍ਰਿੰਸੀਪਲ ਡਾ. ਆਤਮ ਰੰਧਾਵਾ, ਕੇਵਲ ਧਾਲੀਵਾਲ, ਡਾ. ਮਨਜਿੰਦਰ ਸਿੰਘ, ਸੁਰਿੰਦਰ ਪ੍ਰੀਤ ਘਣੀਆ, ਜੈਨਇੰਦਰ ਚੌਹਾਨ, ਗੁਰਮੀਤ ਸਿੰਘ ਬਾਜਵਾ, ਸੁਰਿੰਦਰ ਜੀਤ ਚੌਹਾਨ, ਯਤਿੰਦਰ ਮਾਹਲ, ਸੁਰਿੰਦਰ ਗਿੱਲ ਜੈਪਾਲ, ਡਾ. ਹੀਰਾ ਸਿੰਘ, ਵਜ਼ੀਰ ਸਿੰਘ ਰੰਧਾਵਾ, ਸੁਮੀਤ ਸਿੰਘ, ਅਤੇ ਡਾ. ਕਸ਼ਮੀਰ ਸਿੰਘ ਨੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ।



ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਦੋ ਰੋਜ਼ਾ ਅੰਤਰ ਸਕੂਲ ਸਪੋਰਟਸ ਮੀਟ



ਧਾਰੀਵਾਲ (ਮਨਦੀਪ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਦੋ ਰੋਜ਼ਾ ਅੰਤਰ ਸਕੂਲ ਸਪੋਰਟਸ ਮੀਟ ਕਰਵਾਈ ਜਾ ਰਹੀ ਹੈ। ਸਪੋਰਟਸ ਮੀਟ ਦੇ ਪਹਿਲੇ ਦਿਨ ਅਥਲੈਟਿਕਸ ਈਵੈਂਟ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ, 800 ਮੀਟਰ ਦੌੜ, 1500 ਮੀਟਰ ਦੌੜ, ਰਿਲੇਅ ਦੌੜ, ਲਾਂਗ ਜੰਪ, ਹਾਈ ਜੰਪ, ਸ਼ਾਟ ਪੁੱਟ, ਖੋ-ਖੋ,ਬੈਡਮਿੰਟਨ ਅਤੇ ਬਾਕਸਿੰਗ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ। ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਸਪੋਰਟਸ ਮੀਟ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ। ਉਹਨਾਂ ਨੇ ਵੱਖ-ਵੱਖ ਸਕੂਲਾਂ ਤੋਂ ਆਏ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਹਿੱਸਾ ਲੈਣਾ ਬਹੁਤ ਜ਼ਰੂਰੀ ਹੈ। ਖੇਡਾਂ ਵਿੱਚ ਹਿੱਸਾ ਲੈਣ ਨਾਲ ਖਿਡਾਰੀਆਂ ਵਿੱਚ ਅਨੁਸ਼ਾਸਨ, ਸਹਿਣਸ਼ੀਲਤਾ, ਭਾਈਚਾਰਕ ਸਾਂਝ ਅਤੇ ਮੁਕਾਬਲੇ ਦੀ ਭਾਵਨਾ ਵਰਗੇ ਗੁਣ ਪੈਦਾ ਹੁੰਦੇ ਹਨ ਜੋ ਕਿ ਉਹਨਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਅਤੇ ਸਫ਼ਲ ਹੋਣ ਵਿੱਚ ਸਹਾਇਕ ਸਿੱਧ ਹੁੰਦੇ ਹਨ। ਪ੍ਰਿੰਸੀਪਲ ਨੇ ਇਸ ਮੌਕੇ ਕੋਚ ਕੁਲਵਿੰਦਰ ਸਿੰਘ, ਕੋਚ ਗੁਰਵਿੰਦਰ ਸਿੰਘ ਗੈਰੀ, ਕੋਚ ਮਨੀਸ਼ ਕੁਮਾਰ ਅਤੇ ਕੋਚ ਗੁਰਪ੍ਰੀਤ ਸਿੰਘ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦਿੱਤੇ ਗਏ। ਕਾਲਜ ਪ੍ਰੋਫੈਸਰ ਡਾ. ਆਤਮਾ ਸਿੰਘ ਨੇ ਮੰਚ ਸੰਚਾਲਕ ਦੀ ਭੂਮਿਕਾ ਨਿਭਾਈ। ਸਪੋਰਟਸ ਮੀਟ ਦੇ ਕੋਆਰਡੀਨੇਟਰ ਪ੍ਰੋ. ਹਰਜੀਤ ਕੌਰ ਫਿਜ਼ੀਕਲ ਐਜੂਕੇਸ਼ਨ ਦੀ ਵਿਸ਼ੇਸ਼ ਭੂਮਿਕਾ ਰਹੀ। ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

ਸ਼ੈਰੀ ਕਲਸੀ ਨੇ ਲੋਕ ਮਿਲਣੀ 'ਚ ਲੋਕਾਂ ਦੀਆਂ ਸੁਣੀਆਂ ਮੁਸ਼ਕਲਾਂ

ਬਟਾਲਾ (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)
ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁਪੱਖੀ ਵਿਕਾਸ ਨਿਰੰਤਰ ਜਾਰੀ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਹਲਕਾ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ। ਉਨਾਂ ਅੱਗੇ ਦੱਸਿਆ ਕਿ ਹਲਕੇ ਦੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦੇ ਨਵੀਨੀਕਰਨ ਦਾ ਕੰਮ ਚੱਲ ਰਿਹਾ ਹੈ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਦੇ ਮੰਤਵ ਨਾਲ ਖੇਡ ਮੈਦਾਨ ਉਸਾਰੇ ਗਏ ਹਨ। ਖ਼ੂਬਸੂਰਤ ਪਾਰਕਾਂ ਉਸਾਰੀਆਂ ਜਾ ਰਹੀਆਂ ਹਨ। ਸਟਰੀਟ ਲਗਾਈਆਂ ਗਈਆਂ ਹਨ ਅਤੇ ਗਲੀਆਂ ਤੇ ਡੇਰਿਆਂ ਦੇ ਰਸਤੇ ਪੱਕੇ ਗਏ ਹਨ। ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇੱਕ ਛੱਤ ਹੇਠਾਂ ਲੋਕਾਂ ਨੂੰ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਐੱਸ ਐੱਸ ਪੀ ਬਟਾਲਾ ਦੇ ਦਫਤਰ ਦੀ ਇਮਾਰਤ ਦਾ ਕੰਮ ਚੱਲ ਰਿਹਾ ਹੈ। ਸ਼ਹਿਰ ਦੇ ਮੁੱਖ ਚੌਂਕਾਂ ਵਿੱਚ ਟਰੈਫਿਕ ਲਾਈਟਾਂ ਅਤੇ ਸੀ.ਸੀ.ਟੀ.ਵੀ ਕੈਮਰੇ ਲਗਾਏ ਗਏ ਹਨ। ਇਸੇ ਤਰ੍ਹਾਂ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਂਕਾਂ ਨੂੰ ਚੌੜਾ ਕੀਤਾ ਗਿਆ ਹੈ। ਸ਼ਹਿਰ ਵਿਚਲੇ ਚੌਂਕਾਂ ਨੂੰ ਚੌੜਿਆਂ ਕਰਕੇ ਖ਼ੂਬਸੂਰਤ ਦਿੱਖ ਦਿੱਤੀ ਗਈ ਹੈ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀ ਇਮਾਰਤ ਉਸਾਰੀ ਗਈ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿਖੇ ਸ਼ਾਨਦਾਰ ਕਲਾਕ ਟਾਵਰ ਲਗਾਉਣ ਲਈ ਉਸਾਰੀ ਦਾ ਕੰਮ ਚੱਲ ਰਿਹਾ ਹੈ।



ਈ ਵੀ ਐਮਜ਼ ਅਤੇ ਵੀ ਵੀ ਪੀ ਏ ਟੀ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ ਜ਼ਿਲ੍ਹਾ ਗੁਰਦਾਸਪੁਰ ਵਿਖੇ ਮੌਜੂਦ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀ.ਵੀ.ਪੀ.ਏ.ਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫ.ਐਲ.ਸੀ) ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉੱਪਲ ਦੀ ਮੌਜੂਦਗੀ ਵਿੱਚ ਭਾਰਤ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਅੰਡਰ ਸੈਕਟਰੀ ਕਨਿਸ਼ਕਾ ਕੁਮਾਰ, ਸੈਕਸ਼ਨ ਅਫਸਰ ਸ਼ਿਵ ਅਰੋੜਾ ਅਤੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਵਲੋਂ ਪਿੰਡ ਘੁੱਲਾ ਵਿਖੇ ਵੇਅਰਹਾਊਸ ਵਿਚ ਰੱਖੀਆਂ ਈ.ਵੀ.ਐਮਜ਼ ਅਤੇ ਵੀ. ਵੀ.ਪੀ.ਏ.ਟੀ ਦੀ ਫਸਟ ਲੈਵਲ ਚੈਕਿੰਗ ਕੀਤੀ ਗਈ। ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਈਵੀਐਮਜ਼ ਅਤੇ ਵੀਵੀਪੀਏਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ (ਈ ਸੀ ਆਈ) ਦੁਆਰਾ ਨਿਰਧਾਰਤ ਇੱਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਮੰਤਵ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ। ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਆਮ ਚੋਣਾਂ ਅਤੇ ਜ਼ਿਮਨੀ ਚੋਣਾਂ ਵਿੱਚ ਵਰਤੀਆਂ ਜਾਣ ਵਾਲੀਆਂ ਈਵੀਐਮਜ਼ ਅਤੇ ਵੀਵੀਪੀਏਟੀ ਦੀ ਫਸਟ ਲੈਵਲ ਚੈਕਿੰਗ ਜ਼ਿਲ੍ਹਾ ਚੋਣ ਅਧਿਕਾਰੀ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਿਟਡ (ਬੀਈਐਲ) ਦੇ ਅਧਿਕਾਰਤ ਇੰਜੀਨੀਅਰਾਂ ਵੱਲੋਂ ਕੀਤੀ ਗਈ। ਦੱਸਣਯੋਗ ਹੈ ਕਿ ਜ਼ਿਲ੍ਹਾ ਗੁਰਦਾਸਪੁਰ 'ਚ ਕੁੱਲ 1608 ਪੋਲਿੰਗ ਸਟੇਸ਼ਨ ਹਨ। ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਗੁਰਸਿਮਰਨ ਸਿੰਘ ਢਿੱਲੋਂ, ਸਾਰੰਗਪ੍ਰੀਤ ਸਿੰਘ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ ਅਤੇ ਤਹਿਸੀਲਦਾਰ ਚੋਣਾਂ ਮਨਜਿੰਦਰ ਸਿੰਘ ਬਾਜਵਾ ਵੀ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਕਾਲਜ ਵਿਖੇ ਲੇਖ ਲਿਖਣ ਤੇ ਕੁਇਜ਼ ਮੁਕਾਬਲੇ ਕਰਵਾਏ



ਬੁਤਾਲਾ (ਨਿਰਮਲ ਸਿੰਘ ਸੰਘਾ)
ਜ਼ਿਲ੍ਹਾ ਪ੍ਰਸ਼ਾਸਨ ਦੇ ਦਿਸ਼ਾ-ਨਿਰਦੇਸ਼ਾਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਆਦੇਸ਼ਾਂ ਅਨੁਸਾਰ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ ਇਲੈਕਟੋਰਲ ਲਿਟਰੇਸੀ ਕਲੱਬ ਵੱਲੋਂ ਸਵੀਪ 2026 ਪ੍ਰੋਗਰਾਮ ਤਹਿਤ ਵਿਦਿਆਰਥੀਆਂ ਵਿੱਚ ਵੋਟਰ ਜਾਗਰੂਕਤਾ ਪੈਦਾ ਕਰਨ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 12 ਨਵੰਬਰ ਨੂੰ ਲੇਖ ਲਿਖਣ ਮੁਕਾਬਲਾ ਅਤੇ 13 ਨਵੰਬਰ ਨੂੰ ਕੁਇਜ਼ ਮੁਕਾਬਲਾ ਕਰਵਾਇਆ ਗਿਆ। ਲੇਖ ਲਿਖਣ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ 'ਸ਼ੁੱਧ ਵੋਟਰ ਸੂਚੀ ਦੀ ਮਹੱਤਤਾ' ਅਤੇ 'ਵੋਟ ਪਾਉਣ ਦੀ ਮਹੱਤਤਾ' ਵਿਸ਼ਿਆਂ ਉੱਤੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ, ਸਹੀ ਵੋਟਰ ਸੂਚੀ ਦੀ ਲੋੜ ਅਤੇ ਲੋਕਤੰਤਰ ਵਿੱਚ ਜ਼ਿੰਮੇਵਾਰ ਨਾਗਰਿਕ ਦੀ ਭੂਮਿਕਾ ਬਾਰੇ ਜਾਗਰੂਕ ਕਰਨਾ ਸੀ। ਇਸੇ ਲੜੀ ਤਹਿਤ ਕਰਵਾਏ ਗਏ ਕੁਇਜ਼ ਮੁਕਾਬਲੇ ਵਿੱਚ ਭਾਰਤੀ ਚੋਣ ਪ੍ਰਣਾਲੀ, ਵੋਟਰ ਰਜਿਸਟ੍ਰੇਸ਼ਨ, ਭਾਰਤੀ ਸੰਵਿਧਾਨ ਦੀਆਂ ਚੋਣਾਂ ਨਾਲ ਸਬੰਧਤ ਵਿਵਸਥਾਵਾਂ, ਇਲੈਕਟ੍ਰਾਨਿਕ ਵੋਟਿੰਗ ਮਸ਼ੀਨ ਅਤੇ ਵੋਟਿੰਗ ਪ੍ਰਕਿਰਿਆ ਨਾਲ ਸਬੰਧਤ ਪ੍ਰਸ਼ਨ ਪੁੱਛੇ ਗਏ।ਲੇਖ ਲਿਖਣ ਮੁਕਾਬਲੇ ਵਿੱਚ ਬੀ.ਏ. ਪਹਿਲਾ ਸਮੈਸਟਰ ਦੀ ਵਿਦਿਆਰਥਣ ਤੇਜਪ੍ਰੀਤ ਕੌਰ ਨੇ ਪਹਿਲਾ ਸਥਾਨ ਅਤੇ ਹਰਸ਼ਦੀਪ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕੁਇਜ਼ ਮੁਕਾਬਲੇ ਵਿੱਚ ਬੀ.ਏ. ਪਹਿਲਾ ਸਮੈਸਟਰ ਦੀ ਵਿਦਿਆਰਥਣ ਅਰਸ਼ਦੀਪ ਕੌਰ ਨੇ ਪਹਿਲਾ ਅਤੇ ਤੇਜਪ੍ਰੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਇੰਚਾਰਜ ਅਤੇ ਇਲੈਕਟੋਰਲ ਲਿਟਰੇਸੀ ਕਲੱਬ ਦੇ ਨੋਡਲ ਅਫ਼ਸਰ ਡਾ. ਹਰਸਿਮਰਨ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵੋਟ ਦੇ ਅਧਿਕਾਰ ਅਤੇ ਲੋਕਤੰਤਰ ਵਿੱਚ ਨੌਜਵਾਨਾਂ ਦੀ ਭੂਮਿਕਾ ਦੀ ਮਹੱਤਤਾ ਉੱਤੇ ਚਾਨਣਾ ਪਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ, ਬਿਨਾਂ ਕਿਸੇ ਡਰ ਜਾਂ ਲਾਲਚ ਦੇ ਆਪਣੇ ਮਤਾਧਿਕਾਰ ਦੀ ਵਰਤੋਂ ਕਰਨ ਅਤੇ ਸਮਾਜ ਦੇ ਹੋਰਨਾਂ ਲੋਕਾਂ ਨੂੰ ਵੀ ਵੋਟ ਪਾਉਣ ਲਈ ਪ੍ਰੇਰਿਤ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਦੋਵਾਂ ਮੁਕਾਬਲਿਆਂ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ । ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਰਾਜਨੀਤੀ ਸ਼ਾਸਤਰ ਵੱਲੋਂ ਮਨਦੀਪ ਸਿੰਘ ਵੱਲੋਂ ਅਹਿਮ ਭੂਮਿਕਾ ਅਦਾ ਕੀਤੀ ਗਈ। ਅਧਿਆਪਕਾਂ ਨੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਅਜਿਹੀਆਂ ਵਿੱਦਿਅਕ ਅਤੇ ਜਾਗਰੂਕਤਾ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਅਧਿਆਪਕ ਕਰਮਬੀਰ ਸਿੰਘ, ਹੀਰਾ ਲਾਲ, ਰੋਹਿਤ ਗੁਪਤਾ, ਗਗਨ ਸ਼ਰਮਾ ਅਤੇ ਸੁਖਦੀਪ ਕੌਰ ਵੀ ਹਾਜ਼ਰ ਸਨ।

ਧਾਲੀਵਾਲ ਨੇ 1.89 ਕਰੋੜ ਦੀ ਲਾਗਤ ਨਾਲ ਨਵੇਂ ਬਣੇ 7 ਮਾਡਲ ਖੇਡ ਮੈਦਾਨ ਕੀਤੇ ਲੋਕ ਅਰਪਿਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ)
ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਹਲਕਾ ਅਜਨਾਲਾ ਦੇ ਪਿੰਡਾਂ ਕੰਦੋਵਾਲੀ, ਚੇਤਨਪੁਰਾ, ਸੰਗਤਪੁਰਾ, ਜੱਸੜ, ਸਾਰੰਗਦੇਵ, ਨੰਗਲ ਅਤੇ ਕਿਆਮਪੁਰ ਆਦਿ 7 ਪਿੰਡਾਂ 'ਚ ਕਰੀਬ 1.89 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਮਾਡਲ ਖੇਡ ਮੈਦਾਨਾਂ ਨੂੰ ਸੰਖੇਪ ਤੇ ਪ੍ਰਭਾਵਸ਼ਾਲੀ ਉਦਘਾਟਨੀ ਸਮਾਗਮਾਂ ਦੌਰਾਨ ਲੋਕ ਅਰਪਿਤ ਕੀਤਾ। ਉਦਘਾਟਨੀ ਸਮਾਗਮਾਂ ਨੂੰ ਸੰਬੋਧਨ 'ਚ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਰੰਗਲੇ ਪੰਜਾਬ ਦੀ ਸਿਰਜਣਾ ਲਈ ਲਾਗੂ ਲੋਕ ਭਲਾਈ ਮੁਫ਼ਤ ਸਿਹਤ ਬੀਮਾ, ਮੁਫ਼ਤ ਰਸੋਈ ਜ਼ਰੂਰੀ ਵਸਤਾਂ ਕਿੱਟ, ਸਿੱਖਿਆ, ਸਿਹਤ ਤੇ ਖੇਡ ਕ੍ਰਾਂਤੀ, ਮੁਫ਼ਤ ਤੀਰਥ ਯਾਤਰਾ, ਮੁਫ਼ਤ ਬਿਜਲੀ ਸਪਲਾਈ ਅਤੇ ਔਰਤਾਂ ਨੂੰ ਮਹੀਨਾਵਾਰ ਵਿੱਤੀ ਸਹੂਲਤ ਆਦਿ ਸਕੀਮਾਂ ਦੀਆਂ ਵੱਡੀਆਂ ਪ੍ਰਾਪਤੀਆਂ ਸਿਰਫ਼ ਦੇਸ਼ 'ਚ ਹੀ ਨਹੀਂ ਸਗੋਂ ਵਿਸ਼ਵ ਭਰ ਦੇ ਦੇਸ਼ਾਂ ਲਈ ਮੁੱਖ ਆਕਰਸ਼ਣ ਕੇਂਦਰ ਬਿੰਦੂ ਬਣ ਚੁੱਕੀਆਂ ਹਨ। ਉਹਨਾਂ ਨੇ ਕਾਂਗਰਸ, ਅਕਾਲੀ ਦਲ, ਭਾਜਪਾ ਆਦਿ ਵਿਰੋਧੀ ਰਾਜਸੀ ਪਾਰਟੀਆਂ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਸਰਕਾਰ ਵੱਲੋਂ ਇਹਨਾਂ ਵਿਰੋਧੀ ਰਾਜਸੀ ਪਾਰਟੀਆਂ ਦੀਆਂ ਸਾਬਕਾ ਸਰਕਾਰਾਂ ਦੇ ਕਾਰਜਕਾਲ ਦੌਰਾਨ ਪੰਜਾਬ 'ਚ ਫੈਲੇ ਹੋਏ ਨਸ਼ਿਆਂ, ਭ੍ਰਿਸ਼ਟਾਚਾਰ, ਬੇਰੁਜ਼ਗਾਰੀ, ਗੈਂਗਸਟਰਵਾਦ ਤੇ ਅਮਨ ਕਾਨੂੰਨ ਦੇ ਵਿਗੜੇ ਮਾਹੌਲ ਦੇ ਜੰਜਾਲ ਤੋਂ ਪੰਜਾਬ ਨੂੰ ਮੁਕਤ ਕਰਨ ਲਈ ਦ੍ਰਿੜ੍ਹ ਰਾਜਸੀ ਇੱਛਾ ਸ਼ਕਤੀ ਨਾਲ ਹਕੀਕੀ ਸਖ਼ਤ ਕਦਮ ਚੁੱਕੇ ਹੋਏ ਹਨ, ਪਰ ਉਕਤ ਵਿਰੋਧੀ ਰਵਾਇਤੀ ਰਾਜਸੀ ਪਾਰਟੀਆਂ ਨੇ ਇਸ ਰੰਗਲੇ ਪੰਜਾਬ ਦੇ ਪਵਿੱਤਰ ਕਾਰਜ ਲਈ ਮਾਨ ਸਰਕਾਰ ਨੂੰ ਸਹਿਯੋਗ ਦੇਣ ਦੀ ਬਜਾਏ ਪੰਜਾਬ ਨੂੰ ਅਰਾਜਕਤਾ ਵੱਲ ਧਕੇਲਣ ਦੀ ਕੋਸ਼ਿਸ਼ ਕੀਤੀ ਹੈ, ਜਿਸ ਲਈ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ 'ਚ ਇਹਨਾਂ ਨੂੰ ਸਾਲ 2022 ਦੀਆਂ ਚੋਣਾਂ ਵਾਂਗ ਬੁਰੀ ਤਰ੍ਹਾ ਹਾਰ ਦਾ ਖਮਿਆਜ਼ਾ ਭੁਗਤਾਉਣ ਲਈ ਪੰਜਾਬ ਦੇ ਸੂਝਵਾਨ ਵੋਟਰ ਪੱਬਾਂ ਭਾਰ ਹੋ ਗਏ ਹਨ। ਉਹਨਾਂ ਕਿਹਾ ਕਿ ਚੋਣਾਂ 'ਚ ਵੋਟਰਾਂ ਦੇ ਫਤਵੇ ਨਾਲ ਮਾਨ ਸਰਕਾਰ 100 ਤੋਂ ਵੱਧ ਸੀਟਾਂ 'ਤੇ ਜੇਤੂ ਰਹਿ ਕੇ ਮੁੜ ਸਰਕਾਰ ਬਣਾਏਗੀ।ਉਹਨਾਂ ਦੱਸਿਆ ਕਿ ਹਲਕੇ 'ਚ 10.34 ਕਰੋੜ ਦੀ ਲਾਗਤ ਨਾਲ 35 ਮਾਡਲ ਖੇਡ ਮੈਦਾਨ ਬਣਾਉਣ ਦਾ ਟੀਚਾ ਮਿੱਥਿਆ ਸੀ, ਜਿਸ ਚੋਂ ਹੁਣ ਤੱਕ 20 ਖੇਡ ਮੈਦਾਨ ਲੋਕ ਅਰਪਿਤ ਕੀਤੇ ਜਾ ਚੁੱਕੇ ਹਨ। ਬਾਕੀ ਵੀ ਆਉਂਦੇ ਦਿਨਾਂ 'ਚ ਲੋਕ ਅਰਪਿਤ ਹੋਣਗੇ। ਇਸ ਮੌਕੇ ਜਸਬੀਰ ਸਿੰਘ ਰਾਜਾ ਸਰਪੰਚ ਚੇਤਨਪੁਰਾ, ਸੁਖਦੇਵ ਸਿੰਘ ਫੌਜੀ, ਸਾਬਕਾ ਸਰਪੰਚ ਸੁਖਪਾਲ ਸਿੰਘ ਸੁੱਖ ਕੰਦੋਵਾਲੀ, ਤਰਸੇਮ ਸਿੰਘ ਗਿੱਲ, ਕਾ: ਬਲਜਿੰਦਰ ਸਿੰਘ, ਸਰਪੰਚ ਜਸਬੀਰ ਸਿੰਘ ਸੰਤੂ ਨੰਗਲ, ਮੈਂਬਰ ਪੰਚਾਇਤ ਜਗਦੀਪ ਸਿੰਘ ਜੱਗਾ ਅਤੇ ਮੈਂਬਰ ਪੰਚਾਇਤ ਬਲਕਾਰ ਸਿੰਘ ਫੌਜੀ ਆਦਿ ਹਾਜ਼ਰ ਸਨ।



ਬਰਵਾਲਾ ਵਿਖੇ ਅੱਖਾਂ ਦਾ ਫ੍ਰੀ ਕੈਂਪ 15 ਨੂੰ

ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ) – ਸਰਪੰਚ ਅਮਰਜੀਤ ਸਿੰਘ ਬਰਵਾਲਾ ਵੱਲੋਂ ਆਪਣੇ ਸਵਰਗਵਾਸੀ ਪਿਤਾ ਗੁਰਦਿਆਲ ਸਿੰਘ ਦੀ ਯਾਦ 'ਚ ਅੱਖਾਂ ਦਾ ਫ੍ਰੀ ਕੈਂਪ ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਦੇ ਸਹਿਯੋਗ ਨਾਲ ਪਿੰਡ ਬਰਵਾਲਾ ਦੇ ਗੁਰਦੁਆਰਾ ਬਾਉਲੀ ਸਾਹਿਬ ਵਿਖੇ 15 ਨਵੰਬਰ ਨੂੰ ਲਗਾਇਆ ਜਾ ਰਿਹਾ ਹੈ। ਇਸ ਸੰਬੰਧੀ ਸਰਪੰਚ ਅਮਰਜੀਤ ਸਿੰਘ ਨੇ ਦੱਸਿਆ ਕਿ ਸਵਰਗੀ ਗੁਰਦਿਆਲ ਸਿੰਘ ਦੇ ਸਮੁੱਚੇ ਪਰਵਾਰ ਵੱਲੋਂ ਉਨ੍ਹਾਂ ਦੀ ਯਾਦ ਵਿੱਚ ਇਹ ਉਪਰਾਲਾ ਕੀਤਾ ਜਾ ਰਿਹਾ ਹੈ। ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਮੈਂਬਰ ਮਾਸਟਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਲੁਧਿਆਣਾ ਸਥਿਤ ਸ਼ੰਕਰਾ ਆਈ ਕੇਅਰ ਹਸਪਤਾਲ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ। ਜਾਂਚ ਦੌਰਾਨ ਜਿਹੜੇ ਮਰੀਜ਼ਾਂ ਨੂੰ ਅੱਖਾਂ ਦੇ ਆਪ੍ਰੇਸ਼ਨ ਦੀ ਲੋੜ ਹੋਵੇਗੀ ਅਤੇ ਜਿਨ੍ਹਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਜਾਵੇਗਾ, ਉਨ੍ਹਾਂ ਦੇ ਆਪ੍ਰੇਸ਼ਨ ਬਿਲਕੁਲ ਮੁਫ਼ਤ ਕਰਵਾਏ ਜਾਣਗੇ। ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਆਪ੍ਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਦੇ ਆਉਣ-ਜਾਣ, ਖਾਣ-ਪੀਣ ਅਤੇ ਰਹਿਣ-ਸਹਿਣ ਦਾ ਸਾਰਾ ਖ਼ਰਚਾ ਵੀ ਪ੍ਰਬੰਧਕਾਂ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੈਂਪ ਵਿੱਚ ਆਉਣ ਸਮੇਂ ਆਪਣਾ ਆਧਾਰ ਕਾਰਡ ਜ਼ਰੂਰ ਨਾਲ ਲੈ ਕੇ ਆਉਣ।

ਹੁਣ ਵਾਅਦੇ ਨਹੀਂ, ਠੋਸ ਕਾਰਵਾਈ ਦੀ ਲੋੜ : ਹਰਸਿਮਰਤ ਕੌਰ ਬਾਦਲ

ਝਬਾਲ (ਮੱਖਣ ਮਨੋਜ)-ਮਾਵਾਂ ਧੀਆਂ ਦੀ ਲਲਕਾਰ - ਬੰਦ ਕਰਵਾਵਾਂਗੇ ਨਸ਼ੇ ਦਾ ਵਪਾਰ ਤਹਿਤ ਅੱਡਾ ਝਬਾਲ ਵਿਖੇ ਹਲਕਾ ਤਰਨ ਤਾਰਨ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਬੀਬਾ ਕੰਚਨਪ੍ਰੀਤ ਕੌਰ ਦੀ ਅਗਵਾਈ ਹੇਠ ਮਾਵਾਂ-ਧੀਆਂ ਲਲਕਾਰ ਰੈਲੀ ਨੂੰ ਸੰਬੋਧਨ ਕਰਦਿਆਂ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪੰਜਾਬ ਦੀਆਂ ਮਾਵਾਂ-ਧੀਆਂ ਦਾ ਦਰਦ ਅੱਜ ਹਰ ਘਰ ਦੀ ਕਹਾਣੀ ਬਣਦਾ ਜਾ ਰਿਹਾ ਹੈ। ਨਸ਼ਿਆਂ ਦੇ ਦੈਂਤ ਨੇ ਅਣਗਿਣਤ ਮਾਵਾਂ ਦੇ ਪੁੱਤ ਅਤੇ ਧੀਆਂ ਦੇ ਸੁਹਾਗ ਖੋਹ ਲਏ ਹਨ। ਉਨ੍ਹਾਂ ਨੇ ਮਾਵਾਂ ਧੀਆਂ ਨੂੰ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ, ਇੱਕ ਸੁਰੱਖਿਅਤ ਤੇ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਲਈ ਇਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਧੀਆਂ ਦੀ ਆਵਾਜ਼ ਨੂੰ ਅਣਸੁਣਿਆ ਨਹੀਂ ਕੀਤਾ ਜਾ ਸਕਦਾ। ਹੁਣ ਪੰਜਾਬ ਨੂੰ ਨਸ਼ਿਆਂ ਤੋਂ ਮੁਕਤ ਕਰਵਾਉਣ ਲਈ ਸਿਰਫ਼ ਵਾਅਦੇ ਨਹੀਂ, ਠੋਸ ਕਾਰਵਾਈ ਦੀ ਲੋੜ ਹੈ। ਇਸ ਮੌਕੇ ਸਾਬਕਾ ਚੇਅਰਪਰਸਨ ਰਜਵੰਤ ਕੌਰ, ਸਾਬਕਾ ਸਰਪੰਚ ਚਰਨਜੀਤ ਕੌਰ, ਅਮਨਦੀਪ ਕੌਰ ਲਾਲੂ ਘੁੰਮਣ, ਸਰਪੰਚ ਬਲਜਿੰਦਰ ਕੌਰ, ਮੈਂਬਰ ਪਰਮਜੀਤ ਕੌਰ, ਸੰਦੀਪ ਕੌਰ, ਰਾਜਬੀਰ ਕੌਰ, ਗਗਨਜੀਤ ਕੌਰ, ਸਰਬਦੀਪ ਕੌਰ, ਕਸ਼ਮੀਰ ਕੌਰ, ਸੀਨੀਅਰ ਅਕਾਲੀ ਆਗੂ ਪੂਰਨ ਸਿੰਘ ਅੱਡਾ ਝਬਾਲ, ਸਰਪੰਚ ਸੋਨੂੰ ਬਰਾੜ ਦੋਦੇ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾ, ਰਾਮ ਸਿੰਘ ਨਾਮਧਾਰੀ ਸਰਪੰਚ ਮਾਹਬੀਰ ਸਿੰਘ ਚੀਮਾ, ਸਾਬਕਾ ਚੇਅਰਮੈਨ ਹਰਵੰਤ ਸਿੰਘ ਝਬਾਲ, ਸਾਬਕਾ ਚੇਅਰਮੈਨ ਤੇਗਾ ਸਿੰਘ, ਗੁਰਸੇਵਕ ਸਿੰਘ ਕੋਟ ਸਿਵਿਆਂ, ਸਰਪੰਚ ਤੇਜਿੰਦਰ ਸਿੰਘ ਵਿੱਕੀ ਕੋਟ ਸਿਵਿਆਂ, ਸਾਬਕਾ ਬਲਾਕ ਪ੍ਰਧਾਨ ਸੋਨੂੰ ਦੋਦੇ, ਸਾਬਕਾ ਸਰਪੰਚ ਬਲਜੀਤ ਸਿੰਘ ਛਿੱਛਰੇਵਾਲ, ਬੱਬੂ ਪਲਾਸੌਰ, ਸਰਪੰਚ ਮਨਜੀਤ ਕੌਰ ਬਾਠ, ਸਤਨਾਮ ਸਿੰਘ ਬਾਠ, ਸਰਪੰਚ ਹਰਪ੍ਰੀਤ ਸਿੰਘ ਪੀਤਾ, ਮੈਂਬਰ ਪੰਚਾਇਤ ਬਾਬਾ ਕੁਲਦੀਪ ਸਿੰਘ ਸਰਾਏ ਅਮਾਨਤ ਖਾਂ, ਸਰਪੰਚ ਗੁਰਮੀਤ ਸਿੰਘ ਗੰਡੀਵਿੰਡ, ਸਾਬਕਾ ਸਰਪੰਚ ਹਰਦਿਆਲ ਸਿੰਘ ਝਬਾਲ, ਸੈਂਡੀ ਪੰਜਵੜ, ਹੈਪੀ ਸਵਰਗਾਪੁਰੀ, ਸਾਬਕਾ ਚੇਅਰਮੈਨ ਗੁਰਬੀਰ ਸਿੰਘ ਝਬਾਲ, ਨਵ ਢਿੱਲੋਂ ਝਬਾਲ, ਲਵ ਢਿੱਲੋਂ ਝਬਾਲ, ਅਮਰਿੰਦਰ ਮਾਣਕ ਝਬਾਲ, ਜਗਰੂਪ ਸਿੰਘ ਕਸੇਲ, ਰਸੀਵਰ ਬਲਵਿੰਦਰ ਸਿੰਘ ਸਵਰਗਾਪੁਰੀ, ਸਰਬਜੀਤ ਸਿੰਘ ਝਬਾਲ ਖੁਰਦ ਆਦਿ ਤੋਂ ਇਲਾਵਾ ਹੋਰ ਵੀ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।



ਅਧਿਆਪਕਾਂ ਨੂੰ ਟਰਮੀਨੇਸ਼ਨ ਕਰਨ ਦੇ ਹੁਕਮਾਂ ਦੀਆਂ ਕਾਪੀਆਂ ਸਾੜ ਕੇ ਕੀਤਾ ਰੋਸ ਪ੍ਰਦਰਸ਼ਨ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਸਿੱਖਿਆ ਵਿਭਾਗ ਵੱਲੋਂ ਭਰਤੀ ਵਿੱਚੋਂ 253 ਅਧਿਆਪਕਾਂ ਨੂੰ ਟਰਮੀਨੇਸ਼ਨ ਕਰਨ ਦੇ ਖਿਲਾਫ ਗੜ੍ਹਸ਼ੰਕਰ ਦੇ ਬੰਗਾ ਚੌਂਕ ਵਿਚ ਗੜ੍ਹਸ਼ੰਕਰ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਡੈਮੋਕਰੇਟਿਕ ਟੀਚਰਜ਼ ਫਰੰਟ, 253 ਪੀੜਤ ਅਧਿਆਪਕ ਯੂਨੀਅਨ, ਡੈਮੋਕਰੇਟਿਕ ਪੈਨਸ਼ਨਰ ਫਰੰਟ ਮਾਸਟਰ ਕਾਰਡਰ ਯੂਨੀਅਨ ਅਤੇ ਗੌਰਮੈਂਟ ਟੀਚਰ ਯੂਨੀਅਨ ਵੱਲੋਂ ਟਰਮੀਨੇਸ਼ਨਾਂ ਦੇ ਹੁਕਮਾਂ ਦੀਆਂ ਕਾਪੀਆਂ ਸਾੜ ਕੇ ਰੋਸ ਦਾ ਪ੍ਰਗਟਾਵਾ ਕੀਤਾ ਗਿਆ ।ਇਸ ਰੋਸ ਪ੍ਰਗਟਾਏ ਦੀ ਵੀ ਇੱਕ ਅਗਵਾਈ ਕਰਦਿਆਂ ਡੀ ਟੀ ਐਫ ਦੇ ਸੂਬਾ ਸੰਯੁਕਤ ਸਕੱਤਰ ਮੁਕੇਸ਼ ਕੁਮਾਰ, ਬਲਾਕ ਪ੍ਰਧਾਨ ਵਿਨੇ ਕੁਮਾਰ, ਜਰਨੈਲ ਸਿੰਘ, ਮਨਜੀਤ ਬੰਗਾ, ਪੀੜਤ 253 ਅਧਿਆਪਕ ਯੂਨੀਅਨ ਦੇ ਬਲਕਾਰ ਸਿੰਘ ਮਘਾਣੀਆ, ਹਰਵਿੰਦਰ ਕੌਰ,ਚੰਦਾ ਰਾਣੀ, ਸੰਗੀਤਾ ਰਾਣੀ, ਪੈਨਸ਼ਨਰ ਆਗੂਆ ਬਲਵੀਰ ਖਾਨਪੁਰੀ, ਹੰਸਰਾਜ ਗੜ੍ਹਸ਼ੰਕਰ,ਸੱਤ ਪਾਲ ਕਲੇਰ, ਮਨਦੀਪ ਕੁਮਾਰ, ਮਾਸਟਰ ਕਾਡਰ ਯੂਨੀਅਨ ਦੇ ਸੂਬਾ ਪ੍ਰਧਾਨ ਸੰਦੀਪ ਗਿੱਲ,ਬੱਗਾ ਸਿੰਘ, ਸਿਮਰਜੀਤ, ਗੌਰਮੈਂਟ ਟੀਚਰ ਯੂਨੀਅਨ ਦੇ ਆਗੂ ਨਰੇਸ਼ ਕੁਮਾਰ ਤੇ ਸ਼ਾਮ ਸੁੰਦਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਤਿੰਨ-ਸਾਢੇ ਤਿੰਨ ਸਾਲਾਂ ਤੋਂ ਸਿੱਖਿਆ ਵਿਭਾਗ ਵਿੱਚ ਕੰਮ ਕਰ ਰਹੇ ਅਧਿਆਪਕਾਂ ਨੂੰ ਹਾਈ ਕੋਰਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਯੂਨੀਵਰਸਿਟੀਆਂ ਦੇ ਮਾਹਰ ਪ੍ਰੋਫੈਸਰਾਂ ਵੱਲੋਂ ਤਿਆਰ ਕੀਤੀ ਉੱਤਰ ਕੁੰਜੀ ਨੂੰ ਰੱਦ ਕਰਕੇ ਟਰਮੀਨੇਸ਼ਨ ਕੀਤਾ ਗਿਆ ਹੈ। ਆਗੂਆਂ ਟਰਮੀਨੇਸ਼ਨਾ ਦੇ ਹੁਕਮਾਂ ਨੂੰ ਰੱਦ ਕਰਕੇ 253 ਅਧਿਆਪਕਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਦੀ ਮੰਗ ਕੀਤੀ ।



ਇਸ ਸਮੇਂ ਪ੍ਰਦਰਸ਼ਨ ਵਿੱਚ ਅਧਿਆਪਕ ਆਗੂ ਮਨਜੀਤ ਸਿੰਘ, ਰਾਜੂ ਸਿੰਘ,ਬੱਗਾ ਸਿੰਘ,ਜਸਵਿੰਦਰ ਸਿੰਘ, ਰਮੇਸ਼ ਕੁਮਾਰ ਮਲਕੋਵਾਲ, ਹਰਬੰਸ ਲਾਲ, ਸੰਦੀਪ ਕੁਮਾਰ, ਮੈਡਮ ਮੈਡਮ ਮਨੀਸ਼ਾ,ਹਰਪ੍ਰੀਤ ਕੌਰ, ਸਿਮਰਜੀਤ ਕੌਰ,ਪੂਨਮ ਰਾਣੀ,ਮੈਡਮ ਮੀਨਾਕਸ਼ੀ ਆਦਿ ਹਾਜ਼ਰ ਸਨ।

ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ 16 ਨੂੰ

ਜਲੰਧਰ (ਕੇਸਰ)- "ਸਾਡੇ ਪਿਆਰੇ ਵਤਨ ਅਤੇ ਕੁੱਲ ਦੁਨੀਆਂ ਦੇ ਵੱਖ-ਵੱਖ ਖਿੱਤਿਆਂ ਅੰਦਰ ਰੋਟੀ ਰੋਜ਼ੀ ਦੀ ਭਾਲ 'ਚ ਭਟਕਦੀ, ਚੌਤਰਫ਼ੇ ਸੰਕਟਾਂ, ਚੁਣੌਤੀਆਂ ਦੇ ਪਹਾੜਾਂ ਦੇ ਬੋਝ ਹੇਠਾਂ ਦੱਬੀ ਹੋਈ, ਖ਼ੂਬਸੂਰਤ ਜ਼ਿੰਦਗੀ ਦੀ ਤਲਾਸ਼ ਲਈ ਜੂਝਦੀ ਜੁਆਨੀ ਲਈ ਅਜੋਕੇ ਸਮੇਂ 'ਚ ਮਾਰਗ-ਦਰਸ਼ਕ ਗ਼ਦਰ ਪਾਰਟੀ ਦੇ ਬਾਲ ਜਰਨੈਲ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ 16 ਨਵੰਬਰ ਦਿਨੇ ਠੀਕ 2 ਵਜੇ ਦੇਸ਼ ਭਗਤ ਯਾਦਗਾਰ ਹਾਲ 'ਚ ਹੋਏਗੀ ਵਿਚਾਰ-ਚਰਚਾ ਮਿਲਣੀ।" ਇਹ ਸ਼ਬਦ ਸ਼ੁਕਰਵਾਰ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਹੇ। ਉਹਨਾਂ ਕਿਹਾ ਕਿ ਹਰ ਸਾਲ ਵਾਂਗ ਮੇਲੇ ਦੀ ਸਫ਼ਲਤਾ ਉਪਰੰਤ ਪਹਿਲੀ ਮਿਲਣੀ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ, ਉਸ ਦੀ ਅਮਿੱਟ ਘਾਲਣਾ ਅਤੇ ਹਨੇਰੀਆਂ ਰਾਤਾਂ 'ਚ ਜਗਦੀ ਮਸ਼ਾਲ ਵਰਗੇ ਜੀਵਨ ਤੋਂ ਰੌਸ਼ਨੀ ਅਤੇ ਅਹਿਦ ਲੈਣ ਦਾ ਇਹ ਦਿਹਾੜਾ ਮਿਲਕੇ ਮਨਾਇਆ ਜਾਏਗਾ ਅਤੇ ਭਵਿੱਖ ਦੇ ਕਾਰਜਾਂ ਵੱਲ ਕਦਮ ਵਧਾਉਣ ਦਾ ਦ੍ਰਿੜ੍ਹ ਸੰਕਲਪ ਲਿਆ ਜਾਏਗਾ।

ਭਾਜਪਾ ਨੂੰ ਹਰਾਉਣ ਲਈ ਖੱਬੀਆਂ ਤੇ ਜਮਹੂਰੀ ਤਾਕਤਾਂ ਇਕਜੁੱਟ ਹੋਣ : ਆਰ ਐੱਮ ਪੀ ਆਈ

ਜਲੰਧਰ (ਰਾਜੇਸ਼ ਥਾਪਾ)- ਅਮਰੀਕਾ-ਇਜ਼ਰਾਇਲ ਸਮੇਤ ਸੰਸਾਰ ਦੇ ਕਈ ਦੇਸ਼ਾਂ 'ਚ ਹੋਈਆਂ ਹਾਲੀਆ ਚੋਣਾਂ ਦੇ ਨਤੀਜੇ ਵਿਸ਼ਵੀ ਤੇ ਸਥਾਨਕ ਪੂੰਜੀ ਦੀ ਬੇਰਹਿਮ ਲੁੱਟ-ਚੋਂਘ ਦੀ ਗਾਰੰਟੀ ਕਰਦੀਆਂ ਨਵ-ਉਦਾਰਵਾਦੀ ਨੀਤੀਆਂ ਅਤੇ ਸਾਮਰਾਜ ਦੀਆਂ ਜੰਗ ਭੜਕਾਊ ਸਾਜ਼ਿਸ਼ਾਂ ਖ਼ਿਲਾਫ਼ ਮਿਹਨਤਕਸ਼ਾਂ ਦੇ ਪ੍ਰਚੰਡ ਰੋਹ ਦਾ ਪ੍ਰਗਟਾਵਾ ਕਰਦੇ ਹਨ। ਨਤੀਜਿਆਂ ਰਾਹੀਂ ਲੋਕਾਂ ਨੇ ਸੱਜ ਪਿਛਾਖੜ ਦੀ ਨਸਲਵਾਦ ਤੇ ਪ੍ਰਵਾਸੀ ਵਿਰੋਧ 'ਤੇ ਆਧਾਰਿਤ ਤਬਾਹਕੁੰਨ ਵਿਚਾਰਧਾਰਾ ਖ਼ਿਲਾਫ਼ ਵੀ ਸਖ਼ਤ ਨਾਪਸੰਦਗੀ ਜ਼ਾਹਿਰ ਕੀਤੀ ਹੈ।ਇਹ ਸ਼ਬਦ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਕਹੇ ਹਨ।ਸਾਥੀ ਪਾਸਲਾ ਨੇ ਕਿਹਾ ਹੈ ਕਿ, "ਕਮਿਊਨਿਸਟਾਂ ਨੂੰ ਆਮ ਲੋਕਾਂ, ਖਾਸ ਕਰਕੇ ਕਿਰਤੀ ਸ਼ਰੇਣੀ ਨੂੰ ਇਸ ਗੱਲ ਲਈ ਪ੍ਰੇਰਿਤ ਕਰਨ ਲਈ ਪੂਰਾ ਟਿੱਲ ਲਾਉਣਾ ਚਾਹੀਦਾ ਹੈ ਕਿ ਮਿਹਨਤੀ ਵਰਗਾਂ ਦੇ ਬੁਨਿਆਦੀ ਮਸਲਿਆਂ ਦੇ ਸਥਾਈ ਹੱਲ ਲਈ ਸੰਸਾਰ ਭਰ 'ਚ ਸਮਾਜਵਾਦ ਦੀ ਕਾਇਮੀ ਦਾ ਮਾਨਵੀ ਲੋਕ-ਯੁੱਧ ਤੇਜ਼ ਕੀਤਾ ਜਾਵੇ।" ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਪਾਰਟੀ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਭਾਜਪਾ ਤੇ ਇਸਦੇ ਭਾਈਵਾਲਾਂ ਦੀ ਲੱਕ-ਤੋੜ ਹਾਰ ਯਕੀਨੀ ਬਣਾਉਣ ਪੱਖੋਂ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮੀਟਿੰਗ ਦੀ ਇਹ ਪ੍ਰਪੱਕ ਸਮਝ ਹੈ ਕਿ ਭਾਜਪਾ ਤੇ ਇਸਦੇ ਸਹਿਯੋਗੀਆਂ ਨੂੰ ਹਰਾਉਣ ਦੇ ਸਮਰੱਥ 'ਇੰਡੀਆ' ਗਠਜੋੜ ਦੀ ਮੁੱਖ ਭਾਈਵਾਲ ਪਾਰਟੀ ਕਾਂਗਰਸ (ਆਈ) ਨੂੰ ਫੌਰੀ ਤੌਰ 'ਤੇ ਰਾਜ ਦੇ ਖੱਬੇ, ਜਮਹੂਰੀ, ਧਰਮ ਨਿਰਪੱਖ ਸਿਆਸੀ ਦਲਾਂ ਤੇ ਹੋਰ ਨਰੋਈਆਂ ਤਾਕਤਾਂ ਨੂੰ ਇਕਜੁੱਟ ਕਰਨ ਦੀ ਪਹਿਲਕਦਮੀ ਕਰਨੀ ਚਾਹੀਦੀ ਹੈ, ਤਾਂ ਜੋ ਪੰਜਾਬ ਦੀ ਸੱਤਾ 'ਤੇ ਕਾਬਜ਼ ਹੋਣ ਦੇ ਆਰ.ਐਸ.ਐਸ. ਤੇ ਭਾਜਪਾ ਦੇ ਕੋਝੇ ਮਨਸੂਬੇ ਫੇਲ੍ਹ ਕੀਤੇ ਜਾ ਸਕਣ।



ਮੀਟਿੰਗ ਦੀ ਰਾਇ ਹੈ ਕਿ ਸਿੱਖ ਫਲਸਫੇ ਦੇ ਮਾਨਵੀ ਸਰੋਕਾਰਾਂ ਅਤੇ ਪੰਜਾਬ-ਪੰਜਾਬੀਆਂ ਦੇ ਹਿੱਤਾਂ ਨਾਲ ਧ੍ਰੋਹ ਕਮਾਉਂਦੇ ਹੋਏ ਭਾਜਪਾ ਨਾਲ ਸਿਆਸੀ ਸਾਂਝ ਪਾਉਣ ਦੇ ਸ਼੍ਰੋਮਣੀ ਅਕਾਲੀ ਦਲ ਦੇ ਗੋਡੇ ਟੇਕੂ ਤੇ ਸਵੈਘਾਤੀ ਪੈਂਤੜੇ ਨੂੰ ਗੈਰਤਮੰਦ ਪੰਜਾਬੀ ਉੱਕਾ ਹੀ ਪ੍ਰਵਾਨ ਨਹੀਂ ਕਰਨਗੇ। ਮੀਟਿੰਗ ਵਲੋਂ ਪਾਰਟੀ ਦੇ ਮਜ਼ਬੂਤ ਆਧਾਰ ਵਾਲੀਆਂ ਸੂਬੇ ਦੀਆਂ 10 ਵਿਧਾਨ ਸਭਾ ਸੀਟਾਂ 'ਤੇ ਚੋਣ ਲੜਨ ਅਤੇ ਵਿਧਾਨ ਸਭਾ 'ਚ ਖੱਬੇ ਪੱਖ ਦੀ ਸ਼ਕਤੀ ਵਧਾਉਣ ਲਈ ਠੋਸ ਯਤਨ ਕਰਨ ਦਾ ਨਿਰਣਾ ਲਿਆ ਗਿਆ ਹੈ।ਮੀਟਿੰਗ ਦੀ ਪ੍ਰਧਾਨਗੀ ਸਾਥੀ ਰਤਨ ਸਿੰਘ ਰੰਧਾਵਾ ਨੇ ਕੀਤੀ। ਆਰੰਭ ਵਿਚ ਸਦੀਵੀ ਵਿਛੋੜਾ ਦੇ ਗਏ ਯੁੱਧ ਸਾਥੀਆਂ ਸਵਦੇਸ਼ ਭੱਟਾਚਾਰੀਆ, ਗਿਆਨੀ ਜਗਤਾਰ ਸਿੰਘ, ਜਸਵੰਤ ਸਿੰਘ ਸੰਧੂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ।

ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਤਹਿਤ ਈ ਵੀ ਐੱਮ ਤੇ ਵੀ ਵੀ ਪੈਟ ਦੀ ਐੱਫ ਐੱਲ ਸੀ ਪ੍ਰਕਿਰਿਆ ਸ਼ੁਰੂ : ਮੇਜਰ (ਡਾ.) ਸੁਮਿਤ ਮੁੱਧ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਈ.ਵੀ.ਐਮ. (ਇਲੈਕਟ੍ਰਾਨਿਕ ਵੋਟਿੰਗ ਮਸ਼ੀਨ) ਅਤੇ ਵੀ.ਵੀ.ਪੈਟ (ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ) ਦੀ ਪਹਿਲੇ ਪੱਧਰ ਦੀ ਜਾਂਚ (ਐੱਫ.ਐੱਲ.ਸੀ.) ਦੀ ਪ੍ਰਕਿਰਿਆ 12 ਨਵੰਬਰ ਤੋਂ ਜ਼ਿਲ੍ਹਾ ਈ.ਵੀ.ਐਮ. ਵੇਅਰਹਾਊਸ ਹੁਸ਼ਿਆਰਪੁਰ ਵਿਖੇ ਸ਼ੁਰੂ ਹੋ ਗਈ ਹੈ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਮੇਜਰ (ਡਾ.) ਸੁਮਿਤ ਮੁੱਧ ਨੇ ਦੱਸਿਆ ਕਿ ਐੱਫ.ਐੱਲ.ਸੀ. ਦੀ ਸਮੁੱਚੀ ਪ੍ਰਕਿਰਿਆ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀ.ਈ.ਐੱਲ.) ਦੇ ਅਧਿਕਾਰਤ ਇੰਜੀਨੀਅਰਾਂ ਵੱਲੋਂ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਤੇ ਮਾਪਦੰਡਾਂ ਅਨੁਸਾਰ ਕੀਤੀ ਜਾ ਰਹੀ ਹੈ। ਇਸ ਪ੍ਰਕਿਰਿਆ ਦੌਰਾਨ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਵੀ ਮੌਜੂਦ ਰਹਿੰਦੇ ਹਨ, ਤਾਂ ਜੋ ਜਾਂਚ ਦੀ ਪ੍ਰਕਿਰਿਆ ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹੀ ਜਾ ਸਕੇ। ਉਨ੍ਹਾਂ ਦੱਸਿਆ ਕਿ ਐੱਫ.ਐੱਲ.ਸੀ. ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕੀਤੀ ਜਾ ਰਹੀ ਹੈ ਅਤੇ ਲਾਈਵ ਵੈੱਬਕਾਸਟਿੰਗ ਰਾਹੀਂ ਵੀ ਇਸ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਇਸ ਲਈ ਜ਼ਿਲ੍ਹਾ ਹੈੱਡਕੁਆਰਟਰ ਅਤੇ ਮੁੱਖ ਚੋਣ ਅਧਿਕਾਰੀ, ਪੰਜਾਬ ਦੇ ਦਫ਼ਤਰ ਵਿਖੇ ਵੀ ਲਾਈਵ ਵੈੱਬਕਾਸਟਿੰਗ ਦੀ ਫੀਡ ਉਪਲਬਧ ਕਰਵਾਈ ਗਈ ਹੈ। ਮੇਜਰ (ਡਾ.) ਸੁਮਿਤ ਮੁੱਧ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਨੂੰ ਨਿਰਪੱਖ, ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਰੀਆਂ ਲੋੜੀਂਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

ਤਰਕਸ਼ੀਲ ਸੁਸਾਇਟੀ ਇਕਾਈ ਬੰਗਾ ਦੀ ਮੀਟਿੰਗ



ਬੰਗਾ (ਅਵਤਾਰ ਕਲੇਰ) ਤਰਕਸ਼ੀਲ ਸੁਸਾਇਟੀ ਇਕਾਈ ਬੰਗਾ ਦੀ ਮੀਟਿੰਗ ਸੁਰੇਸ਼ ਕੁਮਾਰ ਕਰਨਾਨਾ ਦੇ ਫਰੀ ਟਿਊਸ਼ਨ ਸੈਂਟਰ ਬੰਗਾ ਵਿਖੇ ਕੀਤੀ ਗਈ। ਤਰਕਸ਼ੀਲ ਮੈਗਜ਼ੀਨ ਅੰਕ ਨਵੰਬਰ - ਦਸੰਬਰ ਦੀ ਵੰਡ ਕੀਤੀ ਗਈ।ਇਸ ਉਪਰੰਤ ਸਟੇਟ ਕਮੇਟੀ ਵਲੋਂ ਅਗਲੇ ਸਾਲ ਮਈ ਮਹੀਨੇ ਕਰਵਾਈ ਜਾ ਰਹੀ ਪਰਖ਼ ਪ੍ਰੀਖਿਆ ਬਾਰੇ ਵੀ ਜ਼ੋਨ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ ਵਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਵਾਰ ਪ੍ਰੀਖਿਆ ਵਿੱਚ ਪੰਜਵੀਂ- ਛੇਵੀਂ, ਸੱਤਵੀਂ- ਅੱਠਵੀਂ, ਨੌਵੀਂ- ਦਸਵੀਂ ਅਤੇ ਗਿਆਰਵੀਂ- ਬਾਰਵੀਂ ਲਈ ਅਲੱਗ ਅਲੱਗ ਪ੍ਰਸ਼ਨ ਪੱਤਰ ਹੋਣਗੇ।

ਇਨਾਮ ਵੀ ਚਾਰ ਪੱਧਰਾਂ ਤੇ ਪ੍ਰਦਾਨ ਕੀਤੇ ਜਾਣਗੇ।ਇਕਾਈ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਇੱਕ ਸੈਮੀਨਾਰ ਵੀ ਰੱਖਿਆ ਜਾਵੇਗਾ ਜਿਸ ਬਾਰੇ ਸਾਰੇ ਮੈਂਬਰਾ ਨੇ ਆਪਣੇ ਵਿਚਾਰ ਰੱਖੇ ਨਾਲ ਹੀ ਸੋਸਾਇਟੀ ਨਾਲ ਜੁੜੇ ਸਾਥੀਆ ਦੇ ਪਰਿਵਾਰਾਂ ਵਿੱਚ ਸਾਂਝ ਵਧਾਉਣ ਬਾਰੇ ਵੀ ਵਿਚਾਰ ਸਾਂਝੇ ਕੀਤੇ। ਸੋਸਾਇਟੀ ਨਾਲ ਵੱਧ ਤੋਂ ਵੱਧ ਮੈਂਬਰ ਜੋੜਨ ਬਾਰੇ ਵਿਚਾਰਾਂ ਹੋਈਆਂ।ਇਸ ਮੌਕੇ ਤਰਕਸ਼ੀਲ ਆਗੂ ਰਿਟਾ. ਹੈੱਡ ਮਾਸਟਰ ਕੁਲਵਿੰਦਰ ਖਟਕੜ, ਹਰਜਿੰਦਰ ਸੂੰਨੀ, ਬਲਜੀਤ ਖਟਕੜ, ਮਾਸਟਰ ਪਰਮਜੀਤ ਖਾਮਚੋਂ, ਮੋਹਨ ਬੀਕਾ, ਸੁਖਵਿੰਦਰ ਲੰਗੇਰੀ ਅਤੇ ਸਤਨਾਮ ਖਟਕੜ ਮੌਜੂਦ ਸਨ।

ਗੁਰੂ ਨਗਰੀ ਦੇ ਪਾਣੀ ਦੇ ਬਿੱਲ ਵੱਖਰੇ ਕਿਉਂ ?

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਵਸਨੀਕ ਪਿਛਲੇ ਲੰਮੇ ਸਮੇਂ ਤੋਂ ਪਾਣੀ ਦੇ ਵੱਧ ਬਿੱਲਾਂ ਦਾ ਭੁਗਤਾਨ ਕਰਨ ਲਈ ਮਜਬੂਰ ਹਨ।ਪੰਜਾਬ ਦੇ ਹੋਰਨਾਂ ਸ਼ਹਿਰਾਂ ਦੇ ਮੁਕਾਬਲੇ ਗੁਰੂ ਨਗਰੀ ਦੇ ਵਸਨੀਕਾਂ ਤੋਂ ਪਾਣੀ ਦੇ ਵੱਧ ਬਿੱਲ ਵਸੂਲਣਾ ਉਨ੍ਹਾਂ ਨਾਲ ਸਰਾਸਰ ਬੇਇਨਸਾਫ਼ੀ ਹੈ।ਇਹ ਗੱਲ ਸਮਾਜ ਸੇਵੀ ਨਛੱਤਰ ਸਿੰਘ ਰੰਧਾਵਾ ਨੇ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕੀਤੇ।ਨਛੱਤਰ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਇਸ ਗੰਭੀਰ ਮਸਲੇ ਨੂੰ ਕਈ ਵਾਰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਚੁੱਕੇ ਹਨ।



ਇਸ ਤੋਂ ਇਲਾਵਾ ਸ਼ਹਿਰ ਵਾਸੀਆਂ ਵੱਲੋਂ ਇਕੱਠੇ ਹੋ ਕੇ ਕਈ ਵਾਰ ਮੰਗ ਪੱਤਰ ਵੀ ਦਿੱਤੇ ਗਏ ਹਨ।ਹਰ ਵਾਰ ਭਰੋਸਾ ਦਿੱਤਾ ਗਿਆ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਵਸਨੀਕਾਂ ਦੇ ਪਾਣੀ ਦੇ ਬਿੱਲ ਵੀ ਪੰਜਾਬ ਦੇ ਬਾਕੀ ਸ਼ਹਿਰਾਂ ਦੇ ਬਰਾਬਰ ਕਰ ਦਿੱਤੇ ਜਾਣਗੇ, ਪਰ ਅਫ਼ਸੋਸ ਦੀ ਗੱਲ ਹੈ ਕਿ ਅਜੇ ਤੱਕ ਇਸ ਦਿਸ਼ਾ ਵਿੱਚ ਕੋਈ ਠੋਸ ਕਾਰਵਾਈ ਨਹੀਂ ਹੋਈ।

ਉਨ੍ਹਾਂ ਸਵਾਲ ਕਰਦਿਆਂ ਕਿਹਾ ਕਿ ਆਖ਼ਰ ਗੁਰੂ ਨਗਰੀ ਦੇ ਵਸਨੀਕਾਂ ਦਾ ਕਸੂਰ ਕੀ ਹੈ, ਜੋ ਉਨ੍ਹਾਂ ਨੂੰ ਪੰਜਾਬ ਦੇ ਦੂਜੇ ਸ਼ਹਿਰਾਂ ਨਾਲੋਂ ਵੱਧ ਪਾਣੀ ਦੇ ਬਿੱਲ ਭਰਨੇ ਪੈ ਰਹੇ ਹਨ? ਸਰਕਾਰ ਵੱਲੋਂ ਵਾਰ-ਵਾਰ ਭਰੋਸੇ ਦੇਣ ਦੇ ਬਾਵਜੂਦ ਲੋਕਾਂ ਨੂੰ ਰਾਹਤ ਨਾ ਮਿਲਣਾ ਸਮਝ ਤੋਂ ਬਾਹਰ ਹੈ।

ਰੰਧਾਵਾ ਨੇ ਚਿੰਤਾ ਜ਼ਾਹਰ ਕੀਤੀ ਕਿ ਆਉਣ ਵਾਲੇ ਕੁਝ ਦਿਨਾਂ ਵਿੱਚ ਚੋਣ ਜ਼ਾਬਤਾ ਲਾਗੂ ਹੋਣ ਦੀ ਸੰਭਾਵਨਾ ਹੈ, ਜਿਸ ਕਾਰਨ ਇਹ ਮਸਲਾ ਮੁੜ ਠੰਢੇ ਬਸਤੇ ਵਿੱਚ ਪੈ ਸਕਦਾ ਹੈ।ਉਨ੍ਹਾਂ ਪੰਜਾਬ ਸਰਕਾਰ, ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਤੋਂ ਮੰਗ ਕੀਤੀ ਕਿ ਗੁਰੂ ਨਗਰੀ ਦੇ ਵਸਨੀਕਾਂ ਨੂੰ ਪਾਣੀ ਦੇ ਵਾਧੂ ਬਿੱਲਾਂ ਦੇ ਬੋਝ ਤੋਂ ਤੁਰੰਤ ਮੁਕਤ ਕੀਤਾ ਜਾਵੇ, ਬਿੱਲ ਪੰਜਾਬ ਦੇ ਹੋਰਨਾਂ ਸ਼ਹਿਰਾਂ ਦੇ ਬਰਾਬਰ ਕੀਤੇ ਜਾਣ ਅਤੇ ਲੋਕਾਂ ਤੋਂ ਪਹਿਲਾਂ ਵਸੂਲੀ ਗਈ ਵਾਧੂ ਰਕਮ ਵੀ ਵਾਪਸ ਕਰਵਾਈ ਜਾਵੇ।

ਕ੍ਰਿਕਟ ਲੀਗ ਦੇ ਸੈਮੀਫਾਈਨਲ 'ਚ ਹਿਤੇਸ਼ ਸੰਦਲ ਨੇ ਨਾਬਾਦ 103 ਦੌੜਾਂ ਬਣਾਈਆ

ਦਸੂਹਾ (ਕਰਨੈਲ ਮਾਂਗਟ) ਸਵਰਗੀ ਅਮਰੀਕ ਸਿੰਘ ਚੀਮਾ ਦੀ ਯਾਦ ਵਿੱਚ ਅਮਰੀਕ ਸਿੰਘ ਚੀਮਾ ਮੈਮੋਰੀਅਲ ਟੀ-20 ਲੈਦਰ ਬਾਲ ਕ੍ਰਿਕਟ ਲੀਗ ਦਾ ਆਯੋਜਨ ਪੰਚਾਇਤ ਸੰਮਤੀ ਸਟੇਡੀਅਮ, ਕ੍ਰਿਸ਼ਨਾ ਕਲੋਨੀ ਦੇ ਸਾਹਮਣੇ ਦਸੂਹਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆ ਪ੍ਰਬੰਧਕ ਮਿਲਨ ਸਿੰਘ ਚੀਮਾਂ ਨੇ ਦੱਸਿਆ ਕਿ ਟੂਰਨਾਮੈਂਟ ਦੇ ਪਹਿਲੇ ਸੈਮੀਫਾਈਨਲ ਮੈਚ ਵਿੱਚ ਦਸੂਹਾ ਕ੍ਰਿਕਟ ਅਕੈਡਮੀ ਕਿੰਗਜ਼ ਨੇ ਜੀ.ਸੀ.ਏ. ਟਾਂਡਾ ਨੂੰ 47 ਦੌੜਾਂ ਨਾਲ ਹਰਾ ਕੇ ਫਾਈਨਲ ਵਿੱਚ ਜਗਾ ਬਣਾਈ। ਡੀ.ਸੀ.ਏ. ਕਿੰਗਜ਼ ਵੱਲੋਂ ਹਿਤੇਸ਼ ਸੰਦਲ ਨੇ ਨਾਬਾਦ 103 ਦੌੜਾਂ ਸਿਰਫ਼ 53 ਗੇਂਦਾਂ ਵਿੱਚ ਬਣਾ ਕੇ ਜੀ.ਸੀ.ਏ. ਟਾਂਡਾ ਨੂੰ 162 ਦੌੜਾਂ ਦਾ ਟੀਚਾ ਦਿੱਤਾ। ਜੀ.ਸੀ.ਏ. ਟਾਂਡਾ ਵੱਲੋਂ ਏਕਮ ਨੇ 3, ਸਾਨਵ ਅਤੇ ਸ਼ਾਸ਼ਵਤ ਨੇ 2-2 ਵਿਕਟਾਂ ਹਾਸਲ ਕੀਤੀਆਂ। ਗੇਂਦਬਾਜ਼ੀ ਵਿੱਚ ਡੀ.ਸੀ.ਏ. ਕਿੰਗਜ਼ ਵੱਲੋਂ ਕਾਰਤਿਕ ਨੇ 3, ਯਕਸ਼ੇ ਚੰਦੇਲ ਨੇ 3, ਪ੍ਰਭਲੀਨ ਸਿੰਘ ਅਤੇ ਗੌਰਵ ਨੇ 1-1 ਵਿਕਟ ਹਾਸਲ ਕੀਤੀ। ਦੂਜੇ ਸੈਮੀਫਾਈਨਲ ਮੈਚ ਵਿੱਚ ਐਚ.ਡੀ.ਸੀ.ਏ. ਹੁਸ਼ਿਆਰਪੁਰ ਨੇ ਡੀ.ਸੀ.ਏ. ਲਾਇਨਜ਼ ਨੂੰ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਵਿੱਚ ਕੁੱਲ ਇਨਾਮੀ ਰਾਸ਼ੀ 51 ਹਜ਼ਾਰ ਰੁਪਏ ਹੈ। ਜੇਤੂ ਟੀਮ ਨੂੰ 21 ਹਜ਼ਾਰ ਅਤੇ ਦੂਜੇ ਨੰਬਰ 'ਤੇ ਰਹਿਣ ਵਾਲੀ ਟੀਮ ਨੂੰ 11 ਹਜ਼ਾਰ ਰੁਪਏ ਦਿੱਤੇ ਜਾਣਗੇ। ਇਸ ਕ੍ਰਿਕਟ ਲੀਗ ਦਾ ਆਯੋਜਨ ਮਿਲਨ ਸਿੰਘ ਚੀਮਾ ਵੱਲੋਂ ਇੰਜੀਨੀਅਰ ਡਬਲਯੂ.ਐਸ. ਚੀਮਾ ਐਜੂਕੇਸ਼ਨਲ ਵੈਲਫੇਅਰ ਸੁਸਾਇਟੀ (ਰਜਿ.), ਦੁਆਬਾ ਇੰਸਟੀਚਿਊਟ ਆਫ਼ ਆਈ.ਟੀ. ਐਂਡ ਮੈਨੇਜਮੈਂਟ ਅਤੇ ਲਾਇਨਜ਼ ਕਲੱਬ ਦਸੂਹਾ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ।



ਅੱਜ ਨੂਰਮਹਿਲ ਤੋਂ ਰਵਾਨਾ ਹੋਵੇਗੀ 'ਜਵਾਨੀ ਸੰਭਾਲ ਸਾਈਕਲ ਯਾਤਰਾ' : ਡਾ. ਦਾਹੀਆ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ, ਖੇਡਾਂ ਅਤੇ ਸਰੀਰਕ ਕਸਰਤ ਨਾਲ ਜੋੜਨ ਅਤੇ ਸਮਾਜ ਵਿੱਚ ਸਿਹਤਮੰਦ ਜੀਵਨ ਦਾ ਸੁਨੇਹਾ ਦੇਣ ਦੇ ਮਕਸਦ ਨਾਲ 14 ਨਵੰਬਰ ਨੂੰ ਵਿਧਾਨ ਸਭਾ ਹਲਕਾ ਨਕੋਦਰ ਵਿੱਚ 'ਜਵਾਨੀ ਸੰਭਾਲ ਸਾਈਕਲ ਯਾਤਰਾ' ਕੱਢੀ ਜਾ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਨਕੋਦਰ ਤੋਂ ਡਾਕਟਰ ਨਵਜੋਤ ਸਿੰਘ ਦਹੀਆ ਨੇ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕੀਤਾ। ਦਾਹੀਆ ਨੇ ਅੱਗੇ ਦੱਸਿਆ ਕਿ ਇਹ ਸਾਈਕਲ ਯਾਤਰਾ 14 ਨਵੰਬਰ ਨੂੰ ਸਵੇਰੇ 10 ਵਜੇ ਨੂਰਮਹਿਲ ਦੇ ਦੁਸਹਿਰਾ ਗਰਾਊਂਡ ਤੋਂ ਰਵਾਨਾ ਹੋਵੇਗੀ। ਇਸ ਯਾਤਰਾ ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਲੋਕ ਸਭਾ ਮੈਂਬਰ ਸ. ਚਰਨਜੀਤ ਸਿੰਘ ਚੰਨੀ ਅਤੇ ਪੰਜਾਬ ਦੇ ਪ੍ਰਧਾਨ ਪਰਗਟ ਸਿੰਘ ਸਮੇਤ ਕਈ ਪ੍ਰਮੁੱਖ ਕਾਂਗਰਸੀ ਆਗੂ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਬਚਾ ਕੇ ਖੇਡਾਂ, ਸਿੱਖਿਆ ਅਤੇ ਸਿਹਤਮੰਦ ਗਤੀਵਿਧੀਆਂ ਵੱਲ ਪ੍ਰੇਰਿਤ ਕੀਤਾ ਜਾਵੇ। ਸਾਈਕਲ ਯਾਤਰਾ ਰਾਹੀਂ ਨੌਜਵਾਨਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਸਮਾਜ ਨੂੰ ਵੀ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਸੰਦੇਸ਼ ਦਿੱਤਾ ਜਾਵੇਗਾ।ਇਸ ਮੌਕੇ ਸੰਦੀਪ ਅਰੋੜਾ ਸ਼ਹਿਰੀ ਪ੍ਰਧਾਨ ਨੂਰਮਹਿਲ, ਗੁਰਦੀਪ ਸਿੰਘ ਥੰਮਣਵਾਲ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬਿਲਗਾ, ਜਸਦੀਸ਼ ਸਿੰਘ ਦੀਸ਼ਾ ਸੀਨੀਅਰ ਆਗੂ ਰਾਮੇਵਾਲ, ਰਾਕੇਸ਼ ਕਲੇਰ ਐਮ.ਸੀ. ਨੂਰਮਹਿਲ, ਪਰਮਜੀਤ ਸਰਪੰਚ ਬਾਠ, ਮਨਿਸ਼ ਉੱਪਲ ਖਾਲਸਾ, ਡਾ. ਬਸਰਾ, ਕੁਲਵੰਤ ਕੁਮਾਰ, ਕਮਲਜੀਤ ਮੱਟੂ, ਜਤਿੰਦਰ ਕੁਮਾਰ ਨਈਅਰ, ਤਨਵੀਰ ਪੂਨੀਆਂ, ਜਸਵਿੰਦਰ ਸਿੰਘ ਪੂਨੀਆਂ, ਸੁਰਿੰਦਰ ਮੋਹਨ ਸ਼ਰਮਾ, ਗੁਰਨਾਮ ਨਾਗਰਾ ਅਤੇ ਵਿਜੇ ਕੁਮਾਰ ਸ਼ਰਮਾ ਬੀਬੀ ਸੁਰਜੀਤ ਕੌਰ,ਸਮੇਤ ਹੋਰ ਪਤਵੰਤੇ ਅਤੇ ਪਾਰਟੀ ਆਗੂ ਹਾਜ਼ਰ ਸਨ।





ਐਸ ਡੀ ਐਮ ਦੀ ਅਗਵਾਈ ਹੇਠ ਪਰਾਲੀ ਨਾ ਸਾੜਨ ਪ੍ਰਤੀ ਕੀਤਾ ਜਾਗਰੂਕ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ, ਮਨੁੱਖੀ ਸਿਹਤ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਨੂੰ ਦੇਖਦਿਆਂ ਮਾਣਯੋਗ ਸੁਪਰੀਮ ਕੋਰਟ, ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨ.ਜੀ.ਟੀ.) ਅਤੇ ਸਰਕਾਰ ਵੱਲੋਂ ਪਰਾਲੀ ਸਾੜਨ 'ਤੇ ਪਾਬੰਦੀ ਸਬੰਧੀ ਜਾਰੀ ਕੀਤੀਆਂ ਸਖ਼ਤ ਹਦਾਇਤਾਂ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਸਬ-ਡਵੀਜ਼ਨ ਫਗਵਾੜਾ ਦੇ ਵੱਖ-ਵੱਖ ਪਿੰਡਾਂ ਅਤੇ ਖੇਤਾਂ 'ਚ ਐਸ.ਡੀ.ਐਮ. ਡਾ. ਨਵਜੋਤ ਸ਼ਰਮਾ ਦੀ ਅਗਵਾਈ ਹੇਠ ਟੀਮਾਂ ਵਲੋਂ ਜਾਗਰੂਕਤਾ ਮੁਹਿਮ ਚਲਾਈ ਗਈ। ਇਸ ਦੌਰਾਨ ਡਾ ਸ਼ਰਮਾ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਵਿਗਿਆਨਕ ਅਤੇ ਵਾਤਾਵਰਣ ਪੱਖੀ ਤਰੀਕਿਆਂ ਨਾਲ ਨਿਪਟਾਰਾ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਨਿਕਲਣ ਵਾਲਾ ਧੂੰਆਂ ਹਵਾ ਨੂੰ ਪ੍ਰਦੂਸ਼ਿਤ ਕਰਦਾ ਹੈ, ਜਿਸ ਨਾਲ ਬੱਚਿਆਂ, ਬਜ਼ੁਰਗਾਂ ਅਤੇ ਸਾਹ ਦੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਨੂੰ ਵਿਸ਼ੇਸ਼ ਤੌਰ 'ਤੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ ਅੱਗ ਕਾਰਨ ਜ਼ਮੀਨ ਵਿੱਚ ਮੌਜੂਦ ਲਾਭਦਾਇਕ ਜੀਵਾਣੂ ਅਤੇ ਹੋਰ ਪੌਸ਼ਟਿਕ ਤੱਤ ਵੀ ਪ੍ਰਭਾਵਿਤ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਹਦਾਇਤਾਂ ਅਨੁਸਾਰ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਜ਼ਮੀਨ ਦੀ ਮਾਲਕੀ ਦੇ ਰਕਬੇ ਮੁਤਾਬਕ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ। ਦੋ ਏਕੜ ਤੱਕ ਜ਼ਮੀਨ ਵਾਲੇ ਕਿਸਾਨ ਨੂੰ 5 ਹਜਾਰ ਰੁਪਏ, ਦੋ ਤੋਂ ਪੰਜ ਏਕੜ ਤੱਕ ਜ਼ਮੀਨ ਵਾਲੇ ਕਿਸਾਨ ਨੂੰ 10 ਹਜਾਰ ਰੁਪਏ ਅਤੇ ਪੰਜ ਏਕੜ ਤੋਂ ਵੱਧ ਜ਼ਮੀਨ ਵਾਲੇ ਕਿਸਾਨ ਨੂੰ 30 ਹਜਾਰ ਰੁਪਏ ਤੱਕ ਜੁਰਮਾਨਾ ਲਗਾਇਆ ਜਾ ਸਕਦਾ ਹੈ। ਇਸ ਮੌਕੇ ਖੇਤੀ ਬਾੜੀ ਅਫਸਰ ਪਰਮਜੀਤ ਰਾਮ, ਸੁਲੱਖਣ ਸਿੰਘ ਟੀ.ਸੀ. ਬੀ.ਡੀ.ਪੀ.ਓ. ਵਿਭਾਗ, ਵਾਟਰ ਸਪਲਾਈ ਵਿਭਾਗ ਦੇ ਗੌਰਵ ਸ਼ਰਮਾ, ਸੁਦੀਸ਼ ਕੁਮਾਰ, ਸੰਜੀਵ ਕੁਮਾਰ, ਸੁਖਦੇਵ ਸਿੰਘ ਬਾਂਸਲ, ਸੁਖਜਿੰਦਰ ਸਿੰਘ ਸਾਹਨੀ, ਅਮਰੀਕ ਸਿੰਘ ਮੀਕਾ, ਬਿੰਦਰ ਸਿੰਘ ਆਦਿ ਹਾਜਰ ਸਨ।





'ਜਵਾਨੀ ਸੰਭਾਲ ਸਾਈਕਲ ਯਾਤਰਾ' ਪ੍ਰਤੀ ਵਰਕਰਾਂ 'ਚ ਭਾਰੀ ਉਤਸ਼ਾਹ : ਸ਼ੇਰੋਵਾਲੀਆ

ਸ਼ਾਹਕੋਟ (ਅਮਨਦੀਪ ਸੈਦਪੁਰੀ)- ਪੰਜਾਬ ਦੇ ਸਾਬਕਾ ਮੁੱਖ ਮੰਤਰੀ, ਮੈਂਬਰ ਪਾਰਲੀਮੈਂਟ ਅਤੇ ਕਾਂਗਰਸ ਪਾਰਟੀ ਦੀ ਚੋਣ ਪ੍ਰਚਾਰ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਿਚ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਕਾਂਗਰਸ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਜਵਾਨੀ ਸੰਭਾਲ ਸਾਈਕਲ ਯਾਤਰਾ' ਦੇ ਸ਼ਾਹਕੋਟ ਹਲਕੇ ਵਿਚ ਪਹੁੰਚਣ ਪ੍ਰਤੀ ਹਲਕਾ ਸ਼ਾਹਕੋਟ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸੰਬੰਧ ਵਿੱਚ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਪਿੰਡ ਢੰਡੋਵਾਲ ਵਿਖੇ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ ਨਸ਼ਿਆਂ ਵਿਚ ਡੁੱਬ ਰਹੀ ਪੰਜਾਬ ਦੀ ਜਵਾਨੀ ਨੂੰ ਬਚਾਉਣ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਕਾਂਗਰਸ ਪਾਰਟੀ ਦੀ ਇਸ ਯਾਤਰਾ ਨੂੰ ਲੈ ਕੇ ਸ਼ਾਹਕੋਟ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਾਈਕਲ ਯਾਤਰਾ 12 ਨਵੰਬਰ ਨੂੰ ਹਲਕਾ ਚਮਕੌਰ ਸਾਹਿਬ ਤੋਂ ਸ਼ੁਰੂ ਹੋਈ ਸੀ ਜੋ 14 ਨਵੰਬਰ ਨੂੰ ਹਲਕਾ ਸ਼ਾਹਕੋਟ ਵਿਚ ਪਹੁੰਚੇਗੀ। ਉਨ੍ਹਾਂ ਕਿਹਾ ਕਿ ਸ਼ਾਹਕੋਟ ਹਲਕੇ ਵਿਚ ਪਹੁੰਚਣ 'ਤੇ ਪਿੰਡ ਪੰਡੋਰੀ ਵਿਚ ਸਵਾਗਤ ਕਰਨ ਉਪਰੰਤ ਇਸ ਸਾਈਕਲ ਯਾਤਰਾ ਨੂੰ ਵੱਡੇ ਕਾਫ਼ਲੇ ਦੀ ਅਗਵਾਈ ਵਿਚ ਹਲਕੇ ਦੇ ਵੱਖ ਵੱਖ ਬਲਾਕਾਂ ਵਿਚ ਲਿਜਾਇਆ ਜਾਵੇਗਾ। ਇਸ ਦੌਰਾਨ ਪਿੰਡ ਢੰਡੋਵਾਲ ਵਿਚ ਕੀਤੇ ਜਾਣ ਵਾਲੇ ਇਕੱਠ ਨੂੰ ਯਾਤਰਾ ਦੇ ਨਾਲ ਆਏ ਸੀਨੀਅਰ ਆਗੂ ਸੰਬੋਧਨ ਕਰਨਗੇ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਤਹਿਤ ਇਹ ਸਾਈਕਲ ਯਾਤਰਾ ਸੂਬੇ ਦੇ 27 ਹਲਕਿਆਂ ਵਿਚ ਜਾਵੇਗੀ ਅਤੇ ਲੋਕਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕਰੇਗੀ। ਸ਼ੇਰੋਵਾਲੀਆ ਨੇ ਕਿਹਾ ਕਿ ਸਰਕਾਰ ਦੀ ਨਾਲਾਇਕੀ ਕਾਰਨ ਅੱਜ ਪੰਜਾਬ ਦੀ ਜਵਾਨੀ ਨਸ਼ਿਆਂ ਵਿਚ ਗ਼ਲਤਾਨ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਨਸ਼ੇ, ਗੈਂਗਸਟਰਵਾਦ ਅਤੇ ਭ੍ਰਿਸ਼ਟਾਚਾਰ ਵਿਚ ਪੂਰੀ ਚਰਮ ਸੀਮਾ 'ਤੇ ਹੈ। ਵਿਧਾਇਕ ਸ਼ੇਰੋਵਾਲੀਆ ਨੇ ਕਿਹਾ ਕਿ ਸਿਰਫ਼ ਕਾਂਗਰਸ ਦੀ ਸਰਕਾਰ ਹੀ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ 'ਤੇ ਤੋਰ ਸਕਦੀ ਹੈ ਤੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਪੰਜਾਬ ਦੇ ਲੋਕ ਕਾਂਗਰਸ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ। ਲਾਡੀ ਸ਼ੇਰੋਵਾਲੀਆ ਨੇ ਹਲਕਾ ਸ਼ਾਹਕੋਟ ਦੇ ਸਮੂਹ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਭਲਕੇ ਆਉਣ ਵਾਲੀ ਸਾਈਕਲ ਯਾਤਰਾ ਵਿਚ ਵੱਡੀ ਗਿਣਤੀ ਵਿਚ ਸ਼ਾਮਿਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਸ਼ਵਿੰਦਰ ਪਾਲ ਸਿੰਘ ਖੈਹਿਰਾ ਸਾਬਕਾ ਚੇਅਰਮੈਨ ਸ਼ੂਗਰ ਮਿੱਲ, ਸੁਰਿੰਦਰਜੀਤ ਸਿੰਘ ਚੱਠਾ ਬਲਾਕ ਪ੍ਰਧਾਨ ਕਾਂਗਰਸ, ਜਗਤਾਰ ਸਿੰਘ ਖਾਲਸਾ ਸਾਬਕਾ ਪ੍ਰਧਾਨ ਕੋਆਪ੍ਰੇਟਿਵ ਸੁਸਾਇਟੀ ਢੰਡੋਵਾਲ, ਪਹਿਲਵਾਨ ਨਛੱਤਰ ਸਿੰਘ ਸੱਤੀ ਢੰਡੋਵਾਲ, ਸੁਖਦੀਪ ਸਿੰਘ ਸੋਨੂੰ ਕੰਗ ਪੀ.ਏ., ਰਾਕੇਸ਼ ਬੰਟੀ ਬਠੌਲਾ ਜ਼ਿਲ੍ਹਾ ਵਾਈਸ ਪ੍ਰਧਾਨ, ਸੁਖਦੇਵ ਰਾਜ ਸਾਬਕਾ ਸਰਪੰਚ ਨੰਗਲ ਅੰਬੀਆਂ, ਜਗਦਮਨਪ੍ਰੀਤ ਸਿੰਘ ਨੰਬਰਦਾਰ ਕਾਕੜਾ, ਸੇਵਾ ਮੁਕਤ ਪ੍ਰਿੰਸੀਪਲ ਧਰਮਪਾਲ ਨੰਗਲ ਅੰਬੀਆਂ, ਗੁਰਪ੍ਰੀਤ ਸਿੰਘ ਸੰਧੂ, ਬਲਜਿੰਦਰ ਸਿੰਘ ਭੋਲਾ, ਜਸਵੀਰ ਸਿੰਘ ਲੱਬੀ, ਗੁਰਜੀਤ ਸਿੰਘ ਕਾਕੜਾ, ਰਵਿੰਦਰ ਸਿੰਘ ਸਰਪੰਚ ਕੋਟਲਾ ਸੂਰਜ ਮੱਲ, ਗੁਰਨਾਮ ਸਿੰਘ ਸਾਬਕਾ ਸਰਪੰਚ ਕੋਟਲਾ ਸੂਰਜ ਮੱਲ, ਬਿਕਰਮਜੀਤ ਸਿੰਘ ਬਿੱਕਾ ਕੰਨੀਆਂ, ਅਸ਼ਵਨੀ ਪ੍ਰਧਾਨ ਕਾਕੜਾ, ਅਸ਼ੋਕ ਕੁਮਾਰ ਢੰਡੋਵਾਲ, ਕੌਸ਼ਲ ਢੰਡੋਵਾਲ, ਅਮਨਦੀਪ ਸੈਦਪੁਰੀ, ਡਾ. ਰਾਜੇਸ਼ ਚੌਹਾਨ ਆਦਿ ਹਾਜ਼ਰ ਸਨ।



ਐਸ ਆਈ ਸਤਨਾਮ ਸਿੰਘ ਇੰਸਪੈਕਟਰ ਬਣੇ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਥਾਣਾ ਮੇਹਟੀਆਣਾ ਵਿਖੇ ਐਸ ਆਈ ਸਤਨਾਮ ਸਿੰਘ ਨੂੰ ਤਰੱਕੀ ਦੇ ਕੇ ਐਸ ਐਸ ਪੀ ਹੁਸ਼ਿਆਰਪੁਰ ਸੰਦੀਪ ਮਲਿਕ ਵੱਲੋਂ ਸਟਾਰ ਲਗਾ ਕੇ ਥਾਣਾ ਮੁੱਖੀ ਮੇਹਟੀਆਣਾ ਦੇ ਇੰਸਪੈਕਟਰ (ਐਸ ਐਚ ਓ) ਨਿਯੁਕਤ ਕੀਤੇ ਗਏ। ਇਸ ਮੌਕੇ ਨਵਨਿਯੁਕਤ ਐਸ ਐਚ ਓ ਮੇਹਟੀਆਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਸ਼ਿਆਂ ਦੇ ਸੌਦਾਗਰਾਂ ਨੂੰ ਤਾੜਨਾ ਕੀਤੀ ਤੇ ਕਿਹਾ ਕਿ ਉਹ ਨਸ਼ਾ ਵੇਚਣਾ ਛੱਡ ਦੇਣ ਜਾ ਇਲਾਕਾ ਛੱਡਣ ਜਾਣ । ਉਨ੍ਹਾਂ ਕਿਹਾ ਹੈ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।



ਖੋ-ਖੋ ਮੁਕਾਬਲੇ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜੇਤੂ

ਕਪੂਰਥਲਾ (ਹਨੀ)- ਨਨਕਾਣਾ ਸਾਹਿਬ ਸੀਨੀਅਰ ਸਕੈਂਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਅੰਡਰ 17 ਕੁੜੀਆਂ ਅਤੇ ਮੁੰਡਿਆਂ ਦੇ ਅੰਤਰ ਸਕੂਲ ਖੋ ਖੋ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਮੇਜ਼ਬਾਨ ਸਕੂਲ ਤੋਂ ਇਲਾਵਾ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਆਰ ਸੀ ਐਫ ਕਪੂਰਥਲਾ ਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸੁਲਤਾਨਪੁਰ ਲੋਧੀ ਦੀਆਂ ਟੀਮਾਂ ਨੇ ਹਿੱਸਾ ਲਿਆ। ਲੜਕੀਆਂ ਦੇ ਗਰੁੱਪ ਵਿੱਚੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਆਰ ਸੀ ਐਫ ਦੀਆਂ ਵਿਦਿਆਰਥੀਆਂ ਨੇ ਬਾਜ਼ੀ ਮਾਰੀ ਅਤੇ ਜਿੱਤ ਦਾ ਪ੍ਰਚਮ ਲਹਿਰਾਉਂਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਨੇ ਜੇਤੂ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ।



ਕ੍ਰਿਸ਼ਨ ਚੰਦ ਭਨੋਟ ਪਟਵਾਰੀ ਨਮਿਤ ਅੰਤਿਮ ਅਰਦਾਸ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਠੱਕਰਵਾਲ ਦੇ ਉਘੇ ਸਮਾਜ ਸੇਵਕ ਸ਼੍ਰੀ ਕ੍ਰਿਸ਼ਨ ਚੰਦ ਭਨੋਟ ਪਟਵਾਰੀ 94 ਸਾਲ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੇ ਪੁੱਤਰ ਪੰਡਤ ਰਾਜਾ ਠੱਕਰਵਾਲ ਨੇ ਦੱਸਿਆ ਕਿ ਮੇਰੇ ਪਿਤਾ ਸ਼੍ਰੀ ਕ੍ਰਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ ਦੀ ਆਤਮਿਕ ਸ਼ਾਂਤੀ ਲਈ ਗਰੁੜ ਪੁਰਾਣ ਦੇ ਭੋਗ ਬਾਬਾ ਮਿਹਰ ਗਿਰ ਜੀ ਠੱਕਰਵਾਲ ਹੁਸ਼ਿਆਰਪੁਰ ਦੇ ਅਸਥਾਨ 'ਤੇ ਪਾਏ ਗਏ। ਇਸ ਮੌਕੇ ਰਸਮ ਪੱਗੜੀ, ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਕਰਵਾਏ ਗਏ। ਸ਼ਰਧਾਂਜਲੀ ਸਮਾਗਮ ਦੌਰਾਨ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਸਮਾਜਿਕ ਸੰਸਥਾਵਾਂ, ਧਾਰਮਿਕ ਜਥੇਬੰਦੀਆਂ, ਪੱਤਰਕਾਰ ਭਾਈਚਾਰੇ ਤੇ ਸਿਆਸੀ ਆਗੂਆਂ ਨੇ ਸ਼੍ਰੀ ਕ੍ਰਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆ ਭੇਟ ਕੀਤੀਆਂ । ਸ਼ਰਧਾਂਜਲੀ ਸਮਾਗਮ ਦੌਰਾਨ ਜਥੇਦਾਰ ਇਕਬਾਲ ਸਿੰਘ ਖੇੜਾ, ਪ੍ਰਿੰਸੀਪਲ ਹਰਭਜਨ ਸਿੰਘ ਅਜਨੋਹਾ, ਪ੍ਰਿੰਸੀਪਲ ਜਗਮੋਹਣ ਸਿੰਘ ਡਾਂਡੀਆਂ, ਪ੍ਰਿੰਸੀਪਲ ਸੁਖਇੰਦਰਜੀਤ ਸਿੰਘ ਮਿਨਹਾਸ ਰਿੱਕੀ ਬੱਡੋਂ, ਸੁਖਵਿੰਦਰ ਜੀਤ ਸਿੰਘ ਝਾਵਰ ਟਾਂਡਾ, ਢਿੱਲੋਂ ਮਜਾਰਾ ਡੀਂਗਰੀਆਂ, ਪੰਡਤ ਰਾਜੇਸ਼ ਰਾਜਾ ਠੱਕਰਵਾਲ, ਆਰਤੀ, ਜਰਨੈਲ ਸਿੰਘ ਪਟਵਾਰੀ, ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਪੰਡਤ ਮੁਕੇਸ਼ ਕੁਮਾਰ ਭਾਮ, ਅਮਰੀਕ ਸਿੰਘ ਜੀ ਐਨ ਏ ਮੇਹਟੀਆਣਾ, ਗੁਰਪ੍ਰੀਤ ਸਿੰਘ ਮੰਝ, ਦਲਜੀਤ ਸਿੰਘ ਠੱਕਰਵਾਲ, ਹਰਦੇਵ ਸਿੰਘ ਮੱਜੋਮਜਾਰਾ, ਜਸਵੀਰ ਸਿੰਘ ਸਾਬਕਾ ਸਰਪੰਚ ਮੱਜੋਮਜਾਰਾ, ਖੜਕ ਸਿੰਘ ਮੰਝ, ਮਨਵੀਰ ਸਿੰਘ ਮੰਝ ਆਦਿ ਹਾਜ਼ਰ ਸਨ।



ਰੰਗੋਲੀ, ਦੀਵਾ ਸਜਾਵਟ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿਖੇ ਵਿਦਿਆਰਥੀਆਂ ਦੀ ਕਲਾਤਮਕ ਪ੍ਰਤਿਭਾ, ਸਿਰਜਣਾਤਮਕ ਸੋਚ ਅਤੇ ਸੱਭਿਆਚਾਰਕ ਰੁਚੀਆਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਰੰਗੋਲੀ ਬਣਾਉਣ, ਦੀਵਾ ਸਜਾਵਟ ਅਤੇ ਪੋਸਟਰ ਮੇਕਿੰਗ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਇਹ ਸਮਾਗਮ ਅਪਲਾਈਡ ਸਾਇੰਸ ਵਿਭਾਗ ਵੱਲੋਂ ਵਿਭਾਗ ਦੇ ਮੁਖੀ ਅੰਕੁਸ਼ ਸ਼ਰਮਾ ਦੀ ਯੋਗ ਅਗਵਾਈ ਅਤੇ ਦੇਖ-ਰੇਖ ਹੇਠ ਆਯੋਜਿਤ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਲਗਭਗ 50 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਆਪਣੀ ਕਲਾਤਮਕ ਪ੍ਰਤਿਭਾ ਅਤੇ ਸਿਰਜਣਾਤਮਕ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੁੰਦਰ ਰੰਗੋਲੀਆਂ ਬਣਾਈਆਂ, ਦੀਵਿਆਂ ਨੂੰ ਆਕਰਸ਼ਕ ਢੰਗ ਨਾਲ ਸਜਾਇਆ ਅਤੇ ਮਨਮੋਹਕ ਪੋਸਟਰ ਤਿਆਰ ਕੀਤੇ। ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਆਪਣੀ ਕਲਾ ਅਤੇ ਹੁਨਰ ਨੂੰ ਪ੍ਰਗਟਾਉਣ ਦਾ ਵਧੀਆ ਮੌਕਾ ਮਿਲਿਆ। ਮੁਕਾਬਲਿਆਂ ਦਾ ਮੁਲਾਂਕਣ ਮਕੈਨੀਕਲ ਵਿਭਾਗ ਦੀ ਮੁਖੀ ਰਿਚਾ ਅਤੇ ਇਲੈਕਟ੍ਰੀਕਲ ਵਿਭਾਗ ਦੀ ਮੁਖੀ ਗੀਤਾ ਵੱਲੋਂ ਕੀਤਾ ਗਿਆ। ਰੰਗੋਲੀ ਬਣਾਉਣ ਦੇ ਮੁਕਾਬਲੇ ਵਿੱਚ ਜੈਯੇਸ਼, ਤਨਿਸ਼ ਅਤੇ ਪ੍ਰਦੀਪ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅਨਿਲ ਖੱਤਰੀ, ਕੀਰਤੀ ਅਤੇ ਮੁਸਕਾਨ ਦੀ ਟੀਮ ਨੇ ਦੂਜਾ, ਜਦਕਿ ਰੋਨਿਤ, ਵਿਸ਼ਵਾਸ ਅਤੇ ਮਨੀਸ਼ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਦੀਵਾ ਸਜਾਵਟ ਮੁਕਾਬਲੇ ਵਿੱਚ ਅਨਹਦਵੀਰ ਸਿੰਘ ਨੇ ਪਹਿਲਾ, ਰੀਆ ਨੇ ਦੂਜਾ ਅਤੇ ਅਲੋਕ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਅਨੀਸ਼ ਸ਼ਰਮਾ ਨੇ ਪਹਿਲਾ, ਮਿਥਾਰਥ ਨੇ ਦੂਜਾ ਅਤੇ ਪ੍ਰੇਮ ਵਰਮਾ ਨੇ ਤੀਜਾ ਸਥਾਨ ਹਾਸਲ ਕੀਤਾ। ਸਮਾਗਮ ਦੇ ਅੰਤ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਪ੍ਰਤਿਭਾ, ਅੰਜੂ, ਕਮਲਕਾਂਤ, ਰੀਆ, ਰੇਣੂ, ਵੈਸ਼ਨਵੀ, ਅਰਪਨਾ ਅਤੇ ਸ਼ਿਵੇਸ਼ ਵੀ ਹਾਜ਼ਰ ਸਨ। ਇਹ ਸਮਾਗਮ ਵਿਦਿਆਰਥੀਆਂ ਦੀ ਕਲਾਤਮਕ ਪ੍ਰਤਿਭਾ, ਆਪਸੀ ਸਹਿਯੋਗ ਅਤੇ ਉਤਸ਼ਾਹ ਨਾਲ ਭਰਪੂਰ ਯਾਦਗਾਰੀ ਮਾਹੌਲ ਵਿੱਚ ਸਫਲਤਾਪੂਰਵਕ ਸੰਪੰਨ ਹੋਇਆ।



ਨੋਡਲ ਅਫ਼ਸਰ ਵੱਲੋਂ ਈ ਵੀ ਐਮ ਤੇ ਵੀ ਵੀ ਪੈਟ ਦੀ ਫਸਟ ਲੈਵਲ ਚੈਕਿੰਗ ਦਾ ਨਿਰੀਖਣ

ਜਲੰਧਰ (ਸੁਰਿੰਦਰ ਕੁਮਾਰ) ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਗਾਮੀ ਵਿਧਾਨ ਸਭਾ ਚੋਣਾਂ-2027 ਦੇ ਮੱਦੇਨਜ਼ਰ ਜ਼ਿਲ੍ਹਾ ਜਲੰਧਰ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮ) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀਵੀਪੈਟ) ਦੀ ਫਸਟ ਲੈਵਲ ਅੱਜ ਚੈਕਿੰਗ ਸ਼ੁਰੂ ਹੋ ਗਈ ਹੈ।ਭਾਰਤ ਚੋਣ ਕਮਿਸ਼ਨ ਵੱਲੋਂ ਨਿਯੁਕਤ ਈ.ਵੀ.ਐਮ. ਨੋਡਲ ਅਫ਼ਸਰ ਆਸਾਮ ਸ਼੍ਰੀਮਤੀ ਸੁਲਕਸ਼ਣਾ ਬੋਰਪਾਤਰਾਗੋਈਆ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਥਿਤ ਜ਼ਿਲ੍ਹਾ ਪੱਧਰੀ ਈ.ਵੀ.ਐਮ. ਵੇਅਰ ਹਾਊਸ ਵਿਖੇ ਈ.ਵੀ.ਐਮ ਤੇ ਵੀਵੀਪੈਟ ਦੀ ਫਸਟ ਲੈਵਲ ਚੈਕਿੰਗ ਦਾ ਨਿਰੀਖਣ ਕੀਤਾ ਗਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਮਨਿੰਦਰ ਕੌਰ, ਸੀ.ਐਮ.ਐਫ.ਓ. ਰਜਮਨਦੀਪ ਕੌਰ, ਚੋਣ ਤਹਿਸੀਲਦਾਰ ਡਾ. ਦੀਪਕ ਰਾਜ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ।ਈ.ਵੀ.ਐਮ. ਨੋਡਲ ਅਫ਼ਸਰ ਨੇ ਇਸ ਮੌਕੇ ਜਾਂਚ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮਸ਼ੀਨਾਂ ਦੀ ਜਾਂਚ ਬਹੁਤ ਮਹੱਤਵਪੂਰਨ ਹੈ।ਫਸਟ ਲੈਵਲ ਚੈਕਿੰਗ ਦਾ ਕੰਮ ਭਾਰਤ ਇਲੈਕਟ੍ਰਾਨਿਕਸ ਲਿਮਿਟਡ ਦੇ ਇੰਜੀਨੀਅਰਾਂ ਵੱਲੋਂ ਕੀਤਾ ਜਾ ਰਿਹਾ ਹੈ। ਜਾਂਚ ਪ੍ਰਕਿਰਿਆ ਦੌਰਾਨ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਅਤੇ ਪੂਰੀ ਕਾਰਵਾਈ ਸੀ.ਸੀ.ਟੀ.ਵੀ. ਨਿਗਰਾਨੀ ਤੇ ਵੀਡੀਓਗ੍ਰਾਫੀ ਹੇਠ ਕੀਤੀ ਜਾ ਰਹੀ ਹੈ।ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਇਸ ਅਹਿਮ ਪ੍ਰਕਿਰਿਆ ਵਿਚ ਸਰਗਰਮੀ ਨਾਲ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਤਾਂ ਜੋ ਜਾਂਚ ਦੇ ਹਰੇਕ ਪੜਾਅ ਵਿਚ ਪੂਰੀ ਪਾਰਦਰਸ਼ਤਾ ਬਣਾਈ ਰੱਖੀ ਜਾ ਸਕੇ।


ਕੁਲਦੀਪ ਚੰਦ ਨੇ ਨਵਾਂ ਸ਼ਹਿਰ ਦੇ ਐਸ ਡੀ ਐਮ ਵਜੋਂ ਅਹੁਦਾ ਸੰਭਾਲਿਆ



ਨਵਾਂ ਸ਼ਹਿਰ (ਮਨੋਜ ਲਾਡੀ)- 2025 ਬੈਚ ਦੇ ਪੰਜਾਬ ਸਿਵਲ ਸੇਵਾਵਾਂ (ਪੀ.ਸੀ.ਐਸ.) ਅਧਿਕਾਰੀ ਸ੍ਰੀ ਕੁਲਦੀਪ ਚੰਦ ਨੇ ਸ਼ੁੱਕਰਵਾਰ ਨੂੰ ਨਵਾਂ ਸ਼ਹਿਰ ਦੇ ਉਪ ਮੰਡਲ ਮੈਜਿਸਟਰੇਟ (ਐਸ.ਡੀ.ਐਮ.) ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਉਹ ਗੁਰਦਾਸਪੁਰ ਵਿਖੇ ਬਤੌਰ ਸਹਾਇਕ ਕਮਿਸ਼ਨਰ (ਜਨਰਲ) ਸੇਵਾਵਾਂ ਨਿਭਾਉਣ ਉਪਰੰਤ ਬਦਲੀ ਹੋ ਕੇ ਨਵਾਂ ਸ਼ਹਿਰ ਆਏ ਹਨ।ਅਹੁਦਾ ਸੰਭਾਲਣ ਉਪਰੰਤ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲ ਲੋਕਾਂ ਨੂੰ ਸਰਕਾਰੀ ਸੇਵਾਵਾਂ ਨਿਰਧਾਰਿਤ ਸਮੇਂ ਅੰਦਰ ਅਤੇ ਸੁਚਾਰੂ ਢੰਗ ਨਾਲ ਮੁਹੱਈਆ ਕਰਵਾਉਣਾ ਹੋਵੇਗੀ।

ਪੰਜਾਬ 'ਚ ਸਾਫ਼ ਪਾਣੀ ਦੀ ਕ੍ਰਾਂਤੀ ਲਿਆਵੇਗੀ ਭਾਰਤੀ ਜਵਾਨ ਕਿਸਾਨ ਪਾਰਟੀ : ਇੰਜੀਨੀਅਰ ਸੈਣੀ

ਪੋਜੇਵਾਲ (ਰਾਮ ਲਾਲ) ਭਾਰਤੀ ਜਵਾਨ ਕਿਸਾਨ ਪਾਰਟੀ (ਬੀਜੇਕੇਪੀ) ਦੇ ਪੰਜਾਬ ਪ੍ਰਧਾਨ ਇੰਜੀਨੀਅਰ ਦਲਜੀਤ ਸਿੰਘ ਸੈਣੀ ਨੇ ਮਿਸ਼ਨ 2027 ਤਹਿਤ ਪਾਰਟੀ ਦੀ ਛੇਵੀਂ ਗਰੰਟੀ ਦਾ ਐਲਾਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਸਾਫ਼ ਪਾਣੀ ਦੀ ਕ੍ਰਾਂਤੀ ਲਿਆਉਣਾ ਪਾਰਟੀ ਦਾ ਮੁੱਖ ਉਦੇਸ਼ ਹੈ।ਉਨ੍ਹਾਂ ਕਿਹਾ ਕਿ ਜੇਕਰ 2027 ਵਿੱਚ ਪੰਜਾਬ ਦੇ ਲੋਕਾਂ ਦੇ ਸਹਿਯੋਗ ਨਾਲ ਪਾਰਟੀ ਦੀ ਸਰਕਾਰ ਬਣਦੀ ਹੈ ਤਾਂ ਹਰ ਘਰ ਤੱਕ ਸ਼ੁੱਧ ਪੀਣ ਵਾਲਾ ਪਾਣੀ ਅਤੇ ਕਿਸਾਨਾਂ ਨੂੰ ਸਿੰਚਾਈ ਲਈ ਸੁਰੱਖਿਅਤ ਪਾਣੀ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਯੋਜਨਾਵਾਂ ਬਣਾਈਆਂ ਜਾਣਗੀਆਂ।ਇਸ ਦੇ ਨਾਲ ਹੀ ਦਰਿਆਵਾਂ ਅਤੇ ਨਹਿਰਾਂ ਵਿੱਚ ਪ੍ਰਦੂਸ਼ਣ ਰੋਕਣ, ਪਾਣੀ ਦੀ ਨਿਯਮਤ ਜਾਂਚ ਅਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਨੂੰ ਤਰਜੀਹ ਦਿੱਤੀ ਜਾਵੇਗੀ। ਇਸ ਮੌਕੇ ਪਾਰਟੀ ਦੇ ਪੰਜਾਬ ਜਨਰਲ ਸਕੱਤਰ ਅਮਨਦੀਪ ਸਿੰਘ ਪਾਬਲਾ ਅਤੇ ਐਨਆਰਆਈ ਵਿੰਗ ਅਮਰੀਕਾ ਦੇ ਪ੍ਰਧਾਨ ਮਨਮੋਹਨ ਸਿੰਘ ਨੇ ਕਿਹਾ ਕਿ ਪਾਣੀ ਬਚਾਓ, ਪੰਜਾਬ ਬਚਾਓ ਦੇ ਨਾਅਰੇ ਤਹਿਤ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਾਫ਼ ਪਾਣੀ ਹਰ ਨਾਗਰਿਕ ਦਾ ਬੁਨਿਆਦੀ ਅਧਿਕਾਰ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਜਲ ਸਰੋਤਾਂ ਦੀ ਰੱਖਿਆ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।



ਰਾਸ਼ਟਰੀ ਹੈਕਾਥੌਨ 'ਚ 850 ਤੋਂ ਵੱਧ ਵਿਦਿਆਰਥੀਆਂ ਨੇ ਦਿਖਾਈ ਪ੍ਰਤਿਭਾ

ਜਲੰਧਰ (ਸ਼ੈਲੀ ਐਲਬਰਟ)- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਮਕਸੂਦਾਂ ਵੱਲੋਂ ਕਰਵਾਏ ਗਏ 30 ਘੰਟਿਆਂ ਦੇ ਰਾਸ਼ਟਰੀ ਪੱਧਰ ਦੇ ਕੋਡਿੰਗ ਹੈਕਾਥੌਨ ਸੀ ਟੀ ਬਿਲਡਫੈਸਟ 2.0 ਦਾ ਸਫਲਤਾਪੂਰਵਕ ਸਮਾਪਨ ਹੋਇਆ। ਇਸ ਸਮਾਗਮ ਵਿੱਚ ਦੇਸ਼ ਭਰ ਦੇ ਪ੍ਰਮੁੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਦੀਆਂ 150 ਤੋਂ ਵੱਧ ਟੀਮਾਂ ਦੇ 850 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੰਚ ਨੇ ਨੌਜਵਾਨ ਪ੍ਰਤਿਭਾਵਾਂ ਨੂੰ ਤਕਨਾਲੋਜੀ ਆਧਾਰਿਤ ਨਵੇਂ ਵਿਚਾਰਾਂ ਅਤੇ ਵਿਹਾਰਕ ਹੱਲਾਂ ਨੂੰ ਵਿਕਸਿਤ ਕਰਨ ਅਤੇ ਪੇਸ਼ ਕਰਨ ਦਾ ਮੌਕਾ ਪ੍ਰਦਾਨ ਕੀਤਾ। ਉਦਘਾਟਨੀ ਸਮਾਰੋਹ ਵਿੱਚ ਸੀਐਸਆਈਓ, ਚੰਡੀਗੜ੍ਹ ਦੇ ਸਾਇੰਟਿਸਟ-ਜੀ ਅਤੇ ਅਕੈਡਮੀ ਆਫ਼ ਸਾਇੰਟਿਫਿਕ ਐਂਡ ਇਨੋਵੇਟਿਵ ਰਿਸਰਚ (ਐਕਸਿਰ) ਦੇ ਪ੍ਰੋਫੈਸਰ ਡਾ. ਸਤੀਸ਼ ਕੁਮਾਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਨਵੀਨਤਾ, ਖੋਜ ਅਤੇ ਉੱਭਰਦੀਆਂ ਤਕਨਾਲੋਜੀਆਂ ਦੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨੂੰ ਆਪਣੇ ਵਿਚਾਰਾਂ ਨੂੰ ਵਿਹਾਰਕ ਹੱਲਾਂ ਵਿੱਚ ਬਦਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਚਿਤਕਾਰਾ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਵਿਕਾਸ ਖੁੱਲਰ, ਕੁਇੱਕ ਹੀਲ ਦੇ ਪ੍ਰਿੰਸੀਪਲ ਸਕਿਉਰਿਟੀ ਕੰਸਲਟੈਂਟ ਅਵਧੇਸ਼ ਸ਼ੁਕਲਾ ਤੇ ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਅਸਿਸਟੈਂਟ ਡਾਇਰੈਕਟਰ ਡਾ. ਐਮ ਐਸ ਬੇਦੀ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਮੁਕਾਬਲੇ ਨੂੰ ਪੰਜ ਪ੍ਰਮੁੱਖ ਤਕਨੀਕੀ ਵਿਸ਼ਿਆਂ ਵਿੱਚ ਵੰਡਿਆ ਗਿਆ ਸੀ, ਜਿਨ੍ਹਾਂ ਵਿੱਚ ਨਕਲੀ ਬੁੱਧੀ ਅਤੇ ਬੁੱਧੀਮਾਨ ਪ੍ਰਣਾਲੀਆਂ, ਸਾਈਬਰ ਸੁਰੱਖਿਆ, ਸਮਾਰਟ ਸਿੱਖਿਆ ਅਤੇ ਸਮਾਜਿਕ ਨਵੀਨਤਾ, ਇੰਟਰਨੈੱਟ ਆਫ਼ ਥਿੰਗਜ਼ ਅਤੇ ਰੋਬੋਟਿਕਸ ਅਤੇ ਟਿਕਾਊ ਵਿਕਾਸ ਸ਼ਾਮਲ ਸਨ।30 ਘੰਟਿਆਂ ਦੇ ਇਸ ਹੈਕਾਥੌਨ ਦੌਰਾਨ ਵਿਦਿਆਰਥੀਆਂ ਨੇ ਕੋਡਿੰਗ, ਮਾਹਿਰਾਂ ਦੀ ਰਹਿਨੁਮਾਈ, ਤਕਨੀਕੀ ਵਰਕਸ਼ਾਪਾਂ, ਸਾਂਝੇ ਯਤਨਾਂ ਅਤੇ ਵੱਖ-ਵੱਖ ਮੁਲਾਂਕਣ ਪੜਾਵਾਂ ਰਾਹੀਂ ਆਪਣੇ ਪ੍ਰੋਜੈਕਟ ਵਿਕਸਿਤ ਕੀਤੇ। ਇਸ ਤੋਂ ਇਲਾਵਾ, ਗਿਟਹੱਬ, ਬੈਕਐਂਡ ਤਕਨਾਲੋਜੀ ਅਤੇ ਜਨਰੇਟਿਵ ਏਆਈ ਬਾਰੇ ਵਿਸ਼ੇਸ਼ ਗਿਆਨਵਰਧਕ ਸੈਸ਼ਨ ਵੀ ਕਰਵਾਏ ਗਏ। ਸਮਾਪਤੀ ਸਮਾਰੋਹ ਵਿੱਚ ਬਸੰਤ ਆਟੋਟੈਕ ਐਲਐਲਪੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਤੁਸ਼ਾਰ ਜੈਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਕੇਂਦਰੀ ਹੱਥ ਔਜ਼ਾਰ ਸੰਸਥਾਨ ਦੇ ਪ੍ਰਿੰਸੀਪਲ ਡਾਇਰੈਕਟਰ ਪੀ. ਕੇ. ਵਰਮਾ, ਅਪਗ੍ਰੇਡ ਦੇ ਡਾਟਾ ਸਾਇੰਸ ਲੀਡ ਇੰਸਟ੍ਰਕਟਰ ਸੱਜਾਦ ਮੀਰ ਅਤੇ ਆਈ ਬੀ ਐਮ ਦੀ ਇੰਡਸਟਰੀ ਐਗਜ਼ੀਕਿਊਸ਼ਨ ਮੈਨੇਜਰ ਸੁਸ਼੍ਰੀ ਨਮਨ ਸੈਣੀ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਮੁਕਾਬਲੇ ਵਿੱਚ ਡੀ ਏ ਵੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਡੀ ਏ ਵੀ ਆਈ ਈ ਟੀ), ਜਲੰਧਰ ਨੇ ਪਹਿਲਾ ਸਥਾਨ ਹਾਸਲ ਕਰਦਿਆਂ 11000 ਰੁਪਏ ਦਾ ਨਕਦ ਇਨਾਮ ਜਿੱਤਿਆ। ਲਾਇਲਪੁਰ ਖਾਲਸਾ ਕਾਲਜ ਜਲੰਧਰ ਨੇ 5100 ਰੁਪਏ ਦੇ ਇਨਾਮ ਨਾਲ ਦੂਜਾ ਅਤੇ ਏ ਪੀ ਜੇ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਇੰਜੀਨੀਅਰਿੰਗ ਟੈਕਨੀਕਲ ਕੈਂਪਸ ਜਲੰਧਰ ਨੇ 3100 ਰੁਪਏ ਦੇ ਇਨਾਮ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਸਮਾਗਮ ਵਿੱਚ ਕੁੱਲ ਇੱਕ ਲੱਖ ਰੁਪਏ ਦੇ ਇਨਾਮ ਰੱਖੇ ਗਏ ਸਨ, ਜਿਨ੍ਹਾਂ ਵਿੱਚ ਨਕਦ ਇਨਾਮਾਂ ਤੋਂ ਇਲਾਵਾ ਟੈਬਲੇਟ, ਸਾਊਂਡ ਬਾਰ, ਸਮਾਰਟਵਾਚ ਅਤੇ ਵਾਇਰਲੈੱਸ ਈਅਰਬਡਜ਼ ਸ਼ਾਮਲ ਸਨ। ਇਸ ਤੋਂ ਇਲਾਵਾ ਸਮਾਜਿਕ ਪ੍ਰਭਾਵ, ਦ੍ਰਿੜ੍ਹਤਾ, ਸਮੱਸਿਆਵਾਂ ਦੇ ਹੱਲ, ਮਹਿਲਾਵਾਂ ਦੀ ਅਗਵਾਈ ਹੇਠ ਨਵੀਨਤਾ ਅਤੇ ਟੀਮ ਭਾਵਨਾ ਲਈ ਵਿਸ਼ੇਸ਼ ਪੁਰਸਕਾਰ ਵੀ ਦਿੱਤੇ ਗਏ। ਇਸ ਮੌਕੇ ਸੀ ਟੀ ਗਰੁੱਪ ਦੇ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੰਚ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਵਿਹਾਰਕ ਗਿਆਨ ਅਤੇ ਉੱਦਮਸ਼ੀਲਤਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਵਿਦਿਆਰਥੀਆਂ ਦੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਤਕਨੀਕੀ ਮੁਹਾਰਤ ਅਤੇ ਨਵੀਨਤਾਕਾਰੀ ਸੋਚ ਨੂੰ ਵਿਕਸਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।



14ਵੀਂ ਵਾਰ ਰਕੇਸ਼ ਧੀਰ ਸਿਰ ਸਜਿਆ ਐੱਸ ਡੀ ਸਭਾ ਦੀ ਪ੍ਰਧਾਨਗੀ ਦਾ ਤਾਜ਼

ਸੁਲਤਾਨਪੁਰ ਲੋਧੀ (ਹਨੀ)- ਇਤਿਹਾਸਕ ਨਗਰੀ ਸੁਲਤਾਨਪੁਰ ਲੋਧੀ ਦੀ ਪ੍ਰਸਿੱਧ ਸਨਾਤਨ ਧਰਮ ਸਭਾ ਦੀ ਅਗਵਾਈ ਕਰਦਿਆਂ ਪਿਛਲੇ 39 ਸਾਲਾਂ ਤੋਂ ਸੇਵਾ, ਸਮਰਪਣ ਅਤੇ ਤਜਰਬੇ ਦੀ ਮਿਸਾਲ ਬਣੇ ਹੋਏ ਰਾਕੇਸ਼ ਧੀਰ ਦੇ ਸਿਰ ਇਕ ਵਾਰ ਫਿਰ ਪ੍ਰਧਾਨਗੀ ਦਾ ਤਾਜ ਸਜ ਗਿਆ ਹੈ। ਸਭਾ ਦੇ ਸਮੂਹ ਮੈਂਬਰਾਂ ਨੇ ਉਨ੍ਹਾਂ ਦੀਆਂ ਲੰਬੀਆਂ, ਨਿਰੰਤਰ ਅਤੇ ਸ਼ਲਾਘਾਯੋਗ ਸੇਵਾਵਾਂ ਨੂੰ ਦੇਖਦਿਆਂ 14ਵੀਂ ਵਾਰ ਸਰਬਸੰਮਤੀ ਨਾਲ ਪ੍ਰਧਾਨ ਚੁਣ ਕੇ ਉਨ੍ਹਾਂ 'ਤੇ ਮੁੜ ਭਰੋਸਾ ਪ੍ਰਗਟਾਇਆ ਹੈ। ਕਿਸੇ ਹੋਰ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਨਾ ਕੀਤੇ ਜਾਣ ਕਾਰਨ ਇਹ ਚੋਣ ਪੂਰੀ ਤਰ੍ਹਾਂ ਨਿਰਵਿਰੋਧ ਰਹੀ। ਇਸ ਸੰਬੰਧੀ ਸ਼ੁੱਕਰਵਾਰ ਨੂੰ ਸਥਾਨਕ ਐੱਸ.ਡੀ. ਕਾਲਜ ਫਾਰ ਵੂਮੈਨ ਵਿਖੇ ਚੋਣ ਪ੍ਰਕਿਰਿਆ ਕਰਵਾਈ ਗਈ। ਚੋਣ ਦੌਰਾਨ ਰਿਟਰਨਿੰਗ ਅਫ਼ਸਰ ਬਲਦੇਵ ਰਾਜ ਵਧਵਾ ਨੇ ਸਮੂਹ ਮੈਂਬਰਾਂ ਦੀ ਸਰਬਸੰਮਤੀ ਅਤੇ ਕਿਸੇ ਹੋਰ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਨਾ ਕੀਤੇ ਜਾਣ ਦੇ ਮੱਦੇਨਜ਼ਰ ਰਾਕੇਸ਼ ਧੀਰ ਨੂੰ ਐੱਸ.ਡੀ. ਸਭਾ ਦਾ ਨਿਰਵਿਰੋਧ ਪ੍ਰਧਾਨ ਚੁਣੇ ਜਾਣ ਦਾ ਰਸਮੀ ਐਲਾਨ ਕੀਤਾ। ਉਪਰੰਤ ਮੈਂਬਰਾਂ ਨੇ ਰਾਕੇਸ਼ ਧੀਰ ਦਾ ਮੂੰਹ ਮਿੱਠਾ ਕਰਵਾਇਆ, ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਅਗਵਾਈ ਵਿੱਚ ਸੰਸਥਾ ਦੀਆਂ ਗਤੀਵਿਧੀਆਂ ਨੂੰ ਹੋਰ ਬੁਲੰਦੀਆਂ ਤੱਕ ਲਿਜਾਣ ਦਾ ਸੰਕਲਪ ਪ੍ਰਗਟਾਇਆ।ਆਪਣੀ ਮੁੜ ਹੋਈ ਚੋਣ 'ਤੇ ਖੁਸ਼ੀ ਅਤੇ ਧੰਨਵਾਦ ਦਾ ਪ੍ਰਗਟਾਵਾ ਕਰਦਿਆਂ ਰਾਕੇਸ਼ ਧੀਰ ਨੇ ਕਿਹਾ ਕਿ ਉਹ ਐੱਸ.ਡੀ. ਸਭਾ ਦੇ ਸਮੂਹ ਮੈਂਬਰਾਂ ਦੇ ਦਿਲੋਂ ਰਿਣੀ ਹਨ, ਜਿਨ੍ਹਾਂ ਨੇ ਲਗਾਤਾਰ 39 ਸਾਲਾਂ ਤੋਂ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਟਾਉਂਦਿਆਂ 14ਵੀਂ ਵਾਰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ। ਇਸ ਮੌਕੇ ਪੈਟਰਨ ਅਮਰ ਚੰਦ ਧੀਰ, ਜਨਰਲ ਸਕੱਤਰ ਮੁਕੇਸ਼ ਪਸਰੀਚਾ, ਮੈਨੇਜਰ ਉਮਾ ਦੱਤ ਸ਼ਰਮਾ, ਖ਼ਜ਼ਾਨਚੀ ਸ਼ਸ਼ੀਕਾਂਤ ਚੋਪੜਾ, ਬਲਦੇਵ ਕਿਸ਼ਨ ਸੂਦ, ਵਿਜੇ ਧੀਰ, ਨਰੇਸ਼ ਅਰੋੜਾ, ਦਿਨੇਸ਼ ਧੀਰ, ਅਸ਼ੋਕ ਧੀਰ, ਬਲਦੇਵ ਰਾਜ ਵਧਵਾ, ਕਰਨ ਧੀਰ, ਕਾਨਵ ਧੀਰ, ਅਸ਼ੋਕ ਗੁਜਰਾਲ, ਮਾਸਟਰ ਰਵਿੰਦਰ ਠਾਕੁਰ, ਰਚਿਤ ਕੋਛੜ, ਮਿੰਟੂ ਬਿੰਦ, ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ, ਪ੍ਰਿੰਸੀਪਲ ਕਰਨਜੀਤ ਸਿੰਘ, ਨੀਤੂ, ਰਜੀਵ ਸ਼ਰਮਾ ਅਤੇ ਸ਼ਕਤੀ ਸ਼ਰਮਾ ਸਮੇਤ ਸਭਾ ਦੇ ਹੋਰ ਮੈਂਬਰ ਅਤੇ ਪਤਵੰਤੇ ਹਾਜ਼ਰ ਸਨ।



ਜਲੰਧਰ ਵਿੱਚ 'ਆਪ' ਨੇ ਨਵੇਂ ਚਿਹਰਿਆਂ 'ਤੇ ਖੇਡਿਆ ਦਾਅ

ਜਲੰਧਰ (ਇਕਬਾਲ ਸਿੰਘ ਉਭੀ) - ਆਮ ਆਦਮੀ ਪਾਰਟੀ ਦੀ ਦੂਜੀ ਸੂਚੀ ਵਿੱਚ ਜਲੰਧਰ ਦੀਆਂ ਅਹਿਮ ਸੀਟਾਂ 'ਤੇ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ। ਨਿਤਿਨ ਕੋਹਲੀ ਨੂੰ ਜਲੰਧਰ ਸੈਂਟਰਲ, ਦੀਪਕ ਬਾਲੀ ਨੂੰ ਜਲੰਧਰ ਕੈਂਟ, ਵਨੀਤ ਧੀਰ ਨੂੰ ਜਲੰਧਰ ਨਾਰਥ ਅਤੇ ਪਵਨ ਕੁਮਾਰ ਟੀਨੂੰ ਨੂੰ ਆਦਮਪੁਰ ਤੋਂ ਉਮੀਦਵਾਰ ਬਣਾਇਆ ਗਿਆ ਹੈ।ਜਲੰਧਰ ਦੇ ਇਹਨਾਂ ਵਿਧਾਨ ਸਭਾ ਹਲਕਿਆਂ ਤੋਂ ਅਜੇ ਕਿਸੇ ਹੋਰ ਪਾਰਟੀ ਨੇ ਆਪਣਾ ਉਮੀਦਵਾਰ ਨਹੀਂ ਐਲਾਨਿਆ ਪਰ ਆਮ ਆਦਮੀ ਪਾਰਟੀ ਜਲੰਧਰ ਵਿੱਚ ਆਪਣੀ ਚੋਣ ਰਣਨੀਤੀ ਤਹਿਤ ਨਵੇਂ ਚਿਹਰਿਆਂ ਅਤੇ ਸਰਗਰਮ ਆਗੂਆਂ 'ਤੇ ਦਾਅ ਖੇਡ ਰਹੀ ਹੈ। ਹੁਣ ਸਿਆਸੀ ਹਲਕਿਆਂ ਦੀਆਂ ਨਜ਼ਰਾਂ, ਟਿਕਟ ਕੱਟਣ ਤੋਂ ਬਾਅਦ ਰਮਨ ਅਰੋੜਾ ਦੇ ਅਗਲੇ ਕਦਮ 'ਤੇ ਟਿਕੀਆਂ ਹਨ ਕਿ ਅਰੋੜਾ ਪਾਰਟੀ ਨਾਲ ਰਹਿਣਗੇ ਜਾਂ ਨਹੀਂ। ਇਸੇ ਤਰ੍ਹਾਂ ਮਹਿੰਦਰ ਭਗਤ ਦੀ ਟਿਕਟ ਉੱਤੇ ਵੀ ਅਜੇ ਸਸਪੈਂਸ ਬਣਿਆ ਹੋਇਆ ਹੈ ਕਿ ਭਗਤ ਦੀ ਟਿਕਟ ਪੱਕੀ ਹੋਵੇਗੀ ਜਾਂ ਕਿਸੇ ਹੋਰ ਉਮੀਦਵਾਰ ਦੀ ਝੋਲੀ ਵਿਚ ਪਵੇਗੀ। ਜਲੰਧਰ ਦੀਆਂ ਇਨ੍ਹਾਂ ਅਹਿਮ ਸੀਟਾਂ 'ਤੇ ਹੋਣ ਵਾਲੇ ਸਿਆਸੀ ਮੁਕਾਬਲੇ 'ਤੇ ਸਭ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ ।